ਵੀਰਵਾਰ, 5 ਦਸੰਬਰ, 2024
20 ਮੱਘਰ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 185

# ਨਵਾਂ ਜ਼ਮਾਨਾ

DAILY NAWAN ZAMANA • THURSDAY, 5 DECEMBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਸੁਖਬੀਰ ਬਾਦਲ ਦੀ ਜਾਨ ਲੈਣ ਦੀ ਕੋਸ਼ਿਸ਼



**ਅੰਮ੍ਰਿਤਸਰ** : ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਆਗੂ ਸੁਖਬੀਰ ਸਿੰਘ ਬਾਦਲ ਬੁੱਧਵਾਰ ਵਾਲ-ਵਾਲ ਬਚ ਗਏ, ਜਦੋਂ ਸ੍ਰੀ ਹਰਿਮੰਦਰ ਸਾਹਿਬ ਦੇ ਬਾਹਰ ਪਹਿਰੇਦਾਰ ਦੀ ਸੇਵਾ ਨਿਭਾਉਂਦਿਆਂ ਉਨ੍ਹਾ ਨੂੰ ਇਕ ਵਿਅਕਤੀ ਨੇ ਗੋਲੀ ਮਾਰਨ ਦੀ ਕੋਸ਼ਿਸ਼ ਕੀਤੀ। ਕੋਲ ਖੜ੍ਹੇ ਸੁਰੱਖਿਆ ਕਰਮੀ ਨੇ ਹਮਲਾਵਰ ਨੂੰ ਪਿਸਤੌਲ ਤਾਣਦਿਆਂ ਦੇਖ ਝਪਟਾ ਮਾਰਿਆ ਤੇ ਪਿਸਤੌਲ ਵਾਲਾ ਹੱਥ ਉੱਤੇ ਹੋ ਜਾਣ ਕਾਰਨ ਗੋਲੀ ਉੱਤੇ ਨੂੰ ਚੱਲਣ ਨਾਲ ਨਿਸ਼ਾਨਾ ਖੁੰਝ ਗਿਆ। ਏਨੇ ਨੂੰ ਹੋਰ ਸੁਰੱਖਿਆ ਕਰਮੀ ਤੇ ਸੇਵਾਦਾਰ ਇਕੱਠੇ ਹੋ ਗਏ। ਗੋਲੀ ਮਾਰਨ ਆਇਆ ਅਕਾਲ ਫੈਡਰੇਸ਼ਨ ਦਾ ਆਗੂ ਨਰਾਇਣ ਸਿੰਘ ਚੌੜਾ ਸੀ, ਜੋ ਕਿ ਪਹਿਲਾਂ ਵੀ ਕੁਝ ਮਾਮਲਿਆਂ 'ਚ ਜੇਲ੍ਹ 'ਚ ਰਹਿ ਚੁੱਕਾ ਹੈ।

ਸ੍ਰੀ ਅਕਾਲ ਤਖਤ ਵੱਲੋਂ ਸੁਖਬੀਰ ਸਿੰਘ ਬਾਦਲ ਅਤੇ ਸੁਖਦੇਵ ਸਿੰਘ ਢੀਂਡਸਾ ਦੀ ਸ੍ਰੀ ਹਰਿਮੰਦਰ ਸਾਹਿਬ ਦੇ ਬਾਹਰ ਘੰਟਾ ਘਰ ਵਾਲੇ ਪਾਸੇ ਪਹਿਰੇਦਾਰ ਵਜੋਂ ਸੇਵਾ ਲਾਈ ਗਈ ਸੀ। ਉਹ ਦੂਜੇ ਦਿਨ ਇਸ ਸੇਵਾ ਲਈ ਪੁੱਜੇ ਸਨ।

ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਮੌਕੇ 'ਤੇ ਪੁੱਜ ਕੇ ਸਥਿਤੀ ਦਾ ਜਾਇਜ਼ਾ ਲਿਆ ਤੇ ਕਿਹਾ ਕਿ ਮੌਕੇ 'ਤੇ ਤਾਇਨਾਤ ਸੁਰੱਖਿਆ ਕਰਮੀਆਂ ਨੇ ਵਿਅਕਤੀ ਨੂੰ ਤੁਰੰਤ ਕਾਬੂ ਕਰ ਲਿਆ।

ਉਨ੍ਹਾ ਕਿਹਾ ਕਿ ਜਿਸ ਵੇਲੇ ਗੋਲੀ ਚਲਾਉਣ ਦਾ ਯਤਨ ਕੀਤਾ, ਉਦੋਂ ਤਿੰਨ ਪੁਲਸ ਕਰਮਚਾਰੀ ਸਾਦਾ ਕੱਪੜਿਆਂ 'ਚ ਸੁਖਬੀਰ ਸਿੰਘ ਬਾਦਲ ਦੇ ਨਾਲ ਤਾਇਨਾਤ ਸਨ, ਜਿਨ੍ਹਾਂ ਤੁਰੰਤ ਹਮਲਾਵਰ ਨੂੰ ਰੋਕਿਆ ਅਤੇ ਕਾਬੂ ਕਰ ਲਿਆ। ਉਨ੍ਹਾ ਕਿਹਾ ਕਿ ਧਾਰਮਕ ਅਸਥਾਨ ਹੋਣ ਕਾਰਨ ਇੱਥੇ ਹਰ ਆਉਣ-ਜਾਣ ਵਾਲੇ ਵਿਅਕਤੀ ਦੀ ਤਲਾਸ਼ੀ ਨਹੀਂ ਲਈ ਜਾ ਸਕਦੀ, ਪਰ ਇਸ ਦੇ ਬਾਵਜੂਦ ਸੁਰੱਖਿਆ ਕਰਮੀਆਂ ਵੱਲੋਂ ਚੌਕਸੀ ਵਰਤੀ ਜਾ ਰਹੀ ਸੀ।

ਸੁਖਬੀਰ ਸਿੰਘ ਬਾਦਲ ਨੇ ਆਪਣੀ ਸੇਵਾ ਜਾਰੀ ਰੱਖੀ ਤੇ ਪਹਿਰੇਦਾਰ ਦੀ ਸੇਵਾ ਕਰਨ ਮਗਰੋਂ ਸ੍ਰੀ ਹਰਿਮੰਦਰ ਸਾਹਿਬ ਦੇ ਅੰਦਰ ਗੁਰਬਾਣੀ ਦਾ ਕੀਰਤਨ ਸਰਵਣ ਕੀਤਾ ਅਤੇ ਮਗਰੋਂ ਲੰਗਰ ਘਰ 'ਚ ਸੰਗਤ ਦੇ ਜੂਠੇ ਬਰਤਨ ਮਾਂਜਣ ਦੀ ਸੇਵਾ ਕੀਤੀ। ਇਸ ਮੌਕੇ ਉਨ੍ਹਾ ਦੇ ਨਾਲ ਉਨ੍ਹਾ ਦੀ ਪਤਨੀ ਹਰਸਿਮਰਤ ਕੌਰ ਬਾਦਲ ਵੀ ਮੌਜੂਦ ਸੀ।

ਚੌੜਾ ਨੇ 14 ਜੁਲਾਈ ਨੂੰ ਫੇਸਬੁਕ ਪੋਸਟ ਵਿੱਚ ਕਿਹਾ ਸੀ ਕਿ ਮੁਆਫੀ ਮੰਗਣ ਨਾਲ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪਾਪ ਧੋਤੇ ਨਹੀਂ ਜਾਣੇ। ਸਿੱਖ ਭਾਈਚਾਰੇ ਨੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ਇਸ ਦੇ ਘੋਰ ਮਾੜੇ ਕਾਰਿਆਂ ਕਰਕੇ ਸਿਆਸੀ ਤੌਰ 'ਤੇ ਰੱਦ ਕਰ ਦਿੱਤਾ ਹੈ ਤੇ ਹੁਣ ਪਾਰਟੀ ਆਪਣਾ ਦਾਗੀ ਅਕਸ ਸਾਫ ਕਰਨ ਲਈ ਅਕਾਲ ਤਖਤ ਨੂੰ ਵਰਤ ਰਹੀ ਹੈ। ਪਾਰਟੀ ਪੰਥ ਦੀ ਦੁਸ਼ਮਣ ਹੈ ਤੇ ਇਸ ਨੂੰ ਸਿਆਸੀ ਪਿੜ ਵਿੱਚ ਸਿੱਖ ਭਾਈਚਾਰੇ ਦੀ ਅਗਵਾਈ ਕਰਨ ਦਾ ਕੋਈ ਹੱਕ ਨਹੀਂ। ਪੰਥ ਸਿਆਸੀ ਪਿੜ ਵਿੱਚ ਪਾਰਟੀ ਨੂੰ ਰੱਦ ਕਰਕੇ ਪਹਿਲਾਂ ਹੀ ਆਪਣਾ ਰਵੱਈਆ ਪ੍ਰਗਟ ਕਰ ਚੁੱਕਾ ਹੈ। ਸੰਕੇਤਕ ਸਜ਼ਾਵਾਂ ਨਾਲ ਇਨ੍ਹਾਂ ਨੂੰ ਕੀਤੇ ਮਾੜੇ ਕਾਰਿਆਂ ਤੋਂ ਮੁਕਤ ਕਰਨ ਦੀ ਕੋਸ਼ਿਸ਼ ਖਾਲਸਾ ਪੰਥ ● ਬਾਕੀ ਸਫ਼ਾ 2 'ਤੇ

## ਪਤਨੀ ਨੂੰ ਇਹ ਕਹਿ ਕੇ ਆਇਆ ਸੀ ...



**ਡੇਰਾ ਬਾਬਾ ਨਾਨਕ** : ਇੱਥੇ ਰਹਿਣ ਵਾਲਾ ਨਰਾਇਣ ਸਿੰਘ ਚੌੜਾ ਅੰਮ੍ਰਿਤਸਰ ਰਵਾਨਾ ਹੋਣ ਤੋਂ ਪਹਿਲਾਂ ਘਰਵਾਲੀ ਨੂੰ ਇਹ ਕਹਿ ਕੇ ਨਿਕਲਿਆ ਸੀ ਕਿ ਉਹ ਸਮਾਗਮ 'ਤੇ ਜਾ ਰਿਹਾ ਹੈ। ਚੌੜਾ ਦਾ ਜੱਦੀ ਪਿੰਡ ਇੱਥੋਂ ਤਿੰਨ ਕਿੱਲੋਮੀਟਰ ਦੂਰ ਚੌੜਾ ਬਾਜਵਾ ਹੈ। ਪਿੰਡ ਵਾਲਿਆਂ ਨੇ ਦੱਸਿਆ ਕਿ 1988 ਦੇ ਹੜ੍ਹਾਂ ਤੋਂ ਬਾਅਦ ਪਰਵਾਰ ਪਿੰਡ ਛੱਡ ਗਿਆ ਸੀ ਤੇ ਫਿਰ ਕਦੇ ਨਹੀਂ ਪਰਤਿਆ।

ਜਦੋਂ ਪੁਲਸ ਘਰ ਦੀ ਛਾਣਬੀਣ ਕਰ ਰਹੀ ਸੀ ਤਾਂ ਚੌੜਾ ਦੀ ਪਤਨੀ ਜਸਮੀਤ ਕੌਰ ਸ਼ਾਂਤਚਿੱਤ ਸੀ। ਉਸ ਨੇ ਕਿਹਾ—ਮੇਰੇ ਪਤੀ ਸਵੱਖਤੇ ਉਠ ਗਏ ਸਨ ਤੇ ਪੌਣੇ ਛੇ ਵਜੇ ਦੇ ਕਰੀਬ ਘਰੋਂ ਨਿਕਲ ਗਏ ਸੀ। ਉਹ ਮੈਨੂੰ ਇਹ ਕਹਿ ਕੇ ਗਏ ਕਿ ਸ੍ਰੀ ਦਰਬਾਰ ਸਾਹਿਬ ਇਕ ਅਹਿਮ ਸਮਾਗਮ 'ਤੇ ਜਾ ਰਿਹਾ ਹਾਂ। ਉਹ ਸਾਬਕਾ ਮਿਲੀਟੈਂਟਾਂ ਦੇ ਜਨਮ ਦਿਹਾੜਿਆਂ ਤੇ ਬਰਸੀਆਂ 'ਤੇ ਜਾਂਦੇ ਰਹਿੰਦੇ ਹਨ।

ਚੌੜਾ ਦਾ ਭਰਾ ਨਰਿੰਦਰ ਸਿੰਘ ਬਾਜਵਾ ਡੇਰਾ ਬਾਬਾ ਨਾਨਕ ਬਲਾਕ ਸੰਮਤੀ ਦਾ 2018 ਤੋਂ ਮੈਂਬਰ ਹੈ। ਕਾਂਗਰਸੀ ਸਾਂਸਦ ਸੁਖਜਿੰਦਰ ਸਿੰਘ ਰੰਧਾਵਾ ਨੇ ਇਨ੍ਹਾਂ ਦੋਸ਼ਾਂ ਦਾ ਖੰਡਨ ਕੀਤਾ ਹੈ ਕਿ ਉਨ੍ਹਾ ਬਾਜਵਾ ਨੂੰ ਮੈਂਬਰ ਬਣਵਾਇਆ ਸੀ। ਉਨ੍ਹਾ ਕਿਹਾ ਕਿ ਜਦੋਂ ਵੀ ਗੈਂਗਸਟਰ ਜਾਂ ਮਿਲੀਟੈਂਟ ਦੀ ਸ਼ਮੂਲੀਅਤ ਵਾਲੀ ਘਟਨਾ ਵਾਪਰਦੀ ਹੈ, ਉਨ੍ਹਾ ਦਾ ਨਾਂਅ ਬੇਲੋੜਾ ਘੜੀਸ ਲਿਆ ਜਾਂਦਾ ਹੈ। ਰੰਧਾਵਾ ਨੇ ਸੁਖਬੀਰ ਬਾਦਲ 'ਤੇ ਹਮਲੇ ਦੀ ਨਿੰਦਾ ਕੀਤੀ ਤੇ ਹਮਲਾ ਰੋਕਣ ਵਿਚ ਨਾਕਾਮੀ ਲਈ ਪੁਲਸ ਦੀ ਨੁਕਤਾਚੀਨੀ ਕੀਤੀ। ਉਨ੍ਹਾ ਕਿਹਾ ਕਿ ਪੁਲਸ ਵਾਲੇ ਜਾਣਦੇ ਹਨ ਕਿ ਚੌੜਾ ਡੇਰਾ ਬਾਬਾ ਨਾਨਕ ਰਹਿੰਦਾ ਹੈ ਤੇ ਅੱਤਵਾਦੀ ਖਿਆਲਾਂ ਦਾ ਹੈ। ਪੁਲਸ ਨੂੰ ਉਸ ਨੂੰ ਇਹਤਿਆਤੀ ਹਿਰਾਸਤ 'ਚ ਲੈਣਾ ਚਾਹੀਦਾ ਸੀ।

## ਇਹ ਹਮਲਾ ਸੇਵਾਦਾਰ 'ਤੇ ਹੈ : ਗਿਆਨੀ ਰਘਬੀਰ ਸਿੰਘ

**ਅੰਮ੍ਰਿਤਸਰ** : ਸ੍ਰੀ ਅਕਾਲ ਤਖਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੁਖਬੀਰ ਸਿੰਘ ਬਾਦਲ 'ਤੇ ਸੇਵਾ ਕਰਦਿਆਂ ਗੋਲੀ ਚਲਾਉਣ ਦੀ ਵਾਪਰੀ ਘਟਨਾ ਦੀ ਸਖਤ ਨਿੰਦਾ ਕਰਦਿਆਂ ਕਿਹਾ ਕਿ ਇਹ ਹਮਲਾ ਸੁਖਬੀਰ ਸਿੰਘ ਬਾਦਲ 'ਤੇ ਨਹੀਂ, ਸਗੋਂ ਸ੍ਰੀ ਅਕਾਲ ਤਖਤ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਘੰਟਾ ਘਰ ਵਾਲੇ ਪਾਸੇ ਪਹਿਰੇਦਾਰ ਦੀ ਲਾਈ ਗਈ ਸੇਵਾ ਕਰ ਰਹੇ ਇੱਕ ਸੇਵਾਦਾਰ 'ਤੇ ਹੋਇਆ ਹੈ। ਉਨ੍ਹਾ ਕਿਹਾ ਕਿ ਮੌਕੇ 'ਤੇ ਹਾਜ਼ਰ ਸੇਵਾਦਾਰਾਂ ਵੱਲੋਂ ਹਮਲਾਵਰ ਨੂੰ ਕਾਬੂ ਕਰ ਲਿਆ ਗਿਆ ਅਤੇ ਉਸ ਵੱਲੋਂ ਚਲਾਈ ਗਈ ਗੋਲੀ ਚਰਨ ਗੰਗਾ ਵਾਲੇ ਹਿੱਸੇ 'ਚ ਜਾ ਲੱਗੀ। ਇਸ ਬਾਰੇ ਪੁਲਸ ਨੂੰ ਡੂੰਘਾਈ ਨਾਲ ਜਾਂਚ ਕਰਨੀ ਚਾਹੀਦੀ ਹੈ ਕਿ ਇਸ ਦੇ ਪਿੱਛੇ ਕੌਣ ਹਨ।

ਐੱਸ ਜੀ ਪੀ ਸੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਕਰੜੀ ਨਿੰਦਾ ਕਰਦਿਆਂ ਕਿਹਾ ਕਿ ਇਸ ਪਾਵਨ ਅਸਥਾਨ 'ਤੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਲੱਗੀ ਧਾਰਮਕ ਸੇਵਾ ਨਿਭਾਉਂਦਿਆਂ ਸੁਖਬੀਰ ਸਿੰਘ ਬਾਦਲ ਨੂੰ ਨਿਸ਼ਾਨੇ 'ਤੇ ਲੈਣਾ ਬੇਹੱਦ ਦੁਖਦਾਈ ਅਤੇ ਗੈਰ-ਇਖਲਾਕੀ ਕਰਵਾਈ ਹੈ। ਉਨ੍ਹਾ ਕਿਹਾ ਕਿ ਸੇਵਾ ਦੌਰਾਨ ਸੁਖਬੀਰ ਬਾਦਲ 'ਤੇ ਹਮਲਾ ਕਰਨਾ ਜਿਥੇ ਪੰਥ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਅਤੇ ਗੈਰ-ਮਨੁੱਖੀ ਹਰਕਤ ਹੈ, ਉਥੇ ਹੀ ਸ੍ਰੀ ਅਕਾਲ ਤਖਤ ਸਾਹਿਬ ਦੇ ਆਦੇਸ਼ਾਂ ਦੀ ਸਿੱਧੇ ਤੌਰ 'ਤੇ ਤੌਹੀਨ ਹੈ।

## ਸਿੱਖ ਹਿਰਦੇ ਵਲੂੰਧਰੇ ਗਏ : ਚੰਦੂਮਾਜਰਾ

**ਚੰਡੀਗੜ੍ਹ** : ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਸੀਨੀਅਰ ਲੀਡਰ ਅਤੇ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਹਮਲੇ ਦੀ ਕਰੜੇ ਸ਼ਬਦਾਂ ਵਿੱਚ ਸਖਤ ਨਿਖੇਧੀ ਕਰਦਿਆਂ ਕਿਹਾ ਕਿ ਪਵਿੱਤਰ ਅਸਥਾਨ ਉੱਤੇ ਸੇਵਾ ਨਿਭਾ ਰਹੇ ਵਿਅਕਤੀ ਉੱਪਰ ਅਚਾਨਕ ਹੋਇਆ ਇਹ ਹਮਲਾ ਸਿੱਖ ਹਿਰਦਿਆਂ ਨੂੰ ਵਲੂੰਧਰ ਦੇਣ ਵਾਲਾ ਹੈ। ਗੁਰੂ ਘਰ ਵਿੱਚ ਸੇਵਾ ਕਰ ਰਹੇ ਵਿਅਕਤੀ ਨੂੰ ਨਿਸ਼ਾਨਾ ਬਣਾਉਣਾ ਸਿੱਖ ਜਗਤ ਲਈ ਨਮੋਸ਼ੀ ਵਾਲੀ ਗੱਲ ਹੈ। ਉਨ੍ਹਾ ਨਾਲ ਹੀ ਆਖਿਆ ਕਿ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਉੱਪਰ ਚੱਲੀ ਇਹ ਗੋਲੀ ਸੂਬੇ ਦੀ ਡਾਵਾਂਡੋਲ ਹੋ ਚੁੱਕੀ ਕਾਨੂੰਨ ਵਿਵਸਥਾ ਨੂੰ ਵੀ ਬਿਆਨ ਕਰਦੀ ਹੈ। ਇਹ ਘਟਨਾ ਦਰਸਾ ਰਹੀ ਹੈ ਕਿ ਸੂਬੇ 'ਚ ਅਰਾਜਕਤਾ ਵਾਲਾ ਮਾਹੌਲ ਹੈ।

# ਪੰਜਾਬ ਨੂੰ ਬਦਨਾਮ ਕਰਨ ਦੀ ਡੂੰਘੀ ਸਾਜ਼ਿਸ਼ ਨਾਕਾਮ ਕਰਨ ਲਈ ਮਾਨ ਵੱਲੋਂ ਪੁਲਸ ਨੂੰ ਥਾਪੜਾ

**ਮੁਹਾਲੀ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਅੰਮ੍ਰਿਤਸਰ ਵਿਖੇ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਨੂੰ ਤੁਰੰਤ ਨਾਕਾਮ ਕਰਨ ਲਈ ਪੰਜਾਬ ਪੁਲਸ ਦੀ ਪਿੱਠ ਥਾਪੜੀ ਹੈ, ਜਿਸ ਨੇ ਸੂਬੇ ਨੂੰ ਬਦਨਾਮ ਕਰਨ ਦੇ ਮਨਸੂਬੇ ਸਫਲ ਨਹੀਂ ਹੋਣ ਦਿੱਤੇ।

ਇੱਥੇ 'ਨਿਸ਼ਾਨ-ਏ-ਇਨਕਲਾਬ' ਪਲਾਜ਼ਾ ਨੂੰ ਸਮਰਪਿਤ ਕਰਨ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਇਸ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਵਰਗੇ ਪਵਿੱਤਰ ਅਸਥਾਨ 'ਤੇ ਅਜਿਹੇ ਘਿਨਾਉਣੇ ਕਾਰੇ ਲਈ ਕੋਈ ਥਾਂ ਨਹੀਂ ਹੈ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਨੇ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਸੀਨੀਅਰ ਪੁਲਸ ਅਧਿਕਾਰੀਆਂ ਤੋਂ ਇਲਾਵਾ 175 ਦੇ ਕਰੀਬ ਪੁਲਸ ਮੁਲਾਜ਼ਮ ਪਹਿਲਾਂ ਹੀ ਤਾਇਨਾਤ ਕੀਤੇ ਹੋਏ ਹਨ। ਉਨ੍ਹਾ ਕਿਹਾ ਕਿ ਇਸ ਦੇ ਸਾਰਥਿਕ ਨਤੀਜੇ ਨਿਕਲੇ, ਕਿਉਂਕਿ ਪੰਜਾਬ ਪੁਲਸ ਨੇ ਸੂਬੇ ਦਾ ਨਾਂਅ ਬਦਨਾਮ ਕਰਨ ਦੀ ਰਚੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ, ਜਿਸ ਨੂੰ ਸ੍ਰੀ ਹਰਿਮੰਦਰ ਸਾਹਿਬ ਦੇ ਆਲੇ-ਦੁਆਲੇ ਬਾਜ਼ ਅੱਖ ਰੱਖਣ ਲਈ ਤਾਇਨਾਤ ਕੀਤਾ ਗਿਆ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਸਾਰੀ ਘਟਨਾ 'ਤੇ ਬਾਕਾਇਦਾ ਨੇੜਿਓਂ ਨਜ਼ਰ ਰੱਖ ਰਹੇ ਹਨ ਅਤੇ ਪੁਲਸ ਅਧਿਕਾਰੀਆਂ ਨੂੰ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਵੱਧ ਤੋਂ ਵੱਧ ਚੌਕਸੀ ਵਰਤਣ ਦੇ ਨਿਰਦੇਸ਼ ਦਿੱਤੇ ਹਨ। ਮਾਨ ਨੇ ਕਿਹਾ ਕਿ ਉਹ ਪਹਿਲਾਂ ਹੀ ਡੀ ਜੀ ਪੀ ਨੂੰ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨ ਦੇ ਨਿਰਦੇਸ਼ ਦੇ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਮਹਾਨ ਗੁਰੂਆਂ, ਪੀਰਾਂ-ਪੈਗੰਬਰਾਂ, ਸੰਤਾਂ-ਮਹਾਂਪੁਰਸ਼ਾਂ, ਸ਼ਹੀਦਾਂ ਦੀ ਧਰਤੀ ਹੈ, ਜੋ ਹਮੇਸ਼ਾ ਹੀ ਭਾਈਚਾਰਕ ਸਾਂਝ ਅਤੇ ਆਪਸੀ ਮਿਲਵਰਤਣ ਦੀਆਂ ਕਦਰਾਂ-ਕੀਮਤਾਂ ਲਈ ਮਾਨਵਤਾ ਲਈ ਮਿਸਾਲ ਬਣਿਆ ਰਿਹਾ ਹੈ। ਉਨ੍ਹਾ ਕਿਹਾ ਕਿ ਸੂਬੇ ਵਿੱਚ ਅਮਨ ਨੂੰ ਕਾਇਮ ਰੱਖਣਾ ਉਨ੍ਹਾਂ ਦੀ ਸਭ ਤੋਂ ਵੱਧ ਤਰਜੀਹ ਹੈ ਅਤੇ ਸਰਕਾਰ ਵੱਲੋਂ ਕਿਸੇ ਨੂੰ ਵੀ ਅਜਿਹੀ ਹਰਕਤ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਸਖ਼ਤ ਨਿਖੇਧੀ ਕੀਤੀ ਹੈ। ਉਹਨਾ ਇਸ ਘਟਨਾ ਨੂੰ ਬੇਹੱਦ ਮੰਦਭਾਗਾ ਕਰਾਰ ਦਿੱਤਾ ਅਤੇ ਸੂਬੇ 'ਚ ਅਮਨ-ਕਾਨੂੰਨ ਦੀ ਵਿਵਸਥਾ ਬਣਾਈ ਰੱਖਣ ਲਈ ਪਾਰਟੀ ਦੀ ਵਚਨਬੱਧਤਾ ਨੂੰ ਦੁਹਰਾਇਆ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵੀ ਸੁਖਬੀਰ ਬਾਦਲ 'ਤੇ ਹਮਲੇ ਦੀ ਨਿਖੇਧੀ ਕੀਤੀ ਅਤੇ ਇਸ ਘਟਨਾ ਨੂੰ ਰੋਕਣ ਲਈ ਪੰਜਾਬ ਪੁਲਸ ਦੀ ਸ਼ਲਾਘਾ ਕੀਤੀ। ਉਨ੍ਹਾ ਕਿਹਾ ਕਿ ਇਸ ਘਟਨਾ ਵਿੱਚ ਸ਼ਾਮਲ ਸਾਰੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ, ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ, ਭਾਵੇਂ ਉਹ ਕੋਈ ਵੀ ਹੋਵੇ।

ਸੰਸਦ ਮੈਂਬਰ ● ਬਾਕੀ ਸਫ਼ਾ 2 'ਤੇ

# ਸੁਖਬੀਰ ਬਾਦਲ 'ਤੇ ਕਾਤਲਾਨਾ ਹਮਲੇ ਪਿਛਲੀ ਸਾਜ਼ਿਸ਼ ਦੀ ਉੱਚ ਪੱਧਰੀ ਜਾਂਚ ਕਰਾਓ : ਸੀ ਪੀ ਆਈ

**ਚੰਡੀਗੜ੍ਹ** : ਸੀ ਪੀ ਆਈ ਦੀ ਪੰਜਾਬ ਇਕਾਈ ਨੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸੁਖਬੀਰ ਸਿੰਘ ਬਾਦਲ ਉਤੇ ਹੋਏ ਕਾਤਲਾਨਾ ਹਮਲੇ ਦੀ ਕੋਸ਼ਿਸ਼ ਦੀ ਸਖਤ ਨਿਖੇਧੀ ਕੀਤੀ ਹੈ। ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਅਤੇ ਕੌਮੀ ਕੌਂਸਲ ਮੈਂਬਰ ਹਰਦੇਵ ਸਿੰਘ ਅਰਸ਼ੀ ਸਾਬਕਾ ਵਿਧਾਇਕ ਨੇ ਸਾਂਝਾ ਬਿਆਨ ਜਾਰੀ ਕਰਕੇ ਅਕਾਲੀ ਦਲ ਦੇ ਚੋਟੀ ਦੇ ਆਗੂ ਸੁਖਬੀਰ ਸਿੰਘ ਬਾਦਲ ਉਤੇ ਕੀਤੇ ਗਏ ਇਸ ਹਮਲੇ ਦੀ ਸਖਤ ਨਿੰਦਿਆ ਕਰਦਿਆਂ ਇਸ ਨੂੰ ਪੰਜਾਬ ਦੇ ਅਮਨ ਨੂੰ ਫਿਰ ਅੱਗ ਲਾਉਣ ਦੀ ਨਿਖੇਧੀਜਨਕ ਸਾਜ਼ਿਸ਼ ਕਿਹਾ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਆਜ਼ਾਦੀ ਲਹਿਰ ਵਿਚ ਵੱਡੀ ਭੂਮਿਕਾ ਨਿਭਾਈ ਹੈ, ਅੱਜ ਵੀ ਆਪਣੀਆਂ ਕਮੀਆਂ-ਕਮਜ਼ੋਰੀਆਂ ਦੇ ਬਾਵਜੂਦ ਪੰਜਾਬ ਦੀ ਏਕਤਾ, ਸਾਂਝੀਵਾਲਤਾ ਤੇ ਵਿਕਾਸ ਲਈ ਇਸ ਦੀ ਵੱਡੀ ਅਹਿਮੀਅਤ ਹੈ।

ਸਾਥੀ ਬਰਾੜ ਅਤੇ ਸਾਥੀ ਅਰਸ਼ੀ ਨੇ ਪੰਜਾਬ ਦੀ ਵਿਗੜੀ ਹੋਈ ਅਮਨ-ਕਾਨੂੰਨ ਦੀ ਹਾਲਤ ਲਈ ਵੇਲੇ ਦੀ ਮਾਨ ਸਰਕਾਰ ਦੀ ਅਸਫਲਤਾ ਨੂੰ ਜ਼ਿੰਮੇਵਾਰ ਆਖਿਆ, ਜਿਸ ਕੋਲ ਅਜੇ ਡੀ ਜੀ ਪੀ ਵੀ ਕੰਮ-ਚਲਾਊ ਹੈ। ਸਰਕਾਰ ਸੁਚਾਰੂ ਪ੍ਰਸ਼ਾਸਨ, ਅਮਨ-ਕਾਨੂੰਨ, ਰੁਜ਼ਗਾਰ, ਕੁਰੱਪਸ਼ਨ ਆਦਿ ਸਭ ਮਸਲਿਆਂ ਉਤੇ ਫੇਲ੍ਹ ਸਾਬਤ ਹੋ ਰਹੀ ਹੈ। ਦੋਵਾਂ ਆਗੂਆਂ ਨੇ ਸੁਖਬੀਰ ਸਿੰਘ ਬਾਦਲ ਨੂੰ ਕੋਈ ਜਾਨੀ ਨੁਕਸਾਨ ਨਾ ਹੋ ਸਕਣ 'ਤੇ ਤਸੱਲੀ ਤੇ ਖੁਸ਼ੀ ਪ੍ਰਗਟ ਕੀਤੀ ਅਤੇ ਨਾਲ ਹੀ ਇਸ ਕਾਤਲਾਨਾ ਹਮਲੇ ਪਿੱਛੇ ਕੰਮ ਕਰਦੀ ਗਹਿਰੀ ਸਾਜ਼ਿਸ਼ ਦੀ ਉੱਚ-ਪੱਧਰੀ ਜਾਂਚ ਕਰਾਉਣ ਅਤੇ ਅਪਰਾਧੀ ਸ਼ਕਤੀਆਂ ਦੇ ਮਨਸੂਬਿਆਂ ਨੂੰ ਅਸਫਲ ਕਰਨ ਦੀ ਮੰਗ ਕੀਤੀ। ਉਹਨਾਂ ਪੰਜਾਬ ਦੇ ਲੋਕਾਂ ਨੂੰ ਅਮਨ ਕਾਇਮ ਰੱਖਣ ਅਤੇ ਦੋਖੀ ਤਾਕਤਾਂ ਦੇ ਘਿਨਾਉਣੇ ਮਨਸੂਬਿਆਂ ਨੂੰ ਮਿੱਟੀ ਵਿਚ ਮਿਲਾਉਣ ਦੀ ਅਪੀਲ ਕੀਤੀ ਹੈ।

## ਸਭ ਦੇ ਜਾਗਣ ਦਾ ਵੇਲਾ : ਬਾਜਵਾ

**ਕਾਦੀਆਂ** : ਪੰਜਾਬ ਅਸੰਬਲੀ ਵਿੱਚ ਵਿਰੋਧੀ ਧਿਰ ਦੇ ਨੇਤਾ ਤੇ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਸੁਖਬੀਰ ਸਿੰਘ ਬਾਦਲ 'ਤੇ ਹਮਲਾ ਬੇਹੱਦ ਮੰਦਭਾਗਾ ਅਤੇ ਨਿੰਦਣਯੋਗ ਹੈ। ਅਜਿਹੀਆਂ ਹਿੰਸਕ ਕਾਰਵਾਈਆਂ ਦਾ ਸਾਡੇ ਸਮਾਜ 'ਚ ਕੋਈ ਸਥਾਨ ਨਹੀਂ ਹੈ। ਅਜਿਹੀਆਂ ਘਟਨਾਵਾਂ ਸਾਡੀਆਂ ਜਮਹੂਰੀ ਕਦਰਾਂ-ਕੀਮਤਾਂ ਅਤੇ ਸਮਾਜਕ ਸਦਭਾਵਨਾ ਦੇ ਤਾਣੇ-ਬਾਣੇ ਨੂੰ ਕਮਜ਼ੋਰ ਕਰਦੀਆਂ ਹਨ। ਉਨ੍ਹਾ ਕਿਹਾ—ਇਸ ਘਟਨਾ ਨੂੰ ਸਾਰੇ ਸੰਬੰਧਤਾਂ, ਸਿਆਸੀ ਆਗੂਆਂ, ਸਮਾਜਕ ਸੰਸਥਾਵਾਂ ਅਤੇ ਜਨਤਾ ਨੂੰ ਇਕੱਠੇ ਹੋਣ ਅਤੇ ਗੱਲਬਾਤ ਤੇ ਸ਼ਾਂਤੀ ਦੇ ਮਾਹੌਲ ਨੂੰ ਉਤਸ਼ਾਹਤ ਕਰਨ ਲਈ ਜਾਗਣ ਦੇ ਸੱਦੇ ਵਜੋਂ ਲਿਆ ਜਾਣਾ ਚਾਹੀਦਾ ਹੈ। ਸਾਨੂੰ ਇਹ ਯਕੀਨੀ ਬਣਾਉਣ ਲਈ ਸਮੂਹਕ ਤੌਰ 'ਤੇ ਕੰਮ ਕਰਨਾ ਚਾਹੀਦਾ ਹੈ ਕਿ ਪੰਜਾਬ ਆਪਣੀ ਅਮੀਰ ਵਿਰਾਸਤ ਨੂੰ ਧਿਆਨ ਵਿਚ ਰੱਖਦੇ ਹੋਏ ਆਪਸੀ ਸਤਿਕਾਰ, ਸਮਝ ਅਤੇ ਸ਼ਾਂਤੀ ਦੀ ਧਰਤੀ ਬਣਿਆ ਰਹੇ। ਇਸ ਘਟਨਾ ਦੀ ਹਰ ਪੱਖ ਤੋਂ ਡੂੰਘੀ ਜਾਂਚ ਕੀਤੀ ਜਾਣੀ ਚਾਹੀਦੀ ਹੈ।

## ਇੱਕ ਗੈਂਗਸਟਰ ਹਲਾਕ, ਦੋ ਜ਼ਖਮੀ

**ਰੋਹਤਕ** : ਮੰਗਲਵਾਰ ਦੇਰ ਰਾਤ ਇੱਥੇ ਇੰਡਸਟਰੀਅਲ ਮਾਡਰਨ ਟਾਊਨਸ਼ਿਪ ਨੇੜੇ ਪੁਲਸ ਮੁਕਾਬਲੇ 'ਚ ਯੂ ਪੀ ਦੇ ਬਾਗਪਤ ਦਾ ਇੱਕ ਗੈਂਗਸਟਰ ਮਾਰਿਆ ਗਿਆ ਅਤੇ ਦੋ ਹੋਰ ਜ਼ਖਮੀ ਹੋ ਗਏ। ਮੁਕਾਬਲੇ ਤੋਂ ਬਾਅਦ ਤਿੰਨਾਂ ਨੂੰ ਇਲਾਜ ਲਈ ਰੋਹਤਕ ਦੇ ਪੋਸਟ ਗ੍ਰੈਜੂਏਟ ਇੰਸਟੀਚਿਊਟ ਆਫ ਮੈਡੀਕਲ ਸਾਇੰਸਜ਼ ਲਿਜਾਇਆ ਗਿਆ ਸੀ, ਜਿੱਥੇ ਦੀਪਕ ਨੇ ਦਮ ਤੋੜ ਦਿੱਤਾ। ਦੂਜਿਆਂ ਦੀ ਹਾਲਤ ਗੰਭੀਰ ਬਣੀ ਹੋਈ ਸੀ, ਜਿਨ੍ਹਾਂ ਦੀ ਪਛਾਣ ਖਿਡਵਾਲੀ ਪਿੰਡ ਦੇ ਰਾਹੁਲ ਉਰਫ ਬਾਬਾ ਅਤੇ ਆਯੂਸ਼ ਵਜੋਂ ਹੋਈ ਹੈ। ਸੂਤਰਾਂ ਨੇ ਦੱਸਿਆ ਕਿ ਉਨ੍ਹਾਂ ਦੀਆਂ ਲੱਤਾਂ ਵਿਚ ਗੋਲੀਆਂ ਲੱਗੀਆਂ ਹਨ। ਰਾਹੁਲ ਤੀਹਰੇ ਕਤਲ ਕਾਂਡ ਵਿੱਚ ਲੋੜੀਂਦਾ ਸੀ। ਪੁਲਸ ਨੇ ਖੁਫੀਆ ਜਾਣਕਾਰੀ ਤੋਂ ਬਾਅਦ ਖੇਤਰ 'ਚ ਗੈਂਗਸਟਰਾਂ ਦੀ ਭਾਲ ਸ਼ੁਰੂ ਕੀਤੀ, ਜਿਸ ਦੌਰਾਨ ਪੁਲਸ ਨੂੰ ਦੇਖ ਕੇ ਬਦਮਾਸ਼ਾਂ ਨੇ ਪੁਲਸ 'ਤੇ ਗੋਲੀਆਂ ਚਲਾ ਦਿੱਤੀਆਂ। ਜਵਾਬੀ ਕਾਰਵਾਈ 'ਚ ਇੱਕ ਦੀ ਮੌਤ ਹੋ ਗਈ ਅਤੇ ਦੋ ਹੋਰ ਜ਼ਖਮੀ ਹੋ ਗਏ।

## ਫੌਜੀ ਚੌਕੀ 'ਤੇ ਗ੍ਰਨੇਡ ਸੁੱਟੇ

**ਜੰਮੂ** : ਦਹਿਸ਼ਤਗਰਦਾਂ ਨੇ ਬੁੱਧਵਾਰ ਪੁੰਛ ਜ਼ਿਲ੍ਹੇ 'ਚ ਸੂਰਨਕੋਟ ਇਲਾਕੇ 'ਚ ਫੌਜੀ ਕੈਂਪ ਦੇ ਪਿੱਛੇ ਫੌਜ ਦੀ ਚੌਕੀ 'ਤੇ ਦੋ ਗ੍ਰਨੇਡ ਸੁੱਟੇ, ਜਿਨ੍ਹਾਂ ਵਿੱਚੋਂ ਇੱਕ ਹੀ ਫਟਿਆ। ਜਾਨੀ ਨੁਕਸਾਨ ਤੋਂ ਬਚਾਅ ਰਿਹਾ।

# ਹਮਲੇ ਦਾ ਮਕਸਦ ਅਕਾਲੀ ਦਲ ਦੀ ਆਧੁਨਿਕ ਲੀਡਰਸ਼ਿਪ ਨੂੰ ਖ਼ਤਮ ਕਰਨਾ : ਮਜੀਠੀਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਅਕਾਲੀ ਦਲ ਨੇ ਸੁਖਬੀਰ ਸਿੰਘ ਬਾਦਲ 'ਤੇ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿਚ ਹੋਏ ਕਾਤਲਾਨਾ ਹਮਲੇ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ। ਪਾਰਟੀ ਨੇ ਕਾਂਗਰਸ ਤੇ ਇਸ ਦੇ ਸੀਨੀਅਰ ਆਗੂ ਸੁਖਜਿੰਦਰ ਸਿੰਘ ਰੰਧਾਵਾ 'ਤੇ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਅੱਤਵਾਦੀ ਨਰਾਇਣ ਸਿੰਘ ਦੇ ਚੌੜਾ ਦੀ ਪੁਸ਼ਤਪਨਾਹੀ ਕਰਨ ਅਤੇ ਆਮ ਆਦਮੀ ਪਾਰਟੀ 'ਤੇ ਇਹ ਹਮਲਾ ਹੋਣ ਦੇਣ ਦੇ ਦੋਸ਼ ਲਗਾਏ।

ਇਥੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਇਸ ਕਾਤਲਾਨਾ ਹਮਲੇ ਦਾ ਮਕਸਦ ਪੰਜਾਬ ਵਿਚ ਆਧੁਨਿਕ ਅਕਾਲੀ ਲੀਡਰਸ਼ਿਪ ਨੂੰ ਖ਼ਤਮ ਕਰਨਾ ਅਤੇ ਫਿਰਕੂ ਵਖਰੇਵੇਂ ਪਾ ਕੇ ਸਰਹੱਦੀ ਸੂਬੇ ਦੀ ਸ਼ਾਂਤੀ ਭੰਗ ਕਰਨਾ ਸੀ। ਉਹਨਾ ਕਿਹਾ ਕਿ ਅਸੀਂ ਮੰਗ ਕਰਦੇ ਹਾਂ ਕਿ ਇਸ ਸਾਰੀ ਕਾਰਵਾਈ ਪਿੱਛੇ ਸਾਜ਼ਿਸ਼ ਬੇਨਕਾਬ ਕਰਨ ਲਈ ਹਾਈ ਕੋਰਟ ਦੀ ਨਿਗਰਾਨੀ ਹੇਠ ਜਾਂਚ ਹੋਣੀ ਚਾਹੀਦੀ ਹੈ।

ਮਜੀਠੀਆ ਨੇ ਜ਼ੋਰ ਦੇ ਕੇ ਕਿਹਾ ਕਿ ਗੁਰੂ ਰਾਮਦਾਸ ਦੀ ਅਪਾਰ ਬਖਸ਼ਿਸ਼ ਨਾਲ ਸੁਖਬੀਰ ਸਿੰਘ ਬਾਦਲ ਬਚ ਗਏ ਹਨ ਤੇ ਉਹ ਗੋਲੀ ਚੱਲਣ ਦੇ ਬਾਵਜੂਦ ਆਪਣੀ ਸੇਵਾ ਸੰਪੂਰਨ ਕਰ ਰਹੇ ਹਨ। ਉਹਨਾ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਲਗਾਈ ਇਹ ਸੇਵਾ ਲਗਾਤਾਰ ਜਾਰੀ ਹੈ। ਅਸੀਂ ਇਹਨਾਂ ਬੁਜ਼ਦਿਲ ਹਮਲਿਆਂ ਨਾਲ ਡਰਨ ਵਾਲੇ ਨਹੀਂ ਹਾਂ। ਮੁੱਖ ਮੰਤਰੀ ਭਗਵੰਤ ਮਾਨ ਦੀ ਨਿਖੇਧੀ ਕਰਦਿਆਂ ਮਜੀਠੀਆ ਨੇ ਵੀਡੀਓ ਸਬੂਤ ਵੀ ਪੇਸ਼ ਕੀਤੇ ਕਿ ਸੂਬਾ ਪੁਲਸ ਤਾਂ ਅਪਰਾਧ ਵਾਲੀ ਥਾਂ ਦੇ ਨੇੜੇ-ਤੇੜੇ ਵੀ ਨਹੀਂ ਸੀ। ਅੱਤਵਾਦੀ ਨੂੰ ਅਕਾਲੀ ਆਗੂ ਦੇ ਨੇੜੇ ਢੁਕਣ ਦਿੱਤਾ ਗਿਆ, ਹਾਲਾਂਕਿ ਪੰਜਾਬ ਪੁਲਸ ਦਾਅਵੇ ਕਰ ਰਹੀ ਹੈ ਕਿ ਹਮਲਾਵਰ ਪੁਲਸ ਦੀ ਨਿਗਰਾਨੀ ਹੇਠ ਸੀ। ਉਹਨਾ ਕਿਹਾ ਕਿ ਇਸ ਸਭ ਤੋਂ ਸੰਕੇਤ ਮਿਲਦੇ ਹਨ ਕਿ ਇਹ ਹਮਲਾ ਗਿਣੀਮਿਥੀ ਯੋਜਨਾ ਦਾ ਹਿੱਸਾ ਸੀ ਤੇ ਹਮਲਾਵਰ ਆਈ ਐੱਸ ਆਈ ਤੇ ਏਜੰਸੀਆਂ ਦਾ ਬੰਦਾ ਹੈ, ਜੋ ਸੁਖਜਿੰਦਰ ਸਿੰਘ ਰੰਧਾਵਾ ਦਾ ਨਜ਼ਦੀਕੀ ਹੈ। ਉਹਨਾ ਸੁਖਬੀਰ ਸਿੰਘ ਬਾਦਲ ਦੇ ਨਿੱਜੀ ਸੁਰੱਖਿਆ ਅਫਸਰ ਜਸਬੀਰ ਸਿੰਘ ਵੱਲੋਂ ਹਮਲੇ ਨੂੰ ਅਸਫਲ ਬਣਾਉਣ ਲਈ ਧੰਨਵਾਦ ਕੀਤਾ ਅਤੇ ਕਿਹਾ ਕਿ ਜਸਬੀਰ ਸਿੰਘ ਪਿਛਲੇ 20 ਸਾਲਾਂ ਤੋਂ ਸੁਖਬੀਰ ਸਿੰਘ ਬਾਦਲ ਦੇ ਸੁਰੱਖਿਆ ਦਸਤੇ ਦਾ ਹਿੱਸਾ ਹਨ ਤੇ ਬਾਦਲ ਪਰਵਾਰ ਦੇ ਮੈਂਬਰ ਹਨ।

ਅਕਾਲੀ ਆਗੂ ਨੇ ਕਿਹਾ ਕਿ ਚੌੜਾ ਇਕ ਖ਼ਤਰਨਾਕ ਅੱਤਵਾਦੀ ਹੈ, ਜਿਸ ਕੋਲੋਂ ਬੰਬ, ਐੱਮ ਪੀ 5 ਮਸ਼ੀਨ ਗੰਨ ਤੇ ਏ ਕੇ 47 ਰਾਈਫਲਾਂ ਬਰਾਮਦ ਕੀਤੀਆਂ ਗਈਆਂ ਹਨ।

ਉਹਨਾ ਜ਼ੋਰ ਦੇ ਕੇ ਕਿਹਾ ਕਿ ਸੁਖਜਿੰਦਰ ਸਿੰਘ ਰੰਧਾਵਾ ਨੇ ਚੌੜਾ ਦੇ ਭਰਾ ਨਰਿੰਦਰ ਸਿੰਘ ਨੂੰ ਸਰਬਸੰਮਤੀ ਨਾਲ ਪੰਚਾਇਤ ਸੰਮਤੀ ਦਾ ਚੇਅਰਮੈਨ ਬਣਵਾਇਆ ਸੀ। ਉਹਨਾ ਕਿਹਾ ਕਿ ਕਾਂਗਰਸ ਪਾਰਟੀ ਦੇ ਰਾਜਕਾਲ ਵੇਲੇ ਨਰਾਇਣ ਸਿੰਘ ਚੌੜਾ ਖਿਲਾਫ ਦੋ ਕੇਸ ਰੱਦ ਕੀਤੇ ਗਏ ਸਨ ਤੇ ਉਸ ਨੂੰ 2018 ਵਿਚ ਉਦੋਂ ਜੇਲ੍ਹ ਵਿਚੋਂ ਰਿਹਾਅ ਕੀਤਾ ਗਿਆ ਸੀ, ਜਦੋਂ ਰੰਧਾਵਾ ਕਾਂਗਰਸ ਸਰਕਾਰ 'ਚ ਮੰਤਰੀ ਸਨ। ਉਹਨਾ ਦੱਸਿਆ ਕਿ ● ਬਾਕੀ ਸਫ਼ਾ 2 'ਤੇ

## ਫੜਨਵੀਸ ਹੀ ਹੋਣਗੇ ਮਹਾਰਾਸ਼ਟਰ ਦੇ ਮੁੱਖ ਮੰਤਰੀ



**ਮੁੰਬਈ** : ਕਈ ਦਿਨਾਂ ਦੀ ਅਨਿਸ਼ਚਿਤਤਾ ਤੋਂ ਬਾਅਦ ਬੁੱਧਵਾਰ ਸਪੱਸ਼ਟ ਹੋ ਗਿਆ ਕਿ ਦੇਵੇਂਦਰ ਫੜਨਵੀਸ ਹੀ 'ਮਹਾਯੁਤੀ' ਗੱਠਜੋੜ ਦੇ ਮੁੱਖ ਮੰਤਰੀ ਵਜੋਂ ਵੀਰਵਾਰ ਸਹੁੰ ਚੁੱਕਣਗੇ। ਭਾਜਪਾ ਵਿਧਾਇਕ ਦਲ ਦੀ ਮੀਟਿੰਗ ਵਿਚ ਫੜਨਵੀਸ ਨੂੰ ਆਗੂ ਚੁਣ ਲਏ ਜਾਣ ਤੋਂ ਬਾਅਦ ਮਹਾਯੁਤੀ ਦੇ ਵਫਦ ਨੇ ਮਹਾਰਾਸ਼ਟਰ ਦੇ ਰਾਜਪਾਲ ਸੀ ਪੀ ਰਾਧਾਕ੍ਰਿਸ਼ਨਨ ਨਾਲ ਮੁਲਾਕਾਤ ਕਰ ਕੇ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕੀਤਾ। ਕਾਰਜਕਾਰੀ ਮੁੱਖ ਮੰਤਰੀ ਤੇ ਸ਼ਿਵ ਸੈਨਾ ਆਗੂ ਏਕਨਾਥ ਸ਼ਿੰਦੇ ਅਤੇ ਐੱਨ ਸੀ ਪੀ ਪ੍ਰਧਾਨ ਅਜੀਤ ਪਵਾਰ ਨੇ ਫੜਨਵੀਸ ਨੂੰ ਵਿਧਾਇਕ ਦਲ ਦਾ ਨੇਤਾ ਚੁਣੇ ਜਾਣ ਤੋਂ ਬਾਅਦ ਮੁੱਖ ਮੰਤਰੀ ਵਜੋਂ ਉਨ੍ਹਾ ਦੀ ਹਮਾਇਤ ਵਿਚ ਆਪੋ-ਆਪਣੇ ਪੱਤਰ ਦਿੱਤੇ। ਇਸ ਤੋਂ ਬਾਅਦ ਰਾਜਪਾਲ ਨੇ ਮਹਾਯੁਤੀ ਨੂੰ ਸਰਕਾਰ ਬਣਾਉਣ ਦਾ ਸੱਦਾ ਦਿੱਤਾ। ਸਹੁੰ ਚੁੱਕ ਸਮਾਗਮ ਸ਼ਾਮ 5.30 ਵਜੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਮੌਜੂਦਗੀ 'ਚ ਹੋਵੇਗਾ।

ਫੜਨਵੀਸ ਨੇ ਕਿਹਾ ਕਿ ਉਨ੍ਹਾ ਸ਼ਿੰਦੇ ਨੂੰ ਸਰਕਾਰ ਦਾ ਹਿਸਾ ਬਣਨ ਦੀ ਅਪੀਲ ਕੀਤੀ ਹੈ। ਸ਼ਿੰਦੇ ਨੇ ਕਿਹਾ ਕਿ ਉਹ ਅਪੀਲ ਦਾ ਸਨਮਾਨ ਕਰਦੇ ਹਨ।

## ਅਮੋਲਕ ਸਿੰਘ ਦੇ ਭਰਾ ਦਾ ਦੇਹਾਂਤ



**ਜਲੰਧਰ** : ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਦੇ ਪ੍ਰਧਾਨ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਟਰੱਸਟੀ ਅਤੇ ਕਮੇਟੀ ਦੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਦੇ ਵੱਡੇ ਭਰਾ ਗੁਲਜ਼ਾਰ ਸਿੰਘ ਸਦੀਵੀ ਵਿਛੋੜਾ ਦੇ ਗਏ। 4 ਦਸੰਬਰ ਦਿਨੇ 12 ਵਜੇ ਗੁਲਜ਼ਾਰ ਸਿੰਘ ਦੀ ਅੰਤਮ ਵਿਦਾਇਗੀ ਉਹਨਾ ਦੇ ਪਿੰਡ ਦੁੱਗਰੀ ਵਿਖੇ ਹੋਈ।

ਉਹਨਾ ਦੀ ਯਾਦ 'ਚ ਸ਼ਰਧਾਂਜਲੀ ਸਮਾਗਮ 12 ਦਸੰਬਰ (ਵੀਰਵਾਰ) ਨੂੰ 12 ਵਜੇ ਪਿੰਡ ਦੁੱਗਰੀ (ਨੇੜੇ ਸਾਹਨੇਵਾਲ) ਹੋਵੇਗਾ।

ਇਸ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ, ਕਮੇਟੀ ਮੈਂਬਰ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ, ● ਬਾਕੀ ਸਫ਼ਾ 2 'ਤੇ

## ਹਵਾਈ ਚੱਪਲਾਂ ਛੱਡੋ, ਬਾਟਾ ਸ਼ੂਜ਼ ਵਾਲਾ ਵੀ ਨਹੀਂ ਕਰ ਪਾ ਰਿਹਾ ਹਵਾਈ ਸਫਰ : ਚੱਢਾ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਰਾਘਵ ਚੱਢਾ ਨੇ ਭਾਰਤੀ ਵਾਯੂਯਾਨ ਬਿੱਲ 2024 'ਤੇ ਸੰਸਦ 'ਚ ਚਰਚਾ ਕਰਦੇ ਹੋਏ ਦੇਸ਼ ਦੇ ਆਮ ਨਾਗਰਿਕਾਂ ਦੀ ਹਵਾਈ ਯਾਤਰਾ ਨਾਲ ਜੁੜੀਆਂ ਚੁਣੌਤੀਆਂ ਨੂੰ ਗੰਭੀਰਤਾ ਨਾਲ ਪੇਸ਼ ਕੀਤਾ। ਉਨ੍ਹਾ ਹਵਾਈ ਯਾਤਰਾ ਨੂੰ ਆਮ ਲੋਕਾਂ ਲਈ ਪਹੁੰਚਯੋਗ ਬਣਾਉਣ ਅਤੇ ਬਿਹਤਰ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ।

ਚੱਢਾ ਨੇ ਸੰਸਦ 'ਚ ਆਪਣੇ ਭਾਸ਼ਣ 'ਚ ਕਿਹਾ ਕਿ ਸਰਕਾਰ ਨੇ ਵਾਅਦਾ ਕੀਤਾ ਸੀ ਕਿ ਚੱਪਲਾਂ ਪਹਿਨਣ ਵਾਲਿਆਂ ਨੂੰ ਹਵਾਈ ਜਹਾਜ਼ 'ਚ ਸਫਰ ਕਰਵਾਵਾਂਗੇ, ਪਰ ਹੋ ਰਿਹਾ ਹੈ ਇਸ ਦੇ ਉਲਟ। ਅੱਜ ਚੱਪਲਾਂ ਨੂੰ ਭੁੱਲ ਜਾਓ, ਬਾਟਾ ਦੀ ਜੁੱਤੀ ਪਹਿਨਣ ਵਾਲਾ ਵੀ ਹਵਾਈ ਯਾਤਰਾ ਦਾ ਖਰਚ ਨਹੀਂ ਚੁੱਕ ਸਕਦਾ। ਦਿੱਲੀ ਤੋਂ ਮੁੰਬਈ ਅਤੇ ਪਟਨਾ ਵਰਗੇ ਸਾਂਝੇ ਰੂਟਾਂ 'ਤੇ ਟਿਕਟ ਦੀ ਕੀਮਤ 10,000 ਤੋਂ 14,500 ਰੁਪਏ ਤੱਕ ਪਹੁੰਚ ਗਈ ਹੈ, ਪਰ ਮਾਲਦੀਵ ਦਾ ਕਿਰਾਇਆ 17 ਹਜ਼ਾਰ ਰੁਪਏ ਹੈ, ਜਦਕਿ ਲਕਸ਼ਦੀਪ ਦਾ ਕਿਰਾਇਆ 25 ਹਜ਼ਾਰ ਰੁਪਏ ਹੈ।

ਉਨ੍ਹਾ ਕਿਹਾ ਕਿ ਕੋਈ ਵਿਅਕਤੀ ਟੈਕਸੀ ਵਿਚ ● ਬਾਕੀ ਸਫ਼ਾ 2 'ਤੇ

## ਰਾਹੁਲ ਤੇ ਪ੍ਰਿਅੰਕਾ ਨੂੰ ਸੰਭਲ ਨਹੀਂ ਜਾਣ ਦਿੱਤਾ



**ਗਾਜ਼ੀਆਬਾਦ** : ਸੰਭਲ 'ਚ ਬਾਹਰੀ ਵਿਅਕਤੀਆਂ ਦੇ ਦਾਖਲ ਹੋਣ ਦੀ ਮਨਾਹੀ ਦੇ ਹੁਕਮਾਂ ਦੇ ਕਾਰਨ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੂੰ ਬੁੱਧਵਾਰ ਇੱਥੇ ਗਾਜ਼ੀਪੁਰ ਸਰਹੱਦ 'ਤੇ ਰੋਕ ਲਿਆ ਗਿਆ। ਸੰਭਲ ਜਾਣ ਲਈ ਰਾਹੁਲ ਗਾਂਧੀ, ਉਨ੍ਹਾ ਦੀ ਭੈਣ ਪ੍ਰਿਅੰਕਾ ਗਾਂਧੀ ਵਾਡਰਾ ਅਤੇ ਹੋਰ ਸੀਨੀਅਰ ਕਾਂਗਰਸੀ ਨੇਤਾ ਸਵੇਰੇ ਹੀ ਗਾਜ਼ੀਪੁਰ ਬਾਰਡਰ 'ਤੇ ਪਹੁੰਚ ਗਏ, ਜਿੱਥੇ ਭਾਰੀ ਪੁਲਸ ਬਲ ਤਾਇਨਾਤ ਕੀਤਾ ਗਿਆ ਸੀ ਅਤੇ ਉਨ੍ਹਾਂ ਨੂੰ ਸੰਭਲ ਵਿੱਚ ਦਾਖਲ ਹੋਣ ਤੋਂ ਰੋਕਣ ਲਈ ਬੈਰੀਕੇਡ ਲਗਾਏ ਗਏ ਸਨ। ਸੰਭਲ ਵਿੱਚ 24 ਨਵੰਬਰ ਨੂੰ ਮਸਜਿਦ ਦੇ ਸਰਵੇਖਣ ਦੌਰਾਨ ਹਿੰਸਾ ਦੌਰਾਨ ਚਾਰ ਲੋਕਾਂ ਦੀ ਮੌਤ ਹੋ ਗਈ ਸੀ।

## ਅੱਜ-ਨਾਮਾ

ਦਿੱਸਣ ਆਸਾਰ ਨਾ ਚੰਗੇ ਪੰਜਾਬ ਦੇ ਵਿੱਚ,
ਅਫਰਾ-ਤਫਰੀ ਜਿਹੀ ਫੈਲਦੀ ਜਾਏ ਬੇਲੀ।
ਕੋਈ ਵੀ ਉੱਠ ਕੇ ਸੁਬ੍ਹਾ ਅਖਬਾਰ ਪੜ੍ਹੀਏ,
ਖਬਰ ਤਾਂ ਮਾੜੀ ਹੀ ਸਾਹਮਣੇ ਆਏ ਬੇਲੀ।
ਕਿਸੇ ਥਾਂ ਲੁੱਟ ਤਾਂ ਕਿਤੇ ਆ ਕਤਲ ਹੁੰਦਾ,
ਬਾਜ਼ਾਰ ਆਵੇ ਤਾਂ ਪੀੜਤ ਪਛਤਾਏ ਬੇਲੀ।
ਬਹੁਤੇ ਦਿਨ ਨਾ ਲੰਘਣ ਤੇ ਖਬਰ ਮਿਲਦੀ,
ਪਕੜ ਕੇ ਜੇਲ੍ਹ ਆ ਦੋਸ਼ੀ ਪਹੁੰਚਾਏ ਬੇਲੀ।
ਕਾਬੂ ਅੰਦਰ ਹਾਲਾਤ ਨਹੀਂ ਆਉਣ ਹਾਲੇ,
ਵਧਦੀ ਅਪਰਾਧੀਆਂ ਦੀ ਫੌਜ ਜਾਏ ਬੇਲੀ।
ਵਕਤ ਦੀ ਲੋਕ ਉਡੀਕ ਪਏ ਕਰਨ ਬੇਲੀ,
ਜਦੋਂ ਕੋਈ ਕਾਬੂ ਵਿਗਾੜ 'ਤੇ ਪਾਏ ਬੇਲੀ।

-ਤੀਸ ਮਾਰ ਖਾਂ

# 'ਨਿਸ਼ਾਨ-ਏ-ਇਨਕਲਾਬ' ਪਲਾਜ਼ਾ ਲੋਕਾਂ ਨੂੰ ਸਮਰਪਿਤ

## ਸ਼ਹੀਦ ਭਗਤ ਸਿੰਘ ਦਾ 30 ਫੁੱਟ ਉੱਚਾ ਕਾਂਸੀ ਦਾ ਬੁੱਤ ਨੌਜਵਾਨਾਂ ਨੂੰ ਦੇਸ਼ ਸੇਵਾ ਲਈ ਪ੍ਰੇਰਿਤ ਕਰੇਗਾ : ਮਾਨ



**ਮੋਹਾਲੀ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਕਿਹਾ ਕਿ 'ਨਿਸ਼ਾਨ-ਏ-ਇਨਕਲਾਬ' ਪਲਾਜ਼ਾ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜੀਵਨ ਅਤੇ ਫਲਸਫੇ ਦਾ ਪਾਸਾਰ ਕਰ ਕੇ ਨੌਜਵਾਨਾਂ ਨੂੰ ਦੇਸ਼ ਦੀ ਨਿਰਸਵਾਰਥ ਸੇਵਾ ਲਈ ਪ੍ਰੇਰਿਤ ਕਰੇਗਾ। ਇੱਥੇ ਏਅਰਪੋਰਟ ਰੋਡ 'ਤੇ 5 ਕਰੋੜ ਦੀ ਲਾਗਤ ਵਾਲੇ 'ਨਿਸ਼ਾਨ-ਏ-ਇਨਕਲਾਬ' ਪਲਾਜ਼ਾ ਜਿੱਥੇ ਸ਼ਹੀਦ ਭਗਤ ਸਿੰਘ ਦਾ 30 ਫੁੱਟ ਉੱਚਾ ਕਾਂਸੀ ਦਾ ਬੁੱਤ ਸਥਾਪਤ ਹੈ, ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਮਹਾਨ ਸ਼ਹੀਦ ਨੂੰ ਸਿਰਫ ਉਨ੍ਹਾ ਦੇ ਸ਼ਹੀਦੀ ਦਿਵਸ (23 ਮਾਰਚ) ਜਾਂ ਜਨਮ ਦਿਨ (28 ਸਤੰਬਰ) 'ਤੇ ਹੀ ਯਾਦ ਨਹੀਂ ਕੀਤਾ ਜਾਣਾ ਚਾਹੀਦਾ, ਸਗੋਂ ਹਰ ਪਲ ਯਾਦ ਕੀਤਾ ਜਾਣਾ ਚਾਹੀਦਾ। ਇਹ ਪਲਾਜ਼ਾ ਸਾਡੀਆਂ ਨੌਜਵਾਨ ਪੀੜ੍ਹੀਆਂ ਨੂੰ ਮਹਾਨ ਸ਼ਹੀਦ ਦੇ ਨਕਸ਼ੇ-ਕਦਮਾਂ 'ਤੇ ਚੱਲਣ ਅਤੇ ਦੇਸ਼ ਦੀ ਸੇਵਾ ਕਰਨ ਲਈ ਹਮੇਸ਼ਾ ਪ੍ਰੇਰਿਤ ਕਰੇਗਾ। ਮਾਨ ਨੇ ਆਸ ਪ੍ਰਗਟਾਈ ਕਿ ਇਹ ਪਲਾਜ਼ਾ ਇਸ ਮਹਾਨ ਸ਼ਹੀਦ ਦੇ ਯੋਗਦਾਨ ਤੋਂ ਜਾਣੂ ਕਰਵਾ ਕੇ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਮੁਸਾਫਰਾਂ ਲਈ ਚਾਨਣ-ਮੁਨਾਰਾ ਸਾਬਤ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੇ ਅਣਥੱਕ ਯਤਨਾਂ ਸਦਕਾ ਮੋਹਾਲੀ ਹਵਾਈ ਅੱਡੇ ਦਾ ਨਾਂਅ ਸ਼ਹੀਦ ਭਗਤ ਸਿੰਘ ਦੇ ਨਾਂਅ 'ਤੇ ਰੱਖਿਆ ਗਿਆ ਹੈ। ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਵਿੱਚੋਂ ਕਿਸੇ ਨੇ ਵੀ ਇਸ ਹਵਾਈ ਅੱਡੇ ਦਾ ਨਾਂਅ ਮਹਾਨ ਸ਼ਹੀਦ ਦੇ ਨਾਂਅ 'ਤੇ ਰੱਖਣ ਦੀ ਖੇਚਲ ਨਹੀਂ ਕੀਤੀ, ਪਰ ਅਹੁਦਾ ਸੰਭਾਲਣ ਤੋਂ ਬਾਅਦ ਉਨ੍ਹਾ ਦੀ ਸਰਕਾਰ ਨੇ ਇਸ ਨੂੰ ਵੱਧ ਤਰਜੀਹ ਦਿੱਤੀ। ਮਾਨ ਨੇ ਕਿਹਾ ਕਿ ਇਨ੍ਹਾਂ ਮਹਾਨ ਸ਼ਹੀਦਾਂ ਦੇ ਨਾਂਅ 'ਤੇ ਹਵਾਈ ਅੱਡਿਆਂ, ਯੂਨੀਵਰਸਿਟੀਆਂ ਅਤੇ ਹੋਰ ਅਦਾਰਿਆਂ ਦਾ ਨਾਂਅ ਰੱਖਣਾ ਉਨ੍ਹਾਂ ਦੀ ਗੌਰਵਮਈ ਵਿਰਾਸਤ ਨੂੰ ਕਾਇਮ ਰੱਖਣ ਲਈ ਜ਼ਰੂਰੀ ਹੈ।

ਉਹਨਾ ਕਿਹਾ ਕਿ ਸੂਬਾ ਸਰਕਾਰ ਮਹਾਨ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਮਹਾਨ ਦੇਸ਼ ਭਗਤਾਂ ਦੇ ਸੁਪਨਿਆਂ ਅਨੁਸਾਰ ਪੰਜਾਬ ਦੀ ਤਰੱਕੀ ਅਤੇ ਲੋਕਾਂ ਦੀ ਖੁਸ਼ਹਾਲੀ ਯਕੀਨੀ ਬਣਾਉਣਾ ਸੂਬਾ ਸਰਕਾਰ ਦਾ ਫਰਜ਼ ਬਣਦਾ ਹੈ। ਉਹ ਦਿਨ ਦੂਰ ਨਹੀਂ, ਜਦੋਂ ਸੂਬਾ ਸਰਕਾਰ ਦੇ ਠੋਸ ਯਤਨਾਂ ਸਦਕਾ ਪੰਜਾਬ ਜਲਦੀ ਹੀ ਦੇਸ਼ ਭਰ ਵਿੱਚ ਮੋਹਰੀ ਸੂਬਾ ਬਣ ਕੇ ਉਭਰੇਗਾ।

ਉਨ੍ਹਾ ਕਿਹਾ ਕਿ ਆਜ਼ਾਦੀ ਸੰਗਰਾਮ ਦੇ ਨੌਜਵਾਨ ਨਾਇਕ ਨੇ ਦੇਸ਼ ਨੂੰ ਵਿਦੇਸੀ ਸਾਮਰਾਜਵਾਦ ਦੇ ਚੁੰਗਲ ਤੋਂ ਮੁਕਤ ਕਰਵਾਉਣ ਲਈ ਛੋਟੀ ਉਮਰ ਵਿੱਚ ਹੀ ਆਪਣਾ ਬਲੀਦਾਨ ਦੇ ਦਿੱਤਾ ਸੀ। ਮਾਨ ਨੇ ਅਫਸੋਸ ਜ਼ਾਹਰ ਕੀਤਾ ਕਿ ਪਿਛਲੀਆਂ ਸਰਕਾਰਾਂ ਨੇ 70 ਸਾਲਾਂ ਦੌਰਾਨ ਸ਼ਹੀਦ-ਏ-ਆਜ਼ਮ ਭਗਤ ਸਿੰਘ ਵਰਗੇ ਮਹਾਨ ਸ਼ਹੀਦਾਂ ਦੇ ਸੁਪਨਿਆਂ ਨੂੰ ਅੱਖੋਂ-ਪਰੋਖੇ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਜਿਸ ਉਮਰ ਵਿੱਚ ਨੌਜਵਾਨ ਆਪਣੇ ਮਾਪਿਆਂ ਤੋਂ ਤੋਹਫੇ ਮੰਗਦੇ ਹਨ, ਸ਼ਹੀਦ ਭਗਤ ਸਿੰਘ ਨੇ ਅੰਗਰੇਜ਼ਾਂ ਤੋਂ ਆਪਣੀ ਮਾਤ ਭੂਮੀ ਦੀ ਆਜ਼ਾਦੀ ਦੀ ਮੰਗ ਕੀਤੀ ਸੀ। ਸ਼ਹੀਦ ਭਗਤ ਸਿੰਘ ਪੜ੍ਹੇ-ਲਿਖੇ ਆਗੂ ਸਨ, ਜੋ ਹਮੇਸ਼ਾ ਲੋਕਾਂ ਦੀ ਭਲਾਈ ਲਈ ਚਿੰਤਤ ਰਹਿੰਦੇ ਸਨ। ਸ਼ਹੀਦ ਭਗਤ ਸਿੰਘ ਹਵਾਈ ਅੱਡਾ, ਮੋਹਾਲੀ ਅਤੇ ਸ੍ਰੀ ਗੁਰੂ ਰਾਮਦਾਸ ਹਵਾਈ ਅੱਡਾ, ਅੰਮ੍ਰਿਤਸਰ ਤੋਂ ਅੰਤਰਰਾਸ਼ਟਰੀ ਉਡਾਣਾਂ ਦੀ ਸ਼ੁਰੂਆਤ ਲਈ ਜ਼ੋਰਦਾਰ ਵਕਾਲਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵਿਦੇਸ਼ ਜਾਣ ਵਾਲੇ ਪੰਜਾਬੀਆਂ ਦੇ ਸਮੇਂ, ਪੈਸੇ ਅਤੇ ਊਰਜਾ ਦੀ ਬੱਚਤ ਕਰਨਾ ਜ਼ਰੂਰੀ ਹੈ। ਉਨ੍ਹਾ ਕਿਹਾ ਕਿ ਇਨ੍ਹਾਂ ਦੋਵਾਂ ਹਵਾਈ ਅੱਡਿਆਂ 'ਤੇ ਅੰਤਰਰਾਸ਼ਟਰੀ ਉਡਾਣਾਂ ਦੇ ਟੇਕਆਫ ਅਤੇ ਲੈਂਡਿੰਗ ਦੀ ਸਹੂਲਤ ਲਈ ਬੁਨਿਆਦੀ ਢਾਂਚੇ ਦੀ ਲੋੜ ਹੈ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਇਹ ਯਕੀਨੀ ਬਣਾਉਣ ਲਈ ਠੋਸ ਉਪਰਾਲੇ ਕਰ ਰਹੀ ਹੈ ਕਿ ਕੌਮਾਂਤਰੀ ਉਡਾਣਾਂ ਜਲਦੀ ਸ਼ੁਰੂ ਹੋ ਜਾਣ।

## ਭਲਕ ਤੋਂ ਹਰ ਰੋਜ਼ 100 ਕਿਸਾਨ ਅੰਸ਼ਕ ਤੌਰ 'ਤੇ ਮਰਨ ਵਰਤ ਉੱਪਰ ਬੈਠਣਗੇ



**ਸਮਰਾਲਾ, (ਸੁਰਜੀਤ ਸਿੰਘ)**-ਕੇਂਦਰ ਸਰਕਾਰ ਵੱਲੋਂ ਮੰਨੀਆਂ ਗਈਆਂ ਮੰਗਾਂ ਅਤੇ ਕੀਤੇ ਗਏ ਵਾਅਦਿਆਂ ਨੂੰ ਲਾਗੂ ਕਰਵਾਉਣ ਲਈ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਦਾ ਅੱਜ 9 ਵਾਂ ਦਿਨ ਹੈ ਅਤੇ ਖਨੌਰੀ ਮੋਰਚੇ ਉੱਪਰ ਕਿਸਾਨਾਂ ਦੀ ਗਿਣਤੀ ਦਿਨੋ-ਦਿਨ ਵਧ ਰਹੀ ਹੈ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਮੁੜ ਕਿਸਾਨਾਂ ਦੇ ਮਸਲਿਆਂ ਉੱਪਰ ਬਹੁਤ ਗੰਭੀਰ ਬਿਆਨ ਦਿੱਤਾ ਹੈ ਅਤੇ ਸਾਰੀਆਂ ਸਿਆਸੀ ਪਾਰਟੀਆਂ ਅਤੇ ਖੇਤੀ ਸੰਸਥਾਵਾਂ ਨੂੰ ਸ਼ੀਸ਼ਾ ਦਿਖਾਉਣ ਦਾ ਕੰਮ ਕੀਤਾ ਹੈ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਅਸੀਂ ਉਪ ਰਾਸ਼ਟਰਪਤੀ ਦੇ ਬਿਆਨਾਂ ਦਾ ਸਨਮਾਨ ਅਤੇ ਸਵਾਗਤ ਕਰਦੇ ਹਾਂ। ਉਨ੍ਹਾਂ ਕਿਹਾ ਕਿ ਉਪ ਰਾਸ਼ਟਰਪਤੀ ਨੇ ਸਾਡੀਆਂ ਮੰਗਾਂ ਉੱਪਰ ਮੋਹਰ ਲਗਾਉਂਦੇ ਹੋਏ ਕਿਹਾ ਹੈ ਕਿ ਕਈ ਅਰਥ ਸ਼ਾਸਤਰੀਆਂ ਨਾਲ ਹੋਈ ਗੱਲਬਾਤ ਦੇ ਆਧਾਰ 'ਤੇ ਮੈਂ ਇਹ ਕਹਿ ਰਿਹਾ ਹਾਂ ਕਿ ਐਮ.ਐਸ.ਪੀ ਗਾਰੰਟੀ ਕਾਨੂੰਨ ਬਣਾਉਣ ਨਾਲ ਦੇਸ਼ ਦੀ ਆਰਥਿਕਤਾ ਅਤੇ ਸਮਾਜ ਦੇ ਸਾਰੇ ਵਰਗਾਂ ਨੂੰ ਬਹੁਤ ਫਾਇਦਾ ਹੋਵੇਗਾ। ਕਿਸਾਨ ਆਗੂਆਂ ਨੇ ਕਿਹਾ ਕਿ ਖਨੌਰੀ ਮੋਰਚੇ ਨੂੰ ਹੋਰ ਮਜ਼ਬੂਤ ਕਰਨ ਲਈ ਭਲਕੇ ਪੰਜਾਬ ਦੇ ਕਈ ਜ਼ਿਲ੍ਹਿਆਂ ਤੋਂ ਨੌਜਵਾਨਾਂ ਦਾ ਇੱਕ ਵੱਡਾ ਜਥਾ ਖਨੌਰੀ ਮੋਰਚੇ ਉੱਪਰ ਪਹੁੰਚੇਗਾ। ਇਸ ਤੋਂ ਬਾਅਦ 7 ਦਸੰਬਰ ਤੋਂ ਹਰ ਰੋਜ਼ ਵੱਡੇ ਜਥੇ ਖਨੌਰੀ ਮੋਰਚੇ 'ਤੇ ਪਹੁੰਚਣਗੇ। ਉਨ੍ਹਾਂ ਕਿਹਾ ਕਿ 6 ਦਸੰਬਰ ਤੋਂ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਦੇ ਸਮਰਥਨ 'ਚ, ਕਰਨਾਟਕ ਅਤੇ ਤੇਲੰਗਾਨਾ ਦੀਆਂ ਰਾਜਧਾਨੀਆਂ ਵਿੱਚ ਹਰ ਰੋਜ਼ 100 ਕਿਸਾਨ ਅੰਸ਼ਕ ਤੌਰ 'ਤੇ ਮਰਨ ਵਰਤ ਉੱਪਰ ਬੈਠਣਗੇ। ਹੈ।

## ਪੰਜਾਬ ਸਰਕਾਰ ਨੇ ਕੱਚੇ ਮੁਲਾਜ਼ਮਾਂ ਦੀ ਤਨਖਾਹ 'ਚ 96 ਰੁਪਏ ਪ੍ਰਤੀ ਮਹੀਨਾ ਵਾਧਾ ਕਰਕੇ ਕੀਤਾ ਕੋਝਾ ਮਜ਼ਾਕ : ਆਗੂ



**ਨਾਭਾ (ਵਰਿੰਦਰ ਵਰਮਾ)**-ਪਸ਼ੂ ਪਾਲਣ ਵਿਭਾਗ ਸੀਮਨ ਬੈਂਕ ਨਾਭਾ ਦੇ ਕੱਚੇ ਵਰਕਰਾਂ ਦੀ ਅਹਿਮ ਮੀਟਿੰਗ ਪ੍ਰਧਾਨ ਚਮਕੌਰ ਸਿੰਘ ਧਾਰੋਂਕੀ ਦੀ ਅਗਵਾਈ ਹੇਠ ਸੀਮਨ ਬੈਂਕ ਨਾਭਾ ਦੇ ਲਾਈਵ ਸਟਾਕ ਸੈਕਸ਼ਨ ਵਿੱਚ ਟੋਕਾ ਮਸ਼ੀਨ 'ਤੇ ਹੋਈ। ਇਸ ਮੌਕੇ ਪ੍ਰਧਾਨ ਚਮਕੌਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਘੱਟੋ-ਘੱਟ ਉਜਰਤਾਂ (ਡੀ ਸੀ ਰੇਟ) ਵਿੱਚ ਸਿਰਫ 96 ਰੁਪਏ ਪ੍ਰਤੀ ਮਹੀਨਾ ਵਾਧਾ ਕਰਕੇ ਕੱਚੇ ਵਰਕਰਾਂ ਨਾਲ ਕੋਝਾ ਮਜ਼ਾਕ ਕੀਤਾ ਹੈ, ਇਸ ਕਰਕੇ ਇਕੱਤਰ ਹੋਏ ਵਰਕਰਾਂ ਨੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਘੱਟੋ ਘੱਟ ਉਜਰਤਾਂ ਡੀ ਸੀ ਰੇਟ ਦੀਆਂ ਕਾਪੀਆਂ ਸਾੜ ਕੇ ਸਰਕਾਰ ਵਿਰੁੱਧ ਆਪਣੀ ਭੜਾਸ ਕੱਢੀ। ਸਤਨਾਮ ਸਿੰਘ ਬਿਸ਼ਨਪੁਰਾ ਨੇ ਕਿਹਾ ਕਿ ਅਸੀਂ ਇਸ ਸਰਕਾਰੀ ਅਦਾਰੇ ਵਿੱਚ ਪਿਛਲੇ 25-30 ਸਾਲਾਂ ਤੋਂ ਲਗਾਤਾਰ ਬਹੁਤ ਹੀ ਘੱਟ ਤਨਖਾਹਾਂ 'ਤੇ ਕੰਮ ਕਰਦੇ ਆ ਰਹੇ ਹਾਂ। ਮੌਜੂਦਾ ਸਰਕਾਰ ਦੇ ਮੁੱਖ ਮੰਤਰੀ ਨੇ ਮੁੱਖ ਮੰਤਰੀ ਬਣਨ ਤੋਂ ਪਹਿਲਾਂ ਕੱਚੇ ਵਰਕਰਾਂ ਨੂੰ ਪੱਕਾ ਕਰਨ, ਉਨ੍ਹਾਂ ਦੀ ਤਨਖਾਹ 15000 ਪ੍ਰਤੀ ਮਹੀਨਾ ਕਰਨ ਆਦਿ ਵਾਅਦੇ ਬੜੇ ਜ਼ੋਰ ਸ਼ੋਰ ਨਾਲ ਕੀਤੇ ਸਨ, ਪਰ ਬੜੇ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨਾ ਤਾਂ ਦੂਰ ਦੀ ਗੱਲ ਰਹੀ, ਉਨ੍ਹਾਂ ਦੀ ਤਨਖਾਹ ਵੀ 15000 ਰੁਪਏ ਨਹੀਂ ਕੀਤੀ। ਆਗੂ ਨੇ ਕਿਹਾ ਕਿ ਪੰਜਾਬ ਸਰਕਾਰ ਲਈ ਇਹ ਬਹੁਤ ਸ਼ਰਮ ਵਾਲੀ ਗੱਲ ਹੈ ਕਿ ਪਿਛਲੇ ਢਾਈ ਸਾਲਾਂ ਤੋਂ ਦੌਰਾਨ ਸਰਕਾਰ ਨੇ ਤਨਖਾਹ ਵਿੱਚ 1500 ਰੁਪਏ ਪ੍ਰਤੀ ਮਹੀਨਾ ਵੀ ਵਾਧਾ ਨਹੀਂ ਕੀਤਾ, ਪਰ ਵਾਅਦੇ 15000 ਰੁਪਏ ਤਨਖਾਹ ਦੇ ਕੀਤੇ ਸਨ। ਦੇਸ਼ ਦੀ ਰਾਜਧਾਨੀ ਦਿੱਲੀ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੈ ਅਤੇ ਉਥੋਂ ਦੀ ਮੁੱਖ ਮੰਤਰੀ ਨੇ ਦਿੱਲੀ ਵਿੱਚ ਘੱਟੋ-ਘੱਟ ਉਜਰਤ (ਡੀ ਸੀ ਰੇਟ) 20000 ਰੁਪਏ ਪ੍ਰਤੀ ਮਹੀਨਾ ਕਰ ਦਿੱਤਾ ਹੈ। ਫਿਰ ਪੰਜਾਬ ਵਿੱਚ ਵੀ ਓਹੀ ਪਾਰਟੀ ਦੀ ਸਰਕਾਰ ਹੈ, ਫਿਰ ਇੱਥੇ ਮੁੱਖ ਮੰਤਰੀ ਭਗਵੰਤ ਮਾਨ ਸਾਹਿਬ ਕੱਚੇ ਵਰਕਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਿਉਂ ਕਰ ਰਹੇ ਹਨ। ਆਗੂਆਂ ਨੇ ਕਿਹਾ ਕਿ ਇੱਕ ਪਾਸੇ ਤਾਂ ਮੁੱਖ ਮੰਤਰੀ ਧਨਾਢ ਲੋਕਾਂ ਨੂੰ ਕਰੋੜਾਂ ਰੁਪਏ ਮੁਫਤ ਵਿੱਚ ਵੰਡ ਰਹੇ ਹਨ ਅਤੇ ਦੂਜੇ ਪਾਸੇ ਜੋ ਕੱਚੇ ਮੁਲਾਜ਼ਮ ਪਿਛਲੇ 25-30 ਸਾਲਾਂ ਤੋਂ ਪਸ਼ੂ ਪਾਲਣ ਵਿਭਾਗ ਫਾਰਮ ਨਾਭਾ ਵਿੱਚ ਬਹੁਤ ਘੱਟ ਤਨਖਾਹਾਂ 'ਤੇ ਕੰਮ ਕਰ ਰਹੇ ਹਨ, ਉਨ੍ਹਾਂ ਨੂੰ ਉਹ ਨਾ ਪੱਕਾ ਕਰ ਰਹੇ ਹਨ ਅਤੇ ਨਾ ਹੀ ਤਨਖਾਹ ਵਿੱਚ ਯੋਗ ਵਾਧਾ ਕੀਤਾ ਜਾ ਰਿਹਾ ਹੈ। ਅੰਤ ਵਿੱਚ ਦਿਹਾੜੀਦਾਰ ਕਾਮਿਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਸਰਕਾਰ ਆਪਣੀ ਫਜ਼ੂਲ ਇਸ਼ਤਿਹਾਰਬਾਜ਼ੀ 'ਤੇ ਕਰੋੜਾਂ ਰੁਪਏ ਖਰਚਣੇ ਬੰਦ ਕਰੇ ਅਤੇ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਜਲਦੀ ਧਿਆਨ ਦੇ ਕੇ ਉਨ੍ਹਾਂ ਨੂੰ ਬਿਨਾਂ ਸ਼ਰਤ ਰੈਗੂਲਰ ਕਰੇ ਅਤੇ ਘੱਟ-ਘੱਟੋ ਤਨਖਾਹ 20000 ਰੁਪਏ ਪ੍ਰਤੀ ਮਹੀਨਾ ਕਰੇ।

## ਮੁੰਡੀਆਂ ਨਾਲ ਜਥੇਬੰਦੀ ਦੀ ਹੋਣ ਵਾਲੀ ਪੈਨਲ ਮੀਟਿੰਗ ਮੌਕੇ 'ਤੇ ਹੋਈ ਰੱਦ



**ਜਲਾਲਾਬਾਦ, (ਜੀਤ ਕੁਮਾਰ)** ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ. 31) ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ, ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਤੇ ਮੀਤ ਪ੍ਰਧਾਨ ਜਸਬੀਰ ਸਿੰਘ ਜਿੰਦਬੜੀ ਨੇ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀਆ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਫ਼ੀਲਡ ਤੇ ਦਫ਼ਤਰਾਂ ਵਿੱਚ ਪਿਛਲੇ ਸਾਲਾਂਬੱਧੀ ਅਰਸੇ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਅਧਾਰਤ ਮੁਲਾਜ਼ਮਾਂ ਦਾ ਪੱਕਾ ਰੁਜ਼ਗਾਰ ਕਰਨ ਸਮੇਤ ਹੋਰ ਜਾਇਜ਼ ਤੇ ਹੱਕੀ ਮੰਗਾਂ ਦਾ ਹੱਲ ਕਰਨ ਲਈ ਮੀਟਿੰਗ ਤੱਕ ਕਰਨ ਤੋਂ ਜਿੱਥੇ ਇਕ ਪਾਸੇ ਮੁੱਖ ਮੰਤਰੀ ਪੰਜਾਬ ਸਰਕਾਰ ਭੱਜ ਰਹੇ ਹਨ, ਉਥੇ ਹੁਣ ਉਸੇ ਰਾਹ 'ਤੇ ਚੱਲਦੇ ਹੋਏ ਵਿਭਾਗ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਵੀ ਚੰਡੀਗੜ੍ਹ ਵਿਖੇ ਹੋਣ ਵਾਲੀ ਪੈਨਲ ਮੀਟਿੰਗ ਨੂੰ ਮੰਤਰੀ ਦੇ ਘਰੇਲੂ ਰੁਝੇਵਿਆਂ ਵਿੱਚ ਵਿਅਸਤ ਹੋਣ ਦਾ ਹਵਾਲਾ ਦੇ ਕੇ ਐਨ ਮੌਕੇ ਉਸ ਵੇਲੇ ਰੱਦ ਕਰ ਦਿੱਤਾ ਗਿਆ ਤੇ ਇਹ ਮੀਟਿੰਗ ਉਸ ਵੇਲੇ ਰੱਦ ਕਰ ਦਿੱਤੀ ਗਈ ਹੈ, ਜਦੋਂ ਤੈਅ ਸਮੇਂ ਮੁਤਾਬਕ ਸਵੇਰੇ ਜਥੇਬੰਦੀ ਦੀ ਸੂਬਾਈ ਲੀਡਰਸ਼ਿਪ ਚੰਡੀਗੜ੍ਹ ਪਹੁੰਚ ਚੁੱਕੀ ਸੀ ਤੇ ਮੀਟਿੰਗ ਵਿਚ ਮੰਤਰੀ ਦੇ ਨਾ ਆਉਣ ਕਾਰਨ ਬੇਰੰਗ ਵਾਪਸ ਆਉਣਾ ਪਿਆ, ਜਿਸਦੇ ਚੱਲਦੇ ਜਥੇਬੰਦੀ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਸੂਬਾਈ ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਅਗਲੇ ਹਫ਼ਤੇ ਤੱਕ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਵੱਲੋਂ ਦੁਬਾਰਾ ਮੀਟਿੰਗ ਦਾ ਸਮਾਂ ਦੇ ਕੇ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਅਧਾਰਤ ਮੁਲਾਜ਼ਮਾਂ ਨੂੰ ਸਬੰਧਤ ਵਿਭਾਗ 'ਚ ਸ਼ਾਮਲ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਵਾਲੀ ਪ੍ਰਪੋਜ਼ਲ ਨੂੰ ਲਾਗੂ ਕਰਾਉਣਾ ਤੇ ਜਦੋਂ ਤੱਕ ਇਸ ਪ੍ਰਮੁੱਖ ਮੰਗ ਦਾ ਹੱਲ ਨਹੀਂ ਕੀਤਾ ਜਾਂਦਾ, ਉਸ ਸਮੇਂ ਤੱਕ ਕਿਰਤ ਕਾਨੂੰਨ ਦੇ ਮੁਤਾਬਕ ਵਧੀਆ ਉਜਰਤਾਂ ਦੇ ਅਨੁਸਾਰ ਤਨਖਾਹ 'ਚ ਵਾਧਾ ਕਰਨ ਸਮੇਤ ਹੋਰ ਮੰਗਾਂ ਦਾ ਹੱਲ ਨਹੀਂ ਕੀਤਾ ਗਿਆ ਤਾਂ ਯੂਨੀਅਨ ਵੱਲੋਂ ਅਗਲੇ ਹਫ਼ਤੇ ਤੱਕ ਕੈਬਨਿਟ ਮੰਤਰੀ ਦੇ ਹਲਕੇ ਸਹਾਨੇਵਾਲ ਵਿੱਚ ਤਿੱਖੇ ਸੰਘਰਸ਼ ਕੀਤੇ ਜਾਣਗੇ, ਜਿਸ ਦੇ ਨਿਕਲਣ ਵਾਲੇ ਨਤੀਜਿਆਂ ਦੀ ਜ਼ਿੰਮੇਵਾਰ ਸਰਕਾਰ ਮੈਨੇਜਮੈਂਟ ਹੋਵੇਗੀ। ਇਸ ਦੇ ਨਾਲ ਹੀ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਅਧੀਨ ਚੱਲ ਰਹੀਆ ਵਾਟਰ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਾਉਣ, ਪੰਚਾਇਤੀਕਰਨ ਅਤੇ ਨਿੱਜੀਕਰਨ ਵਾਲੀਆਂ ਨੀਤੀਆਂ ਦਾ ਵਿਰੋਧ ਪ੍ਰਦਰਸ਼ਨ ਕਰਨ ਦਾ ਉਲੀਕਿਆ ਪ੍ਰੋਗਰਾਮ ਨੂੰ ਜਾਰੀ ਰੱਖਿਆ ਜਾਵੇਗਾ।

## ਸ਼ਹੀਦ ਕੈਪਟਨ ਕੇ ਕੇ ਗੌੜ ਦੀ ਬਰਸੀ ਮੌਕੇ ਸ਼ਰਧਾਂਜਲੀ ਸਮਾਰੋਹ



**ਬੁਢਲਾਡਾ (ਅਸ਼ੋਕ ਲਾਕੜਾ)** ਭਾਰਤ-ਪਾਕਿਸਤਾਨ ਦੀ ਲੜਾਈ ਦੌਰਾਨ ਸ਼ਹੀਦੀ ਜਾਮਾ ਪਹਿਨਣ ਵਾਲੇ ਬੁਢਲਾਡਾ ਸ਼ਹਿਰ ਦੇ ਜੰਮਪਲ ਕੇ. ਕੇ. ਗੌੜ ਦੀ ਬਰਸੀ ਮੌਕੇ ਸ਼ਹਿਰ ਦੇ ਚੌਕ 'ਚ ਲੱਗੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਨੇਕੀ ਫਾਊਂਡੇਸ਼ਨ ਵੱਲੋਂ ਸ਼ਹੀਦ ਕੈਪਟਨ ਕੇ.ਕੇ ਗੌੜ ਦੇ 53ਵੇਂ ਬਲਿਦਾਨ ਦਿਵਸ ਨੂੰ ਮਨਾਉਂਦੇ ਹੋਏ ਪੂਰੇ ਇਲਾਕੇ ਵੱਲੋਂ ਸ਼ਰਧਾਂਜਲੀ ਦਿੱਤੀ ਗਈ।ਨੇਕੀ ਫਾਊਂਡੇਸ਼ਨ ਵੱਲੋਂ ਸ਼ਹੀਦ ਕੈਪਟਨ ਕੇ ਕੇ ਗੌੜ ਦੀ ਯਾਦ ਨੂੰ ਤਾਜ਼ਾ ਕਰਦਿਆਂ ਫ਼ੌਜੀ ਰਿਵਾਜਾਂ ਨਾਲ ਇੱਕ ਸਨਮਾਨ ਸਮਾਰੋਹ ਵੀ ਆਯੋਜਤ ਕੀਤਾ ਗਿਆ, ਜਿੱਥੇ ਕੈਪਟਨ ਦੇ ਪਰਵਾਰ ਤੋਂ ਉਨ੍ਹਾਂ ਦੇ ਭਰਾ ਸਤੀਸ਼ ਗੌੜ, ਤਪਨ ਗੌੜ ਇਲਾਵਾ ਸ਼ਹੀਦ ਗੁਰਤੇਜ ਸਿੰਘ ਬੀਰੇਵਾਲਾ ਡੋਗਰਾ ਸਮੇਤ ਤਹਿਸੀਲ ਦੇ ਸਾਰੇ ਸ਼ਹੀਦਾਂ ਦੇ ਪਰਵਾਰਾਂ ਨੂੰ ਸਨਮਾਨਤ ਕੀਤਾ ਗਿਆ।ਜਥੇਦਾਰ ਗਿਆਨ ਸਿੰਘ ਗਿੱਲ ਵੱਲੋਂ ਕੈਪਟਨ ਦੇ ਬੁੱਤ ਦੇ ਆਲੇ-ਦੁਆਲੇ ਲੋਹੇ ਦਾ ਜੰਗਲਾ ਲਵਾਉਣ ਅਤੇ ਨੇਕੀ ਫਾਊਂਡੇਸ਼ਨ ਵੱਲੋਂ ਟਾਈਲਾਂ ਦਾ ਕੰਮ ਕਰਾਉਣ ਦਾ ਐਲਾਨ ਕੀਤਾ ਗਿਆ।ਇਸ ਮੌਕੇ ਸੂਬੇਦਾਰ ਬਲਦੇਵ ਸਿੰਘ, ਸੂਬੇਦਾਰ ਮੇਜਰ ਯਾਦਵਿੰਦਰ, ਸੂਬੇਦਾਰ ਸਵਰਨ ਸਿੰਘ, ਸੂਬੇਦਾਰ ਕੇਵਲ ਸਿੰਘ, ਸੂਬੇਦਾਰ ਸੁਖਦੇਵ ਸਿੰਘ ਆਦਿ ਵੱਲੋਂ ਸੰਬੋਧਨ ਕਰਦਿਆਂ ਕੈਪਟਨ ਗੌੜ ਤੇ ਹੋਰ ਸ਼ਹੀਦਾਂ ਦੇ ਜੀਵਨ ਬਾਰੇ ਚਾਨਣਾ ਪਾਈ ਗਈ।

## ਦਸਮੇਸ਼ ਮਿਸ਼ਨ ਸਕੂਲ ਹਰੀ ਨੌ ਦਾ ਸਟੇਟ ਪੱਧਰੀ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ



**ਕੋਟਕਪੂਰਾ (ਰਛਪਾਲ ਭੁੱਲਰ)** ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਦੇ ਵਿਦਿਆਰਥੀਆਂ ਨੇ ਸਟੇਟ ਪੱਧਰੀ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਸਟੇਟ ਪੱਧਰ ਦੀ ਰਾਈਫਲ ਸ਼ੂਟਿੰਗ ਖੇਡ ਐਸ.ਏ.ਐਸ. ਨਗਰ ਮੋਹਾਲੀ ਵਿਖੇ ਹੋਈ, ਜਿਸ ਵਿੱਚ ਸਕੂਲ ਦੇ 4 ਵਿਦਿਆਰਥੀਆਂ ਗੁਰਕੀਰਤ ਸਿੰਘ, ਮਨਜਿੰਦਰ ਸਿੰਘ, ਜਗਵੀਰ ਸਿੰਘ ਅਤੇ ਗੁਰਕੀਰਤ ਸਿੰਘ ਸਿੱਧੂ ਨੇ ਭਾਗ ਲਿਆ ਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਬੱਚਿਆਂ ਦੇ ਪ੍ਰਦਰਸ਼ਨ ਨੂੰ ਦੇਖਦਿਆਂ ਸਕੂਲ ਦੇ ਐਮ.ਡੀ. ਬਲਜੀਤ ਸਿੰਘ, ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਤੇ ਪ੍ਰਿੰਸੀਪਲ ਮੈਡਮ ਸ੍ਰੀਮਤੀ ਸੋਮਾ ਦੇਵੀ ਨੇ ਬੱਚਿਆਂ ਨੂੰ ਸਕੂਲ ਪਹੁੰਚਣ 'ਤੇ ਸਨਮਾਨਤ ਕੀਤਾ ਤੇ ਵਧਾਈਆਂ ਦਿੰਦੇ ਹੋਏ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਭੇਦਭਰੇ ਹਾਲਾਤ 'ਚ ਮਲੋਟ ਤੋਂ ਵਿਅਕਤੀ ਲਾਪਤਾ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਮਲੋਟ ਸ਼ਹਿਰ ਤੋਂ 2 ਦਸੰਬਰ ਨੂੰ ਭੇਦਭਰੇ ਹਾਲਾਤ 'ਚ ਇਕ ਵਿਅਕਤੀ ਲਾਪਤਾ ਹੋ ਗਿਆ। ਸ਼ਿਕਾਇਤ 'ਚ ਦਰਸ਼ਨ ਲਾਲ ਗਿਰਧਰ ਵਾਸੀ ਵਾਰਡ ਨੰਬਰ 5 ਨੇੜੇ ਵਿਕਾਸ ਪਬਲਿਕ ਸਕੂਲ ਨੇ ਦੱਸਿਆ ਕਿ ਉਸਦਾ ਲੜਕਾ ਅੰਕੁਸ਼ ਕੁਮਾਰ ਉਮਰ 38 ਸਾਲ 2 ਦਸੰਬਰ ਨੂੰ ਸਵੇਰੇ ਕਰੀਬ ਦਸ ਵਜੇ ਕਿਸੇ ਕੰਮ ਲਈ ਘਰੋਂ ਨਿਕਲਿਆ ਸੀ, ਪਰ ਉਹ ਅਜੇ ਤੱਕ ਘਰ ਨਹੀਂ ਪਰਤਿਆ। ਪਿਤਾ ਦਰਸ਼ਨ ਲਾਲ ਗਿਰਧਰ ਨੇ ਦੱਸਿਆ ਕਿ ਅਸੀਂ ਸ਼ਹਿਰ 'ਚ ਉਸ ਦੇ ਸਾਰੇ ਰਿਸ਼ਤੇਦਾਰਾਂ ਤੇ ਦੋਸਤਾਂ ਨਾਲ ਸੰਪਰਕ ਕੀਤਾ, ਪਰ ਉਸਦਾ ਕੋਈ ਸੁਰਾਗ ਨਹੀਂ ਮਿਲਿਆ। ਉਸ ਨੇ ਥਾਣਾ ਸਿਟੀ ਪੁਲਸ ਨੂੰ ਜਲਦ ਲੜਕੇ ਦੀ ਭਾਲ ਕਰਨ ਦੀ ਅਪੀਲ ਕੀਤੀ।

## ਲੋਕਾਂ ਨੇ ਫੈਸਲਾ ਕਰ ਲਿਆ ਕਿ ਇਸ ਵਾਰ ਮੇਅਰ ਭਾਜਪਾ ਦਾ ਹੀ ਹੋਵੇਗਾ : ਢਿੱਲੋਂ

**ਲੁਧਿਆਣਾ (ਜਸਦੀਪ ਵਰਤੀਆ)** ਨਗਰ ਨਿਗਮ ਚੋਣ ਇੰਚਾਰਜ ਕੇਵਲ ਸਿੰਘ ਢਿੱਲੋਂ ਦੇ ਜ਼ਿਲ੍ਹਾ ਭਾਜਪਾ ਦਫਤਰ ਵਿਖੇ ਪਹੁੰਚਣ 'ਤੇ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ, ਜ਼ਿਲ੍ਹਾ ਜਨਰਲ ਸਕੱਤਰ ਨਰਿੰਦਰ ਸਿੰਘ ਮੱਲੀ, ਡਾ. ਕਨਿਕਾ ਜਿੰਦਲ, ਯਸ਼ਪਾਲ ਜਨੋਤਰਾ, ਜ਼ਿਲ੍ਹਾ ਮੀਤ ਪ੍ਰਧਾਨ ਮਨੀਸ਼ ਚੋਪੜਾ, ਡਾ. ਨਿਰਮਲ ਨਈਅਰ, ਨਵਲ ਜੈਨ, ਪ੍ਰੈੱਸ ਸਕੱਤਰ ਡਾ. ਸਤੀਸ਼ ਕੁਮਾਰ ਨੇ ਢਿੱਲੋਂ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ ਗਿਆ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਲੋਕ ਸਭਾ ਚੋਣਾਂ ਤੋਂ ਬਾਅਦ ਵਿਰੋਧੀ ਗਠਜੋੜ ਨੂੰ ਭੁਲੇਖਾ ਪੈ ਗਿਆ ਸੀ ਕਿ ਉਹ ਸੰਵਿਧਾਨ, ਜਾਤ-ਪਾਤ, ਧਰਮ ਤੇ ਤੁਸ਼ਟੀਕਰਨ ਦੇ ਨਾਂਅ 'ਤੇ ਲੋਕਾਂ ਨੂੰ ਵੰਡ ਕੇ ਸੱਤਾ 'ਤੇ ਕਾਬਜ਼ ਹੋ ਸਕਦੇ ਹਨ, ਪਰ ਹਰਿਆਣਾ ਤੋਂ ਬਾਅਦ ਮਹਾਰਾਸ਼ਟਰ ਵਿਧਾਨ ਸਭਾ ਚੋਣਾਂ ਦੇ ਨਤੀਜੇ ਨੇ ਵਿਰੋਧੀ ਗਠਜੋੜ ਨੂੰ ਕਰਾਰਾ ਜਵਾਬ ਦਿੱਤਾ। ਉਨ੍ਹਾਂ ਕਿਹਾ ਕਿ ਮਹਾਰਾਸ਼ਟਰ ਦੇ ਚੋਣ ਨਤੀਜਿਆਂ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਸਮਾਜ ਨੂੰ ਵੰਡਣ ਤੇ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰਨ ਵਾਲਿਆਂ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ ਅਤੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੇ ਵਿਕਾਸਵਾਦ ਦੀ ਸ਼ਲਾਘਾ ਕੀਤੀ ਤੇ ਭਾਜਪਾ ਦਾ ਝੰਡਾ ਫਿਰ ਲਹਿਰਾਇਆ ਅਤੇ ਹੁਣ ਲੁਧਿਆਣਾ ਦੇ ਸੂਝਵਾਨ ਲੋਕਾਂ ਨੇ ਵੀ ਇਸ ਵਾਰ ਨਿਗਮ ਵਿੱਚ ਭਾਜਪਾ ਨੂੰ ਜਿਤਾ ਕੇ ਭੇਜਣ ਦਾ ਮਨ ਬਣਾ ਲਿਆ ਹੈ। ਭਾਜਪਾ ਨੇ ਵੀ ਪੂਰੀ ਤਿਆਰੀ ਕਰ ਲਈ ਹੈ ਤੇ ਹਰ ਵਾਰਡ ਤੋਂ 4 ਤੋਂ 5 ਭਾਜਪਾ ਵਰਕਰ ਚੋਣ ਲੜਨ ਲਈ ਤਿਆਰ ਹਨ।

## ਵਾਲਮੀਕਿ ਸੇਵਾ ਸੁਸਾਇਟੀ ਨੇ ਡੀ ਸੀ ਨੂੰ ਦਿੱਤਾ ਮੰਗ ਪੱਤਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਵਾਲਮੀਕਿ ਸੇਵਾ ਸੁਸਾਇਟੀ ਦੇ ਪ੍ਰਧਾਨ ਰਣਜੀਤ ਸਿੰਘ ਧਾਲੀਵਾਲ ਚੇਅਰਮੈਨ ਜ਼ਿਲ੍ਹਾ ਕਾਂਗਰਸ ਕਮੇਟੀ ਐਸ ਸੀ ਡਿਪਾਰਟਮੈਂਟ ਨੇ ਦੱਸਿਆ ਸ੍ਰੀ ਮੁਕਤਸਰ ਸਾਹਿਬ ਦੇ ਯਾਦਗਾਰੀ ਗੇਟ ਜੋ ਸ਼ਹੀਦਾਂ ਦੀ ਯਾਦ ਵਿੱਚ ਬਣਾਏ ਗਏ ਹਨ, ਉਨ੍ਹਾਂ ਵਿੱਚੋਂ ਇੱਕ ਗੇਟ ਯਾਦਗਾਰੀ ਗੇਟ ਕੋਟਕਪੂਰਾ ਰੋਡ ਬਾਬਾ ਲੰਗਰ ਸਿੰਘ ਯਾਦਗਾਰੀ ਗੇਟ ਹੈ, ਜਿਸ ਦੀ ਹਾਲਤ ਬਹੁਤ ਖਸਤਾ ਹੋ ਚੁੱਕੀ ਹੈ, ਕਿਸੇ ਵੀ ਸਮੇਂ ਹਾਦਸਾ ਵਾਪਰ ਸਕਦਾ ਹੈ ਕਿਉਂਕਿ ਗੇਟ ਉੱਪਰ ਲੱਗੀਆਂ ਇੱਟਾਂ ਵਗੈਰਾ ਪੱਥਰ ਖਰਾਬ ਹੋ ਚੁੱਕੇ ਹਨ। ਜਨਵਰੀ ਦੇ ਮਹੀਨੇ ਵਿੱਚ ਮਾਘੀ ਮੇਲਾ ਮਿਲ ਮਨਾਇਆ ਜਾਂਦਾ ਹੈ, ਇਸ ਲਈ ਇਨ੍ਹਾਂ ਦੀ ਰਿਪੇਅਰ ਕਰਾਉਣਾ ਬਹੁਤ ਜ਼ਰੂਰੀ ਹੈ ਤੇ ਪ੍ਰਸ਼ਾਸਨ ਨੂੰ ਇਸ ਵੱਲ ਖਾਸ ਧਿਆਨ ਦੇਣਾ ਚਾਹੀਦਾ ਹੈ।

## ਖ਼ੂਨਦਾਨ ਕੈਂਪ 'ਚ 35 ਯੂਨਿਟ ਖ਼ੂਨ ਇਕੱਤਰ ਕੀਤਾ



**ਮਾਲੇਰਕੋਟਲਾ (ਅਸਗਰ ਪਰਿਹਾਰ)** ਸਰਕਾਰੀ ਕਾਲਜ ਵਿਖੇ ਪ੍ਰਿੰਸੀਪਲ ਬਲਵਿੰਦਰ ਸਿੰਘ ਵੜੈਚ ਦੀ ਸਰਪ੍ਰਸਤੀ ਤੇ ਕਾਰਜਕਾਰੀ ਪ੍ਰਿੰਸੀਪਲ ਅਤੇ ਮੁਖੀ ਅੰਗਰੇਜ਼ੀ ਵਿਭਾਗ ਐਸੋ. ਪ੍ਰੋਫੈਸਰ ਅਰਵਿੰਦ ਕੌਰ ਮੰਡ ਦੀ ਅਗਵਾਈ ਹੇਠ ਅੰਗਰੇਜ਼ੀ ਵਿਭਾਗ ਵੱਲੋਂ ਪਰਿਵਰਤਨ, ਐਨ.ਜੀ.ਓ. ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਾਇਆ ਗਿਆ ਇਸ 'ਚ 35 ਯੂਨਿਟ ਖ਼ੂਨ ਇਕੱਤਰ ਕਰ ਬਲੱਡ ਬੈਂਕ ਸਰਕਾਰੀ ਹਸਪਤਾਲ ਨੂੰ ਦਿੱਤਾ ਗਿਆ।ਸਰਕਾਰੀ ਹਸਪਤਾਲ ਦੇ ਡਾਕਟਰਾਂ ਦੀ ਟੀਮ ਤੇ ਖ਼ੂਨ ਇਕੱਤਰ ਕਰਨ ਵਾਲੇ ਕ੍ਰਮਚਾਰੀਆਂ ਨੂੰ ਆਪਣੇ ਡਾਕਟਰੀ ਸਾਜੋ ਸਮਾਨ ਨਾਲ ਇਸ ਗਤੀਵਿਧੀ 'ਚ ਕਾਲਜ ਦਾ ਸਹਿਯੋਗ ਕੀਤਾ। ਅੰਗਰੇਜ਼ੀ ਵਿਭਾਗ ਦੇ ਪ੍ਰੋ. ਨਜੀਤ ਸਿੰਘ, ਪ੍ਰੋ. ਵਨੀਤ ਕੁਮਾਰ, ਪ੍ਰੋ. ਮੈਰੀ ਨਚਾਲ, ਪ੍ਰੋ. ਨੇਹਾ ਵੋਹਰਾ, ਪ੍ਰੋ. ਵਿਸ਼ਾਖਾ ਕਪਿਲਾ ਨੇ ਕੈਂਪ ਦਾ ਸਮੁੱਚਾ ਪ੍ਰਬੰਧ ਕੀਤਾ ਤੇ ਦੇਖ-ਰੇਖ ਕੀਤੀ। ਵਿਭਾਗ ਦੇ ਪ੍ਰੋਫੈਸਰ ਸਾਹਿਬਾਨ ਅਤੇ ਵਿਦਿਆਰਥੀਆਂ ਵੱਲੋਂ ਕਾਲਜ ਵਿਦਿਆਰਥੀਆਂ ਨੂੰ ਖ਼ੂਨਦਾਨ ਕਰਨ ਲਈ ਪ੍ਰੇਰਿਤ ਕਰਨ ਹਿੱਤ ਜਾਗਰੂਕਤਾ ਰੈਲੀ ਅਤੇ ਲੈਕਚਰ ਦਿੱਤੇ। ਜਿਸ 'ਚ ਪਰਿਵਰਤਨ ਸੰਸਥਾ ਦੇ ਗਤੀਸ਼ੀਲ ਕਾਰਗੁੰਨ ਐਸਿ.ਪ੍ਰੋ. ਸੁਖਵੀਰ ਸਿੰਘ ਮਾਨ ਵੱਲੋਂ ਲੈਕਚਰ ਵੀ ਦਿੱਤਾ ਗਿਆ।ਪ੍ਰੋਤਸਾਹਿਤ ਹੋਏ ਵਿਦਿਆਰਥੀਆਂ ਵੱਲੋਂ ਖ਼ੂਨਦਾਨ ਕੀਤਾ ਗਿਆ। ਪ੍ਰਿੰਸੀਪਲ ਬਲਵਿੰਦਰ ਸਿੰਘ ਵੜੈਚ, ਵਾਈਸ ਪ੍ਰਿੰਸੀਪਲ ਅਰਵਿੰਦ ਕੌਰ ਮੰਡ, ਪ੍ਰੋ. ਸੁਖਚੈਨ ਸਿੰਘ, ਪ੍ਰੋ. ਗੁਰਮੀਤ ਸਿੰਘ, ਪ੍ਰੋ. ਮਨਪ੍ਰੀਤ ਸਿੰਘ, ਪ੍ਰੋ. ਗੁਰਤੇਜ ਸਿੰਘ ਵੱਲੋਂ ਖ਼ੂਨਦਾਨ ਕੀਤਾ ਗਿਆ ਕੈਂਪ ਦੀ ਰਸਮੀ ਸ਼ੁਰੂਆਤ ਪ੍ਰਿੰਸੀਪਲ ਵੱਲੋਂ ਖ਼ੂਨਦਾਨ ਦੀ ਮਹੱਤਤਾ ਵਿਦਿਆਰਥੀਆਂ ਨੂੰ ਦੱਸਦੇ ਹੋਏ ਕੀਤੀ ਗਈ।ਕੈਂਪ ਦੇ ਪ੍ਰਬੰਧ 'ਚ ਪ੍ਰੋ. ਸੁਖਚੈਨ ਸਿੰਘ ਭੂਗੋਲ ਵਿਭਾਗ ਤੇ ਪ੍ਰੋ. ਸ਼ੈਲੀ ਦੀਵਾਨ ਮੁਖੀ ਸੰਸਕ੍ਰਿਤ ਵਿਭਾਗ ਵੱਲੋਂ ਕੈਂਪ ਪ੍ਰਬੰਧ 'ਚ ਆਪਣਾ ਵਡਮੁੱਲਾ ਯੋਗਦਾਨ ਪਾਇਆ ਗਿਆ।

## ...ਸਫ਼ਾ 1 ਦੇ ਬਾਕੀ

### ਸੁਖਬੀਰ ਬਾਦਲ ਦੀ ਜਾਨ...

ਮਨਜ਼ੂਰ ਨਹੀਂ ਕਰੇਗਾ, ਜਿਵੇਂ ਸਿੱਖ ਭਾਈਚਾਰੇ ਨੇ ਸਿਆਸੀ ਪ੍ਰਭਾਵ ਤਹਿਤ ਡੇਰਾ ਸਿਰਸਾ ਨੂੰ ਮੁਆਫੀ ਦੇਣ ਦੇ ਨਿਰਦੇਸ਼ ਮਨਜ਼ੂਰ ਕਰਨ ਤੋਂ ਨਾਂਹ ਕਰ ਦਿੱਤੀ ਸੀ।

ਪਾਕਿਸਤਾਨ 'ਚ ਸਿਖਲਾਈ ਪ੍ਰਾਪਤ ਚੌੜਾ ਕੰਵਰ ਸਿੰਘ ਧਾਮੀ ਵੱਲੋਂ 1982 ਵਿੱਚ ਬਣਾਈ ਅਕਾਲ ਫੈਡਰੇਸ਼ਨ ਦਾ ਸੈਕੰਡ-ਇਨ-ਕਮਾਂਡ ਰਿਹਾ। ਚੌੜਾ 1995 'ਚ ਭਾਰਤ ਪਰਤਣ ਤੋਂ ਪਹਿਲਾਂ ਤਿੰਨ ਵਾਰ ਪਾਕਿਸਤਾਨ ਗਿਆ ਸੀ। ਚੌੜਾ ਪੰਜਾਬ ਦੇ ਵੇਲੇ ਦੇ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਕੇਸ 'ਚ ਵੀ ਸ਼ੱਕੀ ਸੀ। ਉਹ 2004 'ਚ ਬੁੜੈਲ ਜੇਲ੍ਹ ਤੋੜਨ ਦੇ ਕੇਸ 'ਚ ਵੀ ਸ਼ਾਮਲ ਸੀ, ਜਦੋਂ ਬੇਅੰਤ ਸਿੰਘ ਦੇ ਕਾਤਲ ਅਤੇ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਮੁਖੀ ਜਗਤਾਰ ਸਿੰਘ ਹਵਾਰਾ ਸਮੇਤ ਚਾਰ ਅੰਡਰ ਟਰਾਇਲ ਜੇਲ੍ਹ ਦੀ ਬੈਰਕ ਨੰਬਰ 7 ਵਿੱਚੋਂ ਸੁਰੰਗ ਪੁੱਟ ਕੇ ਫਰਾਰ ਹੋ ਗਏ ਸਨ। ਇਹ ਘਟਨਾ 21 ਜਨਵਰੀ 2004 ਦੀ ਰਾਤ ਨੂੰ ਵਾਪਰੀ ਸੀ। ਚੌੜਾ 'ਤੇ 8 ਮਈ 2010 ਨੂੰ ਅੰਮ੍ਰਿਤਸਰ ਦੇ ਸਿਵਲ ਲਾਈਨ ਥਾਣੇ 'ਚ ਵਿਸਫੋਟਕ ਐਕਟ ਤਹਿਤ 30 ਦੇ ਕਰੀਬ ਕੇਸ ਦਰਜ ਕੀਤੇ ਗਏ ਸਨ। ਇਸ ਤੋਂ ਇਲਾਵਾ ਅੰਮ੍ਰਿਤਸਰ, ਤਰਨ ਤਾਰਨ ਅਤੇ ਰੋਪੜ 'ਚ ਗੈਰਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ ਤਹਿਤ ਦਰਜ ਕੇਸਾਂ 'ਚ ਵੀ ਲੋੜੀਂਦਾ ਸੀ। ਚੌੜਾ 2004 ਵਿੱਚ ਆਰਮਜ਼ ਐਕਟ ਦੇ ਕੇਸ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ। ਉਹ 2018 ਵਿੱਚ ਜ਼ਮਾਨਤ 'ਤੇ ਰਿਹਾਅ ਹੋਇਆ ਸੀ ਤੇ ਦਲ ਖਾਲਸਾ ਤੇ ਹੋਰਨਾਂ ਗਰੁੱਪਾਂ ਨਾਲ ਸਰਗਰਮ ਸੀ। ਪੁਲਸ ਅਨੁਸਾਰ ਚੌੜਾ 1984 'ਚ ਪਾਕਿਸਤਾਨ ਗਿਆ ਸੀ ਅਤੇ ਅੱਤਵਾਦ ਦੇ ਸ਼ੁਰੂਆਤੀ ਪੜਾਅ ਦੌਰਾਨ ਪੰਜਾਬ 'ਚ ਹਥਿਆਰਾਂ ਅਤੇ ਵਿਸਫੋਟਕਾਂ ਦੀਆਂ ਵੱਡੀਆਂ ਖੇਪਾਂ ਦੀ ਤਸਕਰੀ 'ਚ ਅਹਿਮ ਭੂਮਿਕਾ ਨਿਭਾਉਂਦਾ ਰਿਹਾ ਸੀ। ਪਾਕਿਸਤਾਨ ਵਿਚ ਰਹਿੰਦਿਆਂ ਉਸ ਨੇ ਗੁਰੀਲਾ ਯੁੱਧ 'ਤੇ ਕਿਤਾਬਾਂ ਲਿਖੀਆਂ।

### ਹਮਲੇ ਦਾ ਮਕਸਦ ਅਕਾਲੀ...

ਕਿਵੇਂ ਰੰਧਾਵਾ ਨੇ ਸਿੱਖਸ ਫਾਰ ਜਸਟਿਸ (ਐੱਸ ਐੱਫ ਜੇ) ਦੇ ਨਜ਼ਦੀਕੀਆਂ ਨੂੰ ਉਤਸ਼ਾਹਤ ਕੀਤਾ।

ਮਜੀਠੀਆ ਨੇ ਕਿਹਾ ਕਿ ਭਗਵੰਤ ਮਾਨ ਗ੍ਰਹਿ ਮੰਤਰੀ ਵਜੋਂ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਏ ਹਨ। ਸੂਬੇ ਦੇ ਡੀ ਜੀ ਪੀ ਤੇ ਅੰਮ੍ਰਿਤਸਰ ਦੇ ਪੁਲਸ ਮੁਖੀ ਨੂੰ ਕਈ ਸਵਾਲਾਂ ਦੇ ਜਵਾਬ ਦੇਣੇ ਪੈਣਗੇ। ਉਹਨਾ ਕਿਹਾ ਕਿ ਪੁਲਸ ਇਸ ਗੱਲ ਦਾ ਜਵਾਬ ਦੇਵੇ ਕਿ ਇਕ ਖ਼ਤਰਨਾਕ ਅੱਤਵਾਦੀ ਨੂੰ ਦੋ ਦਿਨਾਂ ਤੱਕ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿਚ ਕਿਵੇਂ ਘੁੰਮਣ ਦਿੱਤਾ ਗਿਆ ਅਤੇ ਉਸ ਨੂੰ ਪਹਿਲਾਂ ਕਿਉਂ ਨਹੀਂ ਫੜਿਆ ਗਿਆ।

ਪੰਜਾਬ ਪੁਲਸ ਇਹ ਵੀ ਦੱਸੇ ਕਿ ਉਸ ਨੇ ਹਮਲਾਵਰ ਨੂੰ ਸੁਖਬੀਰ ਸਿੰਘ ਬਾਦਲ ਦੇ ਨਜ਼ਦੀਕ ਆ ਕੇ ਨੇੜਿਓਂ ਗੋਲੀ ਮਾਰਨ ਲਈ ਮੌਕਾ ਕਿਉਂ ਦਿੱਤਾ? ਉਹਨਾ ਕਿਹਾ ਕਿ ਇਸ ਤੋਂ ਪਹਿਲਾਂ ਵੀ ਪੰਜਾਬ ਪੁਲਸ ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਮਾਮਲੇ ਵਿਚ ਕੋਈ ਕਾਰਵਾਈ ਨਹੀਂ ਕਰ ਸਕੀ ਸ। ਇਸ ਵੱਲੋਂ ਇੰਟੈਲੀਜੈਂਸ ਹੈੱਡਕੁਆਰਟਰ 'ਤੇ ਹਮਲੇ ਦੇ ਨਾਲ-ਨਾਲ ਗੈਂਗਸਟਰ ਲਾਰੈਂਸ ਬਿਸ਼ਨੋਈ ਦੀ ਪੁਲਸ ਹਿਰਾਸਤ ਵਿਚ ਇੰਟਰਵਿਊ ਦੇ ਮਾਮਲੇ ਵਿਚ ਵੀ ਕਾਰਵਾਈ ਨਹੀਂ ਕੀਤੀ ਗਈ। ਉਹਨਾ ਕਿਹਾ ਕਿ ਹੁਣ ਹਾਲਾਤ ਇਹ ਹੈ ਕਿ ਅੱਜ ਗੁਰੂ ਦੇ ਸਿੱਖ, ਜੋ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਮੁਤਾਬਕ ਗੁਰੂ ਘਰ ਦੀ ਸੇਵਾ ਕਰ ਰਹੇ ਹਨ, ਨੂੰ ਇਹ ਸੇਵਾ ਕਰਨ ਨਹੀਂ ਦਿੱਤੀ ਜਾ ਰਹੀ। ਉਹਨਾ ਕਿਹਾ ਕਿ ਫਿਰ ਅਜਿਹੇ ਹਾਲਾਤ 'ਚ ਪੰਜਾਬੀ ਕਿਵੇਂ ਸੁਰੱਖਿਅਤ ਹੋਣਗੇ?

ਮਜੀਠੀਆ ਨੇ ਸਪੱਸ਼ਟ ਕੀਤਾ ਕਿ ਸ੍ਰੀ ਹਰਿਮੰਦਿਰ ਸਾਹਿਬ ਵਿਚ ਅਜਿਹਾ ਹਮਲਾ ਕਰਨ ਵਾਲੇ ਨੂੰ ਸਿੱਖ ਨਹੀਂ ਆਖਿਆ ਜਾ ਸਕਦਾ। ਅਜਿਹੇ ਵਿਅਕਤੀਆਂ ਨੂੰ ਮੁੜ ਸਿਰ ਚੁੱਕਣ ਦੀ ਆਗਿਆ ਦੇਣ ਨਾਲ ਸਾਡੇ ਸਰਹੱਦੀ ਸੂਬੇ ਲਈ ਖ਼ਤਰਨਾਕ ਹਾਲਾਤ ਸਾਬਤ ਹੋਣਗੇ।

ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਡਾ. ਦਲਜੀਤ ਸਿੰਘ ਚੀਮਾ ਨੇ ਹਮਲੇ ਦੀ ਨਿੰਦਾ ਕਰਦਿਆਂ ਇਸ ਦੀ ਜੁਡੀਸ਼ੀਅਲ ਜਾਂਚ ਦੀ ਮੰਗ ਕੀਤੀ ਹੈ। ਉਨ੍ਹਾ ਕਿਹਾ ਕਿ ਜੇ ਪੁਲਸ ਨੂੰ ਇਸ ਬਾਰੇ ਜਾਣਕਾਰੀ ਸੀ ਕਿ ਹਮਲਾਵਰ ਬੀਤੇ ਦਿਨ ਤੋਂ ਉੱਥੇ ਘੁੰਮ ਰਿਹਾ ਹੈ ਤਾਂ ਇਸ 'ਤੇ ਕਾਰਵਾਈ ਕਿਉਂ ਨਹੀਂ ਕੀਤੀ ਗਈ।

### ਹਵਾਈ ਚੱਪਲਾਂ ਛੱਡੋ, ਬਾਟਾ ...

600-700 ਰੁਪਏ ਦੇ ਕੇ ਏਅਰਪੋਰਟ ਪਹੁੰਚਦਾ ਹੈ, ਫੇਰ ਉਸ ਨੂੰ ਪਤਾ ਚੱਲਦਾ ਹੈ ਕਿ ਫਲਾਈਟ 3 ਘੰਟੇ ਲੇਟ ਹੈ।ਏਅਰਪੋਰਟਾਂ 'ਤੇ ਪਾਣੀ ਦੀ ਬੋਤਲ 100 ਰੁਪਏ 'ਚ ਮਿਲਦੀ ਹੈ। ਚਾਹ ਦੇ ਕੱਪ ਲਈ ਵੀ 200-250 ਰੁਪਏ ਖਰਚਣੇ ਪੈਂਦੇ ਹਨ। ਕੀ ਸਰਕਾਰ ਸਸਤੀ ਅਤੇ ਵਾਜਬ ਕੀਮਤ ਵਿੱਚ ਕੰਟੀਨਾਂ ਸ਼ੁਰੂ ਨਹੀਂ ਕਰ ਸਕਦੀ?

ਸਾਂਸਦ ਨੇ ਏਵੀਏਸ਼ਨ ਖੇਤਰ ਵਿੱਚ ਵਧ ਰਹੇ ਏਕਾਧਿਕਾਰ ਉੱਤੇ ਵੀ ਸਵਾਲ ਉਠਾਏ। ਉਨ੍ਹਾ ਕਿਹਾ ਕਿ ਮੌਜੂਦਾ ਦੋ ਏਅਰਲਾਈਨਜ਼ ਕੰਪਨੀਆਂ ਮਨਮਾਨੇ ਭਾਅ 'ਤੇ ਟਿਕਟਾਂ ਵੇਚ ਰਹੀਆਂ ਹਨ। ਉਨ੍ਹਾਂ 'ਤੇ ਕਿਸੇ ਦਾ ਕੰਟਰੋਲ ਨਹੀਂ। ਸਰਕਾਰ ਨੂੰ ਇਸ ਖੇਤਰ ਵਿੱਚ ਨਵੀਆਂ ਕੰਪਨੀਆਂ ਨੂੰ ਉਤਸ਼ਾਹਤ ਕਰਨਾ ਚਾਹੀਦਾ ਹੈ, ਤਾਂ ਜੋ ਮੁਕਾਬਲਾ ਵਧੇ ਅਤੇ ਸੇਵਾਵਾਂ ਵਿੱਚ ਸੁਧਾਰ ਹੋਵੇ।

### ਅਮੋਲਕ ਸਿੰਘ ਦੇ ਭਰਾ...

ਪੰਜਾਬ ਲੋਕ ਸੱਭਿਆਚਾਰਕ ਮੰਚ ਦੇ ਵਿੱਤ ਸਕੱਤਰ ਕਸਤੂਰੀ ਲਾਲ, 'ਸੁਰਖ਼ ਲੀਹ' ਦੇ ਮੁੱਖ ਸੰਪਾਦਕ ਜਸਪਾਲ ਜੱਸੀ, ਗੁਰਸ਼ਰਨ ਸਿੰਘ ਲੋਕ ਕਲਾ ਸਲਾਮ ਕਾਫ਼ਲਾ ਦੇ ਪਾਵੇਲ ਕੁੱਸਾ, ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਸੂਬਾਈ ਆਗੂ ਝੰਡਾ ਸਿੰਘ ਜੇਠੂਕੇ, ਰੂਪ ਸਿੰਘ ਛੰਨਾ, ਯੁਵਰਾਜ ਘੁਡਾਣੀ ਕਲਾਂ, ਜ਼ਿਲ੍ਹਾ ਲੁਧਿਆਣਾ ਦੇ ਆਗੂ ਸੌਦਾਗਰ ਸਿੰਘ ਘੁਡਾਣੀ ਕਲਾਂ, ਜ਼ਿਲ੍ਹਾ ਜਲੰਧਰ ਦੇ ਆਗੂ ਗੁਰਚਰਨ ਸਿੰਘ ਚਾਹਿਲ, ਮੋਹਣ ਸਿੰਘ ਬੱਲ, ਪ੍ਰਿੰਸੀਪਲ ਮਨਜੀਤ ਸਿੰਘ, ਫਾਰਮਾਸਿਸਟ ਐਸੋਸੀਏਸ਼ਨ ਦੇ ਆਗੂ ਡਾ. ਸੁਰਜੀਤ ਸਿੰਘ, ਲੋਕ ਮੋਰਚਾ ਪੰਜਾਬ ਦੇ ਆਗੂ ਮਾਸਟਰ ਕੁਲਵੰਤ ਸਿੰਘ ਤਰਕ, ਹਿੰਮਤ ਸਿੰਘ, ਮਨਜੀਤ ਕੌਰ, ਪਰਮਜੀਤ ਕੌਰ, ਬਲਵੀਰ ਸਿੰਘ ਗਿੱਲ ਚੰਡੀਗੜ੍ਹ ਸਮੇਤ ਸਾਕ-ਸੰਬੰਧੀ ਅਤੇ ਨਗਰ ਨਿਵਾਸੀ ਅੰਤਮ ਵਿਦਾਇਗੀ ਦੇ ਕਾਫ਼ਲੇ ਵਿਚ ਮੌਜੂਦ ਸਨ।ਉਹਨਾ ਸਮੇਤ ਵੱਡੀ ਗਿਣਤੀ ਵਿਚ ਜੁੜੇ ਲੋਕਾਂ ਨੇ ਫੁੱਲ ਮਾਲਾਵਾਂ ਪਾ ਕੇ ਉਸ ਦੇ ਜੀਵਨ ਸਫ਼ਰ ਨੂੰ ਸਲਾਮ ਕੀਤੀ।

ਜ਼ਿਕਰਯੋਗ ਹੈ ਕਿ ਗੁਲਜ਼ਾਰ ਸਿੰਘ ਲੰਮੇ ਅਰਸੇ ਤੋਂ ਲੰਮੀ ਖੁਰਾਕ ਨਾਲ਼ੀ ਵਿੱਚ ਅਲਸਰ ਤੋਂ ਪੀੜਤ ਸਨ।ਚਿਰਾਂ ਤੋਂ ਉਹ ਤਰਲ ਖਾਧ ਖੁਰਾਕ ਉਪਰ ਹੀ ਨਿਰਭਰ ਸਨ।ਸਖ਼ਤ ਮਿਹਨਤ-ਮੁਸ਼ੱਕਤ ਦਾ ਨਮੂਨਾ ਗੁਲਜ਼ਾਰ ਸਿੰਘ ਠੇਕੇ, ਵਟਾਈ 'ਤੇ ਜ਼ਮੀਨ ਲੈ ਕੇ ਜਾਨ ਹੂਲਵਾਂ ਕੰਮ ਕਰਦਾ ਰਿਹਾ।

ਉਸ ਨੇ ਐਮਰਜੈਂਸੀ ਅਤੇ ਦੋ-ਮੂੰਹੀਂ ਦਹਿਸ਼ਤਗਰਦੀ ਦੇ ਕਾਲੇ ਦਿਨਾਂ ਵਿਚ ਆਪਣੇ ਭਰਾ ਅਮੋਲਕ ਸਿੰਘ ਦਾ ਡਟਵਾਂ ਸਾਥ ਦਿੱਤਾ। ਕਿਸਾਨਾਂ, ਮਜ਼ਦੂਰਾਂ ਉਪਰ ਕੁਦਰਤੀ ਅਤੇ ਹਕੂਮਤੀ ਮਾਰਾਂ ਦੇ ਚੌਤਰਫੇ ਹੱਲਿਆਂ ਮੌਕੇ ਗੁਲਜ਼ਾਰ ਲੋਕ-ਪੱਖੀ ਲਹਿਰਾਂ ਦਾ ਦ੍ਰਿੜ੍ਹ ਸਮਰਥਕ ਰਿਹਾ। ਪਿੰਡ ਵਿੱਚ ਚੋਣਾਂ ਦੇ ਬਦਲ 'ਚ ਇਨਕਲਾਬੀ ਲੋਕ ਲਹਿਰ ਉਸਾਰਨ ਦੇ ਵਿਚਾਰਾਂ ਦਾ ਪ੍ਰਚਾਰਕ ਤੇ ਹਮਾਇਤੀ ਰਿਹਾ।

ਪਿੰਡ ਅਤੇ ਇਲਾਕੇ ਭਰ ਵਿਚ ਕਾਲ਼ੀ ਆਜ਼ਾਦੀ ਦਿਹਾੜਾ ਹੋਵੇ, ਸ਼ਹੀਦ ਤਰਸੇਮ ਬਾਵਾ ਦੋਰਾਹਾ ਦੀ ਬਰਸੀ ਹੋਵੇ, ਸਮਾਜ ਸੁਧਾਰਕ ਸਰਗਰਮੀਆਂ ਹੋਣ, 1981 ਦਾ ਬੱਸ ਕਿਰਾਇਆ ਘੋਲ਼ ਹੋਵੇ, ਗੁਲਜ਼ਾਰ ਉਸ ਟੀਮ ਦਾ ਹਮੇਸ਼ਾ ਸੰਗੀ-ਸਾਥੀ ਰਿਹਾ। ਜਿਹੜੀ ਪਿੰਡ ਅਤੇ ਇਲਾਕੇ ਵਿੱਚ ਲੋਕ ਹਿੱਤਾਂ ਜਾਂ ਸ਼ਹੀਦ ਭਗਤ ਸਿੰਘ, ਕਰਤਾਰ ਸਿੰਘ ਸਰਾਭਾ ਦੇ ਸੁਪਨੇ ਸਾਕਾਰ ਕਰਨ ਲਈ ਹੋ ਰਹੀ ਹੋਵੇ।

### ਪੰਜਾਬ ਨੂੰ ਬਦਨਾਮ ਕਰਨ...

ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਇਹੋ ਜਿਹੀਆਂ ਸ਼ਰਮਨਾਕ ਅਤੇ ਨਿੰਦਣਯੋਗ ਹਰਕਤਾਂ ਦੀ ਇੱਕ ਸੱਭਿਅਕ ਸਮਾਜ ਵਿੱਚ ਕੋਈ ਥਾਂ ਨਹੀਂ ਹੈ, ਦਰਬਾਰ ਸਾਹਿਬ ਵਰਗੇ ਪਵਿੱਤਰ ਸਥਾਨ 'ਤੇ ਤਾਂ ਕਦੇ ਵੀ ਨਹੀਂ। ਗੁਰੂ ਸਾਹਿਬ ਦੇ ਪਾਵਨ ਅਸਥਾਨ 'ਤੇ ਅਜਿਹੀਆਂ ਘਿਨਾਉਣੀਆਂ ਹਰਕਤਾਂ ਕਰਨ ਵਾਲੇ ਨੂੰ ਸੱਚਾ ਸਿੱਖ ਨਹੀਂ ਕਿਹਾ ਜਾ ਸਕਦਾ। ਕੰਗ ਨੇ ਪੰਜਾਬ ਵਿਚ ਸ਼ਾਂਤੀ ਅਤੇ ਸਦਭਾਵਨਾ ਨੂੰ ਬਰਕਰਾਰ ਰੱਖਣ ਲਈ ਪਾਰਟੀ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਅਤੇ ਇਸ ਨੂੰ ਭੰਗ ਕਰਨ ਦੀਆਂ ਕੋਸ਼ਿਸ਼ਾਂ ਵਿਰੁੱਧ ਚੇਤਾਵਨੀ ਦਿੱਤੀ।

## ਪੰਜਾਹ ਲੱਖ ਦੀ ਫਿਰੌਤੀ ਮੰਗਣ ਵਾਲਿਆਂ 'ਤੇ ਪਰਚਾ ਦਰਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਥਾਣਾ ਸ੍ਰੀ ਮੁਕਤਸਰ ਸਾਹਿਬ ਦੀ ਪੁਲਸ ਦੇ ਸਹਾਇਕ ਥਾਣੇਦਾਰ ਬਲਵੰਤ ਸਿੰਘ ਨੂੰ ਦਿੱਤੀ ਸ਼ਿਕਾਇਤ 'ਚ ਸਤਨਾਮ ਸਿੰਘ ਪੁੱਤਰ ਹਰਦੇਵ ਸਿੰਘ ਵਾਸੀ ਉਦੇਕਰਨ ਨੇ ਦੱਸਿਆ ਕਿ ਉਹ ਕਰੀਬ 33 ਸਾਲ ਤੋਂ ਸਿੱਖਿਆ ਵਿਭਾਗ ਵਿੱਚ ਨੌਕਰੀ ਕਰਦਾ ਹੈ ਤੇ 27 ਨਵੰਬਰ ਨੂੰ ਜਦੋਂ ਉਹ ਡਿਊਟੀ ਤੈਨਾਤ ਸੀ ਤਾਂ ਮੇਰੇ ਨੰ: 'ਤੇ ਵਟਸਐਪ ਰਾਹੀਂ ਵਿਦੇਸ਼ੀ ਨੰ: + 1742-8990420 ਤੋਂ ਕਿਸੇ ਅਣਪਛਾਤੇ ਵਿਅਕਤੀ ਨੇ ਕਾਲ ਕੀਤੀ ਤੇ ਕਿਹਾ ਕਿ ਮੈਂ ਬੰਬੀਹਾ ਗਰੁੱਪ ਤੋਂ ਬੋਲਦਾ ਹਾਂ, ਤੁਸੀ ਮੈਨੂੰ 50 ਲੱਖ ਰੁਪਏ ਦੇਵੋਂ ਨਹੀਂ ਤਾਂ ਤੁਹਾਡੀ ਖੈਰ ਨਹੀਂ ਹੈ।ਮੈਂ ਤੇਰੇ ਸਾਰੇ ਪਰਵਾਰ ਨੂੰ ਚੰਗੀ ਤਰ੍ਹਾਂ ਜਾਣਦਾ ਹਾਂ, ਜੇਕਰ ਤੂੰ 50 ਲੱਖ ਰੁਪਏ ਨਹੀਂ ਦੇਵੇਗਾ ਤਾਂ ਤੈਨੂੰ ਤੇ ਤੇਰੇ ਸਾਰੇ ਪਰਵਾਰ ਨੂੰ ਮਾਰ ਦੇਵਾਂਗੇ ਅਤੇ ਉਸ ਦਿਨ ਮੈਨੂੰ ਕਰੀਬ 3 ਵਾਰ ਫੋਨ ਆਇਆ, ਜਿਸ ਨਾਲ ਮੈਂ ਕਾਫ਼ੀ ਡਰ ਗਿਆ। ਇਸੇ ਤਰ੍ਹਾਂ ਸਤਨਾਮ ਸਿੰਘ ਨੇ ਦੱਸਿਆ ਕਿ ਜਦੋਂ ਮੈਂ ਆਪਣੀ ਡਿਊਟੀ 'ਤੇ ਜਾ ਰਿਹਾ ਸੀ ਤਾਂ 3 ਦਸੰਬਰ ਨੂੰ ਫਿਰ ਤੋਂ ਦੁਬਾਰਾ ਫੋਨ ਆਇਆ, ਜੋ ਮੈਂ ਪਿੱਕ ਨਹੀਂ ਕੀਤਾ।ਪੁਲਸ ਨੇ ਸਤਨਾਮ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਨਾਮਾਲੂਮ ਵਿਅਕਤੀ ਦੇ ਖਿਲਾਫ਼ ਬੀਐਨਐਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਪਾਵਰਕਾਮ ਸੀ ਐੱਚ ਬੀ ਕਾਮਿਆਂ ਨੇ ਰਿਟਾਇਰ ਮੁਲਾਜ਼ਮਾਂ ਨੂੰ ਭਰਤੀ ਕਰਨ ਦੇ ਪੱਤਰ ਦੀਆਂ ਸਾੜੀਆਂ ਕਾਪੀਆਂ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)** ਪਾਵਰ ਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਅੱਜ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਵੱਲੋਂ ਰਿਟਾਇਰਮੈਂਟ ਹੋਏ ਮੁਲਾਜ਼ਮਾਂ ਨੂੰ ਭਰਤੀ ਕਰਨ ਦੇ ਪੱਤਰ ਸਾੜੇ ਗਏ ਅਤੇ ਖੰਨਾ ਸ਼ਹਿਰ ਵਿੱਚ ਮਾਰਚ ਕਰਦਿਆਂ ਕਿਰਤ ਮੰਤਰੀ ਦੀ ਕੋਠੀ ਵਿਖੇ ਰੋਸ ਪ੍ਰਦਰਸ਼ਨ ਕੀਤਾ।ਸੂਬਾ ਪ੍ਰਧਾਨ ਬਲਿਹਾਰ ਸਿੰਘ ਸਰਕਲ ਪ੍ਰਧਾਨ ਜਮੀਲ ਮੁਹੰਮਦ, ਗੁਰਮੀਤ ਸਿੰਘ, ਸੁਖਪਾਲ ਸਿੰਘ, ਸੁਖਦੀਪ ਸਿੰਘ, ਸੁਖਪ੍ਰੀਤ ਸਿੰਘ ਸੁੱਖੀ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਨਿੱਜੀਕਰਨ ਦੇ ਹੱਲੇ ਨੂੰ ਲਗਾਤਾਰ ਤੇਜ਼ ਕਰ ਰਹੀ ਹੈ। ਆਊਟ ਸੋਰਸਡ ਠੇਕਾ ਕਾਮਿਆਂ ਨੂੰ ਰੈਗੂਲਰ ਕਰਨ ਅਤੇ ਨਵੀਂ ਭਰਤੀ ਕਰਨ ਦੀ ਥਾਂ ਰਿਟਾਇਰਮੈਂਟ ਮੁਲਾਜ਼ਮਾਂ ਨੂੰ ਭਰਤੀ ਕਰਨ ਦੇ ਪੱਤਰ ਜਾਰੀ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਅੱਜ ਪਾਵਰਕਾਮ ਮੈਨੇਜਮੈਂਟ ਵੱਲੋਂ ਜਾਰੀ ਕੀਤੇ ਪੱਤਰ ਦੀਆਂ ਕਾਪੀਆਂ ਨੂੰ ਸਾੜਿਆ ਗਿਆ ਅਤੇ ਸੰਘਰਸ਼ ਦੀ ਚੇਤਾਵਨੀ ਦਿੱਤੀ ਕਿ ਜੇਕਰ ਪਾਵਰਕਾਮ ਮੈਨੇਜਮੈਂਟ ਨੇ ਰਿਟਾਇਰਮੈਂਟ ਭਰਤੀ ਕੀਤੀ ਅਤੇ ਆਊਟ ਸੋਰਸਡ ਠੇਕਾ ਕਾਮਿਆਂ ਨੂੰ ਰੈਗੂਲਰ ਨਾ ਕੀਤਾ ਤਾਂ ਜਥੇਬੰਦੀ ਪਰਵਾਰਾਂ ਤੇ ਬੱਚਿਆਂ ਸਮੇਤ ਤਿੱਖਾ ਸੰਘਰਸ਼ ਕਰੇਗੀ। ਕਿਉਂਕਿ ਬਿਜਲੀ ਅਦਾਰੇ ਦੀ ਸਪਲਾਈ ਨੂੰ ਬਹਾਲ ਰੱਖਣ ਲਈ ਸੀ ਐਚ ਬੀ, ਸੀ ਐਚ ਡਬਲਿਊ, ਅਤੇ ਸੀ ਐਚ ਐਚ ਕਾਮਿਆਂ ਦਾ ਵੱਡਾ ਯੋਗਦਾਨ ਹੈ। ਬਿਜਲੀ ਸਪਲਾਈ ਨੂੰ ਬਹਾਲ ਕਰਦਿਆਂ ਅਨੇਕਾਂ ਕਾਮੇ ਮੌਤ ਦੇ ਮੂੰਹ ਪੈ ਗਏ ਅਤੇ ਅਨੇਕਾਂ ਹੀ ਕਾਮੇ ਅਪੰਗ ਹੋ ਗਏ ਜਿਨ੍ਹਾਂ ਨੂੰ ਸਰਕਾਰ ਨੇ ਨਾ ਤਾਂ ਮੁਆਵਜ਼ੇ ਦੀ ਗਰੰਟੀ ਅਤੇ ਨਾ ਹੀ ਨੌਕਰੀ ਦੀ ਗਰੰਟੀ ਕੀਤੀ ਗਈ। ਹਾਦਸਾ ਪੀੜਿਤ ਪਰਵਾਰ ਲਗਾਤਾਰ ਸੰਘਰਸ਼ ਕਰ ਰਹੇ ਹਨ। ਅੱਜ ਠੇਕਾ ਕਾਮਿਆਂ ਨੇ ਮੰਗ ਕੀਤੀ ਕਿ ਸਮੂਹ ਆਊਟਸੋਰਸਿੰਗ ਠੇਕਾ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਿਲ ਕਰਨ ਅਤੇ ਘੱਟੋ ਘੱਟ ਗੁਜ਼ਾਰੇ ਯੋਗ ਤਨਖਾਹ ਨਿਸਚਿਤ ਕਰਨ ਅਤੇ ਹਾਦਸਾ ਪੀੜਿਤ ਪਰਵਾਰਾਂ ਨੂੰ ਪੱਕੀ ਨੌਕਰੀ ਅਤੇ ਮੁਆਵਜ਼ੇ ਅਤੇ ਪੈਨਸ਼ਨ ਦੀ ਗਰੰਟੀ ਕਰਨ ਸਮੇਤ ਮੰਗ ਪੱਤਰ ਵਿੱਚ ਤਮਾਮ ਮੰਗਾਂ ਨੂੰ ਹੱਲ ਕਰਨ ਦੀ ਦੀ ਮੰਗ ਕੀਤੀ ਗਈ। ਠੇਕਾ ਕਾਮਿਆਂ ਨੇ ਕਿਰਤ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਦੇ ਦਫਤਰ ਅਤੇ ਕੋਠੀ ਵੱਲ ਰੋਸ ਪ੍ਰਦਰਸ਼ਨ ਕਰਦਿਆਂ ਰਿਟਾਇਰਮੈਂਟ ਮੁਲਾਜ਼ਮਾਂ ਨੂੰ ਭਰਤੀ ਕਰਨ ਦੀਆਂ ਕਾਪੀਆਂ ਸਾੜ ਕੇ 10 ਦਸੰਬਰ ਨੂੰ ਪਰਵਾਰਾਂ ਸਮੇਤ ਸੂਬਾ ਪੱਧਰੀ ਧਰਨਾ ਦੇਣ ਦਾ ਫੈਸਲਾ ਕੀਤਾ।

## ਸੁਖਬੀਰ ਬਾਦਲ 'ਤੇ ਹਮਲੇ ਦੀ ਭਾਜਪਾਈਆਂ ਵੱਲੋਂ ਨਿੰਦਾ

**ਬਠਿੰਡਾ (ਰਾਜੀਵ ਗੋਇਲ)** ਤੜਕਸਾਰ ਸ੍ਰੀ ਹਰਮਿੰਦਰ ਸਾਹਿਬ ਵਿਖੇ ਧਾਰਮਿਕ ਸਜ਼ਾ ਭੁਗਤ ਰਹੇ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਭਾਜਪਾ ਦੇ ਜ਼ਿਲ੍ਹਾ ਬਠਿੰਡਾ ਦਿਹਾਤੀ ਦੇ ਸਾਬਕਾ ਪ੍ਰਧਾਨ ਗੁਰਬਿੰਦਰ ਭਗਤਾ ਤੇ ਸਮੂਹ ਭਾਜਪਾਈਆਂ ਵੱਲੋਂ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਹੈ ਤੇ ਕਿਹਾ ਗਿਆ ਕਿ ਗੁਰੂ ਰਾਮਦਾਸ ਜੀ ਦੀ ਪਵਿੱਤਰ ਧਰਤੀ 'ਤੇ ਇਸੇ ਤਰ੍ਹਾਂ ਧਾਰਮਿਕ ਸਜ਼ਾ ਭੁਗਤ ਰਹੇ ਕਿਸੇ ਸ਼ਰਧਾਲੂ 'ਤੇ ਹਮਲਾ ਕਰਨਾ ਅਤਿ ਮੰਦਭਾਗਾ ਹੈ। ਉਨ੍ਹਾਂ ਸੂਬਾ ਸਰਕਾਰ ਪਾਸੋਂ ਸੰਬੰਧਤ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਕੇ ਕਾਰਵਾਈ ਦੀ ਮੰਗ ਕੀਤੀ ਹੈ।

ਇਸ ਮੌਕੇ ਉਨ੍ਹਾਂ ਨਾਲ ਪਵਨ ਗਰਗ, ਜਗਸੀਰ ਸਿੰਘ ਪੱਪੂ, ਰਾਮ ਕੁਮਾਰ ਕਰਿਆਨਾ ਵਾਲੇ, ਬਬਲੇਸ਼ ਕੁਮਾਰ ਬੌਬੀ ਸਿੰਗਲਾ, ਕੇਵਲ ਕ੍ਰਿਸ਼ਨ ਕਮਰਾ, ਕਾਲਾ ਮੰਡਲ ਪ੍ਰਧਾਨ, ਰਾਜਿੰਦਰ ਕੁਮਾਰ, ਬੰਟੀ ਗਰਗ, ਸੁਖਮੰਦਰ ਸਿੰਘ ਤੋਂ ਇਲਾਵਾ ਹੋਰ ਵੀ ਆਗੂ ਹਾਜ਼ਰ ਸਨ।

## ਗਲੋਬਲ ਡਿਸਕਵਰੀ ਸਕੂਲ ਦਾ ਸਾਲਾਨਾ ਸਮਾਗਮ ਟੈਕਟੋਨਿਕ ਸੰਪੰਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਸੀ.ਬੀ.ਐਸ.ਈ ਤੋਂ ਮਾਨਤਾ ਪ੍ਰਾਪਤ ਸਰਾਫ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਦੇ ਵਿਹੜੇ 'ਚ ਮਨਾਏ ਜਾ ਰਹੇ ਸਾਲਾਨਾ ਸਮਾਗਮ ਦਾ ਦੂਜਾ ਦਿਨ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ।ਸਾਲਾਨਾ ਸਮਾਗਮ ਦੇ ਦੂਜੇ ਦਿਨ ਡੀ.ਐਸ.ਪੀ ਮਨਮੋਹਨ ਸਰਨਾ (ਸਾਈਬਰ ਕ੍ਰਾਈਮ ਬ੍ਰਾਂਚ ਬਠਿੰਡਾ) ਮੁੱਖ ਮਹਿਮਾਨ ਵਜੋਂ ਅਤੇ ਸ੍ਰੀ ਵਰੁਣ ਬਾਂਸਲ (ਕਿਸਮੇ ਕਿਤਨਾ ਹੈ ਦਮ ਦੇ ਨਿਰਦੇਸ਼ਕ ਅਤੇ ਨਿਰਮਾਤਾ) ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ। ਸਕੂਲ ਮੈਨੇਜਮੈਂਟ, ਪ੍ਰਿੰਸੀਪਲ, ਪ੍ਰਬੰਧਕੀ ਮੈਨੇਜਰ, ਵਾਇਸ ਪ੍ਰਿੰਸੀਪਲ, ਕੋਆਰਡੀਨੇਟਰ ਤੇ ਅਧਿਆਪਕਾਂ ਵੱਲੋਂ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਗਿਆ।ਸਕੂਲ ਦੀ ਪ੍ਰਬੰਧਕ ਮਿਸ ਨੰਦਿਨੀ ਸਰਾਫ ਨੇ ਪ੍ਰੋਗਰਾਮ ਦੇ ਮੁੱਖ ਮਹਿਮਾਨ, ਸਕੂਲ ਮੈਨੇਜਮੈਂਟ ਅਤੇ ਹੋਰ ਮਹਿਮਾਨਾਂ ਦਾ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਧੰਨਵਾਦ ਕੀਤਾ। ਪ੍ਰੋਗਰਾਮ ਵਿੱਚ ਬੱਚਿਆਂ ਨੂੰ ਯੁੱਗ ਦੀਆਂ ਕਾਢਾਂ ਨਾਲ ਸਬੰਧਤ ਸੁੰਦਰ ਰੋਬੋਟਿਕਸ, ਨਿਓਨ, ਚੰਦਰਯਾਨ ਦੀ ਯਾਤਰਾ, ਡਾਂਸ ਅਤੇ ਕੋਰੀਓਗ੍ਰਾਫੀ ਰਾਹੀਂ ਵਿਗਿਆਨ ਅਤੇ ਤਕਨਾਲੋਜੀ ਦੀਆਂ ਵੱਖ-ਵੱਖ ਖੋਜਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਨਾਟਕ ਰਾਹੀਂ ਅੱਜ ਦੇ ਯੁੱਗ ਵਿੱਚ ਵੱਧ ਰਹੇ ਸਾਈਬਰ ਅਪਰਾਧਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਇਨ੍ਹਾਂ ਨੂੰ ਰੋਕਣ ਲਈ ਜਾਗਰੂਕਤਾ ਪੈਦਾ ਕੀਤੀ ਗਈ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਅੰਜੂ ਨਾਗਪਾਲ ਵੱਲੋਂ ਸਕੂਲ ਦੀ ਸਾਲਾਨਾ ਰਿਪੋਰਟ ਪੇਸ਼ ਕੀਤੀ ਗਈ। ਪ੍ਰੋਗਰਾਮ ਵਿੱਚ 10ਵੀਂ ਅਤੇ 12ਵੀਂ ਜਮਾਤ ਦੇ ਹੋਣਹਾਰ ਵਿਦਿਆਰਥੀਆਂ ਨੂੰ ਬ੍ਰਿਜ ਲਾਲ ਸਰਾਫ ਯਾਦਗਾਰੀ ਪੁਰਸਕਾਰਾਂ ਦੇ ਨਾਲ-ਨਾਲ ਪਹਿਲੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ 5100 ਰੁਪਏ ਅਤੇ ਦੂਜੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ 3100 ਰੁਪਏ ਦੇ ਵਜ਼ੀਫੇ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਦੇ ਵਇਸ ਚੇਅਰਮੈਨ ਅਮਿਤ ਸਰਾਫ਼ ਨੇ ਬੱਚਿਆਂ ਦੀਆਂ ਗਤੀਵਿਧੀਆਂ ਦੀ ਸ਼ਲਾਘਾ ਕਰਦਿਆਂ ਮਾਪਿਆਂ ਨੂੰ ਬੱਚਿਆਂ ਦੇ ਸਹੀ ਮਾਰਗਦਰਸ਼ਨ ਅਤੇ ਉੱਜਵਲ ਭਵਿੱਖ ਦਾ ਭਰੋਸਾ ਦਿੱਤਾ। ਡੀ.ਐਸ.ਪੀ ਮਨਮੋਹਨ ਸਰਨਾ ਨੇ ਵਧ ਰਹੇ ਸਾਈਬਰ ਅਪਰਾਧਾਂ ਬਾਰੇ ਜਾਣਕਾਰੀ ਦਿੱਤੀ ਅਤੇ ਲੋਕਾਂ ਨੂੰ ਇਨ੍ਹਾਂ ਤੋਂ ਸੁਚੇਤ ਰਹਿਣ ਅਤੇ ਹੋਰਨਾਂ ਨੂੰ ਵੀ ਸੁਚੇਤ ਕਰਨ ਲਈ ਕਿਹਾ।ਪ੍ਰੋਗਰਾਮ ਦੀ ਸਮਾਪਤੀ ਤੋਂ ਪਹਿਲਾਂ ਬੱਚਿਆਂ ਵੱਲੋਂ ਗਿੱਧਾ-ਭੰਗੜਾ ਪੇਸ਼ ਕੀਤਾ ਗਿਆ ਅਤੇ ਅੰਤ ਵਿੱਚ ਸਕੂਲ ਦੀ ਵਇਸ ਪ੍ਰਿੰਸੀਪਲ ਕਾਵਿਆ ਅਸੀਜਾ ਨੇ ਭਾਗ ਲੈਣ ਵਾਲੇ ਸਾਰੇ ਬੱਚਿਆਂ ਅਤੇ ਅਧਿਆਪਕਾਂ ਦੀ ਹੌਂਸਲਾ ਅਫਜ਼ਾਈ ਕੀਤੀ।

## ਪੰਜਾਬ ਰੋਡਵੇਜ਼/ਪਨਬੱਸ ਮੁਲਾਜ਼ਮਾਂ ਦੀ ਸਾਂਝੀ ਐਕਸ਼ਨ ਕਮੇਟੀ ਦੀ ਮੀਟਿੰਗ

### 4 ਜਨਵਰੀ ਨੂੰ ਟਰਾਂਸਪੋਰਟ ਮੰਤਰੀ ਦੇ ਹਲਕੇ 'ਚ ਰੋਸ ਰੈਲੀ ਕਰਨ ਦਾ ਫੈਸਲਾ

**ਜਲੰਧਰ (ਰਾਜੇਸ਼ ਥਾਪਾ)**-ਪੰਜਾਬ ਰੋਡਵੇਜ਼/ਪਨਬੱਸ ਮੁਲਾਜ਼ਮਾਂ ਦੀ ਸਾਂਝੀ ਐਕਸ਼ਨ ਕਮੇਟੀ ਵੱਲੋਂ ਜਲੰਧਰ ਵਿਖੇ ਮੰਗਲਵਾਰ ਪ੍ਰੈੱਸ ਕਾਨਫ਼ਰੰਸ ਕੀਤੀ ਗਈ, ਜਿਸ ਵਿੱਚ ਸਾਂਝੀ ਐਕਸ਼ਨ ਕਮੇਟੀ ਦੇ ਬੁਲਾਰਿਆਂ ਵੱਲੋਂ ਦੱਸਿਆ ਗਿਆ ਕਿ ਵਿਭਾਗ ਵਿੱਚ ਵੱਖ-ਵੱਖ ਕੈਟਾਗਰੀਆਂ ਦੀਆਂ ਪ੍ਰੋਮੋਸ਼ਨਾਂ ਲੰਮੇ ਸਮੇਂ ਤੋਂ ਪੈਂਡਿੰਗ ਹਨ। ਵਿਭਾਗ ਵਿੱਚ ਵੱਖ-ਵੱਖ ਕੈਟਾਗਰੀਆਂ (ਡਰਾਈਵਰ, ਕੰਡਕਟਰ, ਵਰਕਸ਼ਾਪ ਅਤੇ ਦਫ਼ਤਰੀ) ਬਹੁਤ ਪੋਸਟਾਂ ਖਾਲੀ ਪਈਆਂ ਹਨ, ਪਰ ਵਿਭਾਗ ਦੇ ਉੱਚ ਅਧਿਕਾਰੀਆਂ ਵੱਲੋਂ ਪ੍ਰੋਮੋਸ਼ਨਾਂ ਨਹੀਂ ਕੀਤੀਆਂ ਜਾ ਰਹੀਆਂ। ਸਾਂਝੀ ਐਕਸ਼ਨ ਕਮੇਟੀ ਵੱਲੋਂ ਡਾਇਰੈਕਟਰ ਸਟੇਟ ਟਰਾਂਸਪੋਰਟ ਤੋਂ ਮੀਟਿੰਗ ਲਈ ਵਾਰ-ਵਾਰ ਸਮਾਂ ਮੰਗਣ 'ਤੇ 14 ਨਵੰਬਰ ਦੀ ਮੀਟਿੰਗ ਦਿੱਤੀ ਗਈ, ਪਰ ਬਿਨਾਂ ਕਿਸੇ ਜਾਇਜ਼ ਕਾਰਨ ਤੋਂ ਮੀਟਿੰਗ ਰੱਦ ਕਰਕੇ 28 ਨਵੰਬਰ ਕਰ ਦਿੱਤੀ ਗਈ। 28 ਨਵੰਬਰ ਨੂੰ ਡਾਇਰੈਕਟਰ ਸਟੇਟ ਟਰਾਂਸਪੋਰਟ ਰਾਜੀਵ ਕੁਮਾਰ ਗੁਪਤਾ ਆਈ ਏ ਐੱਸ ਦਾ ਰਵੱਈਆ ਸਾਂਝੀ ਐਕਸ਼ਨ ਕਮੇਟੀ ਨਾਲ ਬਹੁਤ ਗਲਤ ਸੀ। ਸਾਂਝੀ ਐਕਸ਼ਨ ਕਮੇਟੀ ਵੱਲੋਂ ਕਰਜ਼ਾ ਮੁਕਤ ਬੱਸਾਂ ਨੂੰ ਸਟਾਫ਼ ਸਮੇਤ ਪੰਜਾਬ ਰੋਡਵੇਜ਼ ਵਿੱਚ ਸ਼ਾਮਲ ਕਰਨ ਲਈ ਵਾਰ-ਵਾਰ ਮੰਗ ਕੀਤੀ ਜਾ ਰਹੀ ਹੈ। ਸਰਕਾਰ ਵੱਲੋਂ ਪੰਜਾਬ ਰੋਡਵੇਜ਼ ਵਿੱਚ ਅਜੇ ਤੱਕ ਇੱਕ ਵੀ ਨਵੀਂ ਬੱਸ ਨਹੀਂ ਪਾਈ ਗਈ। ਸਰਕਾਰ ਵੱਲੋਂ ਔਰਤਾਂ ਸਮੇਤ ਹੋਰ ਕਈ ਕੈਟਾਗਰੀਆਂ ਨੂੰ ਫਰੀ ਸਫ਼ਰ ਦੀ ਸਹੂਲਤ ਦਿੱਤੀ ਗਈ ਹੈ, ਪਰ ਬੱਸਾਂ ਦੀ ਨਫ਼ਰੀ ਘੱਟ ਹੋਣ ਕਰਕੇ ਔਰਤਾਂ ਸਮੇਤ ਬਾਕੀ ਲੋਕ ਵੀ ਪ੍ਰੇਸ਼ਾਨ ਹੋ ਰਹੇ ਹਨ। ਡਿਪੂਆਂ ਵਿੱਚ ਕਾਇਮ-ਮੁਕਾਮ ਜਨਰਲ ਮੈਨੇਜਰ ਲਗਾ ਕੇ ਪੰਜਾਬ ਰੋਡਵੇਜ਼ ਦਾ ਭੱਠਾ ਬਿਠਾਇਆ ਜਾ ਰਿਹਾ ਹੈ। ਜਨਰਲ ਮੈਨੇਜਰਾਂ ਦੀਆਂ ਚਾਰ ਪੱਕੀਆਂ ਪੋਸਟਾਂ ਲੰਮੇ ਸਮੇਂ ਤੋਂ ਖਾਲੀ ਪਈਆਂ ਹਨ। ਜਨਰਲ ਮੈਨੇਜਰਾਂ ਸਮੇਤ ਹੋਰ ਸਟਾਫ਼ ਦੀ ਵੀ ਕਾਫ਼ੀ ਘਾਟ ਹੈ, ਪਰ ਸਰਕਾਰ ਵੱਲੋਂ ਕੋਈ ਵੀ ਭਰਤੀ ਨਹੀਂ ਕੀਤੀ ਜਾ ਰਹੀ, ਸਗੋਂ ਇਸ ਦੇ ਉਲਟ ਜਾ ਕੇ ਪੰਜਾਬ ਰੋਡਵੇਜ਼ ਦੇ ਕਮਾਊ ਅਦਾਰੇ ਨੂੰ ਬੰਦ ਕਰਨ ਦੀਆਂ ਤਜਵੀਜ਼ਾਂ ਬਣਾਈਆਂ ਜਾ ਰਹੀਆਂ ਹਨ। ਸਟਾਫ਼ ਦੀ ਘਾਟ ਦੇ ਕਾਰਨ ਪੰਜਬ ਰੋਡਵੇਜ਼ ਦੇ ਰੋਜ਼ਾਨਾ ਤਕਰੀਬਨ 1.5 ਲੱਖ ਕਿਲੋਮੀਟਰ ਮਿਸ ਹੋ ਰਹੇ ਹਨ। ਪੰਜਾਬ ਸਰਕਾਰ ਵੱਲੋਂ ਵੱਡੇ-ਵੱਡੇ ਬੈਨਰ ਲਗਾ ਕੇ ਪੱਕੀਆਂ ਨੌਕਰੀਆਂ ਦੇਣ ਦੀ ਮਸ਼ਹੂਰੀ ਕੀਤੀ ਜਾ ਰਹੀ ਹੈ, ਪਰ ਪੰਜਾਬ ਰੋਡਵੇਜ਼ ਵਿੱਚ ਸਟਾਫ਼ ਦੀ ਘਾਟ ਨੂੰ ਪੂਰਾ ਨਹੀਂ ਕੀਤਾ ਜਾ ਰਿਹਾ। ਸਰਕਾਰ ਵੱਲੋਂ ਭ੍ਰਿਸ਼ਟਾਚਾਰ ਖ਼ਤਮ ਕਰਨ ਅਤੇ ਗ੍ਰਿਫ਼ਤਾਰੀਆਂ ਦੇ ਬੋਰਡ ਤਾਂ ਲਗਾਏ ਜਾ ਰਹੇ ਹਨ, ਪਰ ਪੰਜਾਬ ਰੋਡਵੇਜ਼ ਵਿੱਚ ਭ੍ਰਿਸ਼ਟਾਚਾਰ ਅੱਗੇ ਨਾਲੋਂ ਵੀ ਵਧ ਗਿਆ ਹੈ। ਪੰਜਾਬ ਰੋਡਵੇਜ਼ ਵਿੱਚ ਧੜੱਲੇ ਨਾਲ ਭ੍ਰਿਸ਼ਟਾਚਾਰ ਹੋ ਰਿਹਾ ਹੈ। ਸਟਾਫ਼ ਦੀ ਘਾਟ ਦੱਸ ਕੇ ਹੀ ਐਡਵਾਂਸ ਬੁਕਿੰਗ ਬੰਦ ਕੀਤੀ ਗਈ ਹੈ, ਜਿਸ ਦਾ ਪੰਜਾਬ ਰੋਡਵੇਜ਼ ਨੂੰ ਬਹੁਤ ਨੁਕਸਾਨ ਹੋ ਰਿਹਾ ਹੈ। ਸਪੈਸ਼ਨ ਉਪਰੇਸ਼ਨ ਧੜੱਲੇ ਨਾਲ ਚੱਲ ਰਿਹਾ ਹੈ, ਜੋ ਸਰਕਾਰ ਨੂੰ ਦੋਹਰੀ ਮਾਰ ਮਾਰ ਰਿਹਾ ਹੈ। ਇਸ ਤਰ੍ਹਾਂ ਇੱਕ ਤਾਂ ਪੰਜਾਬ ਰੋਡਵੇਜ਼/ ਪਨਬੱਸ ਅਤੇ ਪੀ ਆਰ ਟੀ ਸੀ ਦੀ ਆਮਦਨ ਨੂੰ ਖੋਰਾ ਲੱਗ ਰਿਹਾ ਹੈ, ਦੂਜਾ ਇਸ ਦਾ ਮੋਟਰ ਵਹੀਕਲ ਟੈਕਸ ਸਰਕਾਰ ਦੇ ਖ਼ਜ਼ਾਨੇ ਵਿੱਚ ਜਮ੍ਹਾਂ ਨਹੀਂ ਹੋ ਰਿਹਾ। ਕੱਚੇ ਕਾਮਿਆਂ ਨੂੰ ਪੱਕੇ ਕਰਨ ਦਾ ਸਰਕਾਰ ਦਾ ਵਾਅਦਾ ਠੰਢੇ ਬਸਤੇ ਵਿੱਚ ਰੱਖਿਆ ਹੋਇਆ ਹੈ। ਕੱਚੇ ਕਾਮਿਆਂ ਨੂੰ ਪੱਕਾ ਕਰਨ ਦੀ ਸਰਕਾਰ ਦੀ ਨੀਅਤ ਨਹੀਂ, ਇਸ ਦੇ ਉਲਟ ਸਰਕਾਰ ਪੰਜਾਬ ਰੋਡਵੇਜ਼ ਵਿੱਚ ਅਸਾਮੀਆਂ ਦੀ ਮੁੜ ਬਣਤਰ ਕਰਨ ਦੇ ਨਾਂਅ 'ਤੇ ਲੱਗਭੱਗ 3300 ਅਸਾਮੀਆਂ ਖ਼ਤਮ ਕਰਨ ਦੀ ਤਿਆਰੀ ਵਿੱਚ ਹੈ। ਕੱਚੇ ਕਰਮਚਾਰੀਆਂ ਨੂੰ ਇਸ ਵਿਭਾਗ ਵਿੱਚ ਕੰਮ ਕਰਦਿਆਂ ਲੱਗਭੱਗ 17 ਸਾਲ ਦਾ ਸਮਾਂ ਹੋ ਗਿਆ ਹੈ। ਸਾਂਝੀ ਐਕਸ਼ਨ ਕਮੇਟੀ ਕੱਚੇ ਕਾਮਿਆਂ ਨੂੰ ਪੱਕਾ ਕਰਨ ਦੀ ਜ਼ੋਰਦਾਰ ਮੰਗ ਕਰਦੀ ਹੈ। ਪੰਜਾਬ ਰੋਡਵੇਜ਼ ਦੇ 18 ਡਿਪੂਆਂ ਵਿੱਚ ਦਫ਼ਤਰੀ ਸਟਾਫ਼ ਦੀ ਘਾਟ ਹੈ, ਜਿਸ ਕਾਰਨ ਇੱਕ ਕਰਮਚਾਰੀ ਨੂੰ ਤਿੰਨ-ਤਿੰਨ ਸੀਟਾਂ ਦਾ ਕੰਮ ਕਰਨਾ ਪੈ ਰਿਹਾ ਹੈ। ਮੁੱਖ ਦਫ਼ਤਰ ਅਤੇ ਡਿਪੂਆਂ ਦੀਆਂ ਪ੍ਰੋਮੋਸ਼ਨਾਂ ਵਿੱਚ ਕਾਫ਼ੀ ਅੰਤਰ ਹੈ। ਮੁੱਖ ਦਫ਼ਤਰ ਵਿਖੇ ਤਾਇਨਾਤ ਕਰਮਚਾਰੀ ਸਮੇਂ ਸਿਰ ਪਦਉੱਨਤ ਹੋ ਰਹੇ ਹਨ ਅਤੇ ਵਿੱਤੀ ਲਾਭ ਦਿੱਤਾ ਜਾ ਰਿਹਾ ਹੈ। ਇਸ ਲਈ ਸਾਂਝੀ ਐਕਸ਼ਨ ਕਮੇਟੀ ਮੰਗ ਕਰਦੀ ਹੈ ਕਿ ਮੁੱਖ ਦਫ਼ਤਰ ਅਤੇ ਡਿਪੂਆਂ ਦੀ ਸੀਨੀਆਰਤਾ ਸੂਚੀ ਇੱਕ ਕੀਤੀ ਜਾਵੇ। ਹਾਈ ਕੋਰਟ ਵੱਲੋਂ ਮਿਤੀ 20-12-2016 ਦਾ ਫ਼ੈਸਲਾ ਵੀ ਸਰਕਾਰ ਵੱਲੋਂ ਪੂਰਨ ਤੌਰ 'ਤੇ ਲਾਗੂ ਨਹੀਂ ਕੀਤਾ ਗਿਆ। ਵਿਭਾਗ ਵਿੱਚ ਵਧ ਰਹੀਆਂ ਪੇ ਅਨਾਮਲੀਆਂ ਦਾ ਵੀ ਕੋਈ ਹੱਲ ਨਹੀਂ ਕੀਤਾ ਜਾਂਦਾ। ਜਿੱਥੇ ਡਿਪੂਆਂ ਵਿੱਚ ਵਰਕਸ਼ਾਪ ਕਾਮਿਆਂ ਦੀ ਘਾਟ ਹੈ, ਉਥੇ ਵਰਕਸ਼ਾਪਾਂ ਦੀ ਹਾਲਤ ਕਾਫ਼ੀ ਖਰਾਬ ਹੈ। ਸਾਂਝੀ ਐਕਸ਼ਨ ਕਮੇਟੀ ਵਰਕਸ਼ਾਪਾਂ ਦੇ ਸੁਧਾਰ ਲਈ ਲੰਮੇ ਸਮੇਂ ਤੋਂ ਮੰਗ ਕਰ ਰਹੀ ਹੈ, ਜਿਸ ਵੱਲ ਸਰਕਾਰ ਦਾ ਕੋਈ ਧਿਆਨ ਨਹੀਂ ਹੈ। ਸਾਂਝੀ ਐਕਸ਼ਨ ਕਮੇਟੀ ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਰਾਹੀਂ ਉਪਰੋਕਤ ਦਰਸਾਈਆਂ ਮੰਗਾਂ ਨੂੰ ਪੂਰਾ ਕਰਨ ਦੀ ਜ਼ੋਰਦਾਰ ਅਪੀਲ ਕਰਦੀ ਹੈ। ਜੇਕਰ ਸਰਕਾਰ ਵੱਲੋਂ ਉਕਤ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਪੰਜਾਬ ਰੋਡਵੇਜ਼/ਪਨਬੱਸ ਸਾਂਝੀ ਐਕਸ਼ਨ ਕਮੇਟੀ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ। 9 ਦਸੰਬਰ ਤੋਂ ਗੇਟ ਮੀਟਿੰਗਾਂ ਤੇ 4 ਜਨਵਰੀ ਨੂੰ ਟਰਾਂਸਪੋਰਟ ਮੰਤਰੀ ਦੇ ਹਲਕੇ 'ਚ ਰੋਸ ਰੈਲੀ ਕੀਤੀ ਜਾਵੇਗੀ।


## ਉੱਤਰ ਰੇਲਵੇ

### ਏਕਲ ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਟੀ.ਆਰ./ ਉੱਤਰ ਰੇਲਵੇ, ਜੰਮੂ ਤਵੀ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵੱਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ ਏਕਲ ਨਿਵਿਦਾ | ਅੰਦਾਜਨ ਲਾਗਤ (ਰੁ) | ਬਿਆਨਾ ਰਾਸ਼ੀ (ਰੁ) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| 251J-Elect-C-1-2024-25 | (03) ਤਿੰਨ ਸਾਲਾਂ ਦੇ ਲਈ ਜੇ ਏ ਟੀ ਅਤੇ ਐਸ ਵੀ ਡੀ ਕੇ ਡਿਪੋ ਵਿਚ ਪਾਵਰ ਕਾਰਾਂ ਅਤੇ ਐਲ ਐਸ ਐਲ ਆਰ ਡੀ ਵਿਚ ਸਥਾਪਿਤ ਮੇਸਰਸ ਕਮਿੰਸ ਕਮਿੰਸ ਇੰਡੀਆ ਲਿਮਿਟਡ ਦੇ ਡੀਜੀ ਸੇਟ ਦਾ ਟ੍ਰਿਪ ਮੇਂਟਨੇਂਸ (ਏ ਚੇਕ) (ਬੀ- ਚੇਕ) ਅਤੇ (ਸੀ-ਚੇਕ) ਅਤੇ ਅਸਕਾਰਟਿੰਗ ਆਨ-ਬੋਰਡ ਆਪਰੇਸ਼ਨ ਦਾ ਸ਼ੇਡਯੂਲ ਰਖਰਖਾਅ ਕਾਂਟਰੈਕਟ, (ਏਕਲ ਨਿਵਿਦਾ) | 7,06,64,548.05 | 503300.00 | 06 Months | 27.12.2024 after 15:00 Hrs | www.ireps.gov.in |
| 251J-Elect-C-2-2024-25 | (03) ਤਿੰਨ ਸਾਲ ਦੇ ਸਮੇਂ ਦੇ ਲਈ ਜੇ ਏ ਟੀ ਅਤੇ ਐਸਵੀਡੀਕੇ ਡਿਪੋ ਦੇ ਪਾਵਰ ਕਾਰਾਂ ਵਿਚ ਗ੍ਰੀਵਸ ਦੇ 500 ਕੇਵੀਏ ਡੀਏ ਜੇਨਰੇਟਰ ਸੇਟ ਦੀ ਵਿਆਪਕ ਏਐਮਸੀ, ਡੀਜੀ ਸੇਟਾਂ ਦੇ ਰਸਤੇ ਵਿਚ ਅਸਕਾਰਟ ਅਤੇ ਸੰਚਾਲਨ ਦੇ ਨਾਲ ਪਾਵਰ ਕਾਰਾਂ ਵਿਚ ਡੀਜਲ ਇੰਜਣ ਅਤੇ ਅਲਟਰਨੇਟਰ ਦੇ ਸ਼ਡਯੂਲ ਰਖਰਖਾਅ। ' (ਏਕਲ ਨਿਵਿਦਾ) | 4,48,68,175.96 | 374400.00 | 6 Months | 27.12.2024 after 15:00 Hrs | www.ireps.gov.in |
| 251J-Elect-C-3-2024-25 | 03 ਤਿੰਨ ਸਾਲ ਦੇ ਸਮੇਂ ਦੇ ਲਈ ਜੇ ਏ ਟੀ ਅਤੇ ਐਸਵੀਡੀਕੇ ਡਿਪੋ ਦੇ ਪਾਵਰ ਕਾਰਾਂ ਵਿਚ ਕਿਲ੍ਰੋਸਕਰ ਦੇ 500 ਕੇਵੀਏ ਡੀਏ ਜੇਨਰੇਟਰ ਸੇਟ ਦੀ ਵਿਆਪਕ ਡੀਜਲ ਇੰਜਣਾਂ ਅਤੇ ਪਾਵਰ ਕਾਰਾਂ ਵਿਚ ਇਸ ਦੇ ਅਲਟਰਨੇਟਰ ਦੇ ਸ਼ਡਯੂਲ ਰਖਰਖਾਅ ਦੇ ਲਈ ਨਾਲ ਹੀ ਜੇਏਟੀ ਅਤੇ ਐਸਵੀਡੀਕੇ ਡਿਪੋ ਵਿਚ ਡੀਜੀ ਸੇਟਾਂ ਦੇ ਰਸਤੇ ਵਿਚ ਅਸਕਾਰਟ ਅਤੇ ਸੰਚਾਲਨ। (ਏਕਲ ਨਿਵਿਦਾ) | 20875814.14 | 254400.00 | 6 Months | 27.12.2024 after 15:00 Hrs | www.ireps.gov.in |

ਨੰ. 251J-Elect/T.Notice No. C- 01-02-03-Elect/2024-25 ਤਾਰੀਕ: : 03.12.2024 — 3724/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

5-Dec-PAGE-3.qxd 12/4/2024 10:52 PM Page 1



# ਦੇਸ਼ ਭਗਤ ਕਾਮਰੇਡ ਦਲੀਪ ਸਿੰਘ ਟਪਿਆਲਾ ਦੀ 32ਵੀਂ ਬਰਸੀ ਮਨਾਈ

## ਮੋਦੀ ਸਰਕਾਰ ਦੀ ਘੱਟ-ਗਿਣਤੀਆਂ 'ਤੇ ਹਮਲਿਆਂ ਦੀ ਨੀਤੀ ਦੇਸ਼ ਵਿਰੋਧੀ : ਪਾਸਲਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਮਹਾਨ ਦੇਸ਼ ਭਗਤ ਤੇ ਕਿਸਾਨ ਲਹਿਰ ਦੇ ਮੋਢੀ ਘੁਲਾਟੀਏ ਕਾਮਰੇਡ ਦਲੀਪ ਸਿੰਘ ਟਪਿਆਲਾ ਦੀ 32ਵੀਂ ਬਰਸੀ ਉਹਨਾਂ ਦੇ ਜੱਦੀ ਪਿੰਡ ਟਪਿਆਲਾ ਵਿਖੇ ਫਿਰਕੂ ਫਾਸ਼ੀਵਾਦ ਖਿਲਾਫ ਵਿਚਾਰਧਾਰਕ ਘੋਲ ਪ੍ਰਚੰਡ ਕਰਨ ਅਤੇ ਕਿਸਾਨ ਮਜ਼ਦੂਰ ਲਹਿਰ 'ਤੇ ਹੋ ਰਹੇ ਹਮਲਿਆਂ ਵਿਰੁੱਧ ਲੋਕ ਉਭਾਰ ਪੈਦਾ ਕਰਨ ਲਈ ਭਰਵੀਂ ਰਾਜਸੀ ਕਾਨਫਰੰਸ ਕਰਵਾਈ ਗਈ! ਕਾਨਫਰੰਸ ਦੀ ਪ੍ਰਧਾਨਗੀ ਕੁਲਵੰਤ ਸਿੰਘ ਮੱਲੂਨੰਗਲ, ਵਿਰਸਾ ਸਿੰਘ ਟਪਿਆਲਾ, ਸੀਤਲ ਸਿੰਘ ਤਲਵੰਡੀ, ਸੁਰਜੀਤ ਸਿੰਘ ਦੁਧਰਾਏ, ਅਮਰਜੀਤ ਸਿੰਘ ਭੀਲੋਵਾਲ ਤੇ ਜੱਗਾ ਸਿੰਘ ਡੱਲਾ ਨੇ ਕੀਤੀ! ਕਾਨਫਰੰਸ ਦੇ ਆਗਾਜ਼ ਮੌਕੇ ਸਮੂਹ ਪਾਰਟੀ ਆਗੂਆਂ ਨੇ ਕਾਮਰੇਡ ਦਲੀਪ ਸਿੰਘ ਟਪਿਆਲਾ ਸਮੇਤ ਉਹਨਾਂ ਦੇ ਸਾਥੀਆਂ ਕਾਮਰੇਡ ਭੁੱਲਰ, ਕਾ. ਹਜ਼ਾਰਾ ਸਿੰਘ ਜੱਸੜ, ਕਾ. ਅੱਛਰ ਸਿੰਘ ਛੀਨਾ, ਕਾ. ਸੁਰਜਨ ਸਿੰਘ ਚੋਗਾਵਾਂ, ਕਾਮਰੇਡ ਚੰਨਣ ਸਿੰਘ ਭਿੱਟੇਵੱਡ, ਕਾਮਰੇਡ ਗੁਰਦਿਆਲ ਸਿੰਘ ਟਪਿਆਲਾ, ਮਜ਼ਦੂਰ ਲਹਿਰ ਦੇ ਸ਼ਹੀਦ ਸੁਖਦੇਵ ਸਿੰਘ (ਸੁੱਖਾ) ਟਪਿਆਲਾ ਤੇ ਕਿਸਾਨ ਮੋਰਚੇ ਦੇ ਸ਼ਹੀਦਾਂ ਨੂੰ ਇਨਕਲਾਬੀ ਸ਼ਰਧਾਂਜਲੀਆਂ ਭੇਟ ਕੀਤੀਆਂ। ਠਾਠਾਂ ਮਾਰਦੀ ਕਾਨਫਰੰਸ ਨੂੰ ਆਰ. ਐੱਮ. ਆਈ. ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਦੇ ਕਾਰਜਕਾਲ 'ਚ ਜਿਹੜਾ ਮਸਜਿਦਾਂ-ਮਸੀਤਾਂ ਢਾਹ ਕੇ ਮੰਦਰ ਬਣਾਉਣ ਦਾ ਸਿਲਸਿਲਾ ਸ਼ੁਰੂ ਕੀਤਾ ਉਹ ਦੇਸ਼ ਦੀ ਏਕਤਾ ਤੇ



ਅਖੰਡਤਾ ਲਈ ਗੰਭੀਰ ਖਤਰਾ ਹੈ। ਇਹ ਕਾਰਾ ਗੈਰ-ਸੰਵਿਧਾਨਕ ਹੈ ਅਤੇ ਗੈਰ-ਸਮਾਜਿਕ ਵੀ ਹੈ। ਸਾਥੀ ਪਾਸਲਾ ਨੇ ਅੱਗੇ ਦੱਸਿਆ ਕਿ ਅਸਲ 'ਚ ਬੀਜੇਪੀ ਦੀ ਮੋਦੀ ਸਰਕਾਰ ਲੋਕਾਂ ਦੇ ਮੁੱਦੇ ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਆਦਿਕ ਮਸਲਿਆਂ ਤੋਂ ਲੋਕਾਂ ਦਾ ਧਿਆਨ ਹਟਾਉਣ ਲਈ ਵੀ ਫਿਰਕੂਵਾਦ ਨੂੰ ਹਵਾ ਦੇ ਰਹੀ ਹੈ! ਸੁਰਜੀਤ ਸਿੰਘ ਦੁਧਰਾਏ, ਗੁਰਨਾਮ ਸਿੰਘ ਉਮਰਪੁਰਾ ਤੇ ਅਮਰਜੀਤ ਸਿੰਘ ਭੀਲੋਵਾਲ ਨੇ ਵੀ ਕਾਨਫਰੰਸ ਨੂੰ ਸੰਬੋਧਨ ਕੀਤਾ। ਔਰਤ ਮੁਕਤੀ ਮੋਰਚੇ ਦੀਆਂ ਆਗੂਆਂ ਸਰਬਜੀਤ ਕੌਰ ਜਸਰਾਊਰ, ਦਲਜੀਤ ਕੌਰ, ਮੋਹਨ ਭੰਡਾਰੀ ਤੇ ਸੁਖਵੰਤ ਕੌਰ ਨਵਾਂਜੀਵਨ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਆਪਣੇ ਸਾਰੇ ਵਾਅਦਿਆਂ ਤੇ ਗਰੰਟੀਆਂ ਤੋਂ ਭੱਜ ਚੁੱਕੀ ਹੈ। ਕਾਨਫਰੰਸ 'ਚ ਸ਼ਹੀਦ ਭਗਤ ਨੌਜਵਾਨ ਸਭਾ ਦੇ ਆਗੂਆਂ ਸਤਵਿੰਦਰ ਸਿੰਘ ਉੱਠੀਆਂ, ਜੱਗਾ ਸਿੰਘ ਡੱਲਾ, ਗਾਇਕ ਗੁਰਪਾਲ ਗਿੱਲ ਸੈਦਪੁਰ ਤੇ ਸੁੱਚਾ ਸਿੰਘ ਘੋਗਾ ਨੇ ਕੜਕਦੀ ਅਵਾਜ਼ ਵਿਚ ਕਿਹਾ ਕਿ ਨੌਜਵਾਨੋ ਪੰਜਾਬ ਨੂੰ ਸਿਹਤਮੰਦ ਬਣਾਉਣ, ਸਮਾਜਿਕ ਬੁਰਾਈਆਂ ਖਤਮ ਕਰਨ ਤੋਂ ਇਲਾਵਾ ਸਿੱਖਿਆ ਸਿਹਤ ਤੇ ਰੁਜ਼ਗਾਰ ਨੂੰ ਮੌਲਿਕ ਅਧਿਕਾਰਾਂ ਵਿਚ ਸ਼ਾਮਿਲ ਕਰਵਾਉਣ ਲਈ ਸਰਕਾਰ ਤੇ ਵੱਧ ਤੋਂ ਵੱਧ ਦਬਾਅ ਪਾਉਣ ਲਈ ਸੰਘਰਸ਼ਾਂ ਦੇ ਪਿੜ ਮੱਲੀਏ ! ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਰੁਪਿੰਦਰ ਸਿੰਘ ਰੂਬੀ, ਸਮਾਜ ਸੇਵਕ ਬਲਬੀਰ ਸਿੰਘ ਕੱਕੜ, ਦੇਸਾ ਸਿੰਘ ਭਿੰਡੀ ਔਲਖ, ਵਿਸਾਖਾ ਸਿੰਘ ਭਗਵਾਂ, ਬਿਕਰਮਜੀਤ ਸਿੰਘ ਕੁਹਾਲੀ, ਬਲਦੇਵ ਸਿੰਘ ਤੇ ਦਿਲਬਾਗ ਸਿੰਘ ਚਵਿੰਡਾ, ਟਹਿਲ ਸਿੰਘ ਚੇਤਨਪੁਰਾ ਨੇ ਵੀ ਆਪਣੇ ਵਿਚਾਰ ਰੱਖੇ। ਅੰਤ ਵਿਚ ਹੁੰਮ-ਹੁਮਾ ਕੇ ਆਏ ਲੋਕਾਂ ਦਾ ਵਿਰਸਾ ਸਿੰਘ ਟਪਿਆਲਾ ਨੇ ਤਹਿ ਦਿਲੋਂ ਧੰਨਵਾਦ ਕੀਤਾ।

## ਸੁਖਬੀਰ ਸਿੰਘ ਬਾਦਲ 'ਤੇ ਹਮਲੇ ਦੀ ਐਡਵੋਕੇਟ ਧਾਮੀ ਵੱਲੋਂ ਕਰੜੀ ਨਿੰਦਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਬਾਹਰ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਕਰੜੀ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਪਾਵਨ ਅਸਥਾਨ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਲੱਗੀ ਧਾਰਮਿਕ ਸੇਵਾ ਨਿਭਾਉਂਦਿਆਂ ਸੁਖਬੀਰ ਸਿੰਘ ਬਾਦਲ ਨੂੰ ਨਿਸ਼ਾਨੇ 'ਤੇ ਲੈਣਾ ਬੇਹੱਦ ਦੁਖਦਾਈ ਅਤੇ ਗ਼ੈਰ-ਇਖ਼ਲਾਕੀ ਕਰਵਾਈ ਹੈ। ਹਿੰਸਕ ਪ੍ਰਵਿਰਤੀ ਨਾਲ ਕੀਤਾ ਗਿਆ ਹਮਲਾ ਸ੍ਰੀ ਦਰਬਾਰ ਸਾਹਿਬ ਦੀ ਧਾਰਮਿਕ ਆਭਾ 'ਤੇ ਵੀ ਹਮਲਾ ਕਿਹਾ ਜਾ ਸਕਦਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਇਹ ਪ੍ਰੰਪਰਾ ਰਹੀ ਹੈ ਕਿ ਉਹ ਕਿਸੇ ਵੀ ਪੰਥਕ ਅਵੱਗਿਆ ਦਾ ਨੋਟਿਸ ਲੈ ਕੇ ਧਾਰਮਿਕ ਸਜ਼ਾ ਦਾ ਆਦੇਸ਼ ਕਰਦਾ ਹੈ, ਜਿਸ ਨੂੰ ਨਿਮਾਣੇ ਸਿੱਖ ਵਾਂਗ ਮੰਨਣਾ ਹਰ ਇਕ ਸਿੱਖ ਦਾ ਫ਼ਰਜ਼ ਹੈ। ਅਜਿਹੀ ਹੀ ਪਾਲਣਾ ਆਪਣੀ ਧਾਰਮਿਕ ਤਨਖ਼ਾਹ ਪੂਰੀ ਕਰਨ ਦੌਰਾਨ ਸ. ਸੁਖਬੀਰ ਸਿੰਘ ਬਾਦਲ ਸਮਰਪਤ ਹੋ ਕੇ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਦੌਰਾਨ ਬਾਦਲ 'ਤੇ ਹਮਲਾ ਕਰਨਾ ਜਿਥੇ ਪੰਥ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਅਤੇ ਗ਼ੈਰ-ਮਨੁੱਖੀ ਹਰਕਤ ਹੈ, ਉਥੇ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੀ ਸਿੱਧੇ ਤੌਰ 'ਤੇ ਤੌਹੀਨ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬਾਦਲ 'ਤੇ ਹੋਇਆ ਇਹ ਹਮਲਾ ਪੰਜਾਬ ਸਰਕਾਰ ਅਤੇ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਅਤੇ ਪੰਜਾਬ ਦੇ ਅਮਨ ਕਾਨੂੰਨ ਦੇ ਹਾਲਾਤ 'ਤੇ ਵੀ ਵੱਡੇ ਸਵਾਲ ਪੈਦਾ ਕਰਦਾ ਹੈ। ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਉਹ ਆਪਣੀ ਜ਼ੁੰਮੇਵਾਰੀ ਨਿਭਾਉਂਦਿਆਂ ਧਾਰਮਿਕ ਸੇਵਾ ਦੌਰਾਨ ਹਰ ਅਕਾਲੀ ਆਗੂ ਦੀ ਸੁਰੱਖਿਆ ਨੂੰ ਯਕੀਨੀ ਬਣਾਏ।

# ਸਿੱਖਿਆ ਤੇ ਸਿਹਤ ਦੇ ਖੇਤਰ 'ਚ ਪੰਜਾਬ ਬਣੇਗਾ ਮੋਹਰੀ ਸੂਬਾ : ਈ ਟੀ ਓ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਅੱਜ ਜੰਡਿਆਲਾ ਹਲਕੇ ਨਾਲ ਸਬੰਧਿਤ ਬਲਾਕ ਤਰਸਿੱਕਾ ਦੇ ਪਿੰਡ ਡੇਹਰੀਵਾਲ ਸਥਿਤ ਸਰਕਾਰੀ ਸਕੂਲ ਦਾ ਅਚਨਚੇਤ ਦੌਰਾ ਕੀਤਾ ।ਉਹਨਾਂ ਨੇ ਇਸ ਮੌਕੇ ਦੋਵਾਂ ਸਕੂਲਾਂ ਵੱਲੋਂ ਦਿੱਤੀਆਂ ਜਾ ਰਹੀਆਂ ਸਰਕਾਰੀ ਸਹੂਲਤਾਂ ਦੇ ਵੇਰਵੇ ਲਏ ।ਡੇਹਰੀਵਾਲ ਸਕੂਲ ਵਿੱਚ ਉਹਨਾਂ ਨੇ ਬੱਚਿਆਂ ਨਾਲ ਪੜ੍ਹਾਈ, ਖੇਡਾਂ ਅਤੇ ਸਹਾਇਕ ਗਤੀਵਿਧੀਆਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਲਈ। ਇਸ ਤੋਂ ਇਲਾਵਾ ਉਹਨਾਂ ਬੱਚਿਆਂ ਨੂੰ ਕਈ ਸਵਾਲ ਪੁੱਛ ਕੇ ਉਹਨਾਂ ਦੇ ਪੜ੍ਹਾਈ ਦੇ ਪੱਧਰ ਬਾਰੇ ਜਾਨਣ ਦੀ ਕੋਸ਼ਿਸ਼ ਕੀਤੀ।ਇਸ ਮੌਕੇ ਕੈਬਨਿਟ ਮੰਤਰੀ ਨੇ ਬੱਚਿਆਂ ਨੂੰ ਮੁਖਾਤਿਬ ਹੁੰਦੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸੁਪਨਾ ਹੈ ਕਿ ਪੰਜਾਬ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਦੇਸ਼ ਭਰ ਦੀ ਅਗਵਾਈ ਕਰੇ ਅਤੇ ਇਸ ਲਈ ਸਾਡੀ ਸਰਕਾਰ ਦੀਆਂ ਕੋਸ਼ਿਸ਼ਾਂ ਲਗਾਤਾਰ ਜਾਰੀ ਹਨ।ਉਹਨਾਂ ਕਿਹਾ ਕਿ ਸਿੱਖਿਆ ਵਿੱਚ ਸੁਧਾਰ ਵੱਡੇ ਪੱਧਰ ਤੇ ਹੋਏ ਹਨ ਅਤੇ ਹੋ ਵੀ ਰਹੇ ਹਨ ਪਰ ਇਸ ਵਿੱਚ ਪੂਰਨ ਕਾਮਯਾਬੀ ਬੱਚਿਆਂ ਦੀ ਇੱਛਾ ਅਤੇ



ਮਾਪਿਆਂ ਦੇ ਸਹਿਯੋਗ ਤੋਂ ਬਿਨਾਂ ਹੋਣੀ ਅਸੰਭਵ ਹੈ।ਉਹਨਾਂ ਅਧਿਆਪਕਾਂ ਨਾਲ ਵੀ ਖੁੱਲ ਕੇ ਗੱਲਬਾਤ ਕੀਤੀ ਅਤੇ ਉਹਨਾਂ ਕੋਲੋਂ ਸਰਕਾਰ ਦੀਆਂ ਕੋਸ਼ਿਸ਼ਾਂ ਅਤੇ ਉਹਨਾਂ ਦੇ ਨਤੀਜੀਆਂ ਬਾਰੇ ਜਾਣਕਾਰੀ ਲਈ।ਇਸ ਮੌਕੇ ਪਿੰਡ ਡੇਹਰੀਵਾਲ ਦੇ ਨੌਜਵਾਨ ਸਰਪੰਚ ਪਰਮਿੰਦਰ ਸਿੰਘ ਡੇਹਰੀਵਾਲ ਅਤੇ ਹੋਰ ਪਤਵੰਤੇ ਵੀ ਉਹਨਾਂ ਨਾਲ ਹਾਜ਼ਰ ਸਨ।

## ਦੋਰਾਂਗਲਾ-ਬਹਿਰਾਮਪੁਰ ਰੋਡ ਦੀਆਂ ਮਿੰਨੀ ਬੱਸਾਂ ਨਵੇਂ ਅੱਡੇ ਤੱਕ ਨਾ ਜਾਣ ਕਾਰਨ ਸਵਾਰੀਆਂ ਪ੍ਰੇਸ਼ਾਨ



**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ ਸ਼ਹਿਰ ਤੋਂ ਦੋਰਾਂਗਲਾ-ਬਹਿਰਾਮਪੁਰ ਆਦਿ ਕਸਬਿਆਂ ਨੂੰ ਜਾਣ ਵਾਲੀਆਂ ਮਿੰਨੀ ਬੱਸਾਂ ਨਵੇਂ ਬੱਸ ਅੱਡੇ 'ਤੇ ਨਾ ਜਾਣ ਕਾਰਨ ਸਵਾਰੀਆਂ ਵਿਚ ਇਨ੍ਹਾਂ ਬੱਸ ਅਪ੍ਰੇਟਰਾਂ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕੁਝ ਸਵਾਰੀਆਂ ਨੇ ਦੱਸਿਆ ਕਿ ਕਸਬਾ ਦੋਰਾਂਗਲਾ, ਗਾਹਲੜੀ, ਬਹਿਰਾਮਪੁਰ ਆਦਿ ਨੂੰ ਜਾਣ ਵਾਸਤੇ ਉਨ੍ਹਾਂ ਨੂੰ ਪੈਦਲ ਜਾਂ ਈ-ਰਿਕਸ਼ਾ ਰਾਹੀਂ ਦੋਰਾਂਗਲਾ ਰੋਡ 'ਤੇ ਖੜ੍ਹੀ ਬੱਸ ਲੈਣੀ ਪੈਂਦੀ ਹੈ ਜਦੋਂਕਿ ਇਥੇ ਅਧਿਕਾਰਤ ਬੱਸ ਅੱਡਾ ਨਹੀਂ ਹੈ ਅਤੇ ਨਾ ਹੀ ਇਥੇ ਸਵਾਰੀਆਂ ਲਈ ਕੋਈ ਸ਼ੈੱਡ, ਬੈਂਚ ਆਦਿ ਮੌਜੂਦ ਹਨ। ਉਨ੍ਹਾਂ ਕਿਹਾ ਨਵੇਂ ਬੱਸ ਅੱਡੇ ਗੁਰਦਾਸਪੁਰ ਵਿਖੇ ਦੋਰਾਂਗਲਾ, ਬਹਿਰਾਮਪੁਰ, ਗਾਹਲੜੀ ਆਦਿ ਨੂੰ ਜਾਣ ਵਾਸਤੇ ਵੱਖਰਾ ਕਾਊਂਟਰ ਬਣਿਆ ਹੋਇਆ ਹੈ ਪਰ ਬੱਸਾਂ ਨਵੇਂ ਅੱਡੇ 'ਤੇ ਨਾ ਆਉਣ ਕਾਰਨ ਇਹ ਕਾਊਂਟਰ ਖ਼ਾਲੀ ਪਿਆ ਰਹਿੰਦਾ ਹੈ। ਜੋ ਸਵਾਰੀਆਂ ਦੂਰ ਦੁਰਾਡਿਓਂ ਆਉਂਦੀਆਂ ਹਨ ਉਨ੍ਹਾਂ ਨੂੰ ਦੋਰਾਂਗਲਾ ਅਤੇ ਬਹਿਰਾਮਪੁਰ ਦੀ ਬੱਸ ਫੜਨ ਲਈ ਬੱਸ ਅੱਡ ਤੋਂ ਸਪੈਸ਼ਲ ਈ ਰਿਕਸ਼ਾ ਕਰਨਾ ਪੈਂਦਾ ਹੈ ਜਿਸ ਕਾਰਨ ਉਨ੍ਹਾਂ ਨੂੰ ਵੱਖਰਾ ਕਿਰਾਇਆ ਵੀ ਖਰਚ ਕਰਨਾ ਪੈਂਦਾਂ ਹੈ ਜਦੋਂਕਿ ਬਾਕੀ ਸਾਰੇ ਅੱਡਿਆਂ ਦੀਆਂ ਵੱਡੀਆਂ ਅਤੇ ਮਿੰਨੀ ਬੱਸਾਂ ਨਵੇਂ ਬੱਸ ਅੱਡੇ 'ਤੇ ਕਾਊਂਟਰ 'ਤੇ ਲਗਦੀਆਂ ਹਨ। ਸਵਾਰੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਡੀ.ਟੀ.ਓ. ਆਦਿ ਤੋਂ ਮੰਗ ਕੀਤੀ ਕਿ ਇਨ੍ਹਾਂ ਮਿੰਨੀ ਬੱਸਾਂ ਦੇ ਅਪ੍ਰੇਟਰਾਂ ਨੂੰ ਨਵੇਂ ਬੱਸ ਅੱਡੇ ਤੱਕ ਸਵਾਰੀਆਂ ਛੱਡਣ ਅਤੇ ਨਵੇਂ ਬੱਸ ਅੱਡੇ ਤੋਂ ਚੱਲਣ ਦੀਆਂ ਹਦਾਇਤਾਂ ਕੀਤੀਆਂ ਜਾਣ ਤਾਂ ਜੋ ਲੋਕਾਂ ਦੀ ਹੁੰਦੀ ਖੱਜਲ਼ ਖ਼ੁਆਰੀ ਬੰਦ ਹੋ ਸਕੇ।

## ਸੁਖਬੀਰ ਬਾਦਲ 'ਤੇ ਹੋਏ ਹਮਲੇ ਪਿੱਛੇ ਪੰਜਾਬ 'ਚ ਅਮਨ-ਸ਼ਾਂਤੀ ਭੰਗ ਕਰਨ ਦੀ ਸਾਜ਼ਿਸ਼ : ਪੀਰਮੁਹੰਮਦ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**: ਸ਼੍ਰੋਮਣੀ ਅਕਾਲੀ ਦਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਲੱਗੀ ਤਨਖ਼ਾਹ ਪੂਰੀ ਕਰਨ ਖਾਤਰ ਸ੍ਰੀ ਦਰਬਾਰ ਸਾਹਿਬ ਘੰਟਾ ਘਰ ਵਾਲੀ ਡਿਓਢੀ ਦੇ ਬਾਹਰ ਬੈਠ ਕੇ ਸੇਵਾ ਨਿਭਾਅ ਰਹੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਗੋਲੀ ਚਲਾ ਕੇ ਜਾਨ ਲੇਵਾ ਹਮਲਾ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਅਸਤੀਫ਼ਾ ਦੇਣ ਦੀ ਮੰਗ ਕੀਤੀ ਹੈ।ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਭਾਵੇਂ ਗੋਲੀ ਚਲਾਉਣ ਵਾਲਾ ਅਕਾਲ ਫੈਡਰੇਸ਼ਨ ਦਾ ਸਾਬਕਾ ਮੁਖੀ ਤੇ ਹੁਣ ਦਲ ਖ਼ਾਲਸਾ ਦਾ ਆਗੂ ਦੱਸਿਆ ਜਾ ਰਿਹਾ ਨਰਾਇਣ ਸਿੰਘ ਚੌੜਾ ਨੂੰ ਮੌਕੇ 'ਤੇ ਗ੍ਰਿਫ਼ਤਾਰ ਕਰ ਲਿਆ ਗਿਆ, ਪਰ ਫਿਰ ਵੀ ਇਸ ਹਮਲੇ ਪਿੱਛੇ ਗਹਿਰੀ ਸਾਜ਼ਿਸ਼ ਕਰਨ ਵਾਲਿਆਂ ਦਾ ਪਤਾ ਲਗਾਇਆ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਹਮਲਾ ਸਰਕਾਰ ਦੀ ਅਣਗਹਿਲੀ ਦਾ ਨਤੀਜਾ ਹੈ, ਮੁੱਖ ਮੰਤਰੀ ਨੂੰ ਇਸ ਬਾਰੇ ਆਪਣੀ ਜ਼ਿੰਮੇਵਾਰੀ ਕਬੂਲਣੀ ਚਾਹੀਦੀ ਹੈ ਅਤੇ ਅਸਤੀਫਾ ਦੇਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸਿੱਖ ਪ੍ਰੰਪਰਾ ਅਨੁਸਾਰ ਪੰਜ ਸਿੰਘ ਸਾਹਿਬਾਨ ਨੇ ਸੁਖਬੀਰ ਸਿੰਘ ਬਾਦਲ ਨੂੰ ਉਨ੍ਹਾਂ ਵੱਲੋਂ ਕੀਤੀਆਂ ਗਈਆ ਭੁੱਲਾਂ ਲਈ ਤਨਖ਼ਾਹ ਲਗਾ ਦਿੱਤੀ ਸੀ ਤਾਂ ਕਿਸੇ ਵੀ ਸਿੱਖ ਨੂੰ ਸੁਖਬੀਰ ਸਿੰਘ ਬਾਦਲ ਨੂੰ ਜਾਨੀ ਨੁਕਸਾਨ ਪਹੁੰਚਾਉਣ ਕੋਈ ਹੱਕ ਨਹੀਂ ਹੈ।ਅਜਿਹਾ ਕਰਨ ਵਾਲਾ ਗੁਰੂ ਦਾ ਸੱਚਾ ਸਿੱਖ ਹੋ ਹੀ ਨਹੀਂ ਸਕਦਾ, ਕਿਉਂਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਪੰਥ ਦੀ ਸਿਰਮੌਰ ਸੰਸਥਾ ਹੈ।ਇੱਥੋਂ ਦਿੱਤੇ ਗਏ ਹੁਕਮਾਂ ਨੂੰ ਮੰਨਣਾ ਹਰ ਗੁਰਸਿੱਖ ਲਈ ਲਾਜ਼ਮੀ ਹੈ।ਉਨ੍ਹਾਂ ਕਿਹਾ ਕਿ ਜੇਕਰ ਕੋਈ ਹੁਕਮ ਨਾਲ ਅਸਹਿਮਤ ਹੈ ਤਾਂ ਇਸ ਸੰਬੰਧੀ ਸਿੰਘ ਸਾਹਿਬਾਨ ਨੂੰ ਅਪੀਲ ਕਰਨੀ ਚਾਹੀਦੀ ਹੈ।

## ਬੇਰੁਜ਼ਗਾਰ ਦਿਵਿਆਂਗਜਨਾਂ ਨੂੰ ਸਵੈ-ਰੋਜ਼ਗਾਰ ਤੇ ਸਕਿੱਲ ਕੋਰਸਾਂ ਸੰਬੰਧੀ ਦਿੱਤੀ ਜਾਵੇਗੀ ਅੱਜ ਜਾਣਕਾਰੀ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਪੰਜਾਬ ਸਰਕਾਰ ਵੱਲੋਂ ਬੇਰੁਜ਼ਗਾਰ ਦਿਵਿਆਂਗ ਪ੍ਰਾਰਥੀਆਂ ਨੂੰ ਸਵੈ-ਰੋਜ਼ਗਾਰ ਅਤੇ ਸਕਿੱਲ ਕੋਰਸ ਸੰਬੰਧੀ ਜਾਣਕਾਰੀ ਮੁਹੱਈਆ ਕਰਵਾਉਣ ਲਈ ਵਧੀਕ ਡਿਪਟੀ ਕਮਿਸ਼ਨਰ-ਕਮ-ਸੀ. ਈ. ਓ. ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਸੁਰਿੰਦਰ ਸਿੰਘ, ਪੀ. ਸੀ. ਐੱਸ. ਦੀ ਅਗਵਾਈ ਹੇਠ 5 ਦਸੰਬਰ ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਗੁਰਦਾਸਪੁਰ ਵਿਖੇ ਦਿਵਿਆਂਗ ਪ੍ਰਾਰਥੀਆਂ ਲਈ ਸੰਸਾਰ-ਦਿਵਸ ਮਨਾਇਆ ਜਾ ਰਿਹਾ ਹੈ।ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪਰਸ਼ੋਤਮ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਦਿਵਿਆਂਗ ਪ੍ਰਾਰਥੀਆਂ ਨੂੰ ਸਵੈ-ਰੋਜ਼ਗਾਰ ਅਤੇ ਸਕਿੱਲ ਕੋਰਸਾਂ ਸੰਬੰਧੀ ਜਾਣਕਾਰੀ ਮੁਹੱਈਆ ਕਰਵਾਉਣ ਤਹਿਤ ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ, ਜ਼ਿਲ੍ਹਾ ਮੈਨੇਜਰ ਐੱਸ. ਸੀ. ਐੱਫ. ਸੀ. ਗੁਰਦਾਸਪੁਰ, ਲੀਡ ਜ਼ਿਲ੍ਹਾ ਮੈਨੇਜਰ ਗੁਰਦਾਸਪੁਰ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਗੁਰਦਾਸਪੁਰ, ਬੀ. ਐੱਮ. ਐੱਮ, ਪੰਜਾਬ ਹੁਨਰ ਵਿਕਾਸ ਮਿਸ਼ਨ ਗੁਰਦਾਸਪੁਰ ਅਤੇ ਰੈਡ ਕਰਾਸ ਵੱਲੋਂ ਦਿਵਿਆਂਗਜਨ ਪ੍ਰਾਰਥੀਆਂ ਨੂੰ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ, ਸਵੈ-ਰੋਜ਼ਗਾਰ ਸਕੀਮਾਂ, ਸਕਿੱਲ ਕੋਰਸਾਂ ਬਾਰੇ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਦਿਵਿਆਂਗਜਨ ਸੰਸਾਰ ਦਿਵਸ ਕੈਂਪ ਵਿਚ ਭਾਗ ਲੈਣ ਲਈ ਚਾਹਵਾਨ ਪ੍ਰਾਰਥੀ 5 ਦਸੰਬਰ 2024 ਨੂੰ ਸਵੇਰੇ 10:30 ਵਜੇ ਤੋਂ ਦੁਪਹਿਰ 1:00 ਵਜੇ ਤੱਕ ਕਮਰਾ ਨੰਬਰ 217, ਬਲਾਕ-ਬੀ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਿਖੇ ਆਪਣੇ ਪੜ੍ਹਾਈ ਅਤੇ ਬੈਂਕ ਪਾਸ-ਬੁੱਕ, ਅਧਾਰ ਕਾਰਡ, ਪੈਨ ਕਾਰਡ, ਪਾਸਪੋਰਟ ਸਾਈਜ਼ ਤਿੰਨ ਫ਼ੋਟੋ ਤੇ ਹੋਰ ਦਸਤਾਵੇਜ਼, ਅਸਲ ਅਤੇ ਫ਼ੋਟੋ ਸਟੇਟ ਲੈ ਕੇ ਸਵੈ-ਰੋਜ਼ਗਾਰ/ਸਕਿੱਲ ਕੋਰਸ ਕੈਂਪ ਵਿੱਚ ਭਾਗ ਲੈ ਸਕਦੇ ਹਨ। ਜ਼ਿਲ੍ਹਾ ਰੋਜ਼ਗਾਰ ਅਧਿਕਾਰੀ ਵੱਲੋਂ ਬੇਰੁਜ਼ਗਾਰ ਅੰਗਹੀਣ ਪ੍ਰਾਰਥੀਆਂ ਨੂੰ ਲਾਭ ਲੈਣ ਲਈ ਇਸ ਸਵੈ-ਰੋਜ਼ਗਾਰ ਤੇ ਸਕਿੱਲ ਕੋਰਸ ਕੈਂਪ ਵਿਚ ਵੱਧ ਤੋਂ ਵੱਧ ਭਾਗ ਲੈਣ ਲਈ ਕਿਹਾ ਗਿਆ ਤਾਂ ਜੋ ਬੇਰੁਜ਼ਗਾਰ ਦਿਵਿਆਂਗ ਪ੍ਰਾਰਥੀ ਲੋਨ ਲੈ ਕੇ ਆਪਣਾ ਰੋਜ਼ਗਾਰ ਸ਼ੁਰੂ ਕਰ ਸਕਣ।



## ਆਈਪੀਆਰਯੂਈਜ਼ ਵੱਲੋਂ ਆਪਣੀ ਉਤਪਾਦਕਤਾ 'ਚ 37% ਵਾਧਾ ਦਰਜ

**ਅੰਮ੍ਰਿਤਸਰ** : ਆਈ. ਸੀ. ਆਈ. ਸੀ. ਆਈ. ਪਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਦੁਆਰਾ ਆਪਣੇ ਸਲਾਹਕਾਰਾਂ ਲਈ ਵਿਸ਼ੇਸ਼ ਤੌਰ 'ਤੇ ਲਾਂਚ ਕੀਤੀ ਗਈ ਆਈਪੀਆਰਯੂਈਜ਼ ਨੇ ਆਪਣੀ ਉਤਪਾਦਕਤਾ ਵਿੱਚ 37% ਵਾਧਾ ਕੀਤਾ ਹੈ, ਜਿਸ ਦੇ ਨਤੀਜੇ ਵਜੋਂ ਉਨ੍ਹਾਂ ਦੀ ਆਮਦਨ ਵਿੱਚ ਵੀ ਵਾਧਾ ਹੋਇਆ ਹੈ।ਮਹੱਤਵਪੂਰਨ ਤੌਰ ਤੇ ਆਈਪੀਆਰਯੂਈਜ਼ ਦੀ ਵਰਤੋਂ ਕਰਨ ਵਾਲੇ 98.1% ਏਜੰਟਾਂ ਨੂੰ ਉਸੇ ਦਿਨ ਕਮਿਸ਼ਨਾਂ ਦਾ ਭੁਗਤਾਨ ਕੀਤਾ ਗਿਆ ਸੀ।ਆਈ. ਸੀ. ਆਈ. ਸੀ. ਆਈ. ਪਰੂਡੈਂਸ਼ੀਅਲ ਲਾਈਫ ਪਹਿਲੀ ਜੀਵਨ ਬੀਮਾ ਕੰਪਨੀ ਹੈ ਜਿਸ ਨੇ ਚੋਣਵੇਂ ਡਿਸਟਰੀਬਿਊਟਰਾਂ ਨੂੰ ਉਸੇ ਦਿਨ ਕਮਿਸ਼ਨ ਦਾ ਭੁਗਤਾਨ ਕੀਤਾ ਹੈ।ਕੰਪਨੀ ਕੋਲ 2 ਲੱਖ ਤੋਂ ਵੱਧ ਸਲਾਹਕਾਰਾਂ ਦਾ ਇੱਕ ਨੈੱਟਵਰਕ ਹੈ ਅਤੇ ਕੰਪਨੀ ਦੇ ਲੱਗਭਗ 61 ਪ੍ਰਤੀਸ਼ਤ ਪ੍ਰਮੁੱਖ ਸਲਾਹਕਾਰ ਹੁਣ ਐਪ ਦੀ ਸਰਗਰਮੀ ਨਾਲ ਵਰਤੋਂ ਕਰ ਰਹੇ ਹਨ। ਅਨਿਲ ਸਿੰਘ, ਸੇਲਜ਼ ਚੀਫ, ਪ੍ਰੋਪਰਾਇਟਰੀ ਚੈਨਲ, ਆਈ. ਸੀ. ਆਈ. ਸੀ. ਆਈ. ਪਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਕਿਹਾ ਕਿ ਸਾਡੀ ਮੋਬਾਇਲ ਐਪ, ਆਈਪੀਆਰਯੂਈਜ਼ ਨੇ ਸਾਡੇ ਏਜੰਟਾਂ ਨੂੰ ਆਪਣਾ ਕਾਰੋਬਾਰ ਵਧਾਉਣ ਦੇ ਯੋਗ ਬਣਾਇਆ ਹੈ।

## ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਨੇ ਸੁਖਬੀਰ ਬਾਦਲ 'ਤੇ ਕੀਤੇ ਹਮਲੇ ਨੂੰ ਦੱਸਿਆ ਨਿੰਦਣਯੋਗ ਕਾਰਾ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸੀਪੀਆਈ ਐੱਮਐੱਲ ਲਿਬਰੇਸ਼ਨ ਨੇ ਸ੍ਰੀ ਹਰਿਮੰਦਰ ਸਾਹਿਬ ਦੀ ਡਿਓਢੀ ਅੱਗੇ ਧਾਰਮਿਕ ਸਜਾ ਪੂਰੀ ਕਰ ਰਹੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਉਪਰ ਅਸਫਲ ਕਾਤਲਾਨਾ ਹਮਲਾ ਕਰਨ ਦੀ ਸਖਤ ਨਿੰਦਾ ਕੀਤੀ ਹੈ।ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਡੀ ਪਾਰਟੀ ਲਿਬਰੇਸ਼ਨ ਸਮਝਦੀ ਹੈ ਕਿ ਬਾਦਲ ਪਰਿਵਾਰ ਦੀ ਅਗਵਾਈ ਵਿੱਚ ਤਤਕਾਲੀ ਅਕਾਲੀ ਸਰਕਾਰ ਨੇ ਨਾਬਖਸ਼ਣਯੋਗ ਪੰਜਾਬ ਅਤੇ ਸਿੱਖਾਂ ਵਿਰੋਧੀ ਗੰਭੀਰ ਗਲਤੀਆਂ ਕੀਤੀਆਂ ਸਨ ਜਿਸ ਦਾ ਖਮਿਆਜ਼ਾ ਪਿਛਲੀਆਂ ਵਿਧਾਨ ਸਭਾ ਅਤੇ ਲੋਕ ਸਭਾ ਚੋਣਾਂ ਵਿੱਚ ਅਕਾਲੀ ਦਲ ਨੂੰ ਭੁਗਤਣਾ ਪਿਆ ਹੈ।ਹੁਣ ਵੀ ਅਕਾਲੀ ਆਗੂਆਂ ਨੂੰ ਲਾਈ ਗਈ ਧਾਰਮਿਕ ਅਤੇ ਰਾਜਨੀਤਿਕ ਸਜ਼ਾ ਦੇ ਬਾਵਜੂਦ ਪੰਜਾਬ ਦੀ ਜਨਤਾ ਛੇਤੀ ਕੀਤੇ ਬਾਦਲਕਿਆਂ ਨੂੰ ਮੁਆਫੀ ਦੇਣ ਵਾਲੀ ਨਹੀਂ ਹੈ ਪਰ ਉਹਨਾਂ ਕਿਹਾ ਕਿ ਬਾਦਲ ਪਰਿਵਾਰ ਵਿਰੁੱਧ ਰਾਜਨੀਤਿਕ ਲੜਾਈ ਲੜਨੀ ਚਾਹੀਦੀ ਹੈ।ਸੁਖਬੀਰ ਸਿੰਘ ਬਾਦਲ ਉਪਰ ਕੀਤੇ ਗਏ ਸਰੀਰਕ ਹਮਲੇ ਨੂੰ ਕਿਸੇ ਤਰ੍ਹਾਂ ਵੀ ਜਾਇਜ਼ ਨਹੀਂ ਮੰਨਿਆ ਜਾ ਸਕਦਾ।ਅੱਤਵਾਦੀ ਹਮਲੇ ਕਰਨ ਵਾਲੀਆਂ ਧਿਰਾਂ ਨੂੰ ਇਹ ਭਲੀਭਾਂਤ ਸਮਝ ਲੈਣਾ ਚਾਹੀਦਾ ਹੈ ਬੀਤੇ ਸਮੇਂ ਵਿੱਚ ਹਜ਼ਾਰਾਂ ਜਾਨਾਂ ਜਾਣ ਦੇ ਬਾਵਜੂਦ ਵੀ ਰਾਜਨੀਤਿਕ ਤੌਰ 'ਤੇ ਉਹਨਾਂ ਦੇ ਪੱਲੇ ਕੁਝ ਨਹੀਂ ਪਿਆ।ਬੱਖਤਪੁਰਾ ਨੇ ਕਿਹਾ ਕਿ ਅਸਲ ਵਿੱਚ ਪੰਜਾਬ ਸਰਕਾਰ ਪੰਜਾਬ ਦੀ ਅਮਨ ਕਾਨੂੰਨ ਦੀ ਸਥਿਤੀ ਨੂੰ ਕੰਟਰੋਲ ਕਰਨ ਤੋਂ ਪੂਰੀ ਤਰ੍ਹਾਂ ਅਸਫਲ ਚੱਲ ਰਹੀ ਹੈ।ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਪੰਜਾਬ ਦੀ ਜਨਤਾ ਦੀ ਸੁਰੱਖਿਆ ਕਰਨ ਦੀ ਬਜਾਏ ਆਪਸੀ ਰਾਜਨੀਤਿਕ ਝਮੇਲਿਆਂ ਵਿੱਚ ਫਸੀ ਹੋਈ ਹੈ।

# 38ਵੀਆਂ ਨੈਸ਼ਨਲ ਗੇਮਜ਼ 'ਚ ਗੱਤਕਾ ਖੇਡ ਨੂੰ ਸ਼ਾਮਲ ਨਾ ਕਰਨਾ ਬਹੁਤ ਮੰਦਭਾਗਾ : ਬਲਜਿੰਦਰ ਸਿੰਘ ਤੂਰ

**ਦੇਸ਼ ਦੇ ਪ੍ਰਧਾਨ ਮੰਤਰੀ, ਖੇਡ ਮੰਤਰੀ, ਇੰਡੀਅਨ ਓਲੰਪਿਕ ਐਸੋਸੀਏਸ਼ਨ ਨੂੰ ਲਿਖਿਆ ਪੱਤਰ**

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**

ਉਤਰਾਖੰਡ ਵਿਚ ਹੋਣ ਜਾ ਰਹੀਆਂ 38ਵੀਆਂ ਰਾਸ਼ਟਰੀ ਖੇਡਾਂ ਸਬੰਧੀ ਇੰਡੀਅਨ ਓਲੰਪਿਕ ਐਸੋਸੀਏਸ਼ਨ ਵੱਲੋਂ ਜਾਰੀ ਲਿਸਟ ਅਨੁਸਾਰ 4 ਹੋਰ ਖੇਡਾਂ ਸਮੇਤ ਗੱਤਕਾ ਖੇਡ ਨੂੰ ਵੀ ਸ਼ਾਮਿਲ ਨਹੀਂ ਕੀਤਾ ਗਿਆ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਗੱਤਕਾ ਫੈਡਰੇਸ਼ਨ ਆਫ ਇੰਡੀਆ ਦੇ ਜਨਰਲ ਸਕੱਤਰ ਬਲਜਿੰਦਰ ਸਿੰਘ ਤੂਰ ਨੇ ਕਿਹਾ ਕਿ ਇਹ ਬਹੁਤ ਮੰਦਭਾਗੀ ਗੱਲ ਹੈ ਕਿ ਪੂਰੇ ਦੇਸ਼ ਵਿਚ ਬਹੁਤ ਤੇਜ਼ੀ ਨਾਲ ਅੱਗੇ ਵੱਧ ਰਹੀ ਖੇਡ ਗੱਤਕਾ ਨੂੰ ਇਸ ਵਾਰ ਨੈਸ਼ਨਲ ਗੇਮਜ਼ 'ਚ ਸ਼ਾਮਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਅਗਸਤ 2024 ਵਿਚ ਸੰਗਰੂਰ ਵਿਖੇ ਗੱਤਕਾ ਫੈਡਰੇਸ਼ਨ ਆਫ ਇੰਡੀਆ ਵਲੋਂ 8ਵੀਂ ਨੈਸ਼ਨਲ ਗੱਤਕਾ ਚੈਂਪੀਅਨਸ਼ਿਪ ਕਰਵਾਈ ਗਈ ਸੀ, ਜਿਸ 'ਚ 23 ਰਾਜਾਂ ਤੋਂ ਕਰੀਬ 1700 ਖਿਡਾਰੀ ਭਾਗ ਲੈਣ ਲਈ ਪਹੁੰਚੇ ਸਨ, ਕਿਉਂਕਿ ਇਸੇ ਚੈਂਪੀਅਨਸ਼ਿਪ ਦੇ ਆਧਾਰ 'ਤੇ ਹੀ ਖਿਡਾਰੀਆਂ ਦੀ ਚੋਣ ਨੈਸ਼ਨਲ ਗੇਮਜ਼ ਲਈ ਕੀਤੀ ਜਾਣੀ ਸੀ। ਓਲੰਪਿਕ ਐਸੋਸੀਏਸ਼ਨ ਦੇ ਇਸ ਫੈਸਲੇ ਨਾਲ ਸਾਰੇ ਗੱਤਕਾ ਖਿਡਾਰੀ ਨਿਰਾਸ਼ਾ ਦੇ ਆਲਮ ਵਿਚ ਹਨ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਵੱਲੋਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਖੇਡ ਮੰਤਰੀ ਮਨਸੁਖ ਮਾਧਵੀਆ, ਉਤਰਾਖੰਡ ਦੇ ਰਾਜਪਾਲ ਗੁਰਮੀਤ ਸਿੰਘ, ਉਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਇੰਡੀਅਨ ਓਲੰਪਿਕ ਐਸੋਸੀਏਸ਼ਨ ਦੇ ਪ੍ਰਧਾਨ ਮੈਡਮ ਪੀਟੀ ਊਸ਼ਾ, ਉਤਰਾਖੰਡ ਦੇ ਸਪੋਰਟਸ ਸੈਕਰੇਟਰੀ ਅਮਿਤ ਸਿਨਹਾ ਸਮੇਤ ਜੀਟੀਸੀਸੀ ਦੇ ਚੇਅਰਮੈਨ ਨੂੰ ਇੱਕ ਪੱਤਰ ਲਿਖ ਕੇ ਇਹ ਮੰਗ ਕੀਤੀ ਗਈ ਹੈ ਕਿ ਸਿੱਖਾਂ ਦੀ ਵਿਰਾਸਤੀ ਖੇਡ ਗੱਤਕਾ ਨੂੰ 38ਵੀਆਂ ਰਾਸ਼ਟਰੀ ਖੇਡਾਂ ਵਿਚ ਸ਼ਾਮਲ ਕੀਤਾ ਜਾਵੇ। ਇਸ ਤੋਂ ਪਹਿਲਾਂ 37ਵੀਆਂ ਰਾਸ਼ਟਰੀ ਖੇਡਾਂ, ਜੋ ਕਿ ਗੋਆ 'ਚ ਹੋਈਆਂ ਸਨ ਉਸ ਨੂੰ ਗੱਤਕਾ ਫੈਡਰੇਸ਼ਨ ਆਫ ਇੰਡੀਆ ਦੀ ਸਮੁੱਚੀ ਰੈਫਰੀ ਕੌਂਸਲ ਵੱਲੋਂ ਬਾਖੂਬੀ ਨੇਪਰੇ ਚਾੜ੍ਹਿਆ ਗਿਆ ਸੀ ਅਤੇ ਇਸ ਵਾਰ ਇਹ ਉਮੀਦ ਕੀਤੀ ਜਾ ਰਹੀ ਸੀ ਕਿ ਭਾਰਤ ਸਰਕਾਰ ਅਤੇ ਇੰਡੀਆ ਓਲੰਪਿਕ ਐਸੋਸੀਏਸ਼ਨ ਇਸ ਨੂੰ ਪੱਕੇ ਤੌਰ 'ਤੇ ਨੈਸ਼ਨਲ ਖੇਡਾਂ ਵਿਚ ਸ਼ਾਮਲ ਕਰ ਲਵੇਗੀ। ਪਰ ਬਿਨਾਂ ਕਿਸੇ ਕਾਰਨ ਦੇ ਇਸ ਖੇਡ ਨੂੰ ਬਾਹਰ ਕਰਨ ਨਾਲ ਜਿੱਥੇ ਗੱਤਕਾ ਖਿਡਾਰੀਆਂ ਦਾ ਮਨੋਬਲ ਡਿੱਗੇਗਾ, ਉਥੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਭਾਰਤੀ ਪੁਰਾਤਨ ਖੇਡਾਂ ਨੂੰ ਵਿਕਸਿਤ ਕਰਨ ਦਾ ਸੁਪਨਾ ਵੀ ਅਧੂਰਾ ਰਹਿ ਜਾਵੇਗਾ ਕਿਉਂਕਿ ਉਨ੍ਹਾਂ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਹੀ ਗੱਤਕਾ ਸਮੇਤ 5 ਖੇਡਾਂ ਨੂੰ ਪੁਰਾਤਨ ਸਵਦੇਸ਼ੀ ਖੇਡਾਂ ਦਾ ਦਰਜਾ ਦਿੱਤਾ ਗਿਆ ਸੀ।



## ਸਕੂਲ ਆਫ ਐਮੀਨੈਂਸ ਦੀ ਕ੍ਰਿਤਿਕਾ ਸੈਣੀ ਨੇ ਜਿਮਨਾਸਟਿਕ 'ਚ ਜਿੱਤੇ 4 ਮੈਡਲ

**ਗੁਰਦਾਸਪੁਰ, (ਦਿਨੇਸ਼ ਕੁਮਾਰ)**

ਸਕੂਲ ਆਫ ਐਮੀਨੈਂਸ ਗੁਰਦਾਸਪੁਰ ਦੀ 11ਵੀਂ ਕਲਾਸ ਦੀ ਵਿਦਿਆਰਥਣ ਕ੍ਰਿਤਿਕਾ ਸੈਣੀ ਨੇ ਜਲੰਧਰ ਵਿਚ ਹੋਏ 58ਵੇਂ ਸੀਨੀਅਰ ਪੰਜਾਬ ਸਟੇਟ ਆਰਟਿਸਟਿਕ ਜਿਮਨਾਸਟਿਕ ਮੁਕਾਬਲੇ ਵਿਚ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਪ੍ਰਿੰਸੀਪਲ ਅਨਿਲ ਭੱਲਾ ਨੇ ਦੱਸਿਆ ਕਿ ਜਲੰਧਰ ਜ਼ਿਲ੍ਹਾ ਜਿਮਨਾਸਟਿਕ ਐਸੋਸੀਏਸ਼ਨ ਵੱਲੋਂ ਸਪੋਰਟਸ ਕਾਲਜ ਜਲੰਧਰ ਦੇ ਜਿਮਨੇਜ਼ੀਅਮ ਹਾਲ ਵਿਚ ਕਰਵਾਏ ਗਏ ਇਸ ਸੀਨੀਅਰ ਮੁਕਾਬਲੇ ਵਿਚ ਗੁਰਦਾਸਪੁਰ ਦੀ ਖਿਡਾਰੀ ਕ੍ਰਿਤਿਕਾ ਸੈਣੀ ਪੁਤੱਰੀ ਪਵਨ ਸੈਣੀ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਪ੍ਰਾਪਤ ਕੀਤਾ ।ਇਸ ਤੋਂ ਇਲਾਵਾ ਅਨਈਵਨ ਬਾਰ ਵਿਚ ਦੂਸਰਾ ਸਥਾਨ ਹਾਸਲ ਕਰਦੇ ਹੋਏ ਸਿਲਵਰ ਮੈਡਲ ਅਤੇ ਆਲ ਰਾਊਂਡ ਟੀਮ ਵਿਚ ਬਰਾਉਣ ਮੈਡਲ ਹਾਸਿਲ ਕਰਕੇ ਕੁਲ 4 ਮੈਡਲ ਜਿੱਤੇ ।ਪ੍ਰਿੰਸੀਪਲ ਅਨਿਲ ਭੱਲਾ ਨੇ ਦੱਸਿਆ ਕਿ ਪਿਛਲੇ ਦਿਨੀਂ ਪਟਿਆਲਾ ਵਿਚ ਸਿੱਖਿਆ ਵਿਭਾਗ ਪੰਜਾਬ ਅਤੇ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-3 ਵਿਚ ਕ੍ਰਿਤਿਕਾ ਸੈਣੀ ਨੇ ਜਿਮਨਾਸਟਿਕ ਵਿਚ 3 ਗੋਲਡ ਮੈਡਲ, 4 ਸਿਲਵਰ ਮੈਡਲ ਅਤੇ 1 ਬਰਾਊਂਜ਼ ਮੈਡਲ ਹਾਸਿਲ ਕਰਕੇ ਕੁਲ 8 ਮੈਡਲ ਜਿੱਤੇ ਸਨ ।ਉਨ੍ਹਾਂ ਦੱਸਿਆ ਕਿ ਕ੍ਰਿਤਿਕਾ ਸੈਣੀ ਨੇ ਪੰਜਾਬ ਪੱਧਰ 'ਤੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਦਸੰਬਰ ਵਿੱਚ ਸੂਰਤ (ਗੁਜਰਾਤ) ਵਿਚ ਹੋ ਰਹੀ ਸੀਨੀਅਰ ਨੈਸ਼ਨਲ ਪ੍ਰਤੀਯੋਗਿਤਾ ਵਿਚ ਆਪਣੀ ਜਗ੍ਹਾ ਬਣਾ ਲਈ ਹੈ ।ਇਸ ਮੌਕੇ ਪ੍ਰਿੰਸੀਪਲ ਅਨਿਲ ਭੱਲਾ, ਡਾ. ਸੰਜੀਵ ਢੀਂਗਰਾ, ਅਵਤਾਰ ਸਿੰਘ, ਪ੍ਰੇਮ ਚੰਦ, ਕਸ਼ਮੀਰ ਸਿੰਘ, ਰਾਜਿੰਦਰ ਪਾਲ, ਕਲਾਸ ਇੰਚਾਰਜ ਰਮਿੰਦਰ ਕੌਰ ਮੌਜੂਦ ਸਨ ।



## ਨੱਕ 'ਤੇ ਰੁਮਾਲ ਰੱਖ ਕੇ ਲੰਘਦੇ ਨੇ ਲੋਕ ਲਾਇਬ੍ਰੇਰੀ ਰੋਡ ਨਾਲ ਬਣੇ ਗੰਦੇ ਨਾਲੇ ਨੇੜਿਓਂ

**ਗੁਰਦਾਸਪੁਰ, (ਜਨਕ ਮਹਾਜਨ)**

ਲਾਇਬ੍ਰੇਰੀ ਰੋਡ ਸਥਿਤ ਗੁਰਦਾਸਪੁਰ ਸੜਕ ਦੀ ਸਫ਼ਾਈ ਪੱਖੋਂ ਖਸਤਾ ਹਾਲਤ ਬਣੀ ਹੋਈ ਹੈ। ਰੋਜ਼ਾਨਾ ਸਵੇਰੇ ਦੇਰ ਨਾਲ ਹੀ ਸੜਕ ਦੀ ਸਫ਼ਾਈ ਦਾ ਕੰਮ ਸ਼ੁਰੂ ਹੁੰਦਾ ਹੈ। ਇਸ ਸੜਕ ਕਿਨਾਰੇ ਬਣੇ ਗੰਦੇ ਨਾਲੇ ਦੀ ਲੰਬੇ ਸਮੇਂ ਤੋਂ ਸਫ਼ਾਈ ਨਾ ਹੋਣ ਕਾਰਨ ਹਰ ਵੇਲੇ ਗੰਦਗੀ ਦੀ ਭਰਮਾਰ ਰਹਿੰਦੀ ਹੈ। ਇਹ ਨਾਲਾ ਕਈ ਜਗ੍ਹਾ ਤੋਂ ਬੰਦ ਹੋਣ ਕਾਰਨ ਇਸ ਵਿਚ ਗੰਦਾ ਪਾਣੀ ਨਹੀਂ ਚੱਲਦਾ। ਇਸ ਸੜਕ 'ਤੇ ਪੈਂਦੇ ਪੰਜਾਬ ਨੈਸ਼ਨਲ ਬੈਂਕ ਦੀ ਇਮਾਰਤ ਅੱਗੇ ਬਣੇ ਗੰਦੇ ਨਾਲੇ ਵਿਚ ਹਰ ਵੇਲੇ ਗੰਦਗੀ ਦੀ ਭਰਮਾਰ ਰਹਿੰਦੀ ਹੈ। ਗੰਦਗੀ ਕਰਕੇ ਮੱਛਰ, ਮੱਖੀਆਂ ਦੀ ਵੀ ਭਰਮਾਰ ਰਹਿੰਦੀ ਹੈ। ਬੈਂਕ ਅੰਦਰ ਰੋਜ਼ਾਨਾਂ ਲੋਕਾ ਦਾ ਆਉਣਾ-ਜਾਣਾ ਲੱਗਾ ਰਹਿੰਦਾ ਹੈ ਅਤੇ ਇਸ ਗੰਦਗੀ ਨੂੰ ਲੈ ਕੇ ਲੋਕਾਂ ਦਾ ਨਗਰ ਕੌਂਸਲ ਖ਼ਿਲਾਫ਼ ਭਾਰੀ ਰੋਸ ਵੇਖਣ ਨੂੰ ਮਿਲ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਇਕ ਪਾਸੇ ਸਿਹਤ ਵਿਭਾਗ ਦੀ ਟੀਮ ਵਲੋਂ ਡੇਂਗੂ ਤੋਂ ਬਚਣ ਲਈ ਲੋਕਾਂ ਨੂੰ ਕੈਂਪਾਂ ਰਾਹੀਂ ਜਾਗਰੂਕ ਕਰਨ ਦੇ ਨਾਲ-ਨਾਲ ਕਈ ਥਾਵਾਂ 'ਤੇ ਲਾਰਵੇ ਦੀ ਚੈਕਿੰਗ ਕੀਤੀ ਜਾ ਰਹੀ ਹੈ ਉਥੇ ਹੀ ਦੂਸਰੇ ਪਾਸੇ ਇਸ ਗੰਦੇ ਨਾਲੇ ਵਿਚ ਗੰਦਗੀ ਦੀ ਸਫ਼ਾਈ ਨਾ ਕਰਕੇ ਕਈ ਬਿਮਾਰੀਆਂ ਨੂੰ ਸੱਦਾ ਦਿੱਤਾ ਜਾ ਰਿਹਾ ਹੈ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਇਸ ਸੜਕ ਦੇ ਨਾਲ-ਨਾਲ ਇਸ ਗੰਦੇ ਪਾਣੀ ਦੇ ਨਿਕਾਸ ਲਈ ਬਣੇ ਨਾਲੇ ਦੀ ਹਾਲਤ 'ਤੇ ਵੀ ਤਰਸ ਕਰਕੇ ਇਸ ਦੀ ਸਫ਼ਾਈ ਦਾ ਕੋਈ ਠੋਸ ਹੱਲ ਕੱਢਿਆ ਜਾਵੇ। ਇਲਾਕਾ ਵਾਸੀਆਂ ਨੇ ਉਚ ਅਧਿਕਾਰੀਆਂ ਤੋਂ ਇਲਾਵਾ ਰਮਨ ਬਹਿਲ ਚੇਅਰਮੈਨ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਪੰਜਾਬ ਪਾਸੋਂ ਪੁਰਜ਼ੋਰ ਮੰਗ ਕੀਤੀ ਕਿ ਸੜਕ ਦੀ ਸਫ਼ਾਈ ਖਾਸ ਕਰਕੇ ਇਸ ਸੜਕ 'ਤੇ ਗੋਲਡਨ ਸਕੂਲ ਦੀ ਗਲੀ ਤੋਂ ਲੈ ਕੇ ਡਾ. ਅਸ਼ੋਕ ਮਹਾਜਨ ਦੀ ਗਲੀ ਤੱਕ ਬਣੇ ਨਾਲੇ ਦੀ ਖਸਤਾ ਹਾਲਤ ਵੱਲ ਵਿਸ਼ੇਸ ਧਿਆਨ ਦਿੱਤਾ ਜਾਵੇ ਤਾਂ ਜੋ ਲੋਕਾਂ ਦੀ ਕਾਫ਼ੀ ਦੇਰ ਤੋਂ ਚਲ ਰਹੀ ਮੁਸ਼ਕਿਲ ਦਾ ਹੱਲ ਹੋ ਸਕੇ।

## ਚੋਰੀ ਦੇ ਮੋਟਰਸਾਈਕਲ ਸਮੇਤ 1 ਕਾਬੂ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**

ਸਥਾਨਕ ਪੁਲਸ ਵੱਲੋਂ ਚੋਰੀ ਦੇ ਮੋਟਰਸਾਈਕਲ ਸਮੇਤ ਮੰਗਤ ਰਾਮ ਵਾਸੀ ਮਾਛੀਵਾੜਾ ਨੂੰ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਅੰਮ੍ਰਿਤਪਾਲ ਵਾਸੀ ਹਿਯਾਤਪੁਰ ਨੇ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਕਿ ਉਹ ਪਿੰਡ ਤੋਂ ਮਾਛੀਵਾੜਾ ਦੇ ਪ੍ਰਾਈਵੇਟ ਹਸਪਤਾਲ ਵਿਖੇ ਕੰਮ ਸਬੰਧੀ ਆਇਆ ਸੀ ਅਤੇ ਆਪਣਾ ਮੋਟਰਸਾਈਕਲ ਬਾਹਰ ਖੜ੍ਹਾ ਕਰ ਦਿੱਤਾ ਅਤੇ ਆਪ ਹਸਪਤਾਲ ਅੰਦਰ ਕੰਮ ਲਈ ਚਲਾ ਗਿਆ। ਜਦੋਂ ਉਸ ਨੇ ਵਾਪਸ ਆ ਕੇ ਦੇਖਿਆ ਤਾਂ ਉਸ ਦਾ ਮੋਟਰਸਾਈਕਲ ਚੋਰੀ ਹੋ ਚੁੱਕਾ ਸੀ। ਬਿਆਨਕਰਤਾ ਅਨੁਸਾਰ ਉਸ ਨੂੰ ਪੂਰਾ ਸ਼ੱਕ ਹੈ ਕਿ ਉਸਦਾ ਮੋਟਰਸਾਈਕਲ ਮੰਗਤ ਰਾਮ ਨੇ ਚੋਰੀ ਕੀਤਾ ਹੈ। ਪੁਲਸ ਵੱਲੋਂ ਇਸ ਮਾਮਲੇ ਸਬੰਧੀ ਨਾਕਾਬੰਦੀ ਕਰ ਮੰਗਤ ਰਾਮ ਨੂੰ ਕਾਬੂ ਕਰ ਲਿਆ ਅਤੇ ਉਸ ਤੋਂ ਚੋਰੀ ਦਾ ਮੋਟਰਸਾਈਕਲ ਵੀ ਬਰਾਮਦ ਹੋ ਗਿਆ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਮੰਗਤ ਰਾਮ ਖਿਲਾਫ਼ ਪਹਿਲਾਂ ਵੀ 2 ਅਪਰਾਧਿਕ ਮਾਮਲੇ ਦਰਜ ਹਨ ਜਿਨ੍ਹਾਂ 'ਚ ਉਹ ਜ਼ਮਾਨਤ 'ਤੇ ਆਇਆ ਹੈ।



## ਕੇਂਦਰੀ ਜੇਲ ਗੁਰਦਾਸਪੁਰ 'ਚੋਂ ਮੋਬਾਇਲ ਬਰਾਮਦ, ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਸਿਟੀ ਗੁਰਦਾਸਪੁਰ ਪੁਲਸ ਨੂੰ ਪੱਤਰ ਨੰਬਰ 9849 ਰਾਹੀਂ ਸੁਪਰਡੈਂਟ ਕੇਂਦਰੀ ਜੇਲ ਗੁਰਦਾਸਪੁਰ ਨੇ ਦੱਸਿਆ ਕਿ 2 ਦਸੰਬਰ ਨੂੰ ਕੇਂਦਰੀ ਜੇਲ ਗੁਰਦਾਸਪੁਰ ਵਿਖੇ ਤਲਾਸ਼ੀ ਦੌਰਾਨ ਹਵਾਲਾਤੀ ਹਰਜੀਤ ਸਿੰਘ ਪੁੱਤਰ ਗੁਰਮੇਜ ਸਿੰਘ ਪਾਸੋਂ ਇਕ ਮੋਬਾਇਲ ਫੋਨ ਕੀ-ਪੈਡ ਵਾਲਾ ਸਮੇਤ ਸਿੰਮ ਬਰਾਮਦ ਹੋਇਆ ਹੈ। ਇਸੇ ਤਰ੍ਹਾਂ ਇਕ ਹੋਰ ਮਾਮਲੇ ਵਿਚ 2 ਦਸੰਬਰ ਨੂੰ ਕੇਂਦਰੀ ਜੇਲ ਗੁਰਦਾਸਪੁਰ ਵਿਖੇ ਤਲਾਸ਼ੀ ਦੌਰਾਨ ਕੰਧ ਵਿੱਚ ਖੱਡੇ ਵਿਚੋਂ ਇਕ ਲਾਵਾਰਿਸ ਮੋਬਾਇਲ ਫੋਨ ਰੰਗ ਕਾਲਾ ਨੋਕੀਆ ਕੰਪਨੀ ਕੀ-ਪੈਡ ਵਾਲਾ ਬਿਨ੍ਹਾਂ ਸਿੰਮ ਬਰਾਮਦ ਹੋਇਆ ਹੈ। ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਹਵਾਲਾਤੀ ਹਰਜੀਤ ਸਿੰਘ ਅਤੇ ਨਾ-ਮਾਲੂਮ ਵਿਅਕਤੀ ਖ਼ਿਲਾਫ਼ ਜੇਲ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਐਕਸਪਾਇਰੀ ਨਮਕੀਨ ਦੇ ਪੈਕੇਟਾਂ ਸ਼ਰੇਆਮ ਵਿਕਰੀ 'ਤੇ ਸਿਹਤ ਵਿਭਾਗ ਖਮੋਸ਼ !

**ਗੁਰਦਾਸਪੁਰ, (ਜਨਕ ਮਹਾਜਨ)**- ਪਿੰਡਾਂ ਅਤੇ ਸ਼ਹਿਰਾਂ ਵਿਚ ਵਿਕਣ ਵਾਲੇ ਨਮਕੀਨ ਅਤੇ ਹੋਰ ਬੱਚਿਆਂ ਦੇ ਖ਼ਾਣ ਵਾਲੇ ਸਮਾਨ ਦੇ ਪੈਕੇਟ ਦੀ ਐਕਸਪਾਇਰੀ ਮਿਤੀ ਨੂੰ ਲੈ ਕੇ ਸਿਹਤ ਵਿਭਾਗ ਦਾ ਕੋਈ ਧਿਆਨ ਨਾ ਹੋਣ ਕਰਕੇ ਲੋਕਾਂ ਅਤੇ ਬੱਚਿਆਂ ਦੀ ਸਿਹਤ ਨਾਲ ਸ਼ਰੇਆਮ ਖਿਲਵਾੜ ਹੋ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਹਰ ਨਮਕੀਨ ਪੈਕੇਟ 'ਤੇ ਮੁੱਲ ਤੋਂ ਇਲਾਵਾ ਬਣਨ ਦੀ ਮਿਤੀ ਦੇ ਨਾਲ-ਨਾਲ ਐਕਸਪਾਇਰ ਹੋਣ ਦੀ ਮਿਤੀ ਵੀ ਲਿਖੀ ਹੁੰਦੀ ਹੈ ਪਰ ਵੇਖਣ ਵਿਚ ਆਇਆ ਹੈ ਕਿ ਕੁਝ ਦੁਕਾਨਦਾਰ ਐਕਸਪਾਇਰ ਹੋਏ ਪੈਕੇਟ ਵੀ ਵੇਚ ਰਹੇ ਹਨ ਜੋ ਸਰਾਸਰ ਗਲਤ ਹੈ। ਲੋਕਾਂ ਦੀ ਸਿਹਤ ਵਿਭਾਗ ਪਾਸੋਂ ਮੰਗ ਹੈ ਕਿ ਅਜਿਹੀਆਂ ਦੁਕਾਨਾਂ 'ਤੇ ਚੈਕਿੰਗ ਕਰਕੇ ਐਕਸਪਾਇਰ ਹੋਏ ਪੈਕੇਟ ਨਸ਼ਟ ਕੀਤੇ ਜਾਣ ਅਤੇ ਇਨ੍ਹਾਂ ਦੁਕਾਨਦਾਰਾਂ ਨੂੰ ਤਾੜਨਾ ਕਰਨ ਤੋਂ ਇਲਾਵਾ ਇਨ੍ਹਾਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ ਜਿਸ ਨਾਲ ਅਗਾਂਹ ਤੋਂ ਕੋਈ ਵੀ ਦੁਕਾਨਦਾਰ ਐਕਸਪਾਇਰ ਹੋਇਆ ਸਾਮਾਨ ਨਾ ਵੇਚ ਸਕੇ।

## ਜਾਗੋ ਸਮਾਗਮ ਦੌਰਾਨ ਗੁਆਂਢੀ ਨੇ ਚਲਾਈਆਂ ਗੋਲੀਆਂ, ਲਾੜੇ ਦਾ ਚਚੇਰਾ ਭਰਾ ਜ਼ਖ਼ਮੀ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**

ਨੇੜਲੇ ਪਿੰਡ ਕੋਟ ਗੰਗੂਰਾਏ ਵਿਖੇ ਇੱਕ ਵਿਆਹ ਵਾਲੇ ਘਰ ਵਿਚ ਜਾਗੋ ਦੌਰਾਨ ਗੁਆਂਢੀ ਨੇ ਗੋਲੀਆਂ ਚਲਾ ਦਿੱਤੀਆਂ, ਜਿਸ ਕਾਰਨ ਲਾੜੇ ਦੇ ਚਚੇਰਾ ਭਰਾ ਮਨਦੀਪ ਸਿੰਘ ਵਾਸੀ ਕੋਟ ਗੰਗੂ ਰਾਏ ਜ਼ਖਮੀ ਹੋ ਗਿਆ। ਹਸਪਤਾਲ ਵਿਚ ਇਲਾਜ ਅਧੀਨ ਮਨਦੀਪ ਸਿੰਘ ਨੇ ਪੁਲਸ ਕੋਲ ਬਿਆਨ ਦਰਜ ਕਰਵਾਉਂਦਿਆਂ ਦੱਸਿਆ ਕਿ ਉਸ ਦੇ ਚਚੇਰੇ ਭਰਾ ਗੁਰਮੀਤ ਸਿੰਘ ਦਾ ਵਿਆਹ ਸੀ ਅਤੇ ਰਾਤ ਨੂੰ ਜਾਗੋ ਸਮਾਗਮ ਚੱਲ ਰਿਹਾ ਸੀ। ਉਨ੍ਹਾਂ ਦਾ ਗੁਆਂਢੀ ਜਗਦੀਸ਼ ਸਿੰਘ, ਜਿਸ ਨੇ ਸ਼ਰਾਬ ਪੀਤੀ ਹੋਈ ਸੀ, ਨੇ ਆਪਣੇ ਪਿਸਤੌਲ ਨਾਲ 3 ਹਵਾਈ ਫਾਇਰ ਕੀਤੇ ਅਤੇ ਜਦੋਂ ਉਸ ਨੂੰ ਰੋਕਿਆ ਤਾਂ ਉਸ ਨੇ ਮੈਨੂੰ ਗਾਲੀ ਗਲੋਚ ਕਰਦਿਆਂ ਕੱਚ ਦਾ ਗਿਲਾਸ ਮੇਰੇ ਵੱਲ ਮਾਰਿਆ। ਜਗਦੀਸ਼ ਸਿੰਘ ਉਸ ਤੋਂ ਬਾਅਦ ਆਪਣੇ ਘਰ ਜਾ ਕੇ ਮਕਾਨ ਦੀ ਛੱਤ 'ਤੇ ਚੜ੍ਹ ਗਿਆ । ਉਸ ਨੇ ਮਾਰ ਦੇਣ ਦੀ ਨੀਅਤ ਨਾਲ ਮੇਰੇ 'ਤੇ 3 ਫਾਇਰ ਕੀਤੇ, ਜਿਸ 'ਚੋਂ ਇੱਕ ਗੋਲੀ ਮੇਰੇ ਮੱਥੇ ਦੇ ਖੱਬੇ ਪਾਸਿਓਂ ਛੂਹ ਕੇ ਲੰਘ ਗਈ ਜਦਕਿ 2 ਗੋਲੀਆਂ ਮੇਰੀ ਖੱਬੀ ਬਾਂਹ 'ਤੇ ਲੱਗੀਆਂ। ਜ਼ਖ਼ਮੀ ਹਾਲਤ ਵਿਚ ਉਸ ਨੂੰ ਦੋਰਾਹਾ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ। ਜ਼ਖ਼ਮੀ ਮਨਦੀਪ ਸਿੰਘ ਨੇ ਦੱਸਿਆ ਕਿ ਜਗਦੀਸ਼ ਸਿੰਘ ਨਾਲ ਉਨ੍ਹਾਂ ਦੀ ਪੁਰਾਣੀ ਰੰਜਿਸ਼ ਸੀ, ਕਿਉਂਕਿ ਉਨ੍ਹਾਂ ਦਾ ਪਿੰਡ ਵਿਚ ਜਗ੍ਹਾ ਨੂੰ ਲੈ ਕੇ ਵਿਵਾਦ ਚੱਲ ਰਿਹਾ ਸੀ। ਉਸ ਨੇ ਮਾਰ ਦੇਣ ਦੀ ਨੀਅਤ ਨਾਲ ਉਸ ਉੱਪਰ ਗੋਲੀਆਂ ਚਲਾਈਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਟਾਣੀ ਕਲਾਂ ਦੇ ਇੰਚਾਰਜ਼ ਨੇ ਦੱਸਿਆ ਕਿ ਮਨਦੀਪ ਸਿੰਘ ਵੱਲੋਂ ਦਿੱਤੇ ਬਿਆਨਾਂ ਦੇ ਅਧਾਰ 'ਤੇ ਜਗਦੀਸ਼ ਸਿੰਘ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ ਅਤੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਹੈ।



ਜ਼ਖ਼ਮੀ ਹੋਏ ਮਨਦੀਪ ਸਿੰਘ ਦੀ ਫਾਈਲ ਫੋਟੋ।

## ਬੱਚਿਆਂ ਨੂੰ ਭਵਿੱਖ 'ਚ ਚੁਣੌਤੀਆਂ ਬਾਬਤ ਜਾਗਰੂਕ ਕਰਨ ਲਈ ਕੈਂਪ ਆਯੋਜਿਤ



**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**

ਬੱਚਿਆਂ ਦੇ ਭਵਿੱਖ ਵਿਚ ਆਉਣ ਵਾਲੀਆਂ ਮੁਸ਼ਕਿਲਾਂ ਸਬੰਧੀ ਜਾਗਰੂਕ ਕਰਨ ਤੇ ਸਮੇਂ ਸਿਰ ਨਜਿੱਠਣ ਲਈ ਬੀਤੀ 29-30 ਨਵੰਬਰ ਨੂੰ ਕੇਂਦਰ ਸਰਕਾਰ ਵੱਲੋਂ ਆਯੋਜਿਤ ਦੋ ਰੋਜ਼ਾ ਕੈਂਪ ਕੀਤਾ ਗਿਆ।ਇਸ ਕੈਂਪ 'ਚ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਬੁਰਜ ਮਰਹਾਣਾ ਦੇ ਅਧਿਆਪਕ ਸਤਨਾਮ ਸਿੰਘ ਵੱਲੋਂ ਸ਼ਮੂਲੀਅਤ ਕੀਤੀ ਗਈ।ਚੀਫ ਖਾਲਸਾ ਦੀਵਾਨ ਅਧੀਨ ਚੱਲ ਰਹੇ ਸਕੂਲਾਂ ਵੱਲੋਂ ਜਿਥੇ ਸਿੱਖਿਆ ਦੇ ਖੇਤਰ ਵਿਚ ਵੱਡਾ ਨਾਮਣਾ ਖੱਟਿਆ ਜਾ ਰਿਹਾ ਹੈ ਉਥੇ ਧਾਰਮਿਕ ਖੇਤਰ ਵਿਚ ਵੱਡੀਆਂ ਪ੍ਰਾਪਤੀਆਂ ਕੀਤੀਆਂ ਜਾ ਰਹੀਆਂ।ਕੇਂਦਰ ਸਰਕਾਰ ਵੱਲੋਂ ਆਈ. ਆਈ. ਐੱਲ. ਐੱਮ. ਯੂਨੀਵਰਸਿਟੀ ਗੁਰੂਗਰਾਮ ਵਿਖੇ ਇਕ ਇਨੋਵੇਸ਼ਨ, ਡਿਜ਼ਾਈਨ ਐਂਡ ਇੰਟਰਪ੍ਰੀਨਿਓਰਸ਼ਿਪ ਬੂਟ ਕੈਂਪ ਆਯੋਜਿਤ ਕੀਤਾ ਗਿਆ ਜਿਸ ਵਿਚ ਸੂਬੇ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਸਕੂਲ ਬੁਰਜ ਮਰਹਾਣਾ ਦੇ ਸਾਇੰਸ ਅਧਿਆਪਕ ਸਤਨਾਮ ਸਿੰਘ ਨੇ ਇਕੱਲੇ ਹੀ ਸ਼ਮੂਲੀਅਤ ਕੀਤੀ ।ਇਸ ਕੈਂਪ ਦੀ ਸ਼ੁਰੂਆਤ ਡਾ. ਮਨੋਜ ਸ਼ਰਮਾ ਸੀਨੀਅਰ ਸਪੈਸ਼ਲਿਸਟ ਐੱਸਸੀਈਆਰਟੀ ਹਰਿਆਣਾ ਵੱਲੋਂ ਕੀਤੀ ਗਈ ਜਿਸ ਵਿਚ ਡਾ. ਰੁਚੀ ਗੌਤਮ ਪੰਤ ਅਤੇ ਐਸ਼ਵਰਿਆ ਅਗਰਵਾਲ ਨੇ ਮੁੱਖ ਸਰੋਤ ਵਿਅਕਤੀ ਵਜੋਂ ਡਿਊਟੀ ਨਿਭਾਈ।ਇਸ ਦੋ ਰੋਜ਼ਾ ਕੈਂਪ ਵਿਚ ਬੱਚਿਆਂ ਨੂੰ ਜੀਵਨ ਵਿਚ ਆਉਣ ਵਾਲੀਆਂ ਮੁਸ਼ਕਿਲਾਂ ਬਾਰੇ ਜਾਗਰੂਕ ਕਰਨ ਲਈ ਸਿਖਲਾਈ ਪ੍ਰਦਾਨ ਕੀਤੀ ਗਈ ਤਾਂ ਜੋ ਭਵਿੱਖ ਵਿਚ ਬੱਚੇ ਆਤਮ ਨਿਰਭਰ ਹੋ ਸਕਣ ।ਸਕੂਲ ਦੇ ਮੈਂਬਰ ਇੰਚਾਰਜ ਕੰਵਰਦੀਪ ਸਿੰਘ, ਰਵਿੰਦਰ ਸਿੰਘ, ਬਲਦੇਵ ਸਿੰਘ ਅਤੇ ਪ੍ਰਿੰਸੀਪਲ ਮੈਡਮ ਰਣਜੀਤ ਕੌਰ ਭਾਟੀਆ ਵੱਲੋਂ ਜਿਥੇ ਕੇਂਦਰ ਸਰਕਾਰ ਵੱਲੋਂ ਕੀਤੇ ਗਏ ਇਸ ਵਿਸ਼ੇਸ਼ ਉਪਰਾਲੇ ਦੀ ਸ਼ਲਾਘਾ ਕੀਤੀ ਗਈ ਉਥੇ ਇਹਨਾਂ ਕੈਂਪਾਂ 'ਚ ਹਾਜ਼ਰੀ ਭਰ ਕੇ ਅਧਿਆਪਕਾਂ ਨੂੰ ਵੱਡਾ ਲਾਹਾ ਪ੍ਰਾਪਤ ਕਰਨ ਦੀ ਅਪੀਲ ਕੀਤੀ ਗਈ।

## ਪੈਨਸ਼ਨਰ ਡੇ ਦੀਆਂ ਤਿਆਰੀਆਂ ਨੂੰ ਲੈ ਕੇ ਜ਼ਰੂਰੀ ਮੀਟਿੰਗ



**ਧਾਰੀਵਾਲ/ਗੁਰਦਾਸਪੁਰ, (ਮਨਦੀਪ ਸਿੰਘ ਵਿੱਕੀ, ਜਨਕ ਮਹਾਜਨ)**-ਪੰਜਾਬ ਪੈਨਸ਼ਨਰ ਐਸੋਸ਼ੀਏਸ਼ਨ ਗੁਰਦਾਸਪੁਰ ਯੂਨਿਟ ਦੀ ਇੱਕ ਜ਼ਰੂਰੀ ਮੀਟਿੰਗ ਅਭਿਨਾਸ਼ ਸਿੰਘ ਦੀ ਪ੍ਰਧਾਨਗੀ ਹੇਠ ਦਫ਼ਤਰ ਜੇਲ ਰੋਡ ਗੁਰਦਾਸਪੁਰ ਵਿਖੇ ਬੁਲਾਈ ਗਈ ਜਿਸ ਵਿੱਚ 16/12/2024 ਨੂੰ ਮਨਾਏ ਜਾ ਰਹੇ ਪੈਨਸ਼ਨਰ ਡੇ ਸਬੰਧੀ ਤਿਆਰੀਆਂ ਲਈ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਇਸ ਨੂੰ ਵਧੀਆ ਢੰਗ ਨਾਲ ਨੇਪਰੇ ਚਾੜ੍ਹਨ ਲਈ ਡਿਊਟੀਆਂ ਲਗਾਈਆਂ ਗਈਆਂ ਪੂਰੇ ਸ਼ਹਿਰ ਨੂੰ ਜ਼ੋਨਾਂ ਵਿਚ ਵੰਡ ਕੇ ਹਰੇਕ ਪੈਨਸ਼ਨਰ ਤਕ ਪ੍ਰੋਗਰਾਮ ਦਾ ਸੱਦਾ ਪੱਤਰ ਦੇਣਾ ਯਕੀਨੀ ਬਣਾਇਆ ਜਾਵੇਗਾ। ਜ਼ਿਲੇ ਦੇ ਸਮੂਹ ਪੈਨਸ਼ਨਰ ਸਾਥੀਆਂ ਨੂੰ ਬੇਨਤੀ ਕੀਤੀ ਜਾਂਦੀ ਕਿ ਉਹ 16/12/24 ਨੂੰ 11 ਵਜੇ ਚੰਦਨ ਪੈਲੇਸ ਗੁਰਦਾਸਪੁਰ ਵਿਖੇ ਹੁੰਮ-ਹੁਮਾ ਕੇ ਪਹੁੰਚਣ। ਮੀਟਿੰਗ ਵਿੱਚ ਸਾਥੀ ਮੱਖਣ ਕੁਹਾੜ, ਹੁੰਦਲ ਸਾਹਿਬ, ਕਪੂਰ ਸਿੰਘ ਘੁੰਮਣ, ਰਘਬੀਰ ਚਾਹਲ, ਜਗਦੀਪ ਸਿੰਘ, ਗੁਰਪ੍ਰੀਤ ਸਿੰਘ, ਸੇਵਾ ਸਿੰਘ ਆਦਿ ਹਾਜ਼ਰ ਸਨ।

## ਪਬਲਿਕ ਸਕੂਲ ਰਾਣੀ ਵਲਾਹ ਦਾ ਲੋਕ-ਰੰਗ ਪ੍ਰੋਗਰਾਮ ਯਾਦਗਾਰੀ ਹੋ ਨਿੱਬੜਿਆ

**ਚੋਹਲਾ ਸਾਹਿਬ(ਰਮਨ ਚੱਢਾ)**

ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ਼ਾਹ ਹਰਬੰਸ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ ਰਾਣੀ ਵਲਾਹ ਵਿਖੇ ਸਕੂਲ ਦਾ ਸਾਲਾਨਾ ਪ੍ਰੋਗਰਾਮ 'ਲੋਕ ਰੰਗ' ਕਰਵਾਇਆ ਗਿਆ ਜਿਸ ਵਿੱਚ ਵਿਰਾਸਤ ਨਾਲ ਜੁੜੀਆਂ ਹਰ ਤਰ੍ਹਾਂ ਦੀਆਂ ਵੰਨਗੀਆਂ ਦੇਖਣ ਨੂੰ ਮਿਲੀਆਂ? ਪ੍ਰੋਗਰਾਮ ਦੀ ਸ਼ੁਰੂਆਤ ਤੋਂ ਪਹਿਲਾਂ ਪ੍ਰਮਾਤਮਾ ਦਾ ਓਟ ਆਸਰਾ ਲੈਂਦਿਆਂ ਬੱਚਿਆਂ ਵਲੋਂ ਸ਼ਬਦ ਕੀਰਤਨ ਕੀਤਾ ਗਿਆ। ਉਪਰੰਤ ਮਹਿਮਾਨਾਂ ਨੂੰ ਜੀ ਆਇਆਂ ਕਹਿਣ ਲਈ ਪੇਸ਼ਕਾਰੀ ਪੇਸ਼ ਕੀਤੀ ਅਤੇ ਨਿੱਕੇ ਨਿੱਕੇ ਬੱਚਿਆਂ ਵਲੋਂ ਪੰਜਾਬੀ, ਰਾਜਸਥਾਨੀ, ਗੁਜਰਾਤੀ ਲੋਕ ਰੰਗ ਦੀਆਂ ਵੰਨਗੀਆਂ ਵਿੱਚ ਐਜੂਕੇਸ਼ਨ, ਸੋਸ਼ਲ ਮੀਡੀਆ, ਦਸਤਾਰ, ਮਾਂ ਬੋਲੀ ਅਤੇ ਫੈਂਸੀ ਡਰੈੱਸ ਵਰਗੀਆਂ ਖ਼ੂਬਸੂਰਤ ਪੇਸ਼ਕਾਰੀਆਂ ਨਾਲ ਜਿੱਥੇ ਆਏ ਮਹਿਮਾਨਾਂ ਨੂੰ ਆਪਣੀਆਂ ਨੰਨ੍ਹੀਆਂ ਪੇਸ਼ਕਾਰੀਆਂ ਨਾਲ ਤਾੜੀਆਂ ਮਾਰਨ ਲਈ ਮਜਬੂਰ ਕਰ ਦਿੱਤਾ ਉਥੇ ਬੱਚਿਆਂ ਵਲੋਂ ਆਰਮੀ ਤੇ ਵਾਤਾਵਰਣ ਵਿਸ਼ਿਆਂ 'ਤੇ ਬਾਖ਼ੂਬੀ ਪੇਸ਼ਕਾਰੀ ਕੀਤੀ। ਉਪਰੰਤ ਹਰ ਪੱਖੋਂ ਵਿਰਾਸਤ ਨਾਲ ਰੰਗੇ ਰੰਗ ਲੋਕ ਗੀਤ, ਸੰਮੀ, ਲੁੱਡੀ, ਭੰਗੜਾ, ਗਿੱਧਾ, ਝੂੰਮਰ ਅਤੇ ਖਾਲਸਾ ਰਾਜ ਦੀ ਗੁਰੀਲਾ ਯੁੱਧ ਦੀ ਖਾਲਸਾਈ ਖੇਡ ਗੱਤਕਾ ਵਰਗੀਆਂ ਖ਼ੂਬਸੂਰਤ ਪੇਸ਼ਕਾਰੀਆਂ ਨੇ ਆਏ ਮਾਪਿਆਂ, ਮਹਿਮਾਨਾਂ ਅਤੇ ਮੁੱਖ ਮਹਿਮਾਨਾਂ ਨੂੰ ਸਾਰਾ ਦਿਨ ਬੰਨ੍ਹੀ ਰੱਖਿਆ।ਪ੍ਰੋਗਰਾਮ ਵਿੱਚ ਸਕੂਲ ਦੇ ਨਰਸਰੀ ਤੋਂ ਬਾਰ ਵੀਂ ਤੱਕ ਦੇ ਹਰ ਵਿਦਿਆਰਥੀ ਵਲੋਂ ਕਿਸੇ ਨਾ ਕਿਸੇ ਰੂਪ ਵਿੱਚ ਲੋਕ ਰੰਗ ਦੇ ਉਹ ਜ਼ਖੀਰਿਆਂ ਨੂੰ ਪੇਸ਼ ਕੀਤਾ ਗਿਆ ਜਿਨ੍ਹਾਂ ਬਾਰੇ ਹੁਣ ਕਲਪਨਾ ਹੀ ਕੀਤੀ ਜਾ ਸਕਦੀ ਹੈ।ਇਸ ਪ੍ਰੋਗਰਾਮ ਵਿੱਚ ਪਹੁੰਚੀਆਂ ਮੁੱਖ ਸ਼ਖ਼ਸੀਅਤਾਂ ਵਿੱਚ ਐੱਮਐੱਲਏ ਮਨਜਿੰਦਰ ਸਿੰਘ ਲਾਲਪੁਰਾ ਵੱਲੋਂ ਵਧਾਈ ਭੇਜਦਿਆਂ ਅਮਰਿੰਦਰ ਸਿੰਘ ਐਮੀ ਨੇ ਹਾਜ਼ਰੀ ਭਰੀ। ਮੁੱਖ ਮਹਿਮਾਨ ਅਮਰਿੰਦਰ ਸਿੰਘ ਐਮੀ, ਤਰਸੇਮ ਸਿੰਘ ਡੀਈਓ ਦਫ਼ਤਰ, ਸੁਬੇਗ ਸਿੰਘ ਧੁੰਨ, ਕੇਵਲ ਨਈਅਰ ਵਲੋਂ ਸਕੂਲ ਦੀਆਂ ਗਤੀਵਿਧੀਆਂ ਅਤੇ ਵਿਦਿਅਕ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਸਮੂਚੀ ਮੈਨੇਜਮੈਂਟ ਨੂੰ ਵਧਾਈ ਦਿੰਦਿਆਂ ਪਿਛਲੇ ਵਿੱਦਿਅਕ ਸਾਲ 2023-24 ਦੇ ਪਹਿਲੇ, ਦੂਜੇ ਅਤੇ ਤੀਜੇ ਸਥਾਨ ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਅਤੇ ਇਸ ਸਾਲ ਪੜ੍ਹਾਈ ਦੇ ਨਾਲ ਨਾਲ ਹੋਈਆਂ ਹੋਰ ਗਤੀਵਿਧੀਆਂ ਵਿੱਚੋਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਮੈਨੇਜਿੰਗ ਡਾਇਰੈਕਟਰ ਗੁਲਵਿੰਦਰ ਸਿੰਘ ਸੰਧੂ ਐਜੂਕੇਸ਼ਨਲ ਡਾਇਰੈਕਟਰ ਮੈਡਮ ਨਵਦੀਪ ਕੌਰ ਸੰਧੂ, ਕਨੂੰਨੀ ਸਲਾਹਕਾਰ ਐਡਵੋਕੇਟ ਸਰਤਾਜ ਸਿੰਘ ਸੰਧੂ, ਡਾਇਰੈਕਟਰ ਡਾ. ਹਰਕੀਰਤ ਕੌਰ ਸੰਧੂ ਅਤੇ ਪ੍ਰਿੰ. ਨਿਰਭੈ ਸਿੰਘ ਸੰਧੂ ਵਲੋਂ ਆਏ ਮਾਪਿਆਂ, ਮਹਿਮਾਨਾਂ ਅਤੇ ਮੁੱਖ ਮਹਿਮਾਨ ਨੂੰ ਜੀ ਆਇਆਂ ਆਖਦਿਆਂ ਧੰਨਵਾਦ ਕੀਤਾ ਜਿਨ੍ਹਾਂ ਨੇ ਸਾਡੇ ਸੱਦੇ ਨੂੰ ਪ੍ਰਵਾਨ ਕਰਦਿਆਂ ਸ਼ਮੂਲੀਅਤ ਕੀਤੀ ਅਤੇ ਇਸ ਪ੍ਰੋਗਰਾਮ ਵਿੱਚ ਸ਼ਿਰਕਤ ਕਰ ਸਾਨੂੰ ਮਾਣ ਬਖ਼ਸ਼ਿਆ।ਬੱਚਿਆਂ ਅਤੇ ਮਾਪਿਆਂ ਤੋਂ ਇਲਾਵਾ ਇਲਾਕੇ ਦੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ, ਮੋਹਤਬਰ ਸ਼ਖ਼ਸੀਅਤਾਂ ਦਾ ਵੀ ਪ੍ਰੋਗਰਾਮ ਨੂੰ ਸੁਚੱਜੇ ਢੰਗ ਨਾਲ ਯਾਦਗਾਰੀ ਬਣਾਉਣ ਵਿੱਚ ਪੂਰਾ ਸਹਿਯੋਗ ਰਿਹਾ।



5-Dec-PAGE-4.qxd 12/4/2024 10:41 PM Page 1

ਨਵਾਂ ਜ਼ਮਾਨਾ
ਵੀਰਵਾਰ, 5 ਦਸੰਬਰ 2024

# ਆਵਾਜ਼ ਜਾਮ ਕਰਨ ਵਾਲਾ ਫਰਮਾਨ

*ਦਿੱਲੀ ਸਥਿਤ ਕੇਂਦਰੀ ਯੂਨੀਵਰਸਿਟੀ ਜਾਮੀਆ ਮਿਲੀਆ ਇਸਲਾਮੀਆ ਦੇ ਪ੍ਰਸ਼ਾਸਨ ਨੇ ਅਜੀਬੋ-ਗਰੀਬ ਫਰਮਾਨ ਜਾਰੀ ਕੀਤਾ ਹੈ ਕਿ ਯੂਨੀਵਰਸਿਟੀ ਕੈਂਪਸ 'ਚ ਕਿਸੇ ਵੀ ਵਿਦਿਆਰਥੀ ਜਾਂ ਵਿਦਿਆਰਥੀ ਜਥੇਬੰਦੀ ਜਾਂ ਗਰੁੱਪ ਨੂੰ ਉਸ ਦੀ ਆਗਿਆ ਦੇ ਬਿਨਾਂ ਪ੍ਰਧਾਨ ਮੰਤਰੀ ਸਣੇ ਸੰਵਿਧਾਨਕ ਅਹੁਦਿਆਂ 'ਤੇ ਬੈਠੇ ਲੋਕਾਂ ਖਿਲਾਫ ਨਾਅਰੇ ਲਾਉਣ ਦਾ ਅਧਿਕਾਰ ਨਹੀਂ ਹੈ। ਫਰਮਾਨ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਅਕਾਦਮਿਕ ਖੇਤਰ ਤੇ ਯੂਨੀਵਰਸਿਟੀ ਤੋਂ ਬਾਹਰ ਦੇ ਮੁੱਦੇ ਉਠਾਉਣ ਦੀ ਆਗਿਆ ਨਹੀਂ ਹੋਵੇਗੀ। ਜਿਸ ਦੇਸ਼ ਵਿੱਚ ਯੂਨੀਵਰਸਿਟੀ ਕੈਂਪਸਾਂ ਨੂੰ ਵਿਦਿਆਰਥੀ ਰਾਜਨੀਤੀ ਦੀ ਨਰਸਰੀ ਮੰਨਿਆ ਜਾਂਦਾ ਹੋਵੇ, ਜਿੱਥੇ ਦੇਸ਼ ਤੇ ਦੁਨੀਆ ਦੀਆਂ ਤਮਾਮ ਗੱਲਾਂ 'ਤੇ ਚਰਚਾ ਹੁੰਦੀ ਹੋਵੇ, ਜਿੱਥੇ ਰਾਜਨੀਤੀ ਤੋਂ ਲੈ ਕੇ ਵਿਗਿਆਨ ਅਤੇ ਸਮਾਜ ਸ਼ਾਸਤਰ ਤੋਂ ਲੈ ਕੇ ਭੂਗੋਲ ਸਣੇ ਹਰ ਵਿਸ਼ੇ 'ਤੇ ਡੂੰਘੀ ਚਰਚਾ ਤੇ ਰਿਸਰਚ ਹੁੰਦੀ ਹੋਵੇ, ਉੱਥੋਂ ਦਾ ਪ੍ਰਸ਼ਾਸਨ ਕਹਿ ਰਿਹਾ ਹੈ ਕਿ ਵਿਦਿਆਰਥੀਆਂ ਨੂੰ ਬੋਲਣ ਦਾ ਹੱਕ ਨਹੀਂ। ਇਸ ਫਰਮਾਨ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਯੂਨੀਵਰਸਿਟੀ ਦੇ ਸਮਰੱਥ ਅਧਿਕਾਰੀਆਂ ਰਾਹੀਂ ਸੂਚਨਾ ਮਿਲੀ ਹੈ ਕਿ ਕੈਂਪਸ ਵਿੱਚ ਕੁਝ ਵਿਦਿਆਰਥੀ ਪ੍ਰਧਾਨ ਮੰਤਰੀ ਅਤੇ ਦੇਸ਼ ਦੀਆਂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਖਿਲਾਫ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਦੱਸੇ ਬਿਨਾਂ ਜਾਂ ਉਸ ਦੀ ਆਗਿਆ ਤੋਂ ਬਿਨਾਂ ਨਾਅਰੇ ਲਾ ਰਹੇ ਹਨ। ਇਸ ਸਿਲਸਿਲੇ 'ਚ 2022 ਵਿੱਚ ਜਾਰੀ ਸਰਕੂਲਰ ਵੱਲ ਵੀ ਧਿਆਨ ਦਿਵਾਇਆ ਗਿਆ ਹੈ, ਜਿਸ 'ਚ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਉਸ ਦੀ ਆਗਿਆ ਦੇ ਬਿਨਾਂ ਕੈਂਪਸ ਵਿੱਚ ਕੋਈ ਵੀ ਬੈਠਕ, ਰੈਲੀ ਕਰਨ ਜਾਂ ਫਿਰ ਧਰਨਾ ਦੇਣ ਜਾਂ ਨਾਅਰੇ ਨਾ ਲਾਉਣ ਦੀ ਸਲਾਹ ਦਿੱਤੀ ਗਈ ਸੀ। ਹੁਣ ਕਿਹਾ ਗਿਆ ਹੈ ਕਿ ਉਲੰਘਣਾ ਕਰਨ ਵਾਲੇ ਵਿਦਿਆਰਥੀਆਂ ਖਿਲਾਫ ਜ਼ਾਬਤੇ ਦੀ ਕਾਰਵਾਈ ਕੀਤੀ ਜਾਵੇਗੀ।*

*ਯੂਨੀਵਰਸਿਟੀਆਂ ਨੂੰ ਹੁਣ ਤੱਕ ਖੁਦਮੁਖਤਿਆਰੀ ਦਾ ਦਰਜਾ ਹਾਸਲ ਹੈ। ਮਤਲਬ, ਉਨ੍ਹਾਂ ਦੇ ਕੰਮਕਾਜ ਵਿੱਚ ਸਰਕਾਰ ਸਿੱਧਾ ਦਖਲ ਨਹੀਂ ਦੇ ਸਕਦੀ। ਅਜਿਹਾ ਇਸ ਲਈ ਕਿ ਸੋਚਣ-ਸਮਝਣ ਤੇ ਚੀਜ਼ਾਂ ਦਾ ਡੂੰਘਾਈ ਵਿੱਚ ਵਿਸ਼ਲੇਸ਼ਣ ਕਰਨ ਲਈ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਦਿਮਾਗ ਨੂੰ ਕਿਸੇ ਵੀ ਤਰ੍ਹਾਂ ਦੇ ਬਾਹਰੀ ਦਬਾਅ ਤੋਂ ਮੁਕਤ ਹੋਣਾ ਚਾਹੀਦਾ ਹੈ। ਇੱਥੋਂ ਤੱਕ ਕਿ ਯੂਨੀਵਰਸਿਟੀਆਂ ਦੇ ਅਧਿਆਪਕਾਂ ਨੂੰ ਰਾਜਨੀਤੀ 'ਚ ਹਿੱਸਾ ਲੈਣ ਦੀ ਛੋਟ ਹੈ। ਇਹੀ ਕਾਰਨ ਹੈ ਕਿ ਆਰ ਐੱਸ ਐੱਸ ਦੇ ਮੁਖੀ ਰਹੇ ਰੱਜੂ ਭਈਆ ਤੋਂ ਲੈ ਕੇ ਕੇਂਦਰ ਵਿੱਚ ਮੰਤਰੀ ਬਣੇ ਪ੍ਰੋਫੈਸਰ ਮੁਰਲੀ ਮਨੋਹਰ ਜੋਸ਼ੀ ਆਰ ਐੱਸ ਐੱਸ, ਸਾਬਕਾ ਜਨਸੰਘ ਤੇ ਭਾਜਪਾ ਦੀ ਰਾਜਨੀਤੀ ਕਰਦੇ ਰਹੇ, ਪਰ ਹੁਣ ਉਸੇ ਤਰ੍ਹਾਂ ਦੀਆਂ ਸਰਗਰਮੀਆਂ 'ਤੇ ਮੌਜੂਦਾ ਸਰਕਾਰ ਦੇ ਨਿਰਦੇਸ਼ 'ਤੇ ਯੂਨੀਵਰਸਿਟੀ ਪ੍ਰਸ਼ਾਸਨ ਰੋਕ ਲਾਉਣੀ ਚਾਹੁੰਦਾ ਹੈ। ਇਹ ਨਾ ਸਿਰਫ ਬੋਲਣ ਦੀ ਆਜ਼ਾਦੀ ਦੇ ਅਧਿਕਾਰ ਦੇ ਖਿਲਾਫ ਹੈ, ਸਗੋਂ ਕੈਂਪਸਾਂ ਦੀ ਖੁਦਮੁਖਤਿਆਰੀ ਤੇ ਆਜ਼ਾਦੀ 'ਤੇ ਵੀ ਸਵਾਲੀਆ ਨਿਸ਼ਾਨ ਲਾਉਂਦਾ ਹੈ।*

*ਵਿਦਿਆਰਥੀਆਂ ਨੇ ਹਾਲ ਹੀ ਵਿੱਚ ਦੋ ਪ੍ਰੋਟੈਸਟ ਕੀਤੇ ਸਨ। ਪਹਿਲਾ ਮਜ਼ਹਰ ਆਸਿਫ ਨੂੰ ਵਾਈਸ ਚਾਂਸਲਰ ਨਿਯੁਕਤ ਕਰਨ ਖਿਲਾਫ ਤੇ ਦੂਜਾ ਯੂ ਪੀ ਦੇ ਸੰਭਲ ਵਿੱਚ ਪੁਲਸ ਫਾਇਰਿੰਗ ਖਿਲਾਫ। ਯੂਨੀਵਰਸਿਟੀ ਦੇ ਫਰਮਾਨ ਤੋਂ ਸਾਫ ਹੈ ਕਿ ਵਾਈਸ ਚਾਂਸਲਰ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਪ੍ਰੋਟੈਸਟ 'ਤੇ ਪਾਬੰਦੀ ਲਾਉਣ ਦੇ ਰਾਹ ਪੈ ਗਿਆ ਹੈ। ਜਾਮੀਆ ਮਿਲੀਆ ਇਸਲਾਮੀਆ ਦੇ ਵਿਦਿਆਰਥੀਆਂ ਦੀ ਸਰਗਰਮੀ ਦਾ ਲੰਮਾ ਇਤਿਹਾਸ ਹੈ। ਇਸ ਨੇ ਕੌਮੀ ਲਹਿਰਾਂ 'ਚ ਅਹਿਮ ਰੋਲ ਨਿਭਾਇਆ ਹੈ। ਨਾਗਰਿਕਤਾ ਸੋਧ ਕਾਨੂੰਨ (ਸੀ ਏ ਏ)-2019 ਖਿਲਾਫ ਇਸ ਦੇ ਵਿਦਿਆਰਥੀਆਂ ਤੇ ਪ੍ਰੋਫੈਸਰਾਂ ਨੇ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ ਸੀ। ਉਸ ਵੇਲੇ ਦੀ ਯੂਨੀਵਰਸਿਟੀ ਦੀ ਪਹਿਲੀ ਵਾਈਸ ਚਾਂਸਲਰ ਨਜਮਾ ਅਖਤਰ ਨੇ ਯੂਨੀਵਰਸਿਟੀ ਵਿਚ ਦਾਖਲ ਹੋ ਕੇ ਸੁਰੱਖਿਆ ਬਲਾਂ ਵੱਲੋਂ ਵਿਦਿਆਰਥੀਆਂ ਦੀ ਕੁੱਟਮਾਰ ਦਾ ਵਿਰੋਧ ਕੀਤਾ ਸੀ। ਇਕ ਪਾਸੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੌਜਵਾਨਾਂ ਨੂੰ ਰਾਜਨੀਤੀ ਵਿੱਚ ਆਉਣ ਲਈ ਪ੍ਰੇਰਤ ਕਰ ਰਹੇ ਹਨ, ਦੂਜੇ ਪਾਸੇ ਕੇਂਦਰੀ ਮਦਦ ਨਾਲ ਚੱਲਣ ਵਾਲੀ ਯੂਨੀਵਰਸਿਟੀ ਦਾ ਮੌਜੂਦਾ ਵਾਈਸ ਚਾਂਸਲਰ ਪ੍ਰੋਟੈਸਟ ਕਰਨ 'ਤੇ ਰੋਕ ਲਾ ਰਿਹਾ ਹੈ। ਇਹ ਕਿਹੀ ਵਿਡੰਬਨਾ ਹੈ!*

# ਟਰੰਪ ਦੀ ਚੋਣ ਅਤੇ ਔਰਤ ਅਧਿਕਾਰਾਂ ਬਾਰੇ ਪੱਛਮੀ ਸੱਭਿਆਚਾਰ ਦੀ ਸਮਝ

**ਪੇਸ਼ਕਸ਼ : ਡਾ. ਅਜੀਤਪਾਲ ਸਿੰਘ ਐੱਮ ਡੀ**

ਅਮਰੀਕਾ ਵਿੱਚ ਜੇ ਕੋਈ ਅਦਾਲਤ ਕਿਸੇ ਚੁਣਾਵੀ ਉਮੀਦਵਾਰ ਨੂੰ ਬਲਾਤਕਾਰੀ ਠਹਿਰਾ ਦਿੰਦੀ ਹੈ ਤਾਂ ਉਸ ਦਾ ਰਾਜਸੀ ਕੈਰੀਅਰ ਉੱਥੇ ਹੀ ਖਤਮ ਹੋ ਜਾਂਦਾ ਸੀ ।ਅਜਿਹਾ ਲੱਗਦਾ ਹੈ ਕਿ ਇਹ ਗੱਲ ਹੁਣ ਪੁਰਾਣੀ ਹੋ ਚੁੱਕੀ ਹੈ। ਪਿੱਛੇ ਜਿਹੇ ਹੀ ਪੂਰੇ ਹੋਏ ਅਮਰੀਕੀ ਰਾਸ਼ਟਰਪਤੀ ਦੀ ਚੋਣ ਦਾ ਅਮਲ ਗਵਾਹ ਹੈ ਕਿ ਇੱਕ ਉਮੀਦਵਾਰ ਦੇ ਖਿਲਾਫ ਪਿਛਲੇ ਸਾਲ ਹੀ ਆਏ ਅਦਾਲਤੀ ਫੈਸਲੇ ਨਾਲ ਕਿਸੇ ਨੂੰ ਕਿਸੇ ਤਰ੍ਹਾਂ ਦਾ ਕੋਈ ਫਰਕ ਨਹੀਂ ਪਿਆ। ਦੂਜੀ ਵਾਰ ਰਾਸ਼ਟਰਪਤੀ ਬਣ ਚੁੱਕੇ ਡੋਨਾਲਡ ਟਰੰਪ ਨੂੰ ਮਈ 2023 ਵਿੱਚ ਨਿਊ ਯਾਰਕ ਦੀ ਅਦਾਲਤ ਨੇ ਜਿਨਸੀ ਸ਼ੋਸ਼ਣ ਦਾ ਦੋਸ਼ੀ ਠਹਿਰਾਇਆ ਸੀ। ਇਹ ਘਟਨਾ 1996 ਦੀ ਸੀ ਅਤੇ ਔਰਤ ਇੱਕ ਪੱਤਰਕਾਰ ਸੀ, ਜਿਸ ਦਾ ਨਾਂਅ ਈ.ਜੀਨ ਕੈਰਲ ਹੈ। ਅਦਾਲਤ ਨੇ ਟਰੰਪ ਨੂੰ ਨੁਕਸਾਨ ਦੀ ਭਰਪਾਈ ਵਜੋਂ ਕੈਰਲ ਨੂੰ 50 ਲੱਖ ਡਾਲਰ ਦੇਣ ਦਾ ਹੁਕਮ ਦਿੱਤਾ ਸੀ। ਟਰੰਪ ਦੇ ਉੱਪਰ ਦੋ ਆਰਥਕ ਜੁਰਮਾਨੇ ਹਨ, ਜਿਹਨਾਂ ਦੀ ਕੀਮਤ 90 ਲੱਖ ਡਾਲਰ ਤੋਂ ਜ਼ਿਆਦਾ ਹੈ, ਜੋ ਉਹਨਾਂ ਕੈਰਲ ਨੂੰ ਦੇਣੇ ਹਨ। ਟਰੰਪ ਇਸ ਖਿਲਾਫ ਅਪੀਲ ਕਰ ਚੁੱਕੇ ਹਨ, ਪਰ ਦੇਣ ਵਾਲੀ ਰਾਸ਼ੀ 'ਤੇ ਵਿਆਜ ਵਧਦਾ ਰਿਹਾ ਹੈ। ਆਰਥਕ ਸਜ਼ਾ ਸੰਬੰਧੀ ਅਦਾਲਤੀ ਦੋ ਹੁਕਮਾਂ 'ਚੋਂ ਪਹਿਲਾਂ ਦੇ ਖਿਲਾਫ ਟਰੰਪ ਦੇ ਵਕੀਲ ਦੀ ਅਪੀਲ ਵਿੱਚ ਇਹ ਦਲੀਲ ਦਿੱਤੀ ਗਈ ਸੀ ਕਿ ਟਰੰਪ ਨੂੰ 'ਬਲਾਤਕਾਰ' ਦਾ ਦੋਸ਼ੀ ਨਹੀਂ ਪਾਇਆ ਗਿਆ ਸੀ। ਨਿਆਂ ਅਥਾਰਟੀ ਦਾ ਕਹਿਣਾ ਸੀ ਕਿ ਟਰੰਪ ਇੱਕ ਦੁਕਾਨ ਦੇ ਇੱਕ ਕਮਰੇ ਵਿੱਚ ਕੈਰਲ ਦੇ ਨਾਲ ਗੰਦੀ ਹਰਕਤ ਕਰਨ ਦੇ ਦੋਸ਼ੀ ਹਨ। ਇਸ ਹਰਕਤ ਨੂੰ ਆਮ ਸਮਝਦਾਰੀ ਦੇ ਹਿਸਾਬ ਨਾਲ ਬਲਾਤਕਾਰ ਨਹੀਂ ਮੰਨਿਆ ਜਾ ਸਕਦਾ। ਉਹ ਕਹਿੰਦੇ ਹੋਏ ਅਦਾਲਤ ਨੇ ਅਪੀਲ ਖ਼ਾਰਜ ਕਰ ਦਿੱਤੀ ਸੀ।

ਜੁਲਾਈ 2023 ਵਿੱਚ ਜੱਜ ਏ.ਕਾਪਲਾਨ ਨੇ ਆਪਣੇ ਹੁਕਮ ਵਿੱਚ ਲਿਖਿਆ ਸੀ। ਨਿਊ ਯਾਰਕ ਫੌਜਦਾਰੀ ਕਾਨੂੰਨ ਦੀ ਵਿਆਖਿਆ ਦੇ ਹਿਸਾਬ ਨਾਲ ਇਹ ਸਿੱਟਾ ਹੈ ਕਿ ਸੁਸ੍ਰੀ ਕੈਰਲ ਆਪਣੇ ਨਾਲ ਹੋਏ 'ਬਲਾਤਕਾਰ' ਨੂੰ ਸਾਬਤ ਕਰਨ ਵਿੱਚ ਨਾਕਾਮ ਹੋ ਗਈ। ਇਸ ਦਾ ਅਰਥ ਇਹ ਨਹੀਂ ਕਿ ਲੋਕਾਂ ਨੂੰ 'ਬਲਾਤਕਾਰ' ਤੇ ਆਮ ਸਮਝਦਾਰੀ ਦੇ ਹਿਸਾਬ ਨਾਲ ਵੀ ਉਹ ਇਹ ਸਾਬਤ ਕਰਨ ਵਿੱਚ ਨਾਕਾਮ ਹਨ ਕਿ ਟਰੰਪ ਨੇ ਉਹਨਾ ਨਾਲ 'ਬਲਾਤਕਾਰ' ਨਹੀਂ ਕੀਤਾ। ਅਸਲ ਵਿੱਚ ਸੁਣਾਈ ਦੇ ਦੌਰਾਨ ਰੱਖੇ ਗਏ ਸਬੂਤਾਂ ਤੋਂ ਸਪੱਸ਼ਟ ਹੁੰਦਾ ਹੈ। ਅਦਾਲਤ ਨੇ ਇਹੀ ਪਾਇਆ ਹੈ ਕਿ ਟਰੰਪ ਨੇ ਬਿਲਕੁਲ ਉਹੀ ਕੀਤਾ ਹੈ। ਟਰੰਪ ਨੇ ਆਪਣੇ ਖਿਲਾਫ ਸਾਰੇ ਦੋਸ਼ਾਂ ਦਾ ਖੰਡਨ ਕੀਤਾ ਹੈ। ਉਹ ਮੁਸ਼ਕਲ ਹੀ ਅਮਰੀਕਾ ਦੇ ਪਹਿਲੇ ਰਾਸ਼ਟਰਪਤੀ ਹੋਣਗੇ, ਜਿਨ੍ਹਾ ਉੱਪਰ ਯੌਨ ਸ਼ੋਸ਼ਣ ਦੇ ਦੋਸ਼ ਲੱਗੇ ਹਨ, ਪਰ ਉਹ ਇਸ ਮਾਮਲੇ ਵਿੱਚ ਪਹਿਲੇ ਹਨ ਕਿ ਉਹਨਾ ਖਿਲਾਫ ਯੌਨ ਦੁਰਾਚਾਰ ਦਾ ਅੱਛਾ-ਖਾਸਾ ਜਨਤਕ ਰਿਕਾਰਡ ਹੈ ਅਤੇ ਇਸ ਦੀ ਪੁਸ਼ਟੀ ਕਰਦੇ ਹੋਏ ਅਦਾਲਤੀ ਫੈਸਲੇ ਵੀ ਮੌਜੂਦ ਹਨ। ਇਸ ਮਾਮਲੇ ਵਿੱਚ ਅਮਰੀਕੀ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰਾਂ ਦੇ ਇਤਿਹਾਸ ਵਿੱਚ ਇਹ ਮਹੱਤਵਪੂਰਨ ਹੈ। ਹੈਰਾਨੀ ਨਹੀਂ ਹੋਣੀ ਚਾਹੀਦੀ ਕਿ ਮਰਦਾਂ ਖਾਸ ਕਰਕੇ ਗੋਰੇ ਮਰਦਾਂ ਵਿੱਚ ਉਹਨਾਂ ਦੀ ਹਰਮਨਪਿਆਰਤਾ 'ਤੇ ਇਹਨਾਂ ਦੋਸ਼ਾਂ ਦੇ ਬਾਵਜੂਦ ਕੋਈ ਫਰਕ ਨਹੀਂ ਪੈਂਦਾ, ਜੋ ਉਹਨਾ ਨੂੰ ਹੀਰੋ ਮੰਨਦੇ ਹਨ ਤੇ ਉਹਨਾਂ ਨੂੰ ਆਪਣਾ ਰਹਿਨੁਮਾ ਮੰਨਦੇ ਹਨ। ਹੈਰਾਨੀ ਦੀ ਗੱਲ ਇਹ ਕਿ ਜਿਨ੍ਹਾਂ ਨੇਤਾਵਾਂ ਨੇ ਕਦੀ ਮੋਨਿਕਾ ਲੇਵਿੰਸਕੀ ਦੇ ਨਾਲ ਸਾਬਕਾ ਰਾਸ਼ਟਰਪਤੀ ਬਿਲ ਕਲਿੰਟਨ ਦੇ ਯੌਨ ਸੰਬੰਧਾਂ ਬਾਰੇ ਝੂਠ ਦੇ ਚਲਦਿਆਂ ਵੀ ਉਹਨਾ ਉੱਪਰ ਮਹਾਂਭਿਯੋਗ ਚਲਾਇਆ ਸੀ, ਉਹਨਾਂ ਦੇ ਮੂੰਹ ਤੋਂ ਟਰੰਪ ਦੇ ਖਿਲਾਫ ਅਦਾਲਤੀ ਹੁਕਮਾਂ ਤੇ ਦੋ ਦਰਜਨ ਤੋਂ ਵੱਧ ਉਹਨਾਂ ਔਰਤਾਂ ਬਾਰੇ ਇੱਕ ਸ਼ਬਦ ਵੀ ਨਹੀਂ ਨਿਕਲਿਆ, ਜਿਨ੍ਹਾਂ ਟਰੰਪ 'ਤੇ ਦੁਰਾਚਾਰ ਦੇ ਦੋਸ਼ ਲਾਏ ਸਨ। ਸ਼ਾਇਦ ਇਸੇ ਲਈ ਰਾਜਨੀਤੀ ਪਖੰਡ ਦਾ ਦੂਜਾ ਨਾਂਅ ਹੈ।

ਕਿਤੇ ਵੱਧ ਚਿੰਤਾਜਨਕ ਉਹਨਾਂ ਔਰਤਾਂ ਦਾ ਪੱਖ ਹੈ ਜੋ ਇਹਨਾਂ ਦੋਸ਼ਾਂ ਦੇ ਬਾਵਜੂਦ ਟਰੰਪ ਦੀ ਹਮਾਇਤ ਕਰਦੀਆਂ ਹਨ। ਉਹ ਔਰਤਾਂ ਵੀ ਮੁੱਖ ਤੌਰ 'ਤੇ ਗੋਰੀਆਂ ਹੀ ਹਨ। ਸੰਨ 2016 ਦੀਆਂ ਰਾਸ਼ਟਰਪਤੀ ਚੋਣਾਂ ਵਿੱਚ 47 ਫੀਸਦੀ ਗੋਰੀਆਂ ਔਰਤਾਂ ਨੇ ਟਰੰਪ ਨੂੰ ਵੋਟ ਦਿੱਤਾ ਸੀ। ਉਸੇ ਚੋਣ ਤੋਂ ਪਹਿਲਾਂ 2005 ਦੀ ਇੱਕ ਹਾਲੀਵੁੱਡ ਟੇਪ ਜਾਰੀ ਹੋਈ ਸੀ, ਜਿਸ ਵਿੱਚ ਟਰੰਪ ਨੂੰ ਔਰਤਾਂ ਦੀ ਇੱਛਾ ਦੇ ਖਿਲਾਫ ਉਹਨਾਂ ਦੇ ਯੌਨ ਅੰਗ ਫੜਨ ਨੂੰ ਲੈ ਕੇ ਖੁੱਲੇ ਆਮ ਸ਼ੇਖੀ ਮਾਰਦੇ ਹੋਏ ਦੇਖਿਆ ਗਿਆ ਸੀ। ਸ਼ੁਰੂਆਤ ਵਿੱਚ ਟਰੰਪ ਨੇ ਟੇਪ ਵਿੱਚ ਆਪਣੇ ਹੋਣ ਦਾ ਖੰਡਨ ਕੀਤਾ ਸੀ, ਫਿਰ ਉਹਨਾਂ ਇਸੇ ਨੂੰ ਲਾਕਰ ਰੂਪ ਦੀ ਗੱਪਸ਼ੱਪ ਕਰਾਰ ਦਿੱਤਾ।

ਟਰੰਪ ਦੀ ਜਿੱਤ ਵਿੱਚ ਗੋਰੀਆਂ ਔਰਤਾਂ ਦੀ ਹਮਾਇਤ ਦਾ ਵੱਡਾ ਯੋਗਦਾਨ ਹੈ । ਚਾਰ ਸਾਲਾਂ ਬਾਅਦ ਉਸ ਦੀ ਹਮਾਇਤ ਵਿੱਚ ਵਾਧਾ ਦੇਖਿਆ ਗਿਆ ਹੈ ਅਤੇ 2020 ਵਿੱਚ 55 ਫੀਸਦੀ ਗੋਰੀਆਂ ਔਰਤਾਂ ਨੇ ਟਰੰਪ ਨੂੰ ਵੋਟ ਪਾਈ। ਇਸ ਦੇ ਉਲਟ ਕਾਲੀਆਂ, ਲੈਟੀਨਾ ਤੇ ਏਸ਼ੀਆਈ ਔਰਤਾਂ ਦੀ ਵੱਡੀ ਗਿਣਤੀ ਨੇ ਡੈਮੋਕਰੇਟਿਕ ਉਮੀਦਵਾਰ ਨੂੰ ਵੋਟ ਦਿੱਤੀ, ਜਿਵੇਂ ਕਿ ਸੈਂਟਰ ਫਾਰ ਅਮਰੀਕਨ ਪੋਲੀਟਿਕਸ ਦੇ ਨਸਲ ਅਤੇ ਲਿੰਗ ਅਧਾਰਤ ਡੈਟਾ ਤੋਂ ਸਪੱਸ਼ਟ ਹੁੰਦਾ ਹੈ ।

ਟਰੰਪ ਨੂੰ ਸਭ ਤੋਂ ਤਕੜੀ ਹਮਾਇਤ ਗੋਰੇ ਈਸਾਈ ਧਰਮ ਪ੍ਰਚਾਰਕਾਂ ਅਤੇ ਕੈਥੋਲਿਕ ਦੀ ਮਿਲੀ ਹੈ। ਈਸਾਈਅਤ ਦੀਆਂ ਇਹ ਰੂੜ੍ਹੀਵਾਦੀ ਸ਼ਾਖਾਵਾਂ ਜ਼ਬਰਦਸਤ ਪਿੱਤਰ ਸੱਤਾ ਦੀਆਂ ਹਮਾਇਤੀ ਹਨ, ਜੋ ਮੰਨਦੀਆਂ ਹਨ ਕਿ ਔਰਤਾਂ ਦਾ ਕੰਮ ਮਰਦਾ ਦਾ ਹੁਕਮ ਵਜਾਉਣਾ ਹੈ ।

ਟਰੰਪ ਦੀ ਹਮਾਇਤ ਕਰਨ ਵਾਲੀਆਂ ਔਰਤਾਂ ਵੱਲੋਂ ਉਹਨਾਂ ਦੇ ਬਚਾਅ ਵਿੱਚ ਦਿੱਤੀਆਂ ਗਈਆਂ ਦਲੀਲਾਂ ਬਿਲਕੁਲ ਉਹੀ ਹਨ, ਜੋ ਦੁਨੀਆ ਭਰ ਵਿੱਚ ਬਲਾਤਕਾਰ ਦੇ ਸੱਭਿਆਚਾਰ ਵਿੱਚ ਪ੍ਰਚੱਲਤ ਹਨ, ਜਿਵੇਂ 'ਜ਼ਿਆਦਾਤਰ ਮਰਦ ਐਸੇ ਹੀ ਹੁੰਦੇ ਹਨ ਜਾਂ ਔਰਤਾਂ ਨੂੰ ਖੁਦ ਜਾਗਰੂਕ ਹੋਣਾ ਚਾਹੀਦਾ ਹੈ ਜਾਂ ਫਿਰ ਪੀੜਤ ਲੜਕੀ ਨੇ ਹੀ ਉਕਸਾਉਣ ਵਾਲੀ ਕੋਈ ਹਰਕਤ ਕੀਤੀ ਹੋਵੇਗੀ ਅਤੇ ਇਹ ਸਭ ਬਹੁਤ ਪੁਰਾਣੀ ਗੱਲ ਹੋ ਗਈ ਹੈ ।' ਸਭ ਤੋਂ ਆਮ ਦਲੀਲ ਇਹ ਹੈ ਕਿ ਸਾਰੀਆਂ 26 ਔਰਤਾਂ ਝੂਠ ਬੋਲ ਰਹੀਆਂ ਹਨ। ਪੀੜਤ ਨੂੰ ਹੀ ਦੋਸ਼ੀ ਠਹਿਰਾਉਣ ਦੀ ਪ੍ਰਵਿਰਤੀ ਅਕਸਰ ਔਰਤਾਂ ਵਿੱਚ ਵੇਖੀ ਜਾਂਦੀ ਹੈ, ਭਲੇ ਹੀ ਉਹ ਖੁਦ ਪੀੜਤ ਹੋਣ।

ਸਾਊਥ ਕੈਰੋਲੀਨਾ ਦੀ ਰਿਪਬਲਿਕ ਨੇਤਾ ਨੈਂਸੀ ਮੇਸ ਦਾ ਮਾਮਲਾ ਐਸਾ ਹੀ ਹੈ, ਜੋ ਖੁਦ ਨੂੰ ਜਨਤਕ ਤੌਰ 'ਤੇ ਯੌਨ ਹਿੰਸਾ ਦਾ ਸ਼ਿਕਾਰ ਠਹਿਰਾ ਚੁੱਕੀ ਹੈ। ਬਾਵਜੂਦ ਇਸ ਦੇ ਟਰੰਪ ਦੇ ਨਾਲ ਉਹ ਮਜ਼ਬੂਤੀ ਨਾਲ ਖੜੀ ਰਹੀ। ਮਾਰਚ ਵਿੱਚੋਂ ਉਹ ਏ ਬੀ ਸੀ ਨਿਊਜ਼ ਦੇ 'ਦਿਸ ਵੀਕ' ਪ੍ਰੋਗਰਾਮ ਵਿਚ ਆਈ ਸੀ। ਉਥੇ ਉਹਨਾ ਅਦਾਲਤੀ ਹੁਕਮਾਂ ਦੇ ਬਾਵਜੂਦ ਟਰੰਪ ਦਾ ਬਚਾਅ ਕੀਤਾ ਸੀ। ਉਹਨਾਂ ਦੀ ਦਲੀਲ ਸੀ ਕਿ ਅਦਾਲਤਾਂ ਵੱਲੋਂ ਜੁਰਮ ਦਾ ਦੋਸ਼ੀ ਪਾਇਆ ਜਾਣਾ ਇੱਕ ਗੱਲ ਹੈ, ਪਰ ਜਨਤਾ ਦਾ ਫੈਸਲਾ ਉਸ ਤੋਂ ਬਿਲਕੁਲ ਵੱਖਰਾ ਹੁੰਦਾ ਹੈ। ਉਨ੍ਹਾਂ ਦੀ ਇਹ ਦਲੀਲ ਇਸ ਤੱਥ ਦੀ ਉਲੰਘਣਾ ਕਰਦੀ ਹੈ ਕਿ ਟਰੰਪ 'ਤੇ ਪਹਿਲਾਂ ਹੀ 2016 ਦੀਆਂ ਚੋਣਾਂ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਪ੍ਰਭਾਵਤ ਕਰਨ ਦੀ ਸਾਜ਼ਿਸ਼ ਦੇ ਮਾਮਲੇ 'ਚ 34 ਧਾਰਾਵਾਂ ਅਧੀਨ ਮੁਕੱਦਮੇ ਚੱਲ ਰਹੇ ਹਨ । ਇਸ ਵਿੱਚ ਇੱਕ ਪੋਰਨ ਅਭਿਨੇਤਾ ਨੂੰ ਪੈਸੇ ਦੇਣ ਦਾ ਕੇਸ ਵੀ ਸ਼ਾਮਿਲ ਹੈ, ਜਿਸ ਵਿੱਚ ਉਹ ਦੋਸ਼ੀ ਹਨ।

ਅਮਰੀਕਾ ਦੇ ਇਤਿਹਾਸ ਵਿੱਚ ਇੱਕ ਦੋਸ਼ੀ ਮੁਜਰਮ ਦਾ ਰਾਸ਼ਟਰਪਤੀ ਦੇ ਅਹੁਦੇ ਲਈ ਖੜਾ ਹੋਣਾ ਉਹਨਾ ਦੇ ਹਮਾਇਤੀਆਂ ਨੂੰ ਬੇਚੈਨ ਨਹੀਂ ਕਰਦਾ। ਹੋ ਸਕਦਾ ਹੈ ਕਿ ਟਰੰਪ ਦੇ ਖਿਲਾਫ ਇੱਕ ਹੋਰ ਫੈਸਲਾ ਵੀ ਉਹਨਾਂ ਨੂੰ ਡੇਗ ਨਾ ਪਾਏ। ਫਿਲਹਾਲ ਟਰੰਪ ਦੇ ਵਕੀਲਾਂ ਨੇ ਏ ਬੀ ਸੀ ਨਿਊਜ਼ ਅਤੇ ਉਹਨਾਂ ਦੇ ਪ੍ਰਬੰਧਕਾਂ ਉੱਪਰ ਮਾਣਹਾਨੀ ਦਾ ਮੁਕੱਦਮਾ ਕੀਤਾ ਹੋਇਆ ਹੈ, ਕਿਉਂਕਿ ਉਸ ਨੇ ਮੇਸ ਤੋਂ ਸਵਾਲ ਪੁੱਛਣ ਦੀ ਲੜੀ ਵਿੱਚ ਟਰੰਪ ਨੂੰ ਕੈਰਲ ਦਾ ਬਲਾਤਕਾਰੀ ਕਹਿ ਦਿੱਤਾ ਸੀ। ਖੁਦ ਨੂੰ ਔਰਤਾਂ ਦੇ ਅਧਿਕਾਰਾਂ ਦਾ ਸਭ ਤੋਂ ਮਜ਼ਬੂਤ ਦਾਅਵੇਦਾਰ ਦੱਸਣ ਵਾਲੇ ਪੱਛਮ ਦਾ ਖੋਖਲਾਪਣ ਟਰੰਪ ਦੀ ਇਸ ਚੋਣ ਨੇ ਲੀਰੋ-ਲੀਰ ਕਰ ਦਿੱਤਾ ਹੈ। ਅਮਰੀਕਾ ਦੇ ਵੋਟਰਾਂ ਨੇ ਇਸ ਵਾਰ ਅਜਿਹਾ ਰਾਸ਼ਟਰਪਤੀ ਚੁਣਿਆ, ਜੋ ਔਰਤਾਂ ਦੇ ਹੱਕਾਂ ਦੀ ਹਮਾਇਤ ਨਹੀਂ ਕਰਦਾ।

**(ਸਰੋਤ ਆਊਟ ਲੁੱਕ)**

**# ਸੰਪਰਕ : 98156-29301**

# ਜਦੋਂ ਮੇਰੀ ਥਾਂ ਮੈਡਮ ਜੁਆਇਨ ਕਰ ਗਈ !

**ਮੇਜਰ ਸਿੰਘ ਨਾਭਾ**

ਇਹ ਗੱਲ 1984 ਦੀ ਹੈ । ਉਦੋਂ ਅਧਿਆਪਕਾਂ ਦੀ ਨਿਯੁਕਤੀ ਛੇ ਮਹੀਨੇ ਦੇ ਆਧਾਰ ਉੱਪਰ ਜ਼ਿਲ੍ਹਾ ਪੱਧਰ ਉੱਪਰ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਨਿਰੋਲ ਮੈਰਿਟ ਦੇ ਅਧਾਰ ਉੱਪਰ ਵੱਖੋ-ਵੱਖਰੇ ਵਿਸ਼ਿਆਂ ਦੇ ਅਧਿਆਪਕਾਂ ਦੀਆਂ ਲਿਸਟਾਂ ਬਣਾ ਕੇ ਮੈਰਿਟ ਵਾਈਜ਼ ਖਾਲੀ, ਛੁੱਟੀ ਵਾਲੇ ਸਟੇਸ਼ਨਾਂ ਉੱਪਰ ਆਰਡਰ ਸੰਬੰਧਤ ਅਧਿਆਪਕ ਨੂੰ ਭੇਜੇ ਜਾਂਦੇ ਸੀ । ਉਸ ਸਮੇਂ ਪੰਜਾਬ ਅੰਦਰ ਰਾਸਟਰਪਤੀ ਰਾਜ ਲਾਗੂ ਸੀ , ਸਾਰੀਆਂ ਸ਼ਕਤੀਆਂ ਰਾਜ ਦੇ ਗਵਰਨਰ ਬੀ.ਡੀ.ਪਾਂਡੇ ਕੋਲ ਸਨ, ਜੋ ਸ਼ਾਸਨ ਚਲਾ ਰਹੇ ਸੀ । ਇਸੇ ਕਰਕੇ ਉਸ ਸਮੇਂ ਰਾਜਨੀਤਕ ਨੇਤਾਵਾਂ ਦੀ ਕੋਈ ਪੁੱਛ-ਗਿੱਛ ਨਹੀਂ ਸੀ । ਨੌਕਰੀ ਲੈਣੀ ਆਸਾਨ ਸੀ । ਆਰਟ /ਕਰਾਫਟ ਟੀਚਰਾਂ ਦੀਆਂ ਪੋਸਟਾਂ ਸਾਰੇ ਜ਼ਿਲ੍ਹੇ ਵਿੱਚ ਖਾਲੀ ਤਾਂ ਕੀ ਹੋਣੀ ਸੀ, ਸਿਰਫ ਛੁੱਟੀ ਵਾਲੇ ਦੋ ਸਟੇਸ਼ਨ ਖਾਲੀ ਸਨ, ਜਿਨ੍ਹਾਂ ਉੱਪਰ ਮੈਰਿਟ ਅਨੁਸਾਰ ਆਏ ਪਹਿਲੇ ਦੋ ਅਧਿਆਪਕਾਂ ਦੇ ਆਰਡਰ ਹੋ ਗਏ । ਮੈਰਿਟ ਲਿਸਟ ਛੇ ਮਹੀਨੇ ਲਈ ਵੈਲਿਡ ਹੁੰਦੀ ਸੀ , ਮੇਰਾ ਤੀਸਰਾ ਨੰਬਰ ਸੀ, ਕੋਈ ਪੋਸਟ ਖਾਲੀ ਨਹੀਂ ਸੀ । ਮੇਰਾ ਡੀ ਈ ਓ ਦਫਤਰ ਦੂਜੇ ਦਿਨ ਤਕਰੀਬਨ ਗੇੜਾ ਸੀ। ਸਬੰਧਤ ਕਲਰਕ 'ਕੋਈ ਪੋਸਟ ਖਾਲੀ ਨਹੀਂ' ਕਹਿ ਦਿੰਦਾ । ਮੈਂ ਨਿਰਾਸ਼ ਹੋ ਕੇ ਵਾਪਸ ਆ ਜਾਂਦਾ । ਮੈਨੂੰ ਦੋ ਨੰਬਰ ਵਾਲੇ ਮੇਰੇ ਦੋਸਤ ਬਲਬੀਰ ਸਿੰਘ ਅਧਿਆਪਕ ਨੇ ਦੱਸ ਦਿੱਤਾ ਕਿ ਕਲਰਕ ਨੂੰ ਪੰਜ ਸੌ ਦੇ ਦੇ, ਆਰਡਰ ਦੇ ਦੇਵੇਗਾ। ਮੈਂ ਅਜਿਹਾ ਕਦੇ ਕੀਤਾ ਨਹੀਂ ਸੀ । ਚਲੋ ਕਰਨਾ ਪਿਆ । ਡੀ ਈ ਓ ਦਫਤਰ ਪਟਿਆਲੇ ਪੁਰਾਣੇ ਕਿਲ੍ਹੇ ਵਿੱਚ ਸੀ । ਪੁਰਾਣੀ ਬਿਲਡਿੰਗ , ਤੰਗ ਪੌੜੀਆਂ ਸਨ । ਮੈਂ ਹੇਠਾਂ ਛੁਟੇ ਜਿਹੇ ਪਾਰਕ 'ਚ ਧੁੱਪੇ ਬੈਠ ਗਿਆ ਅਤੇ ਲੰਚ ਸਮੇਂ ਤੋਂ ਬਾਅਦ ਸੰਬੰਧਤ ਕਲਰਕ ਨੂੰ ਵਾਪਸ ਆਉਂਦੇ ਨੂੰ ਦੇਖ ਰਿਹਾ ਸੀ । ਮਨ 'ਚ ਫੁਰਨਾ ਆਇਆ ਕਿ ਪੌੜੀਆਂ ਚੜ੍ਹਦੇ ਕਲਰਕ ਨੂੰ ਨੋਟ ਫੜਾ, ਦੇਵਾਂ, ਇਹੀ ਮੌਕਾ ਮੇਰੇ ਲਈ ਸੌਖਾ ਲੱਗਦਾ ਸੀ । ਕਲਰਕ ਦੇ ਪੌੜੀਆਂ ਚੜ੍ਹਦੇ ਸਮੇਂ ਮੈਂ ਵੀ ਨਾਲ ਹੀ ਮੁੱਠੀ 'ਚ ਪੈਸੇ ਲੈ ਕੇ ਨਾਲ ਚੜ੍ਹ ਗਿਆ ਤੇ ਕਲਰਕ ਨੂੰ ਉਸਦੀ ਮੁੱਠੀ 'ਚ ਪੈਸੇ ਫੜਾ ਦਿੱਤੇ । ਕਲਰਕ ਨੈ ਮੈਨੂੰ ਚਾਰ ਕੁ ਵਜੇ ਆ ਕੇ ਆਰਡਰ ਲਿਜਾਣ ਲਈ ਕਿਹਾ। ਮੈਂ ਹੇਠਾਂ ਆ ਕੇ ਘੰਟਾ ਕੁ ਬੈਠਿਆ, ਪਰ ਸਮਾਂ ਲੰਘਾਉਣਾ ਔਖਾ ਲੱਗਦਾ ਸੀ। ਮੈਂ ਉੱਪਰ ਵਰਾਂਡੇ 'ਚ ਚਲਾ ਗਿਆ । ਜਦੋਂ ਮੈਂ ਸੰਬੰਧਤ ਕਲਰਕ ਵੱਲ ਵੇਖਿਆ ਤਾਂ ਉਸ ਨੇ ਮੈਨੂੰ ਆਉਣ ਦਾ ਇਸ਼ਾਰਾ ਕਰ ਦਿੱਤਾ । ਮੈਂ ਗਿਆ ਤਾਂ ਮੈਨੂੰ ਸੰਬੰਧਤ ਕਲਰਕ ਨੇ ਦੋ ਕਾਪੀਆਂ ਆਰਡਰਾਂ ਦੀਆਂ, ਜੋ ਕਿ ਸ.ਮਿ.ਸ. ਨਨਹੇੜਾ (ਸਮਾਣਾ) ਵਿਖੇ ਛੁੱਟੀ ਵਾਲੀ ਥਾਂ 'ਤੇ ਕੀਤੇ ਹੋਏ ਸਨ, ਦੇ ਕੇ ਰਸੀਟ ਵਜੋਂ ਦਸਤਖਤ ਕਰਵਾ ਲਏ । ਮੈਂ ਆਰਡਰ ਲੈ ਕੇ ਪਿੰਡ ਆ ਗਿਆ । ਮੈਂ ਸੋਚ ਰਿਹਾ ਸੀ ਕਿ ਖਾਲੀ ਪੋਸਟ ਤਾਂ ਪਹਿਲਾਂ ਹੀ ਪਈ ਸੀ, ਪਰ ਇਹ ਤਾਂ ਉਸ ਸਮੇਂ ਦੇ ਬਾਬੂਆਂ ਦੀ ਪਰੰਪਰਾ ਹੀ ਸੀ ਕਿ ਕੰਮ ਬਿਨਾਂ ਪੈਸੇ ਦੇ ਨਹੀਂ ਕਰਨੇ । ਸਮਾਣੇ ਮੇਰੇ ਪਿੰਡੋਂ ਹੀ ਰਮਿੰਦਰ ਕੁਮਾਰ ਤਹਿਸੀਲ ਵਿੱਚ ਨੌਕਰੀ ਕਰਦਾ ਸੀ ।ਇਸ ਕਰਕੇ ਮੈਂ ਨਨਹੇੜੇ ਸਕੂਲ 'ਚ 18 ਜਨਵਰੀ 1984 ਨੂੰ ਆਪਣੀ ਪਹਿਲੀ ਹਾਜ਼ਰੀ ਦੇ ਕੇ ਉਸ ਨਾਲ ਰਾਬਤਾ ਕਰਕੇ ਉਸ ਕੋਲ ਹੀ ਰਹਿਣ ਲੱਗ ਪਿਆ । ਪਤਾ ਲੱਗਿਆ ਸਕੂਲ ਦੀ ਮੈਡਮ ਅਬਾਰਸ਼ਨ ਲੀਵ ਉੱਪਰ ਸੀ, ਜੋ ਹਰੇਕ ਸਾਲ ਐਵੇਂ ਹੀ ਇਹ ਲੀਵ ਲੈ ਲੈਂਦੀ ਸੀ । ਇਹ ਲੀਵ ਇੱਕੀ ਦਿਨਾਂ ਦੀ ਸੀ ਅਤੇ ਡਾਕਟਰ ਦੀ ਪਰਚੀ ਨਾਲ ਵਧਾਈ ਜਾਂਦੀ ਸੀ । ਸੋ ਮੈਂ ਇੱਕ ਦਿਨ ਰਲੀਵ ਹੋ ਕੇ ਦੁਬਾਰਾ ਆਰਡਰ ਲੈ ਆਇਆ । ਮਹੀਨੇ ਤੋਂ ਉੱਪਰ ਇਥੇ ਡਿਊਟੀ ਦਿੱਤੀ । ਰਿਲੀਵ ਹੋ ਕੇ ਦਫਤਰ ਰਿਪੋਰਟ ਦੇਣੀ ਹੁੰਦੀ ਸੀ, ਤਾਂ ਜੋ ਕਿਸੇ ਹੋਰ ਖਾਲੀ ਪੋਸਟ 'ਤੇ ਆਰਡਰ ਮਿਲ ਸਕਣ । ਜ਼ਿਆਦਾ ਬ੍ਰੇਕ ਤੋਂ ਬਚਣ ਲਈ ਮੈਨੂੰ ਜ਼ਿਆਦਾ ਜਾਣਕਾਰ ਅਧਿਆਪਕਾਂ ਤੋਂ ਮੈਡੀਕਲ ਛੁੱਟੀਆਂ ਦਿਵਾ ਕੇ ਆਰਡਰ ਲੈ ਕੇ ਕਈ ਸਕੂਲਾਂ 'ਚ ਜਾਣਾ ਪਿਆ । ਕਲਰਕ ਹੁਣ ਜਦੋਂ ਮੈਂ ਛੁੱਟੀ ਲਿਖਾ ਕੇ ਲਿਜਾਂਦਾ ਤਾਂ ਉਸ ਆਧਾਰ ਉੱਪਰ ਮੇਰੇ ਆਰਡਰ ਕਰ ਕੇ ਦੇ ਦਿੰਦਾ । ਪਿੰਡ ਦੇ ਡਰਾਇੰਗ ਅਧਿਆਪਕ ਮੇਜਰ ਸਿੰਘ ਨੂੰ ਮੈਂ ਕਹਿ ਰੱਖਿਆ ਸੀ ਕਿ ਜਦੋਂ ਮੈਨੂੰ ਲੋੜ ਪਈ ਤਾਂ ਥੋੜ੍ਹੇ ਦਿਨ ਛੁੱਟੀ ਲੈ ਲੈਣੀ , ਉਸ ਨੇ ਹਾਂ ਕਰ ਦਿੱਤੀ ਸੀ । ਮੈਂ ਕਈ ਦਿਨਾਂ ਤੋਂ ਹਫਤਾ ਕੁ ਪਿੰਡ ਦੇ ਹੀ ਟੀਚਰ ਤੇਜਪਾਲ ਵਰਮਾ ਦੀ ਥਾਂ ਛੁੱਟੀ ਦਿਵਾ ਕੇ ਬਰੇਕ ਤੋੜੀ ਸੀ, ਹੁਣ ਫੇਰ ਲੋੜ ਸੀ । ਮੈਂ ਦਫਤਰ ਆਰਡਰਾਂ ਬਾਰੇ ਪਤਾ ਕਰਨ ਗਿਆ, ਪਰ ਕੋਈ ਪੋਸਟ ਨਹੀਂ ਸੀ । ਮੈਂ ਆਪਣੇ ਵਲੋਂ ਅਰਜ਼ੀ ਲਿਖ ਕੇ ਕਿ ਸ.ਮਿ.ਸ.ਨੌਹਰਾ ਵਿਖੇ ਅ / ਕ ਟੀਚਰ ਕੱਲ੍ਹ ਤੋਂ ਛੁੱਟੀ 'ਤੇ ਜਾ ਰਿਹਾ ਹੈ , ਕਲਰਕ ਨੂੰ ਦੇ ਦਿੱਤੀ ਤਾਂ ਉਸ ਨੇ ਮੈਨੂੰ ਆਰਡਰ ਬਣਾ ਕੇ ਦੇ ਦਿੱਤੇ । ਜਦੋਂ ਮੈਂ ਸਕੂਲ ਹਾਜ਼ਰ ਹੋਣ ਗਿਆ ਤਾਂ ਮੇਜਰ ਸਿੰਘ ਹਾਜ਼ਰ ਸੀ । ਇੰਚਾਰਜ ਵੀ ਮੈਨੂੰ ਜਾਣਦੇ ਸੀ, ਸੋ ਉਹ ਹੈਰਾਨ ਵੀ ਹੋ ਗਏ ਕਿ ਬਿਨ੍ਹਾਂ ਛੁੱਟੀ ਭੇਜੇ ਹੀ ਆਰਡਰ ਕਰ ਦਿੱਤੇ । ਚਲੋ ਉਨ੍ਹਾਂ ਮੇਜਰ ਸਿੰਘ ਦੀ ਛੁੱਟੀ ਭਰ ਕੇ ਮੈਨੂੰ ਹਾਜ਼ਰ ਕਰਵਾ ਲਿਆ । ਹਫਤਾ ਇਸ ਸਕੂਲ 'ਚ ਲਾਇਆ । ਇਹ ਦਿੱਤੇ ਪੈਸੇ ਦੀ ਕਰਾਮਾਤ ਸੀ । ਇਸੇ ਤਰ੍ਹਾਂ ਕੁਲਵੰਤ ਸਿੰਘ ਡਰਾਇੰਗ ਮਾਸਟਰ ਨੇ ਮੈਨੂੰ ਰਸਤੇ 'ਚ ਮਿਲਦੇ ਸਮੇਂ ਹੀ ਆਪਣੇ ਵੱਲੋਂ ਛੁੱਟੀ ਦੀ ਅਰਜ਼ੀ ਲਿਖ ਦਿੱਤੀ। ਕਲਰਕ ਨੇ ਉਸੀ ਅਰਜ਼ੀ ਦੇ ਆਧਾਰ 'ਤੇ ਰਾਜਗੜ੍ਹ ਵਿਖੇ ਮੇਰੇ ਆਰਡਰ ਕਰ ਦਿੱਤੇ । ਇਸ ਤੋਂ ਬਾਅਦ ਕਾਫੀ ਬਰੇਕ ਬਾਅਦ ਹਾੜੀ ਦੇ ਦਿਨਾਂ ਵਿੱਚ ਮੈਨੂੰ ਛੁੱਟੀ ਵਾਲੀ ਥਾਂ ਬਡਾਲੀ ਮਾਈ ਕੀ ਮਿਡਲ ਸਕੂਲ ਦੇ ਆਰਡਰ ਮਿਲ ਗਏ । ਘਰੇ ਤੂੜੀ ਦਾ ਪ੍ਰਬੰਧ ਕਰਨਾ ਸੀ ਤਾਂ ਮੈਂ ਇੱਕ ਦਿਨ ਸਕੂਲ ਹਾਜ਼ਰ ਹੋਣ ਤੋਂ ਖੁੰਝ ਗਿਆ। ਮੈਂ ਸੋਚਿਆ ਇੱਕ ਦਿਨ ਨਾਲ ਕੀ ਫਰਕ ਪੈਣਾ । ਅਗਲੇ ਦਿਨ ਮੈਂ ਸੁਵੱਖਤੇ ਹੀ ਪਰੌਂਠੇ ਬੰਨ੍ਹ ਕੇ ਸਾਈਕਲ 'ਤੇ ਪਿੰਡਾਂ ਵਿੱਚ ਦੀ ਭਾਦਸੋਂ ਹੁੰਦਾ ਹੋਇਆ ਸਰਹੰਦ ਪਹੁੰਚ ਗਿਆ, ਜਿੱਥੋਂ ਮੈਂ ਚੁੰਨੀ ਵਾਲੀ ਸੜਕ ਪੈ ਗਿਆ, ਕਿਉਂ ਕਿ ਮੈਂ ਬਡਾਲੀ ਆਲਾ ਸਿੰਘ ਪਿੰਡ ਨੂੰ ਇਸ ਰੋਡ ਉੱਪਰ ਚੰਡੀਗੜ੍ਹ ਨੂੰ ਬੱਸ 'ਚ ਜਾਂਦੇ ਸਮੇਂ ਦੇਖਿਆ ਹੋਇਆ ਸੀ । ਮੇਰਾ ਅੰਦਾਜ਼ਾ ਪਿੰਡ ਬਡਾਲੀ ਮਾਈ ਕੀ ਇਸ ਦੇ ਨੇੜੇ ਹੀ ਹੋਣ ਦਾ ਸੀ । ਜਿਉਂ ਹੀ ਦਿਨ ਚੜ੍ਹਦਾ ਗਿਆ ਹਵਾ ਵੀ ਮੂਹਰਲ਼ੀ ਚਲਣ ਲੱਗੀ, ਸਾਈਕਲ ਜ਼ੋਰ ਨਾਲ ਚਲਾਉਣਾ ਪਿਆ । ਬਡਾਲੀ ਆਲਾ ਸਿੰਘ ਪੁੱਜ ਕੇ ਪਤਾ ਕੀਤਾ ਕਿ ਇਹ ਪਿੰਡ ਤਾਂ ਚੁੰਨੀ ਤੋਂ ਪਹਿਲਾਂ ਸੜਕ ਮੁੜ ਕੇ ਅੱਗੇ ਇਹ ਭਗੜਾਨਾ- ਜੀ ਟੀ ਰੋਡ ਉੱਪਰ ਜਾ ਕੇ ਉਸ ਸੜਕ ਉੱਪਰ ਹੈ । ਚਲੋ ਮੈਂ ਚੱਲ ਪਿਆ। ਜੂਨ ਦਾ ਮਹੀਨਾ ਸੀ ਪਿਆਸ ਲੱਗੀ ਤਾਂ ਇੱਕ ਸੜਕ 'ਤੇ ਛੋਟੀ ਜਿਹੀ ਗਰੀਬ ਬਸਤੀ ਸੀ, ਉਥੇ ਇੱਕ ਘਰ ਤੋਂ ਘੜੇ ਦਾ ਪਾਣੀ ਪੀਤਾ । ਜਦ ਸਕੂਲ਼ ਪੁੱਜਿਆ ਤਾਂ ਅੱਧੀ ਛੁੱਟੀ ਹੋ ਚੁੱਕੀ ਸੀ । ਸਕੂਲ ਦਾ ਸਟਾਫ ਖਾਣਾ ਖਾ ਰਿਹਾ ਸੀ । ਮੈਂ ਜਾ ਕੇ ਆਪਣੇ ਆਰਡਰਾਂ ਬਾਰੇ ਦੱਸਿਆ ਤਾਂ ਸਕੂਲ ਮੁਖੀ ਨੇ ਦੱਸਿਆ, 'ਆਹ ਮੈਡਮ ਕੱਲ੍ਹ ਹਾਜ਼ਰ ਹੋ ਗਏ ਹਨ।' ਉਨ੍ਹਾਂ ਚਾਹ ਦਾ ਗਿਲਾਸ ਮੇਰੇ ਲਈ ਬਣਵਾ ਦਿੱਤਾ। ਮੈਂ ਪਰੌਂਠੇ ਕੱਢ ਕੇ ਆਚਾਰ ਨਾਲ ਖਾ ਕੇ ਚਾਹ ਪੀਤੀ । ਇੰਚਾਰਜ ਨੇ ਆਰਡਰਾਂ ਉੱਪਰ ਸਕੂਲ 'ਚ ਪੋਸਟ ਖਾਲੀ ਨਾ ਹੋਣ ਬਾਰੇ ਲਿਖ ਦਿੱਤਾ । ਮੈਂ ਸਾਈਕਲ ਤੇ ਚੜ੍ਹਿਆ ਪਟਿਆਲੇ ਦਫਤਰ ਜਾਣ ਲਈ । ਰਸਤੇ 'ਚ ਸੋਚ ਰਿਹਾ ਸੀ ਕਿ ਮੇਰੇ ਮਗਰ ਹੀ ਕਲਰਕ ਨੇ ਹੋਰ ਆਰਡਰ ਵੀ ਮੇਰੀ ਵਾਲੀ ਥਾਂ ਉੱਪਰ ਕਰ ਦਿੱਤੇ ਇਸ ਰਾਜ਼ ਨੂੰ ਕੀ ਸਮਝੀਏ , ਜੇ ਮੈਂ ਕੱਲ੍ਹ ਆ ਕੇ ਜੁਆਇਨ ਕਰ ਲੈਂਦਾ । ਜੀ ਟੀ ਰੋਡ 'ਤੇ ਜਾ ਕੇ ਮੈਂ ਬੱਸ ਸਟਾਪ 'ਤੇ ਰਾਜਪੁਰੇ ਦੀ ਬੱਸ ਲੈ ਕੇ ਸਾਈਕਲ ਕਿਸੇ ਸਵਾਰੀ ਦੀ ਮਦਦ ਨਾਲ ਉੱਪਰ ਚੜ੍ਹਵਾ ਕੇ ਬੱਸ 'ਚ ਬੈਠ ਗਿਆ । ਰਾਜਪੁਰੇ ਤੋਂ ਫਿਰ ਪਟਿਆਲੇ ਦੀ ਬਸ ਲੈ ਲਈ । ਪਟਿਆਲਾ ਪਹੁੰਚ ਸਾਈਕਲ ਨੂੰ ਸਿੱਧਾ ਡੀ ਈ ਓ ਦਫਤਰ ਵੱਲ ਕਰ ਲਿਆ। ਦਫਤਰ ਪਹੁੰਚ ਕੇ ਕਲਰਕ ਨੂੰ ਆਰਡਰ ਵਾਪਸ ਦਿੱਤੇ ਤਾਂ ਉਸ ਨੇ ਨਵੇਂ ਆਰਡਰ ਖਾਲੀ ਥਾਂ ਸ.ਮਿ.ਸ.ਮਵੀ ਕਲਾਂ ਦੇ ਕਰ ਦਿੱਤੇ । ਇਥੇ ਮੈਂ ਹਾਜ਼ਰ ਹੋ ਕੇ ਡਿਊਟੀ ਨਿਭਾਉਣੀ ਸ਼ੁਰੂ ਕੀਤੀ । ਮੈਂ ਆਪਣੇ ਪਿੰਡ ਦੇ ਦੋਸਤ ਕੋਲ ਦੁਬਾਰਾ ਸਮਾਣੇ ਠਹਿਰ ਬਣਾ ਲਈ। ਸ੍ਰੀ ਅਕਾਲ ਤਖਤ ਸਾਹਿਬ ਉੱਪਰ ਜਦੋਂ ਹਮਲਾ ਹੋਇਆ ਤਾਂ ਅਸੀਂ ਐਤਵਾਰ ਦੀ ਛੁੱਟੀ ਕਾਰਨ ਪਿੰਡ ਗਏ ਹੋਏ ਸੀ । ਪੰਜਾਬ ਅੰਦਰ ਕਰਫਿਊ ਲੱਗਾ ਹੋਇਆ ਸੀ । ਕਈ ਦਿਨ ਪਿੰਡ ਰੁਕਣਾ ਪਿਆ, ਕਰਫਿਊ 'ਚ ਢਿੱਲ ਹੋਣ 'ਤੇ ਮੈਂ ਅਤੇ ਰਮਿੰਦਰ ਸਾਈਕਲਾਂ ਉੱਪਰ ਪਿੰਡਾਂ ਵਿੱਚ ਦੀ ਸਮਾਣੇ ਪੁੱਜ ਗਏ । ਸ਼ਾਮ ਨੂੰ ਕਮਰੇ 'ਚ ਬੈਠਿਆਂ ਨੂੰ ਗੁਆਂਢੀ ਦੇ ਘਰੋਂ ਟੀ ਵੀ ਦੀ ਅਵਾਜ਼ ਅਕਾਲ ਤਖਤ ਦੇ ਜਥੇਦਾਰ ਦੀ ਵਾਰ-ਵਾਰ ਸੁਣਾਈ ਦੇ ਰਹੀ ਸੀ, 'ਕੋਠਾ ਸਾਹਿਬ ਠੀਕ-ਠਾਕ ਹੈ।' ਅਗਲੇ ਦਿਨ ਕਰਫਿਊ 'ਚ ਢਿੱਲ ਦਿੱਤੀ ਹੋਈ ਸੀ। ਮੈਂ ਸਕੂਲ ਜਾਣਾ ਸ਼ੁਰੂ ਕਰ ਦਿੱਤਾ । 20 ਜੂਨ 1984 ਨੂੰ ਸੀਨੀਅਰ ਐਡਹਾਕ ਅਧਿਆਪਕਾ ਨੇ ਮੇਰੀ ਥਾਂ ਜੁਆਇਨ ਕਰ ਲਿਆ , ਮੈਂ ਰਿਲੀਵ ਹੋਣ 'ਤੇ ਡੀ.ਈ.ਓ. ਦਫਤਰ ਜਾ ਕੇ ਰਿਲੀਵਿੰਗ ਚਿੱਟ ਅਤੇ ਦੁਬਾਰਾ ਨਿਯੁਕਤੀ ਲਈ ਬੇਨਤੀ ਪੱਤਰ-ਫਾਰਮ ਭਰ ਕੇ ਕਲਰਕ ਨੂੰ ਦੇ ਦਿੱਤਾ, ਪਰ ਜ਼ਿਲ੍ਹੇ 'ਚ ਕੋਈ ਪੋਸਟ ਕਿਸੇ ਕਿਸਮ ਦੀ ਵੀ ਖਾਲੀ ਨਹੀਂ ਸੀ ।ਮੈਂ ਘਰ ਜੱਦੀ ਕੰਮ ਹੋਣ ਕਾਰਨ ਵਿਹਲੇ ਸਮੇਂ ਪਿਤਾ ਜੀ ਨਾਲ ਸਿਲਾਈ ਦਾ ਕੰਮ ਕਰਾਉਂਦਾ ਸੀ । ਕਾਜ-ਬਟਨ ਤੋਂ ਸ਼ੁਰੂ ਕਰ ਕੇ ਮੈਂ ਨਾਰਮਲ ਸਿਲਾਈ ਵੀ ਸਿੱਖ ਲਈ ਸੀ । ਸਿਲਾਈ 'ਚ ਉਸ ਸਮੇਂ ਵਧੀਆ ਦਿਹਾੜੀ ਬਣਦੀ ਸੀ ਤਨਖਾਹ ਸਿਰਫ ਸੱਤ-ਅੱਠ ਸੌ ਰੁਪਏ ਵਿਚਕਾਰ ਹੀ ਸੀ । ਮੇਰੇ 'ਚ ਪਤਾ ਨਹੀਂ ਦੁਕਾਨ ਕਰਨ ਦਾ ਫੁਰਨਾ ਪੈਦਾ ਹੋਇਆ, ਸਾਇਦ ਮੇਰਾ ਦ੍ਰਿੜ-ਵਿਸ਼ਵਾਸ਼ ਹੀ ਮੈਨੂੰ ਏਧਰ ਲੈ ਗਿਆ ਜੋ ਅੱਜ ਵੀ ਮੇਰੀ ਜ਼ਿੰਦਗੀ ਵਿੱਚ ਅਹਿਮ ਯੋਗਦਾਨ ਪਾਉਂਦਾ ਆ ਰਿਹਾ ਹੈ । ਨਿਯੁਕਤੀ ਲਈ ਕਈ ਮਹੀਨੇ ਦੀ ਉਡੀਕ ਪਿਛੋਂ ਮੈਂ ਅਕਤੂਬਰ ਦੇ ਅਖੀਰ 'ਚ ਸਿਲਾਈ ਦੀ ਦੁਕਾਨ ਐੱਮ.ਸੀ. ਮਾਰਕੀਟ ਘਾਹ ਮੰਡੀ ਨਾਭਾ ਵਿਖੇ ਕਿਰਾਏ 'ਤੇ ਲੈ ਕੇ ਆਪਣੇ ਦੋਹਾਂ ਭਰਾਵਾਂ ਹਰਭਜਨ ਸਿੰਘ ਅਤੇ ਸੁਖਵਿੰਦਰ ਸਿੰਘ ਬਿੱਲਾ ਨਾਲ 'ਸਟੂਡੈਂਟ ਟੇਲਰਜ਼' ਖੋਲ੍ਹ ਕੇ ਕੰਮ ਸ਼ੁਰੂ ਕਰ ਦਿੱਤਾ । ਕੰਮ ਚੰਗਾ ਚੱਲਣ ਲੱਗ ਪਿਆ। ਦੁਕਾਨ 'ਤੇ ਦਸ-ਦਸ ਕਾਰੀਗਰ ਕੰਮ ਕਰਨ ਲੱਗ ਪਏ ਸੀ। ਦਿਨ-ਰਾਤ ਡਟ ਕੇ ਕੰਮ ਕੀਤਾ , ਨਾਲ ਹੀ ਰੈਗੂਲਰ ਨੌਕਰੀ ਲਈ ਬੇਰੁਜ਼ਗਾਰ ਯੂਨੀਅਨ ਵਿੱਚ ਵੀ ਸਰਗਰਮ ਹੋ ਕੇ ਕੰਮ ਕੀਤਾ ਅਤੇ ਤਕਰੀਬਨ ਤੇਰਾਂ ਸਾਲ ਤੋਂ ਵੱਧ ਵਕਫੇ ਬਾਅਦ 30 ਅਪ੍ਰੈਲ 1997 ਨੂੰ ਮੁੜ ਰੈਗੂਲਰ ਨਿਯੁਕਤੀ ਹੋਣ 'ਤੇ ਸ.ਹ.ਸ. ਉਲਾਣਾ (ਘਨੌਰ) ਤੋਂ ਅਧਿਆਪਕ ਸੇਵਾ ਸ਼ੁਰੂ ਕੀਤੀ, ਨਹੀਂ ਤਾਂ ਕੁਝ ਹੋਰ ਹੋਣਾ ਸੀ ।

**# ਸੰਪਰਕ : 94635-53962**

# ਮਹਾਨ ਇਨਕਲਾਬੀ ਬਾਬਾ ਵਸਾਖਾ ਸਿੰਘ ਦਦੇਹਰ

**ਡਾ. ਗੁਰਬਿੰਦਰ ਸਿੰਘ ਸੰਧੂ**

ਪੰਜਾਬ ਦੇ ਦੇਸ਼ ਭਗਤਾਂ ਦੀ ਉਹੀ ਪੀੜ੍ਹੀ ਜਿਸ ਨੂੰ 1914-1915 ਵਾਲੀ ਗ਼ਦਰੀ ਬਾਬੇ ਆਖਿਆ ਜਾਂਦਾ ਹੈ। ਇਹ ਨਿਵੇਕਲੀ ਤਰ੍ਹਾਂ ਦੇ ਇਨਕਲਾਬੀਆਂ ਦੀ ਪੀੜ੍ਹੀ ਸੀ। ਦੇਸ਼ ਸੇਵਾ ਦੇਸ਼ ਦੀ ਆਜ਼ਾਦੀ ਲਈ ਮਰ-ਮਿਟਣ ਦੀ ਤਾਂਘ ਤੇ ਇਨਕਲਾਬ ਲਿਆਉਣ ਦਾ ਵਲਵਲਾ ਉਨ੍ਹਾਂ ਵਿਸ਼ੇਸ਼ ਹਲਾਤਾਂ ਦੀ ਉਪਜ ਸੀ। ਜਿਨ੍ਹਾਂ ਦਿਨਾਂ ਵਿੱਚ ਇਹ ਪੀੜ੍ਹੀ ਜਵਾਨ ਹੋਈ ਸੀ, ਉਨ੍ਹਾਂ ਦਿਨਾਂ ਵਿੱਚ ਆਰਥਿਕ ਮੰਦਹਾਲੀ ਕਾਰਨ ਹਜ਼ਾਰਾਂ ਪੰਜਾਬੀਆਂ ਵੱਲੋਂ ਰੁਜ਼ਗਾਰ ਦੀ ਭਾਲ ਵਿੱਚ ਪ੍ਰਦੇਸ਼ ਵੱਲ ਰਵਾਨਗੀ ਤੇ ਅਮਰੀਕਾ ਵਿੱਚ ਇੱਕ ਸੁਤੰਤਰ ਦੇਸ਼ ਦੇ ਵਾਤਾਵਰਨ ਦਾ ਪ੍ਰਭਾਵ ਇਨ੍ਹਾਂ ਦੇ ਜਜ਼ਬਾਤਾਂ ਨੂੰ ਟੁੰਬਣ ਦਾ ਕਾਰਨ ਬਣਿਆ ਅਤੇ ਅਮਰੀਕਾ ਦੇ ਅੰਦਰ ਭਾਰਤੀ ਮੂਲ ਦੇ ਲੋਕਾਂ ਨੂੰ ਕੁੱਤੇ ਦੇ ਬਰਾਬਰ ਦਰਜਾ ਦੇ ਕੇ ਅਪਮਾਨ ਤੇ ਨੀਵਾਂ ਕੀਤਾ, ਜੋ ਕਿ ਭਾਰਤੀ ਮੂਲ ਦੇ ਲੋਕਾਂ ਤੋਂ ਬਰਦਾਸ਼ਤ ਨਹੀਂ ਹੋਇਆ ਅਤੇ ਗ਼ਦਰ ਪਾਰਟੀ ਦੇ ਸੱਦੇ ਉਪਰ ਭਾਰਤੀ ਲੋਕਾਂ ਨੇ ਸੰਘਰਸ਼ ਦਾ ਬਿਗਲ ਵਜਾਇਆ, ਜਿਸ ਨੂੰ ਗ਼ਦਰ ਪਾਰਟੀ ਦਾ ਨਾਂਅ ਦਿੱਤਾ।

ਇਨ੍ਹਾਂ ਗ਼ਦਰੀ ਇਨਕਲਾਬੀਆਂ ਵਿੱਚ ਇੱਕ ਸੁੱਚੇ ਮੋਤੀ ਦੀ ਤਰ੍ਹਾਂ ਚਮਕ-ਦਮਕ ਰੱਖਣ ਵਾਲੇ ਸਨ, ਬਾਬਾ ਵਸਾਖਾ ਸਿੰਘ ਦਦੇਹਰ ਜਿਨ੍ਹਾਂ ਦਾ ਨਾਂਅ ਗ਼ਦਰ ਪਾਰਟੀ ਦੇ ਇਤਿਹਾਸ ਅੰਦਰ ਸੁਨਹਿਰੀ ਪੰਨਿਆਂ 'ਤੇ ਦਰਜ ਹੈ। ਦੇਸ਼ ਭਗਤ ਦੇ ਨਾਲ ਸੰਤ ਲਫ਼ਜ਼ ਬਾਬਾ ਵਸਾਖਾ ਸਿੰਘ ਦੇ ਹਿੱਸੇ ਆਇਆ, ਕਿਉਂਕਿ ਦੇਸ਼ ਭਗਤ ਅਤੇ ਦੂਸਰਾ ਸੰਤ ਸੁਭਾਅ ਉਨ੍ਹਾਂ ਨੂੰ ਵਿਰਸੇ ਵਿੱਚ ਪ੍ਰਾਪਤ ਹੋਇਆ।

ਬਾਬਾ ਵਸਾਖਾ ਸਿੰਘ ਦਾ ਜਨਮ ਤਰਨ ਤਾਰਨ ਜ਼ਿਲ੍ਹੇ ਦੇ ਕਸਬਾ ਸਰਹਾਲੀ ਕਲਾਂ ਤੋਂ 3 ਕਿਲੋਮੀਟਰ ਦੂਰ ਦੱਖਣ ਦੀ ਬਾਹੀ ਵਿੱਚ ਨਗਰ ਦਦੇਹਰ ਸਾਹਿਬ ਵਿਖੇ ਜੱਟ ਸਿੱਖ ਸੰਧੂ ਪਰਵਾਰ 'ਚ ਪਿਤਾ ਸ੍ਰ. ਦਿਆਲ ਸਿੰਘ ਤੇ ਮਾਤਾ ਇੰਦਰ ਕੌਰ ਦੇ ਘਰ 13 ਅਪ੍ਰੈਲ 1877 ਈ: ਨੂੰ ਵਿਸਾਖੀ ਵਾਲੇ ਦਿਨ ਹੋਇਆ। ਇਸ ਕਰਕੇ ਆਪ ਜੀ ਦੇ ਤਾਇਆ ਸ੍ਰ. ਖੁਸ਼ਹਾਲ ਸਿੰਘ ਨੇ ਇਨ੍ਹਾਂ ਦਾ ਨਾਂਅ ਵਸਾਖਾ ਸਿੰਘ ਰੱਖਿਆ। ਆਪ ਜੀ ਨੇ ਮੁੱਢਲੀ ਪੜ੍ਹਾਈ ਪਿੰਡ ਦੇ ਗ੍ਰੰਥੀ ਈਸ਼ਰ ਦਾਸ ਤੋਂ ਪ੍ਰਾਪਤ ਕੀਤੀ ਅਤੇ ਸੰਤ ਸੁਭਾਅ ਦੀ ਗੁੜ੍ਹਤੀ ਤਾਇਆ ਖੁਸ਼ਹਾਲ ਸਿੰਘ ਤੋਂ ਪ੍ਰਾਪਤ ਕੀਤੀ।

18 ਸਾਲ ਦੀ ਉੱਠਦੀ ਜਵਾਨੀ ਵਿੱਚ ਫੌਜ ਵਿੱਚ ਭਰਤੀ ਹੋਏ ਅਤੇ ਫੌਜ ਦੌਰਾਨ ਆਪ ਜੀ ਨੇ ਰਾਵਲਪਿੰਡੀ ਵਿੱਚ ਸ੍ਰ. ਅਜੀਤ ਸਿੰਘ ਦੀ ਇਕ ਧੜੱਲੇਦਾਰ ਤਕਰੀਰ ਸੁਣੀ। ਜਿਸ ਤਕਰੀਰ ਤੋਂ ਬਾਬਾ ਜੀ ਕਾਫ਼ੀ ਪ੍ਰਭਾਵਤ ਹੋਏ ਅਤੇ ਆਪ ਜੀ ਨੇ ਫੌਜ ਦੀ ਨੌਕਰੀ ਤੋਂ ਅਸਤੀਫ਼ਾ ਦੇ ਦਿੱਤਾ ਤੇ ਦੇਸ਼ ਦੀ ਆਜ਼ਾਦੀ ਵੱਲ ਜੁਝ ਪਏ ਅਤੇ ਵਾਪਸ ਆਪਣੇ ਨਗਰ ਦਦੇਹਰ ਆ ਕੇ ਪਿੰਡ ਦੇ ਇੱਕ ਸਾਥੀ ਦੀ ਮਦਦ ਨਾਲ ਆਪ ਸ਼ੰਘਾਈ ਪਹੁੰਚੇ ਅਤੇ ਆਪ ਜੀ ਨੇ ਉੱਥੇ ਪੁਲਸ ਵਿੱਚ ਨੌਕਰੀ ਕਰ ਲਈ, ਪਰ ਉਥੇ ਰਿਸ਼ਵਤ ਦਾ ਜ਼ਿਆਦਾ ਜ਼ੋਰ ਹੋਣ ਕਰਕੇ ਆਪ ਜੀ ਨੂੰ ਇਹ ਨੌਕਰੀ ਰਾਸ ਨਾ ਆਈ ਅਤੇ ਆਪ ਅਮਰੀਕਾ ਚਲੇ ਗਏ। ਜਿੱਥੇ ਆਪ ਜੀ ਦਾ ਮੇਲ ਬਾਬਾ ਜਵਾਲਾ ਸਿੰਘ ਜੀ ਨਾਲ ਹੋਇਆ ਅਤੇ ਆਪ ਦੋਵਾਂ ਨੇ ਮਿਲ ਕੇ ਇੱਕ 500 ਏਕੜ ਦਾ ਫਾਰਮ ਅਮਰੀਕਾ ਸਰਕਾਰ ਤੋਂ ਠੇਕੇ 'ਤੇ ਲੈ ਲਿਆ। ਇਹ ਫਾਰਮ 'ਆਲੂਆਂ ਦਾ ਬਾਦਸ਼ਾਹ' ਦੇ ਨਾਂਅ ਨਾਲ ਕਾਫ਼ੀ ਮਸ਼ਹੂਰ ਹੋਇਆ ਅਤੇ ਇੱਥੇ ਹੀ ਆਪ ਜੀ ਦਾ ਮੇਲ ਬਾਬਾ ਸੋਹਣ ਸਿੰਘ ਭਕਨਾ ਅਤੇ ਲਾਲਾ ਹਰਦਿਆਲ ਨਾਲ ਹੋਇਆ ਅਤੇ ਇਨ੍ਹਾਂ ਸਭਨਾਂ ਨੇ ਮਿਲ ਕੇ ਗ਼ਦਰ ਪਾਰਟੀ ਦੇ ਨਾਂਅ ਦੀ ਇੱਕ ਪਾਰਟੀ ਤਿਆਰ ਕੀਤੀ ਅਤੇ ਇੱਕ 'ਗ਼ਦਰ' ਅਖ਼ਬਾਰ ਵੀ ਕੱਢਿਆ, ਜਿਸ ਵਿੱਚ ਹਿੰਦੁਸਤਾਨ ਦੀਆਂ ਸਮੱਸਿਆਵਾਂ ਅਤੇ ਗੁਲਾਮੀ ਤੋਂ ਛੁਟਕਾਰਾ ਪਾਉਣ ਤੋਂ ਜਾਣੂ ਕਰਵਾਇਆ ਜਾਂਦਾ ਸੀ। ਇਸ ਪਾਰਟੀ ਦੇ ਪਹਿਲੇ ਪ੍ਰਧਾਨ ਬਾਬਾ ਸੋਹਣ ਸਿੰਘ ਭਕਨਾ ਨੂੰ ਬਣਾਇਆ ਗਿਆ ਅਤੇ ਬਾਬਾ ਜੀ ਗ਼ਦਰ ਪਾਰਟੀ ਦੀ ਸਥਾਪਨਾ ਦੇ ਸਮੇਂ ਤੋਂ ਇਸ ਵਿੱਚ ਹੋਰ ਵੀ ਜ਼ਿਆਦਾ ਸਰਗਰਮ ਹੋ ਗਏ ਅਤੇ ਦੇਸ਼ ਨੂੰ ਆਜ਼ਾਦ ਕਰਾਉਣ ਲਈ ਛੇੜੇ ਗਏ ਗ਼ਦਰ ਅੰਦੋਲਨ ਦੇ ਉਦੇਸ਼ਾਂ ਅਨੁਸਾਰ ਭਾਰਤ ਵਾਪਸ ਪਹੁੰਚੇ।

ਇੱਥੇ ਇਨ੍ਹਾਂ ਪੰਜਾਬੀ ਦੇਸ਼ ਭਗਤਾਂ ਦੇ ਇਕ ਨਵੇਂ



ਇਮਤਿਹਾਨ ਦਾ ਦੌਰ ਸ਼ੁਰੂ ਹੋਇਆ। ਜੇਲ੍ਹ ਦੇ ਜ਼ਾਲਮ ਪ੍ਰਬੰਧ ਵਿਰੁੱਧ ਕੀਤੇ ਗਏ ਸੰਘਰਸ਼ ਵਿੱਚ ਨੌਜਵਾਨ ਵਸਾਖਾ ਸਿੰਘ ਨੇ ਵਧ-ਚੜ੍ਹ ਕੇ ਹਿੱਸਾ ਲਿਆ। 1920 ਵਿੱਚ ਖਰਾਬ ਸਿਹਤ ਕਾਰਨ ਉਨ੍ਹਾਂ ਨੂੰ ਜੇਲ੍ਹ ਵਿੱਚੋਂ ਰਿਹਾਅ ਕਰਕੇ ਪਿੰਡ ਦਦੇਹਰ ਵਿਖੇ ਨਜ਼ਰਬੰਦ ਕਰ ਦਿੱਤਾ ਗਿਆ ਅਤੇ ਬਾਬਾ ਜੀ ਦੀ ਸਾਰੀ ਘਰੇਲੂ ਜਾਇਦਾਦ ਅੰਗਰੇਜ਼ ਸਰਕਾਰ ਨੇ ਜ਼ਬਤ ਕਰ ਲਈ ਅਤੇ ਆਪ ਜੀ ਨੂੰ ਪਿੰਡ ਵਿੱਚ ਸਖ਼ਤ ਪੁਲਸ ਹਿਰਾਸਤ ਵਿੱਚ ਰੱਖਿਆ ਗਿਆ।

ਆਪ ਜੀ ਨੇ ਆਪਣੇ ਨਗਰ ਵਿੱਚ ਨਜ਼ਰਬੰਦ ਰਹਿ ਕੇ ਇੱਕ ਦੇਸ਼ ਭਗਤ ਪਰਵਾਰਕ ਸਹਾਇਕ ਕਮੇਟੀ ਦਾ ਗਠਨ ਕੀਤਾ, ਜਿਸ ਦੇ ਆਪ ਪ੍ਰਧਾਨ ਬਣੇ। ਇਸ ਕਮੇਟੀ ਦਾ ਮੁੱਖ ਉਦੇਸ਼ ਸੀ ਕਿ ਦੇਸ਼ ਭਗਤਾਂ ਦੇ ਰੁਲਦੇ ਪਰਵਾਰਾਂ ਦੀ ਮਾਲੀ ਮਦਦ ਕਰਨਾ ਅਤੇ ਉਨ੍ਹਾਂ ਦੇ ਬੱਚਿਆਂ ਦੀ ਪੜ੍ਹਾਈ ਦਾ ਮੁਫ਼ਤ ਪ੍ਰਬੰਧ ਕਰਨਾ, ਜੇਲ੍ਹਾਂ ਵਿੱਚ ਰੁਲ ਰਹੇ ਗ਼ਦਰੀਆਂ ਦੀਆਂ ਮੁਲਾਕਾਤਾਂ ਤੇ ਰਿਹਾਈ ਦਾ ਪ੍ਰਬੰਧ ਕਰਨਾ। ਲੋਕਾਂ ਨੇ ਇਸ ਕਮੇਟੀ ਦਾ ਬੜਾ ਸਾਥ ਦਿੱਤਾ। ਇਸੇ ਸਮੇਂ ਬਾਬਾ ਵਸਾਖਾ ਸਿੰਘ ਦੀ ਅਨੋਖੀ ਸ਼ਖ਼ਸੀਅਤ ਦਾ ਉਹ ਪੱਖ ਵੀ ਸਾਹਮਣੇ ਆਇਆ, ਜਿਹੜਾ ਪਹਿਲੇ ਦਿਨਾਂ ਤੋਂ ਪ੍ਰਤੱਖ ਸੀ, ਪਰ ਬਦਲ ਰਹੇ ਹਾਲਾਤ ਵਿੱਚ ਉਨ੍ਹਾਂ ਦੀ ਨਵੀਂ ਭੂਮਿਕਾ ਦਾ ਅਧਾਰ ਬਣਿਆ। ਆਪਣੀ ਜਵਾਨੀ ਦੇ ਸਮੇਂ ਤੋਂ ਹੀ ਉਹ ਧਾਰਮਿਕ ਰੁਚੀਆਂ ਰੱਖਦੇ ਸਨ ਤੇ ਦਿਲੋਂ ਇਸ ਵਿਸ਼ਵਾਸ ਦੇ ਧਾਰਨੀ ਸਨ ਕਿ ਸਿੱਖੀ ਦੇ ਆਦਰਸ਼ਾਂ ਦੀ ਪਾਲਣਾ ਕਰਨਾ ਅਤੇ ਦੇਸ਼ ਭਗਤੀ ਦੇ ਲਈ ਜੀਵਨ ਅਰਪਣ ਕਰਨਾ ਮਨੁੱਖ ਦੀ ਸੇਵਾ ਦੇ ਸਾਂਝੇ ਉਦੇਸ਼ ਹਨ। ਆਪ ਗੁਰਦੁਆਰਾ ਪੰਜਾ ਸਾਹਿਬ ਦੀ ਉਸਾਰੀ ਸਮੇਂ ਇਸ ਦਾ ਨੀਂਹ ਪੱਥਰ ਰੱਖਣ ਵਾਲਿਆਂ ਵਿੱਚੋਂ ਇੱਕ ਸਨ। ਇਨ੍ਹਾਂ ਸਮਿਆਂ ਵਿੱਚ ਅਕਾਲੀ ਲਹਿਰ ਆਜ਼ਾਦੀ ਦੀ ਦੇਸ਼-ਵਿਆਪੀ ਲਹਿਰ ਦਾ ਅਨਿੱਖੜਵਾਂ ਅੰਗ ਸੀ ਤੇ ਕੁਦਰਤੀ ਤੌਰ 'ਤੇ ਇਸ ਵਿੱਚ 1914-15 ਵਾਲੇ ਗ਼ਦਰੀ ਬਾਬਿਆਂ ਦਾ ਡੂੰਘਾ ਸਤਿਕਾਰ ਸੀ। ਸੰਤ ਵਸਾਖਾ ਸਿੰਘ 1934 ਵਿੱਚ ਅਕਾਲ ਤਖ਼ਤ ਦੇ ਜੱਥੇਦਾਰ ਨਿਯੁਕਤ ਕੀਤੇ ਗਏ। ਇਹ ਤੱਥ ਇਸ ਗੱਲ ਦਾ ਸਬੂਤ ਹੈ ਕਿ ਉਸ ਸਮੇਂ ਤੱਕ ਅਕਾਲੀ ਦਲ ਅੰਦਰ ਦੇਸ਼ ਭਗਤੀ ਦੀਆਂ ਭਾਵਨਾਵਾਂ ਬਲਵਾਨ ਸਨ, ਪਰ ਇਹ ਸਥਿਤੀ ਲੰਬਾ ਸਮਾਂ ਨਾ ਰਹਿ ਸਕੀ। 1937 ਤੱਕ ਪੁੱਜਦਿਆਂ ਅਕਾਲੀ ਦਲ ਉੱਤੇ ਸਿੱਖ ਜਗੀਰਦਾਰ ਤੇ ਸਰਮਾਏਦਾਰਾਂ ਦਾ ਗਲਬਾ ਕਾਇਮ ਹੋ ਚੁੱਕਾ ਸੀ। ਇਨ੍ਹਾਂ ਹਾਲਤਾਂ ਵਿੱਚ ਬਾਬਾ ਵਸਾਖਾ ਸਿੰਘ ਨੇ ਅਕਾਲ ਤਖ਼ਤ ਦੀ ਜਥੇਦਾਰੀ ਤੋਂ ਅਸਤੀਫ਼ਾ ਦੇ ਦਿੱਤਾ।

ਪੰਜਾਬ ਵਿੱਚ ਆਜ਼ਾਦੀ ਲਹਿਰ ਦੀ ਇੱਕ ਵਿਲੱਖਣਤਾ ਸੀ ਕਿ ਅਕਾਲੀ ਲਹਿਰ ਵਿਚਲੇ ਵਧੇਰੇ ਰੋਸ਼ਨ ਦਿਮਾਗ ਇਨਕਲਾਬੀ ਵਿਚਾਰਧਾਰਾ ਤੋਂ ਪ੍ਰੇਰਿਤ ਹੋਏ। ਗ਼ਦਰ ਪਾਰਟੀ ਵੱਲੋਂ ਇਨਕਲਾਬ ਦੀ ਸਫ਼ਲਤਾ ਤੋਂ ਬਾਅਦ ਇਹ ਪਾਰਟੀ ਰੂਸ ਵਿੱਚ ਵਾਪਰੇ 1917 ਦੇ ਅਕਤੂਬਰ ਇਨਕਲਾਬ ਦੇ ਪ੍ਰਭਾਵ ਅਧੀਨ ਆ ਗਈ। 1926 ਵਿੱਚ ਕੱਢੇ ਗਏ ਪੰਜਾਬੀ ਮਾਸਿਕ 'ਕਿਰਤੀ' ਦੇ ਨਾਲ ਜੁੜੇ ਲੋਕਾਂ ਨੇ ਕਿਰਤੀ ਪਾਰਟੀ ਦਾ ਰੂਪ ਧਾਰਨ ਕੀਤਾ। ਇਨ੍ਹਾਂ ਵਰ੍ਹਿਆਂ ਵਿੱਚ ਸੰਤ ਬਾਬਾ ਵਸਾਖਾ ਸਿੰਘ ਦੇ ਇਨਕਲਾਬੀਆਂ ਨਾਲ ਸੰਪਰਕ ਜਾਰੀ ਰਹੇ ਤੇ ਉਸ ਸਮੇਂ ਤੱਕ ਵੀ, ਜਦੋਂ ਤੱਕ ਉਨ੍ਹਾਂ ਦੀ ਅਕਾਲ ਤਖ਼ਤ 'ਤੇ ਜਥੇਦਾਰ ਦੀ ਜ਼ਿੰਮੇਵਾਰੀ ਰਹਿੰਦੀ ਸੀ। ਇਹ ਸੰਪਰਕ ਪੰਜਾਬ ਦੇ ਉਨ੍ਹਾਂ ਹਾਲਤਾਂ ਵਿੱਚ ਇਨਕਲਾਬੀ ਲਹਿਰ ਲਈ ਬੇਹੱਦ ਲਾਭਕਾਰੀ ਹੋਏ।

1940 ਵਿੱਚ ਉਨ੍ਹਾਂ ਨੂੰ ਫਿਰ ਗ੍ਰਿਫ਼ਤਾਰ ਕਰਕੇ ਦਿਓਲੀ ਕੈਂਪ ਨਜ਼ਰਬੰਦ ਕਰ ਦਿੱਤਾ ਗਿਆ। ਜਿੱਥੇ ਗ਼ਦਰੀ ਇਨਕਲਾਬੀ ਅਤੇ ਕਮਿਊਨਿਸਟ ਆਗੂ ਕੈਦ ਸਨ। ਫਿਰ ਬਿਮਾਰੀ ਦੇ ਕਾਰਨ 1941 ਵਿੱਚ ਰਿਹਾਅ ਕਰ ਦਿੱਤਾ ਗਿਆ। ਫਿਰ ਆਪ ਨੂੰ ਦੇਸ਼ ਭਗਤ ਪਰਵਾਰ ਸਹਾਇਕ ਕਮੇਟੀ ਤੋਂ ਦੇਸ਼ ਭਗਤ ਯਾਦਗਾਰ ਟਰੱਸਟ ਦਾ ਪ੍ਰਧਾਨ ਬਣਾਇਆ ਗਿਆ, ਜਿਸ ਦੀ ਸੇਵਾ ਆਖਰੀ ਸਵਾਸਾਂ ਤੱਕ ਨਿਭਾਉਂਦੇ ਰਹੇ। ਅੱਜ ਅਜਿਹੇ ਨਿਸ਼ਕਾਮ ਗ਼ਦਰੀ ਬਾਬਿਆਂ ਨੂੰ ਭੁਲਾਇਆ ਜਾ ਰਿਹਾ ਹੈ। ਇੱਥੇ ਇਹ ਵੀ ਦੱਸਣਯੋਗ ਹੈ ਕਿ ਇਨ੍ਹਾਂ ਦੇ ਭਗਤਾਂ ਦੇ ਸੁਪਨੇ ਅਜੇ ਵੀ ਸਾਕਾਰ ਨਹੀਂ ਹੋਏ। ਇਸ ਪੂਰਤੀ ਲਈ ਸੰਘਰਸ਼ ਜਾਰੀ ਰੱਖਣਾ ਚਾਹੀਦਾ ਹੈ।

ਅੰਤ ਇਹ ਗ਼ਦਰੀ ਇਨਕਲਾਬੀ ਸੂਰਮਾ 5 ਦਸੰਬਰ 1957 ਨੂੰ ਸਵੇਰੇ ਅੰਮ੍ਰਿਤ ਵੇਲੇ ਤਰਨ ਤਾਰਨ ਵਿਖੇ ਆਪਣੇ ਸਵਾਸਾਂ ਦੀ ਪੂੰਜੀ ਪੂਰੀ ਕਰਕੇ ਅਕਾਲ ਪੁਰਖ ਦੀ ਗੋਦ ਵਿੱਚ ਸਮਾ ਗਿਆ। ਨਗਰ ਦਦੇਹਰ ਸਾਹਿਬ ਹਰ ਸਾਲ ਪੰਜ ਦਸੰਬਰ ਨੂੰ ਜਿੱਥੇ ਬਾਬਾ ਵਸਾਖਾ ਸਿੰਘ ਦੀ ਬਰਸੀ ਮਨਾਉਂਦਾ ਹੈ, ਉਥੇ ਭਾਰਤ ਦੇ ਮਹਾਨ ਗ਼ਦਰੀ ਬਾਬਿਆਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਾ ਹੈ ਅਤੇ 5 ਦਸੰਬਰ ਗ਼ਦਰੀ ਬਾਬਿਆਂ ਦੇ ਦਿਨ ਵਜੋਂ ਮਨਾਇਆ ਜਾਂਦਾ ਹੈ।

**# ਸੰਪਰਕ : 98555-80028**

5-DEC-PAGE-5.qxd 12/4/2024 10:37 PM Page 1



# ਸਿਵਲ ਹਸਪਤਾਲ ਖੋਲ੍ਹਣ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਨੇ ਕੀਤਾ ਰੋਡ ਜਾਮ



**ਦੋਰਾਹਾ (ਹਰਿਮੰਦਰ ਸੇਠ)** ਪਿਛਲੇ 4 ਸਾਲ ਤੋਂ ਲਗਭਗ 8 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਸਿਵਲ ਹਸਪਤਾਲ ਤੇ ਟਰਾਮਾ ਸੈਂਟਰ ਦੀ ਬਿਲਡਿੰਗ 'ਚ ਸਟਾਫ ਬਿਠਾ ਕੇ ਚਾਲੂ ਕਰਨ ਦੀ ਮੰਗ ਕੀਤੀ ਜਾ ਰਹੀ ਹੈ।

ਇਸ ਹਸਪਤਾਲ ਨੂੰ ਚਾਲੂ ਕਰਨ ਦੀ ਮੰਗ ਨੂੰ ਲੈ ਕੇ ਇਸ ਅੱਗੇ ਭਾਜਪਾ ਦੀ ਮਹਿਲਾ ਵਿੰਗ ਦੀ ਬੁਲਾਰੇ ਨੀਤੂ ਸਿੰਘ ਵੱਲੋਂ 2 ਵਾਰ ਧਰਨਾ ਲਾਇਆ ਜਾ ਚੁੱਕਾ ਹੈ।ਜ਼ਿਕਰਯੋਗ ਹੈ ਕਿ ਨੀਤੂ ਸਿੰਘ ਨੂੰ ਪਿਛਲੇ ਹਫ਼ਤੇ ਧਰਨੇ ਤੇ ਬੈਠਿਆਂ ਨੂੰ ਇੱਕ ਪੁਰਾਣੇ ਚੱਲ ਰਹੇ ਠੱਗੀ ਦੇ ਕੇਸ 'ਚ ਪੁਲਸ ਵੱਲੋਂ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਸੀ। ਇਸੇ ਕੜੀ ਤਾਹਿਤ ਬੀਕੇਯੂ ਕਾਦੀਆਂ ਵੱਲੋਂ ਸਰਹਿੰਦ ਨਹਿਰ ਦੇ ਕਿਨਾਰੇ ਚੰਡੀਗੜ੍ਹ ਰੋਡ ਤੇ ਧਰਨਾ ਲਾ ਦਿੱਤਾ ਗਿਆ।

ਧਰਨੇ ਨੂੰ ਸੰਬੋਧਨ ਕਰਦੇ ਹੋਏ ਆਗੂ ਹਰਦੀਪ ਸਿੰਘ ਗਿਆਸਪੁਰਾ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਮਹੱਲਾ ਕਲੀਨਿਕ ਖੋਲਣ ਦੀ ਡਰਾਮੇ ਕਰ ਰਹੀ ਹੈ। ਦੂਜੇ ਪਾਸੇ ਕਰੋੜਾਂ ਰੁਪਏ ਦੀ ਲਾਗਤ ਨਾਲ ਉਹ ਸਾਰੀ ਗਈ ਸਿਵਲ ਹਸਪਤਾਲ ਦੀ ਬਿਲਡਿੰਗ ਖੰਡਰ ਦਾ ਰੂਪ ਧਾਰਨ ਕਰਦੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਹਰ ਬੋਲਣ ਵਾਲੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਦੇ ਆਉਣ ਵਾਲੇ ਸਮੇਂ ਵਿੱਚ ਭਿਆਨਕ ਨਤੀਜੇ ਭੁਗਤਣੇ ਪੈਣਗੇ। ਇਸ ਮੌਕੇ ਉੱਪਰ ਪੁੱਜੇ ਤਹਿਸੀਲਦਾਰ ਪਾਇਲ ਗੁਰਪ੍ਰੀਤ ਸਿੰਘ ਢਿੱਲੋਂ ਨੂੰ ਧਰਨਾਕਾਰੀਆਂ ਵੱਲੋਂ ਮੰਗ ਪੱਤਰ ਦੇਣ ਉਪਰੰਤ ਤਹਿਸੀਲਦਾਰ ਨੇ ਭਰੋਸਾ ਦਿਵਾਇਆ ਕਿ ਉਹ ਧਰਨਾਕਾਰੀਆਂ ਦਾ ਮੰਗ ਪੱਤਰ ਐਸਡੀਐਮ ਪਾਇਲ ਤੱਕ ਪੁੱਜਦਾ ਕਰ ਦੇਣਗੇ। ਭਰੋਸੇ ਬਾਅਦ ਧਰਨਾ ਉਠਾ ਦਿੱਤਾ ਗਿਆ। ਦੂਜੇ ਪਾਸੇ ਧਰਨਾਕਾਰੀਆਂ ਨੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ, ਜੇ ਮਿੱਥੇ ਸਮੇਂ ਬਾਅਦ ਵੀ ਹਸਪਤਾਲ ਚਾਲੂ ਨਹੀਂ ਕੀਤਾ ਜਾਂਦਾ ਤਾਂ ਉਹ ਨੈਸ਼ਨਲ ਹਾਈਵੇ ਜਾਮ ਕਰ ਦੇਣਗੇ, ਜਿਸਦੀ ਸਾਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

## ਵਿੱਦਿਅਕ ਅਦਾਰਿਆਂ ਦੇ ਸਰਬਪੱਖੀ ਵਿਕਾਸ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ : ਪੰਡੋਰੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਹਲਕੇ ਦੇ ਸਰਕਾਰੀ ਸਕੂਲਾਂ ਦੇ ਸਰਬ ਪੱਖੀ ਵਿਕਾਸ ਅਤੇ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿਤੀ ਜਾਵੇਗੀ। ਇਹ ਜਾਣਕਾਰੀ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਅੱਜ ਇਥੇ ਸਰਕਾਰੀ ਪ੍ਰਾਇਮਰੀ ਸਕੂਲ ਆਫ ਹੈਪੀਨੈਸ ਮਹਿਲ ਕਲਾਂ ਦੀ ਪੰਜਾਬ ਸਰਕਾਰ ਵਲੋਂ ਇਕ ਕਰੋੜ ਰੁਪਏ ਦੀ ਲਾਗਤ ਨਾਲ ਨਵੀਂ ਉਸਾਰੀ ਜਾ ਰਹੀ ਇਮਾਰਤ ਦਾ ਨੀਹ ਪੱਥਰ ਰੱਖਣ ਸਮੇਂ ਦਿੱਤੀ। ਉਨ੍ਹਾਂ ਪਿੰਡ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸੂਬਾ ਸਰਕਾਰ ਦੇ ਉਦੇਸ਼ ਸਦਕਾ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਹਲਕਾ ਮਹਿਲ ਕਲਾਂ ਦੇ ਸਰਕਾਰੀ ਸਕੂਲਾਂ ਲਈ ਆਧੁਨਿਕ ਤਕਨੀਕ ਤਹਿਤ ਦੀ ਉਸਾਰੀ ਲਈ ਕਰੋੜਾਂ ਰੁਪਏ ਦੀਆਂ ਗਰਾਂਟਾਂ ਪਹਿਲ ਦੇ ਅਧਾਰ 'ਤੇ ਜਾਰੀ ਕੀਤੀਆਂ ਜਾ ਰਹੀਆਂ ਹਨ। ਵਿੱਦਿਅਕ ਸੰਸਥਾਵਾਂ ਨੂੰ ਸਮੇਂ ਦੇ ਹਾਣ ਦਾ ਬਣਾਉਣ ਲਈ ਸੂਬਾ ਸਰਕਾਰ ਪਹਿਲ ਦੇ ਆਧਾਰ 'ਤੇ ਕੰਮ ਕਰ ਰਹੀ ਹੈ। ਐਲੀਮੈਂਟਰੀ ਸਕੂਲ ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਇੰਦੂ ਸਿਮਕ ਅਤੇ ਡਿਪਟੀ ਡੀ ਈ ਓ ਨੀਰਜਾ ਬਾਂਸਲ ਨੇ ਪੰਜਾਬ ਸਰਕਾਰ ਦੀ ਸਿਖਿਆ ਨੀਤੀ ਬਾਰੇ ਵਿਸਥਾਰ ਪੂਰਬਕ ਜਾਣਕਾਰੀ ਦਿੱਤੀ। ਸਰਪੰਚ ਕਿਰਨਾ ਰਾਣੀ ਬਾਂਸਲ, ਸਰਪੰਚ ਸਰਬਜੀਤ ਸਿੰਘ ਸੰਭੂ, ਸਮਾਜ ਸੇਵੀ ਅਰੁਣ ਕੁਮਾਰ ਬਾਂਸਲ ਨੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦਾ ਧੰਨਵਾਦ ਕਰਦਿਆਂ ਆਪਣੇ ਵਲੋਂ ਸਹਿਯੋਗ ਦਾ ਵਿਸ਼ਵਾਸ ਦੁਆਇਆ। ਮੁੱਖ ਅਧਿਆਪਕਾ ਸ਼ਿੰਦਰ ਕੌਰ, ਬੀ ਪੀ ਈ ਓ ਗੁਰਦੀਪ ਸਿੰਘ, ਸਰਪੰਚ ਕਿਰਨਾ ਰਾਣੀ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਚੇਅਰਮੈਨ ਪਸਵਕ ਨਿਰਮਲ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਆੜ੍ਹਤੀਆ ਗੁਰੀ ਔਲਖ, ਬੇਅੰਤ ਸਿੰਘ ਮਿੱਠੂ, ਮਾ: ਸੁਖਵਿੰਦਰ ਸਿੰਘ, ਮਾ: ਜਗਰਾਜ ਸਿੰਘ ਭੱਠਲ, ਮਾ: ਗੁਰਤੇਜ ਸਿੰਘ ਖਿਆਲੀ, ਪੰਚ ਬ੍ਰਹਮ ਕਿਸ਼ੋਰ ਦੱਤ, ਪੰਚ ਰਾਜੂ ਸਿੰਘ, ਪੰਚ ਮਨਜੀਤ ਸਿੰਘ, ਭਾਈ ਚਮਕੌਰ ਸਿੰਘ, ਪੰਚ ਦਰਸ਼ਨ ਸਿੰਘ ਭੱਠਲ, ਮੋਹਿਤ ਗਰਗ ਹੀਰਾ, ਪੰਚ ਹਰਦੀਪ ਸਿੰਘ ਉਪਲ, ਪੰਚ ਕੁਲਦੀਪ ਸਿੰਘ ਮਾਣਕ, ਦਰਸ਼ਨ ਸਿੰਘ ਪੰਡੋਰੀ, ਗੁਰਜੀਤ ਸਿੰਘ ਧਾਲੀਵਾਲ ਆਦਿ ਹਾਜ਼ਰ ਸਨ।

## ਦੌਲਾ 'ਚ ਬਣੇਗਾ 3.36 ਕਰੋੜ ਦੀ ਲਾਗਤ ਨਾਲ ਪੰਜਾਬ ਦਾ ਪਹਿਲਾ ਪੀ ਆਰ ਟੀ ਸੀ ਸਬ-ਡੀਪੂ : ਭੁੱਲਰ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਰੋਡਵੇਜ਼ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਜਨਤਕ ਆਵਾਜਾਈ ਦੇ ਬੁਨਿਆਦੀ ਢਾਂਚੇ ਨੂੰ ਵਧਾਉਣ ਅਤੇ ਹੋਰ ਬਿਹਤਰ ਬਣਾਉਣ ਦੇ ਮੱਦੇਨਜ਼ਰ ਗਿੱਦੜਬਾਹਾ ਦੇ ਪਿੰਡ ਦੌਲਾ ਵਿਖੇ ਆਪਣੇ ਪਹਿਲੇ ਸਬ-ਡੀਪੂ ਦੀ ਸਥਾਪਤੀ ਨਾਲ ਇੱਕ ਅਹਿਮ ਮੀਲ ਪੱਥਰ ਸਥਾਪਿਤ ਕਰਨ ਜਾ ਰਹੀ ਹੈ। ਲਾਲਜੀਤ ਸਿੰਘ ਭੁੱਲਰ ਨੇ ਅੱਜ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਜਨਤਕ ਬੱਸ ਸੇਵਾ ਨੂੰ ਹੋਰ ਬਿਹਤਰ ਬਣਾਉਣ ਦੀ ਵਚਨਬੱਧਤਾ ਤਹਿਤ 3.36 ਕਰੋੜ ਰੁਪਏ ਦੀ ਲਾਗਤ ਵਾਲਾ ਇਹ ਪ੍ਰਾਜੈਕਟ 31 ਜਨਵਰੀ, 2025 ਤੱਕ ਮੁਕੰਮਲ ਕਰਕੇ ਚਾਲੂ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ ਨਾ ਸਿਰਫ਼ ਬੁਨਿਆਦੀ ਢਾਂਚੇ ਦੀਆਂ ਲੋੜਾਂ ਨੂੰ ਪੂਰਾ ਕਰੇਗਾ, ਸਗੋਂ ਸਥਾਨਕ ਲੋਕਾਂ ਦੀ ਚਿਰੋਕਣੀ ਮੰਗ ਨੂੰ ਵੀ ਸਿੱਧੇ ਤੌਰ 'ਤੇ ਹੱਲ ਕਰੇਗਾ। ਭੁੱਲਰ ਨੇ ਦੱਸਿਆ ਕਿ ਇਸ ਤੋਂ ਇਲਾਵਾ ਪਟਿਆਲਾ ਦੇ ਪੁਰਾਣੇ ਬੱਸ ਸਟੈਂਡ ਨੂੰ ਵੀ ਮੁੜ ਸੁਰਜੀਤ ਕਰ ਦਿੱਤਾ ਗਿਆ ਹੈ, ਜਿਸ ਨਾਲ ਹੁਣ ਚੀਕਾ, ਸਮਾਣਾ, ਨਾਭਾ, ਰਾਜਪੁਰਾ, ਘਨੌਰ ਅਤੇ ਪਿਹੋਵਾ ਸਮੇਤ 30 ਕਿਲੋਮੀਟਰ ਦੇ ਘੇਰੇ ਅੰਦਰ ਪੈਂਦੇ ਨੇੜਲੇ ਕਸਬਿਆਂ ਨੂੰ ਬੱਸ ਸੇਵਾਵਾਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਟਰਾਂਸਪੋਰਟ ਵਿਭਾਗ ਆਪਣੇ ਬੇੜੇ ਦਾ ਹੋਰ ਵਿਸਤਾਰ ਕਰਨ ਜਾ ਰਿਹਾ ਹੈ ਅਤੇ ਕਿਲੋਮੀਟਰ ਸਕੀਮ ਰਾਹੀਂ ਲੋਕਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵਿਭਾਗ ਵਿੱਚ ਕੁੱਲ 85 ਨਵੀਆਂ ਬੱਸਾਂ ਸ਼ਾਮਲ ਕੀਤੀਆਂ ਜਾਣਗੀਆਂ ਅਤੇ 81 ਵਿਅਕਤੀਆਂ ਨੂੰ ਪਹਿਲਾਂ ਹੀ ਲੈਟਰ ਆਫ਼ ਇੰਟੈਂਟ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਸਵੈ-ਰੁਜ਼ਗਾਰ ਦੇ ਵਧੇਰੇ ਮੌਕੇ ਪੈਦਾ ਕਰਕੇ ਸਥਾਨਕ ਉੱਦਮੀਆਂ ਨੂੰ ਹੋਰ ਸਮਰੱਥ ਬਣਾਉਂਦਿਆਂ ਸੂਬਾ ਸਰਕਾਰ ਦੀ ਰੁਜ਼ਗਾਰ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਨੂੰ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੀ.ਆਰ.ਟੀ.ਸੀ. ਵੱਲੋਂ ਇੱਕ ਵੱਡੇ ਸੋਲਰ ਪਲਾਂਟ ਪ੍ਰਾਜੈਕਟ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ। ਟਰਾਂਸਪੋਰਟ ਮੰਤਰੀ ਨੇ ਦੱਸਿਆ ਕਿ ਇਸ ਅਹਿਮ ਸੌਰ ਪ੍ਰਾਜੈਕਟ ਤਹਿਤ ਮੁੱਖ ਦਫ਼ਤਰ, ਸਾਰੇ ਡੀਪੂਆਂ ਅਤੇ ਬੱਸ ਸਟੈਂਡਾਂ ਵਿੱਚ ਸੋਲਰ ਨਾਲ ਲੈਸ ਸਹੂਲਤਾਂ ਸਥਾਪਤ ਕੀਤੀਆਂ ਜਾਣਗੀਆਂ। 2.87 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰਸਤਾਵਿਤ 775 ਕਿਲੋਵਾਟ ਸੋਲਰ ਪ੍ਰਾਜੈਕਟ ਨਾਲ ਪੀ.ਆਰ.ਟੀ.ਸੀ ਸਾਲਾਨਾ ਲਗਭਗ 97 ਲੱਖ ਰੁਪਏ ਦੀ ਬਿਜਲੀ ਦੀ ਬੱਚਤ ਕਰੇਗੀ। ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ ਦੀ ਰਾਸ਼ੀ ਦੀ ਵਾਪਸੀ ਲਈ ਅਨੁਮਾਨਤ ਮਿਆਦ ਤਿੰਨ ਸਾਲਾਂ ਤੋਂ ਵੀ ਘੱਟ ਹੋਵੇਗੀ।

# ਹਾਊਸ ਦੀ ਮੀਟਿੰਗ 'ਚ ਪ੍ਰਧਾਨ ਰਾਣਾ ਦੇ ਧੜੇ ਦੇ ਇੱਕ ਕੌਂਸਲਰ ਨੂੰ ਛੱਡ ਬਾਕੀ ਗ਼ੈਰ-ਹਾਜ਼ਰ



**ਜਗਰਾਉਂ (ਅਮਿਤ ਖੰਨਾ)** ਇਸ ਵਕਤ ਦੀ ਸਭ ਤੋਂ ਵੱਡੀ ਸਮੱਸਿਆ ਸ਼ਹਿਰ 'ਚ ਲੱਗੇ ਕੂੜੇ ਦੇ ਢੇਰਾਂ ਦੀ ਹੈ। ਕੂੜੇ ਦੀ ਸਮੱਸਿਆ ਤੋਂ ਛੁਟਕਾਰਾ ਪਾਉਣ ਲਈ ਨਗਰ ਕੌਂਸਲ ਵਿਖੇ ਵਿਸ਼ੇਸ਼ ਤੌਰ 'ਤੇ ਹਾਊਸ ਦੀ ਮੀਟਿੰਗ ਰੱਖੀ ਗਈ ਸੀ, ਜਿਸ ਦਾ ਸਮਾਂ 12:30 ਵਜੇ ਨਿਸ਼ਚਿਤ ਕੀਤਾ ਗਿਆ ਸੀ। ਇਥੇ ਦੱਸ ਦੇਈਏ ਕਿ ਸਾਰੇ ਕੌਂਸਲਰ ਸਮੇਂ 'ਤੇ ਮੀਟਿੰਗ ਹਾਲ ਵਿੱਚ ਪੁੱਜ ਗਏ ਤਾਂ ਪ੍ਰਧਾਨ ਰਾਣਾ ਮੀਟਿੰਗ ਦੇ ਸਮੇਂ ਤੋਂ ਕਰੀਬ ਇਕ ਘੰਟਾ ਦੇ ਬਾਅਦ ਮਾਂ ਬਿਮਾਰ ਹੋਣ ਕਰਕੇ ਮੀਟਿੰਗ ਨੂੰ ਟਾਲ ਦਿੱਤਾ, ਜਦਕਿ ਪ੍ਰਧਾਨ ਦੇ ਦਫ਼ਤਰ ਵਿੱਚ ਰਾਣਾ ਧੜੇ ਦੇ 6 ਕੌਂਸਲਰ ਮੌਜੂਦ ਰਹੇ, ਪਰ ਉਨ੍ਹਾਂ ਨੇ ਕੂੜੇ ਦੀ ਸਮੱਸਿਆ ਦੇ ਹੱਲ ਲਈ ਮੀਟਿੰਗ ਵਿੱਚ ਆਉਣਾ ਮੁਨਾਸਬ ਨਹੀਂ ਸਮਝਿਆ।

ਮੀਟਿੰਗ ਹਾਲ 'ਚ ਬੋਲਦੇ ਸਾਬਕਾ ਪ੍ਰਧਾਨ ਮਾਲਵਾ ਨੇ ਕਿਹਾ ਕਿ ਇਹ ਬਹੁਤ ਜ਼ਰੂਰੀ ਮੀਟਿੰਗ ਸ਼ਹਿਰ ਵਾਸੀਆਂ ਨੂੰ ਕੂੜੇ ਦੀ ਸਮੱਸਿਆ ਤੋਂ ਨਿਜਾਤ ਦਿਵਾਉਣ ਲਈ ਰੱਖੀ ਗਈ ਸੀ। ਜੇਕਰ ਪ੍ਰਧਾਨ ਰਾਣੇ ਦੀ ਮਾਤਾ ਬਿਮਾਰ ਹੋ ਗਏ ਤਾਂ ਬਾਕੀ ਕੌਂਸਲਰ ਇਸ ਮੀਟਿੰਗ ਵਿੱਚ ਸ਼ਾਮਲ ਹੋ ਕੇ ਕੂੜੇ ਦੀ ਸਮੱਸਿਆ ਦੇ ਹੱਲ ਲਈ ਕੋਈ ਗੰਭੀਰਤਾ ਨੇਪਰੇ ਚਾੜ੍ਹ ਸਕਦੇ ਸਨ, ਪਰ ਆਪਣੇ ਆਪ ਨੂੰ ਇਮਾਨਦਾਰ ਕਹਿਣ ਵਾਲੇ ਤੇ ਲੋਕ ਹਿੱਤਾਂ ਲਈ ਕੰਮ ਕਰਨ ਦਾ ਦਾਅਵਾ ਕਰਨ ਵਾਲੇ ਪ੍ਰਧਾਨ ਤੇ ਉਸਦੇ ਸਾਥੀ ਕੌਂਸਲਰਾਂ ਨੇ ਸ਼ਾਇਦ ਇਹ ਨਿਸਚਿਤ ਕਰ ਲਿਆ ਹੈ ਕਿ ਜਗਰਾਉਂ ਵਾਸੀਆਂ ਨੂੰ ਕੂੜੇ ਦੇ ਢੇਰਾਂ ਦੇ ਨਾਲ ਹੀ ਰਹਿਣਾ ਪਵੇਗਾ।

ਮੀਟਿੰਗ ਹਾਲ ਵਿੱਚ ਬਹੁਗਿਣਤੀ ਕੌਂਸਲਰਾਂ ਨੇ ਕਾਰਜ ਸਾਧਕ ਅਫ਼ਸਰ ਸੁਖਦੇਵ ਸਿੰਘ ਨੂੰ ਰੋਸ ਜਤਾਉਂਦੇ ਹੋਏ ਆਖਿਆ ਕਿ ਜੇਕਰ ਬਹੁਤ ਸੰਖਿਆ ਕੌਂਸਲਰ ਹਾਜ਼ਰ ਸਨ ਤਾਂ ਮੀਟਿੰਗ ਕੀਤੀ ਜਾ ਸਕਦੀ ਸੀ। ਜੇਕਰ ਰਾਣਾ ਦੀ ਮਾਤਾ ਬਿਮਾਰ ਹਨ ਤਾਂ ਉਨ੍ਹਾਂ ਨੂੰ ਵੀ ਇਸ ਗੱਲ ਦਾ ਦੁੱਖ ਹੈ, ਪਰ ਜਿਸ ਕੂੜੇ ਦੇ ਵੱਡੇ ਢੇਰਾਂ ਕਾਰਨ ਜਗਰਾਉਂ ਵਾਸੀ ਬਿਮਾਰ ਹੋ ਰਹੇ ਹਨ ਮੀਟਿੰਗ ਵਿੱਚ ਬੋਲਦੇ ਕੌਂਸਲਰ ਸਤੀਸ਼ ਕੁਮਾਰ ਪੱਪੂ ਨੇ ਕਿਹਾ ਕਿ ਇਮਾਨਦਾਰੀ ਦੇ ਅਤੇ ਸ਼ਹਿਰ ਦੇ ਵਿਕਾਸ ਕਰਾਉਣ ਦੇ ਨਾਂਅ 'ਤੇ ਰਾਣਾ ਵੱਲੋਂ ਲਾਏ ਹੋਏ ਬੋਰਡਾਂ ਨਾਲ ਕੁੱਝ ਸਾਬਤ ਨਹੀਂ ਹੁੰਦਾ, ਸਗੋਂ ਅੱਜ ਇਹ ਸਾਬਤ ਹੋ ਗਿਆ ਹੈ ਕਿ ਰਾਣਾ ਜਗਰਾਉਂ ਨੂੰ ਵਿਕਾਸ ਦੀਆਂ ਲੀਹਾਂ 'ਤੇ ਲੈ ਕੇ ਹੀ ਨਹੀਂ ਆਉਣਾ ਚਾਹੁੰਦਾ।

ਮੀਟਿੰਗ ਹਾਲ ਵਿੱਚ ਰਾਣਾ ਧੜੇ ਦੀ ਕੌਂਸਲਰ ਤਤਲਾ ਨੇ ਕਿਹਾ ਕਿ ਰਾਣੇ ਨੂੰ ਸਾਡੇ ਸਮੇਂ ਦੀ ਕੀਮਤ ਬਾਰੇ ਜ਼ਰੂਰ ਹੋਣਾ ਚਾਹੀਦਾ ਹੈ। ਜੇਕਰ ਮੀਟਿੰਗ ਰੱਖੀ ਗਈ ਸੀ ਤਾਂ ਉਨ੍ਹਾਂ ਨੂੰ ਮੀਟਿੰਗ ਅਟੈਂਡ ਕਰਨੀ ਚਾਹੀਦੀ ਸੀ। ਕੌਂਸਲਰ ਤਤਲਾ ਨੇ ਕਾਰਜ ਸਾਧਕ ਅਫ਼ਸਰ ਨੂੰ ਕਿਹਾ ਕਿ ਤੁਸੀਂ ਜਲਦ ਇਸ ਮੀਟਿੰਗ ਨੂੰ ਦੁਬਾਰਾ ਕਰਾਉਣ ਦਾ ਪ੍ਰਬੰਧ ਕਰੋ ਤੇ ਮੀਟਿੰਗ ਸਮੇਂ ਸਿਰ ਕਰਾਓ ਤਾਂ ਜੁ ਸਮੱਸਿਆਵਾਂ ਦਾ ਹੱਲ ਹੋ ਸਕੇ।

## ਕਾਤਰਾਂ

### ਮੇਨ ਚੌਕ ਬਣਿਆ ਟ੍ਰੈਫਿਕ ਦੀ ਵੱਡੀ ਸਮੱਸਿਆ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**- ਨਿਹਾਲ ਸਿੰਘ ਵਾਲਾ ਦਾ ਮੇਨ ਚੌਕ ਬਣ ਰਿਹਾ ਲੋਕਾਂ ਲਈ ਵੱਡੀ ਟੈਫਿਕ ਦਾ ਕਾਰਨ ਬਣਿਆ ਤੇ ਮੇਨ ਚੌਕ ਵਿੱਚ ਹਰ ਸਮੇਂ ਵੱਡੀ ਟੈਫਿਕ ਬਣੀ ਰਹਿੰਦੀ ਹੈ। ਮੇਨ ਚੌਕ ਵਿੱਚ ਟੈਫਿਕ ਦਾ ਵੱਡਾ ਕਾਰਨ ਹੈ ਦੁਕਾਨਾਂ ਅੱਗੇ ਲਾਏ ਸਮਾਨ ਤੇ ਰੇਹੜੀਆਂ ਵਾਲੇ। ਇਸ ਸੰਬੰਧੀ ਦੀ ਓ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਇਨ੍ਹਾਂ ਸਮੱਸਿਆਵਾਂ ਦਾ ਹੱਲ ਜਲਦੀ ਕਰਨ ਦਾ ਭਰੋਸਾ ਦਿੱਤਾ ਤੇ ਕਿਹਾ ਗਿਆ ਕਿ ਐਸ ਡੀ ਐਮ ਨਾਲ ਵਿਚਾਰ ਵਟਾਂਦਰਾ ਕਰਕੇ ਇਸ ਟੈਫਿਕ ਦੀ ਸਮੱਸਿਆਵਾਂ ਦਾ ਜਲਦੀ ਹੱਲ ਕੱਢ ਕੇ ਲੋਕਾਂ ਨੂੰ ਟੈਫਿਕ ਦੀ ਸਮੱਸਿਆ ਤੋਂ ਰਾਹਤ ਦਿਵਾਈ ਜਾਵੇਗੀ।

### ਪੰਜਾਬ ਵਿੱਚ ਲੁੱਟਾਂ-ਖੋਹਾਂ ਬਣ ਰਹੀਆਂ ਚਿੰਤਾ ਦਾ ਵਿਸ਼ਾ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**- ਗੁਰੂਆਂ ਪੀਰਾਂ ਅਤੇ ਪੈਗੰਬਰਾਂ ਦਰਵਿਸ਼ਾਂ ਦੀ ਧਰਤੀ ਨੂੰ ਵੈਸੇ ਤਾਂ ਅਨੇਕ ਸਮੱਸਿਆਵਾਂ ਹਨ ਜਿਵੇਂ ਕਿ ਬੇਰੁਜ਼ਗਾਰੀ, ਭੁੱਖਮਰੀ, ਦਾਜ ਦੀ ਸਮੱਸਿਆ, ਨਸ਼ੇਖੋਰੀ, ਵਿਦੇਸ਼ਾਂ ਵਿੱਚ ਧੜਾ ਧੜ ਬੱਚੇ ਸੈਟਲ ਕਰਨ ਦੀ ਚਿੰਤਾ, ਪਰੰਤੂ ਅੱਜ ਪੰਜਾਬ 'ਚ ਲੁੱਟਾਂ ਖੋਹਾਂ ਹੋਣ ਦਾ ਮਾਹੌਲ ਦਾ ਹੱਦ ਬੰਨੇ ਟੱਪ ਚੁੱਕਿਆ ਹੈ। ਅੱਜ ਨਸ਼ੇ ਦੀ ਲਤ ਵਿੱਚ ਲੱਗਿਆ ਨੌਜਵਾਨ ਆਪਣੀ ਅਸਲੀ ਸਮਝ ਤਿਆਗ ਕੇ ਸਿਰਫ਼ ਆਪਣੇ ਨਸ਼ੇ ਦੀ ਪੂਰਤੀ ਕਰ ਰਿਹਾ ਹੈ। ਜਿਵੇਂ ਕਿ ਰਾਹਗੀਰਾਂ ਤੋਂ ਲੁੱਟ ਖਸੁੱਟ ਕਰਨੀ, ਗਰੀਬ ਔਰਤਾਂ ਦੀਆਂ ਵਾਲੀਆਂ, ਮੋਬਾਈਲ, ਪਰਸ ਆਦਿ ਝਪਟ ਮਾਰ ਕੇ ਲੁੱਟੇ ਜਾਂਦੇ ਹਨ। ਜਨਤਾ ਦੁਖੀ ਹੋਈ ਆਪਣੀ ਸਰਕਾਰ ਦੇ ਮੁੱਖ ਮੰਤਰੀ ਨੂੰ ਸਟੇਜੀ ਚੁਟਕਲਿਆਂ ਤੋਂ ਥੋੜ੍ਹਾ ਵਕਤ ਕੱਢ ਕੇ ਇਨ੍ਹਾਂ ਲੁਟੇਰੇ ਗਰੋਹ ਦਾ ਪਰਦਾ ਫਾਸ਼ ਕਰਕੇ ਸੁਖਾਵਾਂ ਮਾਹੌਲ ਤਿਆਰ ਕਰਕੇ ਅਤੇ ਅਜਿਹੇ ਨੌਜਵਾਨ ਵਰਗ ਨੂੰ ਸਹੀ ਲੀਹ 'ਤੇ ਲੈ ਕੇ ਆਵੇ।

### ਵਿਦਿਆਰਥੀਆਂ ਦਾ ਇਕ ਰੋਜ਼ਾ ਵਿੱਦਿਅਕ ਟੂਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਰਕਾਰੀ ਹਾਈ ਸਕੂਲ ਹਰਿਆਊ ਖੁਰਦ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਗਿਆਨ ਵਿੱਚ ਵਾਧਾ ਕਰਨ ਦੇ ਮਕਸਦ ਨਾਲ ਸਕੂਲ ਮੁਖੀ ਸ਼ਮਸ਼ੇਰ ਸਿੰਘ ਦੀ ਰਹਿਨੁਮਾਈ ਹੇਠ ਇੱਕ ਰੋਜ਼ਾ ਟੂਰ ਵਿੱਦਿਅਕ ਟੂਰ ਉੱਤੇ ਲਿਜਾਇਆ ਗਿਆ । ਇਸ ਦੌਰਾਨ ਵਿਦਿਆਰਥੀਆਂ ਨੇ ਚੰਡੀਗੜ੍ਹ ਦੀਆਂ ਵੇਖਣਯੋਗ ਥਾਵਾਂ ਦੇ ਨਾਲ ਨਾਲ ਆਰਮੀ ਲਿਟਰੇਚਰ ਫੈਸਟੀਵਲ ਵਿੱਚ ਲਗਾਈਆਂ ਗਈਆਂ ਵੱਖ-ਵੱਖ ਪ੍ਰਦਰਸ਼ਨੀਆਂ ਦੇਖੀਆਂ। ਵਿਦਿਆਰਥੀਆਂ ਨੇ ਇਸ ਦੌਰਾਨ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦਾ ਭਾਸ਼ਣ ਵੀ ਸੁਣਿਆ। ਸਕੂਲਾਂ ਦੇ ਗੁਰਧਿਆਨ ਸਿੰਘ ਅਤੇ ਅਧਿਆਪਕ ਗੁਰਪ੍ਰੀਤ ਕੌਰ ਨੇ ਦੱਸਿਆ ਕਿ ਇਸ ਟੂਰ ਦੌਰਾਨ ਬੱਚਿਆਂ ਨੇ ਸੁਖਨਾ ਝੀਲ ਅਤੇ ਰਾਕ ਗਾਰਡਨ ਦਾ ਅਨੰਦ ਮਾਣਿਆ। ਵਾਪਸੀ ਦੌਰਾਨ ਬੱਚਿਆਂ ਨੂੰ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨਾਲ ਸੰਬੰਧਤ ਪਵਿੱਤਰ ਧਰਤੀ ਸ੍ਰੀ ਫਤਿਹਗੜ੍ਹ ਸਾਹਿਬ ਦੇ ਦਰਸ਼ਨ ਕਰਵਾਉਂਦੇ ਹੋਏ ਵਿਦਿਆਰਥੀਆਂ ਨੂੰ ਇਨ੍ਹਾਂ ਧਾਰਮਿਕ ਸਥਾਨਾਂ ਦੇ ਇਤਿਹਾਸ ਸਬੰਧੀ ਜਾਣੂ ਕਰਵਾਇਆ ਗਿਆ।

# ਕੈਬਨਿਟ ਮੰਤਰੀ ਦਾ ਘਿਰਾਓ ਕਰਨ ਜਾ ਰਹੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਪੁਲਸ ਨੇ ਕੀਤਾ ਗ੍ਰਿਫ਼ਤਾਰ

## ਯੂਨੀਅਨ ਦੀ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਨੂੰ ਗ੍ਰਿਫ਼ਤਾਰ ਕਰਕੇ ਕੋਟਕਪੂਰਾ ਥਾਣੇ 'ਚ ਕੀਤਾ ਬੰਦ



**ਕੋਟਕਪੂਰਾ, (ਰਛਪਾਲ ਭੁੱਲਰ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵਲੋਂ ਅੱਜ ਫਰੀਦਕੋਟ ਵਿਖੇ ਇੱਕ ਰਾਜ ਪੱਧਰੀ ਸਮਾਗਮ ਵਿੱਚ ਸ਼ਾਮਲ ਹੋਣ ਲਈ ਆ ਰਹੇ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਮੰਤਰੀ ਡਾ. ਬਲਜੀਤ ਕੌਰ ਦਾ ਘਿਰਾਓ ਕੀਤਾ ਜਾਣਾ ਸੀ ਪਰ ਪੰਜਾਬ ਪੁਲਸ ਨੇ ਫਰੀਦਕੋਟ ਸ਼ਹਿਰ ਨੂੰ ਪੁਲਸ ਛਾਉਣੀ ਵਿੱਚ ਤਬਦੀਲ ਕੀਤਾ ਹੋਇਆ ਸੀ ਤੇ ਉੱਥੇ ਪੁੱਜੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ।ਪ੍ਰਸ਼ਾਸਨ ਵਲੋਂ ਨਹਿਰੂ ਸਟੇਡੀਅਮ ਵਿੱਚ ਸਮਾਗਮ ਰੱਖਿਆ ਗਿਆ ਸੀ ਤੇ ਉੱਥੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਪਹੁੰਚਣਾ ਸੀ। ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਬੱਸ ਸਟੈਂਡ 'ਤੇ ਇਕੱਠੀਆਂ ਹੋਈਆਂ ਸਨ ਤੇ ਜਦੋਂ ਉਹ ਸਟੇਡੀਅਮ ਵੱਲ ਜਾ ਰਹੀਆਂ ਸਨ ਤਾਂ ਚੌਂਕ ਵਿੱਚ ਹੀ ਪੁਲਸ ਨੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਕੇ ਬੱਸਾਂ ਵਿਚ ਸੁੱਟ ਲਿਆ। ਇਥੇ ਪੁਲਸ ਅਤੇ ਵਰਕਰਾਂ ਦੀ ਹੱਥੋਪਾਈ ਵੀ ਹੋਈ। ਵਰਕਰਾਂ ਨੇ ਜ਼ੋਰਦਾਰ ਨਾਹਰੇਬਾਜ਼ੀ ਕੀਤੀ। ਇਸ ਤੋਂ ਪਹਿਲਾਂ ਰੇਲਵੇ ਫਾਟਕ ਅਤੇ ਨਹਿਰ ਦੇ ਪੁਲ ਨੇੜਿਓਂ ਵੀ ਵਰਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ।

ਬਾਅਦ ਵਿੱਚ 60-65 ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਪੁਲਸ ਵੱਲੋਂ ਪੁਲਸ ਲਾਈਨ ਫਰੀਦਕੋਟ ਵਿਖੇ ਲਿਜਾਇਆ ਗਿਆ, ਜਦਕਿ ਯੂਨੀਅਨ ਦੀ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਨੂੰ ਪੁਲਸ ਨੇ ਫਰੀਦਕੋਟ-ਕੋਟਕਪੂਰਾ ਰੋਡ 'ਤੇ ਗੁਰਦੁਆਰਾ ਗੋਦੜੀ ਸਾਹਿਬ ਕੋਲੋਂ ਗ੍ਰਿਫ਼ਤਾਰ ਕਰ ਲਿਆ। ਇਸ ਮੌਕੇ ਉਨ੍ਹਾਂ ਦੋਸ਼ ਲਾਇਆ ਕਿ ਉਨ੍ਹਾਂ ਨੂੰ ਪੁਲਸ ਨੇ ਲੇਡੀ ਪੁਲਸ ਤੋਂ ਬਿਨਾਂ ਹੀ ਗ੍ਰਿਫ਼ਤਾਰ ਕਰਕੇ ਥਾਣਾ ਕੋਟਕਪੂਰਾ ਵਿੱਚ ਲਿਜਾ ਕੇ ਬੰਦ ਕਰ ਦਿੱਤਾ। ਜਿਉਂ ਹੀ ਵਰਕਰਾਂ ਨੂੰ ਉਨ੍ਹਾਂ ਦੀ ਗ੍ਰਿਫਤਾਰੀ ਦੀ ਸੂਚਨਾ ਮਿਲੀ ਤਾਂ ਤਿੰਨ ਦਰਜਨ ਦੇ ਕਰੀਬ ਵਰਕਰਾਂ ਨਾਹਰੇਬਾਜ਼ੀ ਕਰਦੀਆਂ ਕੋਟਕਪੂਰਾ ਥਾਣੇ ਵਿੱਚ ਪੁੱਜ ਗਈਆਂ। ਜਦੋਂ ਫਰੀਦਕੋਟ ਵਿਖੇ ਮੰਤਰੀ ਦਾ ਸਮਾਗਮ ਖਤਮ ਹੋਇਆ ਤਾਂ ਉਸ ਤੋਂ ਬਾਅਦ ਹੀ ਪੁਲਸ ਨੇ ਵਰਕਰਾਂ ਤੇ ਹੈਲਪਰਾਂ ਨੂੰ ਰਿਹਾਅ ਕੀਤਾ। ਇਸ ਮੌਕੇ ਹਰਗੋਬਿੰਦ ਕੌਰ ਨੇ ਇਸ ਘਟਨਾ ਦੀ ਜ਼ੋਰਦਾਰ ਨਿੰਦਾ ਕਰਦਿਆਂ ਕਿਹਾ ਕਿ ਸਰਕਾਰ ਦੀ ਇਸ ਤੋਂ ਮਾੜੀ ਗੱਲ ਕੋਈ ਹੋਰ ਨਹੀਂ ਹੋ ਸਕਦੀ। ਉਨ੍ਹਾਂ ਕਿਹਾ ਕਿ ਉਹ ਸਰਕਾਰ ਅਤੇ ਮੰਤਰੀ ਦੀ ਧੱਕੇਸ਼ਾਹੀ ਤੋਂ ਡਰਨ ਵਾਲੀਆਂ ਨਹੀਂ ਹਨ ਤੇ ਮੂੰਹ ਤੋੜਵਾਂ ਜਵਾਬ ਦੇਣਗੀਆਂ। ਉਨ੍ਹਾਂ ਕਿਹਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਮੰਨੀਆਂ ਨਹੀਂ ਜਾਂਦੀਆਂ ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ। ਜਿਨ੍ਹਾਂ ਆਗੂਆਂ ਨੂੰ ਪੁਲਸ ਨੇ ਗ੍ਰਿਫ਼ਤਾਰ ਕੀਤਾ ਉਨ੍ਹਾਂ ਵਿੱਚ ਸ਼ਿੰਦਰਪਾਲ ਕੌਰ ਥਾਂਦੇਵਾਲਾ ਜ਼ਿਲ੍ਹਾ ਪ੍ਰਧਾਨ ਮੁਕਤਸਰ ਸਾਹਿਬ, ਗੁਰਮੀਤ ਕੌਰ ਗੋਨੇਆਣਾ ਜ਼ਿਲ੍ਹਾ ਪ੍ਰਧਾਨ ਬਠਿੰਡਾ, ਮਹਿੰਦਰ ਕੌਰ ਪੱਤੋ ਜ਼ਿਲ੍ਹਾ ਪ੍ਰਧਾਨ ਮੋਗਾ, ਦਲਜੀਤ ਕੌਰ ਬਰਨਾਲਾ ਜ਼ਿਲ੍ਹਾ ਪ੍ਰਧਾਨ ਬਰਨਾਲਾ, ਜੀਵਨ ਮੱਖੂ, ਵੀਰਪਾਲ ਕੌਰ ਭਾਗਸਰ, ਗਿਆਨ ਕੌਰ ਦੂਹੇਵਾਲਾ, ਅੰਮ੍ਰਿਤਪਾਲ ਕੌਰ ਹਰੀਨੌਂ, ਰੇਖਾ ਰਾਣੀ ਜੀਦਾ, ਬਲਜੀਤ ਕੌਰ ਹਰੀ ਨੌਂ ਆਦਿ ਦਰਜਨਾਂ ਆਗੂ ਮੌਜੂਦ ਸਨ।

## ਭੁੱਲਰਹੇੜੀ ਗਰਿੱਡ ਦਾ ਕੰਮ ਸ਼ੁਰੂ ਕਰਵਾਉਣ 'ਤੇ ਰਾਜਵੰਤ ਘੁੱਲੀ ਦਾ ਸਨਮਾਨ

**ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਮੁੱਖ ਮੰਤਰੀ ਭਗਵੰਤ ਮਾਨ ਦੇ ਧੂਰੀ ਸਥਿਤ ਦਫ਼ਤਰ ਦੇ ਇੰਚਾਰਜ ਤੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਦਾ ਅੱਜ ਡੇਰਾ ਬਾਬਾ ਸਾਉਲ ਦਾਸ ਪਿੰਡ ਭੁੱਲਰਹੇੜੀ 'ਚ ਡੇਰੇ ਦੇ ਪ੍ਰਬੰਧਕ ਤੇ ਮਹੰਤ ਬਾਬਾ ਸੁਖਦੇਵ ਦਾਸ ਦੀ ਅਗਵਾਈ ਹੇਠ ਸਨਮਾਨ ਕੀਤਾ ਗਿਆ। ਸ੍ਰੀ ਘੁੱਲੀ ਦਾ ਇਹ ਸਨਮਾਨ 66 ਕੇਵੀ ਗਰਿੱਡ ਭੁੱਲਰਹੇੜੀ ਦਾ ਕੰਮ ਚਲਵਾਉਣ ਲਈ ਕੀਤਾ ਗਿਆ।ਜ਼ਿਕਰਯੋਗ ਹੈ ਕਿ ਪਾਵਰਕੌਮ 66 ਕੇਵੀ ਗਰਿੱਡ ਨੂੰ ਝੋਨੇ ਦੀ ਸੀਜ਼ਨ ਦੌਰਾਨ ਜੂਨ 'ਚ ਚਲਾਉਣ ਲਈ ਯਤਨਸ਼ੀਲ ਸੀ, ਪਰ ਇੱਕ ਸਨਅਤਕਾਰ ਵੱਲੋਂ ਆਪਣੀ ਮਾਲਕੀ ਵਾਲੀ ਜਗ੍ਹਾ ਵਿੱਚ ਲਾਈਨ ਟਾਵਰ ਲਗਾਉਣ ਤੋਂ ਰੋਕਣ ਅਤੇ ਫਿਰ ਅਦਾਲਤ 'ਚੋਂ 'ਸਟੇਟਸ-ਕੋ' ਪ੍ਰਾਪਤ ਕਰ ਲੈਣ ਕਾਰਨ ਗਰਿੱਡ ਦਾ ਕੰਮ ਬੰਦ ਹੋ ਗਿਆ ਸੀ।ਇਸ ਮੌਕੇ ਪਤਵੰਤਿਆਂ ਨੇ ਗਰਿੱਡ ਚਾਲੂ ਕਰਵਾਉਣ ਲਈ ਲੜੇ ਸੰਘਰਸ਼ ਤਹਿਤ 107 ਦਿਨ ਪੱਕੇ ਧਰਨੇ 'ਤੇ ਸੌ ਫੀਸਦੀ ਹਾਜ਼ਰੀ ਦੇਣ ਵਾਲੇ ਪਿੰਡ ਦੇ ਬਜ਼ੁਰਗ ਮਾਘ ਦਾ ਵੀ ਸਨਮਾਨ ਕੀਤਾ।ਸ਼ੂਗਰਕੇਨ ਸੁਸਾਇਟੀ ਦੇ ਚੇਅਰਮੈਨ ਅਵਤਾਰ ਸਿੰਘ ਤਾਰੀ ਭੁੱਲਰਹੇੜੀ, 'ਆਪ' ਆਗੂ ਜਤਿੰਦਰ ਸਿੰਘ ਗੋਲੂ, ਸਰਪੰਚ ਜਸਵੀਰ ਕੌਰ ਦੇ ਪਤੀ ਕਰਮਜੀਤ ਸਿੰਘ ਪੰਮੀ, ਸਾਬਕਾ ਸਰਪੰਚ ਅਜੀਤ ਸਿੰਘ ਭੁੱਲਰਹੇੜੀ ਨੇ ਕਿਹਾ ਭਾਵੇਂ ਇਹ ਪ੍ਰੋਗਰਾਮ ਡੇਰਾ ਮੁਖੀ ਬਾਬਾ ਸੁਖਦੇਵ ਦਾਸ ਦੀ ਆਸਟਰੇਲੀਆਂ ਆਮਦ ਤੋਂ ਤੁਰੰਤ ਮਗਰੋਂ ਰੱਖਿਆ ਗਿਆ ਸੀ, ਪਰ 66 ਕੇਵੀ ਗਰਿੱਡ ਦੀ ਰਸਮੀ ਸ਼ੁਰੂਆਤ ਮੌਕੇ ਇਸ ਕਾਰਜ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲਿਆਂ ਲਈ ਖਾਸ ਪ੍ਰੋਗਰਾਮ ਕਰਨ ਦੀ ਤਜਵੀਜ਼ ਹੈ।

# ਸਰਕਾਰੀ ਹਾਈ ਸਕੂਲ ਪਿੰਡੀ 'ਚ ਦਿਵਿਆਂਗ ਵਿਦਿਆਰਥੀਆਂ ਨੂੰ ਵੰਡੀਆਂ ਸਟੇਸ਼ਨਰੀ ਕਿੱਟਾਂ




**ਗੁਰੂ ਹਰਸਹਾਏ (ਫਕੀਰ ਚੰਦ ਸਿਕਰੀ)**-ਸਰਕਾਰੀ ਹਾਈ ਸਕੂਲ ਪਿੰਡੀ ਵਿਖੇ ਮੰਗਲਵਾਰ ਵਿਸ਼ਵ ਦਿਵਿਆਂਗ ਦਿਵਸ ਮੌਕੇ ਦਿਵਿਆਂਗ ਵਿਦਿਆਰਥੀਆਂ ਨਾਲ ਇਹ ਦਿਵਸ ਮਨਾਇਆ ਗਿਆ। ਇਸ ਮੌਕੇ ਸਾਰੇ ਸਕੂਲ ਸਟਾਫ ਦੇ ਸਹਿਯੋਗ ਨਾਲ ਮੁੱਖ ਅਧਿਆਪਕ ਦੀਪਕ ਗਾਂਧੀ ਦੀ ਰਹਿਨੁਮਾਈ ਹੇਠ ਦਿਵਿਆਂਗ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਟੇਸ਼ਨਰੀ ਕਿੱਟਾਂ ਵੰਡੀਆਂ ਗਈਆਂ। ਪ੍ਰੋਗਰਾਮ ਇੰਚਾਰਜ ਸੰਦੀਪ ਕੰਬੋਜ ਨੇ ਕਿਹਾ ਕਿ ਇਸ ਮੌਕੇ ਮੁੱਖ ਅਧਿਆਪਕ ਦੀਪਕ ਗਾਂਧੀ ਨੇ ਦਿਵਿਆਂਗ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪੂਰੇ ਸੰਸਾਰ ਵਿੱਚ ਹਰ ਸਾਲ 3 ਦਸੰਬਰ ਦਾ ਦਿਨ ਕੌਮਾਂਤਰੀ ਦਿਵਿਆਂਗ ਦਿਵਸ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ ਕਿਉਂਕਿ ਦਿਵਿਆਂਗ ਵਿਅਕਤੀ ਵੀ ਸਮਾਜ ਦਾ ਅਨਿੱਖੜਵਾਂ ਅੰਗ ਹਨ । ਯੂ. ਐੱਨ. ਓ. ਨੇ ਇੱਕ ਰਿਪੋਰਟ ਵਿੱਚ ਦੱਸਿਆ ਕਿ ਦੁਨੀਆਂ ਦਾ 16 ਫੀਸਦੀ ਹਿੱਸਾ ਦਿਵਿਆਂਗ ਹਨ । ਇਸ ਮੌਕੇ ਪ੍ਰੋਗਰਾਮ ਇੰਚਾਰਜ ਸੰਦੀਪ ਕੰਬੋਜ ਅਤੇ ਪ੍ਰੋਜੈਕਟ ਇੰਚਾਰਜ ਮੈਡਮ ਚਰਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਇਹ ਵਰ੍ਹਾਂ ਦਿਵਿਆਂਗਾਂ ਦੇ ਬੁਲੰਦ ਹੌਂਸਲੇ ਨੂੰ ਸਮਰਪਤ ਸੀ। ਦਿਵਿਆਂਗ ਵਿਅਕਤੀ ਵੀ ਸਮਾਜ ਵਿੱਚ ਉਵੇਂ ਵਿਚਰਨਾ ਲੋਚਦੇ ਹਨ, ਜਿਵੇਂ ਕਿ ਸਧਾਰਨ ਵਿਅਕਤੀ ਚਾਹੁੰਦਾ ਹੈ । ਭਾਰਤ ਸਰਕਾਰ ਦੁਆਰਾ ਆਪਣੇ ਦਿਵਿਆਂਗ ਵਿਅਕਤੀਆਂ ਨੂੰ ਸਮਾਜ ਵਿੱਚ ਸੁਰੱਖਿਆ ਦੇਣ ਅਤੇ ਉਨ੍ਹਾਂ ਨੂੰ ਸਮਾਨ ਮੌਕੇ ਪ੍ਰਦਾਨ ਕਰਨ ਲਈ ਪਰਸਨਜ਼ ਵਿਦ ਡਿਸੇਬਲਿਟੀ ਐਕਟ 1995 ਬਣਾਇਆ ਗਿਆ । ਜਿਸ ਅਨੁਸਾਰ ਉਨ੍ਹਾਂ ਦੀਆਂ ਮੁਸ਼ਕਿਲਾਂ ਨੂੰ ਕਾਨੂੰਨ ਦੇ ਅਧਾਰ 'ਤੇ ਹੱਲ ਕੀਤਾ ਜਾਂਦਾ ਹੈ ਅਤੇ ਹੁਣ ਉਸ ਐਕਟ ਵਿੱਚ ਸੋਧ ਕਰਕੇ ਸਮਾਨਤਾ ਐਕਟ 2016 ਬਣਾਇਆ ਗਿਆ ਹੈ। ਇਸ ਮੌਕੇ ਮੁੱਖ ਅਧਿਆਪਕ ਦੀਪਕ ਗਾਂਧੀ, ਸੰਦੀਪ ਕੰਬੋਜ, ਸਨਮ ਨੱਡਾ, ਵੰਸਦੀਪ ਖੁਰਾਣਾ, ਰਵੀ ਕੁਮਾਰ, ਮੈਡਮ ਚਰਨਜੀਤ ਕੌਰ, ਰੇਖਾ ਰਾਣੀ ਅਤੇ ਨੀਲਮ ਰਾਣੀ ਹਾਜ਼ਰ ਸਨ।

## ਸੰਤ ਮੋਹਨ ਸਿੰਘ ਮਤਵਾਲਾ ਸਕੂਲ ਤਿਲੋਕੇਵਾਲਾ 'ਚ ਖੇਡ ਮੁਕਾਬਲੇ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਕਾਲਾਂਵਾਲੀ ਖੇਤਰ ਦੇ ਪਿੰਡ ਤਿਲੋਕੇਵਾਲਾ ਦੇ ਸੰਤ ਮੋਹਨ ਸਿੰਘ ਮਤਵਾਲਾ ਪਬਲਿਕ ਸਕੂਲ ਵਿਖੇ ਸਲਾਨਾ ਖੇਡ ਮੁਕਾਬਲੇ ਕਰਵਾਏ ਗਏ। ਇਨ੍ਹਾਂ ਖੇਡ ਮੁਕਾਬਲਿਆ ਦੇ ਮੁੱਖ ਮਹਿਮਾਨ ਬਲਾਕ ਸੰਮਤੀ ਮੈਂਬਰ ਅਮਰਜੀਤ ਸਿੰਘ ਤਖਤਮੱਲ, ਪੱਤਰਕਾਰ ਸੁਰਿੰਦਰ ਪਾਲ ਸਿੰਘ ਅਤੇ ਨਿਰਮਲ ਸਿੰਘ ਨਿੰਮਾ ਪ੍ਰਧਾਨ ਯੁਵਾ ਕਲੱਬ ਤਖ਼ਤਮੱਲ ਸਨ। ਪ੍ਰਿੰਸੀਪਲ ਪਰਮਜੀਤ ਸਿੰਘ ਗਰੇਵਾਲ ਨੇ ਦੱਸਿਆ ਕਿ ਸਪੋਟਸ ਮੀਟ 2024 ਅਧੀਨ ਪਹਿਲੀ ਤੋਂ ਲੈ ਕੇ ਦਸਵੀਂ ਤੱਕ ਦੇ ਵਿਦਿਆਰਥੀਆਂ ਦੇ ਕ੍ਰਿਕਟ ਮੁਕਬਲੇ ਤੋਂ ਬਿਨਾਂ ਜਨਰਲ ਰੇਸ 100 ਮੀਟਰ, 200 ਮੀਟਰ ਅਤੇ 400 ਮੀਟਰ ਅਤੇ ਰੈਬਿਟ ਰੇਸ ਤੋਂ ਬਿਨਾਂ ਦਸਵੀਂ ਤੱਕ ਦੇ ਵਿਦਿਆਰਥੀਆਂ ਨੇ ਫਾਇਰ ਲੈਸ ਕੁਕਿੰਗ ਵਿੱਚ ਸਵਾਦਿਸ਼ਟ ਅਤੇ ਪੌਸ਼ਟਿਕ ਵਿਅੰਜਨ ਤਿਆਰ ਕੀਤੇ।ਇਸ ਤੋਂ ਇਲਾਵਾ ਪ੍ਰਾਇਮਰੀ ਦੇ ਵਿਦਿਆਰਥੀਆਂ ਨੇ ਗਤਕੇ ਦੇ ਜੌਹਰ ਦਿਖਾ ਕੇ ਦਰਸ਼ਕਾਂ ਦਾ ਮਨ ਮੋਹ ਲਿਆ।ਇਸ ਮੌਕੇ ਵਿਦਿਆਰਥੀਆਂ ਦੀ ਹੌਂਸਲਾ ਅਫਜ਼ਾਈ ਕਰਦਿਆ ਪੱਤਰਕਾਰ ਸੁਰਿੰਦਰ ਪਾਲ ਸਿੰਘ ਨੇ ਕਿਹਾ ਕਿ ਖੇਡਾਂ ਦੀਆਂ ਜਿੱਤਾਂ ਹਾਰਾਂ ਸਾਨੂੰ ਜੀਵਨ ਵਿਚ ਸੰਘਰਸ਼ਸ਼ੀਲ ਰਹਿਣ ਲਈ ਪ੍ਰੇਰਨਾ ਦਿੰਦੀਆਂ ਹਨ। ਬਲਾਕ ਸੰਮਤੀ ਮੈਂਬਰ ਅਮਰਜੀਤ ਸਿੰਘ ਤਖਤਮੱਲ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋ ਦੂਰ ਰਹਿ ਕੇ ਉਚ ਵਿੱਦਿਆ ਪ੍ਰਾਪਤ ਕਰਨ ਲਈ ਪ੍ਰੇਰਨਾਂ ਦਿੱਤੀ। ਪ੍ਰਿੰਸੀਪਲ ਪਰਮਜੀਤ ਸਿੰਘ ਦਾ ਕਹਿਣਾ ਸੀ ਕਿ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਏ ਵਿਦਿਆਰਥੀਆਂ ਨੂੰ ਸਮੂਹ ਸਟਾਫ਼ ਅਤੇ ਵਿਸ਼ੇਸ਼ ਮਹਿਮਾਨਾਂ ਦੇ ਸਹਿਯੋਗ ਨਾਲ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ।ਸਮਾਗਮ ਦੌਰਾਨ ਮਿੰਕੂ ਕਾਲਾਂਵਾਲੀ, ਜਗਦੀਪ ਸਿੱਧੂ, ਸਿਕੰਦਰ ਸਿੰਘ, ਭਾਈ ਅਵਤਾਰ ਸਿੰਘ ਰਾਗੀ ਅਤੇ ਮੈਡਮ ਪਵਨਦੀਪ ਕੌਰ ਸੰਧੂ ਸਮੇਤ ਸਾਰੇ ਸਕੂਲ ਸਟਾਫ ਦਾ ਵਿਸ਼ੇਸ਼ ਯੋਗਦਾਨ ਰਿਹਾ। ਸਮਾਗਮ ਦੇ ਅੰਤ 'ਚ ਪ੍ਰਿੰਸੀਪਲ ਪਰਮਜੀਤ ਸਿੰਘ ਗਰੇਵਾਲ ਵੱਲੋਂ ਮਹਿਮਾਨਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਨਗਰ ਨਿਗਮ ਚੋਣਾਂ ਨੂੰ ਲੈ ਕੇ ਮੁੱਖ ਮੰਤਰੀ ਵੱਲੋਂ ਵਿਧਾਇਕ ਅਜੀਤਪਾਲ ਕੋਹਲੀ ਨਾਲ ਚਰਚਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਇਸੇ ਮਹੀਨੇ ਹੋਣ ਵਾਲੀਆਂ ਨਗਰ ਨਿਗਮ ਚੋਣਾਂ ਦੇ ਮੱਦੇਨਜ਼ਰ ਨਗਰ ਨਿਗਮ ਪਟਿਆਲਾ ਦੀ ਚੋਣ ਨੂੰ ਲੈ ਕੇ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਕ ਸਮਾਗਮ ਉਪਰੰਤ ਸਰਕਟ ਹਾਊਸ 'ਚ ਇਕੱਲਿਆਂ ਚਰਚਾ ਕੀਤੀ। ਇਸ ਮੌਕੇ ਮੁੱਖ ਮੰਤਰੀ ਨੇ ਵਿਧਾਇਕ ਕੋਹਲੀ ਤੋਂ ਪਟਿਆਲਾ ਦੇ ਕਾਰਜਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਹਾਸਲ ਕੀਤੀ ਅਤੇ ਹੋਰ ਹੋਣ ਵਾਲੇ ਕੰਮਾਂ ਬਾਰੇ ਗੱਲਬਾਤ ਕੀਤੀ। ਇਸ ਦੌਰਾਨ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਮੁੱਖ ਮੰਤਰੀ ਦਾ ਜਿੱਥੇ ਧੰਨਵਾਦ ਕਰਦਿਆਂ ਕਿਹਾ ਕਿ ਪੂਰੇ ਪਟਿਆਲਾ 'ਚ ਵਿਕਾਸ ਕਾਰਜ ਜਾਰੀ ਹਨ ਅਤੇ ਲੋਕ ਨਗਰ ਨਿਗਮ ਚੋਣਾਂ 'ਚ ਆਪ ਦੇ ਵਲੰਟੀਅਰਾਂ ਨੂੰ ਕੌਂਸਲਰ ਵਜੋਂ ਦੇਖਣ ਲਈ ਕਾਹਲੇ ਹਨ। ਸਾਰੀ ਜਾਣਕਾਰੀ ਹਾਸਿਲ ਕਰਨ ਉਪਰੰਤ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਜ਼ਿਮਨੀ ਚੋਣਾਂ ਵਾਂਗ ਆਮ ਆਦਮੀ ਪਾਰਟੀ ਨਗਰ ਨਿਗਮ ਚੋਣਾਂ ਵੀ ਵੱਡੇ ਫਰਕ ਨਾਲ ਜਿੱਤੇਗੀ। ਸਾਨੂੰ ਭਰੋਸਾ ਹੈ ਕਿ ਅਸੀਂ ਇਨ੍ਹਾਂ ਚੋਣਾਂ ਵਿੱਚ ਵੀ ਵੱਡੀ ਲੀਡ ਹਾਸਲ ਕਰਾਂਗੇ। ਮੁੱਖ ਮੰਤਰੀ ਨੇ ਵਿਧਾਇਕ ਕੋਹਲੀ ਨੂੰ ਭਰੋਸਾ ਦਿਵਾਇਆ ਕਿ ਪਟਿਆਲਾ ਦੇ ਵਿਕਾਸ ਲਈ ਜਦੋਂ ਮਰਜ਼ੀ, ਜਿੰਨਾ ਮਰਜ਼ੀ ਫੰਡ ਲੋੜ ਹੋਵੇ, ਮੰਗ ਸਕਦੇ ਹਨ। ਉਨ੍ਹਾਂ ਕਿਹਾ ਕਿ ਇਹ ਆਮ ਲੋਕਾਂ ਦੀ ਸਰਕਾਰ ਹੈ, ਇਸ ਕਰਕੇ ਆਮ ਲੋਕਾਂ ਨੂੰ ਕੋਈ ਸਮੱਸਿਆ ਨਹੀਂ ਆਉਣੀ ਚਾਹੀਦੀ ਅਤੇ ਆਮ ਲੋਕਾਂ ਦੇ ਕੰਮ ਪਹਿਲ ਦੇ ਅਧਾਰ 'ਤੇ ਹੋਣੇ ਚਾਹੀਦੇ ਹਨ। ਮੁੱਖ ਮੰਤਰੀ ਮਾਨ ਨੇ ਤਨਜ਼ ਕੱਸਦਿਆਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਅਤੇ ਉਸ ਦੇ ਪਰਵਾਰ ਦਾ ਰਿਕਾਰਡ ਪੰਜਾਬ ਨੂੰ ਹਮੇਸ਼ਾ ਪਿੱਠ ਵਿਖਾਉਣ ਕਾਰਨ ਸ਼ੱਕੀ ਰਿਹਾ ਹੈ। ਜਦਕਿ ਇਸ ਪਰਵਾਰ ਨੇ ਜਿੱਤ ਕੇ ਕਦੇ ਵੀ ਪਟਿਆਲਾ ਦੇ ਲੋਕਾਂ ਨੂੰ ਸ਼ਕਲ ਨਹੀਂ ਵਿਖਾਈ। ਇਸੇ ਤਰ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੁਮਲਿਆਂ ਦੇ ਮਾਹਰ ਹਨ, ਜੋ ਕਿਸੇ ਵੀ ਥਾਂ ਜਾਂ ਘਟਨਾ ਨਾਲ ਖੁਦ ਨੂੰ ਜੋੜ ਸਕਦੇ ਹਨ। ਸੁਖਬੀਰ ਸਿੰਘ ਬਾਦਲ ਪੰਜਾਬ ਦਾ ਇੱਕ ਕਾਨਵੈਂਟ ਸਕੂਲਾਂ ਦਾ ਪੜ੍ਹਿਆ ਸਿਆਸੀ ਆਗੂ ਹੈ, ਜੋ ਸੂਬੇ ਦੀ ਮੂਲ ਭੂਗੋਲਿਕ ਸਥਿਤੀ ਤੋਂ ਜਾਣੂ ਨਹੀਂ ਪਰ ਸੂਬੇ ਦੀ ਸੱਤਾ ਹਾਸਲ ਕਰਨਾ ਚਾਹੁੰਦੇ ਹੈ।

## ਮੰਦਰ ਦੀ ਉਸਾਰੀ ਦਾ ਕੰਮ ਰੋਕਣਾ ਤੇ ਉਸ ਨੂੰ ਢਹਾਉਣ ਦਾ ਨੋਟਿਸ ਭੇਜਣਾ ਪ੍ਰਸ਼ਾਸਨ ਨੂੰ ਪਿਆ ਭਾਰੀ

**ਨਿਹਾਲ ਸਿੰਘ ਵਾਲਾ (ਲਵਲੀ)**-ਪਿੰਡ ਪੱਤੋ ਵਿਖੇ ਮਾਤਾ ਕਾਲੀ ਮੰਦਰ ਦੇ ਨਿਰਮਾਣ ਦਾ ਕੰਮ ਜੋ ਬੜੇ ਹੀ ਜ਼ੋਰਾਂ ਸ਼ੋਰਾਂ ਨਾਲ ਚੱਲ ਰਿਹਾ ਸੀ, ਨੂੰ ਮੋਗਾ ਜ਼ਿਲ੍ਹੇ ਦੇ ਏ ਡੀ ਸੀ ਨੇ ਨੋਟਿਸ ਭੇਜ ਕੇ ਇਸ ਕੰਮ ਨੂੰ ਤੁਰੰਤ ਬੰਦ ਕਰਨ ਦਾ ਫਰਮਾਨ ਜਾਰੀ ਕਰ ਦਿੱਤਾ, ਜਿਸ ਕਰਕੇ ਹਿੰਦੂ ਸੰਤਾਂ, ਸੰਗਠਨਾਂ ਅਤੇ ਸੰਗਤ ਵਿੱਚ ਭਾਰੀ ਰੋਸ ਪੈਦਾ ਹੋ ਗਿਆ। ਜਿਸ ਕਰਕੇ ਮਾਤਾ ਕਾਲੀ ਮੰਦਰ ਦੇ ਮੁਖੀ ਸ੍ਰੀ ਸ੍ਰੀ 1008 ਮਹਾ ਮੰਡਲੇਸ਼ਵਰ ਮਹਾਰਾਜ ਸੱਤਿਆਨੰਦ ਗਿਰੀ ਨੇ ਹਿੰਦੂ ਸੰਤਾਂ ਅਤੇ ਸੰਗਤ ਨੂੰ ਨਾਲ ਲੈ ਕੇ ਮੋਗਾ ਜ਼ਿਲ੍ਹਾ ਦੇ ਡੀ ਸੀ ਦਫਤਰ ਪਹੁੰਚ ਗਏ। ਜਿੱਥੇ ਉਨ੍ਹਾਂ ਨੇ ਹਿੰਦੂ ਤਖਤ ਦੇ ਮੁਖੀ ਬ੍ਰਹਮਾਨੰਦ ਗਿਰੀ ਨੂੰ ਇਸ ਮੋਰਚੇ ਦੀ ਕਮਾਨ ਸੰਭਾਲ ਦਿੱਤੀ ਅਤੇ ਡੀ ਸੀ ਸਾਹਿਬ ਨਾਲ ਮੁਲਾਕਾਤ ਕੀਤੀ। ਮੀਟਿੰਗ ਉਪਰਾਂਤ ਹਿੰਦੂ ਸੰਤਾਂ ਨਾਲ ਗੱਲਬਾਤ ਕਰਦੇ ਡੀ ਸੀ ਨੇ ਦੱਸਿਆ ਕਿ ਉਨ੍ਹਾਂ ਨੂੰ ਮੰਦਰ ਨੂੰ ਭੇਜੇ ਗਏ ਨੋਟਿਸ ਦੀ ਕੋਈ ਜਾਣਕਾਰੀ ਨਹੀਂ ਸੀ, ਇਹ ਨੋਟਿਸ ਮੰਦਰ ਨੂੰ ਏ ਡੀ ਸੀ ਵੱਲੋਂ ਭੇਜਿਆ ਗਿਆ ਹੈ। ਉਨ੍ਹਾਂ ਨੇ ਖੁਦ ਇਸ ਭੇਜੇ ਗਏ ਨੋਟਿਸ ਦੀ ਜਾਂਚ ਪੂਰੀ ਕਰ ਲਈ ਹੈ ਜਿਸ ਰੋਡ ਦੇ ਲਾਗੇ ਇਹ ਮੰਦਰ ਬਣਾਇਆ ਗਿਆ ਹੈ ਉਹ ਰੋਡ ਗਲਾਡਾ ਦੇ ਅਧੀਨ ਆਉਂਦਾ ਹੈ। ਇਸ ਕਰਕੇ ਇਸ ਮੰਦਰ ਦਾ ਨਿਰਮਾਣ ਦੁਬਾਰਾ ਸ਼ੁਰੂ ਕਰ ਸਕਦੇ ਹੋ, ਜਿਸ ਨਾਲ ਹੀ ਹਿੰਦੂ ਸੰਤਾਂ ਅਤੇ ਸੰਗਤ ਵਿੱਚ ਖੁਸ਼ੀ ਦੀ ਲਹਿਰ ਦੌੜ ਪਈ। ਉਨ੍ਹਾਂ ਇਹ ਵੀ ਦੱਸਿਆ ਕਿ ਆਉਣ ਵਾਲੇ ਸੱਤ ਦਿਨਾਂ 'ਚ ਮੋਗਾ ਜ਼ਿਲ੍ਹਾ ਦੇ ਏ ਡੀ ਸੀ ਉੱਤੇ ਬਣਦੀ ਕਾਰਵਾਈ ਕੀਤੀ ਜਾਵੇਗੀ। ਇਸ ਮੀਟਿੰਗ ਮੌਕੇ ਹਿੰਦੂ ਸੰਤ ਸਮਾਜ ਵੱਲੋਂ ਮਹੰਤ ਬਲਦੇਵ ਗਿਰੀ, ਮਹੰਤ ਅਰਨਵ ਗਿਰੀ, ਮਹੰਤ ਬਾਲਕ ਗਿਰੀ ਉਪਸਥਿਤ ਸਨ। ਇਸ ਦੇ ਨਾਲ ਹੀ ਹਿੰਦੂ ਸੰਗਠਨਾਂ ਵੱਲੋਂ ਸ਼ਿਵਸੈਨਾ ਹਿੰਦੁਸਤਾਨ ਰਾਸ਼ਟਰੀ ਪ੍ਰਧਾਨ ਪਵਨ ਗੁਪਤਾ, ਸ਼ਿਵ ਸ਼ਕਤੀ ਲੰਗਰ ਟਰੱਸਟ ਦੇ ਚੇਅਰਮੈਨ ਸਵਤੰਤਰ ਰਾਜ ਪਾਸੀ, ਗਊ ਰਕਸ਼ਾ ਦਲ ਦੇ ਰਾਸ਼ਟਰੀ ਪ੍ਰਧਾਨ ਵੀ ਹਾਜ਼ਰ ਸਨ।



## ਪੰਜਾਬੀ 'ਵਰਸਿਟੀ ਵਿੱਚ 'ਸਮਾਜਿਕ ਵਿਗਿਆਨ' ਖੇਤਰ ਦਾ ਅੰਤਰ ਅਨੁਸ਼ਾਸਨੀ ਰਿਫਰੈਸ਼ਰ ਕੋਰਸ ਸੰਪੰਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਵਿਖੇ ਯੂ.ਜੀ.ਸੀ. ਮਾਲਵੀਆ ਮਿਸ਼ਨ ਟੀਚਰ ਟ੍ਰੇਨਿੰਗ ਸੈਂਟਰ ਵੱਲੋਂ ਕਰਵਾਇਆ ਗਿਆ ਸਮਾਜਿਕ ਵਿਗਿਆਨ ਖੇਤਰ ਨਾਲ ਸੰਬੰਧਤ ਰਿਫ਼ਰੈਸ਼ਰ ਕੋਰਸ ਸੰਪੰਨ ਹੋ ਗਿਆ। ਪ੍ਰੋਗਰਾਮ ਦੇ ਵਿਦਾਇਗੀ ਸੈਸ਼ਨ ਸਮੇਂ ਰਜਿਸਟਰਾਰ ਪ੍ਰੋ. ਸੰਜੀਵ ਪੁਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋ. ਸੰਜੀਵ ਪੁਰੀ ਨੇ ਇਸ ਮੌਕੇ ਕਿਹਾ ਕਿ ਇਸ ਪ੍ਰੋਗਰਾਮ ਨੇ ਭਾਰਤ ਭਰ ਦੀਆਂ ਵੱਖ-ਵੱਖ ਸੰਸਥਾਵਾਂ ਦੇ ਫੈਕਲਟੀ ਮੈਂਬਰਾਂ ਨੂੰ ਇਕੱਠੇ ਆਉਣ ਅਤੇ ਇੱਕ ਦੂਜੇ ਤੋਂ ਸਿੱਖਣ ਲਈ ਇੱਕ ਵਿਲੱਖਣ ਪਲੇਟਫਾਰਮ ਪ੍ਰਦਾਨ ਕੀਤਾ ਹੈ। ਡਾ. ਪੁਰੀ ਨੇ ਭਾਗੀਦਾਰਾਂ ਨਾਲ ਆਪਣਾ ਤਜਰਬਾ ਸਾਂਝਾ ਕਰਦੇ ਹੋਏ ਕਿਹਾ ਕਿ ਸਾਨੂੰ ਸਿੱਖਣ ਬਾਰੇ ਆਪਣੇ ਦ੍ਰਿਸ਼ਟੀਕੋਣ ਨੂੰ ਵਿਸ਼ਾਲ ਕਰਨ ਦੀ ਲੋੜ ਹੈ। ਡਾ. ਪੁਰੀ ਨੇ ਇਸ ਕੋਰਸ ਨੂੰ ਸਫਲਤਾਪੂਰਵਕ ਪੂਰਾ ਕਰਨ ਲਈ ਯੂ.ਜੀ.ਸੀ-ਐਮ.ਐਮ.ਟੀ.ਟੀ.ਸੀ. ਅਤੇ ਇਸ ਦੇ ਡਾਇਰੈਕਟਰ ਡਾ. ਰਮਨ ਮੈਣੀ ਦੀ ਸ਼ਲਾਘਾ ਕੀਤੀ।ਸੈਂਟਰ ਦੇ ਡਾਇਰੈਕਟਰ ਡਾ. ਰਮਨ ਮੈਣੀ ਨੇ ਦੱਸਿਆ ਕਿ ਰਿਫਰੈਸ਼ਰ ਕੋਰਸ ਵਿੱਚ ਸਮੁੱਚੇ ਭਾਰਤ ਵਿੱਚੋਂ ਵੱਖ-ਵੱਖ ਰਾਜਾਂ ਅਤੇ ਯੂਨੀਵਰਸਿਟੀਆਂ ਦੇ ਪ੍ਰਤੀਭਾਗੀਆਂ ਨੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਇਹ 12 ਦਿਨਾਂ ਦਾ ਪ੍ਰੋਗਰਾਮ ਸਮਝਦਾਰੀ ਭਰਪੂਰ ਵਿਚਾਰ-ਵਟਾਂਦਰੇ, ਗਹਿਰਾਈ ਪੂਰਵਕ ਸਿੱਖਣ ਅਤੇ ਅਰਥਪੂਰਨ ਗੱਲਬਾਤ ਨਾਲ ਭਰਪੂਰ ਸੀ। ਵਿਦਾਇਗੀ ਸੈਸ਼ਨ ਦੀ ਸਮਾਪਤੀ ਟਿੱਪਣੀ ਦੌਰਾਨ ਡਾ. ਮੈਣੀ ਨੇ ਸਟਾਫ਼ ਮੈਂਬਰ ਮਨਦੀਪ ਸਿੰਘ, ਦਿਆਲ ਦੱਤ, ਸੁਰਿੰਦਰ ਸਿੰਘ, ਸ੍ਰੀਮਤੀ ਕਾਂਤਾ ਰਾਣੀ, ਮਹਾਵੀਰ ਸਿੰਘ, ਸੁਰਿੰਦਰ ਕੁਮਾਰ ਦਾ ਇਸ ਪ੍ਰੋਗਰਾਮ ਵਿੱਚ ਯੋਗਦਾਨ ਪਾਉਣ ਅਤੇ ਸਹਿਯੋਗ ਕਰਨ ਲਈ ਧੰਨਵਾਦ ਕੀਤਾ।ਅੰਤ ਵਿੱਚ ਕੋਰਸ ਕੋਆਰਡੀਨੇਟਰ ਡਾ. ਦੀਪਕ ਕੁਮਾਰ ਨੇ ਧੰਨਵਾਦੀ ਭਾਸ਼ਣ ਦਿੰਦਿਆਂ ਸਾਰੇ ਭਾਗੀਦਾਰਾਂ ਨੂੰ ਕੋਰਸ ਦੀ ਸਫਲਤਾਪੂਰਵਕ ਸਮਾਪਤੀ 'ਤੇ ਵਧਾਈ ਦਿੱਤੀ। ਇਸ ਮੌਕੇ ਪ੍ਰਤੀਭਾਗੀਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

# ਏਡਜ਼ ਦਿਵਸ ਨੂੰ ਸਮਰਪਤ ਪ੍ਰਤਿਭਾ ਖੋਜ ਮੁਕਾਬਲੇ ਕਰਵਾਏ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਵਿਖੇ ਪੰਜਾਬ ਸਰਕਾਰ ਦੇ ਯੁਵਕ ਸੇਵਾਵਾਂ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰਿੰਸੀਪਲ ਪ੍ਰੋਫ਼ੈਸਰ ਗੁਰਵੀਨ ਕੌਰ ਦੀ ਰਹਿਨੁਮਾਈ ਹੇਠ ਰੈੱਡ ਰਿੱਬਨ ਕਲੱਬ ਵੱਲੋਂ ਏਡਜ਼ ਦਿਵਸ ਨੂੰ ਮੁੱਖ ਰੱਖਦੇ ਹੋਏ ਏਡਜ਼ ਦਿਵਸ ਪ੍ਰਤੀ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਸਲੋਗਨ ਰਾਈਟਿੰਗ, ਪੋਸਟਰ ਮੇਕਿੰਗ ਅਤੇ ਲੇਖ-ਲਿਖਣ ਮੁਕਾਬਲੇ ਕਰਵਾਏ ਗਏ।ਇਸ ਦੌਰਾਨ ਰੈੱਡ ਰਿੱਬਨ ਕਲੱਬ ਦੇ ਇੰਚਾਰਜ ਪ੍ਰੋ ਹਰਮੀਤ ਸਿੰਘ ਨੇ ਮੁੱਖ ਮਹਿਮਾਨ ਨੂੰ ਜੀ ਆਇਆਂ ਆਖਦਿਆਂ ਦੱਸਿਆ ਕਿ ਇਹ ਦਿਨ ਹਰ ਸਾਲ ਦੁਨੀਆ ਭਰ ਦੇ ਲੋਕਾਂ ਨੂੰ ਖਤਰਨਾਕ ਬਿਮਾਰੀ ਏਡਜ਼ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਮਨਾਇਆ ਜਾਂਦਾ ਹੈ।ਇਸ ਤਹਿਤ ਕਈ ਪ੍ਰੋਗਰਾਮ ਉਲੀਕੇ ਜਾਂਦੇ ਹਨ ਤਾਂ ਜੋ ਲੋਕਾਂ ਨੂੰ ਇਸ ਸਬੰਧੀ ਜਾਗਰੂਕ ਕੀਤਾ ਜਾ ਸਕੇ।ਡਾ. ਗੁਰਜੀਤ ਸਿੰਘ ਨੇ ਕਿਹਾ ਕਿ ਏਡਜ਼ ਇਕ ਜਾਨ-ਲੇਵਾ ਬਿਮਾਰੀ ਹੈ ਜੋ ਸਰੀਰ ਦੀ ਪ੍ਰਤੀਰੋਧਕ ਸਮਰੱਥਾ ਨੂੰ ਖਤਮ ਕਰਦੀ ਹੈ। ਇਸ ਤੋਂ ਬਚਣ ਲਈ ਸਾਵਧਾਨੀਆਂ ਵਰਤਣ ਦੀ ਜ਼ਰੂਰਤ ਹੈ।ਕਾਲਜ ਪ੍ਰਿੰਸੀਪਲ ਪ੍ਰੋਫ਼ੈਸਰ ਗੁਰਬੀਨ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਤੋਂ ਬਚਣ ਲਈ ਸਾਨੂੰ ਬਹੁਤ ਸਾਵਧਾਨੀਆ ਵਰਤਣੀਆ ਚਾਹੀਦਾ ਹਨ।ਇਸ ਪ੍ਰੋਗਰਾਮ ਦੌਰਾਨ ਡਾ. ਜਸਵਿੰਦਰ ਸ਼ਰਮਾ ਨੇ ਕਿਹਾ ਕਿ ਏਡਜ਼ ਇੱਕ ਛੂਤ ਦਾ ਰੋਗ ਨਹੀਂ, ਇਸ ਤੋਂ ਬਚਣ ਲਈ ਦ੍ਰਿੜ੍ਹ ਸੰਕਲਪ ਲੈਣਾ ਪਵੇਗਾ। ਏਡਜ਼ ਬਾਰੇ ਸਹੀ ਜਾਣਕਾਰੀ ਹੀ ਸਾਨੂੰ ਇਸ ਤੋਂ ਬਚਾ ਸਕਦੀ ਹੈ।

ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਕਾਲਜ ਵਿੱਚ ਸਲੋਗਨ ਰਾਈਟਿੰਗ, ਪੋਸਟਰ ਮੇਕਿੰਗ ਅਤੇ ਲੇਖ ਲਿਖਣ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਦੀ ਜੱਜਮੈਂਟ ਪ੍ਰੋ. ਗੀਤਿਕਾ, ਪ੍ਰੋ. ਭੁਪਿੰਦਰ ਕੌਰ, ਪ੍ਰੋ ਹਰਮੀਤ ਸਿੰਘ ਵੱਲੋਂ ਕੀਤੀ ਗਈ। ਸਲੋਗਨ ਮੁਕਾਬਲਿਆ ਵਿੱਚ ਬੀ ਏ ਭਾਗ ਪਹਿਲਾ ਦੀ ਵਿਦਿਆਰਥਣ ਨਵਜੋਤ ਕੌਰ ਨੇ ਪਹਿਲਾ, ਬੀ ਏ ਭਾਗ ਦੂਸਰਾ ਦੀ ਵਿਦਿਆਰਥਣ ਸਿਮਰਨ ਵਰਮਾ ਨੇ ਦੂਸਰਾ ਅਤੇ ਬੀ ਏ ਭਾਗ ਪਹਿਲਾ ਦੀ ਵਿਦਿਆਰਥਣ ਜੈਸਮੀਨ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਪੋਸਟਰ ਬਣਾਉਣ 'ਚ ਬੀ ਏ ਪਹਿਲਾ ਦੇ ਵਿਦਿਆਰਥੀ ਪਰਮਿੰਦਰ ਸਿੰਘ ਨੇ ਪਹਿਲਾ, ਬੀ ਏ ਭਾਗ ਦੂਸਰਾ ਦੀ ਵਿਦਿਆਰਥਣ ਜੱਸੀ ਕੌਰ ਨੇ ਦੂਸਰਾ ਅਤੇ ਬੀ ਏ ਭਾਗ ਦੂਸਰਾ ਦੀ ਵਿਦਿਆਰਥਣ ਕੋਮਲ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਲੇਖ-ਲਿਖਣ 'ਚ ਬੀ ਏ ਭਾਗ ਦੂਸਰਾ ਦੀ ਵਿਦਿਆਰਥਣ ਕੋਮਲ ਨੇ ਪਹਿਲਾ, ਬੀ ਏ ਭਾਗ ਦੂਸਰਾ ਦੀ ਵਿਦਿਆਰਥਣ ਮੁਸਕਾਨ ਚਹਿਲ ਨੇ ਦੂਸਰਾ, ਬੀ ਏ ਭਾਗ ਦੂਸਰਾ ਦੀ ਵਿਦਿਆਰਥਣ ਕੋਸਲ ਰਾਣੀ ਨੇ ਤੀਸਰਾ ਸਥਾਨ ਹਾਸਲ ਕੀਤਾ।ਜੇਤੂ ਵਿਦਿਆਰਥੀਆਂ ਨੂੰ ਕਾਲਜ ਪ੍ਰਿੰਸੀਪਲ ਅਤੇ ਸਟਾਫ ਵੱਲੋਂ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਮੁੱਖ ਮਹਿਮਾਨ ਨੂੰ ਕਾਲਜ ਸਟਾਫ ਵੱਲੋ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾ. ਜਤਿੰਦਰ ਸਿੰਘ ਅਤੇ ਡਾ. ਮਨੋਜ ਕੁਮਾਰ ਤੋਂ ਇਲਾਵਾ ਕਾਲਜ ਦੇ ਰੈੱਡ ਰਿੱਬਨ ਕਲੱਬ ਦੇ ਵਲੰਟੀਅਰ ਮੌਜੂਦ ਸਨ।

# ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ 'ਚ ਪੋਸ਼ਣ ਸਪਤਾਹ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਪੋਸ਼ਣ ਅਭਿਆਨ ਤਹਿਤ ਪੋਸ਼ਨ ਸਪਤਾਹ ਮਨਾਇਆ ਜਾ ਰਿਹਾ ਹੈ, ਜਿਸ ਦਾ ਮੰਤਵ ਜ਼ੀਰੋ ਤੋਂ ਛੇ ਸਾਲ ਦੇ ਬੱਚਿਆਂ ਅਤੇ ਗਰਭਪਤੀ ਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਅਤੇ ਕਿਸ਼ੋਰ ਲੜਕੀਆਂ 'ਚ ਦਿਨ ਪ੍ਰਤੀ ਦਿਨ ਵੱਧ ਰਹੀ ਕੁਪੋਸ਼ਨ ਦੀ ਦਰ ਨੂੰ ਘਟਾਉਣ ਲਈ ਆਮ ਲੋਕਾਂ ਨੂੰ ਜਾਗਰੂਕ ਕਰਨਾ ਹੈ।ਇਸ ਵਿੱਚ ਨਿਜੀ ਸਫਾਈ ਸਬੰਧੀ ਅਤੇ ਅਨੀਮੀਆ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਸਿਹਤ ਵਿਭਾਗ ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਕੂਲ ਵਿੱਚ ਡਿਬੇਟ ਕਰਵਾਈ ਗਈ ,ਜਿਸ ਵਿੱਚ ਇਹ ਦੱਸਿਆ ਗਿਆ ਕਿ ਅਮੀਨੀਆ ਤੋਂ ਬਚਣ ਲਈ ਕਿਸ ਤਰ੍ਹਾਂ ਅਸੀਂ ਲੋਹੇ ਦੇ ਭਾਂਡਿਆਂ ਦਾ ਇਸਤੇਮਾਲ ਕਰ ਸਕਦੇ ਹਾਂ। ਇਸ ਨਾਲ ਸਾਡੇ ਵਿੱਚ ਵਿਟਾਮਿਨ ਏ ਅਤੇ ਸੀ ਦੀ ਕਮੀ ਨੂੰ ਪੂਰਾ ਕੀਤਾ ਜਾ ਸਕਦਾ।ਪੋਸ਼ਨ ਅਭਿਆਨ ਤਹਿਤ ਬੱਚਿਆਂ ਨੇ ਸਕੂਲ ਵਿੱਚ ਵੱਖ-ਵੱਖ ਤਰ੍ਹਾਂ ਦੇ ਪੌਦੇ ਲਗਾਏ ਗਏ।ਬੱਚਿਆਂ ਲਈ ਪੋਸ਼ਨ ਅਭਿਆਨ ਦੇ ਤਹਿਤ ਸਕੂਲ ਵਿੱਚ ਮਾਡਲ ਤਿਆਰ ਕੀਤੇ ਅਤੇ ਉਹਨਾਂ ਮਾਡਲ ਨੂੰ ਬਾਕੀ ਬੱਚਿਆਂ ਨੂੰ ਵੀ ਦਿਖਾਇਆ ਗਿਆ।ਮਾਪੇ ਅਧਿਆਪਕ ਮੀਟਿੰਗ ਵਿਚ ਵੀ ਬੱਚਿਆਂ ਦੇ ਮਾਤਾ-ਪਿਤਾ ਨੂੰ ਹੱਥ ਧੋਣ ਦੀ ਪ੍ਰਕਿਰਿਆ ਬਾਰੇ ਦੱਸਿਆ ਗਿਆ।ਇਸ ਵਿੱਚ ਬੱਚਿਆਂ ਨੂੰ ਦੱਸਿਆ ਗਿਆ ਕਿ ਤਾਜ਼ੀਆਂ ਸਬਜ਼ੀਆਂ ਅਤੇ ਫ਼ਲ ਖਾਣਾ ਸਿਹਤ ਲਈ ਬਹੁਤ ਫਾਇਦੇਮੰਦ ਹੈ।ਪੋਸ਼ਨ ਅਭਿਆਨ ਤਹਿਤ ਸਕੂਲ ਵਿੱਚ ਸਵੇਰ ਦੀ ਸਭਾ ਵਿੱਚ ਬੱਚਿਆਂ ਦਾਂ ਸਹੁੰ ਚੱਕ ਸਮਾਗਮ ਵੀ ਕਰਵਾਇਆ ਗਿਆ।

## ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਪੱਤਰਕਾਰ ਜਵੰਦਾ ਸਨਮਾਨਤ

**ਸਮਾਣਾ (ਗੁਰਪਿਆਰ ਸਿੰਘ ਬੱਲ)**- ਸ਼ਿਵ ਸ਼ੰਕਰ ਯੂਥ ਸੇਵਾ ਦਲ ਵਲੋਂ ਪੱਤਰਕਾਰ ਹਰਜਿੰਦਰ ਜਵੰਦਾ ਨੂੰ ਉਨ੍ਹਾਂ ਦੇ ਖਾਤੇ ਵਿੱਚ ਗਲਤੀ ਨਾਲ ਆਈ 18 ਲੱਖ ਦੀ ਵੱਡੀ ਰਕਮ ਵਾਪਸ ਕੀਤੇ ਜਾਣ 'ਤੇ ਆਪਣੇ ਵਲੋਂ ਦਿਖਾਈ ਗਈ ਇਮਾਨਦਾਰੀ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਰਮਨ ਮਹਿੰਦਰਾ ਅਤੇ ਪ੍ਰਦੀਪ ਗੋਇਲ ਮਿੰਕਾ ਨੇ ਕਿਹਾ ਕਿ ਉਨ੍ਹਾਂ ਨੂੰ ਮਾਣ ਹੈ ਕਿ ਪੱਤਰਕਾਰ ਜਵੰਦਾ ਉਨ੍ਹਾਂ ਦੀ ਸੰਸਥਾ ਸ਼ਿਵ ਸ਼ੰਕਰ ਯੂਥ ਸੇਵਾ ਦਲ ਨਾਲ ਵੀ ਜੁੜੇ ਹੋਏ ਹਨ ਅਤੇ ਉਨ੍ਹਾਂ ਦਾ ਸਨਮਾਨ ਕਰਕੇ ਅਸੀਂ ਮਾਣ ਮਹਿਸੂਸ ਕਰ ਰਹੇ ਹਾਂ। ਉਨ੍ਹਾਂ ਦੱਸਿਆ ਕਿ ਬੀਤੇ ਦਿਨੀਂ ਪੱਤਰਕਾਰ ਹਰਜਿੰਦਰ ਸਿੰਘ ਜਵੰਦਾ ਦੇ ਬੈਂਕ ਖਾਤੇ ਵਿੱਚ ਬੈਂਕ ਵਾਲਿਆਂ ਗਲਤੀ ਨਾਲ ਪਾਏ 18 ਲੱਖ ਦੀ ਰਾਸ਼ੀ ਟ੍ਰਾਂਸਫਰ ਕਰ ਦਿੱਤੀ ਗਈ ਸੀ ਜੋ ਕਿ ਹਰਜਿੰਦਰ ਜਵੰਦਾ ਵਲੋਂ ਸਾਰੀ ਦੀ ਸਾਰੀ ਰਕਮ ਬੈਂਕ ਨੂੰ ਵਾਪਸ ਕਰਦੇ ਹੋਏ ਇਮਾਨਦਾਰੀ ਦੀ ਚੰਗੀ ਮਿਸਾਲ ਪੈਦਾ ਗਈ ਕੀਤੀ। ਇਸ ਮੌਕੇ ਆਪ ਪਾਰਟੀ ਵਪਾਰ ਵਿੰਗ ਦੇ ਪ੍ਰਧਾਨ ਸ਼ਾਮ ਲਾਲ ਦੱਤ, ਕਮਲ ਸ਼ਰਮਾ, ਯਸ ਲੂਥਰਾ, ਮਨਜੀਤ ਸਿੰਘ ਜੇ ਈ, ਰੈਲੀ ਸਿੰਗਲ, ਰਾਹੁਲ ਗਰਗ ਰੌਕੀ, ਸਨੀ ਪੋਪਲੀ, ਸੀਨੀਅਰ ਪੱਤਰਕਾਰ ਰਮੇਸ਼ ਅਨੇਜਾ, ਮਨੋਜ ਰਹੇਜਾ, ਸਾਹਿਲ ਭਟਨਾਗਰ ਅਤੇ ਕਰਨ ਬਜਾਜ ਆਦਿ ਵੀ ਮੌਜੂਦ ਰਹੇ।

## ਪੰਜਾਬ ਰਾਜ ਭਾਸ਼ਾ ਐਕਟ ਅਮਲੀ ਰੂਪ 'ਚ ਲਾਗੂ ਕਰਨ ਦੀ ਮੰਗ

**ਧੂਰੀ (ਸੁਖਦੇਵ ਧੂਰੀ)** ਪੰਜਾਬੀ ਸਾਹਿਤ ਸਭਾ ਧੂਰੀ ਦਾ ਮਹੀਨਾਵਾਰ ਸਾਹਿਤਕ ਸਮਾਗਮ ਮੂਲ ਚੰਦ ਸ਼ਰਮਾ ਦੀ ਪ੍ਰਧਾਨਗੀ ਹੇਠ ਡਾ. ਰਾਮ ਸਿੰਘ ਸਿੱਧੂ ਯਾਦਗਾਰੀ ਸਾਹਿਤ ਭਵਨ ਵਿਖੇ ਕੀਤਾ ਗਿਆ, ਜਿਸ ਵਿੱਚ ਪੰਜਾਬੀ ਸਾਹਿਤ ਸਭਾ ਭੈਣੀ ਸਾਹਿਬ ( ਲੁਧਿਆਣਾ ) ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ ਆਪਣੇ ਦੋ ਸਾਥੀਆਂ ਬਲਵੰਤ ਸਿੰਘ ਵਿਰਕ ਅਤੇ ਨੇਤਰ ਸਿੰਘ ਮੁੱਤੋਂ ਸਮੇਤ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਸ਼ੁਰੂਆਤੀ ਦੌਰ ਵਿੱਚ ਸੁਆਗਤੀ ਸ਼ਬਦਾਂ ਤੋਂ ਇਲਾਵਾ ਬੀਤੇ ਮਹੀਨੇ ਵਿੱਚ ਸਦੀਵੀ ਵਿਛੋੜੇ ਦੇ ਗਏ ਲੇਖਕਾਂ, ਕਲਾਕਾਰਾਂ ਅਤੇ ਪ੍ਰਮੁੱਖ ਹਸਤੀਆਂ ਨੂੰ ਸ਼ਰਧਾ ਸੁਮਨ ਭੇਟ ਕੀਤੇ ਗਏ । ਇੱਕ ਵੱਖਰੇ ਮਤੇ ਰਾਹੀਂ ਸਭਾ ਦੇ ਮੈਂਬਰ ਘੁਮੰਡ ਸਿੰਘ ਸੋਹੀ ਨੂੰ ਪੰਜਾਬ ਮਾਸਟਰਜ਼ ਅਥਲੈਟਿਕਸ ਚੈਂਪੀਅਨਸ਼ਿਪ ਵਿੱਚੋਂ 90-95 ਸਾਲਾ ਉਮਰ ਗਰੁੱਪ ਵਿੱਚ ਤਿੰਨ ਸੋਨ ਤਗਮੇ ਜਿੱਤਣ 'ਤੇ ਮੁਬਾਰਕਬਾਦ ਦਿੱਤੀ ਗਈ। ਦੂਸਰੇ ਦੌਰ ਵਿੱਚ ਭਾਸ਼ਾ ਵਿਭਾਗ ਪੰਜਾਬ ਵੱਲੋਂ ਮਨਾਏ ਗਏ ਪੰਜਾਬੀ ਮਹੀਨੇ ਦੀ ਪੁਣਛਾਣ ਕਰਦਿਆਂ ਸਮਾਗਮਾਂ ਲਈ ਬੁਲਾਏ ਲੇਖਕਾਂ ਨੂੰ ਦਿੱਤਾ ਜਾਣ ਵਾਲਾ ਕਿਰਾਇਆ ਭਾੜਾ ਅਤੇ ਮਾਣ ਭੱਤਾ ਬੰਦ ਕਰਨ ਦੀ ਨਿਖੇਧੀ ਕੀਤੀ ਗਈ ਅਤੇ ਦੁਬਾਰਾ ਬਹਾਲ ਕਰਨ ਦੀ ਪੁਰਜ਼ੋਰ ਮੰਗ ਕੀਤੀ ਗਈ । ਇਸ ਦੇ ਨਾਲ ਹੀ ਸਰਕਾਰ ਤੋਂ ਪੰਜਾਬ ਰਾਜ ਭਾਸ਼ਾ ਐਕਟ ਨੂੰ ਸਖ਼ਤੀ ਨਾਲ ਲਾਗੂ ਕਰਨ, ਦਫ਼ਤਰਾਂ ਤੇ ਕਚਹਿਰੀਆਂ ਵਿੱਚ ਸਾਰਾ ਕੰਮ ਪੰਜਾਬੀ ਵਿੱਚ ਕਰਾਉਣ ਅਤੇ ਦੁਕਾਨਾਂ ਤੇ ਕਾਰੋਬਾਰੀ ਅਦਾਰਿਆਂ ਦੇ ਬੋਰਡਾਂ ਵਿੱਚ ਪੰਜਾਬੀ ਨੂੰ ਪਹਿਲ ਦੇਣ ਦੀ ਮੰਗ ਵੀ ਕੀਤੀ ਗਈ । ਤੀਸਰੇ ਦੌਰ ਵਿੱਚ ਕਰਮਜੀਤ ਹਰਿਆਊ ਨੇ ਆਪਣੇ ਆਸਟਰੇਲੀਆ ਦੀ ਯਾਤਰਾ ਦੇ ਤਜਰਬੇ ਅਤੇ ਯਾਦਾਂ ਸਾਂਝੀਆਂ ਕਰਦਿਆਂ ਸਭਾ ਨੂੰ ਤੋਹਫ਼ੇ ਵੀ ਭੇਟ ਕੀਤੇ । ਦਸੰਬਰ ਮਹੀਨੇ ਵਿੱਚ ਜਨਮੇ ਮੈਂਬਰਾਂ ਦਾ ਜਨਮ ਦਿਹਾੜਾ ਸਾਂਝੇ ਤੌਰ 'ਤੇ ਮਨਾਉਂਦਿਆਂ ਸਨਮਾਨਿਤ ਕੀਤਾ ਗਿਆ । ਵਿਸ਼ੇਸ਼ ਮਹਿਮਾਨਾਂ ਅਤੇ ਪਹਿਲੀ ਵਾਰੀ ਆਏ ਮੈਂਬਰਾਂ ਨੂੰ ਕਿਤਾਬਾਂ ਭੇਟ ਕਰਕੇ ਸਨਮਾਨਿਤ ਕੀਤਾ ਗਿਆ ।ਆਖ਼ਰ ਵਿੱਚ ਚਰਨਜੀਤ ਸਿੰਘ ਮੀਮਸਾ ਦੇ ਮੰਚ ਸੰਚਾਲਨ ਅਧੀਨ ਹੋਏ ਵਿਸ਼ਾਲ ਕਵਿਤਾ ਤੇ ਕਹਾਣੀ ਦਰਬਾਰ ਵਿੱਚ ਸਰਵ ਸ੍ਰੀ ਜਗਦੇਵ ਸ਼ਰਮਾ ਮੈਨੇਜਰ, ਗੁਰਦਿਆਲ ਨਿਰਮਾਣ ਧੂਰੀ, ਬਲਜੀਤ ਸਿੰਘ ਬਾਂਸਲ, ਮੀਤ ਸਕਰੌਦੀ, ਜੱਗੀ ਧੂਰੀ, ਅਸ਼ੋਕ ਭੰਡਾਰੀ, ਮਨਦੀਪ ਸਿੰਘ ਕਾਜਲ, ਸੁਖਵਿੰਦਰ ਲੋਟੇ, ਅਕਾਸ਼ ਪ੍ਰੀਤ ਸਿੰਘ ਬਾਜਵਾ, ਸਰਬਜੀਤ ਸੰਗਰੂਰਵੀ, ਅਮਰ ਗਰਗ ਕਲਮਦਾਨ, ਅਜਾਇਬ ਸਿੰਘ ਕੋਮਲ, ਬਲਜਿੰਦਰ ਬੱਲੀ, ਪਵਨ ਕੁਮਾਰ ਹੋਸ਼ੀ, ਗੁਰਮੀਤ ਸੋਹੀ, ਪੇਂਟਰ ਸੁਖਦੇਵ ਸਿੰਘ, ਰਣਜੀਤ ਆਜ਼ਾਦ ਕਾਂਝਲਾ, ਮਨਜੀਤ ਸਿੰਘ ਰਾਜੋਮਾਜਰਾ, ਕੁਲਵਿੰਦਰ ਕੌਰ ਕਾਜਲ, ਮਨਜੀਤ ਕੌਰ ਸੰਧੂ ਅਤੇ ਜਗਸੀਰ ਸਿੰਘ ਮੂਲੋਵਾਲ ਨੇ ਆਪੋ ਆਪਣੀਆਂ ਸੱਜਰੀਆਂ ਅਤੇ ਚੋਣਵੀਆਂ ਰਚਨਾਵਾਂ ਨਾਲ ਖ਼ੂਬ ਰੰਗ ਬੰਨ੍ਹਿਆ ।

5 - December - Page - 6.qxd 12/4/2024 10:41 PM Page 1



# 86 ਸੈਨਿਕਾਂ ਲਈ 21.50 ਕਰੋੜ ਰੁਪਏ ਦੀ ਐਕਸ-ਗ੍ਰੇਸ਼ੀਆ ਨੂੰ ਮਨਜ਼ੂਰੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**–ਦੇਸ਼ ਦੀ ਸੇਵਾ ਕਰ ਰਹੇ ਬਹਾਦਰ ਸੈਨਿਕਾਂ ਦੇ ਸਨਮਾਨ ਵਜੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਮ ਹਾਲਾਤ ਵਿੱਚ ਜਾਨ ਗੁਆਉਣ (ਫਿਜ਼ੀਕਲ ਕੈਜ਼ੁਅਲਿਟੀ) ਵਾਲੇ ਹਥਿਆਰਬੰਦ ਬਲਾਂ ਦੇ 86 ਜਵਾਨਾਂ ਲਈ 21.50 ਕਰੋੜ ਰੁਪਏ (ਪ੍ਰਤੀ ਸੈਨਿਕ 25 ਲੱਖ ਰੁਪਏ) ਦੇ ਐਕਸ-ਗ੍ਰੇਸ਼ੀਆ ਨੂੰ ਮਨਜ਼ੂਰੀ ਦਿੱਤੀ।ਇੱਥੇ ਆਪਣੀ ਸਰਕਾਰੀ ਰਿਹਾਇਸ਼ 'ਤੇ ਸਵੇਰੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਇਨ੍ਹਾਂ ਬਹਾਦਰ ਸੈਨਿਕਾਂ ਦੇ ਵਡਮੁੱਲੇ ਯੋਗਦਾਨ ਦੇ ਸਤਿਕਾਰ ਵਿੱਚ ਪਹਿਲੀ ਵਾਰ ਉਨ੍ਹਾਂ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਇਸ ਐਕਸ-ਗ੍ਰੇਸ਼ੀਆ ਰਾਸ਼ੀ ਨੂੰ ਤੁਰੰਤ ਜਾਰੀ ਕਰਨ ਦੇ ਆਦੇਸ਼ ਦਿੱਤੇ।ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ, ਦੇਸ਼ ਦਾ ਅਜਿਹਾ ਇਕਲੌਤਾ ਸੂਬਾ ਹੈ, ਜਿਸ ਨੇ ਆਮ ਹਾਲਾਤ ਵਿੱਚ ਜਾਨ ਗੁਆਉਣ ਵਾਲੇ ਸੈਨਿਕਾਂ ਦੇ ਪਰਿਵਾਰਾਂ ਨੂੰ 25 ਲੱਖ ਰੁਪਏ ਐਕਸ-ਗ੍ਰੇਸ਼ੀਆ ਵਜੋਂ ਦਿੱਤੇ ਹਨ। ਉਨ੍ਹਾਂ ਨੇ ਕਿਹਾ ਕਿ ਇਹ ਰਾਸ਼ੀ ਵਧਾ ਕੇ 70 ਫੀਸਦੀ ਤੋਂ ਸੂਬਿਆਂ ਵੱਲੋਂ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਨੂੰ ਦਿੱਤੀ ਜਾਂਦੀ ਐਕਸ-ਗ੍ਰੇਸ਼ੀਆ ਤੋਂ ਵੀ ਵੱਧ ਹੈ।

# ਸਪੀਕਰ ਵੱਲੋਂ ਅਮਰੀਕੀ ਕੰਪਨੀਆਂ, ਬਾਬਾ ਫ਼ਰੀਦ 'ਵਰਸਿਟੀ ਤੇ ਸਿੱਖਿਆ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਰਾਜ ਦੇ ਡਿਗਰੀ, ਡਿਪਲੋਮਾ ਕਰ ਰਹੇ/ਕਰ ਚੁੱਕੇ ਵਿਦਿਆਰਥੀਆਂ ਨੂੰ ਘਰ ਬੈਠੇ ਹੀ ਵਿਦੇਸ਼ਾਂ ਵਿੱਚ ਆਨਲਾਈਨ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਾਉਣ ਦੇ ਮਕਸਦ ਨਾਲ ਬਾਬਾ ਫ਼ਰੀਦ ਯੂਨੀਵਰਸਿਟੀ ਵਿਖੇ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਅਮਰੀਕਾ ਤੋਂ ਮਾਈਕਰੋਸਾਫਟ ਦੇ ਨੁਮਾਇੰਦੇ ਸ਼੍ਰੀ ਵਰੁਣ ਗੁਪਤਾ ਸਮੇਤ ਹੋਰ ਕੰਪਨੀਆਂ ਦੇ ਨੁਮਾਇੰਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ, ਬਾਬਾ ਫਰੀਦ ਯੂਨੀਵਰਸਿਟੀ ਦੇ ਵੀ.ਸੀ ਡਾ. ਰਾਜੀਵ ਸੂਦ, ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਤੋਂ ਇਲਾਵਾ ਜ਼ਿਲ੍ਹੇ ਦੇ ਨਰਸਿੰਗ ਕਾਲਜਾਂ ਤੇ ਤਕਨੀਕੀ ਸਿਖਲਾਈ ਸੰਸਥਾਵਾਂ ਦੇ ਨੁਮਾਇੰਦੇ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਇੰਟਰਨੈਟ ਦੇ ਜ਼ਮਾਨੇ 'ਚ ਹੁਣ ਤਕਨੀਕੀ ਮੁਹਾਰਤ ਰੱਖਣ ਵਾਲੇ ਵਿਦਿਆਰਥੀਆਂ ਜਾਂ ਲੋਕ ਘਰ ਬੈਠੇ ਹੀ ਦੇਸ਼-ਵਿਦੇਸ਼ ਦੀਆਂ ਕੰਪਨੀਆਂ ਵਿੱਚ ਆਨਲਾਈਨ ਜਾਬ ਕਰਕੇ ਵੱਡੀ ਕਮਾਈ ਕਰ ਰਹੇ ਹਨ ਤੇ ਇਸ ਲਈ ਉਨ੍ਹਾਂ ਨੂੰ ਘਰ ਤੋਂ ਬਾਹਰ ਨਹੀਂ ਜਾਣਾ ਪੈਂਦਾ।ਉਨ੍ਹਾਂ ਕਿਹਾ ਕਿ ਮਾਈਕ੍ਰੋਸਾਫ਼ਟ ਤੇ ਅੰਤਰਰਾਸ਼ਟਰੀ ਕੰਪਨੀ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ ਹੈ ਤੇ ਇਹ ਕੰਪਨੀਆਂ ਫ਼ਰੀਦਕੋਟ ਤੇ ਮੋਹਾਲੀ ਵਿਖੇ ਨਰਸਿੰਗ, ਆਈ.ਟੀ.ਆਈ ਤੇ ਹੋਰ ਕਿੱਤਾਮੁਖੀ ਕੰਪਿਊਟਰ ਕੋਰਸ ਆਦਿ ਕਰਨ ਵਾਲੇ ਵਿਦਿਆਰਥੀਆਂ ਨੂੰ ਤਿੰਨ ਮਹੀਨੇ ਦੀ ਆਨਲਾਈਨ ਟ੍ਰੇਨਿੰਗ ਦੇ ਕੇ ਉਨ੍ਹਾਂ ਨੂੰ ਅਮਰੀਕਾ ਦੀਆਂ ਵੱਡੀਆਂ ਕੰਪਨੀਆਂ, ਮੈਡੀਕਲ ਖੇਤਰ ਤੇ ਹੋਰ ਤਕਨੀਕੀ ਖੇਤਰਾਂ ਵਿੱਚ ਆਨਲਾਈਨ ਜਾਬ ਮੁਹੱਈਆ ਕਰਾਉਣਗੀਆਂ ਤੇ ਇਸ ਨਾਲ ਇਹ ਲੋਕ ਆਪਣੇ ਘਰ ਤੋਂ ਹੀ ਉਨ੍ਹਾਂ ਕੰਪਨੀਆਂ ਲਈ ਕੰਮ ਕਰਨਗੇ ਤੇ ਉਨ੍ਹਾਂ ਲਈ ਵਧੀਆ ਰੁਜ਼ਗਾਰ ਤੇ ਵਧੀਆ ਤਨਖਾਹ ਦੇ ਅਵਸਰ ਪ੍ਰਾਪਤ ਹੋਣਗੇ। ਇਸ ਮੌਕੇ ਐਮ.ਐਲ.ਏ ਗੁਰਦਿੱਤ ਸਿੰਘ ਸੇਖੋਂ ਨੇ ਵੀ ਸਪੀਕਰ ਕੁਲਤਾਰ ਸਿੰਘ ਸੰਧਵਾਂ ਬਾਬਾ ਫ਼ਰੀਦ ਯੂਨੀਵਰਸਿਟੀ ਤੇ ਅਮਰੀਕਾ ਦੀਆਂ ਕੰਪਨੀਆਂ ਦੇ ਨੁਮਾਇੰਦਿਆਂ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਉਹ ਪੰਜਾਬ ਦੇ ਤਕਨੀਕੀ ਮੈਡੀਕਲ ਸਿੱਖਿਆ ਆਦਿ ਕੋਰਸਾਂ ਵਿੱਚ ਮੁਹਾਰਤ ਰੱਖਣ ਵਾਲੇ ਵਿਦਿਆਰਥੀਆਂ ਨੂੰ ਘਰ ਬੈਠੇ ਹੀ ਕੰਮ ਕਰਨ ਦੀ ਸਹੂਲਤ ਤੇ ਪੰਜਾਬ ਦੇ ਮੌਕੇ ਮਿਲਣਗੇ।

# ਅਕਾਲ ਅਕੈਡਮੀ 'ਚ ਸਾਲਾਨਾ ਅੰਤਰ ਹਾਊਸ ਅਥਲੈਟਿਕਸ ਮੀਟ ਕਰਾਈ



**ਚੀਮਾ ਮੰਡੀ (ਰਵਿੰਦਰ ਚੀਮਾ)** ਬੜੂ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਵਿੱਦਿਅਕ ਸੰਸਥਾ ਅਕਾਲ ਅਕੈਡਮੀ ਵਿੱਚ 27ਵੀਂ ਸਾਲਾਨਾ ਅੰਤਰ ਹਾਊਸ ਅਥਲੈਟਿਕਸ ਮੀਟ ਕਰਾਈ ਗਈ। ਖੇਡ ਸਮਾਰੋਹ ਦੇ ਸ਼ੁਰੂਆਤੀ ਪ੍ਰੋਗਰਾਮ 'ਚ ਡੀ.ਐਸ.ਪੀ. ਸੁਨਾਮ ਹਰਵਿੰਦਰ ਸਿੰਘ ਖਹਿਰਾ, ਏ.ਐਸ.ਆਈ. ਚੀਮਾ ਹਰਬੰਸ ਸਿੰਘ ਤੇ ਗੁਰਦਵਾਰਾ ਜਨਮ ਸਥਾਨ, ਚੀਮਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਜਗਜੀਤ ਸਿੰਘ ਤੇ ਹੋਰ ਪਤਵੰਤੇ ਸੱਜਣਾਂ ਨੇ ਹਾਜ਼ਰੀ ਭਰੀ। ਵਿਦਿਆਰਥੀਆਂ ਨੇ ਮਾਰਚ ਪਾਸਟ ਦੁਆਰਾ ਮੁੱਖ ਮਹਿਮਾਨ ਨੂੰ ਸਲਾਮੀ ਦਿੱਤੀ। ਪ੍ਰੋਗਰਾਮ ਦੀ ਸ਼ੁਰੂਆਤ ਗੁਰਬਾਣੀ ਸ਼ਬਦ ਕੀਰਤਨ ਨਾਲ ਹੋਈ ਤੇ ਬਾਅਦ ਵਿੱਚ ਵਿਦਿਆਰਥੀਆਂ ਨੂੰ ਇਮਾਨਦਾਰੀ ਤੇ ਸਮਰਪਣ ਨਾਲ ਖੇਡ ਪ੍ਰਦਰਸ਼ਨ ਕਰਨ ਦੀ ਸਹੁੰ ਚੁਕਾਈ ਗਈ। ਮੁੱਖ ਮਹਿਮਾਨ ਭਾਈ ਜਗਜੀਤ ਸਿੰਘ ਕਾਕਾ ਵੀਰ ਤੇ ਡੀ.ਐਸ.ਪੀ ਸੁਨਾਮ ਸਰਦਾਰ ਹਰਵਿੰਦਰ ਸਿੰਘ ਖਹਿਰਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ। ਉਨ੍ਹਾਂ ਨੂੰ ਜੀਵਨ ਵਿੱਚ ਖੇਡਾਂ ਦੇ ਮਹੱਤਵ ਤੋਂ ਜਾਣੂ ਕਰਾਇਆ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ 100 ਮੀਟਰ 200 ਮੀਟਰ 400 ਮੀਟਰ ਦੌੜਾਂ, ਗੋਲਾ ਸੁੱਟਣ, ਲੰਮੀ ਛਾਲ, ਉੱਚੀ ਛਾਲ, ਰੱਸਾਕਸ਼ੀ, ਰਿਲੇਅ ਰੇਸ ਤੇ ਹੋਰ ਮੁਕਾਬਲਿਆਂ ਨਾਲ ਛੋਟੇ ਬੱਚਿਆਂ ਦੀਆਂ ਖੇਡਾਂ ਕਰਾਈਆਂ ਗਈਆਂ। ਸਾਰੇ ਹੀ ਵਿਦਿਆਰਥੀਆਂ ਨੇ ਬੜੇ ਚਾਅ ਤੇ ਉਤਸ਼ਾਹ ਦੇ ਨਾਲ ਇਨ੍ਹਾਂ ਖੇਡਾਂ ਵਿੱਚ ਹਿੱਸਾ ਲਿਆ ਤੇ ਆਪਣੀ ਖੇਡ ਦਾ ਪ੍ਰਦਰਸ਼ਨ ਕੀਤਾ। ਡੀ.ਐਸ.ਪੀ. ਤੇ ਜਗਜੀਤ ਸਿੰਘ ਜੀ ਕਾਕਾ ਵੀਰ ਜੀ ਵੱਲੋਂ ਜੇਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ ਗਏ ਤੇ ਨਾਲ ਹੀ ਪਿਛਲੇ ਸਾਲ ਸੈਸ਼ਨ 2023-24 ਵਿੱਚ ਵਧੀਆ ਵਿੱਦਿਅਕ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਗਿਆ। ਇਨ੍ਹਾਂ ਖੇਡਾਂ ਦੇ ਸਮਾਪਤੀ ਸਮਾਰੋਹ ਤੇ ਸਕੂਲ ਦੇ ਮੁਖੀ ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਸਾਰੇ ਹੀ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

# ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੀ ਮਹੀਨਾਵਾਰੀ ਮੀਟਿੰਗ

**ਜਗਰਾਉਂ (ਅਮਿਤ ਖੰਨਾ)** ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਰਜਿ 133 ਦੀ ਮਹੀਨਾਵਾਰੀ ਮੀਟਿੰਗ ਪ੍ਰਧਾਨ ਜਿੰਦਰ ਪਾਲ ਧੀਮਾਨ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਰਾਮਗੜ੍ਹੀਆ ਘਰ ਜਗਰਾਉਂ 'ਚ ਹੋਈ।ਪ੍ਰਧਾਨ ਜਿੰਦਰ ਪਾਲ ਧੀਮਾਨ ਨੇ ਕਿਹਾ ਕਿ ਮਹੀਨਾਵਾਰ ਮੀਟਿੰਗ ਕਰਨ ਦਾ ਮੁੱਖ ਮੰਤਵ ਠੇਕੇਦਾਰਾਂ ਨੂੰ ਆ ਰਹੀ ਮੁਸ਼ਕਲਾਂ ਦਾ ਹੱਲ ਕਰਨਾ ਹੁੰਦਾ ਹੈ।ਮੀਟਿੰਗ ਵਿੱਚ ਸੰਸਥਾ ਵੱਲੋਂ ਭਵਿੱਖ ਵਿੱਚ ਲਾਏ ਜਾਣ ਵਾਲੇ ਸਮਾਜ ਸੇਵੀ ਪ੍ਰੋਜੈਕਟਾਂ ਬਾਰੇ ਵੀ ਵਿਚਾਰ ਕੀਤਾ ਗਿਆ ਤੇ ਜਗਰਾਉਂ ਨਿਵਾਸੀਆਂ ਨੂੰ ਵਾਤਾਵਰਣ ਸ਼ੁੱਧ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਾਉਣ ਦੀ ਅਪੀਲ ਕੀਤੀ ਗਈ।ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਅਤੇ ਵਿਸ਼ਕਰਮਾ ਵੈਲਫ਼ੇਅਰ ਸੁਸਾਇਟੀ ਦੇ ਮੈਂਬਰ ਕਰਨੈਲ ਸਿੰਘ ਧੰਜਲ ਦਾ ਅਚਾਨਕ ਚਲੇ ਜਾਣ 'ਤੇ 2 ਮਿੰਟ ਦਾ ਮੋਨ ਧਾਰਿਆ ਗਿਆ ਤੇ ਨਵਾਂ ਸਾਲ ਮਨਾਉਣ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪ੍ਰਧਾਨ ਜਿੰਦਰ ਪਾਲ ਧੀਮਾਨ ਨੂੰ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ ਗਈਆ। ਠੇਕੇਦਾਰ ਕਸ਼ਮੀਰੀ ਲਾਲ, ਠੇਕੇਦਾਰ ਗੁਰਮੇਲ ਸਿੰਘ ਢੁੱਡੀਕੇ, ਪ੍ਰਿਤਪਾਲ ਸਿੰਘ ਮਣਕੂ, ਕਰਮ ਸਿੰਘ ਜਗਦੇ, ਪ੍ਰੀਤਮ ਸਿੰਘ ਗੈਦੂ, ਪ੍ਰਧਾਨ ਜਿੰਦਰਪਾਲ ਸਿੰਘ ਧੀਮਾਨ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਅਮਰਜੀਤ ਸਿੰਘ ਘਟੌੜੇ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਮੰਗਲ ਸਿੰਘ ਸਿੱਧੂ, ਖ਼ਜ਼ਾਨਚੀ ਠੇਕੇਦਾਰ ਹਰਨੇਕ ਸਿੰਘ ਸੋਹੀ, ਜਨਰਲ ਸਕੱਤਰ ਜਸਪਾਲ ਸਿੰਘ ਕਲਿਆਣ, ਜਗਰੂਪ ਸਿੰਘ ਗੈਦੂ, ਜਗਦੀਸ਼ ਸਿੰਘ ਦੀਸ਼ਾ, ਪ੍ਰੀਤਮ ਸਿੰਘ ਜੰਡੂ ਤੇ ਤਰਲੋਚਨ ਸਿੰਘ ਸੀਹਰਾ ਆਦਿ ਹਾਜ਼ਰ ਸਨ।

## PUBLIC NOTICE

It is hereby inform to general public that I, Mukesh Kumar S/o Chain Singh R/o Dashmesh Nagar, Jalandhar City declare that I had lost my Original SPA No 3730, Dated 17/07/2008 & Original Sale Deed No. 6073 Dated 22/07/1997. Any person has found or any Right, title for interest in the said property or otherwise has any objection can contact on at the above address within 15 days from the date of publication notice.

## COURT NOTICE

(U/o 5 Rule 20 CPC)
In the Court of
**Ms. Navdeep Gill**
Civil Judge (Senior Division), Patiala
CNR No. PBPT02-004306-2024
Next Date :-20-01-2025
Deepak Arora
Vs.
General Public
Notice To :
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 20.01.2025 at 10:00 A.M.

For details logon to https://highcourtchd.gov.in/?trs=district_notice&district=Patiala

Civil Judge (Senior Division), Patiala
Dated this day of 03-12-2024

## ਜਨਤਕ ਸੂਚਨਾ

ਅਸੀਂ ਵਿਕਾਸ ਦੀਪ ਚੈਂਬਰਜ਼ ਆਫ ਲਾਅਜ਼, ਐੱਲ ਐੱਲ ਪੀ, ਰਾਹੀਂ ਇਸ ਦੇ ਮਾਨਤਾ ਪ੍ਰਾਪਤ ਭਾਈਵਾਲ ਵਿਕਾਸ ਦੀਪ, ਐਡਵੋਕੇਟ ਇਸ ਦੁਆਰਾ ਆਮ ਜਨਤਾ ਦੇ ਧਿਆਨ ਹਿੱਤ ਆਪਣੇ ਗਾਹਕਾਂ ਮੈਸ ਪੈਸ਼ਨ ਬਿਲਡਕੋਨ ਪ੍ਰਾਈ. ਲਿਮ. ਦੇ ਨਾਲ-ਨਾਲ ਮੈਸ. ਐੱਸ ਪੀ ਜੀ ਰਿਆਲਿਟੀ ਮਾਰਟ ਐੱਲ ਐੱਲ ਪੀ, ਜਿਨ੍ਹਾਂ ਦਾ ਦਫ਼ਤਰ ਦਿੱਲੀ ਵਿਖੇ ਹੈ, ਸੂਚਿਤ ਕਰਕੇ ਹਾਂ ਕਿ ਸਾਡੇ ਗਾਹਕ ਪਿੰਡ ਭਗਮਾਜਰਾ (ਦਿਹਾਤੀ), ਤਹਿ. ਖਰੜ, ਜ਼ਿਲ੍ਹਾ ਐੱਸ ਐੱਸ ਏ ਨਗਰ, ਪੰਜਾਬ ਵਿਚ ਕੁਲ ਜ਼ਮੀਨ ਰਕਬਾ 155 ਕਨਾਲ 5.25 ਮਰਲੇ ਦੇ ਮਾਲਕ ਅਤੇ ਅਸਲ ਭੌਤਿਕੀ ਕਾਬਜ਼ਕਾਰ ਹਨ। (61 ਕਨਾਲ 12.25 ਮਰਲੇ ਜ਼ਮੀਨ, ਖੇਵਟ/ਖਤੌਨੀ ਨੰ: 53/58, 88/93, 24/24, 28/29-30, 30/33 ਵਿਚ ਸ਼ਾਮਿਲ, ਮੈਸ. ਐੱਸ ਪੀ ਜੀ ਰਿਆਲਿਟੀ ਮਾਰਟ ਐੱਲ ਐੱਲ ਪੀ ਦੇ ਨਾਂਅ 'ਤੇ ਅਤੇ 93 ਕਨਾਲ 13 ਮਰਲੇ ਜ਼ਮੀਨ ਖੇਵਟ/ਖਤੌਨੀ ਨੰ: 86/91, 120/127, 22/22 ਵਿਚ ਸ਼ਾਮਿਲ ਮੈਸ. ਪੈਸ਼ਨ ਬਿਲਡਕੋਨ ਪ੍ਰਾਈ. ਲਿਮ. ਦੇ ਨਾਂਅ 'ਤੇ)। ਸਾਡੇ ਗਾਹਕਾਂ ਨੇ ਮਿਤੀ 13.04.2022 ਨੂੰ ਪਿੰਡ ਭਗਤ ਮਾਜਰਾ (ਦਿਹਾਤੀ), ਤਹਿ. ਖਰੜ, ਜ਼ਿਲ੍ਹਾ ਐੱਸ ਏ ਐੱਸ ਨਗਰ, ਪੰਜਾਬ ਵਿਚ ਮੈਸ. ਕੁਈਨਸਟਾਊਨ ਇਨਫਰਾ ਪ੍ਰੋਜੈਕਟਸ ਐੱਲ ਐੱਲ ਪੀ (ਕਿਊ ਟੀ) ਨਾਮੀ ਪ੍ਰੋਜੈਕਟ ਦੇ ਸੰਬੰਧੀ ਸਾਂਝੇ ਵਿਕਾਸ ਲਈ ਇਕ ਡਿਵੈੱਲਪਮੈਂਟ ਐਗਰੀਮੈਂਟ ਕੀਤਾ ਸੀ। ਮੈਸ. ਕੀਊਨਸਟਾਊਨ ਇਨਫਰਾ ਪ੍ਰੋਜੈਕਟਸ ਐੱਲ ਐੱਲ ਪੀ ਨੂੰ ਸਾਡੇ ਦਫ਼ਤਰ ਦੁਆਰਾ ਮਿਤੀ 21.11.2024 ਨੂੰ ਜਾਰੀ ਕੀਤੇ ਨੋਟਿਸ ਦੇ ਚੱਲਦਿਆਂ ਸਾਡੇ ਗਾਹਕਾਂ ਦੀ ਜ਼ਮੀਨ ਸੰਬੰਧੀ ਮਿਤੀ 13.04.2022 ਦੇ ਡਿਵੈੱਲਪਮੈਂਟ ਐਗਰੀਮੈਂਟ ਨੂੰ ਵਿਭਿੰਨ ਕਾਨੂੰਨੀ ਖਾਮੀਆਂ ਕਾਰਨ ਰੱਦ ਕਰ ਦਿੱਤਾ ਗਿਆ ਅਤੇ ਹੋਰ ਸਹਿਮਤੀਆਂ ਨੂੰ ਵਾਪਸ ਲੈ ਲਿਆ ਗਿਆ ਸੀ ਅਤੇ ਇਸ ਬਾਰੇ ਸੰਬੰਧਿਤ ਵੱਖ-ਵੱਖ ਸਰਕਾਰੀ ਅਥਾਰਟੀਜ਼ ਨੂੰ ਵੀ ਸੂਚਿਤ ਕਰ ਦਿੱਤਾ ਸੀ। ਸਾਡੇ ਗਾਹਕਾਂ ਦੀ ਜ਼ਮੀਨ ਲਈ ਕਿਊ ਟੀ ਉਪਰ ਸਾਰੀਆਂ ਮਨਜ਼ੂਰੀਆਂ/ਇਕ ਤਾਜ਼ਾ ਸੀ ਐੱਲ ਯੂ ਲੈਣਾ ਲਾਜ਼ਮੀ ਹੈ। ਇਸ ਲਈ ਆਮ ਜਨਤਾ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਦਰਸਾਏ ਗਏ ਪ੍ਰੋਜੈਕਟ, ਸਾਡੇ ਗਾਹਕਾਂ ਦੀ ਉਪਰ ਦਿੱਤੇ ਵੇਰਵਿਆਂ ਅਨੁਸਾਰ ਜ਼ਮੀਨ ਛੁਡਾਉਣ ਲਈ, ਉਪਰ ਮੈਸ. ਕੁਈਨਸਟਾਊਨ ਇਨਫਰਾ ਪ੍ਰੋਜੈਕਟਸ ਐੱਲ ਐੱਲ ਪੀ ਦੁਆਰਾ ਤਾਜ਼ਾ ਮਨਜ਼ੂਰੀਆਂ/ਸੀ ਐੱਲ ਯੂ ਪ੍ਰਾਪਤ ਕੀਤੇ ਜਾਣ ਤੱਕ ਕਿਸੇ ਵੀ ਤਰ੍ਹਾਂ ਦੀ ਕੋਈ ਬੁਕਿੰਗ ਨਾ ਕੀਤੀ ਜਾਵੇ। ਜੇਕਰ ਉਪਰੋਕਤ ਦਰਸਾਏ ਪ੍ਰਾਜੈਕਟ ਵਿਚ ਸਾਡੇ ਗਾਹਕਾਂ ਦੀ ਜ਼ਮੀਨ ਉੱਪਰ ਕੋਈ ਬੁਕਿੰਗ ਕੀਤੀ ਜਾਂਦੀ ਹੈ ਤਾਂ ਉਹ ਮੰਨਣਯੋਗ ਨਹੀਂ ਹੋਵੇਗੀ ਅਤੇ ਗੈਰ ਕਾਨੂੰਨੀ ਹੋਵੇਗੀ। ਕਿਸੇ ਹੋਰ ਜਾਣਕਾਰੀ ਜਾਂ ਪੁੱਛਗਿੱਛ ਲਈ ਕਿਰਪਾ ਕਰਕੇ ਸਾਡੇ ਵਿਕਾਸ ਦੀਪ ਐਡਵੋਕੇਟ, ਐਫ ਯੂ-30, ਦੂਜੀ ਮੰਜ਼ਲ, ਪੀਤਮਪੁਰਾ, ਦਿੱਲੀ-110034 ਵਿਖੇ ਸਾਡੇ ਦਫ਼ਤਰ ਨਾਲ ਜਾਂ ਈਮੇਲ lawvikas99@gmail.com ਰਾਹੀਂ ਸੰਪਰਕ ਕੀਤਾ ਜਾਵੇ।

ਵਿਕਾਸ ਦੀਪ (ਐਡਵੋਕੇਟ)

## PUBLIC NOTICE

It is to put the General Public on notice that Mrs. Sandeep Kumar S/O SH. Ashok Kumar R/o 521/13, old H no 2770/20, gali no 16, nawan kot amritsar 143001 owner of Residential property bearing 521/13, old H no 2770/20, gali no 16, nawan kot amritsar 143001 having dimensions as length from North Plot Number 520 heirs Mohan Singh, South Plot no 522, 524/13, Narinder Singh East: Gali, West: Prop no 529,530, that is Situated At Bearing H.No 521/13, Sabka No 2770/20, Mca Khanasumari No 6157/XVI-20, Khasra No 472, Vakia rakba Amritsar, Urban Circle No 108, Abadi Nawa Kot (Kotkari), Gali No 16, Tehsil and Distt. Amritsar, 143001. vides Sale Deed Dated: 07/june/2024 as Document no. 2024-25/89/1/2518 has approached Equitas Small Finance Bank Limited, Branch office at shop No. 99 national shopping complex 2nd floor near hide market civil hospital gt road amritsar, 143001, with a request to extent Loan against the mortgage of the above property. Anybody having objection in respect of said property or regarding creation of mortgage with my client, may raise their objections within 7 Days from the date of this publication, to the below mentioned address
Advocate Dinesh Arora, Mno-9779304041

## COURT NOTICE

(U/o 5 Rule 20 CPC)
In the Court of
**Ms. Mandeep Kaur**
Civil Judge (Junior Division), Dasuya
CNR No. PBHOA0-000932-2024
Next Date :- 18-12-2024
Resham Singh
Vs
General Public
Publication Issued to :
General Public
: General Public

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 18.12.2024 at 10:00 a.m.

For details logon to https://highcourtchd.gov.in/?trs=district notice&district=Hoshiarpur

Civil Judge (Junior Division), Dasuya
Dated this day of 29-11-2024

## COURT NOTICE

(U/o 5 Rule 20 CPC)
(Under Guardian and Ward Act)
In The Cour of
**Ms. Harpreet Kaur-1**
Civil Judge (Senior Division), Jalandhar
CNR No. PBJL02-003024-2024
Next Date :- 10-02-2025
GW/30/2024
Vijay Rani VS Ekta

Petition Under Section 7, 8,17, 25 of Guardian and wards act for appointment of petitioner as guardian of child.

Notice To : General Public
General Public

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 10.02.2025 at 10:00 a.m.

For details logon to https://highcourtchd.gov.in/?trs=district notice&district=Jalandhar

Civil Judge (Senior Division), Jalandhar
Dated this day of 29-11-2024

## COURT NOTICE

(U/o 5 Rule 20 CPC)
In the Court of
**Ms. Babaljit Kaur**
Civil Judge (Junior Division)-16, Jalandhar
CNR No. PBJL02-001260-2023
Next Date :- 05-02-2025
CS/1146/2023
V A Valves
VS
Abhijeet Patel

Suit for grant of decree for recovery of Rs. 40,000/- alongwith interest as prayed for

Publication Issued to :

Abhijeet Patel S/o Bijay Kumar, Karanpura Near Durga Mandir, Mehran Road, Hajipur, Vaishali, Bihar (844101)

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 05.02.2025 at 10:00 a.m.

For details logon to https://highcourtchd.gov.in/?trs=district notice&district=Jalandhar

Civil Judge (Junior Division)-16, Jalandhar
Dated this day of 29-11-2024

## COURT NOTICE

(U/o 5 Rule 20 CPC)
In The Court of
Sh. Vineet Kumar Narang
Additional Principal Judge, Family Court-II, Jalandhar
CNR No. PBJL01-002124-2021
Next Date : 19.12.2024

1. Gursharan Singh aged about 68 years S/o Sh. Santokh Singh
2. Smt. Jasvir Kaur aged about 65 years W/o Shri Gursharan Singh, Both resident of 266/2, Hargobind Nagar, Jalandhar City.

Vs.

1. General Public
2. Smt. Navneet Kaur D/o Shri Balbir Singh W/o late Shri Jaswinder Pal Singh, R/o Village Talwandi Pen,Tehsil and District Kapurthala

Petition Under Guardian and Ward Act.

Publication Issued To :

Smt. Navneet Kaur D/o Shri Balbir Singh W/o Late Shri Jaswinder Pal Singh, R/o Village Talwandi Pen,Tehsil and District Kapurthala.

In above titled case, the defendant(s)/ respondent(s) could not be served. It is ordered that defendant(s)/ respondant(s) should appear in person or through counsel on 19.12.2024 at 10:00 A.M.

For details logon to https://highcourtchd.gov.in/?trs=district_notice&district=Jalandhar

Additional Principal Judge, Family Court-II, Jalandhar
Dated this day of 14-11-2024

# ਕਲਾਸੀਫਾਈਡ ਇਸ਼ਤਿਹਾਰ

## Change of Name

I, Saleem Masih S/O Saidk Masih R/O Vill. Aliwal Araian,Tehsil Batala, Gurdaspur, Punjab have changed my name from Saleem Masih to Saleem as my Given name and Masih as my Surname. Concerned note.

I, Gurrajan Singh S/O Kabal Singh R/O Vill.Panuwan PO Bhilowal Tehsil Baba Bakala,Amritsar Pin-143504, Punjab have changed my name from Gurrajan Singh to Gurrajan as my Given name and Singh as my Surname. Concerned note.

I, Jyoti Saini D/o Mohan Lal have changed my name from Jyoti Saini to Jyoti W/o Navdeep Singh R/o H. No. 387/2 Hargobind Nagar Jalandhar. Please Note. (B)

I, Tarunbir Singh S/o Gursharan Singh, 128, Harbans Nagar, Jalandhar-144002 have changed my name to Tarunbit Singh Gujral. (11083)

I, Meetu Ahuja D/o Surinder Ahuja W/o Ramneek Kapoor R/o H.No. 19, Friends Colony, Taylor Road, Opp. Gandhi Ground, Amritsar, Punjab have changed my name after marriage from Meetu Ahuja to Meetu Kapoor.

I, Jasbir Singh S/o Mohinder Singh R/o VPO Dhardeo, Tehsil Baba Bakala, Distt. Amritsar, Punjab, have changed my name from Jasbir Singh to Jasbir is given name and Singh is surname. Concerned note please.

I, Jasbir Kaur W/o Jasbir Singh R/o VPO Dhardeo, Tehsil Baba Bakala, Distt. Amritsar, Punjab, have changed my name from Jasbir Kaur to Jasbir is given name and Kaur is surname. Concerned note please.

I, Kulwant Kaur Kang W/o Gurinder Singh R/o H.No.102 Ajit Enclave Gumtala By Pass Ajnala Road Amritsar have changed my name from Kulwant Kaur Kang to Given name Kulwant Surname Kaur.

I, Baljit Kaur and Baljeet Kaur W/o Ravinder Singh R/o 117, New Model Town Chheharta, Amritsar have declare that above both name's are mine one and same person

I, Khushi Verma W/o Udhay Luthra R/o H.No.26, Shri Guru Gobind Singh Avenue, Chabhal Road, Amritsar have changed my name from Khushi Verma to Khushi Luthra

I, Mridula Malhotra alias Neeru Khanna W/o Ashwani Kumar R/O 8-A, Beauty Avenue, Phase-1, Amritsar have changed my name to Mridula Malhotra. all concerned please note.

I, Prem Lata Alias Prem Dutt wife of Sunil Dutt residing at House No. 506-B, Prem Villa, Kiran Colony, Ajnala Road, Amritsar, Punjab, declared that I have changed my name from Prem Lata Alias Prem Dutt to Prem Lata

I, Gursahib Singh Chhina S/o Shivdev Singh R/o VPO Harse Chhina (Kukranwala), Ajnala, Amritsar have changed my name from Gursahib Singh Chhina to Gursahib Singh

I, Robat Paul S/o Paul Raj R/o 65-B, Gali No.3, Rishi Vihar, Majitha Road, Amritsar i have declared Paul as my surname and Robat as my given name.

I, hitherto known as Dharminder S/o Ramesh Lal R/o VPO. Kothe Rahlan, Tehsil Jagraon, Ludhiana, Punjab-142026, India have changed my name and shall hereafter be known as Dharminder Singh.

I, Baljeet Kaur w/o Dilbag Singh r/o Vill.Bada Terkiana, Po. Terkiana, Tehsil Dasuya, Distt. Hoshiarpur, Punjab have changed the spelling of my name to Baljit Kaur. All Please Note.

I, Seema Sehgal d/o Raj Kumar Sehgal w/o Gulshan Kumar r/o 32-A, Jaswant Nagar, P.O. Garha, Distt. Jalandhar have changed my name to Seema Sachdeva. All Please Note.

I, Tavsam Kaur d/o Banta Singh w/o Balwant Singh r/o H.No. EG-905, Gobind Garh, Jalandhar, Punjab changed my name to Tarsem Kaur. All Please Note.

I, Shital Kaur w/o Amrik Singh Bhatti r/o Kirti Nagar, Moh. Dharamkot, Phagwara, Kapurthala have changed my name to Sital Kaur. All Please Note.

I, Sarabjit Singh s/o Sawinder Singh r/o Kaler Ghuman, Po. Dhianpur, Amritsar, Punjab have changed my name to Sarabjeet Singh. All Please Note.

I, Khurseed Munawar w/o Munawar Masih r/o 2234/C-20, St.01, Near Play Ground Issa Nagari, Ludhiana declare that Khurseed Munawar & Reeta both are one and the same person. All Please Note.

I, Navpreet Kaur w/o Jagjit Singh r/o VPO.Pandori Khas, Tehsil Nakodar, Jalandhar have changed my name to Given name as Navpreet & Surname as Kaur. All Please Note.

I, Navpreet Kaur w/o Jagjit Singh r/o VPO.Pandori Khas, Tehsil Nakodar, Jalandhar have changed my minor daughter name from Nimrat Kaur to Given name as Nimrat & Surname as Kaur. All Please Note.

I, Sachin s/o Charan Das r/o W.No. 02, Balachaur, Distt. SBS Nagar have changed my name to Sachin Dhiman (Surname as Dhiman). All Please Note.

I, Pooja w/o Gurmeet Dhawan r/o 147/2, Shaheed Udham Singh Nagar, Jalandhar have changed my from Pooja to Pooja Dhawan. All Please Note.

I, hitherto known as Kanta Sharma W/o Prem Lal Sharma R/o H.No. 31, Mohinder Singh Colony, Birring, Jalandhar Cantt, Jalandhar, Punjab 144005 have changed my name and shall hereafter be known as Dolma Devi.

I, hitherto known as Hempreet S/o Narinder Kumar R/o VPO. Kukar Pind, Distt. Jalandhar, Punjab-144024 have changed my name and shall hereafter be known as Hempreet Kumar.

I, Anju Bala W/o Rakesh Kumar R/o H.No.WL-400, Main Bazar, Basti Guzan, Jalandhar-144002, Punjab have changed my name from Anju Bala to Anju Rani. All Please Note.

I, Manjit Kaur Sangha W/o Jaspal Singh R/o VPO. Athoula, Distt. Jalandhar-144002, Punjab have changed my name from Manjit Kaur Sangha to Manjit Kaur, after marriage. All Please Note.

I, Harwinder Kaur Walia D/O Sampuran Singh R/o W/o Mohinderjit Singh R/o H.No.149 Pepsi House, Partap Nagar G.T Road Amritsar have changed my name to Harwinder Kaur.

## Change of Name

I, Rajbir Singh S/o. Shamsher Singh R/o. Village Khurmania, Po. Distrillery Khasa, Amritsar have declare that Singh is my surname and Rajbir is my given name.

I, Ashok Kumar S/o Dhani Ram R/o 186-A, Gali No. 14, New Pawan Nagar, Batala Road, Amritsar declare that I Ashok Kumar and Ashok Kumar Sharma one and the same person. All concerned please note.

I, Resham Pal Singh S/O Sohan Singh R/O Vill. Bhet, PO. Ahmadpur, Distt. Kapurthala, Punjab, India have added my surname Sidhu and shall hereafter be known as Resham Pal Singh Sidhu. All concerned please note.

I, hitherto known as Reena D/o Sohan Lal R/o Village sofipind, PO. Sofi pind, Jalandhar, Punjab 144024 have changed my name and shall hereafter be known as Reena Rani. (Rani as surname)

I Anil Kumar Rao S/o Madan Lal R/o House No. 177, Ekta Nagar Rama Mandi, Tehsil & District Jalandhar, Punjab, India, Have changed my name Anil Kumar to Anil Kumar Rao. Please noted.

I Tanveer Singh Reehal S/o Jaspal Singh R/o Patti Jodha Phillaur Bundala Jalandhar Punjab India, Have changed my name from Tanveer Singh Reehal to Tanveer Singh.

I, Swaran Singh S/O Sarvan Singh, R/o Saidowal , Kapurthala, Punjab-144620, declare that I have changed my Daughter name from Harmandeep to Harmandeep Kaur . All concern noted.

I Mandeep singh S/O Amarjit Singh R/O village Talwandi Bhillan PO Mustfapur tehsil Kartarpur district Jalandhar have changed my name from Mandeep Singh to Mandeep Singh Nijjar. Please note.

## Public Notice

I, Megha Singh W/o Bhupinder Singh R/o Village Khothe Ghurala Kahnuwan Road Gurdaspur, Punjab Declare that my given name as Megha and my surname as Singh.

I, Aarti Kapoor Wife of Amit Kapoor resident of H. No. 402-A, 3rd Floor, Shri Ram Vatika Apartment, Silver Wing School, New Model House, Jalandhar-1, P.O. Model Town, Jalandhar declare that Aarti Kapoor & Arti Kapoor name's are mine. Aarti Kapoor & Arti Kapoor is one and the Same Person i.e. Same Person with same personality.

I, Harpreet Kaur D/o Gursharan Singh H. No. 14, Daulatpuri Near Rly. Godown, Jalandhar declare that Harpreet is my given name and Kaur is my Surname. (11083)

I, Manjit Sandhu W/o Lt. Col. Harinder Pal Singh Sandhu R/o 20, Defence Colony, Jalandhar do hereby solemnly declare that Manjit Sandhu and Manjit Kaur is one and the same person. Please note.

I, Balbir Kaur W/o Balwinder Singh R/o Village Kang Sabhu, Distt. Jalandhar, Punjab declare that my husband Balwinder Singh is out of my control. I disinherit him from my moveable and immovable properties. I and my family shall not be held responsible for any of his acts, deeds and things. All please note.

## ਆਮ ਸੂਚਨਾ

ਅਸੀਂ, ਮਨਿੰਦਰ ਕੌਰ ਪਤਨੀ ਲੇਟ ਸ਼ਮਸ਼ੇਰ ਸਿੰਘ ਅਤੇ ਰਮਨਦੀਪ ਕੌਰ ਪੁੱਤਰੀ ਲੇਟ ਸ਼ਮਸ਼ੇਰ ਸਿੰਘ ਅਤੇ ਬਲਰਾਜ ਸਿੰਘ ਅਤੇ ਸੁਖਰਾਜ ਸਿੰਘ ਪੁੱਤਰਾਨ ਲੇਟ ਸ਼ਮਸ਼ੇਰ ਸਿੰਘ ਬਿਆਨ ਕਰਦੇ ਹਾਂ ਕਿ ਅਸੀਂ ਚਾਰੋਂ ਲੇਟ ਸ਼ਮਸ਼ੇਰ ਸਿੰਘ ਦੇ ਕਾਨੂੰਨੀ ਵਾਰਸ ਹਾਂ, ਜੋ ਕਿ ਪਲਾਟ ਨੰ: 92 ਬਾਬਾ ਦੀਪ ਸਿੰਘ ਕਾਲੋਨੀ ਬਾਈਪਾਸ ਰੋਡ, ਫਤਾਹਪੁਰ, ਅੰਮ੍ਰਿਤਸਰ ਦੇ ਮਾਲਕ ਸਨ। ਜਿਨ੍ਹਾਂ ਦੀ ਮੌਤ 06.08.2024 ਨੂੰ ਘਰ ਵਿਚ ਹੋਈ। ਸਾਡੇ ਚਾਰਾਂ ਤੋਂ ਇਲਾਵਾ ਇਨ੍ਹਾਂ ਦਾ ਹੋਰ ਕੋਈ ਕਾਨੂੰਨੀ ਵਾਰਸ ਨਹੀਂ ਹੈ। ਅਗਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਅੰਦਰ -ਅੰਦਰ ਇਤਰਾਜ਼ ਪੇਸ਼ ਕਰ ਸਕਦਾ ਹੈ।

ਮੈਂ, ਬਲਬੀਰ ਕੌਰ ਪਤਨੀ ਜਗਜੀਤ ਸਿੰਘ ਵਾਸੀ 75 ਬੀ ਰਾਇਲ ਅਸਟੇਟ, ਪੁਰਾਣਾ ਫਗਵਾੜਾ ਰੋਡ, ਨੇੜੇ ਪੀ. ਜੀ. ਪਾਰਕ ਗੇਟ ਨੰ: 2, ਕੁੱਕੜ ਪਿੰਡ, ਨੰਗਲ ਕਰਾਰ ਖਾਂ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਬਲਬੀਰ ਕੁਮਾਰੀ ਅਤੇ ਬਲਬੀਰ ਕੌਰ ਇਕ ਹੀ ਵਿਅਕਤੀ ਹੈ।

ਮੈਂ, ਮੋਹਿਤ ਅਨੰਦ ਪੁੱਤਰ ਅਵਿਨਾਸ਼ ਅਨੰਦ ਮਕਾਨ ਨੰਬਰ ਐਲ.2 ਨਿਊ ਮਾਡਲ ਹਾਊਸ ਜਲੰਧਰ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਮਾਤਾ ਲੇਟ ਗਿਆਨ ਦੇਵੀ ਪਤਨੀ ਅਵਿਨਾਸ਼ ਅਨੰਦ ਦਾ ਨਾਮ ਮਾਲ ਵਿਭਾਗ ਵਿੱਚ ਗੀਤਾ ਅਨੰਦ ਪਤਨੀ ਅਵਿਨਾਸ਼ ਅਨੰਦ ਲਿਖਿਆ ਗਿਆ ਹੈ। ਉੱਕਤ ਦੋਵੇਂ ਨਾਮ ਮੇਰੀ ਮਾਤਾ ਦੇ ਹਨ। ਇੱਕੋ ਵਿਅਕਤੀ ਨੂੰ ਦੋਵਾਂ ਨਾਵਾਂ ਨਾਲ ਜਾਣਿਆਂ ਜਾਂਦਾ ਹੈ।

ਮੈਂ ਸਰਬਜੀਤ ਕੌਰ ਪਤਨੀ ਲੇਟ ਬਲਦੇਵ ਸਿੰਘ ਪਿੰਡ ਨਿਸੋਕੇ ਤਹਿਸੀਲ ਅਜਨਾਲਾ ਅੰਮ੍ਰਿਸਰ ਦੀ ਰਹਿਣ ਵਾਲੀ ਹਾਂ ਤੇ ਹਲਫੀਆ ਬਿਆਨ ਕਰਦੀ ਹਾਂ ਕਿ ਬਲਦੇਵ ਸਿੰਘ ਪੁੱਤਰ ਮੱਖਣ ਸਿੰਘ ਪਿੰਡ ਨਿਸੋਕੇ ਤਹਿਸੀਲ ਅਜਨਾਲਾ ਅੰਮ੍ਰਿਸਰ ਮੇਰੇ ਪਤੀ ਸਨ ਜਿਸ ਦੀ ਮੌਤ ਹੋ ਚੁੱਕੀ ਹੈ ਇਹ ਕਿ ਮੇਰੇ ਪਤੀ ਦਾ ਨਾਮ ਮਾਲ ਰੀਕਾਰਡ ਵਿੱਚ ਬਲਦੇਵ ਸਿੰਘ ਦੀ ਜਗ੍ਹਾ ਸੁਖਦੇਵ ਸਿੰਘ ਚਲਾ ਆ ਰਿਹਾ ਹੈ ਜਦ ਕਿ ਇਹ ਦੋਵੇਂ ਨਾਮ ਇਕ ਹੀ ਆਦਮੀ ਬਲਦੇਵ ਸਿੰਘ ਦੇ ਹਨ। ਇਹ ਕਿ ਮੇਰੇ ਪਤੀ ਦਾ ਨਾਮ ਪਰੂਫ ਰਾਸ਼ਨ ਕਾਰਡ ਵਿੱਚ ਵੀ ਬਲਦੇਵ ਸਿੰਘ ਹੀ ਹੈ ਇਹ ਕਿ ਹਲਫੀਆ ਬਿਆਨ ਕਰਦੀ ਹਾਂ ਕਿ ਮਾਲ ਰੀਕਾਰਡ ਵਿੱਚ ਦਰਜ ਬਦਰ ਰਾਹੀ ਮੇਰੇ ਪਤੀ ਦੇ ਨਾਮ ਦੀ ਸੋਧ ਕਰਕੇ ਉਸ ਦਾ ਸਹੀ ਨਾਮ ਬਲਦੇਵ ਸਿੰਘ ਇੰਦਰਾਜ ਕਰਕੇ ਦਰੁਸਤ ਕੀਤਾ ਜਾਵੇ।

ਸੁਰਿੰਦਰਪਾਲ ਰਿਸ਼ੀ ਪੁੱਤਰ ਕਰਮ ਚੰਦ, ਵੀਲਾ ਬੱਜੂ ਵਾਲਾ ਟਿਊਬਵੈਲ ਕੁਨੈਕਸ਼ਨ ਏ.ਪੀ. 14/2525-ਵਾਈ ਨੂੰ ਸਰਦੂਲ ਸਿੰਘ ਪੁੱਤਰ ਅਜੀਤ ਸਿੰਘ, ਵਾਸੀ ਸੱਤੋਵਾਲ ਨਾਂ ਕਰਨ ਦੀ ਦਰਖਾਸਤ ਦਿੱਤੀ ਹੈ, ਇਤਰਾਜ਼ 15 ਦਿਨਾਂ ਅੰਦਰ ਦਫਤਰ ਪਾਵਰਕਾਮ ਬਾਬਾ ਬਕਾਲਾ ਸਾਹਿਬ ਵਿੱਚ ਪੁੱਜਣ।

ਹਰਦਿਆਲ ਸਿੰਘ ਪੁੱਤਰ ਕਰਨੈਲ ਸਿੰਘ, ਵਾਸੀ ਬੁਤਾਲਾ ਵਾਲੇ ਟਿਊਬਵੈਲ ਕੁਨੈਕਸ਼ਨ ਏ.ਪੀ. 25/3130-ਐਮ. ਨੂੰ ਮਲਕੀਅਤ ਕੌਰ ਪਤਨੀ ਬਲਦੇਵ ਸਿੰਘ ਵਾਸੀ ਬੁਤਾਲਾ ਦੇ ਨਾਂ ਕਰਨ ਦੀ ਦਰਖਾਸਤ ਹੈ, ਇਤਰਾਜ਼ 15 ਦਿਨਾਂ ਅੰਦਰ ਵਿੱਚ ਦਫਤਰ ਪਾਵਰਕਾਮ ਬਾਬਾ ਬਕਾਲਾ ਸਾਹਿਬ ਪੁੱਜਣ।

ਇੱਕ ਖੇਤੀਬਾੜੀ ਟਿਊਬਵੈਲ ਕੁਨੈਕਸ਼ਨ ਜਿਸਦਾ ਖਾਤਾ ਨੰਬਰ 58/1234 ਹੈ ਜੋ ਕਿ ਗੁਰਦਿਆਲ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਪਿੰਡ ਭੰਡਾਲ ਬੇਟ ਜ਼ਿਲ੍ਹਾ ਕਪੂਰਥਲਾ ਦੇ ਨਾਮ ਉੱਪਰ ਚੱਲ ਰਿਹਾ ਹੈ। ਇਸ ਨੰਬਰ ਨੂੰ ਦੇਵਕਾ ਸਿੰਘ ਪੁੱਤਰ ਜਗਰੂਪ ਸਿੰਘ ਵਾਸੀ ਪਿੰਡ ਭੰਡਾਲ ਬੇਟ, ਜ਼ਿਲ੍ਹਾ ਕਪੂਰਥਲਾ ਨੇ ਆਪਣੇ ਨਾਮ ਉੱਪਰ ਤਬਦੀਲ ਕਰਵਾਉਣ ਲਈ ਦਿਲਵਾਂ ਜ਼ਿਲ੍ਹਾ ਕਪੂਰਥਲਾ ਉਪ ਮੰਡਲ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਵਿਖੇ ਬਿਨੈ ਪੱਤਰ ਦਿੱਤਾ ਹੈ। ਜੇਕਰ ਇਸ ਸਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ ਆਪਣਾ ਇਤਰਾਜ਼ ਲਿਖਤੀ ਰੂਪ ਵਿੱਚ ਇਸ ਦਫਤਰ ਵਿੱਚ ਪੇਸ਼ ਕਰ ਸਕਦਾ ਹੈ। ਇਸ ਤੋਂ ਬਾਅਦ ਬਣਦੀ ਕਾਰਵਾਈ ਕਰਕੇ ਨਾਮ ਤਬਦੀਲ ਕਰ ਦਿੱਤਾ ਜਾਵੇਗਾ।

ਇੱਕ ਖੇਤੀਬਾੜੀ ਟਿਊਬਵੈਲ ਕੁਨੈਕਸ਼ਨ ਜਿਸਦਾ ਖਾਤਾ ਨੰਬਰ 58/662 ਹੈ ਜੋ ਕਿ ਗੁਰਦਿਆਲ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਪਿੰਡ ਭੰਡਾਲ ਬੇਟ ਜ਼ਿਲ੍ਹਾ ਕਪੂਰਥਲਾ ਦੇ ਨਾਮ ਉੱਪਰ ਚੱਲ ਰਿਹਾ ਹੈ। ਇਸ ਨੰਬਰ ਨੂੰ ਹਰਦੀਪ ਸਿੰਘ ਪੁੱਤਰ ਬਸੰਤ ਸਿੰਘ ਵਾਸੀ ਪਿੰਡ ਭੰਡਾਲ ਬੇਟ, ਜ਼ਿਲ੍ਹਾ ਕਪੂਰਥਲਾ ਨੇ ਆਪਣੇ ਨਾਮ ਉੱਪਰ ਤਬਦੀਲ ਕਰਵਾਉਣ ਲਈ ਦਿਲਵਾਂ ਜ਼ਿਲ੍ਹਾ ਕਪੂਰਥਲਾ ਉਪ ਮੰਡਲ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਵਿਖੇ ਬਿਨੈ ਪੱਤਰ ਦਿੱਤਾ ਹੈ। ਜੇਕਰ ਇਸ ਸਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ ਆਪਣਾ ਇਤਰਾਜ਼ ਲਿਖਤੀ ਰੂਪ ਵਿੱਚ ਇਸ ਦਫਤਰ ਵਿੱਚ ਪੇਸ਼ ਕਰ ਸਕਦਾ ਹੈ। ਇਸ ਤੋਂ ਬਾਅਦ ਬਣਦੀ ਕਾਰਵਾਈ ਕਰਕੇ ਨਾਮ ਤਬਦੀਲ ਕਰ ਦਿੱਤਾ ਜਾਵੇਗਾ।

## ਨਾਂਅ ਦੀ ਬਦਲੀ

ਮੈ ਰਾਜਨ ਮਹਿਮੀ ਪੁੱਤਰ ਰਛਪਾਲ ਰਾਮ ਪਿੰਡ ਦੰਦੂਵਾਲ ਡਾਕਖਾਨਾ ਪਾਸਲਾ, ਤਹਿ. ਫਿਲੌਰ, ਜ਼ਿਲ੍ਹਾ ਜਲੰਧਰ ਦਾ ਰਹਿਣ ਵਾਲਾ ਹਾਂ। ਇਹ ਕਿ ਮੈਂ ਆਪਣਾ ਨਾਮ ਰਾਜਨ ਮਹਿਮੀ ਤੋਂ ਬਦਲ ਕੇ ਰਾਜਨ ਸਿੰਘ ਮਹਿਮੀ ਰੱਖ ਲਿਆ। ਸੰਬੰਧਤ ਨੋਟ ਕਰਨ।

ਮੈ ਨਾਕੀਤਾ ਪੁੱਤਰੀ ਰਛਪਾਲ ਰਾਮ ਪਿੰਡ ਦੰਦੂਵਾਲ ਡਾਕਖਾਨਾ ਪਾਸਲਾ, ਤਹਿ. ਫਿਲੌਰ, ਜ਼ਿਲ੍ਹਾ ਜਲੰਧਰ ਦੀ ਰਹਿਣ ਵਾਲੀ ਹਾਂ। ਇਹ ਕਿ ਮੈਂ ਆਪਣਾ ਨਾਮ ਨਾਕੀਤਾ ਤੋਂ ਬਦਲ ਕੇ ਨਾਕੀਤਾ ਕੌਰ ਰੱਖ ਲਿਆ। ਸੰਬੰਧਤ ਨੋਟ ਕਰਨ।

ਮੈਂ, ਤੇਜਿੰਦਰ ਸਿੰਘ ਪੁੱਤਰ ਦਰਬਾਰਾ ਸਿੰਘ, ਵਾਸੀ ਮਕਾਨ ਨੰਬਰ 2-ਏ/87, ਜਨਤਾ ਨਗਰ ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਤੇਜਿੰਦਰ ਸਿੰਘ ਢਿੱਲੋਂ ਰੱਖ ਲਿਆ ਹੈ। (CRP)

## ਬੇਦਖਲੀ ਨੋਟਿਸ

ਅਸੀਂ ਸੋਹਨ ਸਿੰਘ ਪੁੱਤਰ ਸ਼੍ਰੀ ਕਰਤਾਰ ਸਿੰਘ ਵਾ ਜਸਬਵੀਰ ਕੌਰ ਪਤਨੀ ਸ਼੍ਰੀ ਸੋਹਨ ਸਿੰਘ ਵਾਸੀਆਨ 5, ਗੁਰੂ ਰਾਮ ਦਾਸ ਨਗਰ, ਸਲੇਮਪੁਰ ਮੁਸਲਮਾਨਾ ਰੋਡ, ਜਲੰਧਰ, ਪੰਜਾਬ-144008 ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਸੁਰਿੰਦਰ ਸਿੰਘ, ਉਸਦੀ ਪਤਨੀ ਲਖਵੀਰ ਕੌਰ ਵਾ ਇਨ੍ਹਾਂ ਦਾ ਲੜਕਾ ਤਰਨਜੋਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਕ੍ਰਿਸ਼ਨ ਲਾਲ ਪੁੱਤਰ ਰਤਨ ਲਾਲ ਵਾਸੀ ਮਕਾਨ ਨੰ: 88/2, ਗੁਰਦੇਵ ਨਗਰ, ਜਲੰਧਰ ਹਾਲ ਵਾਸੀ ਮਕਾਨ ਨੰ: 87, ਨਿਊ ਅਮਰ ਨਗਰ, ਗੁਲਾਬ ਦੇਵੀ ਰੋਡ, ਜਲੰਧਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਗੌਰਵ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਗੁਰਬਖਸ਼ ਸਿੰਘ ਕਾਲੜਾ ਪੁੱਤਰ ਅੱਤਰ ਸਿੰਘ ਵਾਸੀ ਮਕਾਨ ਨੰਬਰ ਈ-12/809, ਗਲੀ ਨੰਬਰ 3, ਥਾਪਰ ਨਗਰ, ਵਾਰਡ ਨੰਬਰ 1, ਨੇੜੇ ਜੀ. ਐਮ.ਟੀ. ਸਕੂਲ, ਲੁਧਿਆਣਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਨੂੰਹ ਬਲਜੀਤ ਕੌਰ ਵਿਧਵਾ ਜੀਤਇੰਦਰ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਬਲਜੀਤ ਕੌਰ ਪਤਨੀ ਸੂਬਾ ਸਿੰਘ ਵਾਸੀ ਮਕਾਨ ਨੰ. 204, ਪਿੰਡ ਰਹਿਮਾਨਪੁਰ, ਨੇੜੇ ਸਤਸੰਗ ਘਰ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੁਖਜਿੰਦਰ ਸਿੰਘ ਅਤੇ ਉਸਦੀ ਪਤਨੀ ਸਹਿਜਦੀਪ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸੁਲੱਖਣ ਸਿੰਘ ਭੱਟੀ, ਪੁੱਤਰ ਅਮਰ ਸਿੰਘ ਭੱਟੀ ਵਾਸੀ ਮਕਾਨ ਨੰ: 26/ਬੀ (895-ਕੇ) ਗਲੀ ਨੰ: 9, ਈਸਰ ਗੋਬਿੰਦ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸ਼ੇਰ ਸਿੰਘ (ਸ਼ਾਦੀਸ਼ੁਦਾ) ਮੇਰੇ ਨਾਲ ਲੜਾਈ-ਝਗੜਾ ਤੇ ਗਾਲੀ ਗਲੋਚ ਕਰਦਾ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਸੁਦਰਸ਼ਨ ਮਹਾਜਨ ਪੁੱਤਰ ਸ਼੍ਰੀ ਤੀਰਥ ਰਾਮ ਵਾਸੀ 1321, ਗਲੀ ਨੰਬਰ 7, ਜਗਦੰਬੇ ਕਾਲੋਨੀ, ਬਟਾਲਾ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਵੱਡੀ ਲੜਕੀ ਕੁਨੀਕਾ ਮਹਾਜਨ (29) ਮੇਰੇ ਨਾਲ ਲੜਾਈ-ਝਗੜਾ ਕਰਦੀ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਮੇਰਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਆਸ਼ਾ ਮਹਾਜਨ ਪਤਨੀ ਸ਼੍ਰੀ ਸੁਦਰਸ਼ਨ ਮਹਾਜਨ ਵਾਸੀ 1321, ਗਲੀ ਨੰਬਰ 7, ਜਗਦੰਬੇ ਕਾਲੋਨੀ, ਬਟਾਲਾ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਵੱਡੀ ਲੜਕੀ ਕੁਨੀਕਾ ਮਹਾਜਨ (29) ਮੇਰੇ ਨਾਲ ਲੜਾਈ-ਝਗੜਾ ਕਰਦੀ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਮੇਰਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਲਦੇਵ ਸਿੰਘ ਪੁੱਤਰ ਜਗੀਰ ਸਿੰਘ ਵਾਸੀ ਪਿੰਡ ਚਵਿੰਡਾ ਕਲਾਂ, ਤਹਿਸੀਲ ਜ਼ਿਲ੍ਹਾ ਅੰਮ੍ਰਿਤਸਰ ਹਾਲ ਵਾਸੀ ਆਰ. ਐਸ. ਇਨਕਲੇਵ ਨੇੜੇ ਬਾਬਾ ਦਰਸ਼ਨ ਸਿੰਘ ਕੁਲੀ ਵਾਲੇ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਲਜਿੰਦਰ ਸਿੰਘ ਅਤੇ ਉਸ ਦੀ ਪਤਨੀ ਰਵਿੰਦਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਰਾਜਵਿੰਦਰ ਕੌਰ ਪਤਨੀ ਬਲਵੀਰ ਸਿੰਘ, ਵਾਸੀ ਮਕਾਨ ਨੰਬਰ 91, ਮਹਿਤਾਬਗੜ੍ਹ, ਕਪੂਰਥਲਾ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਜਿੰਦਰ ਸਿੰਘ ਅਤੇ ਉਸਦੀ ਪਤਨੀ ਰਮਨਦੀਪ ਕੌਰ, ਜੋ ਕਿ ਮੇਰੇ ਕਹਿਣੇਕਾਰ ਵਿੱਚ ਨਹੀ ਹਨ, ਜਿਸ ਕਰਕੇ ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰੇ ਉਕਤ ਲੜਕੇ ਅਤੇ ਉਸਦੀ ਪਤਨੀ ਨਾਲ ਜੋ ਕੋਈ ਵੀ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਦਾ ਹੈ ਤਾਂ ਇਸ ਲਈ ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੈਂ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਦਲਬੀਰ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਮੱਜੂਪੁਰਾ, ਡਾਕਖਾਨਾ ਚੇਤਨਪੁਰਾ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਬੀਰ ਸਿੰਘ ਅਤੇ ਇਸਦੀ ਪਤਨੀ ਮਨੀ ਮੇਰੇ ਕਹਿਣੇ ਤੋਂ ਬਾਹਰ ਹਨ, ਮੈਂ ਉਹਨਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਉਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ ਬਲਕਾਰ ਸਿੰਘ ਪੁੱਤਰ ਸੁਰਜੀਤ ਸਿੰਘ ਅਤੇ ਬਲਵਿੰਦਰ ਕੌਰ ਪਤਨੀ ਬਲਕਾਲ ਸਿੰਘ ਵਾਸੀ ਮਕਾਨ ਨੰਬਰ 1269, ਅਮਰਦਾਸ ਕਲੋਨੀ, ਨਰੈਣਗੜ, ਛੇਹਰਟਾ, ਅੰਮ੍ਰਿਤਸਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਮਨਪ੍ਰੀਤ ਸਿੰਘ ਅਤੇ ਉਸਦੀ ਪਤਨੀ ਬਲਵਿੰਦਰਜੀਤ ਕੌਰ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਇਹਨਾਂ ਨੂੰ ਅਸੀ ਆਪਣੀ ਚੱਲ ਅਚੱਲ ਜ਼ਮੀਨ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਹਨਾਂ ਨਾਲ ਸਾਡਾ ਅਤੇ ਸਾਡੇ ਪਰਿਵਾਰ ਦਾ ਕੋਈ ਤਲਕ ਵਾਸਤਾ ਨਹੀ ਹੋਵੇਗਾ।ਸਾਰੇ ਸੰਬੰਧਤ ਕਿਰਪਾ ਕਰਕੇ ਨੋਟ ਕਰਨ।

ਮੈਂ ਮਨਜੀਤ ਸਿੰਘ ਪੁੱਤਰ ਸੁਰਜਨ ਸਿੰਘ ਪਿੰਡ ਘੁਮਾਣ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਦਾ ਰਹਿਣ ਵਾਲਾ ਹਾਂ। ਮੈਂ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਦਰਸ਼ਨ ਸਿੰਘ ਅਤੇ ਮੇਰੀ ਨੂੰਹ ਕਿਰਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਆਪਣੇ ਪੁੱਤਰ ਅਤੇ ਨੂੰਹ ਨੂੰ ਆਪਣੀ ਚੱਲ ਅਚਲ ਜਾਇਦਾਦ ਚੋਂ ਬੇਦਖਲ ਕਰਦਾ ਹਾਂ। ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਮੀਨਾ ਰਾਣੀ ਵਿਧਵਾ ਹਰਬੰਸ ਸਿੰਘ ਵਾਸੀ ਪਿੰਡ ਬੰਡਾਲਾ, ਪੱਤੀ ਸਰਜਾ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਨਿਤਿਕ ਵਾ ਮੇਰੀ ਨੂੰਹ ਮਿਸ਼ਲ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਜੀਤ ਕੁਮਾਰ ਪੁੱਤਰ ਕਿਸਨਾ ਰਾਮ ਵਾਸੀ ਰੰਧਾਵਾ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਦਿਲਪ੍ਰੀਤ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਅਵਤਾਰ ਸਿੰਘ ਪੁੱਤਰ ਸੰਗਤ ਰਾਮ ਵਾਸੀ ਪਿੰਡ ਤੇ ਡਾਕ: ਸਤਨੌਰ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

**ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ**

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਸੁਖਬੀਰ ਬਾਦਲ ਨੂੰ ਪੰਥ 'ਚੋਂ ਛੇਕਿਆ ਜਾਣਾ ਚਾਹੀਦਾ ਸੀ : ਸਿੱਧੂ ਲੌਂਗੋਵਾਲ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸ਼੍ਰੋਮਣੀ ਅਕਾਲੀ ਦਲ ਫਤਹਿ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਕਿਸਾਨ ਯੂਨੀਅਨ ਅੰਮ੍ਰਿਤਸਰ ਦੇ ਸੀਨੀਅਰ ਮੀਤ ਪ੍ਰਧਾਨ ਅੰਮ੍ਰਿਤਪਾਲ ਸਿੰਘ ਸਿੱਧੂ ਲੌਂਗੋਵਾਲ ਨੇ ਕਿਹਾ ਕਿ ਖ਼ਾਲਸਾ ਪੰਥ ਦੀ ਜਿੱਤ ਤੇ ਬਾਦਲਕਿਆਂ ਦੀ ਹਾਰ ਹੋਈ ਹੈ। ਸਮੁੱਚੇ ਪੰਥ ਦੀਆਂ ਨਜ਼ਰਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ੈਸਲੇ ਵੱਲ ਸੀ।ਜਥੇਦਾਰ ਗਿਆਨੀ ਰਘਬੀਰ ਸਿੰਘ, ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਜਥੇਦਾਰ ਗਿਆਨੀ ਸੁਲਤਾਨ ਸਿੰਘ ਨੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਵੱਲੋਂ ਦਿੱਤੇ ਮਰਹੂਮ ਪ੍ਰਕਾਸ਼ ਸਿੰਘ ਬਾਦਲ ਕੋਲੋਂ ਫਖ਼ਰ ਏ ਕੌਮ ਤੇ ਪੰਥ ਰਤਨ ਦਾ ਖ਼ਿਤਾਬ ਵਾਪਸ ਲੈ ਕੇ ਤੇ ਪੰਥ ਦੇ ਗ਼ਦਾਰ ਸੁਖਬੀਰ ਸਿੰਘ ਬਾਦਲ ਤੋਂ ਗੁਨਾਹ ਕਬੂਲ ਕਰਵਾ ਕੇ ਸ਼ਲਾਘਾਯੋਗ ਫੈਸਲਾ ਲਿਆ ਹੈ, ਪਰ ਸੁਖਬੀਰ ਸਿੰਘ ਬਾਦਲ ਨੇ ਜਿੰਨੇ ਵੱਡੇ ਗੁਨਾਹ ਕੀਤੇ ਸਨ, ਉਸ ਹਿਸਾਬ ਨਾਲ ਤਨਖਾਹ ਬਹੁਤ ਮਾਮੂਲੀ ਲੱਗੀ ਹੈ, ਇਸ ਨਾਲ ਸੰਗਤਾਂ ਸੰਤੁਸ਼ਟ ਨਹੀਂ ਹਨ।ਜਦੋਂ ਸੁਖਬੀਰ ਸਿੰਘ ਬਾਦਲ ਨੇ ਏਨੇ ਵੱਡੇ ਪਾਪ ਗੁਨਾਹ ਤੇ ਗ਼ਲਤੀਆਂ ਕਬੂਲ ਕੀਤੀਆਂ ਹਨ ਤਾਂ ਉਸ ਨੂੰ ਫਿਰ ਵੀ ਵਿਚਲਾ ਰਾਹ ਕੱਢ ਕੇ ਸੁਰਖ਼ਰੂ ਕਰ ਦੇਣਾ ਇਹ ਮਨਜ਼ੂਰ ਨਹੀਂ ਹੈ, ਜਥੇਦਾਰਾਂ ਨੂੰ ਚਾਹੀਦਾ ਸੀ ਕਿ ਉਹ ਸੁਖਬੀਰ ਸਿੰਘ ਬਾਦਲ ਨੂੰ ਖ਼ਾਲਸਾ ਪੰਥ ਵਿੱਚੋਂ ਛੇਕ ਦਿੰਦੇ ਤੇ ਹੋਰਾਂ ਆਗੂਆਂ ਖ਼ਿਲਾਫ਼ ਵੀ ਹੋਰ ਸਖ਼ਤ ਫੈਸਲਾ ਲੈਂਦੇ। ਸੁਖਬੀਰ ਸਿੰਘ ਬਾਦਲ ਨੂੰ ਪੰਥਕ ਤੇ ਪੰਜਾਬ ਦੀ ਸਿਆਸਤ ਕਰਨ ਦਾ ਤੇ ਗੁਰਧਾਮਾਂ ਦਾ ਪ੍ਰਬੰਧ ਸੰਭਾਲਣ ਦਾ ਕੋਈ ਹੱਕ ਨਹੀਂ ਹੋਣਾ ਚਾਹੀਦਾ, ਇਸ ਨੂੰ ਵਿਰਸਾ ਸਿੰਘ ਵਲਟੋਹਾ ਵਾਂਗ ਹੀ ਘੱਟੋ-ਘੱਟ 10 ਸਾਲ ਲਈ ਪਰ੍ਹਾਂ ਕਰ ਦੇਣਾ ਚਾਹੀਦਾ ਸੀ। ਅੰਮ੍ਰਿਤਪਾਲ ਸਿੰਘ ਸਿੱਧੂ ਲੌਂਗੋਵਾਲ ਨੇ ਕਿਹਾ ਕਿ ਅਸੀਂ ਫਿਰ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ੈਸਲੇ ਦਾ ਸਵਾਗਤ ਕਰਦੇ ਹਾਂ, ਕਿਉਂਕਿ ਜਥੇਦਾਰਾਂ ਤੋਂ ਐਨੀ ਵੀ ਆਸ ਨਹੀਂ ਸੀ, ਲੰਬੇ ਸਮੇਂ ਤੋਂ ਬਾਦਲ ਦਲ ਨੇ ਤਖ਼ਤਾਂ ਤੇ ਜਥੇਦਾਰ ਤੋਂ ਤਾਕਤ ਖੋਹੀ ਹੋਈ ਸੀ ਤੇ ਉਹਨਾਂ ਨੂੰ ਆਪਣੇ ਸਿਆਸੀ ਮਕਸਦ ਲਈ ਵਰਤਿਆ ਜਾਂਦਾ ਸੀ।ਉਨ੍ਹਾਂ ਕਿਹਾ ਕਿ ਮਰਹੂਮ ਪ੍ਰਕਾਸ਼ ਸਿੰਘ ਬਾਦਲ, ਸੁਖਬੀਰ ਸਿੰਘ ਬਾਦਲ ਤੇ ਸਮੁੱਚੇ ਬਾਦਲ ਦਲ ਨੇ ਖ਼ਾਲਸਾ ਪੰਥ ਨੂੰ ਬਹੁਤ ਵੱਡਾ ਸੰਤਾਪ ਦਿੱਤਾ ਸੀ, ਧਾਰਮਿਕ ਤੇ ਰਾਜਸੀ ਘਾਣ ਕੀਤਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੇ ਦੁਸ਼ਟਾਂ ਨੂੰ ਬਚਾਇਆ, ਬਲਾਤਕਾਰੀ ਸਿਰਸੇ ਵਾਲੇ ਨੂੰ ਮਾਫੀ ਦਿਵਾਈ, ਗੁਰੂ ਘਰ ਦੀਆਂ ਗੋਲਕਾਂ ਦੀ ਦੁਰਵਰਤੋਂ ਕੀਤੀ, ਸਿੱਖਾਂ ਦੇ ਕਾਤਲ ਬੁੱਚੜ ਪੁਲਸ ਅਫਸਰਾਂ ਨੂੰ ਤਰੱਕੀਆਂ ਦਿੱਤੀਆਂ, ਅਕਾਲੀ ਦਲ ਤੇ ਸ਼੍ਰੋਮਣੀ ਕਮੇਟੀ ਦਾ ਵੱਕਾਰ ਰੋਲਿਆ, ਸਿੰਘਾਂ ਨੂੰ ਸ਼ਹੀਦ ਕੀਤਾ ਤੇ ਪੰਥਕ ਸਿਧਾਂਤਾਂ ਦੀ ਰੱਜ ਕੇ ਖਿੱਲੀ ਉਡਾਈ, ਇਸ ਲਈ ਇਨ੍ਹਾਂ ਦੇ ਗੁਨਾਹ ਬਖ਼ਸ਼ਣਯੋਗ ਨਹੀਂ ਹਨ।ਜਦੋਂ ਖ਼ਾਲਸਾ ਪੰਥ, ਸਿੱਖ ਸੰਗਤਾਂ ਤੇ ਪੰਥਕ ਧਿਰਾਂ ਸੁਖਬੀਰ ਸਿੰਘ ਬਾਦਲ ਦੇ ਪੰਥ ਵਿਰੋਧੀ ਕਾਰਿਆਂ ਦਾ ਵਿਰੋਧ ਕਰਦੀਆਂ ਸਨ ਤਾਂ ਇਨ੍ਹਾਂ ਦੇ ਹਮਾਇਤੀ, ਪੰਥਕ ਗੁਰਸਿੱਖਾਂ ਨੂੰ ਬੇਹੱਦ ਮੰਦਾ ਬੋਲਦੇ ਸਨ। ਕਾਂਗਰਸੀ ਆਖਦੇ ਸਨ ਤੇ ਜੇਲ੍ਹਾਂ ਵਿੱਚ ਤੁੰਨ ਦਿੰਦੇ ਸਨ, ਪਰ ਅੱਜ ਸੱਚ ਦੇ ਡੰਕੇ ਵੱਜੇ ਹਨ ਤੇ ਝੂਠਿਆਂ ਦੇ ਮੂੰਹ ਕਾਲੇ ਹੋਏ ਹਨ। ਉਨ੍ਹਾਂ ਕਿਹਾ ਕਿ ਬਾਦਲ ਸੈਨਾ ਨੂੰ ਵੀ ਹੁਣ ਚੱਪਣੀ ਵਿੱਚ ਨੱਕ ਡੋਬ ਕੇ ਮਰ ਜਾਣਾ ਚਾਹੀਦਾ ਹੈ, ਜੋ ਉਹ ਬਾਦਲਕਿਆਂ ਦੇ ਪੰਥ ਵਿਰੋਧੀ ਕਾਰਿਆਂ ਦੀ ਅੰਨ੍ਹੀ ਹਮਾਇਤ ਕਰਦੇ ਹੁੰਦੇ ਸੀ, ਬਾਦਲਾਂ ਨੂੰ ਦੁੱਧ ਧੋਤੇ ਦੱਸਦੇ ਸਨ, ਉਲਟਾ ਪੰਥਕ ਗੁਰਸਿੱਖਾਂ ਨੂੰ ਭੰਡਦੇ ਸਨ, ਪਰ ਸੱਚੇ ਪਾਤਸ਼ਾਹ ਨੇ ਇਨਸਾਫ਼ ਕੀਤਾ ਤੇ ਬਾਦਲ ਦਲ ਦੇ ਸਿਰ ਵਿੱਚ ਸਵਾਹ ਪਈ ਹੈ।ਉਨ੍ਹਾਂ ਕਿਹਾ ਕਿ ਅਸੀਂ ਲੰਬੇ ਸਮੇਂ ਤੋਂ ਹੀ ਆਵਾਜ਼ ਉਠਾਉਂਦੇ ਆ ਰਹੇ ਸੀ ਕਿ ਪ੍ਰਕਾਸ਼ ਸਿੰਘ ਬਾਦਲ ਕੋਲੋਂ ਫ਼ਖ਼ਰੇ ਕੌਮ ਖਿਤਾਬ ਵਾਪਸ ਲਿਆ ਜਾਵੇ, ਕਿਉਂਕਿ ਇਹ ਵਿਅਕਤੀ ਤਾਂ ਪੰਥ ਤੇ ਪੰਜਾਬ ਦਾ ਸਭ ਤੋਂ ਵੱਡਾ ਗੱਦਾਰ ਹੈ, ਇਸ ਨੇ ਤਾਂ ਪੂਰੀ ਕੌਮ ਨੂੰ ਫ਼ਿਕਰਾਂ 'ਚ ਪਾਈ ਰੱਖਿਆ ਤੇ ਇਹ ਲੋਟੂ ਟੋਲਾ ਹੈ।

## ਬੇਦਖਲੀ ਨੋਟਿਸ

ਮੈਂ ਜਸਵੰਤ ਰਾਜ ਪੁੱਤਰ ਫੀਰੋਜ਼ ਵਾਸੀ ਵਾਰਡ ਨੰਬਰ 04, ਪ੍ਰਬੋਧ ਚੰਦਰ ਨਗਰ, ਆਈਟੀਆਈ, ਗੁਰਦਾਸਪੁਰ ਆਪਣੇ ਲੜਕੇ ਅਜੇ ਕੁਮਾਰ, ਉਸਦੀ ਪਤਨੀ ਪ੍ਰਿਆ, ਦੂਸਰੇ ਲੜਕੇ ਬੈਨਸਨ ਗਿੱਲ ਅਤੇ ਉਸ ਦੀ ਪਤਨੀ ਰੂਥ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹ ਮੇਰੇ ਕਹਿਣੇ ਵਿੱਚ ਨਹੀਂ ਹਨ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਕੇਵਲ ਕਿਸ਼ਨ ਪੁੱਤਰ ਚਿਮਨ ਲਾਲ ਵਾਸੀ ਮਕਾਨ ਨੰਬਰ ਡੀ2/1629, ਗਲੀ ਨੰਬਰ 1, ਮਹੱਲਾ ਘੁਮਿਆਰਾਂ ਦਾ, ਏਕਤਾ ਨਗਰ, ਛੋਟਾ ਹਰੀਪੁਰਾ, ਅੰਮ੍ਰਿਤਸਰ ਆਪਣੇ ਪੁੱਤਰਾਂ ਸੀਤਲ ਕੁਮਾਰ ਅਤੇ ਇਸਦੀ ਪਤਨੀ ਮੀਨੂੰ ਉਰਫ ਰੇਨੂੰ, ਰਮਨ ਕੁਮਾਰ ਅਤੇ ਇਸਦੀ ਪਤਨੀ ਸੁਰਜੀਤ ਕੌਰ ਜੋ ਮੇਰੇ ਕਹਿਣੇ ਤੋਂ ਬਾਹਰ ਹਨ, ਮੈਂ ਇਹਨਾਂ ਨੂੰ ਇਹਨਾਂ ਦੇ ਬੱਚਿਆਂ ਸਮੇਤ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਨੀਲਮ ਪਤਨੀ ਸ੍ਰੀ ਜਗਦੀਸ਼ ਕੁਮਾਰ ਵਾਸੀ ਪਿੰਡ ਰਾਮਪੁਰ ਲੱਲੀਆਂ, ਤਹਿ. ਅਤੇ ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਜਸਵਿੰਦਰ ਕੁਮਾਰ ਮਹਿਤਾ ਅਤੇ ਮੇਰੀ ਨੂੰਹ ਨੀਤੂ ਪਤਨੀ ਜਸਵਿੰਦਰ ਕੁਮਾਰ ਮਹਿਤਾ ਮੇਰੇ ਕਹਿਣੇਕਾਰ ਨਹੀਂ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵਗਾ। ਮੇਰੀ ਜਾਂ ਮੇਰੇ ਪਰਵਾਰ ਦੇ ਕਿਸੇ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਹਰਭਜਨ ਸਿੰਘ ਪੁੱਤਰ ਸਵਰਗਵਾਸੀ ਸ. ਸੋਹਣ ਸਿੰਘ ਵਾਸੀ ਪਿੰਡ ਖੁਸਰੋਪੁਰ, ਡਾਕਘਰ ਕੁੱਕੜ ਪਿੰਡ, ਤਹਿ. ਅਤੇ ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਮਰਜੀਤ ਬਾਲੀ ਅਤੇ ਨੂੰਹ ਪਰਵੀਨ ਬਾਲੀ ਮੇਰੇ ਕਹਿਣੇਕਾਰ ਨਹੀਂ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵਗਾ। ਮੈਂ ਜਾਂ ਮੇਰੇ ਪਰਵਾਰ ਦੇ ਬਾਕੀ ਮੈਂਬਰ ਅਤੇ ਰਿਸ਼ਤੇਦਾਰ ਕਿਸੇ ਵੀ ਤਰ੍ਹਾਂ ਜ਼ਿੰਮੇਵਾਰ ਨਹੀਂ ਹੋਣਗੇ। ਸੰਬੰਧਤ ਨੋਟ ਕਰਨ।

ਮੈਂ ਪਰਮਜੀਤ ਸਿੰਘ ਪੁੱਤਰ ਚੇਤ ਸਿੰਘ ਵਾਸੀ ਬਰੇਟਾ ਜ਼ਿਲ੍ਹਾ ਮਾਨਸਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਿੱਟੂ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੇਰੀ ਕੋਈ ਗੱਲ ਨਹੀ ਮੰਨਦਾ ਹੈ। ਮੈਂ ਇਸ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜੁੰਮੇਵਾਰ ਹੋਵੇਗਾ। ਇਸ 'ਚ ਮੇਰੀ ਤੇ ਮੇਰੇ ਪਰਿਵਾਰ ਦੀ ਕੋਈ ਵੀ ਜੁੰਮੇਵਾਰੀ ਨਹੀ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ ਮੋਹਿੰਦਰ ਕੌਰ ਪਤਨੀ ਸਤਨਾਮ ਸਿੰਘ ਵਾਸੀ ਰਾਇਪੁਰ ਕਲਾਂ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਹਰਪ੍ਰੀਤ ਸਿੰਘ ਉਰਫ ਅਜੇ ਜੋ ਮੇਰੇ ਕਹਿਣੇ ਸੁਨਣੇ ਤੋਂ ਬਾਹਰ ਹੈ, ਉਸਦਾ ਵਤੀਰਾ ਮੇਰੇ ਨਾਲ ਠੀਕ ਨਹੀਂ ਹੈ ਅਤੇ ਮੇਰੇ ਤੋਂ ਅਲੱਗ ਰਹਿੰਦਾ ਹੈ। ਮੈਂ ਉਸਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕਿਸੇ ਕਿਸਮ ਦਾ ਕੋਈ ਤਲਕਵਾਸਤਾ ਨਹੀਂ।

ਮੈਂ, ਮੇਵਾ ਸਿੰਘ ਪੁੱਤਰ ਅਰਜਨ ਸਿੰਘ ਵਾਸੀ ਗਾਜੀਆਣਾ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਰੁਪਿੰਦਰ ਕੌਰ ਉਰਫ ਰਾਜੂ ਮੇਰੇ ਕਹਿਣੇਕਾਰ ਨਹੀਂ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵਗਾ।

ਅਸੀਂ, ਪਰਮ ਦਾਸ ਪੁੱਤਰ ਸਵਰਨ ਦਾਸ ਅਤੇ ਵੀਨਾ ਕੁਮਾਰੀ ਪਤਨੀ ਪਰਮ ਦਾਸ ਵਾਸੀ ਮਕਾਨ ਨੰ: 6/18 ਦਿਓਲ ਨਗਰ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਵਿਪਨ ਹੀਰ ਅਤੇ ਉਸ ਦੀ ਪਤਨੀ ਸੰਤੋਸ਼ ਹੀਰ ਸਾਡੇ ਕਹਿਣੇਕਾਰ ਨਹੀਂ ਹਨ। ਇਸ ਲਈ ਅਸੀਂ ਅੱਜ ਤੋਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਹਰਗੁਰਦੇਵ ਸਿੰਘ ਪੁੱਤਰ ਸ੍ਰੀ ਵਿਕਰਮ ਸਿੰਘ ਵਾਸੀ ਮਕਾਨ ਨੰ: 98, ਪਿੰਡ ਲਾਲੇਵਾਲੀ, ਡਾਕਖਾਨਾ ਲੱਧੇਵਾਲੀ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦਵਿੰਦਰ ਸਿੰਘ, ਨੂੰਹ ਜਸਵੀਰ ਕੌਰ, ਪੋਤਾ ਵਿਕਰਮ ਸਿੰਘ ਅਤੇ ਪੋਤੀ ਜਸਲੀਨ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਕਮਲੇਸ਼ ਪਤਨੀ ਲੇਟ ਸ੍ਰੀ ਰਾਮ ਚੰਦਰ ਵਾਸੀ ਮਕਾਨ ਨੰ: 15-ਏ, ਸੁੱਚੀ ਇਨਕਲੇਵ, ਸੁੱਚੀ ਪਿੰਡ ਜਲੰਧਰ-144009 ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਹਿਮਾਂਸ਼ੂ ਅਤੇ ਉਸ ਦੀ ਪਤਨੀ ਅਨੂ ਅਤੇ ਉਨ੍ਹਾਂ ਦਾ ਲੜਕਾ ਲਵਿਨ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਲਖਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ, ਵਾਸੀ ਖਿਲਚੀਆਂ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਸੰਦੀਪ ਸਿੰਘ, ਨੂੰਹ ਪ੍ਰਭਜੋਤ ਕੌਰ, ਪੋਤਰੀ ਗੁਰਨੂਰ ਕੌਰ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਣ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ ਦੇਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਮੇਜਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਮਕਾਨ ਨੰ: 201, ਵਾਰਡ ਨੰ: 27, ਗੁਰੂਸਰ ਬਸਤੀ, ਮੁਹੱਲਾ ਲਾਹੌਰੀਆ, ਤਹਿ. ਅਤੇ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਲਕਾਰ ਸਿੰਘ ਮੇਰੇ ਕਹਿਣੇਕਾਰ ਨਹੀਂ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵਗਾ। ਮੇਰਾ ਜਾਂ ਮੇਰੇ ਪਰਵਾਰ ਦਾ ਉਸ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਸੰਬੰਧਤ ਨੋਟ ਕਰਨ।

ਮੈਂ, ਨੈਬ ਸਿੰਘ ਪੁੱਤਰ ਜੰਗੀਰ ਸਿੰਘ ਵਾਸੀ ਮਹਿਰੋ, ਤਹਿ. ਵਾ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਵਪ੍ਰੀਤ ਸਿੰਘ ਉਰਫ ਲਵੀ ਮੇਰੇ ਕਹਿਣੇਕਾਰ ਨਹੀਂ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਮੁਖਤਾਰ ਚੰਦ ਪੁੱਤਰ ਸ੍ਰੀ ਨਸੀਬ ਚੰਦ ਵਾਸੀ ਪਿੰਡ ਪਰਜੀਆਂ ਕਲਾਂ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ (ਸ਼ਾਦੀਸ਼ੁਦਾ) ਮੇਰੇ ਕਹਿਣੇ ਤੋਂ ਬਾਹਰ ਹੈ। ਸਾਨੂੰ ਬਿਨਾਂ ਵਜ੍ਹਾ ਤੰਗ-ਪ੍ਰੇਸ਼ਾਨ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੈਂ ਜਾਂ ਮੇਰੇ ਪਰਵਾਰ ਦੇ ਬਾਕੀ ਮੈਂਬਰ ਜ਼ਿੰਮੇਵਾਰ ਨਹੀਂ ਹੋਣਗੇ। ਸੰਬੰਧਤ ਨੋਟ ਕਰਨ।

ਮੈਂ, ਹਰਜੀਤ ਸਿੰਘ ਪੁੱਤਰ ਰਛਪਾਲ ਸਿੰਘ ਵਾਸੀ ਪਿੰਡ ਜੌੜਾ ਛੱਤਰਾਂ, ਸ਼ੇਖੂਪੁਰਾ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਅੰਮ੍ਰਿਤਪਾਲ ਸਿੰਘ ਅਤੇ ਉਸ ਦੀ ਪਤਨੀ ਰਜਵੰਤ ਕੌਰ ਅਤੇ ਇਨ੍ਹਾਂ ਦੀ ਇਕ ਲੜਕੀ ਅੰਬਰ, ਜੋ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

# ਪੱਲੇਦਾਰ ਮਜ਼ਦੂਰ ਯੂਨੀਅਨ ਦੇ ਕੇਵਲ ਸਿੰਘ ਇੰਸਾਂ ਬਣੇ ਪ੍ਰਧਾਨ



**ਸੁਨਾਮ (ਅਸ਼ੋਕ ਬਾਂਸਲ)** ਪੰਜਾਬ ਪ੍ਰਦੇਸ਼ ਪੱਲੇਦਾਰ ਮਜ਼ਦੂਰ ਯੂਨੀਅਨ ਸੁਨਾਮ ਰਜਿ ਨੰ: 37 ਦੀ ਪ੍ਰਧਾਨਗੀ ਦੀ ਚੋਣ ਹੋਈ, ਜਿਸ ਵਿੱਚ ਕੇਵਲ ਸਿੰਘ ਇੰਸਾਂ ਪਿੰਡ ਜਖੇਪਲ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ ਹੈ।ਪ੍ਰਧਾਨ ਕੇਵਲ ਸਿੰਘ ਇੰਸਾਂ ਨੇ ਕਿਹਾ ਕਿ ਉਹ ਜਥੇਬੰਦੀ ਦੀਆਂ ਸਮੱਸਿਆਵਾਂ ਨੂੰ ਪੂਰੀ ਇਮਾਨਦਾਰੀ ਤੇ ਲਗਨ ਨਾਲ ਕਰਨਗੇ। ਉਨ੍ਹਾਂ ਕਿਹਾ ਕਿ ਉਹ ਠੇਕੇਦਾਰੀ ਸਿਸਟਮ ਨੂੰ ਖਤਮ ਕਰਨ ਦੀ ਸਰਕਾਰ ਕੋਲੋਂ ਮੰਗ ਕਰਦੇ ਹਨ। ਇਸ ਮੌਕੇ ਜਥੇਬੰਦੀ ਦੇ ਆਗੂ ਤੇ ਹੋਰ ਹਾਜ਼ਰ ਸਨ।

# ਬਿਨਾਂ ਮੁਆਵਜ਼ਾ ਦਿੱਤਿਆਂ ਪਾਈਪ ਲਾਈਨ ਪਾਉਣ ਤੋਂ ਬਾਜ਼ ਆਵੇ ਸਰਕਾਰ : ਹਰਜਿੰਦਰ ਬੱਗੀ

**ਤਲਵੰਡੀ ਸਾਬੋ (ਜਗਦੀਪ ਗਿੱਲ)** ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਮੌੜ ਤੇ ਤਲਵੰਡੀ ਸਾਬੋ ਦੀ ਮੀਟਿੰਗ ਪਿੰਡ ਲੇਲੇਵਾਲਾ ਵਿਖੇ ਚੱਲ ਰਹੇ ਗੈਸ ਪਾਈਪ ਲਾਈਨ ਮੋਰਚੇ ਤੇ ਜ਼ਿਲ੍ਹਾ ਜਨਰਲ ਸਕੱਤਰ ਹਰਜਿੰਦਰ ਸਿੰਘ ਬੱਗੀ ਦੀ ਪ੍ਰਧਾਨਗੀ ਹੇਠ ਹੋਈ।ਜ਼ਿਲ੍ਹਾ ਆਗੂ ਜਸਵੀਰ ਸੇਮਾ ਬਲਾਕ ਤਲਵੰਡੀ ਦੇ ਜਰਨਲ ਸਕੱਤਰ ਹਰਪ੍ਰੀਤ ਸਿੰਘ ਚੱਠੇ ਵਾਲਾ, ਬਲਾਕ ਮੌੜ ਦੇ ਪ੍ਰਧਾਨ ਰਾਜਵਿੰਦਰ ਸਿੰਘ ਰਾਜੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚੰਡੀਗੜ੍ਹ ਮੋਰਚੇ ਦੌਰਾਨ ਮੰਨੀਆਂ ਹੋਈਆਂ ਮੰਗਾਂ, ਗੈਸ ਪਾਈਪ ਲਾਈਨ ਦਾ ਲਿਖਤੀ ਸਮਝੌਤਾ ਲਾਗੂ ਕਰਾਉਣਾ, ਭਾਰਤ ਮਾਲ਼ਾ ਸੜਕ ਅਧੀਨ ਐਕਵਾਇਰ ਕੀਤੀ ਜ਼ਮੀਨ ਦਾ ਕਿਸਾਨਾਂ ਨੂੰ ਪੂਰਾ ਮੁਆਵਜ਼ਾ ਦਿਵਾਉਣ ਸਮੇਤ ਸਾਰੀਆਂ ਮੰਗਾਂ ਲਾਗੂ ਕੀਤੀਆਂ ਜਾਣ, ਪਰ ਸਰਕਾਰ ਲਗਾਤਾਰ ਆਪਣਿਆਂ ਵਾਅਦਿਆਂ ਤੋਂ ਮੁੱਕਰਦੀ ਆ ਰਹੀ ਹੈ, ਇਸ ਲਈ ਜੇਕਰ ਪੰਜਾਬ ਸਰਕਾਰ ਲੇਲੇਵਾਲਾ ਗੈਸ ਪਾਈਪ ਲਾਈਨ ਸਮਝੌਤਾ ਤੇ ਹੋਰ ਮੰਨੀਆਂ ਹੋਈਆਂ ਮੰਗਾਂ ਲਾਗੂ ਨਹੀਂ ਕਰਦੀ ਤਾਂ ਆਉਣ ਵਾਲੇ ਦਿਨਾਂ ਵਿਚ ਇਸ ਮੋਰਚੇ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦੀ ਹੋਵੇਗੀ।

# ਪ੍ਰਿੰਸੀਪਲ ਬੁੱਧ ਰਾਮ ਨੂੰ ਮੰਤਰੀ ਬਣਾਉਣ ਦੀ ਲੋੜ : ਤਾਰੀ ਕੁਲਰੀਆਂ




**ਬਰੇਟਾ (ਰੀਤਵਾਲ)**–ਆਮ ਆਦਮੀ ਪਾਰਟੀ ਦੇ ਮਿਹਨਤੀ ਤੇ ਟਕਸਾਲੀ ਆਗੂ ਤਾਰੀ ਕੁਲਰੀਆਂ ਨੇ ਹਲਕਾ ਬੁਢਲਾਡਾ ਤੋਂ ਵਿਧਾਇਕ ਅਤੇ ਕੋਰ ਕਮੇਟੀ ਦੇ ਮੈਂਬਰ ਪ੍ਰਿੰਸੀਪਲ ਬੁੱਧਰਾਮ ਨੂੰ ਮੰਤਰੀ ਬਣਾਉਣ ਦੀ ਮੰਗ 'ਤੇ ਜ਼ੋਰ ਦਿੰਦਿਆਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਪੰਜਾਬ ਭਰ ਵਿੱਚ ਬੁਢਲਾਡਾ ਏਰੀਆ ਸਭ ਤੋਂ ਪਛੜੇ ਇਲਾਕਿਆਂ ਵਿੱਚ ਆਉਂਦਾ ਹੈ । ਜੇਕਰ ਪੰਜਾਬ ਸਰਕਾਰ ਇਸ ਇਲਾਕੇ ਦਾ ਵਿਕਾਸ ਕਰਨਾ ਚਾਹੁੰਦੀ ਹੈ ਤਾਂ ਹਲਕਾ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੂੰ ਪੰਜਾਬ ਸਰਕਾਰ ਦੇ ਕੈਬਨਿਟ ਵਿੱਚ ਮੰਤਰੀ ਬਣਾਉਣ ਦੀ ਸਖਤ ਲੋੜ ਹੈ। ਉਨ੍ਹਾਂ ਦੱਸਿਆ ਕਿ ਪ੍ਰਿੰਸੀਪਲ ਬੁੱਧ ਰਾਮ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨਾਲ ਮੁੱਢ ਤੋਂ ਹੀ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਨ ਜੋ ਕਿ ਇਕ ਵਧੀਆ ਤਜਰਬਾ ਅਤੇ ਮੁਹਾਰਤ ਰੱਖਦੇ ਹਨ । ਜੇਕਰ ਉਹ ਮੰਤਰੀ ਦਾ ਕਾਰਜਭਾਰ ਸੰਭਾਲਦੇ ਹਨ ਤਾਂ ਇਸ ਏਰੀਏ ਦਾ ਹੀ ਨਹੀਂ ਉਹ ਸਮੁੱਚੇ ਪੰਜਾਬ ਦਾ ਵਿਕਾਸ ਕਰਨਗੇ। ਇਸ ਲਈ ਅਜੋਕੇ ਸਮੇਂ ਵਿੱਚ ਉਨ੍ਹਾਂ ਨੂੰ ਪੰਜਾਬ ਕੈਬਨਿਟ ਵਿੱਚ ਲਿਆ ਕੇ ਮੰਤਰੀ ਪਦ ਦਾ ਕਾਰਜ ਭਾਰ ਦੇਣ ਦੀ ਅਤਿ ਲੋੜ ਹੈ।

## ਸਰਕਾਰੀ ਸਕੂਲ ਮੱਤੜ 'ਚ ਨਾਟਕ 'ਕਿਵ ਕੂੜੈ ਤੁਟੈ ਪਾਲ' ਦਾ ਮੰਚਨ

ਸਿਰਸਾ (ਸੁਰਿੰਦਰ ਪਾਲ ਸਿੰਘ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੱਤੜ ਵਿਖੇ ਸੁਰਿੰਦਰ ਸਾਗਰ ਦੀ ਨਿਰਦੇਸ਼ਨਾ ਹੇਠ ਭਾਈ ਮੰਨਾ ਸਿੰਘ ਉਰਫ ਗੁਰਸ਼ਰਨ ਸਿੰਘ ਦਾ ਲਿਖਿਆ ਨਾਟਕ ਕਿਵ ਕੂੜੈ ਤੁਟੈ ਪਾਲ ਖੇਡਿਆ ਗਿਆ।ਲੈਕਚਰਾਰ ਡਾ. ਬਿਕਰਜੀਤ ਸਿੰਘ ਸਾਧੂਵਾਲਾ ਨੇ ਦੱਸਿਆ ਕਿ ਸ਼ਹੀਦੀ ਮਹੀਨਾ ਸ਼ੁਰੂ ਹੋ ਚੁੱਕਿਆ ਹੈ ਅਤੇ ਇਹ ਨਾਟਕ ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਤ ਨਾਟਕ ਹੈ। ਸਾਧੂਵਾਲਾ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਛੋਟੇ ਸਾਹਿਬਜ਼ਾਦਿਆਂ ਅਤੇ ਸਿੱਖ ਇਤਿਹਾਸ 'ਚ ਮਹੱਤਵ ਰੱਖਣ ਵਾਲੇ ਇਸ ਮਹੀਨੇ ਤੋਂ ਜਾਣੂ ਕਰਾਉਣ ਲਈ ਇਸ ਨਾਟਕ ਦਾ ਆਯੋਜਨ ਕੀਤਾ ਗਿਆ। ਸਕੂਲ ਇੰਚਾਰਜ ਬਲਵਿੰਦਰ ਸਿੰਘ ਨੇ ਨਾਟਕ ਟੀਮ ਦਾ ਧੰਨਵਾਦ ਕੀਤਾ ਅਤੇ ਸਕੂਲ ਸਟਾਫ ਵਲੋਂ ਨਾਟਕ ਟੀਮ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਮੇਂ ਅਧਿਆਪਕ ਪ੍ਰਦੀਪ ਸਿੰਘ, ਰਵਿੰਦਰ ਕੁਮਾਰ, ਜਤਿੰਦਰ ਮੋਹਨ ਸ਼ਰਮਾ, ਮੈਡਮ ਮਨਪ੍ਰੀਤ ਕੌਰ, ਗੀਤਾ ਰਾਣੀ, ਭਾਵਨਾ, ਦਿਵਿਆ ਕੰਬੋਜ ਅਤੇ ਅਮਰਜੀਤ ਸਿੰਘ ਸਮੇਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੱਤੜ ਦਾ ਸਮੁੱਚਾ ਸਟਾਫ ਅਤੇ ਪਤਵੰਤੇ ਵੀ ਹਾਜ਼ਰ ਰਹੇ।

## ਕਿਸਾਨੀ ਮੰਗਾਂ ਸੰਬੰਧੀ ਵਿਚਾਰ-ਵਟਾਂਦਰਾ



ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਬਲਾਕ ਧੂਰੀ ਅਤੇ ਬਲਾਕ ਸ਼ੇਰਪੁਰ ਦੀ ਸਰਪ੍ਰਸਤ ਬਲਵਿੰਦਰ ਸਿੰਘ ਜੱਖਲਾਂ, ਬਲਾਕ ਸ਼ੇਰਪੁਰ ਦੇ ਪ੍ਰਧਾਨ ਪ੍ਰੀਤਮ ਸਿੰਘ ਬਾਦਸ਼ਾਹਪੁਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਕਿਸਾਨਾਂ ਨੂੰ ਦਰਪੇਸ਼ ਮੁਸ਼ਕਲਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਕਿਸਾਨੀ ਮੰਗਾਂ ਨੂੰ ਨਾ ਮੰਨਣ ਲਈ ਕੇਂਦਰ ਸਰਕਾਰ ਦੇ ਅੜੀਅਲ ਵਤੀਰੇ ਅਤੇ ਹਉਮੈ ਦੀ ਨਿੰਦਾ ਕੀਤੀ ਗਈ।ਮੀਟਿੰਗ ਦੌਰਾਨ ਬਲਾਕ ਧੂਰੀ ਅਤੇ ਬਲਾਕ ਸ਼ੇਰਪੁਰ ਦੀ ਚੋਣ 17 ਦਸੰਬਰ ਨੂੰ ਕਰਵਾਉਣ ਦਾ ਫੈਸਲਾ ਕਰਦਿਆਂ ਜੱਥੇਬੰਦੀ ਦੀ ਮੀਟਿੰਗ ਹਰੇਕ ਮਹੀਨੇ ਦੀ 3 ਅਤੇ 17 ਤਾਰੀਕ ਨੂੰ ਨਵੀਂ ਅਨਾਜ ਮੰਡੀ ਦੇ ਸ਼ੈਡ ਨੀਵੇਂ ਹੋਣ ਸਬੰਧੀ ਵੀ ਤੈਅ ਕੀਤਾ ਗਿਆ।ਇਸ ਮੌਕੇ ਗੁਰਜੀਤ ਸਿੰਘ ਜਨਰਲ ਸਕੱਤਰ, ਸੁਰਜੀਤ ਸਿੰਘ ਘਨੌਰੀ ਸੀ. ਮੀਤ ਪ੍ਰਧਾਨ, ਮਲਕੀਤ ਸਿੰਘ ਜੱਖਲਾਂ ਖਜਾਨਚੀ, ਕਿਰਪਾਲ ਸਿੰਘ ਬਟੂਹਾ, ਹਰਜਿੰਦਰ ਸਿੰਘ ਬਟੂਹਾ, ਦੀਦਾਰ ਸਿੰਘ ਬੜਰੁਵਾਲ, ਮਨਜੀਤ ਸਿੰਘ ਜੱਖਲਾਂ, ਗੁਰਮੁੱਖ ਸਿੰਘ ਜੱਖਲਾਂ, ਗੁਰਦੇਵ ਸਿੰਘ ਬਾਦਸ਼ਾਹਪੁਰ, ਨਿਰਭੈ ਸਿੰਘ ਦੋਹਲਾ, ਸ਼ੇਰ ਸਿੰਘ ਦੋਹਲਾ ਅਤੇ ਬਲਵੀਰ ਸਿੰਘ ਘਨੌਰੀ ਖੁਰਦ ਵੀ ਹਾਜ਼ਰ ਸਨ।

## ਭ੍ਰਿਸ਼ਟਾਚਾਰ ਵਿਰੋਧੀ ਫਰੰਟ ਮਾਛੀਵਾੜਾ ਦੀ ਮੀਟਿੰਗ ਹੋਈ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਭ੍ਰਿਸ਼ਟਾਚਾਰ ਵਿਰੋਧੀ ਫਰੰਟ ਮਾਛੀਵਾੜਾ ਸਾਹਿਬ ਦੀ ਮਾਸਿਕ ਮੀਟਿੰਗ ਸੁਖਵਿੰਦਰ ਸਿੰਘ ਦੀ ਪ੍ਰਧਾਨਗੀ ਵਿਚ ਹੋਈ, ਜਿਸ ਵਿਚ ਵੱਖ-ਵੱਖ ਮਸਲਿਆਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ 'ਚ ਪਹਿਲੇ ਮਤੇ ਦੌਰਾਨ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੇ ਧਿਆਨ ਵਿਚ ਆਇਆ ਕਿ ਸ਼ਹਿਰਾਂ ਵਿਚ ਚਾਈਨਾ ਡੋਰ ਵਿਕਣ ਕਾਰਨ ਦਰਦਨਾਕ ਹਾਦਸੇ ਵਾਪਰ ਰਹੇ ਹਨ। ਫਰੰਟ ਆਗੂਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਚਾਈਨਾ ਡੋਰ 'ਤੇ ਸਖ਼ਤੀ ਨਾਲ ਰੋਕ ਲਗਾਈ ਜਾਵੇ ਅਤੇ ਦੁਕਾਨਦਾਰ ਵੀ ਇਸ ਦੀ ਵਿਕਰੀ ਨਾ ਕਰੇ। ਦੂਜੇ ਮਤੇ ਰਾਹੀਂ ਮਾਛੀਵਾੜਾ ਸ਼ਹਿਰ ਵਿਚ ਬਿਜਲੀ ਦੇ ਕੇਬਲ ਤਾਰਾਂ ਜੋ ਬੇਤਰਤੀਬੇ ਢੰਗ ਨਾਲ ਲਟਕ ਰਹੀਆਂ ਹਨ, ਉਨ੍ਹਾਂ ਨੂੰ ਸਹੀ ਤਰੀਕੇ ਨਾਲ ਪਾਵਰਕੌਮ ਲਈ ਐੱਸ.ਡੀ.ਐੱਮ ਸਮਰਾਲਾ ਨੂੰ ਪੱਤਰ ਲਿਖਿਆ ਜਾਵੇਗਾ। ਤੀਜੇ ਮਤੇ ਵਿਚ ਫਰੰਟ ਵਲੋਂ ਪ੍ਰਦੂਸ਼ਣ ਸਬੰਧੀ ਗੰਭੀਰ ਚਰਚਾ ਉਪਰੰਤ ਫੈਸਲਾ ਕੀਤਾ ਗਿਆ ਕਿ ਇਸ ਸਬੰਧੀ 9 ਦਸੰਬਰ ਨੂੰ ਸਮਰਾਲਾ ਐੱਸ ਡੀ ਐੱਮ ਸਮਰਾਲਾ ਨੂੰ ਜਾਣੂ ਕਰਵਾਇਆ ਜਾਵੇਗਾ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਹਰਜਿੰਦਰ ਸਿੰਘ ਗਿੱਲ, ਬਖਸ਼ੀ ਰਾਮ, ਸੁਖਵਿੰਦਰ ਸਿੰਘ, ਜਗਮੋਹਨ ਸਿੰਘ, ਪ੍ਰੈੱਸ ਸਕੱਤਰ ਸੁਭਾਸ਼ ਚੰਦਰ, ਸੁਰਿੰਦਰ ਸਿੰਘ, ਬਹਾਦਰ ਸਿੰਘ, ਕੇਵਲ ਸਿੰਘ ਹੇੜੋਂ ਬੇਟ, ਰਾਜਿੰਦਰ ਸਿੰਘ ਸਮਰਾਲਾ, ਜਗੀਰ ਸਿੰਘ ਕੋਹੀਆਣਾ, ਸਵਰਨ ਸਿੰਘ, ਸੋਮ ਸਿੰਘ ਵੀ ਮੌਜੂਦ ਸਨ।

## 480 ਨਸ਼ੇ ਦੀਆਂ ਗੋਲੀਆਂ ਸਮੇਤ ਗ੍ਰਿਫਤਾਰ

ਸ੍ਰੀ ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਬਸੀ ਪਠਾਣਾਂ ਸਿਟੀ ਚੌਕੀ ਦੀ ਪੁਲਸ ਵੱਲੋਂ ਇੱਕ ਵਿਅਕਤੀ ਨੂੰ 480 ਨਸ਼ੇ ਦੀਆਂ ਗੋਲੀਆਂ ਸਮੇਤ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪੁਲਸ ਤੋਂ ਮਿਲੀ ਜਾਣਕਾਰੀ ਅਨੁਸਾਰ ਬੀਤੀ ਸ਼ਾਮ ਬਸੀ ਪਠਾਣਾਂ ਸਿਟੀ ਚੌਕੀ ਦੀ ਇੱਕ ਪੁਲਸ ਪਾਰਟੀ ਬਸੀ ਪਠਾਣਾਂ ਦੇ ਬਾਈਪਾਸ 'ਤੇ ਚੈਕਿੰਗ ਕਰ ਰਹੀ ਸੀ ਤਾਂ ਸ਼ਾਮ ਕਰੀਬ 7 ਵਜੇ ਜਥਲੇੜੀ ਵਾਲੇ ਪਾਸਿਓਂ ਤੋਂ ਪੈਦਲ ਤੁਰਿਆ ਆ ਰਿਹਾ ਇੱਕ ਵਿਅਕਤੀ ਪੁਲਸ ਕਰਮਚਾਰੀਆਂ ਨੂੰ ਸਾਹਮਣੇ ਖੜ੍ਹਾ ਦੇਖ ਇਕਦਮ ਘਬਰਾ ਕੇ ਪਿੱਛੇ ਪਰਤ ਕੇ ਭੱਜਣ ਲੱਗਾ ਜਿਸ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕਰਕੇ ਪੁਲਸ ਕਰਮਚਾਰੀਆਂ ਵੱਲੋਂ ਉਸ ਦਾ ਨਾਂ ਪਤਾ ਪੁੱਛਿਆ ਗਿਆ ਤਾਂ ਉਸ ਨੇ ਆਪਣੀ ਪਹਿਚਾਣ ਗੁਰਸੇਵਕ ਸਿੰਘ ਉਰਫ ਬਾਬਾ ਵਾਸੀ ਪਿੰਡ ਦੁਗਰੀ ਵਜੋਂ ਦੱਸੀ।ਬਸੀ ਪਠਾਣਾਂ ਸਿਟੀ ਚੌਕੀ ਦੇ ਇੰਚਾਰਜ ਸਹਾਇਕ ਥਾਣੇਦਾਰ ਜਗਦੀਪ ਸਿੰਘ ਵੱਲੋਂ ਲਈ ਗਈ ਤਲਾਸ਼ੀ ਦੌਰਾਨ ਉਕਤ ਵਿਅਕਤੀ ਦੇ ਕਬਜ਼ੇ ਵਾਲੇ ਮੋਮੀ ਲਿਫਾਫੇ 'ਚੋਂ 480 ਗੋਲੀਆਂ ਐਲਪ੍ਰਾਜ਼ੋਲਮ ਐਕਸਟੈਂਡਡ ਬਰਾਮਦ ਹੋਈਆਂ।ਇਸ ਸਬੰਧੀ ਥਾਣਾ ਬਸੀ ਪਠਾਣਾਂ ਵਿਖੇ ਦਰਜ ਕਰਵਾਏ ਗਏ ਮੁਕੱਦਮੇ 'ਚ ਗੁਰਸੇਵਕ ਸਿੰਘ ਉਰਫ ਬਾਬਾ ਨੂੰ ਗ੍ਰਿਫ਼ਤਾਰ ਕਰਕੇ ਚੌਕੀ ਇੰਚਾਰਜ ਜਗਦੀਪ ਸਿੰਘ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

## ਹਰਨਰਿੰਦਰ ਸ਼ੇਰਗਿੱਲ ਮਾਛੀਵਾੜਾ ਨਗਰ ਕੌਂਸਲ ਦੇ ਨਵੇਂ ਈ.ਓ. ਨਿਯੁਕਤ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਅੱਜ ਨਗਰ ਕੌਂਸਲ ਮਾਛੀਵਾੜਾ ਸਾਹਿਬ ਵਿਖੇ ਸਥਾਨਕ ਸਰਕਾਰਾਂ ਵਿਭਾਗ ਵਲੋਂ ਹਰਨਰਿੰਦਰ ਸਿੰਘ ਸ਼ੇਰਗਿੱਲ ਨੂੰ ਨਵੇਂ ਕਾਰਜ ਸਾਧਕ ਅਫਸਰ ਵਜੋਂ ਨਿਯੁਕਤ ਕਰ ਦਿੱਤਾ ਗਿਆ ਹੈ। ਨਵ-ਨਿਯੁਕਤ ਹਰਨਰਿੰਦਰ ਸਿੰਘ ਸ਼ੇਰਗਿੱਲ ਨੇ ਅੱਜ ਆਪਣਾ ਅਹੁਦਾ ਸੰਭਾਲ ਲਿਆ ਜਿੱਥੇ ਕੌਂਸਲ ਸਟਾਫ ਨੇ ਉਨ੍ਹਾਂ ਦਾ ਸਵਾਗਤ ਕੀਤਾ। ਸ਼ੇਰਗਿੱਲ ਪਹਿਲਾਂ ਵੀ ਕਾਰਜ ਸਾਧਕ ਅਫ਼ਸਰ ਵਜੋਂ ਆਪਣੀਆਂ ਸੇਵਾਵਾਂ ਨਿਭਾਅ ਚੁੱਕੇ ਹਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਮਾਛੀਵਾੜਾ ਸ਼ਹਿਰ ਦਾ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨਾ ਉਨ੍ਹਾਂ ਦਾ ਮੁੱਖ ਉਦੇਸ਼ ਹੋਵੇਗਾ। ਇਸ ਮੌਕੇ 'ਆਪ' ਆਗੂ ਸੁਖਵਿੰਦਰ ਸਿੰਘ ਗਿੱਲ, ਸਾਬਕਾ ਕੌਂਸਲਰ ਕਪਿਲ ਆਨੰਦ, ਐੱਸ.ਸੀ. ਦੇ ਚੇਅਰਮੈਨ ਧਰਮਵੀਰ ਸਿੰਘ ਧੰਮੀ, ਪ੍ਰਵੀਨ ਮੱਕੜ, ਰਿਤੂ ਮੱਕੜ, ਲੇਖਾਕਾਰ ਸੰਜੀਵ ਕੁਮਾਰ, ਇੰਸਪੈਕਟਰ ਸੁਖਵਿੰਦਰ ਸਿੰਘ, ਸੈਨੇਟਰੀ ਇੰਸਪੈਕਟਰ ਸੁਖਦੇਵ ਸਿੰਘ ਬਿੱਟੂ ਜੂਨੀਅਰ ਸਹਾਇਕ ਰਾਜ ਕੁਮਾਰ, ਰਾਹੁਲ ਜੈਨ, ਕਲਰਕ ਭੁਪਿੰਦਰ ਸਿੰਘ, ਦੀਪਕ ਸ਼ਰਮਾ, ਕਾਜਲ ਕਿਰਨ, ਹਰਵਿੰਦਰ ਕੌਰ, ਮਨੋਜ ਕੁਮਾਰ, ਕੰਪਿਊਟਰ ਆਪਰੇਟਰ ਗੁਰਵਿੰਦਰ ਸਿੰਘ ਗਰੀਮਾ, ਮੇਜਰ ਸਿੰਘ, ਜਗਦੇਵ ਸਿੰਘ, ਲਾਭ ਸਿੰਘ, ਜਸਵੀਰ ਸਿੰਘ, ਚੇਤਨ ਸ਼ਾਮਿਲ ਸਨ।

## ਬਾਬਾ ਫਰੀਦ ਲਾਅ ਕਾਲਜ ਦੇ ਐਨ ਸੀ ਸੀ ਕੈਡਿਟਸ ਨੇ ਮਨਾਇਆ ਰਾਸ਼ਟਰੀ ਪ੍ਰਦੂਸ਼ਣ ਦਿਵਸ



ਫਿਰੋਜ਼ਪੁਰ (ਰਛਪਾਲ ਭੁੱਲਰ)-ਬਾਬਾ ਫਰੀਦ ਲਾਅ ਕਾਲਜ ਫਰੀਦਕੋਟ ਵੱਲੋਂ ਚੇਅਰਮੈਨ ਸਵ. ਇੰਦਰਜੀਤ ਸਿੰਘ ਖਾਲਸਾ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਅਤੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਦੀ ਅਗਵਾਈ ਹੇਠ 13 ਪੰਜਾਬ ਬਟਾਲੀਅਨ ਐੱਨ.ਸੀ.ਸੀ., ਫਿਰੋਜ਼ਪੁਰ ਕੈਂਟ ਦੇ ਨਿਰਦੇਸ਼ਾਂ ਅਨੁਸਾਰ ਐਨ.ਸੀ.ਸੀ. ਕੈਡਿਟਸ ਵੱਲੋਂ ਰਾਸ਼ਟਰੀ ਪ੍ਰਦੂਸ਼ਣ ਦਿਵਸ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਨੇ ਕੈਡਿਟਸ ਨੂੰ 1984 ਵਿੱਚ ਭੋਪਾਲ ਗੈਸ ਤ੍ਰੈਜਡੀ ਬਾਰੇ ਦੱਸਦਿਆਂ ਕਿਹਾ ਕਿ ਇਸ ਘਟਨਾ ਨਾਲ ਵਾਤਾਵਰਣ ਉੱਪਰ ਬਹੁਤ ਮੰਦਾ ਪ੍ਰਭਾਵ ਪਿਆ ਸੀ। ਇਸ ਲਈ ਵਾਤਾਵਰਣ ਪ੍ਰਤੀ ਜਾਗਰੂਕਤਾ ਵਧਾਉਣ ਲਈ 13 ਪੰਜਾਬ ਬਟਾਲੀਅਨ ਐੱਨ.ਸੀ.ਸੀ ਦੇ ਨਿਰਦੇਸ਼ਾਂ ਅਨੁਸਾਰ ਰਾਸ਼ਟਰੀ ਪ੍ਰਦੂਸ਼ਣ ਦਿਵਸ ਮਨਾਇਆ ਗਿਆ ਹੈ। ਇਸ ਮੌਕੇ ਐਨ.ਸੀ.ਸੀ. ਦੇ ਸੀ.ਟੀ.ਓ. ਮਨਿੰਦਰ ਸਿੰਘ ਨੇ ਦੱਸਿਆ ਕਿ ਰਾਸ਼ਟਰੀ ਪ੍ਰਦੂਸ਼ਣ ਦਿਵਸ ਮੌਕੇ ਕੈਡਿਟਸ ਵੱਲੋਂ ਕਵਿਤਾ ਪ੍ਰਤੀਯੋਗਤਾ ਕਰਵਾਈ ਗਈ ਅਤੇ ਨਿਆਂ ਦੀ ਦੇਵੀ ਦੀ ਮੂਰਤੀ ਕੋਲ ਬਣੇ ਪਾਣੀ ਦੇ ਸ੍ਰੋਤ ਦੀ ਸਾਫ ਸਫਾਈ ਵੀ ਕੀਤੀ ਗਈ।


## ਰੇਲ ਗੱਡੀ ਦੇ ਬਾਥਰੂਮ 'ਚੋਂ ਮਿਲੀ ਅਣਪਛਾਤੀ ਲਾਸ਼

ਨਾਭਾ (ਵਰਿੰਦਰ ਵਰਮਾ)- ਨਾਭਾ ਦੇ ਰੇਲਵੇ ਸਟੇਸ਼ਨ 'ਤੇ ਫਾਜ਼ਲਿਕਾ ਤੋਂ ਦਿੱਲੀ ਜਾਣ ਵਾਲੇ ਇੰਟਰਸਿਟੀ ਰੇਲ ਗੱਡੀ ਜੋ ਨਾਭਾ ਰੇਲਵੇ ਸਟੇਸ਼ਨ 'ਤੇ ਰੁਕਦੀ ਹੈ, ਉਸ ਦੇ ਬਾਥਰੂਮ ਵਿੱਚੋਂ 25 ਸਾਲ ਦੇ ਕਰੀਬ ਉਮਰ ਦੀ ਅਣਪਛਾਤੀ ਨੌਜਵਾਨ ਕੁੜੀ ਦੀ ਲਾਸ਼ ਡੀ 3 ਕੋਚ ਵਿੱਚੋਂ ਮਿਲਣ ਕਾਰਨ ਯਾਤਰੀਆਂ ਅਤੇ ਰੇਲਵੇ ਸਟੇਸ਼ਨ ਨਾਭਾ 'ਤੇ ਦਹਿਸ਼ਤ ਦਾ ਮਾਹੌਲ ਬਣ ਗਿਆ। ਮੌਕੇ 'ਤੇ ਪਹੁੰਚੇ ਡੀ ਐਸ ਪੀ ਜੀ ਆਰ ਪੀ ਜਗਮੋਹਨ ਸਿੰਘ ਸੋਹੀ ਨੇ ਦੱਸਿਆ ਕਿ ਕੁੜੀ ਦੇ ਸਿਰ ਉੱਪਰ ਡੂੰਘਾ ਨਿਸ਼ਾਨ ਹੈ, ਜਿਵੇਂ ਕਿਸੇ ਵੱਲੋਂ ਹਮਲਾ ਕੀਤਾ ਗਿਆ ਹੋਵੇ। ਸੋਹੀ ਮੁਤਾਬਕ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਚੈੱਕ ਕੀਤੀ ਜਾਵੇਗੀ, ਕਿਸੇ ਯਾਤਰੀ ਵੱਲੋਂ ਕੰਟਰੋਲ ਰੂਮ 'ਤੇ ਫੋਨ ਕੀਤੇ ਜਾਣ ਉਪਰੰਤ ਲਾਸ਼ ਨੂੰ ਨਾਭਾ ਦੇ ਰੇਲਵੇ ਸਟੇਸ਼ਨ 'ਤੇ ਉਤਾਰਿਆ ਗਿਆ ਹੈ। ਕੁੜੀ ਦੀ ਸੱਜੀ ਬਾਂਹ 'ਤੇ ਮਹਾਜਨ ਲਿਖਿਆ ਹੋਇਆ ਤੇ ਕੱਪੜੇ ਨਾਲ ਹਨ। ਲੇਡੀਜ਼ ਪੁਲਸ ਵੱਲੋਂ ਤਲਾਸ਼ੀ ਲੈਣ ਦੇ ਬਾਵਜੂਦ ਉਸ ਦੀ ਜੇਬ ਵਿੱਚੋਂ ਕੋਈ ਵੀ ਕਾਗਜ਼ ਪੱਤਰ ਜਾਂ ਟਿਕਟ ਨਹੀਂ ਨਿਕਲੀ। ਇਸ ਗੱਲ ਦੀ ਪੜਤਾਲ ਕੀਤੀ ਜਾ ਰਹੀ ਹੈ ਕਿ ਉਸ ਦੇ ਨਾਲ ਕੌਣ ਸੀ, ਇਸ ਸਬੰਧੀ ਡਿਫੈਂਸਿੰਗ ਟੀਮ ਵੀ ਪੜਤਾਲ ਕਰੇਗੀ।

## ਵਿਸ਼ਾਲ ਸ਼ੋਭਾ ਯਾਤਰਾ 12 ਨੂੰ

ਸਮਾਣਾ (ਗੁਰਪਿਆਰ ਸਿੰਘ ਬੱਲ)-ਸਥਾਨਕ ਨੇੜਲੇ ਪਿੰਡ ਵੇਅ ਆਫ ਫੇਥ ਚਰਚ ਰੇਤਗੜ੍ਹ ਦੇ ਮੁਖੀ ਪਾਸਟਰ ਗੁਰਚਰਨ ਸਿੰਘ ਰੇਤਗੜ੍ਹ ਵੱਲੋਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ 12 ਦਸੰਬਰ ਨੂੰ ਪ੍ਰਭੂ ਯਿਸੂ ਮਸੀਹ ਦੇ ਜਨਮ ਦਿਵਸ ਦੀ ਖੁਸ਼ੀ ਵਜੋਂ ਪੂਰੇ ਸਮਾਣਾ ਸ਼ਹਿਰ ਵਿੱਚ ਇੱਕ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾਵੇਗੀ। ਉਨ੍ਹਾ ਦੱਸਿਆ ਕਿ ਪੂਰੀ ਦੁਨੀਆ ਭਰ ਵਿੱਚ ਪ੍ਰਭੂ ਯਿਸੂ ਮਸੀਹ ਜੀ ਦਾ ਜਨਮ ਦਿਨ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਪ੍ਰਭੂ ਯਿਸੂ ਸਾਡੇ ਲਈ ਇਸ ਦੁਨੀਆ 'ਚ ਆਏ ਅਤੇ ਸਾਡੇ ਲਈ ਸੂਲੀ ਉਪਰ ਕੁਰਬਾਨ ਹੋਏ, ਇਸ ਲਈ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਉਨ੍ਹਾ ਦਾ ਜਨਮ ਦਿਨ ਨੂੰ ਸ਼ਰਧਾਪੂਰਵਕ ਅਤੇ ਯਾਦਗਾਰ ਬਣਾਈਏ। ਇਸ ਮੌਕੇ ਉਨ੍ਹਾ ਅੱਜ ਦੇ ਹਲਾਤ ਬਾਰੇ ਗੱਲ ਕਰਦਿਆਂ ਕਿਹਾ ਕਿ ਅੱਜ ਦੇ ਕੁੱਝ ਕ ਝੂਠੇ ਪਾਸਟਰਾਂ ਵੱਲੋਂ ਬਾਈਬਲ ਦੇ ਵਚਨ ਦਾ ਗਲਤ ਪ੍ਰਚਾਰ ਕਰਕੇ ਲੋਕਾਂ ਨੂੰ ਭਰਮਾਇਆ ਜਾ ਰਿਹਾ ਹੈ, ਜਿਸ ਕਾਰਨ ਈਸਾਈ ਭਾਈਚਾਰੇ ਵਿੱਚ ਗਲਤ ਸੰਦੇਸ਼ ਜਾ ਰਿਹਾ ਹੈ। ਬਹੁਤ ਸਾਰੇ ਝੂਠੇ ਪ੍ਰਚਾਰਕ ਸਾਡੇ ਲੋਕਾਂ ਵਿੱਚ ਫੁੱਟ ਪਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਲੇਕਿਨ ਈਸਾਈ ਧਰਮ ਨੂੰ ਤੋੜਿਆ ਨਹੀਂ ਜਾ ਸਕਦਾ। ਇਸ ਮੌਕੇ ਰੇਤਗੜ੍ਹ ਚਰਚ ਦੀ ਪੂਰੀ ਟੀਮ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਕਿਸਾਨਾਂ ਤੇ ਮਜ਼ਦੂਰਾਂ ਦਾ ਕਾਫਲਾ ਭਲਕੇ ਘੱਤੇਗਾ ਸ਼ੰਭੂ ਬਾਰਡਰ ਨੂੰ ਵਹੀਰਾਂ : ਲਲਤੋਂ, ਸਵੱਦੀ, ਤਲਵੰਡੀ




ਚੌਂਕੀਮਾਨ (ਬਲਬੀਰ ਮਾਨ)-ਦਿੱਲੀ ਮੋਰਚਾ -2 ਵਾਲੇ ਸਾਂਝਾ ਫੋਰਮ ਦੇ ਸੱਦੇ ਦੀ ਰੋਸ਼ਨੀ ਵਿੱਚ ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੀ ਵਿਸ਼ਾਲ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਦੀ ਅਗਵਾਈ ਹੇਠ ਕੀਤੀ ਗਈ, ਜਿਸ ਵਿੱਚ ਜ਼ਿਲ੍ਹਾ ਕਾਰਜਕਾਰੀ ਕਮੇਟੀ ਤੋਂ ਇਲਾਵਾ ਵੱਖ-ਵੱਖ ਇਕਾਈਆਂ ਦੇ ਅਹੁਦੇਦਾਰ ਤੇ ਵਰਕਰ ਸ਼ਾਮਿਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਆਗੂਆਂ ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ, ਮੀਤ ਪ੍ਰਧਾਨ ਬਲਜੀਤ ਸਿੰਘ ਸਵੱਦੀ, ਜ਼ਿਲ੍ਹਾ ਖਜ਼ਾਨਚੀ ਅਮਰੀਕ ਸਿੰਘ ਤਲਵੰਡੀ, ਡਾ. ਗੁਰਮੇਲ ਸਿੰਘ ਕੁਲਾਰ, ਜਰਨੈਲ ਸਿੰਘ ਮੁੱਲਾਂਪੁਰ, ਗੁਰਦੇਵ ਸਿੰਘ ਮੁੱਲਾਂਪੁਰ, ਗੁਰਸੇਵਕ ਸਿੰਘ ਸੋਨੀ ਸਵੱਦੀ ਨੇ ਵਰਨਣ ਕੀਤਾ ਕਿ ਕੇਂਦਰ ਦੀ ਫਾਸ਼ੀ ਤੇ ਜ਼ਾਲਮ ਮੋਦੀ- ਸ਼ਾਹ ਹਕੂਮਤ ਦੇ ਇਸ਼ਾਰੇ 'ਤੇ ਪੰਜਾਬ ਦੀ ਧੋਖੇਬਾਜ਼ ਭਗਵੰਤ ਮਾਨ ਸਰਕਾਰ ਦੀ ਜਾਬਰ ਪੰਜਾਬ ਪੁਲਸ ਨੇ ਜਿਸ ਤਰ੍ਹਾਂ ਮਰਨ ਵਰਤ ਤੋਂ ਪਹਿਲਾਂ ਵੱਡੇ ਤੜਕੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਨੰਗੇ ਸਿਰ, ਨੰਗੇ ਧੜ ਤੇ ਨੰਗੇ ਪੈਰ ਧੱਕੇ ਮਾਰ ਕੇ ਤੇ ਧੂਹ- ਘੜੀਸ ਕਰਕੇ ਬੇਅਦਬੀ ਤੇ ਬੁਰਛਾਗਰਦੀ ਨਾਲ ਚੁੱਕਿਆ, ਇਸ ਵਿੱਚੋਂ ਭਗਵੰਤ ਮਾਨ ਦਾ ਕਿਸਾਨ ਵਿਰੋਧੀ ਚਿਹਰਾ ਅਤੇ ਕਿਰਦਾਰ ਬੁਰੀ ਤਰ੍ਹਾਂ ਨੰਗਾ ਹੋ ਗਿਆ ਹੈ। ਦੂਜੇ ਪਾਸੇ ਉਸੇ ਦਿਨ ਖਨੌਰੀ ਬਾਰਡਰ 'ਤੇ ਹੋਇਆ ਠਾਠਾਂ ਮਾਰਦਾ ਇਕੱਠ, ਉਸੇ ਸਮੇਂ ਕਿਸਾਨ ਆਗੂ ਸੁਖਜੀਤ ਸਿੰਘ ਹਰਦੋਝੰਡੇ ਵੱਲੋਂ ਮਰਨ ਵਰਤ ਦਾ ਆਰੰਭ ਤੇ ਡੱਲੇਵਾਲ ਵੱਲੋਂ ਡੀ.ਐਮ.ਸੀ. ਹਸਪਤਾਲ 'ਚ ਮਰਨ ਵਰਤ ਜਾਰੀ ਰੱਖਣਾ ਦਰਸਾਉਂਦਾ ਹੈ ਕਿ ਹੱਕੀ ਕਿਸਾਨ - ਮਜ਼ਦੂਰ ਲਹਿਰ ਨੂੰ ਜਬਰ-ਤਸ਼ੱਦਦ ਨਾਲ ਕਦਾਚਿੱਤ ਵੀ ਦਬਾਇਆ ਨਹੀਂ ਜਾ ਸਕਦਾ, ਬਲਕਿ ਹੋਰ ਵੀ ਪ੍ਰਚੰਡ ਤੇ ਵਿਸ਼ਾਲ ਹੋਵੇਗੀ। ਆਗੂਆਂ ਇੱਕ ਮੱਤ ਹੋ ਕੇ ਐਲਾਨ ਕੀਤੇ ਕਿ ਦਿੱਲੀ ਮੋਰਚਾ -2 ਵਾਲੇ ਸਾਂਝਾ ਫੋਰਮ ਦੇ ਸੱਦੇ 'ਤੇ ਜਥੇਬੰਦੀ ਵੱਲੋਂ ਸ਼ੰਭੂ ਬਾਰਡਰ ਮੋਰਚਾ ਲਈ 6 ਦਸੰਬਰ ਨੂੰ ਵੱਡਾ ਕਾਫਲਾ ਪੂਰੇ ਜੋਸ਼- ਖਰੋਸ਼ ਨਾਲ ਚੌਂਕੀਮਾਨ ਟੋਲ ਪਲਾਜ਼ਾ ਤੋਂ ਵਹੀਰਾਂ ਘੱਤੇਗਾ। ਜਿਸ ਦੀ ਤਿਆਰੀ ਮੁਹਿੰਮ ਵਜੋਂ ਪਿੰਡ- ਪਿੰਡ ਵੱਡੀਆਂ ਮੀਟਿੰਗਾਂ/ ਰੈਲੀਆਂ ਕੀਤੀਆਂ ਜਾਣਗੀਆਂ।ਅੱਜ ਦੀ ਮੀਟਿੰਗ ਉਪਰੰਤ ਕੌਮੀ ਮਾਰਗ ਨੰ. 5 (ਲੁਧਿਆਣਾ -ਫਿਰੋਜ਼ਪੁਰ ਮਾਰਗ ) ਉੱਪਰ ਚੌਂਕੀਮਾਨ ਟੋਲ ਪਲਾਜ਼ਾ ਮੂਹਰੇ ਜਗਜੀਤ ਸਿੰਘ ਡੱਲੇਵਾਲ ਦੀ ਰਿਹਾਈ ਰੂਪੀ ਜਿੱਤ ਨੂੰ ਬੁਲੰਦ ਕਰਨ ਲਈ ਅਤੇ ਦਿੱਲੀ ਮੋਰਚਾ -2 ਦੀਆਂ 12 ਮੰਗਾਂ ਦੀ ਪੂਰਤੀ ਲਈ ਕੇਂਦਰ ਸਰਕਾਰ ਨੂੰ ਫੌਰੀ ਵਾਰਤਾਲਾਪ ਆਰੰਭ ਕਰਨ ਦੀ ਚੇਤਾਵਨੀ ਦੇਣ ਲਈ, ਹੱਕੀ ਆਵਾਜ਼ ਬੁਲੰਦ ਕਰਨ ਵਾਸਤੇ ਰੋਹ ਭਰਪੂਰ ਮੁਜ਼ਾਹਰਾ ਕੀਤਾ ਗਿਆ। ਅੱਜ ਦੀ ਮੀਟਿੰਗ ਤੇ ਮੁਜ਼ਾਹਰੇ 'ਚ ਹੋਰਨਾਂ ਤੋਂ ਇਲਾਵਾ ਜਸਵੰਤ ਸਿੰਘ ਮਾਨ, ਗੁਰਦੀਪ ਸਿੰਘ ਸਵੱਦੀ, ਹਰਪਾਲ ਸਿੰਘ ਸਵੱਦੀ, ਸੋਹਣ ਸਿੰਘ ਸਵੱਦੀ, ਨਿਰਭੈ ਸਿੰਘ ਤਲਵੰਡੀ, ਮਲਕੀਤ ਸਿੰਘ ਤਲਵੰਡੀ, ਗੁਰਪਾਲ ਸਿੰਘ ਤਲਵੰਡੀ, ਬਲਦੇਵ ਸਿੰਘ ਪੰਡੋਰੀ, ਗੁਰਦੀਪ ਸਿੰਘ ਮੁੰਡਿਆਣੀ, ਗੁਰਚਰਨ ਸਿੰਘ ਢੱਟ, ਹੁਸ਼ਿਆਰ ਸਿੰਘ ਐਤੀਆਣਾ, ਹਰੀ ਸਿੰਘ ਚਚਰਾੜੀ ਆਦਿ ਉਚੇਚੇ ਤੌਰ 'ਤੇ ਹਾਜ਼ਰ ਹੋਏ।

## ਸ਼ਹੀਦ ਸਾਡੀ ਕੌਮ ਦਾ ਸਰਮਾਇਆ : ਸੰਧਵਾਂ

ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ) - ਸ਼ਹੀਦ ਸਾਡੀ ਕੌਮ ਦਾ ਸਰਮਾਇਆ ਹੁੰਦੇ ਹਨ ਅਤੇ ਉਨ੍ਹਾਂ ਦੀਆਂ ਲਾਸਾਨੀ ਕੁਰਬਾਨੀਆਂ ਕਾਰਨ ਹੀ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਪਿੰਡ ਮੱਲੇਵਾਲਾ ਵਿਖੇ ਸ਼ਹੀਦ ਨੈਬ ਸਿੰਘ ਗਿੱਲ (ਵੀਰ ਚੱਕਰ ਵਿਜੇਤਾ) ਹਿੰਦ-ਪਾਕਿ ਯੁੱਧ ਸਾਲ 1971 ਦੇ 53ਵਾਂ ਸ਼ਹੀਦੀ ਦਿਵਸ ਬੈਕੁੰਠ ਵਾਸੀ ਸੰਤ ਬਾਬਾ ਕਰਨੈਲ ਦਾਸ ਦੀ 14ਵੀਂ ਸਾਲਾਨਾ ਬਰਸੀ ਵਿੱਚ ਸ਼ਿਰਕਤ ਕਰਨ ਮੌਕੇ ਕੀਤਾ। ਇਸ ਮੌਕੇ ਸਪੀਕਰ ਸੰਧਵਾਂ ਨੇ ਕਿਹਾ ਕਿ ਪੰਜਾਬ ਦਾ ਇਤਿਹਾਸ ਹੀ ਪੰਜਾਬੀਆਂ ਦੇ ਬਲੀਦਾਨ ਕਰਕੇ ਜਾਣਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਾਸੀ ਕਦੇ ਵੀ ਇਨ੍ਹਾਂ ਦੀ ਕੁਰਬਾਨੀ ਨੂੰ ਅੱਖੋਂ ਪਰੋਖੇ ਨਹੀਂ ਕਰ ਸਕਦੇ। ਸ਼ਹੀਦ ਨੈਬ ਸਿੰਘ ਗਿੱਲ (ਵੀਰ ਚੱਕਰ ਵਿਜੇਤਾ) ਹਿੰਦ-ਪਾਕਿ ਯੁੱਧ 1971 ਦੇ ਦੌਰਾਨ ਪੁੰਛ ਸੈਕਟਰ ਵਿੱਚ ਦੁਸ਼ਮਣਾਂ ਨਾਲ ਲੋਹਾ ਲੈਂਦਿਆਂ 4 ਦਸੰਬਰ 1971 ਦੀ ਰਾਤ ਨੂੰ ਸ਼ਹੀਦੀ ਪ੍ਰਾਪਤ ਕਰ ਗਏ ਸਨ ਪਰ ਦੁਸ਼ਮਣ ਨੂੰ ਅੱਗੇ ਨਹੀਂ ਵਧਣ ਦਿੱਤਾ। ਉਨ੍ਹਾਂ ਦੇ ਸੂਰਬੀਰਤਾ ਭਰੇ ਹੌਸਲੇ ਨੂੰ ਦੇਖਦੇ ਹੋਏ ਭਾਰਤ ਸਰਕਾਰ ਵੱਲੋਂ ਉਨ੍ਹਾਂ ਦੀ ਸ਼ਹਾਦਤ ਤੋਂ ਬਾਅਦ ਵੀਰ ਚੱਕਰ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਨਪ੍ਰੀਤ ਸਿੰਘ ਮਨੀ ਧਾਲੀਵਾਲ, ਸੰਤ ਬਾਬਾ ਮਹਿੰਦਰ ਦਾਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਸਮੂਹ ਸਿਆਸੀ ਪਾਰਟੀਆਂ ਤੇ ਪੰਜਾਬ ਦੀ ਕਿਸਾਨੀ, ਜਵਾਨੀ ਤੇ ਪੰਜਾਬ ਦੇ ਪਾਣੀ ਲਈ ਇਕਜੁੱਟ ਹੋਵੇ : ਮਹੇਸ਼ਰੀ



ਮੋਗਾ (ਇਕਬਾਲ ਸਿੰਘ ਖਹਿਰਾ)- ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੂਬਾ ਮੀਤ ਪ੍ਰਧਾਨ ਭੁਪਿੰਦਰ ਸਿੰਘ ਮਹੇਸ਼ਰੀ ਤੇ ਜ਼ਿਲ੍ਹਾ ਮੀਤ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਪੰਜਾਬ ਦੀ ਕਿਸਾਨੀ ਤੇ ਜਵਾਨੀ ਨੂੰ ਬਚਾਉਣ ਲਈ ਅਤੇ ਕਾਲੇ ਪਾਣੀਆਂ ਦੇ ਲੱਗੇ ਮੋਰਚੇ ਨੂੰ ਸਫਲ ਬਣਾਉਣ ਲਈ ਸਮੂਹ ਰਾਜਨੀਤਕ ਪਾਰਟੀਆਂ ਤੇ ਕਿਸਾਨ ਜਥੇਬੰਦੀਆਂ ਆਪੋ ਆਪਣਾ ਨਿੱਜ ਛੱਡ ਕੇ ਪੰਜਾਬ ਦੇ ਭਲੇ ਲਈ ਇਕਜੁੱਟ ਹੋਵੋ ਤਾਂ ਜੋ ਅਸੀਂ ਕੇਂਦਰ ਤੇ ਸੂਬਿਆਂ ਦੀਆਂ ਸਰਕਾਰਾਂ ਨੂੰ ਦੱਸ ਸਕੀਏ ਕਿ ਜਦੋਂ ਪੰਜਾਬ ਦੀ ਕਿਸਾਨੀ, ਜਵਾਨੀ ਤੇ ਪਾਣੀਆਂ ਦੇ ਉੱਪਰ ਕੋਈ ਮਾੜੀ ਨਿਗ੍ਹਾ ਜਾਂ ਪੰਜਾਬ ਦੇ ਪਾਣੀਆਂ ਨੂੰ ਗੰਧਲਾ ਕਰਨ ਦੀ ਕੋਸ਼ਿਸ਼ ਕਰੇਗਾ ਤਾਂ ਪੰਜਾਬ ਵਾਸੀ ਉਸ ਨੂੰ ਬਖਸ਼ਣਗੇ ਨਹੀਂ ਸਗੋਂ ਉਸ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ ਤੇ ਵੱਡਾ ਸੰਘਰਸ਼ ਲੜਿਆ ਜਾਵੇਗਾ। ਅਸੀਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਸਮੂਹ ਕਿਸਾਨ ਜਥੇਬੰਦੀਆਂ ਤੇ ਰਾਜਨੀਤਿਕ ਪਾਰਟੀਆਂ ਨੂੰ ਅਪੀਲ ਕਰਦੇ ਹਾਂ ਕਿ ਆਪਣੀਆਂ ਪਾਰਟੀਆਂ ਜਥੇਬੰਦੀਆਂ ਤੋਂ ਉੱਪਰ ਉੱਠ ਕੇ ਪੰਜਾਬ ਦੇ ਪਾਣੀਆਂ, ਕਿਸਾਨੀ, ਜਵਾਨੀ ਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਇਕਜੁੱਟ ਹੋ ਕੇ ਲੱਗੇ ਹੋਏ ਮੋਰਚਿਆਂ ਦਾ ਸਾਥ ਦਿਓ ਤਾਂ ਜੋ ਪੰਜਾਬ ਨੂੰ ਰੰਗਲਾ ਪੰਜਾਬ ਬਣਾਇਆ ਜਾ ਸਕੇ। ਇਸ ਸਮੇਂ ਸੂਬਾ ਆਗੂ ਗੁਲਜਾਰ ਸਿੰਘ ਘੱਲ ਕਲਾਂ, ਲਖਬੀਰ ਸਿੰਘ ਸਾਬਕਾ ਸਰਪੰਚ ਸੰਧੂਆਣਾ, ਸੀਨੀਅਰ ਆਗੂ ਪਾਲ ਸਿੰਘ ਘੱਲ ਕਲਾਂ, ਸੂਬਾ ਆਗੂ ਹਰਨੇਕ ਸਿੰਘ ਫਤਿਹਗੜ੍ਹ, ਬਲਕਰਨ ਸਿੰਘ ਢਿੱਲੋਂ ਆਦਿ ਹਾਜ਼ਰ ਸਨ।

## ਵਿਭਾਗ ਨਾਲ ਮੀਟਿੰਗ ਰਹੀ ਬੇਸਿੱਟਾ, ਮੋਟੀਵੇਟਰਾਂ ਵੱਲੋਂ 10 ਨੂੰ ਧਰਨੇ ਦਾ ਐਲਾਨ

ਬਰੇਟਾ (ਗੋਬਿੰਦ ਸ਼ਰਮਾ)- ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵਿੱਚ ਬਤੌਰ ਮੋਟੀਵੇਟਰ ਕੰਮ ਕਰ ਰਹੇ ਵਰਕਰਾਂ ਨੇ ਦੁਬਾਰਾ ਫਿਰ ਲੁਧਿਆਣਾ ਵਿਖੇ 10 ਤਰੀਕ ਨੂੰ ਧਰਨੇ ਦਾ ਐਲਾਨ ਕਰ ਦਿੱਤਾ ਹੈ। ਜਾਣਕਾਰੀ ਦਿੰਦਿਆਂ ਸੂਬਾ ਆਗੂ ਰਵਿੰਦਰ ਅਲੀਸ਼ੇਰ ਅਤੇ ਰਣਜੀਤ ਰਾਣਾ ਨੇ ਦੱਸਿਆ ਕਿ ਜਲ ਮੰਤਰੀ ਦੁਆਰਾ ਬੀਤੀ 29 ਨਵੰਬਰ ਨੂੰ ਵਾਟਰ ਦੀ ਪਾਲਿਸੀ ਬਣਾਉਣ ਦਾ ਵਾਅਦਾ ਕਰਕੇ 10 ਦਿਨ ਦਾ ਸਮਾਂ ਮੰਗਿਆ ਗਿਆ ਸੀ ਪ੍ਰੰਤੂ ਕੱਲ੍ਹ ਵਿਭਾਗ ਨਾਲ ਹੋਈ ਮੀਟਿੰਗ ਵਿੱਚ ਵਿਭਾਗ ਮੁੱਖੀ ਦੁਆਰਾ ਆਗੂਆਂ ਨੂੰ ਕੋਈ ਠੋਸ ਜਵਾਬ ਨਹੀਂ ਦਿੱਤਾ ਗਿਆ, ਜਿਸ ਕਾਰਨ ਵਰਕਰਾਂ ਵਿੱਚ ਭਾਰੀ ਰੋਸ ਹੈ, ਜਿਸ ਕਾਰਨ ਯੂਨੀਅਨ ਵੱਲੋਂ ਦੁਬਾਰਾ ਫਿਰ 10 ਦਸੰਬਰ ਨੂੰ ਲੁਧਿਆਣਾ - ਚੰਡੀਗੜ੍ਹ ਵਿਖੇ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕਰ ਦਿੱਤਾ ਹੈ। ਸੂਬਾ ਸਕੱਤਰ ਰਣਵੀਰ ਰਵੀ ਕੁਲਰੀਆਂ ਅਤੇ ਸਤਨਾਮ ਸਿੰਘ ਨੇ ਦੱਸਿਆ ਕੀ ਮੁੱਖ ਮੰਤਰੀ ਪੰਜਾਬ ਦੁਆਰਾ ਲੋਹੜੀ ਤੇ ਕੀਤੇ ਐਲਾਨ ਨੂੰ ਪੂਰਾ ਕਰਨਾ ਦੂਰ ਦੀ ਗੱਲ, ਵਿਭਾਗ ਵੱਲੋਂ ਇਕ ਪਾਲਿਸੀ ਨਹੀਂ ਤਿਆਰ ਕਰ ਸਕਿਆ, ਜਿਸ ਕਾਰਨ ਵਰਕਰਾਂ ਨੂੰ ਲਗਾਤਾਰ ਮੁੱਖ ਮੰਤਰੀ ਅਤੇ ਮੰਤਰੀ ਖਿਲਾਫ ਰੋਸ ਪ੍ਰਦਰਸ਼ਨ ਕਰਨਾ ਪੈ ਰਿਹਾ ਹੈ। ਉਨ੍ਹਾ ਦੱਸਿਆ ਕੀ 10 ਤਰੀਕ ਨੂੰ ਕੋਈ ਵੀ ਗੁਪਤ ਐਕਸ਼ਨ ਪਲਾਨ ਉਲੀਕਿਆ ਜਾ ਸਕਦਾ ਹੈ ।

## 'ਵਰਸਿਟੀ 'ਚ 'ਲਿੰਗ ਭੇਦਭਾਵਾਂ ਦੀ ਸਮਝ : ਇੱਕ ਸਿਹਤਮੰਦ ਸਮਾਜ ਦੀ ਉਸਾਰੀ' ਵਿਸ਼ੇ 'ਤੇ ਸੈਮੀਨਾਰ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਅੰਤਰਰਾਸ਼ਟਰੀ ਪੁਰਸ਼ ਦਿਵਸ ਦੇ ਮੌਕੇ 'ਲਿੰਗ ਭੇਦਭਾਵਾਂ ਦੀ ਸਮਝ: ਇੱਕ ਸਿਹਤਮੰਦ ਸਮਾਜ ਦੀ ਉਸਾਰੀ' ਵਿਸ਼ੇ 'ਤੇ ਵਿਗਿਆਨ ਵਿਭਾਗ ਨੇ ਅੰਤਰਰਾਸ਼ਟਰੀ ਪੁਰਸ਼ ਦਿਵਸ ਮਨਾਉਣ ਲਈ ਇਕ ਸੈਮੀਨਾਰ ਦਾ ਆਯੋਜਨ ਕੀਤਾ। ਇਸ ਸਮਾਗਮ ਵਿੱਚ ਵਿਦਵਾਨਾਂ, ਵਿਦਿਆਰਥੀਆਂ ਅਤੇ ਵਿਸ਼ੇਸ਼ਗਾਂ ਦੀ ਸ਼ਮੂਲੀਅਤ ਨਾਲ ਆਧੁਨਿਕ ਸਮਾਜ ਵਿੱਚ ਮਰਦਾਂ ਦੀ ਭੂਮਿਕਾ ਅਤੇ ਲਿੰਗ ਸਟੀਰੀਓਟਾਈਪਸ ਨੂੰ ਤੋੜਨ ਦੀ ਲੋੜ 'ਤੇ ਚਰਚਾ ਕੀਤੀ ਗਈ। ਸੈਮੀਨਾਰ ਦੀ ਸ਼ੁਰੂਆਤ ਪ੍ਰੋ. ਰਮੇਸ਼ ਅਰੋੜਾ ਡਾਇਰੈਕਟਰ ਇੰਟਰਨਲ ਕੁਆਲਿਟੀ ਐਸ਼ੋਰੈਂਸ ਸੈੱਲ ਨੇ ਸਵਾਗਤੀ ਸ਼ਬਦਾਂ ਨਾਲ ਕੀਤੀ, ਜਿਸ ਵਿੱਚ ਉਨ੍ਹਾਂ ਨੇ ਸਮਾਜਿਕ ਰੁਕਾਵਟਾਂ ਨੂੰ ਤੋੜਨ ਅਤੇ ਲਿੰਗ ਸਮਰਥਨ ਲਈ ਸਮਾਜਿਕ ਅਵਾਜ਼ ਉਠਾਉਣ ਦੇ ਮਹੱਤਵ 'ਤੇ ਜ਼ੋਰ ਦਿੱਤਾ। ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਨੇ ਪ੍ਰੇਰਣਾਦਾਇਕ ਉਦਾਹਰਨਾਂ ਦਿੱਤੀਆਂ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਆਪ ਦੀਆਂ ਪੂਰਵ-ਧਾਰਨਾਵਾਂ ਦੀ ਜਾਂਚ ਕਰਨ ਅਤੇ ਇਹ ਸੋਚਣ ਦੀ ਅਪੀਲ ਕੀਤੀ ਕਿ ਉਹ ਕਿਵੇਂ ਇਕ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾ ਸਕਦੇ ਹਨ। ਪ੍ਰੋ. ਪ੍ਰਿਤਪਾਲ ਸਿੰਘ ਵਾਈਸ-ਚਾਂਸਲਰ ਨੇ ਸਮਾਜ ਵਿੱਚ ਨਿਆਂ ਤੇ ਸਭ ਲਿੰਗਾਂ ਲਈ ਮਿਲ ਕੇ ਕੰਮ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਡਾ. ਹਰਵਿੰਦਰ ਸਿੰਘ ਭੱਟੀ ਨੇ ਮੁੱਖ ਬੁਲਾਰੇ ਵਜੋਂ ਸਮਾਗਮ ਦੀ ਸ਼ੋਭਾ ਵਧਾਈ। ਉਨ੍ਹਾਂ 'ਲਿੰਗ ਪਛਾਣ' 'ਤੇ ਲੈਕਚਰ ਦਿੱਤਾ। ਪ੍ਰੋ. ਜਮਸ਼ੇਦ ਅਲੀ ਖਾਨ ਨੇ ਤਕਨੀਕੀ ਸੈਸ਼ਨ ਦੀ ਅਗਵਾਈ ਕਰਦਿਆਂ ਲਿੰਗ ਸਟੀਰੀਓਟਾਈਪਸ ਨੂੰ ਤੋੜਨ ਲਈ ਵਿਚਾਰਾਤਮਕ ਰਣਨੀਤੀਆਂ 'ਤੇ ਗੱਲ ਕੀਤੀ। ਡਾ. ਅੰਕਦੀਪ ਕੌਰ ਅਟਵਾਲ ਕੋਆਰਡੀਨੇਟਰ ਇੰਟਰਨਲ ਕੁਆਲਿਟੀ ਐਸ਼ੋਰੈਂਸ ਸੈੱਲ ਨੇ ਸਾਇੰਟੋ 'ਮੈਸਕ ਕੁਲਿਨਿਟੀ: ਪੁਰਸ਼ਾਂ ਦੀ ਚੁੱਪ ਦੀਆਂ ਪਰਤਾਂ' ਵਿਸ਼ੇ 'ਤੇ ਲੈਕਚਰ ਦਿੱਤਾ। ਇੱਕ ਹੋਰ ਸੈਸ਼ਨ ਵਿੱਚ ਡਾ. ਹਰਨੀਤ ਬਿਲਿੰਗ ਮੁਖੀ ਐਜੂਕੇਸ਼ਨ ਵਿਭਾਗ ਨੇ 'ਯੁਵਾ ਅਤੇ ਲਿੰਗ ਸਟੀਰੀਓਟਾਈਪਸ ਦੇ ਖਿਲਾਫ ਲੜਾਈ' ਵਿਸ਼ੇ 'ਤੇ ਲੈਕਚਰ ਦਿੱਤਾ। ਡਾ. ਨਵਜੋਤ ਦੀਪ ਕੌਰ ਸਮਾਜ ਵਿਗਿਆਨ ਵਿਭਾਗ ਦੇ ਮੁਖੀ ਨੇ ਧੰਨਵਾਦ ਮਤਾ ਪੇਸ਼ ਕੀਤਾ। ਪਰਮਦੀਪ ਸਿੰਘ ਨੇ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ। ਇਸ ਮੌਕੇ ਡਾ. ਸਿਕੰਦਰ ਸਿੰਘ ਡੀਨ ਵਿਦਿਆਰਥੀ ਭਲਾਈ, ਡਾ. ਹਰਦੇਵ ਸਿੰਘ ਮੁੱਖੀ ਧਰਮ ਅਧਿਐਨ ਵਿਭਾਗ, ਮਿਸ ਜਸਪ੍ਰੀਤ ਕੌਰ, ਮੁਖੀ ਅੰਗਰੇਜ਼ੀ ਵਿਭਾਗ, ਮਿਸ. ਯਾਸ਼ਨਾ ਸਿਆਲ, ਡਾ. ਹਰਮਨਪ੍ਰੀਤ ਕੌਰ ਅਤੇ ਮਿਸ. ਏਕਰੂਪ ਕੌਰ ਨੇ ਸੈਸ਼ਨ ਵਿੱਚ ਸ਼ਮੂਲੀਅਤ ਕੀਤੀ ।

## ਅਪੰਗਤਾ ਦਿਵਸ ਮੌਕੇ ਲੋੜਵੰਦ ਨੂੰ ਵੀਲ੍ਹ ਚੇਅਰ ਭੇਟ

ਮੋਗਾ (ਇਕਬਾਲ ਸਿੰਘ ਖਹਿਰਾ)- ਅਗਰਵਾਲ ਵੂਮੈਨ ਸੈੱਲ, ਲਾਇਨਜ਼ ਕਲੱਬ ਮੋਗਾ ਕਲਾਸਿਕ ਅਤੇ ਟੈਂਟ ਐਸੋਸੀਏਸ਼ਨ ਵੱਲੋਂ ਸਾਂਝੇ ਤੌਰ 'ਤੇ ਲੋੜਵੰਦ ਵਿਅਕਤੀ ਨੂੰ ਵਹੀਲ ਚੇਅਰ ਭੇਟ ਕੀਤੀ ਗਈ। ਇਸ ਮੌਕੇ ਅਗਰਵਾਲ ਵੂਮੈਨ ਸੈੱਲ ਦੀ ਪ੍ਰਧਾਨ ਭਾਵਨਾ ਬਾਂਸਲ, ਲਾਇਨਜ਼ ਕਲੱਬ ਮੋਗਾ ਕਲਾਸਿਕ ਦੇ ਪ੍ਰਧਾਨ ਡਾ. ਰਜਤ ਬਾਂਸਲ ਅਤੇ ਟੈਂਟ ਐਸੋਸੀਏਸ਼ਨ ਪੰਜਾਬ ਦੇ ਜਨਰਲ ਸਕੱਤਰ ਦਿਨੇਸ਼ ਕਟਾਰੀਆ, ਵਿਜੇ ਕੁਮਾਰ, ਸ਼ਾਮ ਲਾਲ, ਹੁਕਮ ਲਾਲ ਆਦਿ ਹਾਜ਼ਰ ਸਨ। ਇਸ ਮੌਕੇ ਅਗਰਵਾਲ ਵੂਮੈਨ ਸੈੱਲ ਦੀ ਪ੍ਰਧਾਨ ਭਾਵਨਾ ਬਾਂਸਲ, ਲਾਇਨਜ਼ ਕਲੱਬ ਮੋਗਾ ਕਲਾਸਿਕ ਦੇ ਪ੍ਰਧਾਨ ਡਾ. ਰਜਤ ਬਾਂਸਲ ਅਤੇ ਟੈਂਟ ਐਸੋਸੀਏਸ਼ਨ ਪੰਜਾਬ ਦੇ ਜਨਰਲ ਸਕੱਤਰ ਦਿਨੇਸ਼ ਕਟਾਰੀਆ ਨੇ ਕਿਹਾ ਕਿ ਮਨੁੱਖਤਾ ਦੀ ਭਲਾਈ ਤੋਂ ਵੱਡੀ ਕੋਈ ਸੇਵਾ ਨਹੀਂ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਅੰਗਹੀਣ ਵਿਅਕਤੀ ਨੂੰ ਸਰੀਰ ਦੇ ਕਿਸੇ ਵੀ ਤਰ੍ਹਾਂ ਦੇ ਅੰਗ ਜਾਂ ਸਾਮਾਨ ਦੀ ਲੋੜ ਹੋਵੇ ਤਾਂ ਉਹ ਕਿਸੇ ਵੀ ਸਮੇਂ ਉਨ੍ਹਾਂ ਨਾਲ ਸੰਪਰਕ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਜ ਸੇਵਾ ਦੇ ਪ੍ਰੋਜੈਕਟ ਨਿਰੰਤਰ ਜਾਰੀ ਰਹਿਣਗੇ।

## ਸੁਖਬੀਰ 'ਤੇ ਹਮਲਾ ਕਰਨ ਵਾਲੇ ਨੂੰ ਪੰਥ 'ਚੋਂ ਛੇਕਿਆ ਜਾਵੇ : ਬਰਾੜ

ਮੋਗਾ (ਇਕਬਾਲ ਸਿੰਘ ਖਹਿਰਾ)-ਅੱਜ ਸਵੇਰੇ ਸੁਖਬੀਰ ਸਿੰਘ ਬਾਦਲ 'ਤੇ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿੱਚ ਹੋਏ ਕਾਤਲਾਨਾ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹੋਏ ਭਾਜਪਾ ਨੇਤਾ ਅਤੇ ਸਾਬਕਾ ਰਾਜ ਸੂਚਨਾ ਕਮਿਸ਼ਨਰ ਨਿਧੜਕ ਸਿੰਘ ਬਰਾੜ ਨੇ ਜਥੇਦਾਰ ਸ੍ਰੀ ਆਕਾਲ ਤਖਤ ਸਾਹਿਬ ਨੂੰ ਅਪੀਲ ਕੀਤੀ ਕਿ ਇਸ ਘਟਨਾ ਦਾ ਸਖਤ ਨੋਟਿਸ ਲਿਆ ਜਾਵੇ ਅਤੇ ਉਸ ਹਮਲਾਵਰ ਆਦਮੀ ਜਿਸ ਨੂੰ ਨਾ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਅਤੇ ਨਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਭੈਅ ਹੋਵੇ, ਉਸ ਨੂੰ ਸਿੱਖ ਪੰਥ ਵਿੱਚੋਂ ਹੀ ਛੇਕ ਦਿੱਤਾ ਜਾਵੇ ਅਤੇ ਨਾਲ ਹੀ ਉੱਚ ਪੱਧਰੀ ਜਾਂਚ ਵੀ ਕਰਵਾਈ ਜਾਵੇ। ਸੁਖਬੀਰ ਸਿੰਘ ਬਾਦਲ 2015 ਤੋਂ ਅੱਜ ਤੱਕ ਪੂਰੇ ਪੰਜਾਬ ਵਿਚ ਆਮ ਸਮਾਜਿਕ ਅਤੇ ਰਾਜਨੀਤਕ ਸਮਾਗਮਾਂ ਵਿੱਚ ਵਿਚਰਦਾ ਰਿਹਾ ਹੈ ਪਰ ਇੰਨੇ ਸਮੇਂ ਦੌਰਾਨ ਕਦੇ ਵੀ ਕਿਸੇ ਅਜਿਹੇ ਅਨਸਰ ਨੇ ਉਸ ਵੱਲ ਕੋਈ ਸਰੀਰਕ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਨਹੀਂ ਕੀਤੀ। ਪਰ ਹੁਣ ਜਦੋਂ ਉਹ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ 'ਤੇ ਇੱਕ ਨਿਮਾਣੇ ਸਿੱਖ ਵਜੋਂ ਸ੍ਰੀ ਅਕਾਲ ਤਖਤ ਸਾਹਿਬ ਦੀ ਆਨ ਸ਼ਾਨ, ਮਾਣ ਮਰਿਆਦਾ ਅਨੁਸਾਰ ਸੇਵਾ ਨਿਭਾਅ ਰਿਹਾ ਸੀ, ਜਿਸ ਨਾਲ ਪੂਰੀ ਸਿੱਖ ਕੌਮ ਦੀਆਂ ਮਹਾਨ ਪ੍ਰੰਪਰਾਵਾਂ ਦੀ ਪ੍ਰਸੰਸਾ ਹੋ ਰਹੀ ਸੀ। ਪੂਰੀ ਸਿੱਖ ਕੌਮ ਸ੍ਰੀ ਅਕਾਲ ਤਖਤ ਸਾਹਿਬ ਦੀ ਆਜ਼ਾਦ ਹਸਤੀ 'ਤੇ ਫ਼ਖ਼ਰ ਮਹਿਸੂਸ ਕਰ ਰਹੀ ਸੀ, ਉਸ ਸਮੇਂ ਦੌਰਾਨ ਹੀ ਏਦਾਂ ਦੀ ਘਿਨਾਉਣੀ ਘਟਨਾ ਦਾ ਵਾਪਰਨਾ ਬਹੁਤ ਹੀ ਨਿੰਦਣਯੋਗ ਹੈ।


### ਉੱਤਰ ਰੇਲਵੇ

**ਖੁਲੀ ਈ-ਟੈਂਡਰ**

ਉਪ ਮੁੱਖ ਇੰਜੀਨੀਅਰ ਨਿਰਮਾਣ/ਉੱਤਰ ਰੇਲਵੇ ਜੰਮੂ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੇ ਕੰਮ ਦੇ ਲਈ ਦੋ ਪੈਕੇਟ ਪ੍ਰਣਾਲੀ ਦੇ ਤਹਿਤ ਖੁਲੀ ਈ-ਟੈਂਡਰ ਮੰਗ ਕੀਤੀ ਕਰਦੇ ਹਨ :

| ਲ. ਨੰ: | ਕੰਮ ਦਾ ਨਾਮ | ਅਨੁਮਾਨਿਤ ਲਾਗਤ/ਬਿਆਨਾ ਰਾਸ਼ੀ | ਕੰਮ ਦੀ ਸਮਾਨ ਪ੍ਰਕ੍ਰਿਤੀ/ਪੂਰਾ ਹੋਣ ਦਾ ਸਮਾਂ | ਟੈਂਡਰ ਦਸਤਾਵੇਜ ਦੀ ਲਾਗਤ (ਈ-ਟੈਂਡਰ ਦੇ ਮਾਮਲੇ ਵਿਚ ਸ਼ੂਨਯ) |
|---|---|---|---|---|
| 1 | ਬਡਗਾਮ (ਜੰਮੂ ਅਤੇ ਕਸ਼ਮੀਰ) ਵਿਚ ਡੇਮੂ ਕਾਰ ਸ਼ੇਡ ਦਾ 12 ਕਾਰ ਰੇਕ ਤੋਂ 16 ਕਾਰ ਰੇਕ ਤਕ ਵਿਸਤਾਰ। | ₹ 18,58,68,168/- ₹ 10,79,400/- | ਕੋਈ ਵੀ ਸਿਵਿਲ ਇੰਜੀਨੀਅਰ ਕੰਮ ਜਿਸ ਵਿਚ ਸਟੀਲ ਸੰਰਚਨਾ ਦਾ ਨਿਰਮਾਣ ਅਤੇ ਸਥਾਪਨਾ ਸ਼ਾਮਿਲ ਹੈ / 18 ਮਹੀਨੇ | ਸ਼ੂਨਯ |

| | | |
|---|---|---|
| 2 | ਟੈਂਡਰ ਅਪਲੋਡ ਕਰਨ ਦੀ ਆਖਰੀ ਮਿਤੀ ਅਤੇ ਸਮਾਂ | 11.30 ਵਜੇ ਤਕ 30.12.2024 ਨੂੰ |
| 3 | ਟੈਂਡਰ ਖੁਲਣ ਦੀ ਮਿਤੀ | 11.30 ਵਜੇ 30.12.2024 ਨੂੰ |
| 4 | ਆਫਰ ਦੀ ਵੈਧਤਾ | ਟੈਂਡਰ ਖੁਲਣ ਦੀ ਮਿਤੀ ਤੋਂ 90 ਦਿਨ |
| 5 | ਪ੍ਰਸਤਾਵ ਪੇਸ਼ ਕਰਨ ਦੇ ਲਈ ਰੇਲਵੇ ਦੀ ਵੇਬਸਾਈਟ ਉਤੇ ਟੈਂਡਰ ਦਸਤਾਵੇਜ ਦੀ ਉਪਲਬਧਤਾ | 16.12.2024 ਤੋਂ 30.12.2024 ਤਕ ਟੈਂਡਰ ਦਸਤਾਵੇਜ ਆਈਆਰਈਪੀਐਸ ਸਾਈਟ www.ireps.gov.in ਉਤੇ ਉਪਲਬਧ ਹੋਣਗੇ |

ਈ-ਟੈਂਡਰ ਸੂਚਨਾ / ਟੈਂਡਰ ਦਸਤਾਵੇਜ www.ireps.gov.in ਉਤੇ ਟੈਂਡਰ ਦਸਤਾਵੇਜ ਅਪਲੋਡ ਕਰਨ ਦੀ ਮਿਤੀ ਤੋਂ ਉਪਲਬਧ ਹੋਵੇਗਾ । ਟੈਂਡਰ ਸੂਚਨਾ ਲੜੀ Dy-CE/C/JAT/BDGM/12-16

ਮਿਤੀ: 04.12.2024

3731/24

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

### ਭਾਰਤੀਯ ਰੇਲ

**"ਸਾਰਵਜਨਿਕ ਸੂਚਨਾ"**

ਉਤਰ ਰੇਲਵੇ ਦੇ ਹੇਠਾਂ ਲਿਖਤ ਸੇਕਸ਼ਨ ਦੇ ਪੂਰਨ ਸੈਕਸ਼ਨ ਤੇ ਸਥਿਤ ਰੇਲਵੇ ਲਾਈਨਾਂ ਅਤੇ ਪਰਿਸਰ ਦੇ ਸਾਰੇ ਉਪਯੋਗਕਰਤਾਵਾਂ ਨੂੰ ਇਸ ਦੁਆਰਾ ਨੋਟਿਸ ਦਿਤਾ ਜਾਂਦਾ ਹੈ ਕਿ 25 ਕੇਵੀ, 50 ਹਟੂਜ, ਏਸੀ ਓਵਰਹੇਡ ਟ੍ਰੈਕਸ਼ਨ ਵਾਇਰ ਸੇਕਸ਼ਨ ਦੇ ਖਿਲਾਫ ਨਿਰਦਿਸ਼ਟ ਮਿਤੀ ਨੂੰ ਜਾਂ ਉਸ ਦੇ ਬਾਅਦ ਸਰਗਰਮ ਹੋ ਜਾਣਗੀ। ਉਸ ਮਿਤੀ ਨੂੰ ਅਤੇ ਉਸੇ ਮਿਤੀ ਤੋਂ ਓਵਰਹੇਡ ਟ੍ਰੈਕਸ਼ਨ ਲਾਈਨ ਨੂੰ ਹਰ ਸਮੇਂ ਲਾਈਵ ਮੰਨਿਆ ਜਾਵੇਗਾ ਅਤੇ ਕੋਈ ਵੀ ਅਨਅਧਿਕ੍ਰਤ ਵਿਅਕਤੀ ਉਕਤ ਓਵਰਹੇਡ ਲਾਈਨ ਦੇ ਕੋਲੂ ਨਹੀਂ ਪਹੁੰਚੇਗਾ ਜਾਂ ਘਟ ਨਹੀਂ ਕਰੇਗਾ।

ਡਵੀਜਨ: ਫਿਰੋਜਪੁਰ


| ਸੈਕਸ਼ਨ | ਕਿਲੋਮੀਟਰ ਤੋਂ | ਕਿਲੋਮੀਟਰ ਤਕ | ਬਿਜਲੀਕਰਨ ਦੀ ਮਿਤੀ |
|---|---|---|---|
| ਫਿਰੋਜਪੁਰ ਮੰਡਲ, ਉਤਰ ਰੇਲਵੇ ਦੇ JAT ਟ੍ਰਿਪ ਸ਼ੇਡ ਦੇ ਲਈ JAT/SSP (ਕਿਮੀ. ਸਥਾਨ 95/30, ਚੇਨੇਜ 95/805.5 ਤੋਂ ਕਿਮੀ ਸਥਾਨ 95/32, ਚੇਨੇਜ 95/841.5) ਵਿਚ ਵਾਧੂ ਸੀਬੀ ਦਾ ਉਰਜਾਕਰਨ। | ਓਐਚਈ ਕਿਮੀ 95/30, ਚੇਨੇਜ ਕਿਮੀ 95/805.5 | ਓਐਚਈ ਕਿਮੀ 95/32 ਚੇਨੇਜ ਕਿਮੀ 95/841.5 | 15.12.2024 |

ਸੀਨੀਅਰ ਮੰਡਲ ਬਿਜਲੀ ਇੰਜੀਨੀਅਰ, ਕਰਸ਼ਨ, ਜੰਮੂ ਤਵੀ, ਫਿਰੋਜਪੁਰ, ਉਤਰ ਰੇਲਵੇ

3722/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਬਸੰਤ ਮਾਰਕੀਟ 'ਚ ਹੋਰਡਿੰਗ ਕਾਰਨ ਲੋਕ ਪੇਸ਼ਾਨ



ਜਗਰਾਉਂ (ਅਮਿਤ ਖੰਨਾ)- ਜਗਰਾਉਂ ਬਸੰਤ ਮਾਰਕੀਟ ਇਹ ਭੀੜ ਵਾਲਾ ਇਲਾਕਾ ਹੈ। ਇਸ ਮਾਰਕੀਟ ਜਗਰਾਉਂ ਵਿਖੇ ਕਾਰ ਰਿਪੇਅਰਿੰਗ ਅਤੇ ਹੀਰਾ ਬਾਗ ਨੂੰ ਜਾਣ ਵਾਲੀਆਂ ਸੜਕਾਂ ਜੀ.ਟੀ.ਰੋਡ ਅਤੇ ਇਸ ਭੀੜ ਭਰੇ ਇਲਾਕੇ ਵਿੱਚ ਕੁਝ ਦੁਕਾਨਦਾਰਾਂ ਨੇ ਸੜਕ 'ਤੇ ਹੋਰਡਿੰਗ ਬੋਰਡ ਲਗਾ ਕੇ ਸੜਕ ਨੂੰ ਅੱਧ ਤੋਂ ਵੱਧ ਰੋਕ ਲਿਆ ਹੈ, ਜਿਸ ਕਾਰਨ ਵਾਹਨਾਂ ਨੂੰ ਬਹੁਤ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਪਿੱਛੇ ਵਾਲੀਆਂ ਦੁਕਾਨਾਂ ਦਾ ਮੱਥਾ ਵੀ ਰੋਕ ਦਿੱਤਾ ਹੈ, ਜਿਸ ਕਾਰਨ ਹੋਰਡਿੰਗ ਨੂੰ ਤੁਰੰਤ ਹਟਾਉਣਾ ਚਾਹੀਦਾ ਹੈ। ਨਗਰ ਕੌਂਸਲ ਦੇ ਪ੍ਰਧਾਨ ਅਤੇ ਅਫਸਰਾਂ ਨੂੰ ਇਨ੍ਹਾਂ ਹੋਰਡਿੰਗ ਲਗਾਉਣ ਵਾਲਿਆਂ 'ਤੇ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ।


### Capital Small Finance Bank Ltd.

MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 20.09.2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਡਬਲਯੂ ਸੀ ਟੀ ਐੱਲ ਵਿੱਚ ਕਰਜ਼ਦਾਰ) : ਸ੍ਰੀ ਹਰਕੇਸ਼ ਸਿੰਘ ਪੁੱਤਰ ਸ੍ਰੀ ਗਣੇਸ਼ ਸਿੰਘ ਵਾਸੀ ਮਕਾਨ ਨੰ. 18, ਨਿਊ ਗੌਤਮ ਨਗਰ, ਡਾਕ. ਬਸਤੀ ਬਾਵਾ ਖੇਲ, ਸਬ ਜ਼ਿਲ੍ਹਾ ਜਲੰਧਰ, ਪੰਜਾਬ-144021
2. (ਡਬਲਯੂ ਸੀ ਟੀ ਐੱਲ-2 'ਚ ਕਰਜ਼ਦਾਰ ਡਬਲਯੂ ਸੀ ਟੀ ਐੱਲ ਵਿੱਚ ਗਰੰਟਰ) : ਸ੍ਰੀ ਰਮਾ ਕਾਂਤ ਸਿੰਘ ਪੁੱਤਰ ਸ੍ਰੀ ਗਣੇਸ਼ ਸਿੰਘ ਵਾਸੀ ਮਕਾਨ ਨੰ. 188, ਨਿਊ ਗੌਤਮ ਨਗਰ, ਜ਼ਿਲ੍ਹਾ ਜਲੰਧਰ, ਪੰਜਾਬ-144021
3. (ਡਬਲਯੂ ਸੀ ਟੀ ਐੱਲ-2 ਵਿੱਚ ਗਰੰਟਰ) : ਸ੍ਰੀਮਤੀ ਜਯੋਤੀਕਾ ਵਾਸੀ ਮਕਾਨ ਨੰ. 26, ਨਿਊ ਗੁਰੂ ਨਾਨਕ ਨਗਰ, ਨੇੜੇ ਨਾਗਰਾ ਫਾਟਕ, ਨਾਗਰਾ, ਜਲੰਧਰ।

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.11.2024 ਤੋਂ ਬਿਨ੍ਹਾ ਵਿਆਜ) |
|---|---|---|
| WCTL/013612000604 | Rs. 5,00,000/- | Rs. 3,74,256.60 |
| WCTL-2/013612001056 | Rs. 4,75,000/- | Rs. 4,90,766.20 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਵਿਕਰੀ ਬੈਨਾਮਾ ਦਸਤਾਵੇਜ਼ ਨੰ. 2399 ਮਿਤੀ 24.06.2013 ਤਹਿਤ ਸ੍ਰੀ ਰਮਾ ਕਾਂਤ ਸਿੰਘ ਪੁੱਤਰ ਗਣੇਸ਼ ਸਿੰਘ ਅਤੇ ਸ੍ਰੀ ਹਰਕੇਸ਼ ਸਿੰਘ ਪੁੱਤਰ ਸ੍ਰੀ ਗਣੇਸ਼ ਸਿੰਘ ਦੀ ਮਾਲਕੀ ਹੇਠ ਬਸਤੀ ਪੀਰ ਦਾਦ ਖਾਨ, ਗੌਤਮ ਨਗਰ, ਤਹਿ. ਅਤੇ ਜ਼ਿਲ੍ਹਾ ਜਲੰਧਰ ਹਦਬਸਤ ਨੰ. 313 ਵਿਖੇ ਸਥਿਤ ਜਾਇਦਾਦ 1 ਮਰਲਾ 98 ਵਰਗ ਫੁੱਟ ਦੇ ਸਾਰੇ ਹਿੱਸੇ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਜੀ ਟੀ ਰੋਡ ਜਲੰਧਰ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -

(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 04.12.2024 | ਸਥਾਨ : ਜਲੰਧਰ | (ਅਧਿਕਾਰਤ ਅਫਸਰ)

### Capital Small Finance Bank Ltd.

MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 28.11.2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਅਣਵੰਡਿਆ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

(ਐਲ ਏ ਪੀ ਵਿੱਚ ਕਰਜ਼ਦਾਰ) : ਸ੍ਰੀ ਮਹਿੰਦਰ ਸਿੰਘ ਪੁੱਤਰ ਇੰਦਰ ਰਾਮ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409 (ਮ੍ਰਿਤਕ) ਰਾਹੀਂ ਉਸ ਦੇ ਕਾਨੂੰਨੀ ਵਾਰਿਸ :-
1. ਨੋਟਿਸੀ ਨੰ. ਇੱਕ ਦੀ ਕਾਨੂੰਨੀ ਵਾਰਿਸ : ਹਰਬੰਸ ਕੌਰ ਪਤਨੀ ਸਵ. ਮਹਿੰਦਰ ਸਿੰਘ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409
2. ਨੋਟਿਸੀ ਨੰ. ਇੱਕ ਦਾ ਕਾਨੂੰਨੀ ਵਾਰਿਸ ਸ੍ਰੀ ਮਨੋਜ ਕੁਮਾਰ ਪੁੱਤਰ ਮਹਿੰਦਰ ਸਿੰਘ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409 (ਮ੍ਰਿਤਕ) ਰਾਹੀਂ ਉਸ ਦੇ ਕਾਨੂੰਨੀ ਵਾਰਿਸ
(ਏ) ਮਨੋਜ ਕੁਮਾਰ ਦੀ ਕਾਨੂੰਨੀ ਵਾਰਿਸ : ਸ਼ਰਨਜੀਤ ਕੌਰ ਪਤਨੀ ਮਨੋਜ ਕੁਮਾਰ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409
(ਬੀ) ਮਨੋਜ ਕੁਮਾਰ ਦਾ ਕਾਨੂੰਨੀ ਵਾਰਿਸ : ਸ੍ਰੀ ਅਨਿਲ ਕੁਮਾਰ ਪੁੱਤਰ ਸ੍ਰੀ ਮਨੋਜ ਕੁਮਾਰ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409
(ਸੀ) ਮਨੋਜ ਕੁਮਾਰ ਦੀ ਕਾਨੂੰਨੀ ਵਾਰਿਸ : ਕੁਮਾਰੀ ਨੇਹਾ ਪੁੱਤਰੀ ਮਨੋਜ ਕੁਮਾਰ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409
2. (ਐਲ ਏ ਪੀ ਵਿੱਚ ਕਰਜ਼ਦਾਰ) : ਸ੍ਰੀ ਅਨਿਲ ਕੁਮਾਰ ਪੁੱਤਰ ਮਨੋਜ ਕੁਮਾਰ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409
3. (ਐਲ ਏ ਪੀ ਵਿੱਚ ਗਰੰਟਰ) : ਸ੍ਰੀ ਵਿਕਰਮ ਕੁਮਾਰ ਪੁੱਤਰ ਸੁਰਿੰਦਰ ਪਾਲ ਵਾਸੀ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409
4. (ਐਲ ਏ ਪੀ ਵਿੱਚ ਗਰੰਟਰ) : ਕੁਮਾਰੀ ਨੇਹਾ ਪੁੱਤਰੀ ਮਨੋਜ ਕੁਮਾਰ ਪੱਤੀ ਨੱਥੇ ਕੀ, ਗੋਰਾਇਆ, ਫਿਲੌਰ, ਜਲੰਧਰ, ਪੰਜਾਬ-144409

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.11.2024 ਤੋਂ ਬਿਨਾਂ ਵਿਆਜ) |
|---|---|---|
| LAP/020602000065 | Rs. 4,50,000/- | Rs. 2,85,090.34 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਵਾਜਿਬ ਗਿਰਵੀਨਾਮਾ : ਵਿਕਰੀ ਬੈਨਾਮਾ ਦਸਤਾਵੇਜ਼ ਨੰ. 280 ਮਿਤੀ 29-05-2009 ਤਹਿਤ ਮਹਿੰਦਰ ਸਿੰਘ ਪੁੱਤਰ ਇੰਦਰ ਰਾਮ ਦੀ ਮਾਲਕੀ ਹੇਠ ਗੋਰਾਇਆ, ਤਹਿ. ਫਿਲੌਰ, ਜ਼ਿਲ੍ਹਾ ਜਲੰਧਰ ਵਿਖੇ ਸਥਿਤ ਜਾਇਦਾਦ ਰਕਬਾ 5 ਮਰਲੇ ਦੇ ਸਾਰੇ ਹਿੱਸੇ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਬਿਲਗਾ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -

(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ ਐਕਟ (ਸੁਪਰਾ) ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 04.12.2024 | ਸਥਾਨ : ਜਲੰਧਰ | (ਅਧਿਕਾਰਤ ਅਫਸਰ)

### Capital Small Finance Bank Ltd.

MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 28.11.2024 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਅਣਵੰਡਿਆ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1 (ਐਲ ਏ ਪੀ ਵਿੱਚ ਕਰਜ਼ਦਾਰ) : ਕਾਂਤਾ ਰਾਣੀ ਪਤਨੀ ਮਦਨ ਲਾਲ ਵਾਸੀ ਵਾਰਡ ਨੰ. 13, ਮਾਡਲ ਟਾਊਨ, ਸ਼ਾਹਕੋਟ, ਜਲੰਧਰ, ਪੰਜਾਬ-144702
2. (ਐਲ ਏ ਪੀ ਵਿੱਚ ਗਰੰਟਰ) : ਪਰਮਜੀਤ ਗੋਗੀਆ ਪੁੱਤਰ ਸੰਤ ਲਾਲ ਗੋਗੀਆ ਵਾਸੀ #66, ਵਾਰਡ ਨੰ. 11, ਮੁਹੱਲਾ ਬਾਗਵਾਲਾ, ਸ਼ਾਹਕੋਟ, ਜਲੰਧਰ, ਪੰਜਾਬ-144702
3. (ਐਲ ਏ ਪੀ ਵਿੱਚ ਗਰੰਟਰ) : ਮਦਨ ਲਾਲ ਪੁੱਤਰ ਬਿਹਾਰੀ ਲਾਲ ਵਾਸੀ ਮੁਹੱਲਾ ਮਾਡਲ ਟਾਊਨ, ਸ਼ਾਹਕੋਟ, ਜਲੰਧਰ, ਪੰਜਾਬ-144702

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.11.2024 ਤੋਂ ਬਿਨਾ ਵਿਆਜ) |
|---|---|---|
| LAP/018602000137 | Rs. 42,00,000/- | Rs. 38,13,632.67 |

ਪ੍ਰਾਇਮਰੀ ਸਕਿਉਰਿਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਵਿਕਰੀ ਬੈਨਾਮਾ ਦਸਤਾਵੇਜ਼ ਨੰ. 1725 ਮਿਤੀ 10-12-2012 ਤਹਿਤ ਕਾਂਤਾ ਰਾਣੀ ਪਤਨੀ ਮਦਨ ਲਾਲ ਦੀ ਮਾਲਕੀ ਹੇਠ ਸ਼ਾਹਕੋਟ (ਮੇਨ ਬਾਜ਼ਾਰ), ਤਹਿ. ਸ਼ਾਹਕੋਟ, ਜ਼ਿਲ੍ਹਾ ਜਲੰਧਰ ਵਿਖੇ ਸਥਿਤ ਜਾਇਦਾਦ ਰਕਬਾ 7 ਸਰਸਾਈ (210 ਵਰਗ ਫੁੱਟ) ਦੇ ਸਾਰੇ ਹਿੱਸੇ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਸ਼ਾਹਕੋਟ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -

(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ ਐਕਟ (ਸੁਪਰਾ) ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 04.12.2024 | ਸਥਾਨ : ਜਲੰਧਰ | (ਅਧਿਕਾਰਤ ਅਫਸਰ)

### AXIS BANK

ਰਿਟੇਲ ਐੱਸਟ ਸੈਂਟਰ : ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : "ਐਕਸਿਸ ਹਾਊਸ", ਸੀ-2, ਵਾੜੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025
ਰਜਿਸਟਰਡ ਦਫਤਰ "ਤ੍ਰਿਸ਼ੂਲ" ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ - 380006

**ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ**

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿੱਕਰੀ ਵਾਸਤੇ ਈ-ਨਿਲਾਮੀ ਨੋਟਿਸ।

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜ਼ਡ ਹੈ, ਜਿਸ ਦਾ ਭੌਤਿਕੀ ਕਬਜ਼ਾ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫ਼ਸਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, (1) ਮੈਸ: ਸਲੂਜਾ ਟਰੇਡਿੰਗ ਕੰ., (2) ਸ੍ਰੀ ਵਿਜੇ ਕੁਮਾਰ ਪੁੱਤਰ ਮੁਲਕ ਰਾਜ ਕੋਲੋਂ ਸਕਿਓਰਡ ਕ੍ਰੈਡੀਟਰ ਦੀ ਮਿਤੀ 11.07.2023 ਨੂੰ ਬਕਾਇਆ ਨਿਕਲਦੀ ਰਕਮ ਰੁਪਏ 39,09,694 (ਰੁਪਏ ਉਨਤਾਲੀ ਲੱਖ ਨੌਂ ਹਜ਼ਾਰ ਛੇ ਸੌ ਚੁਰਾਨਵੇਂ ਕੇਵਲ) ਦੀ ਭਵਿੱਖੀ ਵਿਆਜ ਅਤੇ ਲਾਗਤਾਂ ਸਮੇਤ ਵਸੂਲੀ ਲਈ ਮਿਤੀ 23.12.2024 ਨੂੰ " ਜਿਵੇਂ ਹੈ, ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ ਵੇਚ ਦਿੱਤਾ ਜਾਵੇਗਾ । ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 26,13,600/- (ਰੁਪਏ ਛੱਬੀ ਲੱਖ ਤੇਰਾਂ ਹਜ਼ਾਰ ਛੇ ਸੌ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 2,61,360/- (ਰੁਪਏ ਦੋ ਲੱਖ ਇਕਾਹਠ ਹਜ਼ਾਰ ਤਿੰਨ ਸੌ ਸੱਠ ਕੇਵਲ) |
| ਬੋਲੀ ਵਾਧਾ ਰਕਮ | ਰੁਪਏ 10,000/- (ਰੁਪਏ ਦਸ ਹਜ਼ਾਰ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐਕਸਿਸ ਬੈਂਕ ਲਿਮਟਿਡ ਰਿਟੇਲ ਐੱਸਟ ਸੈਂਟਰ, ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7 ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 ਵਿਖੇ 21 ਦਸੰਬਰ 2024 ਨੂੰ ਸ਼ਾਮ ਦੇ 5.00 ਵਜੇ ਤੱਕ। |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 23 ਦਸੰਬਰ2024 ਨੂੰ ਸਵੇਰੇ 11.00 ਵਜੇ ਅਤੇ ਦੁਪਹਿਰ 1.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧੇ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਚ ਉਪਲੱਬਧ ਹਨ। |

**ਸਾਰਣੀ- ਜਾਇਦਾਦ ਦਾ ਵੇਰਵਾ**

ਮੁੱਦਕੀ ਜਨੂਬੀ ਤਹਿਸੀਲ ਤਲਵੰਡੀ ਭਾਈ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਸਥਿਤ ਰੈਕਟ ਨੰ. 168 ਖੇਵਟ ਨੰ. 107, ਕਿਲਾ ਨੰ. 6/2/1/(2-10), 7 (8-0), 14/1/1 (1-2) ਵਿੱਚ ਸ਼ਾਮਲ ਜ਼ਮੀਨ ਰਕਬਾ 11 ਕਨਾਲ 12 ਮਰਲੇ ਦਾ 30/232 ਸ਼ੇਅਰ ਰਿਹਾਇਸ਼ੀ ਮਕਾਨ/ਪਲਾਟ ਰਕਬਾ 1 ਕਨਾਲ 10 ਮਰਲੇ ਵਾਲੀ ਜਾਇਦਾਦ ਦੇ ਉਚਿਤ ਗਿਰਵੀਨਾਮੇ ਦੇ ਸਾਰੇ ਹਿੱਸੇ। ਹੱਦਾਂ : ਪੂਰਬ : ਸੜਕ, ਪੱਛਮ : ਖੇਤੀਬਾੜੀ ਜ਼ਮੀਨ, ਉੱਤਰ : ਪਿਆਰਾ ਸਿੰਘ ਦਾ ਪਲਾਟ, ਦੱਖਣ : ਬਰਾੜ ਕੰਬਾਈਨ ਐਂਡ ਟਰੈਕਟਰ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axisbank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਦਾ ਹਵਾਲਾ ਲਿਆ ਜਾਵੇ। ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਹਰਪ੍ਰੀਤ ਨਾਥ (ਮੋਬਾਈਲ ਨੰ. 99156 15220) ਬੈਂਕ ਦੇ ਅਧਿਕਾਰਤ ਅਫ਼ਸਰ ਨਾਲ ਦਫਤਰੀ ਸਮੇਂ ਸਵੇਰੇ 9.30 ਵਜੇ ਤੋਂ ਸ਼ਾਮ ਦੇ 6.00 ਵਜੇ ਤੱਕ ਸੰਪਰਕ ਕਰ ਸਕਦੇ ਹਨ। ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 05.12.2024
ਸਥਾਨ : ਲੁਧਿਆਣਾ

ਤੁਹਾਡਾ ਵਫਾਦਾਰ, ਵਾਸਤੇ ਐਕਸਿਸ ਬੈਂਕ ਲਿਮ. (ਅਧਿਕਾਰਤ ਅਫ਼ਸਰ)

### E-AUCTION – HIKE LEATHER PRIVATE LIMITED (IN LIQUIDATION)

**SALE OF LAND & BUILDING AND SALE OF INVENTORY UNDER THE INSOLVENCY AND BANKRUPTCY CODE, 2016 CIN:U19200PB2007PTC031322**

Notice is hereby given to the public in general under the insolvency and Bankruptcy Code, 2016 and regulations hereunder, that the Process for Sale of Land & Building and Stock of Inventory of Hike Leather Private Limited–(in liquidation) (Corporate Debtor) will be sold by E-auction through the service provider Right2Vote Infotech Private Limited via https://right2vote.in/eauction/ on "As is where is basis" "As is what is basis" and "Whatever there is basis" and "Without recourse basis".

| Asset/Location | Reserve Price (INR) | Earnest Money Deposit (INR) | Bid Incremental Value (INR) |
|---|---|---|---|
| LOT 1. Sale of the Entire Land & Building and Structures thereof owned and falling in the Liquidation Estate of Hike Leather Private Limited lying at Mahal & Mauja Nangalkalan, Tahliwal, Tehsil Haroli, District UNA, Himachal Pradesh. AND Sale of Stock of Inventory consisting of Leather & Rubber Shoes both upper and lower portions only and Packing Materials etc. lying at Mahal & Mauja Nangalkalan, Tahliwal, Tehsil Haroli, District UNA, Himachal Pradesh. | Rs. 143.30 Lacs (Rupees One Crore Forty Three Lacs Thirty Thousand Only) | Rs. 14.33 Lacs (Rupees Fourteen Lacs Thirteen Three Thousand Only) | Rs. 1.00 Lac (Rupees One Lac only) in multiple of each bid |
| LOT 2. Entire Land & Building and Structures thereof owned and falling in the Liquidation Estate of Hike Leather Private Limited lying at Mahal & Mauja Nangalkalan, Tahliwal, Tehsil Haroli, District UNA, Himachal Pradesh. | Rs. 142.00 Lacs (Rupees One Crore FortyTwo Lacs Only) | Rs. 14.20 Lacs (Rupees Fourteen Lacs Twenty Thousand Only) | Rs. 1.00 Lac (Rupees One Lac only) in multiple of each bid |
| LOT 3. Sale of Stock of Inventory consisting of Leather & Rubber Shoes both upper and lower portions only and Packing Materials etc. lying at Mahal & Mauja Nangalkalan, Tahliwal, Tehsil Haroli, District UNA, Himachal Pradesh. | Rs. 1.30 Lacs (Rupees One Lac Thirty Thousand Only) | Rs. 0.13 Lac (Rupees Thirteen Thousand only) | Rs. 0.10 Lac (Rupees Ten Thousand only) in multiple of each bid |

The priority shall be given to bidder of lot 1 (over other lots), Lot 2 (over Lot 3). Further Lot 3 will be sold separately even bids are not received for Lot 2.

| | |
|---|---|
| Date & Time of Auction | 30th December, 2024 from 12.00 P.M. to 2.00 P.M. |
| Last Date of Submission of EOI & EMD | 5th December, 2024 to 27th December, 2024 |
| Inspection Date & Time | On or before 24th December, 2024 from 11.00 A.M. to 05.00 P.M. |

Interested Applicants may refer to the Complete E-Auction Process Document containing details terms & conditions of the E-Auction available on https://right2vote.in/eauction/. The Liquidator has the right to cancel or extend or modify etc. any of the terms of E-auction at any time. The Liquidator has the right to reject any bid without assigning any reasons. For any query regarding E-Auction, contact Sh. Jatin Mehra at +91-8146013366 or email at jatinmehraassociates@gmail.com.

Jatin Mehra, Liquidator-Hike Leather Private Limited, Contact No.: 81460-13366
Reg No. IBBI/IPA-001/IP-P-02010/2020-21/13103
Communication Address: 536 to 538, E-Block, Opposite Mehak Park, Ranjit Avenue, Amritsar-143001. Email ID: jatinmehraassociates@gmail.com

Date: 05.12.2024
Place: Amritsar

# ਚੰਗੇ ਅਕਸ ਵਾਲੇ ਉਮੀਦਵਾਰ ਹੀ ਮੈਦਾਨ 'ਚ ਉਤਾਰੇ ਜਾਣਗੇ : ਹਰਭਜਨ ਸਿੰਘ ਈ ਟੀ ਓ

**ਜਲੰਧਰ (ਸ਼ੈਲੀ ਐਲਬਰਟ)**

ਆਮ ਆਦਮੀ ਪਾਰਟੀ (ਆਪ) ਨੇ ਨਗਰ ਨਿਗਮ ਚੋਣਾਂ ਸੰਬੰਧੀ ਕੌਂਸਲਰ ਉਮੀਦਵਾਰਾਂ ਦੀਆਂ ਅਰਜ਼ੀਆਂ ਲੈਣੀਆਂ ਸ਼ੁਰੂ ਕਰ ਦਿੱਤੀਆਂ ਹਨ। ਪਾਰਟੀ ਦੇ ਸੀਨੀਅਰ ਆਗੂ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਜਲੰਧਰ ਪਹੁੰਚੇ। ਉਨ੍ਹਾਂ ਨੇ ਚਾਰ ਵਿਧਾਨ ਸਭਾ ਹਲਕਿਆਂ ਜਲੰਧਰ ਪੂਰਬੀ, ਪੱਛਮੀ ਦੱਖਣੀ, ਸੈਂਟਰਲ ਅਤੇ ਕੈਂਟ ਦੇ ਪਾਰਟੀ ਅਹੁਦੇਦਾਰਾਂ ਵਿਧਾਇਕਾਂ ਅਤੇ ਹਲਕਾ ਇੰਚਾਰਜਾਂ ਨਾਲ ਮੀਟਿੰਗ ਕੀਤੀ ਅਤੇ ਕੌਂਸਲਰ ਉਮੀਦਵਾਰਾਂ ਦੀ ਅਰਜ਼ੀਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ।ਮੀਟਿੰਗ ਵਿੱਚ ਮੰਤਰੀ ਮਹਿੰਦਰ ਭਗਤ, ਵਿਧਾਇਕ ਰਮਨ ਅਰੋੜਾ ਅਤੇ ਜਸਵੀਰ ਸਿੰਘ ਰਾਜਾ ਗਿੱਲ, 'ਆਪ' ਆਗੂ ਰਾਜਵਿੰਦਰ ਕੌਰ ਥਿਆੜਾ, ਪਵਨ ਕੁਮਾਰ ਟੀਨੂੰ, ਦਿਨੇਸ਼ ਢੱਲ, ਦੀਪਕ ਬਾਲੀ, ਅੰਮ੍ਰਿਤ ਪਾਲ, ਮੰਗਲ ਸਿੰਘ, ਤਰਨਦੀਪ ਸਿੰਘ ਸੰਨੀ, ਗੁਰਵਿੰਦਰ ਸ਼ੇਰਗਿੱਲ, ਸਟੀਵਨ ਕਲੇਰ ਅਤੇ ਹੋਰ 'ਆਪ' ਆਗੂ ਹਾਜ਼ਰ ਸਨ।ਈ ਟੀ ਓ ਨੇ ਦੱਸਿਆ ਕਿ ਅਰਜ਼ੀ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਪਾਰਟੀ ਕੌਂਸਲਰ ਉਮੀਦਵਾਰਾਂ ਦੀ ਚੋਣ ਲਈ ਵਾਰਡ ਪੱਧਰ 'ਤੇ ਸਰਵੇਖਣ ਕਰੇਗੀ।ਸਰਵੇਖਣ ਵਿੱਚ ਜਿੱਤਣ ਦੀ ਸਭ ਤੋਂ ਵੱਧ ਸੰਭਾਵਨਾ ਵਾਲੇ ਉਮੀਦਵਾਰ ਨੂੰ ਟਿਕਟ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਟਿਕਟਾਂ ਦੀ ਵੰਡ ਵਿੱਚ ਕਿਸੇ ਨਾਲ ਕੋਈ ਵਿਤਕਰਾ ਨਹੀਂ ਕੀਤਾ



ਜਾਵੇਗਾ।ਸਾਰੀ ਕੋਸ਼ਿਸ਼ ਸਿਰਫ ਇਹ ਹੈ ਕਿ ਜਿੱਤਣ ਵਾਲੇ ਉਮੀਦਵਾਰਾਂ ਨੂੰ ਹੀ ਟਿਕਟਾਂ ਮਿਲਣ।ਉਨ੍ਹਾਂ ਕਿਹਾ ਕਿ ਨਗਰ ਨਿਗਮ ਚੋਣਾਂ ਨੂੰ ਲੈ ਕੇ ਹਰ ਪਾਸੇ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ।ਹੁਣ ਤੱਕ ਜਲੰਧਰ ਨਗਰ ਨਿਗਮ ਦੇ 85 ਵਾਰਡਾਂ ਤੋਂ 300 ਦੇ ਕਰੀਬ ਅਰਜ਼ੀਆਂ ਆ ਚੁੱਕੀਆਂ ਹਨ।ਹੁਣ ਹੋਰ ਅਰਜ਼ੀਆਂ ਆਉਣਗੀਆਂ।ਲੋਕਾਂ ਦੇ ਉਤਸ਼ਾਹ ਨੂੰ ਦੇਖਦਿਆਂ ਅਸੀਂ ਯਕੀਨ ਨਾਲ ਕਹਿ ਸਕਦੇ ਹਾਂ ਕਿ ਜਲੰਧਰ ਦਾ ਮੇਅਰ ਆਮ ਆਦਮੀ ਪਾਰਟੀ ਦਾ ਹੀ ਬਣਨ ਜਾ ਰਿਹਾ ਹੈ। ਈ ਟੀ ਓ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੰਮਾਂ ਦੇ ਆਧਾਰ 'ਤੇ ਚੋਣ ਲੜਾਂਗੇ।ਸ਼ਹਿਰ ਦੇ ਆਗੂ ਤੇ ਵਰਕਰ ਘਰ-ਘਰ ਜਾ ਕੇ ਲੋਕਾਂ ਨੂੰ 'ਆਪ' ਸਰਕਾਰ ਦੇ ਪਿਛਲੇ ਢਾਈ ਸਾਲਾਂ ਦੇ ਕੰਮਾਂ ਬਾਰੇ ਦੱਸਣਗੇ ਅਤੇ ਵੋਟ ਪਾਉਣ ਲਈ ਪ੍ਰੇਰਿਤ ਕਰਨਗੇ।ਉਨ੍ਹਾਂ ਕਿਹਾ ਕਿ ਲੋਕ ਆਮ ਆਦਮੀ ਪਾਰਟੀ ਨੂੰ ਜਿਤਾਉਣ ਲਈ ਤਿਆਰ ਹਨ।ਜਿਸ ਤਰ੍ਹਾਂ ਲੋਕਾਂ ਨੇ ਜ਼ਿਮਨੀ ਚੋਣਾਂ ਵਿੱਚ ਸਾਨੂੰ ਭਾਰੀ ਬਹੁਮਤ ਨਾਲ ਜਿਤਾਇਆ ਸੀ, ਉਸੇ ਤਰ੍ਹਾਂ ਨਗਰ ਨਿਗਮ ਚੋਣਾਂ ਵਿੱਚ ਵੀ ਉਹ ਸਾਨੂੰ ਜਿਤਾਉਣਗੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਚੋਣ ਪ੍ਰਕਿਰਿਆ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਤਾਂ ਜੋ ਸ਼ਹਿਰ ਦੇ ਵਿਕਾਸ ਲਈ ਵੱਧ ਪ੍ਰਭਾਵੀ ਫ਼ੈਸਲੇ ਲਏ ਜਾ ਸਕਣ। ਈ ਟੀ ਓ ਨੇ ਆਸ ਪ੍ਰਗਟਾਈ ਕਿ ਨਗਰ ਨਿਗਮ ਚੋਣਾਂ ਅਮਨ-ਸ਼ਾਂਤੀ ਨਾਲ ਨੇਪਰੇ ਚੜ੍ਹਨਗੀਆਂ ਅਤੇ ਸਾਰੀਆਂ ਸਿਆਸੀ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਚੋਣ ਵਿੱਚ ਵੀ ਉਸੇ ਤਰ੍ਹਾਂ ਦਾ ਮਾਹੌਲ ਬਣਾਈ ਰੱਖਣ ਜਿਸ ਤਰ੍ਹਾਂ ਚਾਰ ਵਿਧਾਨ ਸਭਾ ਹਲਕਿਆਂ ਵਿੱਚ ਹੋਈਆਂ ਜ਼ਿਮਨੀ ਚੋਣਾਂ ਅਮਨ-ਸ਼ਾਂਤੀ ਨਾਲ ਨੇਪਰੇ ਚੜ੍ਹੀਆਂ ਹਨ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਵੀ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ ਕਿ ਚੋਣਾਂ ਸ਼ਾਂਤੀਪੂਰਨ ਮਾਹੌਲ ਵਿੱਚ ਹੋਣ ਅਤੇ ਲੋਕ ਬਿਨਾਂ ਕਿਸੇ ਡਰ ਤੋਂ ਆਪਣੀ ਪਸੰਦ ਦੇ ਉਮੀਦਵਾਰ ਦੀ ਚੋਣ ਕਰ ਸਕਣ। ਇੱਕ ਸਵਾਲ ਦੇ ਜਵਾਬ ਵਿੱਚ ਈ.ਟੀ.ਓ ਨੇ ਕਿਹਾ ਕਿ ਨਗਰ ਨਿਗਮ ਚੋਣਾਂ ਤੋਂ ਬਾਅਦ ਸ਼ਹਿਰ ਵਿੱਚ ਭਾਜਪਾ ਦੇ ਮਜ਼ਬੂਤ ਹੋਣ ਦਾ ਭੁਲੇਖਾ ਦੂਰ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਜ਼ਿਮਨੀ ਚੋਣਾਂ ਵਿੱਚ ਸ਼ਹਿਰੀ ਖੇਤਰਾਂ ਵਿੱਚ ਭਾਜਪਾ ਦੀ ਵੋਟ ਹਿੱਸੇਦਾਰੀ 19 ਫੀਸਦੀ ਤੋਂ ਘਟ ਕੇ 10 ਫੀਸਦੀ ਰਹਿ ਗਈ ਹੈ।ਆਮ ਆਦਮੀ ਪਾਰਟੀ ਨੂੰ ਹਰ ਥਾਂ ਸਭ ਤੋਂ ਵੱਧ ਵੋਟਾਂ ਮਿਲੀਆਂ। ਹੁਣ ਪੰਜਾਬ ਦੇ ਸ਼ਹਿਰੀ ਲੋਕਾਂ ਦੀ ਪਹਿਲੀ ਪਸੰਦ ਆਮ ਆਦਮੀ ਪਾਰਟੀ ਹੈ।ਕਾਂਗਰਸ ਪਾਰਟੀ 'ਤੇ ਉਨ੍ਹਾਂ ਕਿਹਾ ਕਿ ਲੋਕ ਕਹਿੰਦੇ ਹਨ ਕਿ ਜਲੰਧਰ ਕਾਂਗਰਸ ਪਾਰਟੀ ਦਾ ਗੜ੍ਹ ਹੈ।ਪਰ ਇਸ ਵਾਰ ਉਸਦਾ ਕਿਲਾ ਢਹਿ ਜਾਵੇਗਾ।ਗਿੱਦੜਬਾਹਾ ਅਤੇ ਡੇਰਾ ਬਾਬਾ ਨਾਨਕ ਵੀ ਕਾਂਗਰਸ ਦੇ ਗੜ੍ਹ ਮੰਨੇ ਜਾਂਦੇ ਸਨ ਪਰ ਜ਼ਿਮਨੀ ਚੋਣਾਂ ਵਿਚ ਅਸੀਂ ਦੋਵਾਂ ਸੀਟਾਂ 'ਤੇ ਕਾਂਗਰਸ ਨੂੰ ਵੱਡੇ ਫਰਕ ਨਾਲ ਹਰਾਇਆ। ਜਿਸ ਤਰ੍ਹਾਂ ਅਸੀਂ ਗਿੱਦੜਬਾਹਾ ਅਤੇ ਡੇਰਾ ਬਾਬਾ ਨਾਨਕ ਦੀਆਂ ਜ਼ਿਮਨੀ ਚੋਣਾਂ ਵਿਚ ਕਾਂਗਰਸ ਨੂੰ ਹਰਾਇਆ ਸੀ, ਉਸੇ ਤਰ੍ਹਾਂ ਇਸ ਵਾਰ ਜਲੰਧਰ ਵਿਚ ਵੀ ਹਰਾਵਾਂਗੇ।

## ਭਾਜਪਾ ਨੂੰ ਝਟਕਾ, ਜ਼ਿਲ੍ਹਾ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਲਾਂਬਾ 'ਆਪ' 'ਚ ਸ਼ਾਮਲ

**ਜਲੰਧਰ ਦਸੰਬਰ (ਸ਼ੈਲੀ ਐਲਬਰਟ)**

ਜਲੰਧਰ ਮੀਟਿੰਗ ਦੌਰਾਨ ਆਮ ਆਦਮੀ ਪਾਰਟੀ ਨੂੰ ਵੱਡੀ ਕਾਮਯਾਬੀ ਮਿਲੀ। ਪਾਰਟੀ ਵਿੱਚ ਸ਼ਹਿਰ ਦੇ ਕਈ ਵੱਡੇ ਸਮਾਜਿਕ-ਰਾਜਸੀ ਆਗੂ ਸ਼ਾਮਲ ਹੋਏ।ਇੱਥੇ ਭਾਜਪਾ ਨੂੰ ਵੱਡਾ ਝਟਕਾ ਲੱਗਾ ਹੈ।ਭਾਜਪਾ ਦੇ ਜਲੰਧਰ ਜ਼ਿਲ੍ਹਾ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਲਾਂਬਾ 'ਆਪ' ਵਿੱਚ ਸ਼ਾਮਲ ਹੋ ਗਏ ਹਨ।ਜਲੰਧਰ ਦੀ ਮਸ਼ਹੂਰ ਧਾਰਮਿਕ ਸ਼ਖ਼ਸੀਅਤ ਅਤੇ ਐਂਗਲੀਕਨ ਚਰਚ ਦੇ ਫਾਦਰ ਗੌਰਵ ਮਸੀਹ ਵੀ ਮੰਗਲਵਾਰ ਨੂੰ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ।ਇਨ੍ਹਾਂ ਤੋਂ ਇਲਾਵਾ ਪਿੰਡ ਸੰਗੋ ਦੇ ਸਾਬਕਾ ਸਰਪੰਚ ਸੁਰਿੰਦਰ ਸਾਂਪਲਾ ਵੀ 'ਆਪ' ਵਿੱਚ ਸ਼ਾਮਲ ਹੋਏ। ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਰਸਮੀ ਤੌਰ 'ਤੇ ਸਾਰੇ ਆਗੂਆਂ ਨੂੰ ਪਾਰਟੀ 'ਚ ਸ਼ਾਮਲ ਕਰਕੇ 'ਆਪ' ਪਰਵਾਰ 'ਚ ਸਵਾਗਤ ਕੀਤਾ।

# ਭਖਦਿਆਂ ਮਸਲਿਆਂ ਨੂੰ ਲੈ ਕੇ ਵਿਸ਼ਾਲ ਕਾਨਫਰੰਸ 7 ਨੂੰ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਗੁਰੂਆਂ-ਪੀਰਾਂ, ਗਦਰੀ ਸ਼ਹੀਦਾਂ, ਸ਼ਹੀਦ-ਏ-ਆਜ਼ਮ ਭਗਤ ਸਿੰਘ ਤੇ ਸਾਥੀਆਂ ਅਤੇ ਮਿਸਾਲੀ ਸੁਤੰਤਰਤਾ ਸੰਗਰਾਮੀਆਂ ਦੀ ਕਰਮ ਭੂਮੀ ਇਹ ਹੱਸਦਾ ਵਸਦਾ ਪੰਜਾਬ ਅੱਜ ਬੇਸ਼ੁਮਾਰ ਮੁਸ਼ਕਲਾਂ 'ਚ ਘਿਰਿਆ ਹੋਇਆ ਹੈ। ਸੂਬੇ ਦੀ ਜਰਖੇਜ਼ ਜ਼ਮੀਨ ਬੰਜਰ ਬਣ ਚੁੱਕੀ ਹੈ ਤੇ ਲੋਕੀ ਪੀਣ ਵਾਲੇ ਸਾਫ ਪਾਣੀ ਤੋਂ ਤਰਸੇਵਾਂ ਵਾਲੇ ਹੋ ਗਏ ਹਨ। ਨਸ਼ਾ ਤਸਕਰ, ਰੇਤ-ਬੱਜਰੀ ਮਾਫੀਆ ਤੇ ਗੈਂਗਸਟਰ ਮੌਤ ਦਾ ਕਾਰੋਬਾਰ ਬੇਖੌਫ ਜਾਰੀ ਰੱਖ ਰਹੇ ਹਨ ਬੇਰੁਜ਼ਗਾਰੀ ਦੇ ਝੰਭੇ ਨੌਜਵਾਨ ਚੰਗੇਰੇ ਭਵਿੱਖ ਦੀ ਤਲਾਸ਼ ਵਿੱਚ ਵਿਦੇਸ਼ਾਂ ਨੂੰ ਤੁਰੇ ਜਾ ਰਹੇ ਹਨ। ਅਜਿਹੇ ਹੋਰ ਮਸਲਿਆਂ ਦੇ ਸਦੀਵੀ ਹੱਲ ਲਈ 7 ਦਸੰਬਰ ਨੂੰ ਪਿੰਡ ਘਨਾਰੂ ਵਿਖੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਕਾਨਫਰੰਸ ਕੀਤੀ ਜਾ ਰਹੀ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪਾਰਟੀ ਦੇ ਆਗੂ ਦਰਸ਼ਨ ਸਿੰਘ ਬੜਵਾ ਨੇ ਦੱਸਿਆ ਕਿ ਜਿਹੜਾ ਪੰਜਾਬ ਗੁਰਾਂ ਦੇ ਨਾਂਅ 'ਤੇ ਵਸਦਾ ਸੀ ਅੱਜ ਨਸ਼ਿਆਂ ਦੇ ਨਾਂਅ 'ਤੇ ਵਸਣਾ ਸ਼ੁਰੂ ਹੋ ਚੁੱਕਾ ਹੈ।ਉਹਨਾਂ ਕਿਹਾ ਕਰ ਜੋਬਨ ਗੱਭਰੂਆਂ ਤੇ ਮੁਟਿਆਰਾਂ ਨੂੰ ਚੰਨ-ਸੁਰੰਗਾ ਨਸ਼ਾ ਨਿਗਲਦੀ ਜਾ ਰਿਹਾ ਹੈ ਜਾਂ ਫਿਰ ਨਿਰਾਸ਼ ਨੌਜਵਾਨੀ ਅਪਰਾਧਿਕ ਗੁੱਟਾਂ ਦੇ ਹੱਥੇ ਚੜ੍ਹ ਰਹੀ ਹੈ। ਉਹਨਾਂ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਇਸ ਕਾਨਫਰੰਸ ਵਿੱਚ ਪਹੁੰਚ ਕੇ ਆਗੂਆਂ ਦੇ ਵਿਚਾਰ ਸੁਣੋ। ਇਸ ਮੌਕੇ ਦਰਸ਼ਨ ਸਿੰਘ ਬੜਵਾ ਦੇ ਨਾਲ ਮਾਸਟਰ ਕਿਰਪਾਲ ਸਿੰਘ ਭੱਟ, ਮਾਸਟਰ ਕਰਮ ਚੰਦ ਘਨਾਰੂ, ਸੁੰਦਰ ਸਿੰਘ ਲੋਧੀਪੁਰ, ਅਸ਼ੋਕ ਕੁਮਾਰ ਰਾਣਾ, ਪਾਲ ਸਿੰਘ ਆਦ ਹਾਜ਼ਰ ਸਨ।

# ਦੇਸ਼ ਦੇ ਵੀਰ ਸਪੂਤਾਂ ਦੇ ਬਲਿਦਾਨਾਂ ਦੇ ਕਾਰਨ ਹੀ ਅੱਜ ਅਸੀਂ ਲੈ ਰਹੇ ਹਾਂ ਖੁੱਲ੍ਹੀ ਹਵਾ 'ਚ ਸਾਹ : ਪੰਵਾਰ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਵਿਕਾਸ ਅਤੇ ਪੰਚਾਇਤ ਮੰਤਰੀ ਕ੍ਰਿਸ਼ਨ ਲਾਲ ਪੰਵਾਰ ਨੇ ਕਿਹਾ ਕਿ ਦੇਸ਼ ਦੇ ਵੀਰ ਸਪੂਤਾਂ ਦੇ ਬਲਿਦਾਨਾਂ ਦੇ ਕਾਰਨ ਹੀ ਅੱਜ ਅਸੀਂ ਆਜ਼ਾਦੀ ਦੀ ਖੁੱਲ੍ਹੀ ਹਵਾ ਵਿਚ ਸਾਹ ਲੈ ਰਹੇ ਹਾਂ।ਸਾਡੇ ਵੀਰ ਸ਼ਹੀਦਾਂ ਤੇ ਕ੍ਰਾਂਤੀਕਾਰੀਆਂ ਨੇ ਜੀਵਨ ਦੀ ਪਰਵਾਹ ਕੀਤੇ ਬਿਨਾਂ ਭਾਰਤ ਮਾਤਾ ਦੀ ਰੱਖਿਆ ਕਰਨ ਲਈ ਆਪਣੇ ਆਪ ਨੂੰ ਨਿਛਾਵਰ ਕਰ ਦਿੱਤਾ। ਪੰਵਾਰ ਸੋਨੀਪਤ ਜ਼ਿਲ੍ਹੇ ਦੇ ਪਿੰਡ ਸ਼ਾਮੜੀ ਵਿਚ ਪ੍ਰਬੰਧਿਤ 11 ਨੰਬਰਦਾਰ ਸ਼ਹਾਦਤ ਦਿਵਸ ਪ੍ਰੋਗ੍ਰਾਮ ਨੂੰ ਬਤੌਰ ਮੁੱਖ ਮਹਿਮਾਨ ਸੰਬੋਧਨ ਕਰ ਰਹੇ ਸਨ।ਉਨ੍ਹਾਂ ਨੇ 1857 ਦੇ ਪਹਿਲੇ ਸੁਤੰਤਰਤਾ ਅੰਦੋਲਨ ਸਮੇਂ ਵਿਚ ਫਾਂਸੀ 'ਤੇ ਚੜ੍ਹੇ 11 ਸ਼ਹੀਦ ਨੰਬਰਦਾਰਾਂ ਨੂੰ ਨਮਨ ਕਰਦੇ ਹੋਏ ਕਿਹਾ ਕਿ ਇੰਨ੍ਹਾਂ ਸਾਰੇ ਨੰਬਰਦਾਰਾਂ ਨੇ ਦੇਸ਼ ਦੀ ਰੱਖਿਆ ਕਰਦੇ ਹੋਏ ਜੋ ਆਪਣੇ ਪ੍ਰਾਣਾਂ ਨਿਛਾਵਰ ਕੀਤੇ ਹਨ ਉਸ ਨੂੰ ਅਸੀਂ ਕਦੀ ਨਹੀਂ ਭੁੱਲ ਸਕਦੇ। ਉਨ੍ਹਾਂ ਨੇ ਕਿਹਾ ਕਿ ਅੰਗ੍ਰੇਜਾਂ ਨੇ ਸਾਡੇ ਵੀਰ ਸਪੂਤਾਂ 'ਤੇ ਬਹੁਤ ਜੁਲਮ ਕੀਤੇ।ਉਨ੍ਹਾਂ ਨੇ ਕਿਹਾ ਕਿ ਅੱਜ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੀ ਉਨ੍ਹਾਂ ਕ੍ਰਾਂਤੀਕਾਰੀਆਂ ਦੀ ਤਰ੍ਹਾਂ ਦੇਸ਼ ਦੇ ਮਾਨ-ਸਨਮਾਨ ਨੂੰ ਵਧਾਉਣ ਦਾ ਕੰਮ ਕਰ ਰਹੇ ਹਨ।ਅੱਜ ਉਨ੍ਹਾਂ ਦੀ ਹੀ ਵਿਦੇਸ਼ ਨੀਤੀ ਹੈ ਕਿ ਸਾਡੇ ਬੱਚਿਆਂ ਨੂੰ ਕੱਢਣ ਲਈ ਰੂਸ ਅਤੇ ਯੂਕ੍ਰੇਨ ਨੂੰ ਆਪਣਾ ਯੁੱਧ ਰੋਕਨਾ ਪਿਆ ਤਾਂ ਜੋ ਕਿਸੇ ਭਾਰਤੀ ਨੂੰ ਕੋਈ ਨੁਕਸਾਨ ਨਾ ਪਹੁੰਚੇ। ਅੱਜ ਹਰ ਵਿਕਸਿਤ ਦੇਸ਼ ਵਿਕਾਸ ਦੇ ਰਸਤੇ 'ਤੇ ਅੱਗੇ ਵੱਧਣ ਲਈ ਭਾਰਤ ਦਾ ਸਾਥ ਚਾਹੁੰਦਾ ਹੈ।

# ਡਾ. ਅੰਬੇਡਕਰ ਦਾ ਪ੍ਰੀਨਿਰਵਾਣ ਦਿਵਸ ਬਸਪਾ ਸੰਕਲਪ ਦਿਵਸ ਵਜੋਂ ਮਨਾਏ : ਕਰੀਮਪੁਰੀ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**

ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਨੇ ਬਹੁਜਨ ਸਮਾਜ ਪਾਰਟੀ ਦੇ ਜ਼ਿਲਾ ਪੱਧਰ ਦੇ ਆਗੂਆਂ, ਬੁੱਧੀਜੀਵੀਆਂ ਅਤੇ ਵਰਕਰਾਂ ਦੇ ਨਾਂਅ ਸੰਦੇਸ਼ ਜਾਰੀ ਕਰਦਿਆਂ ਕਿਹਾ ਕਿ 6 ਦਸੰਬਰ 2024 ਨੂੰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਪ੍ਰੀਨਿਰਵਾਣ ਦਿਵਸ ਨੂੰ ਇਕ ਸੰਕਲਪ



ਦਿਵਸ ਵਜੋਂ ਮਨਾਇਆ ਜਾਵੇ। ਬਹੁਜਨ ਸਮਾਜ ਪਾਰਟੀ ਨੂੰ ਬੂਥ ਪੱਧਰ 'ਤੇ ਮਜਬੂਤ ਕਰਕੇ ਬਾਬਾ ਸਾਹਿਬ ਡਾ. ਅੰਬੇਡਕਰ ਸਾਹਿਬ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਹਰ ਬੂਥ ਪੱਧਰ 'ਤੇ ਬਾਬਾ ਸਾਹਿਬ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਜਾਣ ਅਤੇ ਉਥੇ ਹੀ ਹਰ ਬੂਥ ਨੂੰ 'ਮੇਰਾ ਬੂਥ ਸਭਤੋਂ ਮਜਬੂਤ' ਮੁਹਿੰਮ ਤਹਿਤ ਘਟੋ ਘੱਟ 25 ਮੈਂਬਰੀ ਬੂਥ ਕਮੇਟੀ ਬਣਾਈ ਜਾਵੇ ਤਾਂ ਕਿ ਪੰਜਾਬ ਅੰਦਰ ਬਹੁਜਨ ਸਮਾਜ ਪਾਰਟੀ ਨੂੰ ਸ਼ਕਤੀਸ਼ਾਲੀ ਬਣਾਕੇ ਰਾਜ ਸੱਤਾ 'ਤੇ ਕਬਜ਼ਾ ਕੀਤਾ ਜਾ ਸਕੇ।ਕਰੀਮਪੁਰੀ ਨੇ ਕਿਹਾ ਕਿ ਬਹੁਜਨ ਸਮਾਜ ਦੇ ਰਹਿਬਰਾਂ ਦੇ ਮਿਸ਼ਨ ਨੂੰ ਪੂਰਾ ਕਰਨ ਲਈ ਬੁੱਧੀਜੀਵੀ ਵਰਗ ਨੂੰ ਆਪਣੀ ਨੈਤਿਕ ਜਿੰਮੇਵਾਰੀ ਸਮਝਦਿਆਂ ਅੱਗੇ ਆਉਣਾ ਚਾਹੀਦਾ ਹੈ। ਪੰਜਾਬ ਅੰਦਰ ਬਸਪਾ ਆਗੂਆਂ, ਵਰਕਰਾਂ ਅਤੇ ਪਾਰਟੀ ਹਿਤੈਸ਼ੀਆਂ ਅੰਦਰ ਪੂਰਾ ਉਤਸ਼ਾਹ ਅਤੇ ਜੋਸ਼ ਹੈ ਅਸ਼ੀ ਜਲਦ ਹੀ ਸੰਗਠਨ ਨੂੰ ਸ਼ਕਤੀਸ਼ਾਲੀ ਤੇ ਮਜਬੂਤ ਬਣਾ ਕੇ ਕਾਂਸ਼ੀ ਰਾਮ ਦੇ ਆਰਥਿਕ, ਸਮਾਜਿਕ ਤੇ ਰਾਜਨੀਤਕ ਸੱਤਾ ਪਰਿਵਰਤਨ ਦੇ ਅੰਦੋਲਨ ਨੂੰ ਪੂਰੀ ਤਾਕਤ ਨਾਲ ਸ਼ੁਰੂ ਕਰਾਂਗੇ ਤਾਂ ਕਿ 2027 ਵਿਚ ਬਹੁਜਨ ਸਮਾਜ ਪਾਰਟੀ ਪੰਜਾਬ ਦੀ ਇਕ ਨੰਬਰ ਰਾਜਨੀਤਕ ਪਾਰਟੀ ਬਣ ਕੇ ਉੱਭਰ ਸਕੇ।

# ਨਵੀਂ ਪੀੜ੍ਹੀ ਲਈ ਬਜ਼ੁਰਗ ਕਿਰਤੀ ਜੀਵਨ ਪ੍ਰੇਰਨਾ-ਸਰੋਤ : ਪਾਸਲਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਅੱਜ ਦੀ ਪੀੜ੍ਹੀ ਨੂੰ ਜੇ ਕਿਸੇ ਬਜ਼ੁਰਗ ਕਿਰਤੀ ਜੀਵਨ ਦਾ ਬਿਰਤਾਂਤ ਸੁਣਾਇਆ ਜਾਵੇ ਤ ਉਹ ਉਸ ਲਈ ਪ੍ਰੇਰਨਾ ਸਰੋਤ ਬਣ ਸਕਦਾ ਹੈ। ਇਹ ਵਿਚਾਰ ਕਾ: ਮੰਗਤ ਰਾਮ ਪਾਸਲਾ ਕੌਮੀ ਜਨਰਲ ਸਕੱਤਰ ਆਰ.ਐੱਮ.ਪੀ.ਆਈ ਨੇ ਨਜ਼ਦੀਕੀ ਪਿੰਡ ਸੁੱਜੋਂ ਦੇ ਗੁਰਦੁਆਰਾ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਵਿਖੇ ਸਵ: ਕਾ: ਸੋਹਣ ਸਿੰਘ ਪੁੱਤਰ ਦੱਲ ਸਿੰਘ ਗਹੂਣੀਆਂ ਦੀ ਅੰਤਮ ਅਰਦਾਸ ਸਮਾਗਮ ਸਮੇਂ ਆਪਣੇ ਸੰਬੋਧਨ ਵਿੱਚ ਆਖੇ। ਉਹਨਾਂ ਆਖਿਆ ਕਿ ਸਮਾਜ ਦੇ ਇੱਕ ਹਿੱਸੇ ਵਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਤੋਂ ਸੇਧ ਨਾ ਲੈਣ ਵਾਲੇ ਕੁੱਝ ਲੋਕ ਸਮਾਜ ਲਈ ਮੁਸ਼ਕਲਾਂ ਪੈਦਾ ਕਰਦੇ ਹਨ। ਇਸ ਦੀ ਉਦਾਹਰਣ ਦਿੰਦਿਆਂ ਉਹਨਾਂ ਬੱਚੀਆਂ ਨਾਲ ਹੁੰਦੇ ਬਲਾਤਕਾਰ ਤੇ ਮਹਿਲਾਵਾਂ 'ਤੇ ਹੁੰਦੀ ਘਰੇਲੂ ਹਿੰਸਾ ਦਾ ਜਿਕਰ ਕੀਤਾ। ਮਹਿਲਾ ਵਰਗ ਦੇ ਸਤਿਕਾਰ ਅਤੇ ਸੁਰੱਖਿਆ ਲਈ ਮਹਾਨ ਗੁਰੂ ਸਾਹਿਬਾਨ ਵਲੋਂ ਦਿਖਾਏ ਮਾਰਗ ਤੇ ਚੱਲਣਾ ਅੱਜ ਦੇ ਸਮੇਂ ਦੀ ਵੱਡੀ ਲੋੜ ਹੈ। ਪਰਮ ਸਿੰਘ ਖਾਲਸਾ ਐਮ.ਸੀ ਨਵਾਂਸ਼ਹਿਰ ਨੇ ਸਵ: ਸੋਹਣ ਸਿੰਘ ਗਹੂਣੀਆਂ ਦੇ ਜੀਵਨ ਨੂੰ ਪ੍ਰੇਰਨਾ ਸਰੋਤ ਦੱਸਦਿਆਂ ਕਿਹਾ ਕਿ ਉਹਨਾਂ ਦੀ ਸੋਚ ਸੱਦਕਾ ਅੱਜ ਉਹਨਾਂ ਦਾ ਪਰਵਾਰ ਵੀ ਸਮਾਜ ਸੇਵੀ ਪਹੁੰਚ ਰੱਖਦਾ ਹੈ। ਜੇ ਐਸ ਗਿੱਦਾ ਸਕੱਤਰ ਬੀ.ਡੀ.ਸੀ ਨੇ ਵਿਦਿਆਰਥੀ ਜੀਵਨ ਦੌਰਾਨ ਕਾ: ਸੋਹਣ ਸਿੰਘ ਦੇ ਨਿਰਪੱਖਤਾ ਭਰਪੂਰ ਕਿਰਤੀ ਜੀਵਨ ਤੋਂ ਮਿਲੀ ਪ੍ਰੇਰਨਾ ਦਾ ਜਿਕਰ ਕੀਤਾ। ਕਾ: ਕੁਲਦੀਪ ਸਿੰਘ ਦੌੜਕਾ ਨੇ ਬੀਤੇ ਨਿੱਘੇ ਸਮਿਆਂ ਦਾ ਵਰਤਮਾਨ ਨਾਲ ਅੰਤਰ ਕਰਦਿਆਂ ਕਿਹਾ ਕਿ ਮਨੁੱਖ ਆਪਣੀ ਜੀਵਨ ਸ਼ੈਲੀ ਦਾ ਮੁੱਲ ਵੀ ਆਪ ਹੀ ਅਦਾ ਕਰ ਰਿਹਾ ਹੈ ਇਸ ਲਈ ਸਾਨੂੰ ਸੱਭ ਨੂੰ ਸਵ: ਕਾ: ਸੋਹਣ ਸਿੰਘ ਗਹੂਣੀਆਂ ਵਰਗੇ ਜੀਵਨ ਤੋਂ ਪ੍ਰੇਰਨਾ



ਲੈਣੀ ਚਾਹੀਦੀ ਹੈ। ਇਸ ਮੌਕੇ ਗੁਰਦੁਆਰਾ ਰਾਜਾ ਸਾਹਿਬ ਦੇ ਮੁੱਖ ਸੇਵਾਦਾਰ ਸਾਧੂ ਸਿੰਘ ਸੁੱਜੋਂ, ਸੂਬੇਦਾਰ ਮੇਜਰ ਸਿੰਘ, ਕਸ਼ਮੀਰ ਸਿੰਘ, ਮੋਹਣ ਸਿੰਘ, ਕਸ਼ਮੀਰ ਕੌਰ, ਪਰਮਜੀਤ ਕੌਰ, ਕਮਲਜੀਤ ਸਿੰਘ, ਤਵਲੀਨ ਸਿੰਘ, ਕਾ: ਗੁਰਦਿਆਲ ਰਾਮ ਮਹਿੰਦੀਪੁਰ, ਇੰਦਰਜੀਤ ਸਿੰਘ ਵਾਰੀਆ, ਕਾ: ਸਤਨਾਮ ਸਿੰਘ ਗੁਲਾਟੀ, ਕਾ: ਸਤਨਾਮ ਸਿੰਘ ਸੁੱਜੋਂ, ਕਾ: ਰਾਜ ਕੁਮਾਰ ਸੋਢੀ, ਮੋਹਣ ਸਿੰਘ ਤੇ ਮਹਿੰਦਰ ਸਿੰਘ ਚੌਧਰੀ, ਦਲਜੀਤ ਸਿੰਘ ਗਿੱਦਾ, ਮੋਹਣ ਸਿੰਘ, ਰਾਜਿੰਦਰ ਕੌਰ ਗਿੱਦਾ, ਪਲਵਿੰਦਰ ਕੌਰ ਬਡਵਾਲ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਹਰਿਆਣਾ 'ਚ ਸੋਲਰ ਐਨਰਜੀ ਨੂੰ ਪ੍ਰੋਤਸਾਹਨ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਊਰਜਾ ਮੰਤਰੀ ਅਨਿਲ ਵਿਜ ਨੇ ਕਿਸਾਨਾਂ ਨੂੰ ਪ੍ਰਾਥਮਿਕਤਾ ਦਿੰਦੇ ਹੋਏ ਸੂਬੇ ਦੇ ਸਾਰੇ ਪਿੰਡਾਂ ਨੂੰ ਸੋਲਰ ਮੈਪਿੰਗ ਕਰਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਸੋਲਰ ਊਰਜਾ ਦੀ ਵਰਤੋ ਵਾਤਾਵਰਣ ਸਰੰਖਣ ਦੇ ਨਾਲ-ਨਾਲ ਪੇਂਡੂ ਖੇਤਰਾਂ ਵਿਚ ਸਸਤੀ ਤੇ ਟਿਕਾਊ ਉਰਜਾ ਉਪਲਬਧ ਕਰਾਉਣ ਵਿਚ ਮਦਦ ਕਰੇਗਾ ਅਤੇ ਇਸ ਤੋਂ ਸੋਲਰ ਐਨਰਜੀ ਨੂੰ ਪ੍ਰੋਤਸਾਹਨ ਮਿਲੇਗਾ। ਇਸ ਨਾਲ ਬਿਜਲੀ ਕਟੌਤੀ ਦੀ ਸਮਸਿਆ ਨੂੰ ਵੀ ਘੱਟ ਕੀਤਾ ਜਾ ਸਕੇਗਾ। ਇਸ ਦੇ ਲਈ ਮੰਤਰੀ ਨੇ ਇਕ ਵਿਆਪਕ ਕਾਰਜਯੋਜਨਾ ਤਿਆਰ ਕਰਨ ਨੂੰ ਕਿਹਾ। ਉਨ੍ਹਾਂ ਨੇ ਬਿਜਲੀ ਵਿਭਾਗ ਦੇ ਅਧਿਕਾਰੀਆਂ ਦੇ ਨਾਲ ਇਕ ਅਹਿਮ ਮੀਟਿੰਗ ਕੀਤੀ।ਵਿਜ ਨੇ ਖਪਤਕਾਰਾਂ ਨੂੰ ਰਾਹਤ ਦੇਣ ਲਈ ਸਰਚਾਰਜ ਮਾਫੀ ਅਤੇ ਬਕਾਇਆ ਰਕਮ ਨੂੰ ਕਿਸ਼ਤਾਂ ਵਿਚ ਲੈਣ ਦੀ ਵਿਵਸਥਾ ਲਾਗੂ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਇਹ ਯਕੀਨੀ ਕਰਨ 'ਤੇ ਜੋਰ ਦਿੱਤਾ ਕਿ ਕਿਸੇ ਖਪਤਕਾਰ ਨੂੰ ਆਰਥਕ ਅਸਹੂਲਤ ਨਾ ਹੋਵੇ।ਬਿਜਲੀ ਵੰਡ ਵਿਵਸਥਾ ਨੂੰ ਬਿਹਤਰ ਬਨਾਉਣ ਲਈ ਮੰਤਰੀ ਨੇ ਉਨ੍ਹਾਂ ਖੇਤਰਾਂ ਵਿਚ ਟ੍ਰਾਂਸਜੇਂਡਰ ਅਤੇ ਕੰਡਕਟਰ ਨੂੰ ਤੁਰੰਤ ਅਪਗ੍ਰੇਡ ਕਰਨ ਦਾ ਆਦੇਸ਼ ਦਿੱਤਾ, ਜਿੱਥੇ ਇਸ ਦੀ ਜਰੂਰਤ ਹੈ। ਬਿਜਲੀ ਚੋਰੀ ਦੀ ਘਟਨਾਵਾਂ ਨੂੰ ਰੋਕਣ ਲਈ ਵਿਜ ਨੇ ਆਰਮਡ ਕੇਬਲ ਦੀ ਵਰਤੋ ਨੂੰ ਪ੍ਰਾਥਮਿਕਤਾ ਦੇਣ ਦੀ ਗੱਲ ਕਹੀ। ਇਹ ਕਦਮ ਵਿਭਾਗ ਦੇ ਘਾਟੇ ਨੂੰ ਘੱਟ ਕਰਨ ਅਤੇ ਬਿਜਲੀ ਚੋਰੀ 'ਤੇ ਰੋਕ ਲਗਾਉਣ ਵਿਚ ਮਦਦ ਹੋਵੇਗਾ। ਮੀਟਿੰਗ ਵਿਚ ਵਧੀਕ ਮੁੱਖ ਸਕੱਤਰ ਏ ਕੇ ਸਿੰਘ, ਯੂਐਓਬੀਵੀਐਨ ਦੇ ਪ੍ਰਬੰਧ ਨਿਰਦੇਸ਼ਕ ਅਸ਼ੋਕ ਮੀਨਾ ਅਤੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

# ਤੁਹਾਨੂੰ ਕਦੇ ਵੀ ਸੁਪਨੇ ਦੇਖਣੇ ਬੰਦ ਨਹੀਂ ਕਰਨੇ ਚਾਹੀਦੇ : ਆਸ਼ੀਸ਼ ਵਿਦਿਆਰਥੀ

**ਜਲੰਧਰ (ਸ਼ੈਲੀ ਐਲਬਰਟ)**

ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ (ਐਲਪੀਯੂ) ਨੇ ਬਿਜ਼ਨਸ ਸੈਸ਼ਨ, ਬਿਜ਼ਕੰਫਲੂਐਂਸ 2024: ਡੀਕੋਡਿੰਗ ਟੂਮੋਰੋਜ਼ ਬਿਜ਼ਨਸ ਡੀਐਨਏ ਦਾ ਆਯੋਜਨ ਕੀਤਾ। ਜਿਸ ਵਿੱਚ ਵਪਾਰਕ ਮਾਹਰ, ਕਾਰੋਬਾਰੀ ਆਗੂ ਅਤੇ ਵਿਦਿਆਰਥੀ ਇਹ ਪਤਾ ਲਗਾਉਣ ਲਈ ਇਕੱਠੇ ਹੋਏ ਕਿ ਕਿਵੇਂ ਏਆਈ, ਆਟੋਮੇਸ਼ਨ ਅਤੇ ਮਨੁੱਖੀ ਰਚਨਾਤਮਕਤਾ ਕਾਰੋਬਾਰ ਦੇ ਭਵਿੱਖ ਨੂੰ ਪ੍ਰਭਾਵਿਤ ਕਰ ਰਹੀਆਂ ਹਨ। ਇਵੈਂਟ ਨੇ ਨਵੀਨਤਾ ਅਤੇ ਉੱਦਮਤਾ ਨੂੰ ਚਲਾਉਣ ਵਾਲੀਆਂ ਰਣਨੀਤੀਆਂ ਬਾਰੇ ਬਹੁਤ ਸਾਰੀ ਜਾਣਕਾਰੀ ਸਾਂਝੀ ਕਰਨ ਦਾ ਵਾਅਦਾ ਕੀਤਾ।ਰਾਸ਼ਟਰੀ ਫਿਲਮ ਅਵਾਰਡ ਜੇਤੂ ਅਭਿਨੇਤਾ ਪ੍ਰੇਰਣਾਦਾਇਕ ਸਪੀਕਰ ਆਸ਼ੀਸ਼ ਵਿਦਿਆਰਥੀ ਆਪਣੀ ਮੌਜੂਦਗੀ ਅਤੇ ਅਨੁਭਵ ਨਾਲ ਸਾਰਿਆਂ ਨੂੰ ਪ੍ਰੇਰਿਤ ਕੀਤਾ। ਲਕਸ਼ਮੀ ਨਗਰ, ਦਿੱਲੀ ਵਿੱਚ ਨਿਮਰ ਸ਼ੁਰੂਆਤ ਤੋਂ ਲੈ ਕੇ 11 ਭਾਸ਼ਾਵਾਂ ਵਿੱਚ 350 ਤੋਂ ਵੱਧ ਫਿਲਮਾਂ ਵਿੱਚ ਫੈਲੇ ਇੱਕ ਸ਼ਾਨਦਾਰ ਕੈਰੀਅਰ ਤੱਕ ਦੀ ਆਪਣੀ ਯਾਤਰਾ ਨੂੰ ਸਾਂਝਾ ਕਰਦੇ ਹੋਏ, ਉਨ੍ਹਾਂ ਨੇ ਵਿਦਿਆਰਥੀਆਂ ਨੂੰ ਲਚਕਦਾਰ ਬਣਨ ਅਤੇ ਵਿਅਕਤੀਤਵ ਨੂੰ ਗਲੇ ਲਗਾਉਣ ਦੀ ਯਾਦ ਦਿਵਾਈ। ਇਸ ਨਾਲ ਕੋਈ ਫਰਕ ਨਹੀਂ ਪੈਂਦਾ ਕਿ ਤੁਸੀਂ ਕਿੱਥੇ ਜਾ ਰਹੇ




ਹੋ, ਉਨ੍ਹਾਂ ਨੇ ਵਿਦਿਆਰਥੀਆਂ ਨੂੰ ਲਗਾਤਾਰ ਸਿੱਖਣ ਦੀ ਮਾਨਸਿਕਤਾ ਨੂੰ ਅਪਣਾਉਣ ਦੀ ਸਲਾਹ ਦਿੱਤੀ, 'ਸੁਪਨੇ ਦੇਖਦੇ ਰਹੋ, ਭਾਵੇਂ ਤੁਹਾਡੇ ਸੁਪਨੇ ਇੱਕ ਵਾਰ ਟੁੱਟ ਨਾ ਜਾਣ।' ਇਸ ਪ੍ਰੋਗਰਾਮ ਵਿੱਚ ਪ੍ਰਸਿੱਧ ਕਾਰੋਬਾਰੀ ਮਾਹਿਰ ਡਾਕਟਰ ਸੰਜੀਵ ਸਾਹਨੀ ਇੱਕ ਉਦਯੋਗ ਆਗੂ, ਗੌਰਵ ਘਈ ਇੱਕ ਕਰੀਅਰ ਰਣਨੀਤੀਕਾਰ, ਸੰਜੇ ਕਥੂਰੀਆ ਵਿੱਤ ਮਾਹਿਰ, ਅਰਨਬ ਨਾਇਕ ਸਟਾਰਟਅੱਪ ਮੈਂਟਰ, ਹਰਸ਼ਕ ਸਿਨਹਾ ਮਾਰਕੀਟਿੰਗ ਮਾਹਿਰ, ਪੈਨਲ ਚਰਚਾ ਦਾ ਹਿੱਸਾ ਬਣੇ। ਉਸਨੇ ਮਹੱਤਵਪੂਰਨ ਵਿਸ਼ਿਆਂ ਜਿਵੇਂ ਕਿ ਏਆਈ ਅਤੇ ਆਟੋਮੇਸ਼ਨ ਦਾ ਜੌਬ ਮਾਰਕੀਟ 'ਤੇ ਪ੍ਰਭਾਵ, ਉੱਚ-ਮੰਗ ਵਾਲੇ ਹੁਨਰਾਂ ਨੂੰ ਵਿਕਸਤ ਕਰਨ ਦੀ ਮਹੱਤਤਾ, ਅਤੇ ਕਾਰੋਬਾਰ ਸ਼ੁਰੂ ਕਰਨ ਅਤੇ ਵਧਾਉਣ ਲਈ ਪਰੈਕਟਲ ਸਲਾਹ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਗੱਲ ਕੀਤੀ। ਪੈਨਲਿਸਟਾਂ ਨੇ ਵਿਦਿਆਰਥੀਆਂ ਨੂੰ ਰਚਨਾਤਮਕਤਾ ਅਤੇ ਸਮੱਸਿਆ ਹੱਲ ਕਰਨ 'ਤੇ ਧਿਆਨ ਦੇਣ ਲਈ ਉਤਸ਼ਾਹਿਤ ਕੀਤਾ।ਕਰਨਲ ਡਾ. ਰਸ਼ਮੀ ਮਿੱਤਲ, ਪ੍ਰੋ-ਚਾਂਸਲਰ, ਐਲਪੀਯੂ, ਨੇ ਉੱਦਮੀ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਲਈ ਐਲਪੀਯੂ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ ਅਤੇ ਕਿਹਾ, ਐਲਪੀਯੂ ਪ੍ਰਯੋਗਾਤਮਕ ਸਿਖਲਾਈ, ਉਦਯੋਗਿਕ ਪ੍ਰੋਗਰਾਮਾਂ ਅਤੇ ਬਿਜ਼ਕੰਫਲੂਐਂਸ ਵਰਗੇ ਪ੍ਰੋਗਰਾਮਾਂ ਰਾਹੀਂ ਵਿਸ਼ਵ ਪੱਧਰੀ ਕਾਰੋਬਾਰੀ ਪੇਸ਼ੇਵਰਾਂ ਨੂੰ ਇਕੱਠਾ ਕਰਦਾ ਹੈ, ਜੋ ਸਲਾਹਕਾਰ, ਸਰੋਤਾਂ ਅਤੇ ਸ਼ੁਰੂਆਤ ਦੇ ਅਫ਼ਸਰ ਦਿੰਦਾ ਹੈ।

## ਸੁਖਬੀਰ 'ਤੇ ਹਮਲਾ ਸੂਬੇ ਦੇ ਹਾਲਾਤ ਵਿਗਾੜਨ ਦੀ ਸਾਜਿਸ਼ ਦਾ ਸੰਕੇਤ : ਪਾਸਲਾ

**ਜਲੰਧਰ (ਰਾਜੇਸ਼ ਥਾਪਾ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਇਥੋਂ ਜਾਰੀ ਇਕ ਬਿਆਨ ਰਾਹੀਂ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਆਗੂ, ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਸ਼੍ਰੀ ਦਰਬਾਰ ਸਾਹਿਬ ਵਿਖੇ ਕੀਤੇ ਗਏ ਜਾਨਲੇਵਾ ਹਮਲੇ ਦੀ ਮੰਦਭਾਗੀ ਵਾਰਦਾਤ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ।ਵਾਰਦਾਤ ਉਪਰ ਡੂੰਘੀ ਚਿੰਤਾ ਜਾਹਿਰ ਕਰਦਿਆਂ ਕਾਮਰੇਡ ਪਾਸਲਾ ਨੇ ਕਿਹਾ ਹੈ ਪੰਜਾਬ ਵਾਸੀਆਂ ਨੂੰ ਇਸ ਕਾਇਰਾਨਾ ਕਾਰਵਾਈ ਤੋਂ ਸੁਚੇਤ ਹੋ ਜਾਣਾ ਚਾਹੀਦਾ ਹੈ, ਕਿਉਂਕਿ ਹਮਲਾਵਰ ਦਾ ਪਿਛੋਕੜ ਅਤੇ ਤਰੀਕਾ ਲੰਘੀ ਸਦੀ ਦੇ 80 ਵਿਆਂ 'ਚ ਪੰਜਾਬ ਵਲੋਂ ਭੋਗੇ ਗਏ ਸੰਤਾਪ ਦੇ ਮੁੜ ਦੁਹਰਾਏ ਜਾਣ ਦੇ ਸ਼ੰਕਿਆਂ ਅਤੇ ਸਾਜ਼ਿਸ਼ਾਂ ਦੀ ਪੁਸ਼ਟੀ ਕਰਦੇ ਹਨ। ਉਨ੍ਹਾਂ ਮੰਗ ਕੀਤੀ ਹੈ ਕਿ ਕੇਂਦਰੀ ਅਤੇ ਪ੍ਰਾਂਤਕ ਸਰਕਾਰਾਂ ਦਿਆਨਤਦਾਰੀ ਨਾਲ ਆਪਣੇ ਫਰਜ਼ਾਂ ਨੂੰ ਨਿਭਾਉਂਦਿਆਂ ਉਕਤ ਵਾਰਦਾਤ ਦੀ ਤਹਿ ਤੱਕ ਜਾ ਕੇ ਸਾਰੀ ਸੱਚਾਈ ਤੋਂ ਦੇਸ਼ ਵਾਸੀਆਂ ਨੂੰ ਤੱਥਾਂ ਸਹਿਤ ਜਾਣੂੰ ਕਰਵਾਉਣ।

# ਗੀਤਾ ਸਥਲੀ ਜੋਤੀਸਰ 'ਚ 11 ਤੱਕ ਸ੍ਰੀਮਦ ਭਗਵਤ ਕਥਾ ਦਾ ਹੋਵੇਗਾ ਪ੍ਰਬੰਧ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਕੌਮਾਂਤਰੀ ਗੀਤਾ ਮਹੋਤਸਵ ਵਿਚ 15 ਦਸੰਬਰ, 2024 ਤਕ ਚੱਲਣ ਵਾਲੇ ਸਰਸ ਅਤੇ ਕ੍ਰਾਫਟ ਮੇਲੇ ਵਿਚ ਆਉਣ ਵਾਲੇ ਸੈਨਾਨੀਆਂ ਨੂੰ ਇਸ ਵਾਰ ਅਨੋਖੀ ਸ਼ਿਲਪਕਲਾ ਦੇਖਣ ਨੂੰ ਮਿਲ ਰਹੀ ਹੈ ਅਤੇ ਇੱਥੇ ਆਉਣ ਵਾਲੇ ਸਾਰੇ ਸੈਨਾਨੀ ਇੰਨ੍ਹਾਂ ਸਾਰੇ ਸ਼ਿਲਪਕਾਰਾਂ ਦੀ ਸ਼ਿਲਪਕਲਾ ਤੋਂ ਨਿਰਮਾਣਤ ਵਸਤੂਆਂ ਦੀ ਜੰਮ੍ਹ ਕੇ ਖਰੀਦਦਾਰੀ ਕਰ ਰਹੇ ਹਨ।ਕੌਮਾਂਤਰੀ ਗੀਤਾ ਮਹੋਤਸਵ ਵਿਚ ਬ੍ਰਹਮਸਰੋਵਰ ਦਾ ਤੱਟ ਸ਼ਿਲਪਕਾਰਾਂ ਦੀ ਸ਼ਿਲਪਕਲਾ ਨਾਲ ਸੱਜ ਚੁੱਕਾ ਹੈ ਅਤੇ ਇਸ ਸ਼ਿਲਪਕਲਾ ਨੂੰ ਦੇਖਣ ਵਾ ਦੂਜੇ ਸੂਬਿਆਂ ਦੇ ਸੈਨਾਨੀਆਂ ਦੇ ਨਾਲ-ਨਾਲ ਸਥਾਨਕ ਲੋਕ ਵੀ ਇੰਨ੍ਹਾਂ ਸ਼ਿਲਪਕਲਾ ਨੂੰ ਦੇਖ ਦੇ ਹੈਰਾਨ ਹੋ ਰਹੇ ਹਨ।ਇਸ ਮਹੋਤਸਵ ਵਿਚ ਸ਼ਿਲਪਕਾਰੀ ਦੀ ਹੈਰਾਨ ਕਰ ਦੇਣ ਵਾਲੀ ਸ਼ਿਲਪਕਲਾ ਅਤੇ ਹੱਥ ਦੀ ਕਾਰੀਗਰੀ ਨੇ ਬ੍ਰਹਮਸਰੋਵਰ ਦੇ ਤੱਟ 'ਤੇ ਲੱਗਣ ਵਾਲੇ ਸਰਸ ਅਤੇ ਕ੍ਰਾਫਟ ਮੇਲੇ ਦੀ ਫਿਜਾ ਵਿਚ ਇੰਦਰਧਨੁਸ਼ ਦੇ ਸੱਤਾਂ ਰੰਗਾਂ ਨੂੰ ਇਕ ਧਾਗੇ ਵਿਚ ਪਿਰੋ ਕੇ ਭਰਨ ਦਾ ਕੰਮ ਕੀਤਾ ਹੈ, ਜਿਸ ਨਾਲ ਇੱਥੇ ਆਉਣ ਵਾਲੇ ਹਰੇਕ ਵਿਅਕਤੀ ਇਸ ਮਹੋਤਸਵ ਦੀ ਜੰਮ੍ਹ ਕੇ ਸ਼ਲਾਘਾ ਕਰ ਰਿਹਾ ਹੈ।ਮਹੋਤਸਵ ਦੌਰਾਨ ਕੁਰੂਕਸ਼ੇਤਰ-ਧਰਮਖੇਤਰ ਦੀ ਪਵਿੱਤਰ ਧਰਤੀ 'ਤੇ ਆਉਣ ਵਾਲਾ ਹਰੇਕ ਸੈਨਾਨੀ ਇਸ ਮਹੋਤਸਵ ਦਾ ਭਰਪੂਰ ਆਨੰਦ ਲੈ ਰਿਹਾ ਹੈ। ਇਸ ਮਹੋਤਸਵ ਵਿਚ ਜਿੱਥੇ ਇਕ ਪਾਸੇ ਸ਼ਿਲਪਕਾਰ ਆਪਣੀ ਸ਼ਿਲਪਕਲਾ ਨਾਲ ਮਹੋਤਸਵ ਵਿਚ ਚਾਰ ਚੰਨ੍ਹ ਲਗਾ ਰਹੇ ਹਨ, ਉੱਥੇ ਦੂਜੇ ਪਾਸੇ ਬ੍ਰਹਮਸਰੋਵਰ ਦੇ ਕੱਢੇ ਸੈਨਾਨੀਆਂ ਦੇ ਮਨੋਰੰਜਨ ਲਈ ਐਨਜੇਡਸੀਸੀ ਵੱਲੋਂ ਬਹਿਰੂਪਇਏ ਲੋਕਾਂ ਦੇ ਲਈ ਖਿੱਚ ਦਾ ਕੇਂਦਰ ਬਣੇ ਹੋਏ ਹਨ ਅਤੇ ਸਾਰੇ ਸਥਾਨਕ ਅਤੇ ਦੂਰ-ਦਰਜਾ ਤੋਂ ਆਉਣ ਵਾਲੇ ਸੈਨਾਨੀ ਇੰਨ੍ਹਾਂ ਬਿਹਰੂਪਿਆਂ ਦੇ ਨਾਲ ਸੈਲਫੀ ਲੈ ਕੇ ਇਸ ਕੌਮਾਂਤਰੀ ਗੀਤਾ ਮਹੋਤਸਵ ਦਾ ਮਜਾ ਚੁੱਕੇ ਰਹੇ ਹਨ।ਕੌਮਾਂਤਰੀ ਗੀਤਾ ਮਹੋਤਸਵ ਦੇ ਇਤਿਹਾਸਕ ਪਰਵ ਨੂੰ ਖੁਸ਼ੀ ਦੇ ਨਾਲ ਮਨਾਉਣ ਅਤੇ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਵੱਲੋਂ ਹਿੰਦੂ ਸਭਿਆਚਾਰ ਨੂੰ ਪ੍ਰੋਤਸਾਹਨ ਦੇਣ ਲਈ ਸਮੇਂ-ਸਮੇਂ 'ਤੇ ਅਨੇਕ ਤਰ੍ਹਾ ਦੇ ਯੱਗ ਤੇ ਭਗਵਾਨ ਸ੍ਰੀ ਰਾਮ ਤੇ ਸ੍ਰੀ ਕਿਸ਼ਣ ਦੀ ਕਥਾਵਾਂ ਦੇ ਪ੍ਰਬੰਧ ਕੀਤੇ ਜਾਂਦੇ ਹਨ।ਇਸੀ ਲੜੀ ਵਿਚ ਗੀਤਾ ਜੈਯੰਤੀ ਸਮਾਰੋਹ ਦੇ ਮੌਕੇ 'ਤੇ ਕੱਲ੍ਹ 5 ਦਸੰਬਰ ਤੋਂ 11 ਦਸੰਬਰ ਤਕ ਦੁਪਹਿਰ 2 ਵਜੋ ਤੋਂ ਸ਼ਾਮ 5 ਵਜੇ ਤਕ ਸ੍ਰੀਮਦ ਭਗਵਤ ਕਥਾ ਦਾ ਪ੍ਰਬੰਧ ਕੀਤਾ ਜਾਵੇਗਾ।ਕੁਰੂਕਸ਼ੇਤਰ ਵਿਚ ਸਥਿਤ ਭਗਵਾਨ ਦੱਤਾਤ੍ਰੇਅ ਮੰਦਿਰ ਦੀ ਕਥਾਵਾਚਕ ਸਾਧਵੀ ਮੋਕਸ਼ਿਤਾ ਨੇ ਸ੍ਰੀਮਦ ਭਗਵਤ ਕਥਾ ਅਜਿਹੇ ਇਤਿਹਾਸਕ ਅਤੇ ਪਵਿੱਤਰ ਸਥਾਨ 'ਤੇ ਹੋਣ ਜਾ ਰਹੀ ਹੈ, ਜਿੱਥੇ ਭਗਵਾਨ ਸ੍ਰੀ ਕ੍ਰਿਸ਼ਣ ਨੇ ਆਪਣੇ ਸ਼ਿਸ਼ ਅਰਜੁਨ ਨੂੰ ਗੀਤਾ ਦੇ ਉਦੇਸ਼ ਰਾਹੀਂ ਮੋਕਸ਼ ਪ੍ਰਾਪਤੀ ਅਤੇ ਮੁਕਤੀ ਦਾ ਮਾਰਗ ਦਿਖਾਇਆ ਸੀ। ਉਨ੍ਹਾਂ ਨੇ ਦਸਿਆ ਕਿ ਸ੍ਰੀਮਦ ਭਗਵਤ ਕਥਾ ਦਾ ਸਾਰ ਸਾਨੂੰ ਸਿੱਖਿਆ ਦਿੰਦਾ ਹੈ ਕਿ ਹਰ ਵਿਅਕਤੀ ਦੇ ਅੰਦਰ ਪ੍ਰੇਮਭਾਵ, ਤਿਆਗ ਦੀ ਭਾਵਨਾ, ਗਿਆਨ ਉਤਪਨ ਹੋਵੇ ਅਤੇ ਹਰੇਕ ਮਨੁੱਖ ਮਾਨਵ ਧਰਮ ਦਾ ਪਾਲਣ ਕਰੇ ਅਤੇ ਆਪਣੇ ਜੀਵਨ ਨੂੰ ਸੁੰਦਰ ਬਣਾਉਣ। ਉਨ੍ਹਾਂ ਨੇ ਦਸਿਆ ਕਿ ਭਗਵਾਨ ਸ੍ਰੀ ਕ੍ਰਿਸ਼ਣ ਨੇ ਕੁਰੂਕਸ਼ੇਤਰ ਦੀ ਪਵਿੱਤਰ ਧਰਤੀ 'ਤੇ ਮਹਾਭਾਰਤ ਦੇ ਯੁੱਧ ਦੇ ਵਿਚ ਇਕ ਅਜਿਹਾ ਸ਼ਾਂਤੀ ਦਾ ਸੰਦੇਸ਼ ਦਿੱਤਾ ਜੋ ਅੱਜ ਗੀਤਾ ਉਪਦੇਸ਼ ਦੇ ਨਾਂਅ ਨਾਲ ਪੂਰੇ ਵਿਸ਼ਵ ਨੂੰ ਪ੍ਰਮਾਸ਼ਮਈ ਕਰ ਰਿਹਾ ਹੈ।ਪਵਿੱਤਰ ਗ੍ਰੰਥ ਗੀਤਾ ਵਿਚ ਜੀਵਨ ਜੀਣ ਦਾ ਸਾਰ ਵਰਣਿਤ ਕੀਤਾ ਗਿਆ ਹੈ, ਜੋ ਸਮੁੱਚੇ ਮਨੁੱਖ ਸਮੂਦਾਏ ਨੂੰ ਗਿਆਨ ਦੀ ਰਾਹ ਦਿਖਾਉਣਾ ਹੈ।

## ਬਾਬਾ ਸਾਹਿਬ ਦੇ ਪ੍ਰੀ ਨਿਰਵਾਣ ਦਿਵਸ ਨੂੰ ਸਮਰਪਤ ਖੂਨਦਾਨ ਕੈਂਪ 8 ਨੂੰ

**ਫਿਲੌਰ, (ਨਿਰਮਲ)**: ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਦੇ ਪ੍ਰੀ ਨਿਰਵਾਣ ਦਿਵਸ ਨੂੰ ਸਮਰਪਿਤ ਇੱਕ ਖੂਨਦਾਨ ਕੈਂਪ 8 ਦਸੰਬਰ (ਐਤਵਾਰ) ਨੂੰ ਬਾਬਾ ਬ੍ਰਹਮ ਦਾਸ ਕਮਿਊਨਿਟੀ ਹਾਲ, ਅਕਲਪੁਰ ਰੋਡ, ਫਿਲੌਰ ਵਿੱਚ ਲਗਾਇਆ ਜਾ ਰਿਹਾ ਹੈ।ਕੈਂਪ ਦਾ ਆਯੋਜਨ ਅੰਬੇਦਕਰ ਸੈਨਾ ਆਫ ਇੰਡੀਆ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ। ਕੈਂਪ ਵਿੱਚ ਮਾਹਿਰ ਡਾਕਟਰਾਂ ਦੀ ਟੀਮ ਉਪਲਬਧ ਹੋਵੇਗੀ। ਖੂਨਦਾਨ ਕਰਨ ਵਾਲੇ ਵਿਅਕਤੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ ਅਤੇ ਸਾਰਿਆਂ ਲਈ ਲੰਗਰ ਦਾ ਪ੍ਰਬੰਧ ਵੀ ਕੀਤਾ ਗਿਆ ਹੈ। ਇਸ ਮੌਕੇ 'ਤੇ ਗੁਲਸ਼ਨ ਮਸੰਦਪੁਰ ਅਤੇ ਬਲਰਾਜ ਬਿਲਗਾ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਗੁਰਾਇਆ ਬਲੱਡ ਸੇਵਾ ਸਹਿਯੋਗ ਸੰਸਥਾ ਵੀ ਇਸ ਮੁਹਿੰਮ ਵਿੱਚ ਯੋਗਦਾਨ ਪਾਵੇਗੀ।

# ਬਾਦਲ ਉੱਪਰ ਹੋਇਆ ਹਮਲਾ ਸਰਕਾਰ ਦੀ ਨਕਾਮੀ ਦਾ ਸਬੂਤ : ਤਲਵਾੜ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਇੱਕ ਨਿਮਾਣੇ ਸਿੱਖ ਵਾਂਗੂ ਸ਼੍ਰੀ ਹਰਿਮੰਦਰ ਸਾਹਿਬ ਦੇ ਬਾਹਰ ਆਪਣੀ ਸਜ਼ਾ ਦੇ ਦੂਸਰੇ ਦਿਨ ਨੂੰ ਪੂਰਾ



ਕਰ ਰਹੇ ਸੁਖਬੀਰ ਬਾਦਲ ਉੱਪਰ ਕਾਤਲਾਨਾ ਹਮਲਾ ਇਸ ਗੱਲ ਨੂੰ ਦਰਸਾਉਂਦਾ ਹੈ ਕਿ ਪੰਜਾਬ ਦੀ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਵਿਗੜ ਚੁੱਕੀ ਹੈ। ਉਪਰੋਕਤ ਸ਼ਬਦ ਇਸ ਹਮਲੇ ਦੀ ਨਿਖੇਦੀ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਸੰਜੀਵ ਤਲਵਾੜ ਨੇ ਪ੍ਰੈਸ ਦੇ ਨਾਂਅ ਜਾਰੀ ਇੱਕ ਬਿਆਨ ਵਿੱਚ ਕਹੇ। ਤਲਵਾੜ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬ ਨੂੰ ਖੁਸ਼ਹਾਲ ਸੂਬੇ ਦੀ ਬਜਾਏ ਜੰਗਲ ਰਾਜ ਵਿੱਚ ਤਬਦੀਲ ਕਰ ਦਿੱਤਾ ਹੈ।ਰੋਜ਼ਾਨਾ ਪੰਜਾਬ 'ਚ ਹੋ ਰਹੀਆਂ ਹੱਤਿਆਵਾਂ ਗੈਂਗਸਟਰਾਂ ਵੱਲੋਂ ਮੰਗੀਆਂ ਜਾ ਰਹੀਆਂ ਫਿਰੌਤੀਆਂ ਪੰਜਾਬ ਦੇ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਪੈਦਾ ਕਰ ਚੁੱਕੀਆਂ ਹਨ ਤੇ ਹੁਣ ਜੈੱਡ ਪਲਸ ਸਕਿਉਰਟੀ ਪ੍ਰਾਪਤ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਉੱਪਰ ਗੋਲੀ ਚੱਲਣ ਨਾਲ ਇਹ ਗੱਲ ਸਿੱਧ ਹੋ ਗਈ ਹੈ ਕਿ ਭਗਵੰਤ ਮਾਨ ਦੀ ਕਾਨੂੰਨ ਦੇ ਉੱਪਰੋਂ ਪਕੜ ਖਤਮ ਹੋ ਚੁੱਕੀ ਹੈ।ਉਨ੍ਹਾਂ ਨੇ ਕਿਹਾ ਸ਼੍ਰੋਮਣੀ ਅਕਾਲੀ ਦਲ ਸਾਂਝੀਵਾਲਤਾ ਦਾ ਨਾਅਰਾ ਬੁਲੰਦ ਕਰਦਾ ਆਇਆ ਹੈ ਤੇ ਅੱਗੇ ਵੀ ਕਰਦਾ ਰਹੇਗਾ। ਉਹਨਾਂ ਮੰਗ ਕੀਤੀ ਕਿ ਇਸ ਘਟਨਾ ਦੀ ਨਿਆਇਕ ਜਾਂਚ ਕਰਵਾਈ ਜਾਵੇ ਕਿਉਂਕਿ ਸਰਕਾਰ ਦੀ ਕਿਸੇ ਵੀ ਏਜੰਸੀ ਉੱਪਰ ਹੁਣ ਪੰਜਾਬ ਵਾਸੀਆਂ ਦਾ ਵਿਸ਼ਵਾਸ ਨਹੀਂ ਰਿਹਾ ਹੈ।

# ਸੂਬੇ ਦੇ ਕਿਸਾਨਾਂ ਨੂੰ ਸਬਜ਼ੀਆਂ ਦੇ 2 ਕਰੋੜ ਮਿਆਰੀ ਬੀਜ ਸਪਲਾਈ

**ਜਲੰਧਰ, (ਸ਼ੈਲੀ ਐਲਬਰਟ)**

ਜੇ.ਸੀ. ਗਲੋਬਲ ਜੈਵਿਸ਼ ਐਡਵੋਕੇਸੀ ਤੋਂ ਡੈਲੀਗੇਟਾਂ ਦੀ ਇਕ ਟੀਮ ਵਲੋਂ ਸ਼ੀਰਾ ਲੋਵੇਨਬਰਗ (ਡਾਇਰੈਕਟਰ) ਅਤੇ ਅਰਜੁਨ ਹਰਦਾਸ ਦੀ ਅਗਵਾਈ ਵਿੱਚ ਭਾਰਤੀ ਪ੍ਰਤੀਨਿਧ, ਏਸ਼ੀਆ ਪੈਸੀਫਿਕ ਇੰਸਟੀਚੂਟ, ਅਮਰੀਕਨ ਜੈਵਿਸ਼ ਕਮੇਟੀ ਵਲੋਂ ਸੈਂਟਰ ਆਫ਼ ਐਕਸੀਲੈਂਸ ਫਾਰ ਵੈਜੀਟੇਬਲ ਕਰਤਾਰਪੁਰ ਦਾ ਦੌਰਾ ਕੀਤਾ ਗਿਆ, ਜਿਸ ਵਿੱਚ ਇੰਡੋਨੇਸ਼ੀਆ-ਇੰਡੀਆ ਮਿਸ਼ਨ ਅਟੈਂਡੀ ਐਮ. ਸੁਭਾਨ ਏ, ਕਾਰਪੋਰੇਟ ਡਾਇਰੈਕਟਰ ਐਂਡ ਬਿਸਨੈਸ ਐਗਜੈਕਟਿਵ, ਮੁਹ ਯੂਸਫ਼, ਪਲਟੇਸ਼ਨੋ ਓਪਰੇਸ਼ਨ ਮੈਨੇਜਰ, ਮੁਹੰਮਦ ਬਸਰਾਨ, ਐਗਰੀ ਬਿਜਨੈਸ, ਡਾ.ਅਮੀਰੂਦੀਨ, ਐਸ.ਪੀ, ਐਮ.ਪੀ. ਹੈਡ ਆਫ਼ ਐਗਰੋਟੈਕਨੌਲਜੀ ਪ੍ਰੋਗਰਾਮ ਅਤੇ



ਸੀਨੀਅਰ ਲੈਕਚਰਾਰ ਤੇ ਪੂਆ ਬੋਂਗਾ, ਐਸ.ਪੀ. ਐਗਰੋ ਟੈਕਨੌਜਲੀ ਸਪੈਸ਼ਲਿਸਟ ਸ਼ਾਮਿਲ ਸਨ। ਇਹਨਾਂ ਵਲੋਂ ਬਾਗਬਾਨੀ ਨਾਲ ਸਬੰਧਿਤ ਸੈਂਟਰ ਵਿਖੇ ਕੀਤੀਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਨੂੰ ਦੇਖਿਆ ਗਿਆ।ਡਾਇਰੈਕਟਰ ਬਾਗਬਾਨੀ ਪੰਜਾਬ ਸ਼ਲਿੰਦਰ ਕੌਰ ਦੀ ਤਰਫ਼ੋਂ ਸਹਾਇਕ ਡਾਇਰੈਕਟਰ ਬਾਗਬਾਨੀ-ਕਮ-ਕੰਟਰੋਲਿੰਗ ਅਫ਼ਸਰ ਸੈਂਟਰ ਆਫ਼ ਐਕਸੀਲੈਂਸ ਜਲੰਧਰ ਅਤੇ ਹੁਸ਼ਿਆਰਪੁਰ ਵਲੋਂ ਆਈਆਂ ਸਖਸ਼ੀਅਤਾਂ ਦਾ ਸਵਾਗਤ ਕੀਤਾ ਗਿਆ ਅਤੇ ਸੈਂਟਰ ਵਿਖੇ ਕੀਤੀਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣੂੰ ਕਰਵਾਇਆ ਗਿਆ। ਉਨ੍ਹਾਂ ਵਲੋਂ ਪੰਜਾਬ ਵਿੱਚ ਬਾਗਬਾਨੀ ਅਤੇ ਖੇਤੀਬਾੜੀ ਵਿੱਚ ਫਸਲੀ ਵਿਭਿੰਨਤਾ, ਸੁਰੱਖਿਅਤ ਖੇਤੀ, ਵੱਖ-ਵੱਖ ਪੌਲੀਹਾਊਸਾਂ ਦੀ ਬਣਤਰ ਅਤੇ ਉਚ ਮੁੱਲ ਵਾਲੀਆਂ ਫ਼ਸਲਾਂ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ ਗਈ।ਇਸ ਮੌਕੇ ਬਾਗਬਾਨੀ ਵਿਕਾਸ ਅਫ਼ਸਰ-ਕਮ-ਪ੍ਰੋਜੈਕਟ ਅਫ਼ਸਰ ਸੈਂਟਰ ਆਫ਼ ਐਕਸੀਲੈਂਸ ਨੇ ਦੱਸਿਆ ਕਿ ਇਸ ਸੈਂਟਰ ਦੀ ਕਿਸਾਨਾਂ ਵਿੱਚ ਦਿਨ ਪ੍ਰਤੀ ਦਿਨ ਮਹੱਤਤਾ ਵੱਧ ਰਹੀ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਪੰਜਾਬ ਦੇ ਕਿਸਾਨਾਂ ਅਤੇ ਕਿਚਨ ਗਾਰਡਨ ਵਿੱਚ ਦਿਲਚਸਪੀ ਰੱਖਣ ਵਾਲੇ ਲੋਕਾਂ ਨੂੰ 2 ਕਰੋੜ 22 ਲੱਖ ਵੱਖ-ਵੱਖ ਸਬਜ਼ੀਆਂ ਦੇ ਸਿਹਤਮੰਦ ਬੀਜ ਸਪਲਾਈ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਅੱਜ ਦੀ ਤਾਰੀਕ ਤੱਕ ਸਬਜ਼ੀਆਂ ਦੀ ਸੁਰੱਖਿਅਤ ਕਾਸ਼ਤ ਕਰਨ ਪ੍ਰਤੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ 44 ਤਿੰਨ ਰੋਜ਼ਾ ਸਿਖਲਾਈ ਪ੍ਰੋਗਰਾਮ ਕਰਵਾਏ ਜਾ ਚੁੱਕੇ ਹਨ, ਜਿਨ੍ਹਾਂ ਵਿੱਚ 1557 ਤੋਂ ਵੱਧ ਕਿਸਾਨਾਂ ਸਿੱਖਿਅਤ ਕੀਤਾ ਗਿਆ ਅਤੇ ਹੁਣ ਇਨ੍ਹਾਂ ਕਿਸਾਨਾਂ ਵਲੋਂ ਨਵੀਂ ਤਕਨੀਕ ਰਾਹੀਂ ਰਵਾਇਤੀ ਖੇਤੀ ਨੂੰ ਛੱਡ ਕੇ ਖੇਤੀ ਕੀਤੀ ਜਾ ਰਹੀ ਹੈ।ਇਸ ਮੌਕੇ ਡਾ. ਤ੍ਰਿਪਤ ਕੁਮਾਰ, ਬਾਗਬਾਨੀ ਵਿਕਾਸ ਅਫ਼ਸਰ (ਪਲਾਂਟ ਪੈਥੋਲੋਜ਼ੀ) ਨੇ ਦੱਸਿਆ ਕਿ ਰੋਗ ਰਹਿਤ ਸਬਜ਼ੀਆਂ ਦੇ ਬੀਜ ਤਿਆਰ ਕਰਨ, ਖੁਲ੍ਹੇ ਖੇਤਾਂ ਅਤੇ ਪੌਲੀ ਹਾਊਸਾਂ ਵਿੱਚ ਸਬਜ਼ੀਆਂ ਦੀ ਪੈਦਾਵਾਰ ਅਤੇ ਫ਼ਸਲਾਂ ਦੀ ਕਟਾਈ ਤੋਂ ਬਾਅਦ ਸੁਚੱਜੇ ਪ੍ਰਬੰਧਨ ਸਬੰਧੀ ਕਿਸਾਨਾਂ ਨੂੰ ਜਾਣਕਾਰੀ ਮੁਹੱਈਆ ਕਰਵਾਈ ਗਈ ਹੈ। ਇਸ ਦੌਰੇ ਦਾ ਮੰਤਵ ਇੰਡੋ-ਇਜ਼ਰਾਇਲ ਸੈਂਟਰ ਆਫ਼ ਐਕਸੀਲੈਂਸ ਦੀ ਤਰਜ਼ 'ਤੇ ਇੰਡੋਨੇਸ਼ੀਆ ਵਿੱਚ ਨਵਾਂ ਸੈਂਟਰ ਸਥਾਪਿਤ ਕਰਨਾ ਹੈ। ਇਸ ਮੌਕੇ ਸੈਂਟਰ ਆਫ਼ ਐਕਸੀਲੈਂਸ ਫਾਰ ਵੈਜੀਟੇਬਲ ਦੀ ਸਮੁੱਚੀ ਟੀਮ ਵੀ ਹਾਜ਼ਰ ਸੀ।

# ਸੁਖਬੀਰ ਬਾਦਲ 'ਤੇ ਹਮਲੇ ਦੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਸਖਤ ਨਿੰਦਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਜਥੇਦਾਰ ਗੁਰਬਖਸ਼ ਸਿੰਘ ਖਾਲਸਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜ਼ਿਲ੍ਹਾ ਜਥੇਦਾਰ ਸੁਖਦੀਪ ਸਿੰਘ ਸ਼ੁਕਾਰ ਅਕਾਲੀ ਦਲ ਯੂਥ ਆਗੂ ਰਮਨਦੀਪ ਸਿੰਘ ਥਿਆੜਾ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਉੱਪਰ ਹੋਏ ਜਾਨਲੇਵਾ ਹਮਲੇ ਦੀ ਸ਼੍ਰੋਮਣੀ ਅਕਾਲੀ ਦਲ ਸਖਤ ਨਿੰਦਾ ਕਰਦਾ ਹੈ। ਇਹ ਹਮਲਾ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਅਤੇ ਕੇਂਦਰ ਦੀਆਂ ਸੁਰੱਖਿਆ ਏਜੰਸੀਆਂ ਦੀ ਕਾਨੂੰਨ ਵਿਵਸਥਾ 'ਤੇ ਵੀ ਸਵਾਲੀਆ ਚਿੰਨ੍ਹ ਖੜ੍ਹਾ ਕਰਦਾ ਹੈ। ਇਸ ਵਕਤ ਪੰਜਾਬ ਵਿੱਚ ਕਨੂੰਨ ਵਿਵਸਥਾ ਬਿਲਕੁਲ ਖਤਮ ਹੋ ਚੁੱਕੀ ਹੈ। ਦੇਸ਼ ਵਿਰੋਧੀ ਤਾਕਤਾਂ ਪੰਜਾਬ ਦਾ ਮਾਹੌਲ ਖਰਾਬ ਕਰਨਾ ਚਾਹੁੰਦੀਆਂ ਹਨ। ਪਿਛਲੇ ਲੰਬੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਅਤੇ ਸਾਡੀ ਲੀਡਰਸ਼ਿਪ ਦੇ ਉੱਪਰ ਸਾਜ਼ਿਸ਼ ਤਹਿਤ ਵੱਖ ਵੱਖ ਰੂਪਾਂ ਦੇ ਵਿੱਚ ਹਮਲੇ ਕੀਤੇ ਜਾ ਰਹੇ ਹਨ ਜਿਸ ਨੂੰ ਸਿੱਖ ਪੰਥ ਨੂੰ ਸਮਝਣ ਦੀ ਲੋੜ ਹੈ ।ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੰਜਾਬ ਦੀ ਲੜਾਈ ਲੜਦਾ ਰਿਹਾ ਹੈ ਤੇ ਲੜਦਾ ਰਹੇਗਾ। ਇਹਨਾਂ ਹਮਲਿਆਂ ਦੇ ਕਾਰਨ ਸ਼੍ਰੋਮਣੀ ਅਕਾਲੀ ਦਲ ਆਪਣੀਆਂ ਜ਼ਿੰਮੇਵਾਰੀਆਂ ਤੋਂ ਕਿਸੇ ਹਾਲਾਤ 'ਚ ਵੀ ਪਿੱਛੇ ਨਹੀਂ ਹਟੇਗਾ। ਉਹਨਾਂ ਨੇ ਇਸ ਮਾਮਲੇ ਦੀ ਸੀ ਬੀ ਆਈ ਜਾਂਚ ਦੀ ਮੰਗ ਕੀਤੀ ਹੈ।

# ਸਿਲਵਰ ਓਕ 'ਚ 7 ਤੇ 9 ਨੂੰ ਹੋਵੇਗਾ ਸਾਲਾਨਾ ਅਕਾਦਮਿਕ ਇਨਾਮ ਵੰਡ ਸਮਾਰੋਹ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸਾਹਬਾਜ਼ਪੁਰ ਵਿਖੇ ਸਾਲਾਨਾ ਅਕਾਦਮਿਕ ਇਨਾਮ ਵੰਡ ਸਮਾਰੋਹ 7 ਅਤੇ 9 ਦਸੰਬਰ ਨੂੰ ਕਰਵਾਇਆ ਜਾਵੇਗਾ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਦੇ ਵਿੱਚ ਇਹ ਇਨਾਮ ਵੰਡ ਸਮਾਰੋਹ ਆਯੋਜਿਤ ਕੀਤਾ ਜਾਵੇਗਾ।ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਪ੍ਰੈਸ ਵਾਰਤਾ ਦੌਰਾਨ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਿਛਲੇ ਸਾਲ ਦੇ ਅਕਾਦਮਿਕ ਖੇਤਰ ਵਿੱਚ ਅੱਵਲ ਰਹੇ ਵਿਦਿਆਰਥੀਆਂ ਨੂੰ ਸਕੂਲ ਦੇ ਵਿੱਚ ਸਨਮਾਨਿਤ ਕੀਤਾ ਜਾਵੇਗਾ।ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਬੱਚਿਆਂ ਦੀ ਸਾਰੇ ਸਾਲ ਕੀਤੀ ਹੋਈ ਮਿਹਨਤ ਦਾ ਨਤੀਜੇ ਵਿੱਚ ਜਿਨਾਂ ਬੱਚਿਆਂ ਨੇ ਪੜ੍ਹਾਈ ਦੇ ਵਿੱਚ ਵਧੀਆ ਪ੍ਰਦਰਸ਼ਨ ਕੀਤਾ ਹੈ ਉਹਨਾਂ ਦਾ ਸਨਮਾਨ ਕਰਨਾ ਸਕੂਲ ਆਪਣੀ ਜਿੰਮੇਵਾਰੀ ਸਮਝਦਾ ਹੈ। ਉਹਨਾਂ ਦੱਸਿਆ ਕਿ ਇਸ ਮੌਕੇ 'ਤੇ ਸੰਸਥਾ ਦਾ ਚੇਅਰਮੈਨ ਤਰਲੋਚਨ ਸਿੰਘ ਬੱਚਿਆਂ ਨੂੰ ਸਨਮਾਨਿਤ ਕਰਨਗੇ।ਸਕੂਲ ਦੇ ਚੇਅਰਮੈਨ ਤਰਲੋਚਨ ਸਿੰਘ ਨੇ ਦੱਸਿਆ ਕਿ ਬੱਚਿਆਂ ਦੇ ਲਈ ਹੌਸਲਾ ਅਫਜਾਈ ਬੜੀ ਵੱਡੀ ਚੀਜ਼ ਹੁੰਦੀ ਹੈ ਤੇ ਇਹ ਸਾਡੀ ਜਿੰਮੇਦਾਰੀ ਹੈ।ਇਹਨਾਂ ਸਨਮਾਨਾਂ ਦੇ ਨਾਲ ਬੱਚਿਆਂ ਦਾ ਹੌਸਲਾ ਵੱਧਦਾ ਹੈ ਤੇ ਉਹ ਅੱਗੇ ਜ਼ਿੰਦਗੀ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਹੁੰਦੇ ਹਨ ਅਤੇ ਸਾਡੀ ਕੋਸ਼ਿਸ਼ ਹਮੇਸ਼ਾ ਇਹੀ ਰਹਿੰਦੀ ਹੈ ਕਿ ਅਸੀਂ ਬੱਚਿਆਂ ਨੂੰ ਉਹਨਾਂ ਦੇ ਕੀਤੇ ਵਧੀਆ ਪ੍ਰਦਰਸ਼ਨ ਦੇ ਉੱਤੇ ਉਹਨਾਂ ਦਾ ਹੌਸਲਾ ਵਧਾ ਸਕੀਏ ਤਾਂ ਕਿ ਇਹ ਬੱਚੇ ਅੱਗੇ ਜਾ ਕੇ ਸਾਡਾ ਸਕੂਲ ਦਾ ਮਾਂ ਬਾਪ ਦਾ ਅਤੇ ਸਾਰੇ ਇਲਾਕੇ ਦਾ ਨਾਮ ਰੌਸ਼ਨ ਕਰਨ।ਇਸ ਮੌਕੇ ਸੰਸਥਾ ਦੇ ਮੈਨੇਜਰ ਗਜਿੰਦਰ ਪਾਲ ਸਿੰਘ ਤਰਨ ਸੈਣੀ, ਰਿਸੋਰਸ ਕੋਡੀਨੇਟਰ ਬਿਕਰਮਜੀਤ ਸਿੰਘ ਭੇਲਾ, ਖੇਡ ਵਿਭਾਗ ਦੇ ਮੁਖੀ ਸੰਜੀਵ ਕੁਮਾਰ ਸ਼ਰਮਾ, ਕੋਆਰਡੀਨੇਟਰ ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਵਿਸ਼ਾਲੀ, ਗੁਰਪ੍ਰੀਤ ਕੌਰ, ਅਰਚਨਾ, ਨੇਹਾ, ਪਰਮਜੀਤ, ਸੁਮਿਤ, ਬਲਜੀਤ, ਰਾਜਵਿੰਦਰ, ਰਾਜਵੀਰ, ਸੁਮਨ, ਇਕਬਾਲ, ਮਮਤਾ, ਦਮਨ, ਗੁਰਦੇਵ, ਹਰਜੀਤ, ਅਜੇ ਅਤੇ ਬਾਕੀ ਸਟਾਫ ਮੈਂਬਰ ਹਾਜ਼ਰ ਸਨ।

## ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ : ਡਾ. ਕਰਨ

**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸਰਕਾਰ ਵੱਲੋ ਲੋਕਾਂ ਨੂੰ ਹੋਰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਇਸ ਦੇ ਦਾਇਰੇ ਨੂੰ



ਵਧਾਉਦਿਆਂ ਹੋਇਆਂ 70 ਸਾਲ ਦਾ ਇਸ ਤੋਂ ਵੱਧ ਉਮਰ ਦੇ ਕੋਈ ਵੀ ਵਿਅਕਤੀ ਜਾਂ ਔਰਤਾਂ ਦਾ ਆਯੂਸ਼ਮਾਨ ਕਾਰਡ ਬਣਾਇਆ ਜਾ ਸਕਦਾ ਹੈ।ਇਹ ਜਾਣਕਾਰੀ ਡਾ. ਕਰਨ ਕੁਮਾਰ ਸੈਣੀ ਐਸ ਐਮ ਓ ਟਾਂਡਾ ਨੇ ਦਿੰਦਿਆ ਦੱਸਿਆ ਕਿ ਇਹ ਕਾਰਡ ਬਣਾਉਣ ਲਈ ਸਿਰਫ ਆਧਾਰ ਕਾਰਡ ਨਾਲ ਲਿਆਉਣ ਦੀ ਜ਼ਰੂਰਤ ਹੈ ਇਸ ਲਈ ਵੱਧ ਤੋਂ ਵੱਧ ਲੋਕ ਇਸ ਦਾ ਫਾਇਦਾ ਲੈਣ।ਉਹਨਾਂ ਦੱਸਿਆ ਕਿ ਇਸ ਕਾਰਡ ਨਾਲ 5 ਲੱਖ ਤੱਕ ਦਾ ਇਲਾਜ ਮੁਫਤ ਕੀਤਾ ਜਾਂਦਾ ਹੈ।ਇਸ ਤੋਂ ਪਹਿਲਾਂ ਇਹ ਕਾਰਡ ਨੀਲੇ ਕਾਰਡ, ਜੇ ਫਾਰਮ, ਪੀਲੇ ਕਾਰਡਾ ਵਾਲੇ ਪੱਤਰਕਾਰ, ਰਜਿਸਟਰਡ ਕੰਸਟਰਕਸ਼ਨ ਵਰਕਰ, ਆਸ਼ਾ ਵਰਕਰ ਦੇ ਹੀ ਬਣੇ ਹਨ।ਇਹ ਕਾਰਡ ਬਣਾਉਣ ਲਈ ਸਰਕਾਰੀ ਹਸਪਤਾਲ ਟਾਂਡਾ ਦੇ 111 ਨੰਬਰ ਕਮਰੇ ਵਿੱਚ ਸੰਪਰਕ ਕੀਤਾ ਜਾ ਸਕਦਾ ਹੈ।

# ਧੂਮਧਾਮ ਨਾਲ ਕਰਵਾਇਆ ਅਕਾਲ ਅਕੈਡਮੀ ਦਾ ਸਾਲਾਨਾ ਇਨਾਮ ਵੰਡ ਸਮਾਗਮ

**ਸੁਲਤਾਨਪੁਰ ਲੋਧੀ (ਹਨੀ)**

ਅਕਾਲ ਅਕੈਡਮੀ ਇੰਟਰਨੈਸ਼ਨਲ ਸਕੂਲ ਵਿਖੇ ਪ੍ਰਿੰਸੀਪਲ ਗਗਨਦੀਪ ਕੌਰ ਜੱਜ ਦੀ ਅਗਵਾਈ ਹੇਠ 29ਵਾਂ ਸਾਲਾਨਾ ਇਨਾਮ ਵੰਡ ਸਮਾਗਮ ਬੜੀ ਧੂਮਧਾਮ ਨਾਲ ਕਰਵਾਇਆ ਗਿਆ।ਜਿਸ ਵਿੱਚ ਮੁੱਖ ਮਹਿਮਾਨ ਵਜੋਂ ਮਨਜੀਤ ਸਿੰਘ ਨੇ ਸ਼ਿਰਕਤ ਕੀਤੀ। ਵਿਸ਼ੇਸ਼ ਮਹਿਮਾਨ ਵਜੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾਂ ਆਪਣੇ ਸਾਥੀਆਂ ਸਮੇਤ ਪਹੁੰਚੇ। ਉਨ੍ਹਾਂ ਕਿਹਾ ਕਿ ਅਕਾਲ ਗਰੁੱਪ ਨੇ ਸਿੱਖਿਆ ਦੇ ਖੇਤਰ ਵਿੱਚ ਵੱਡਾ ਯੋਗਦਾਨ ਪਾਇਆ ਹੈ। ਗੁਰਦੀਪ ਸਿੰਘ ਜੱਜ ਵੱਲੋਂ ਵਿੱਦਿਆ ਦੇ ਖੇਤਰ ਵਿੱਚ ਜੋ ਬੂਟਾ ਲਾਇਆ ਗਿਆ ਸੀ ਉਹ ਅੱਜ ਵਧ ਰਿਹਾ ਹੈ ਜਿਸ ਲਈ ਅਸੀਂ ਵੀ ਖੁਸ਼ ਹਾਂ। ਉਨ੍ਹਾਂ ਵਿਦਿਆਰਥਣਾਂ ਦਾ ਖੇਡਾਂ ਪ੍ਰਤੀ ਉਤਸ਼ਾਹ ਵਧਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਬੜੀ ਚਿੰਤਾ ਦੀ ਗੱਲ ਹੈ ਕਿ ਅੱਜ ਪੰਜਾਬ ਵਿੱਚ ਨਸ਼ਿਆਂ ਦਾ ਛੇਵਾਂ ਦਰਿਆ ਵਹਿ ਰਿਹਾ ਹੈ। ਪੰਜਾਬ ਦੇ ਵੱਡੀ ਗਿਣਤੀ ਨੌਜਵਾਨ ਇਸ ਦਾ ਸ਼ਿਕਾਰ ਹੋ ਰਹੇ ਹਨ।ਪ੍ਰਿੰਸੀਪਲ ਗਗਨਦੀਪ ਕੌਰ ਨੇ ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹੀ ਅਤੇ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਵਿਸਥਾਰ ਨਾਲ ਦੱਸਿਆ। ਅਕਾਦਮਿਕ ਸੈਸ਼ਨ 2023-24 ਦੀਆਂ ਸਾਲਾਨਾ ਪ੍ਰੀਖਿਆਵਾਂ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਤੋਂ ਪੜ੍ਹਾਈ ਪੂਰੀ ਕਰਨ ਤੋਂ ਬਾਅਦ




ਸਰਕਾਰੀ ਨੌਕਰੀ 'ਤੇ ਤਾਇਨਾਤ ਵਿਦਿਆਰਥੀਆਂ ਦਾ ਵੀ ਸਨਮਾਨ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਗੁਰਬਾਣੀ ਸ਼ਬਦ ਕੀਰਤਨ ਨਾਲ ਹੋਈ। ਇਸ ਉਪਰੰਤ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ, ਸੱਭਿਆਚਾਰ, ਕੋਰੀਓਗ੍ਰਾਫੀ ਅਤੇ ਪੰਜਾਬੀ ਲੋਕ ਨਾਚ ਗਿੱਧਾ ਅਤੇ ਭੰਗੜਾ ਪੇਸ਼ ਕੀਤਾ ਗਿਆ। ਅੰਤ ਵਿੱਚ ਅਕਾਲ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਡਾਇਰੈਕਟਰ ਸੁਖਦੇਵ ਸਿੰਘ ਜੱਜ, ਡਿਪਟੀ ਡਾਇਰੈਕਟਰ ਕੁਲਵਿੰਦਰ ਸਿੰਘ ਜੱਜ, ਪ੍ਰਿੰਸੀਪਲ ਮੈਡਮ ਗਗਨਦੀਪ ਕੌਰ ਜੱਜ ਨੇ ਮੁੱਖ ਮਹਿਮਾਨ ਮਨਜੀਤ ਸਿੰਘ ਆਈਐਸਡੀਐਸ ਅਤੇ ਵਿਸ਼ੇਸ਼ ਮਹਿਮਾਨ ਆਮ ਆਦਮੀ ਪਾਰਟੀ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਤੇ ਹੋਰ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਗੁਰਦੀਪ ਸਿੰਘ ਜੱਜ, ਐਮਡੀ ਸੁਖਦੇਵ ਸਿੰਘ ਜੱਜ, ਪ੍ਰਿੰਸੀਪਲ ਮੈਡਮ ਗਗਨਦੀਪ ਕੌਰ ਜੱਜ ਅਕਾਲ ਅਕੈਡਮੀ ਇੰਟਰਨੈਸ਼ਨਲ, ਪ੍ਰਿੰਸੀਪਲ ਮੈਡਮ ਅਮਨਦੀਪ ਕੌਰ ਅਕਾਲ ਗਲੈਕਸੀ ਕਾਨਵੈਂਟ ਸਕੂਲ ਲੋਹੀਆਂ ਖਾਸ, ਮੈਨੇਜਮੈਂਟ ਮੈਡਮ ਮਨਜੀਤ ਕੌਰ ਜੱਜ ਅਤੇ ਪ੍ਰਗਟ ਸਿੰਘ ਜੱਜ, ਇੰਦਰਜੀਤ ਸਿੰਘ ਜੱਜ, ਗਗਨਦੀਪ ਸਿੰਘ ਅਤੇ ਨਵਪ੍ਰੀਤ ਸਿੰਘ ਡਾਇਰੈਕਟਰ ਵਾਹਿਗੁਰੂ ਅਕੈਡਮੀ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਯੂਥ ਵਿੰਗ ਦੇ ਪ੍ਰਧਾਨ ਅਕਾਸ਼ਦੀਪ ਸਿੰਘ, ਜਤਿੰਦਰਜੀਤ ਸਿੰਘ, ਪੀਏ ਲਵਪ੍ਰੀਤ ਸਿੰਘ, ਸਰਪੰਚ ਜੋਗਿੰਦਰ ਸਿੰਘ ਸ਼ਾਹਵਾਲਾ, ਸੋਨੂੰ ਰਾਮੇ, ਐਡੀਸ਼ਨ ਹੈੱਡ ਗ੍ਰੰਥੀ ਹਰਜਿੰਦਰ ਸਿੰਘ, ਡਾ. ਅਮਨਪ੍ਰੀਤ ਸਿੰਘ, ਚੇਅਰਮੈਨ ਸਰਬਜੀਤ ਸਿੰਘ ਸਾਬੀ ਅਤੇ ਸਕੂਲ ਕੋਆਰਡੀਨੇਟਰ, ਹਾਊਸ ਇੰਚਾਰਜ, ਗਤੀਵਿਧੀ ਇੰਚਾਰਜ , ਸਟਾਫ਼ ਮੈਂਬਰ ਅਤੇ ਵਿਦਿਆਰਥੀ ਵੀ ਹਾਜ਼ਰ ਸਨ।

5-Dec-PAGE-9.qxd 12/4/2024 10:51 PM Page 1



# ਸਾਥੀਆਂ ਨਾਲ ਮਿਲ ਕੇ ਕੀਤਾ ਪਿਓ ਦਾ ਕਤਲ

*** ਸਾਥੀਆਂ ਨੂੰ ਦਿੱਤਾ ਸੀ 4 ਲੱਖ ਰੁਪਏ ਦਾ ਲਾਲਚ * ਪੁੱਤਰ ਸਮੇਤ ਚਾਰੇ ਦੋਸ਼ੀ ਗ੍ਰਿਫ਼ਤਾਰ**

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** -ਮਨੁੱਖੀ ਰਿਸ਼ਤਿਆਂ ਨੂੰ ਤਾਰ ਤਾਰ ਕਰਦੇ ਇਕ ਕਤਲ ਦੇ ਮਾਮਲੇ ਨੂੰ ਕਪੂਰਥਲਾ ਪੁਲਸ ਨੇ ਬੇਨਕਾਬ ਕੀਤਾ ਹੈ, ਜਿਸ ਵਿੱਚ ਇੱਕ ਪੁੱਤ ਨੇ ਬੇਦਖਲੀ ਅਤੇ ਘਰੋਂ ਕੱਢੇ ਜਾਣ ਦੇ ਡਰ ਕਾਰਨ ਅਤੇ ਪਿਤਾ ਦੀ ਜਾਇਦਾਦ ਨੂੰ ਹੜੱਪਣ ਦੇ ਮਕਸਦ ਨਾਲ ਆਪਣੇ ਤਿੰਨ ਸਾਥੀਆਂ ਨੂੰ 4 ਲੱਖ ਰੁਪਏ ਦਾ ਲਾਲਚ ਦੇ ਕੇ ਆਪਣੇ ਹੀ ਪਿਤਾ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰਵਾਇਆ ਸੀ। ਘਟਨਾ 1ਦਸੰਬਰ ਰਾਤ 10 ਵਜੇ ਦੀ ਹੈ।

ਪੁੱਤ ਵੱਲੋਂ ਪਿਤਾ ਦਾ ਕਤਲ ਕਰਵਾਉਣ ਤੋਂ ਬਾਅਦ ਖੁਦ ਹੀ ਪੁਲਸ ਨੂੰ ਜਾਣਕਾਰੀ ਦਿੱਤੀ ਕਿ ਉਸ ਦੇ ਪਿਓ ਦਾ ਕਿਸੇ ਨੇ ਕਤਲ ਕਰ ਦਿੱਤਾ ਹੈ ਅਤੇ ਲਾਸ਼ ਕਪੂਰਥਲਾ ਸੁਲਤਾਨਪੁਰ ਰੋਡ ਦੇ ਪਿੰਡ ਸੈਦੋ ਭੁਲਾਣਾ ਦੇ ਨੇੜੇ ਇਕ ਪਲਾਟ ਵਿੱਚ ਪਈ ਹੈ। ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਥਾਣਾ ਸਦਰ 'ਚ ਕੇਸ ਦਰਜ ਕੀਤਾ ਪਰ ਮੁਢਲੀ ਤਫਤੀਸ਼ ਦੌਰਾਨ ਮ੍ਰਿਤਕ ਵਿਅਕਤੀ ਦੇ ਪੁੱਤਰ ਵੱਲੋਂ ਦਿੱਤੇ ਗਏ ਬਿਆਨ ਘਟਨਾ ਨਾਲ ਮੇਲ ਨਹੀਂ ਖਾ ਰਹੇ ਸਨ, ਜਿਸ ਦੀ ਡੂੰਘਾਈ ਨਾਲ ਤਫਤੀਸ਼ ਕਰਨ 'ਤੇ ਪਤਾ ਲੱਗਾ ਪੁੱਤਰ ਨੇ ਹੀ ਆਪਣੇ ਤਿੰਨ ਜਾਣਕਾਰ ਸਾਥੀਆਂ ਨਾਲ ਮਿਲ ਕੇ ਆਪਣੇ ਪਿਓ ਦਾ ਕਤਲ ਕਰਵਾਇਆ ਹੈ। ਮ੍ਰਿਤਕ ਵਿਅਕਤੀ ਦੇ ਲੜਕੇ ਸਮੇਤ ਉਸ ਦੇ ਤਿੰਨ ਸਾਥੀਆਂ ਖਿਲਾਫ ਕੇਸ ਦਰਜ ਕਰਕੇ ਮ੍ਰਿਤਕ ਸੂਰਜ ਕੁਮਾਰ ਵਾਸੀ ਅਮਰੀਕ ਨਗਰ ਸੈਦੋ ਭੁਲਾਣਾ ਦੇ ਪੁੱਤਰ ਕਰਨ ਕੁਮਾਰ ਤੇ ਉਸ ਦੇ ਹੋਰ ਸਾਥੀ ਤਰਸੇਮ ਲਾਲ ਉਰਫ ਬਿੱਲਾ ਪੁੱਤਰ ਮੰਗਾ ਵਾਸੀ ਸਰਦੁੱਲਾਪੁਰ, ਮੰਗਤ ਰਾਮ ਉਰਫ ਗੋਲੀ ਪੁੱਤਰ ਸੁਖਦੇਵ ਸਿੰਘ ਵਾਸੀ ਮੁਰੱਲਾ ਉੱਚਾ ਪੱਤਣ ਅਤੇ ਹਰਜਿੰਦਰ ਸਿੰਘ ਉਰਫ ਜਿੰਦਰ ਪੁੱਤਰ ਮੁਲਖ ਰਾਜ ਵਾਸੀ ਸੁੱਲਵਾਲ ਨੂੰ ਕਾਬੂ ਕਰਕੇ ਇਨ੍ਹਾਂ ਪਾਸੋਂ ਵਾਰਦਾਤ ਲਈ ਵਰਤਿਆ ਗਿਆ ਦਾਤਰ ਤੇ ਮੋਟਰਸਾਈਕਲ ਵੀ ਬਰਾਮਦ ਕਰ ਲਿਆ ਹੈ।ਇਥੇ ਜ਼ਿਕਰਯੋਗ ਹੈ ਕਿ ਮ੍ਰਿਤਕ ਦਾ ਆਪਣੀ ਪਤਨੀ ਨਾਲ ਕਰੀਬ 12 ਸਾਲ ਪਹਿਲਾ ਤਲਾਕ ਹੋ ਗਿਆ ਸੀ ਤੇ ਉਹ ਆਪਣੇ ਪੁੱਤਰ ਤੇ ਉਸ ਦੀ ਪਤਨੀ ਤੇ ਆਪਣੀ ਮਾਂ ਨਾਲ ਇਕੋ ਘਰ ਵਿਚ ਰਹਿੰਦੇ।

# ਅਮਰ ਸ਼ਹੀਦ ਜਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਜਨਮ ਦਿਹਾੜੇ 'ਤੇ ਧਾਰਮਿਕ ਸਮਾਗਮ ਤੇ ਖ਼ੂਨਦਾਨ ਕੈਂਪ

*** ਕੈਂਪ ਵਿੱਚ 1678 ਯੂਨਿਟ ਖ਼ੂਨ ਇਕੱਤਰ**



**ਮੁਹਾਲੀ (ਗੁਰਜੀਤ ਬਿੱਲਾ)** ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਅਮਰ ਸ਼ਹੀਦ ਜਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਚੱਲੇ ਧਾਰਮਿਕ ਸਮਾਗਮ ਵਿੱਚ ਭਾਈ ਬਲਬੀਰ ਸਿੰਘ ਪਾਰਸ ਅੰਮ੍ਰਿਤਸਰ ਵਾਲਿਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਅਮਰ ਸ਼ਹੀਦ ਜਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸੰਘਰਸ਼ਮਈ ਜੀਵਨ ਦੇ ਇਤਿਹਾਸਕ ਪ੍ਰਸੰਗ ਨੂੰ ਸੰਗਤਾਂ ਨੂੰ ਢਾਡੀ ਵਾਰਾਂ ਸਹਿਤ ਸੁਣਾਇਆ।ਭਾਈ ਕਰਨੈਲ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲੀ ਬਾਣੀ ਨਾਲ ਜੋੜਨ ਦਾ ਉਪਰਾਲਾ ਕੀਤਾ। ਇਸ ਤੋਂ ਇਲਾਵਾ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ, ਭਾਈ ਲਖਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ, ਬਾਬਾ ਬੰਤਾ ਸਿੰਘ ਭਾਈ ਬਿਧੀ ਚੰਦ ਸੰਪ੍ਰਦਾ, ਮੀਰੀ ਪੀਰੀ ਖਾਲਸਾ ਜੱਥਾ ਜਗਾਧਰੀ ਵਾਲੇ, ਬੀਬੀ ਦਲੇਰ ਕੌਰ ਖਾਲਸਾ ਅਤੇ ਨਰੰਦਰ ਵਾਲਿਆਂ ਬੀਬੀਆਂ ਦਾ ਇੰਟਰਨੈਸ਼ਨਲ ਢਾਡੀ ਜੱਥਾ, ਸ਼੍ਰੋਮਣੀ ਪ੍ਰਚਾਰਕ ਭਾਈ ਸੰਦੀਪ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲੇ, ਸ਼੍ਰੋਮਣੀ ਪ੍ਰਚਾਰਕ ਭਾਈ ਜਰਨੈਲ ਸਿੰਘ ਲੁਧਿਆਣਾ ਵਾਲੇ, ਭਾਈ ਕੁਲਦੀਪ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ, ਭਾਈ ਅਮਰਜੀਤ ਸਿੰਘ ਖਾਲਸਾ ਅਤੇ ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ।ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਮਾਹਿਰ ਡਾਕਟਰਾਂ ਦੁਆਰਾ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ।ਅੱਖਾਂ ਦੇ ਫਰੀ ਚੈੱਕਅੱਪ ਅਤੇ ਆਪਰੇਸ਼ਨ ਕੈਂਪ ਵਿੱਚ ਮਾਹਿਰ ਡਾਕਟਰਾਂ ਵੱਲੋਂ ਵੱਡੀ ਗਿਣਤੀ ਵਿੱਚ ਮਰੀਜ਼ਾਂ ਦੀਆਂ ਅੱਖਾਂ ਦਾ ਮੁਆਇਨਾ ਕੀਤਾ ਗਿਆ, ਲੋੜਵੰਦ ਮਰੀਜ਼ਾਂ ਦੇ ਅੱਖਾਂ ਦੇ ਅਪਰੇਸ਼ਨ ਪ੍ਰਬੰਧਕ ਕਮੇਟੀ ਵਲੋ ਕਰਵਾਏ ਜਾਣਗੇ। ਬ੍ਰਹਮਲੀਨ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੇ ਬਚਨਾਂ ਸਦਕਾ ਅਮਰ ਸ਼ਹੀਦ ਜਥੇਦਾਰ ਬਾਬਾ ਹਨੂੰਮਾਨ ਸਿੰਘ ੀ ਦੀ ਯਾਦ ਵਿੱਚ ਸਮੂਹ ਮਾਨਵਤਾ ਦੇ ਭਲੇ ਲਈ ਵਿਸ਼ਾਲ ਖ਼ੂਨਦਾਨ ਕੈਂਪ ਦੀ ਆਰੰਭਤਾ ਸਵੇਰੇ 8:00 ਵਜੇ ਕੀਤੀ ਗਈ ।ਇਸ ਖ਼ੂਨਦਾਨ ਕੈਂਪ ਵਿੱਚ ਪੀਜੀਆਈ, ਜਨਰਲ ਹਸਪਤਾਲ ਸੈਕਟਰ 16, ਸਰਕਾਰੀ ਹਸਪਤਾਲ ਸੈਕਟਰ 32, ਰੋਟਰੀ ਬਲੱਡ ਬੈਂਕ ਸੈਕਟਰ 37, ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਚੈਰੀਟੇਬਲ ਹਸਪਤਾਲ ਸੋਹਾਣਾ, ਸਿਵਲ ਹਸਪਤਾਲ ਮੋਹਾਲੀ, ਸਿਵਲ ਹਸਪਤਾਲ ਖਰੜ, ਮੈਕਸ ਹਸਪਤਾਲ ਮੋਹਾਲੀ ਅਤੇ ਆਈਵੀਵਾਈ ਹਸਪਤਾਲ ਦੇ ਬਲੱਡ ਬੈਂਕ ਦੀਆਂ ਟੀਮਾਂ ਨੇ ਲੋੜਵੰਦਾਂ ਵਾਸਤੇ ਖ਼ੂਨ ਇਕੱਤਰ ਕੀਤਾ।ਸਾਰੀਆਂ ਬਲੱਡ ਬੈਂਕਾਂ ਦੀਆਂ ਟੀਮਾਂ ਵੱਲੋਂ ਕੁੱਲ 1678 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਖ਼ੂਨਦਾਨੀਆਂ ਨੂੰ ਹਰ ਵਾਰ ਦੀ ਤਰ੍ਹਾਂ ਪ੍ਰਬੰਧਕ ਕਮੇਟੀ ਵੱਲੋਂ ਦੇਸੀ ਘਿਓ ਦੀ ਪੰਜੀਰੀ, ਸਨਮਾਨ ਚਿੰਨ੍ਹ ਅਤੇ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ। ਇਸ ਖ਼ੂਨਦਾਨ ਕੈਂਪ ਵਿੱਚ ਸੰਤ ਬਾਬਾ ਮਹਿੰਦਰ ਸਿੰਘ ਲੰਬਿਆਂ ਵਾਲੇ, ਸੰਤ ਬਾਬਾ ਪਰਮਜੀਤ ਸਿੰਘ ਹੰਸਾਲੀ ਵਾਲੇ, ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ 96 ਕਰੋੜੀ ਅਤੇ ਕਈ ਸੰਤ, ਮਹਾਂ ਪੁਰਸ਼ਾਂ ਨੇ ਖ਼ੂਨਦਾਨੀਆਂ ਨੂੰ ਆਪ ਆ ਕੇ ਆਸ਼ੀਰਵਾਦ ਦਿੱਤਾ। ਸਮੂਹ ਖ਼ੂਨਦਾਨੀਆਂ, ਡਾਕਟਰਾਂ ਅਤੇ ਆਏ ਹੋਏ ਪਤਵੰਤੇ ਸੱਜਣਾਂ ਦਾ ਭਾਈ ਜਗਮੋਹਣ ਸਿੰਘ ਕਾਹਲੋਂ, ਭਾਈ ਸੁਰਜੀਤ ਸਿੰਘ, ਪਰਵਿੰਦਰ ਸਿੰਘ ਸੋਹਾਣਾ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਮੋਹਾਲੀ ਅਤੇ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।ਇਸ ਸਾਰੇ ਸਮਾਗਮ ਦਾ ਕਈ ਟੀ ਵੀ ਚੈਨਲਾਂ ਵੱਲੋਂ ਸਿੱਧਾ ਪ੍ਰਸਾਰਣ ਕੀਤਾ ਗਿਆ।ਪ੍ਰਬੰਧਕ ਕਮੇਟੀ ਦੇ ਮੁੱਖੀ ਹਰਜਿੰਦਰ ਸਿੰਘ ਅਤੇ ਸ ਸਤਵਿੰਦਰ ਸਿੰਘ ਸੋਢੀ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਸਮੂਹ ਮਾਨਵਤਾ ਦੇ ਭਲੇ ਲਈ ਖ਼ੂਨਦਾਨ ਕੈਂਪ ਅਤੇ ਫਰੀ ਮੈਡੀਕਲ ਕੈਂਪਾਂ ਦਾ ਇਸ ਅਸਥਾਨ 'ਤੇ ਆਯੋਜਨ ਕੀਤਾ ਜਾਂਦਾ ਰਹੇਗਾ।

# ਨਗਰ ਨਿਗਮ ਦੇ ਕਮਿਸ਼ਨਰ ਨੇ ਕੀਤੀ 3 ਸੜਕਾਂ ਦੀ ਕੁਆਲਿਟੀ ਦੀ ਅਚਨਚੇਤ ਜਾਂਚ



ਸਾਹਿਬਜ਼ਾਦਾ ਅਜੀਤ ਸਿੰਘ ਨਗਰ ( ਗੁਰਜੀਤ ਬਿੱਲਾ )-ਮੋਹਾਲੀ ਨਗਰ ਨਿਗਮ ਦੇ ਕਮਿਸ਼ਨਰ ਟੀ ਬੈਨਿਥ ਨੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀਆਂ ਕੁਝ ਸੜਕਾਂ ਦਾ ਅਚਨਚੇਤ ਦੌਰਾ ਕੀਤਾ ਅਤੇ ਚੱਲ ਰਹੇ ਕੰਮਾਂ ਦੀ ਕੁਆਲਿਟੀ ਦੀ ਜਾਂਚ ਕਰਵਾਉਣ ਲਈ ਸੈਂਪਲ ਭਰਵਾਏ ਗਏ।ਕਮਿਸ਼ਨਰ ਨੇ ਦੱਸਿਆ ਕਿ ਸੈਕਟਰ-67 ਦੀ ਮਾਰਕੀਟ ਅਤੇ ਸੈਕਟਰ-66 ਬੀ ਵਾਲੀ ਸੜਕ (ਸੋਹਾਣਾ ਦੇ ਪੁਰਾਣੇ ਥਾਣੇ ਦੇ ਸਾਹਮਣੇ) ਅਤੇ ਫੇਜ਼-11 ਵਾਰਡ ਨੰਬਰ-21 ਦੀਆਂ ਸੜਕਾਂ ਦੇ ਸੈਂਪਲ ਭਰਵਾਏ ਗਏ ਹਨ ਅਤੇ ਜਾਂਚ ਲਈ ਭੇਜੇ ਗਏ ਹਨ।

ਉਹਨਾਂ ਕਿਹਾ ਕਿ ਇਹ ਰੁਟੀਨ ਜਾਂਚ ਕੀਤੀ ਗਈ ਹੈ ਅਤੇ ਚੱਲ ਰਹੇ ਕੰਮਾਂ ਦੀ ਇਸੇ ਤਰ੍ਹਾਂ ਸਮੇਂ-ਸਮੇਂ ਸਿਰ ਜਾਂਚ ਕੀਤੀ ਜਾਵੇਗੀ। ਇਸ ਮੌਕੇ ਹਾਜ਼ਰ ਅਧਿਕਾਰੀਆਂ ਨੂੰ ਵੀ ਹਦਾਇਤਾਂ ਦਿੱਤੀਆਂ ਕਿ ਚੱਲ ਰਹੇ ਕੰਮਾਂ ਨੂੰ ਨਿਰਧਾਰਿਤ ਸਪੈਸੀਫਿਕੇਸ਼ਨ ਅਨੁਸਾਰ ਕਰਵਾਉਣਾ ਯਕੀਨੀ ਬਣਾਇਆ ਜਾਵੇ।ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਜੇਕਰ ਲਏ ਗਏ ਸੈਂਪਲ ਫੇਲ ਹੁੰਦੇ ਹਨ ਤਾਂ ਜਿੰਮੇਵਾਰ ਠੇਕੇਦਾਰ ਦੇ ਖਿਲਾਫ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਚੀਫ ਇੰਜੀਨੀਅਰ ਨਰੇਸ਼ ਬੱਤਾ, ਐਕਸੀਅਨ ਕਮਲਦੀਪ ਸਿੰਘ, ਐਸ.ਡੀ.ਓ ਧਰਮਿੰਦਰ ਅਤੇ ਹੋਰ ਅਧਿਕਾਰੀ ਵੀ ਉਨਾਂ ਦੇ ਨਾਲ ਹਾਜ਼ਰ ਸਨ।

# ਡਾ. ਰਵਜੋਤ ਨੇ 10.61 ਕਰੋੜ ਦੇ ਸੀਵਰੇਜ ਪ੍ਰੋਜੈਕਟ ਦਾ ਰੱਖਿਆ ਨੀਂਹ ਪੱਥਰ



**ਅਲਾਵਲਪੁਰ : (ਮਦਨ ਬੰਗੜ)**- ਇਥੇ ਸ਼ਹਿਰ ਵਿੱਚ ਸੈਨੀਟੇਸ਼ਨ ਸਹੂਲਤਾਂ ਦੇ ਸੁਧਾਰ ਵੱਲ ਇਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਵਲੋਂ 10.61 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸੀਵਰੇਜ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਦੱਸਿਆ ਕਿ ਇਸ ਪ੍ਰੋਜੈਕਟ ਦਾ ਉਦੇਸ਼ ਸੀਵਰੇਜ ਸਬੰਧੀ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦਿਆਂ ਅਲਾਵਲਪੁਰ ਸ਼ਹਿਰ ਨੂੰ ਪੰਜਾਬ ਦੇ ਸਭ ਤੋਂ ਸਾਫ਼-ਸੁਥਰਾ ਸ਼ਹਿਰ ਬਣਾਉਣਾ ਹੈ। ਇਸ ਪ੍ਰੋਜੈਕਟ ਰਾਹੀਂ 10452 ਅਬਾਦੀ ਨੂੰ ਕਵਰ ਕੀਤਾ ਜਾਵੇਗਾ, ਜਿਸ ਵਿੱਚ 896 ਮੀਟਰ ਇੰਟਰਸੈਪਟਿੰਗ ਸੀਵਰੇਜ ਲਾਈਨ, ਇਕ 2 ਐਮ.ਐਲ.ਡੀ. ਸਮਰੱਥਾ ਵਾਲਾ ਸੀਵਰੇਜ ਟਰੀਟਮੈਂਟ ਪਲਾਂਟ, ਮੇਨ ਪੰਪਿੰਗ ਸਟੇਸ਼ਨ, 100 ਮੀਟਰ ਰਾਈਜਿੰਗ ਲਾਈਨ ਅਤੇ ਇਕ ਸਕਰੀਨਿੰਗ ਚੈਂਬਰ ਸ਼ਾਮਿਲ ਹੈ।ਉਨ੍ਹਾਂ ਨੇ ਦੱਸਿਆ ਕਿ ਹਾਲੇ ਗੰਦੇ ਪਾਣੀ ਨੂੰ ਪਿੰਡ ਦੇ ਛੱਪੜ ਵਿੱਚ ਸੁੱਟਿਆ ਜਾ ਰਿਹਾ ਸੀ, ਇਸ ਨਵੇਂ ਪ੍ਰੋਜੈਕਟ ਨਾਲ ਗੰਦੇ ਪਾਣੀ ਨੂੰ ਸੀਵਰੇਜ ਟਰੀਟਮੈਂਟ ਪਲਾਂਟ ਜਰੀਏ ਸਾਫ਼ ਕਰਕੇ ਮੁੜ ਸਿੰਚਾਈ ਲਈ ਵਰਤਿਆ ਜਾਵੇਗਾ, ਜਿਸ ਨਾਲ ਪਿੰਡ ਦੇ ਛੱਪੜ ਨੂੰ ਪ੍ਰਦੂਸ਼ਣ ਮੁਕਤ ਬਣਾਇਆ ਜਾ ਸਕੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਵੀਰ ਸਿੰਘ, ਹਲਕਾ ਇੰਚਾਰਜ ਜੀਤ ਲਾਲ ਭੱਟੀ, ਪ੍ਰਧਾਨ ਨਗਰ ਕੌਂਸਲ ਨੀਲਮ ਰਾਣੀ, ਮੁੱਖ ਇੰਜੀਨੀਅਰ ਸਤਨਾਮ ਸਿੰਘ, ਸੁਪਰਡੈਂਟ ਇੰਜੀਨੀਅਰ ਅਸ਼ੀਸ ਰਾਏ, ਕਾਰਜਕਾਰੀ ਇੰਜੀਨੀਅਰ ਜਤਿਨ ਵਾਸੂਦੇਵਾ ਅਤੇ ਕਾਰਜ ਸਾਧਕ ਅਫ਼ਸਰ ਨਗਰ ਕੌਂਸਲ ਅਲਾਵਲਪੁਰ ਰਾਮਜੀਤ ਸਿੰਘ ਵੀ ਮੌਜੂਦ ਸਨ।

# ਮ੍ਰਿਤਕ ਦੇ ਪਰਵਾਰ ਨੂੰ ਮਿਲੇ ਬੀਮੇ ਦੇ 2 ਲੱਖ



**ਬਲਾਚੌਰ (ਜਸਵਿੰਦਰ ਬੈਂਸ )** —ਬਲਾਕ ਸੜੋਆ ਦੇ ਪਿੰਡ ਬੱਗੂਵਾਲ ਦੇ ਨੌਜਵਾਨ ਪ੍ਰਦੀਪ ਕੁਮਾਰ ਸਪੁੱਤਰ ਦਰਸ਼ਨ ਲਾਲ ਦੀ ਪਿਛਲੇ ਦਿਨੀ ਅਚਾਨਕ ਮੌਤ ਹੋ ਗਈ ਸੀ। ਪ੍ਰਦੀਪ ਕੁਮਾਰ ਵੱਲੋਂ ਪੰਜਾਬ ਨੈਸ਼ਨਲ ਬੈਂਕ ਮੱਖੂਪੁਰ ਵਿਖੇ ਖੁਲ੍ਹਵਾਏ ਬੱਚਤ ਖਾਤੇ ਦੇ ਨਾਲ ਕਰਵਾਏ ਪ੍ਰਧਾਨ ਮੰਤਰੀ ਜੀਵਨ ਜੋਤੀ ਬੀਮਾ ਯੋਜਨਾ ਦੇ ਅਧੀਨ ਜਿਸ ਦੇ ਸਾਲ ਵਿੱਚ ਸਿਰਫ 436 ਰੁਪਏ ਗ੍ਰਾਹਕ ਦੇ ਖਾਤੇ ਦੇ ਵਿੱਚੋਂ ਕੱਟੇ ਜਾਂਦੇ ਹਨ ਤਹਿਤ ਕਰਵਾਏ ਬੀਮੇ ਦੇ ਅਧੀਨ ਬੈਂਕ ਦੇ ਵੱਲੋਂ 2 ਲੱਖ ਰੁਪਏ ਦੀ ਰਾਸ਼ੀ ਪ੍ਰਾਪਤ ਹੋਈ ਹੈ। ਪੰਜਾਬ ਨੈਸ਼ਨਲ ਬੈਂਕ ਦੇ ਮੈਨੇਜਰ ਜਸ਼ਨਦੀਪ ਸਿੰਘ ਨੇ ਦੱਸਿਆ ਕਿ ਬੀਮੇ ਦੇ ਦੋ ਲੱਖ ਰੁਪਏ ਉਹਨਾਂ ਦੀ ਧਰਮਪਤਨੀ ਰਮਨ ਰਾਣੀ ਦੇ ਪੰਜਾਬ ਨੈਸਨਲ ਬੈਂਕ ਦੇ ਖਾਤੇ ਵਿੱਚ ਪਾਏ ਗਏ ਹਨ। ਪ੍ਰਦੀਪ ਕੁਮਾਰ ਦੇ ਪਰਿਵਾਰ ਨੇ ਬੈਂਕ ਮੈਨੇਜਰ ਦਾ ਧੰਨਵਾਦ ਕੀਤਾ ਹੈ। ਇਸ ਮੌਕੇ ਰਾਕੇਸ਼ ਕੁਮਾਰ, ਡਿਪਟੀ ਮੈਨੇਜਰ ਪਵਨ ਕੁਮਾਰ, ਰਾਮਸ਼ਾਹ ਬੂਥਗੜ੍ਹ, ਡਿੰਪਲ ਕੁਮਾਰ, ਮੀਨਾਰਾਣੀ ਆਦਿ ਸਮੂਹ ਬੈਂਕ ਅਧਿਕਾਰੀ ਮੌਕੇ 'ਤੇ ਹਾਜਰ ਸਨ।

# ਡਾ. ਮੋਹਿਤ ਭਗਤ ਨੂੰ ਸੈਂਕੜੇ ਨਮਅੱਖਾਂ ਨੇ ਦਿੱਤੀ ਸ਼ਰਧਾਂਜਲੀ



**ਮੋਹਾਲੀ (ਗੁਰਜੀਤ ਬਿੱਲਾ)** ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸੇਵਾ ਮੁਕਤ ਸਹਾਇਕ ਸਕੱਤਰ ਅਤੇ ਸੁਪਰਡੰਟ ਦੇ ਸਪੁੱਤਰ ਦੀ ਅਚਾਨਕ ਮੌਤ ਹੋਣ 'ਤੇ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਕਰਵਾਏ ਗਏ ਪਾਠ ਦੇ ਭੋਗ ਮੌਕੇ ਸੈਂਕੜੇ ਕਰਮਚਾਰੀ ਅਤੇ ਸੇਵਾ ਮੁਕਤ ਕਰਮਚਾਰੀਆਂ ਨੇ ਨਮ-ਅੱਖਾਂ ਨਾਲ ਸ਼ਰਧਾਂਜਲੀ ਦਿੱਤੀ।ਬੀਤੇ ਦਿਨੀ ਸੇਵਾ ਮੁਕਤ ਸਹਾਇਕ ਸਕੱਤਰ ਸ੍ਰੀਮਤੀ ਅਨੀਤਾ ਭਗਤ ਅਤੇ ਸੁਪਰਡੰਟ ਰਾਜ ਕੁਮਾਰ ਦੇ ਹੋਣਹਾਰ ਨੌਜਵਾਨ ਸਪੁੱਤਰ ਡਾ. ਮੋਹਿਤ ਭਗਤ ਐਮ ਬੀ ਬੀ ਐਸ ( 28 ਸਾਲ ) ਦੀ ਅਚਾਨਕ ਮੌਤ ਹੋ ਗਈ ਸੀ।ਉਨ੍ਹਾਂ ਦੀ ਆਤਮਿਕ ਸਾਂਤੀ ਲਈ ਲਕਸ਼ਮੀ ਨਰਾਇਣ ਮੰਦਰ ਫੇਜ 11 ਵਿੱਚ ਸ਼ਾਂਤੀ ਦੇ ਪਾਠ ਦੇ ਭੋਗ ਪਾਏ ਗਏ।ਜ਼ਿਕਰਯੋਗ ਹੈ ਕਿ ਡਾ. ਮੋਹਿਤ ਮਾਤਾ-ਪਿਤਾ ਦਾ ਇਕਲੌਤਾ ਪੁੱਤਰ ਸੀ ਜੋ ਕਿ ਐਮ ਬੀ ਬੀ ਐਸ ਦੀ ਪੜ੍ਹਾਈ ਪੂਰੀ ਕਰਨ ਉਪਰੰਤ ਰਜਿੰਦਰਾ ਕਾਲਜ ਪਟਿਆਲਾ ਵਿਖੇ ਐਮ ਡੀ ਕਰ ਰਿਹਾ ਸੀ।ਡਾ. ਮੋਹਿਤ ਭਗਤ ਨੂੰ ਮਾਮਲੀ ਬੁਖਾਰ ਹੋਣ ਉਪਰੰਤ ਅਪੋਲੋ ਹਸਪਤਾਲ ਸੈਕਟਰ 8 ਚੰਡੀਗੜ੍ਹ ਵਿੱਚ ਦਾਖਲ ਕਰਵਾਇਆ ਗਿਆ ਸੀ ਜਿਥੇ ਉਨ੍ਹਾਂ 30 ਨਵੰਬਰ ਨੂੰ ਆਖਰੀ ਸਾਹ ਲਏ। ਸਿੱਖਿਆ ਬੋਰਡ ਵਿੱਚ ਭਗਤ ਪਰਵਾਰ ਦੀ ਚੰਗੀ ਪਹਿਚਾਣ ਸੀ। ਉਨ੍ਹਾਂ ਦੀ ਮਾਤਾ ਸ੍ਰੀਮਤੀ ਅਨੀਤਾ ਭਗਤ ਦੋ ਕੁ ਮਹੀਨੇ ਪਹਿਲਾਂ ਸਿੱਖਿਆ ਬੋਰਡ ਵਿੱਚ ਸਹਾਇਕ ਸਕੱਤਰ ਦੀ ਅਸਾਮੀ ਤੋਂ ਸੇਵਾ ਮੁਕਤ ਹੋਏ ਸਨ। ਉਨ੍ਹਾਂ ਦੇ ਪਿਤਾ ਰਾਜ ਕੁਮਾਰ ਭਗਤ ਵੀ ਥੋੜਾ ਸਮਾਂ ਪਹਿਲਾਂ ਸੇਵਾ ਮੁਕਤ ਹੋਏ ਸਨ। ਇਸ ਮੌਕੇ ਸਿੱਖਿਆ ਬੋਰਡ ਦੇ ਉਪ ਸਕੱਤਰ ਗੁਰਤੇਜ ਸਿੰਘ, ਸਹਾਇਕ ਸਕੱਤਰ ਰਮਿੰਦਰਜੀਤ ਬਾਸੂ, ਸਾਬਕਾ ਉਪ ਸਕੱਤਰ ਗੁਰਮੀਤ ਸਿੰਘ ਰੰਧਾਵਾ, ਸਾਬਕਾ ਸਹਾਇਕ ਸਕੱਤਰ ਸੁਰਿੰਦਰ ਪਾਲ ਸਿੰਘ, ਗੁਰਜੀਤ ਬਿੱਲਾ, ਹਰਬੰਸ ਬਾਗੜੀ, ਗੁਰਦੀਪ ਸਿੰਘ ਢਿੱਲੋਂ, ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੀ ਪ੍ਰਧਾਨ ਰਮਨਦੀਪ ਕੌਰ ਗਿੱਲ, ਜਨਰਲ ਸਕੱਤਰ ਸੁਖਚੈਨ ਸਿੰਘ ਸੈਣੀ, ਸੀਨੀਅਰ ਮੀਤ ਪ੍ਰਧਾਨ ਬਲਵਿੰਦਰ ਸਿੰਘ ਬਰਾੜ, ਸੁਪਰਡੰਟ ਅਮਰੀਕ ਸਿੰਘ ਭੜੀ , ਕਰਤਾਰ ਸਿੰਘ ਰਾਣੂੰ ਗਰੁੱਪ ਦੇ ਜਨਰਲ ਸਕੱਤਰ ਕਮਿਕਰ ਸਿੰਘ ਗਿੱਲ, ਕਮਲਜੀਤ ਕੌਰ ਗਿੱਲ, ਬਾਬਾ ਬਲਜਿੰਦਰ ਸਿੰਘ ਸਰਪੰਚ ਖਾਨਪੁਰ, ਯੂਨੀਅਨ ਦੇ ਸਾਬਕਾ ਪ੍ਰਧਾਨ ਪਰਵਿੰਦਰ ਸਿੰਘ ਖੰਗੂੜਾ, ਰਾਮ ਨਾਥ ਗੋਇਲ, ਪਰੇਮ ਗੁਰਦਾਸਪੁਰ ਅਤੇ ਪਰੇਮ ਸਿੰਘ ਅਤੇ ਸੁਖਵਿੰਦਰ ਸਿੰਘ ਸੁੱਖਾ ਮੌਜਪੁਰ , ਲਕਸ਼ਮੀ ਨਰਾਇਣ ਮੰਦਰ ਕਮੇਟੀ ਦੇ ਪ੍ਰਧਾਨ ਪਰਮੋਦ ਮਿਸ਼ਰਾ ਸਮੇਤ ਵੱਡੀ ਗਿਣਤੀ ਵਿੱਚ ਕਰਮਚਾਰੀ ਰਿਸ਼ਤੇਦਾਰ ਅਤੇ ਸਨੇਹੀ ਹਾਜਰ ਸਨ।

# 8 ਸ਼ੁਰੂ ਹੋਣ ਵਾਲੀ ਪਲਸ ਪੋਲਿਓ ਮੁਹਿੰਮ ਲਈ ਹੋਈ ਮੀਟਿੰਗ



**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਨੂੰ ਪੋਲਿਓ ਤੋਂ ਮੁਕਤ ਕਰਾਉਣ ਲਈ ਸਿਹਤ ਵਿਭਾਗ ਵਲੋਂ ਵਿੱਢੇ ਪ੍ਰੋਗਰਾਮ ਤਹਿਤ ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਦੇ ਦਿਸ਼ਾ ਨਿਰਦੇਸ਼ਾ ਹੇਠ ਮੁੱਢਲਾ ਸਿਹਤ ਕੇਂਦਰ ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਦੀ ਯੋਗ ਅਗਵਾਈ ਹੇਠ 8 ਦਸੰਬਰ ਤੋਂ 10 ਦਸੰਬਰ ਤੱਕ ਸ਼ੁਰੂ ਹੋਣ ਵਾਲੀ ਪਲਸ ਪੋਲੀਓ ਮੁਹਿੰਮ ਸਬੰਧੀ ਸਮੂਹ ਸੁਪਰਵਾਈਜਰਾਂ ਅਤੇ ਸਿਹਤ ਵਿਭਾਗ ਦੇ ਵੱਖ-ਵੱਖ ਕਰਮਚਾਰੀਆਂ ਦੀ ਇਕੱਤਰਤਾ ਵਿੱਚ ਮੀਟਿੰਗ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਅੰ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਨੇ ਦੱਸਿਆ ਕਿ 0 ਤੋਂ 5 ਸਾਲ ਤੱਕ ਦੇ ਸਾਰੇ ਬੱਚਿਆਂ ਨੂੰ ਪੋਲੀਓ ਰਹਿਤ ਬੂੰਦਾਂ ਪਿਲਾਈਆਂ ਜਾਣਗੀਆਂ। ਪਲਸ ਪੋਲੀਓ ਮੁਹਿੰਮ ਦੇ ਪਹਿਲੇ ਦਿਨ ਵੱਖ ਵੱਖ ਕ੍ਰੀਬ 124 ਥਾਂਵਾਂ 'ਤੇ ਬੂਥ ਲਗਾਏ ਜਾਣਗੇ, ਜਿਨ੍ਹਾਂ ਵਿੱਚ 248 ਦੇ ਕ੍ਰੀਬ ਕਰਮੀ ਸੇਵਾਵਾਂ ਦੇਣਗੇ, ਇਸ ਦੇ ਨਾਲ ਹੀ ਮੋਬਾਇਲ ਟੀਮਾਂ ਜੋ ਸਲਮ ਏਰੀਆ, ਭੱਠੇ, ਸੈਲਰ ਅਤੇ ਫੈਕਟਰੀਆ ਵਿੱਚ ਰਹਿ ਰਹੀ ਲੇਬਰ ਦੇ ਬੱਚਿਆਂ ਨੂੰ ਪੋਲਿਓ ਰੋਧਕ ਬੂੰਦਾਂ ਪਿਲਾਉਣਗੇ ਜਿਨ੍ਹਾਂ ਦੀ ਨਿਗਰਾਨੀ ਸੁਪਰਵਾਈਜ਼ਰਾ ਵਲੋਂ ਕੀਤੀ ਜਾਵੇਗੀ ।ਮੁਹਿੰਮ ਦੇ ਦੂਜੇ ਪੜਾਅ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਘਰ ਤੋਂ ਘਰ ਜਾ ਕੇ ਬੱਚਿਆਂ ਨੂੰ ਪੋਲੀਓ ਰੋਧਕ ਬੂੰਦਾਂ ਪਿਲਾਉਣ ਦਾ ਕੰਮ ਕਰਨਗੀਆਂ।

# 11 ਨੂੰ ਦੀਪ ਉਤਸਵ 'ਚ ਪੰਚਾਇਤਾਂ ਦੀ ਰਹੇਗੀ ਭਾਗੀਦਾਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**—ਮਹਾਭਾਰਤ ਧਰਤੀ ਦੇ 48 ਕੋਸ ਦੇ ਤੀਰਥਾਂ 'ਤੇ ਗੀਤਾ ਮਹੋਤਸਵ ਦਾ ਰੰਗ ਜਾਵੇਗਾ। ਕੁਰੂਕਸ਼ੇਤਰ, ਕਰਨਾਲ, ਕੈਥਲ, ਪਾਣੀਪਤ ਤੇ ਜੀਂਦ ਜਿਲ੍ਹੇ ਦੇ ਸਾਰੀ 182 ਤੀਰਥਾਂ 'ਤੇ ਗੀਤਾ ਵਾਣੀ ਦੀ ਗੂੰਜ ਸੁਣਾਈ ਦੇਵੇਗੀ। ਗੀਤਾ ਪਾਠ ਦੇ ਨਾਲ ਤੀਰਥਾਂ 'ਤੇ ਸਵੱਛਤਾ ਮੁਹਿੰਮ ਚਲਾਈ ਜਾਵੇਗੀ। ਇਸ ਦੇ ਨਾਲ-ਨਾਲ 48 ਕੋਸ ਦੇ ਤੀਰਥਾਂ 'ਤੇ ਸਭਿਆਚਾਰਕ ਪ੍ਰੋਗ੍ਰਾਮ, ਗੀਤਾ ਪਾਠ ਤੇ ਗੀਤਾ ਯੱਗ ਦਾ ਪ੍ਰਬੰਧ ਹੋਵੇਗਾ।ਤੀਰਥਾਂ 'ਤੇ ਗੀਤਾ ਮਹੋਤਸਵ ਦੇ ਪ੍ਰਬੰਧ ਦਾ ਉਦੇਸ਼ ਗੀਤਾ ਦੀ ਸਰਵਵਿਆਪਕਤਾ ਦੇ ਨਾਲ ਨੌਜੁਆਨਾਂ ਨੂੰ ਜੋੜਨਾ ਹੈ। ਇਸ ਦੇ ਨਾਲ ਹੀ ਬਜੁਰਗਾਂ ਤੇ ਮਹਿਲਾਵਾਂ ਦਾ ਗੀਤਾ ਦੇ ਨਾਲ ਜੁੜਾਵ ਵਧਾਉਣ ਦੇ ਲਈ ਗੀਤਾ ਪਾਠ ਦਾ ਪ੍ਰਬੰਧ ਕੀਤਾ ਜਾਵੇਗਾ। ਹਰਿਆਣਵੀਂ ਸਾਂਗ ਰਾਹੀਂ ਹਰਿਆਣਵੀਂ ਸਭਿਆਚਾਰ ਦੀ ਮੂਲ ਪੇਸ਼ਗੀਆਂ ਹੋਣਗੀਆਂ, ਸਾਂਗ ਦਾ ਥੀਮ ਭਗਵਾਨ ਸ੍ਰੀਕ੍ਰਿਸ਼ਣ ਨਾਂਲ ਜੁੜੇ ਵਿਸ਼ਿਆਂ 'ਤੇ ਹੋਵੇਗਾ।48 ਕੋਸ ਦੇ ਸਾਰੇ ਤੀਰਥਾਂ 'ਤੇ 11 ਦਸੰਬਰ ਨੂੰ ਦੀਪ ਉਤਸਵ ਦਾ ਪ੍ਰਬੰਧ ਹੋਵੇਗਾ।ਦੀਪ ਉਤਸਵ ਵਿਚ ਪਿੰਡ ਪੰਚਾਇਤਾਂ ਦੀ ਭਾਗੀਦਾਰੀ ਰਹੇਗੀ ਅਤੇ ਜਨਪ੍ਰਤੀਨਿਧੀ ਮਹਿਮਾਨ ਹੋਣਗੇ। ਇਸ ਵਿਚ ਬਲਾਕ ਸਮਿਤੀ, ਜ਼ਿਲ੍ਹਾ ਪਰਿਸ਼ਦ ਤੇ ਨਿਗਮਾਂ ਦੇ ਜਨਪ੍ਰਤੀਨਿਧੀਆਂ ਦੇ ਨਾਲ ਹੋਰ ਬੁੱਧੀਜੀਵੀ ਲੋਕਾਂ ਨੂੰ ਸੱਦਾ ਭੇਜਿਆ ਜਾ ਰਿਹਾ ਹੈ।

# ਗਰੀਬਾਂ ਦੀ ਸਹਾਇਤਾ ਨਾਲ ਮਨ ਨੂੰ ਮਿਲਦੀ ਸ਼ਾਂਤੀ ਤੇ ਚੰਗੇ ਕਰਮਾਂ 'ਚ ਹੁੰਦਾ ਵਾਧਾ : ਸੰਤ ਗਿਰੀ, ਤਾਰੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**
ਡੇਰਾ ਬਾਬਾ ਭਗਤ ਰਾਮ ਨੰਗਲ ਖੂੰਗਾ ਦੇ ਗੱਦੀ ਨਸ਼ੀਨ ਸੰਤ ਨਰੇਸ਼ ਗਿਰੀ ਦੇ ਆਸ਼ੀਰਵਾਦ ਤੇ ਸਹਿਯੋਗ ਨਾਲ ਮਾਨਵਤਾ ਸੇਵਾ ਸੋਸਾਇਟੀ ਜ਼ਰੂਰਤਮੰਦ ਗਰੀਬ ਪਰਵਾਰਾਂ ਦੀ ਮਦਦ ਅਤੇ ਸਮਾਜ ਭਲਾਈ ਕਾਰਜਾਂ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ ਸਦਕਾ ਇਲਾਕੇ ਭਰ ਵਿੱਚ ਨਾਮਨਾ ਖੱਟ ਰਹੀ ਹੈ। ਇਸੇ ਸਬੰਧ ਵਿੱਚ ਸੋਸਾਇਟੀ ਪ੍ਰਧਾਨ ਅਵਤਾਰ ਸਿੰਘ ਤਾਰੀ ਦੀ ਅਗਵਾਈ ਵਿੱਚ ਇੱਕ ਹੋਰ ਗਰੀਬ ਪਰਵਾਰ ਦੀ ਲੜਕੀ ਦੀ ਸ਼ਾਦੀ ਦੇ ਮੌਕੇ 'ਤੇ ਰਾਸ਼ਨ ਸਮੱਗਰੀ ਦੇਣ ਤੋਂ ਇਲਾਵਾ ਹੋਰ ਸਹਾਇਤਾ ਭੇਂਟ ਕਰਨ ਲਈ ਪਿੰਡ ਕੋਟਲਾ ਨੋਧ ਸਿੰਘ ਵਿਖੇ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਰੋਹ 'ਚ ਸ਼ਾਮਿਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੰਤ ਗਿਰੀ ਤੇ ਤਾਰੀ ਨੇ ਮਾਨਵਤਾ ਸੇਵਾ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸਮਾਜ ਵਿੱਚ ਰਹਿ ਰਹੇ ਗਰੀਬ ਪਰਵਾਰਾਂ ਦੀ ਸਹਾਇਤਾ ਕਰਨਾ ਸਭ ਤੋਂ ਪੁੰਨ ਦਾ ਕਾਰਜ ਹੈ। ਇਸ ਨਾਲ ਜਿੱਥੇ ਮਨ ਨੂੰ ਸ਼ਾਂਤੀ ਮਿਲਦੀ ਹੈ ਉੱਥੇ ਤੁਹਾਡੇ ਚੰਗੇ ਕਰਮਾਂ ਦੇ ਲੇਖਾਂ ਵਿੱਚ ਵੀ ਵਾਧਾ ਹੁੰਦਾ ਹੈ। ਸਾਡੀ ਸੋਸਾਇਟੀ ਜਾਤ ਪਾਤ ਤੋਂ ਉਪਰ ਉੱਠ ਕੇ ਬਿਨਾਂ ਕਿਸੇ ਭੇਦ-ਭਾਵ ਦੇ ਹਰ ਗਰੀਬ ਪਰਿਵਾਰ ਦੀ ਲੜਕੀ ਦੀ ਸ਼ਾਦੀ ਤੋਂ ਇਲਾਵਾ ਹਸਪਤਾਲ ਵਿੱਚ ਦਾਖਲ ਮਰੀਜ਼ਾਂ ਦੀ ਹਰ ਪ੍ਰਕਾਰ ਨਾਲ ਸਹਾਇਤਾ ਕਰਦੀ ਹੈ।ਉਨ੍ਹਾਂ ਵੱਲੋਂ ਇੱਕ ਗਰੀਬ ਪਰਵਾਰ ਦੀ ਲੜਕੀ ਦੀ ਸ਼ਾਦੀ ਮੌਕੇ ਰਾਸ਼ਨ ਸਮੱਗਰੀ, ਘਰ ਦਾ ਸਾਜੋ ਸਮਾਨ ਅਤੇ ਹੋਰ ਸਹਾਇਤਾ ਪਰਵਾਰ ਨੂੰ ਦਿੱਤੀ ਗਈ। ਇਸ ਮੌਕੇ 'ਤੇ ਕੈਸ਼ੀਅਰ ਸੁਰਜੀਤ ਸਿੰਘ, ਤਾਇਆ ਟੱਲੀ ਰਾਮ, ਅਮਰਦੀਪ ਸਿੰਘ, ਨਰਿੰਦਰਜੀਤ ਸਿੰਘ, ਉਪਿੰਦਰ ਸਿੰਘ, ਸਰਬਜੀਤ ਸਿੰਘ, ਚਰਨਜੀਤ ਸਿੰਘ, ਨਵਰਾਜ ਦੀਪ ਸਿੰਘ ਅਤੇ ਹੋਰ ਹਾਜ਼ਰ ਸਨ।

# ਕਾਰ ਨੇ ਆਟੋ ਨੂੰ ਮਾਰੀ ਟੱਕਰ



**ਬਲਾਚੌਰ (ਜਸਵਿੰਦਰ ਬੈਂਸ)**—ਰੋਪੜ-ਬਲਾਚੌਰ ਨੈਸ਼ਨਲ ਹਾਈਵੇ 'ਤੇ ਪਿੰਡ ਸੁੱਧਾ ਮਾਜਰਾ ਦੇ ਨਜ਼ਦੀਕ ਇੱਕ ਕਾਰ ਚਾਲਕ ਵੱਲੋਂ ਆਟੋ ਨੂੰ ਪਿੱਛੋਂ ਟੱਕਰ ਮਾਰ ਦਿੱਤੀ , ਜਿਸ ਕਾਰਨ ਆਟੋ ਪਲਟ ਗਿਆ ਅਤੇ ਚਾਲਕ ਦੇ ਮਾਮੂਲੀ ਸੱਟਾਂ ਲੱਗੀਆਂ। ਐਸ ਐਸ ਐਫ ਟੀਮ ਦੇ ਇੰਚਾਰਜ ਏ ਐਸ ਆਈ ਕੁਲਵੀਰ ਸਿੰਘ ਨੇ ਦੱਸਿਆ ਕਿ ਇਸ ਦੀ ਸੂਚਨਾ ਮਿਲਦੇ ਹੀ ਉਹ ਘਟਨਾ ਸਥਾਨ 'ਤੇ ਪਹੁੰਚ ਗਏ। ਉਨ੍ਹਾਂ ਦੱਸਿਆ ਕਿ ਇੱਕ ਟਾਟਾ ਕਾਰ ਜਿਸ ਦਾ ਨੰਬਰ ਪੀ ਬੀ 08 ਡੀ ਐਮ 5674 ਜੋ ਰੋਪੜ ਤੋਂ ਹੁਸ਼ਿਆਰਪੁਰ ਦੀ ਤਰਫ ਜਾ ਰਹੀ ਸੀ, ਨੂੰ ਗੁਰਦੇਵ ਸਿੰਘ ਪੁੱਤਰ ਅਵਤਾਰ ਸਿੰਘ ਪਿੰਡ ਨੰਗਲ ਕਲਾਂ ਜ਼ਿਲ੍ਹਾ ਹੁਸ਼ਿਆਰਪੁਰ ਚਲਾ ਰਿਹਾ ਸੀ ਤਾਂ ਉਸਦੇ ਅੱਗੇ ਇੱਕ ਆਟੋ ਨੰਬਰ ਪੀ ਬੀ 10ਈ ਐਸ 6621 ਸੀ, ਜਿਸ ਨੂੰ ਚੰਚਲ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਮੁੱਤੋਂ ਥਾਣਾ ਕਾਠਗੜ੍ਹ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਚਲਾ ਰਿਹਾ ਸੀ। ਜਦੋਂ ਇਹ ਆਟੋ ਸੁੱਧਾ ਮਾਜਰਾ ਅੱਡੇ ਦੇ ਨੇੜੇ ਪਹੁੰਚਿਆ ਤਾਂ ਇਸ ਦੇ ਪਿੱਛੇ ਆ ਰਹੀ ਕਾਰ ਨੇ ਟੱਕਰ ਮਾਰ ਦਿੱਤੀ ਤਾਂ ਆਟੋ ਪਲਟ ਗਿਆ ਅਤੇ ਆਟੋ ਚਾਲਕ ਦੇ ਮਾਮੂਲੀ ਸੱਟਾਂ ਲੱਗੀਆਂ ਜਿਸ ਨੂੰ ਐਸ ਐਸ ਐਫ ਦੀ ਟੀਮ ਨੇ ਫਸਟਏਡ ਦੇ ਦਿੱਤਾ।

# ਹੈਰੋਇਨ ਸਮੇਤ ਕਾਬੂ



ਬਲਾਚੌਰ (ਜਸਵਿੰਦਰ ਬੈਂਸ)-ਥਾਣਾ ਸਿਟੀ ਬਲਾਚੌਰ ਸਤਨਾਮ ਸਿੰਘ ਵਲੋਂ ਗੜ੍ਹੀ ਚੌਂਕ ਦੇ ਲਾਗੇ ਗਸ਼ਤ ਦੇ ਦੌਰਾਨ ਇੱਕ ਵਿਅਕਤੀ ਕੋਲੋਂ ਇੱਕ ਲਿਫਾਫੇ ਦੀ ਪਨੀ ਵਿੱਚ ਕੁਝ ਨਸ਼ੀਲੇ ਪਦਾਰਥ ਬਰਾਮਦ ਕੀਤੇ, ਜੋ ਕਿ ਸੱਤ ਗ੍ਰਾਮ ਹੈਰੋਇਨ ਦੀ ਪੁਸ਼ਟੀ ਹੋਈ। ਉਸ ਵਿਅਕਤੀ ਨੇ ਆਪਣਾ ਨਾਂਅ ਰਵੀ ਪੁੱਤਰ ਮਹਿੰਦਰ ਪਾਲ ਵਾਰਡ ਨੰਬਰ ਇਕ ਦੱਸਿਆ। ਉਸ ਵਿਰੁੱਧ ਐਨ ਡੀ ਪੀ ਐਸ ਦੇ ਅਧੀਨ ਮਸਲਾ ਦਰਜ ਕਰ ਲਿਆ ਗਿਆ ਹੈ।

# ਸਰਬ ਨੌਜਵਾਨ ਸਭਾ ਨੇ ਲੋੜਵੰਦ ਬਜ਼ੁਰਗ ਔਰਤ ਦੀ ਅੱਖ ਦਾ ਕਰਵਾਇਆ ਅਪ੍ਰੇਸ਼ਨ

**ਫਗਵਾੜਾ ( ਡਾ. ਰਮਨ, ਢੱਡਾ)**

ਦੁਆਬੇ ਦੀਆਂ ਮਾਣ ਮੱਤੀਆਂ ਸਮਾਜ ਸੇਵੀ ਸੰਸਥਾਵਾਂ ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਵਲੋਂ 'ਆਓ ਪੁੰਨ ਕਮਾਈਏ' ਲੜੀ ਤਹਿਤ ਸਾਂਝਾ ਉਪਰਾਲਾ ਕਰਦੇ ਹੋਏ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ



ਅਗਵਾਈ ਅਤੇ ਉਦਯੋਗਪਤੀ ਜਤਿੰਦਰ ਸਿੰਘ ਕੁੰਦੀ ਦੇ ਸਹਿਯੋਗ ਨਾਲ ਇਕ ਲੋੜਵੰਦ ਔਰਤ ਦੀ ਅੱਖ ਦਾ ਫਰੀ ਓਪਰੇਸ਼ਨ ਕਰਵਾਇਆ ਗਿਆ। ਅੱਖਾਂ ਦੇ ਮਾਹਿਰ ਡਾ. ਡਾ.ਤੁਸ਼ਾਰ ਅੱਗਰਵਾਲ ਦੀ ਟੀਮ ਵਲੋਂ ਮੋਤੀਏ ਦੇ ਸ਼ਿਕਾਰ ਮਹਿਲਾ ਦੀ ਅੱਖ 'ਚ ਲੈਂਜ ਪਾ ਕੇ ਨਵੀਂ ਰੌਸ਼ਨੀ ਦਿੱਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਐਕਸ.ਈ.ਐਨ. ਇੰਫੋਰਸਮੈਂਟ ਪਾਵਰਕਾਮ ਅਮਰਪ੍ਰੀਤ ਸਿੰਘ, ਐਸ.ਐਚ.ਓ. ਸਿਟੀ ਅਮਨਦੀਪ ਨਾਹਰ ਅਤੇ ਸੇਵਾਮੁਕਤ ਡੀ.ਐਸ.ਪੀ. ਜਸਵੀਰ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਐਸ.ਐਚ.ਓ. ਅਮਨਦੀਪ ਨਾਹਰ ਨੇ ਕਿਹਾ ਕਿ ਵੱਧਦਾ ਪ੍ਰਦੂਸ਼ਨ ਅੱਖਾਂ ਲਈ ਬਹੁਤ ਹੀ ਘਾਤਕ ਹੈ। ਇਸ ਲਈ ਸਮੇਂ ਦੀ ਲੋੜ ਹੈ ਕਿ ਪ੍ਰਦੂਸ਼ਨ ਮੁਕਤ ਵਾਤਾਵਰਣ ਸਿਰਜਣ ਵਿਚ ਵੱਧ ਤੋਂ ਵੱਧ ਯੋਗਦਾਨ ਪਾਇਆ ਜਾਵੇ। ਡਾ. ਤੁਸ਼ਾਰ ਅਗਰਵਾਲ ਨੇ ਅੱਖਾਂ ਦੀ ਸੰਭਾਲ ਸਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਸਭਾ ਦੇ ਉਪ ਪ੍ਰਧਾਨ ਰਵਿੰਦਰ ਸਿੰਘ ਰਾਏ, ਜਨਰਲ ਸਕੱਤਰ ਡਾ.ਵਿਜੇ ਕੁਮਾਰ, ਆਰ.ਪੀ.ਸ਼ਰਮਾ, ਨਰਿੰਦਰ ਸੈਣੀ, ਅਸ਼ੋਕ ਸ਼ਰਮਾ, ਗੁਰਦੀਪ ਸਿੰਘ ਤੁਲੀ ਕੋਆਰਡੀਨੇਟਰ ਵਪਾਰ ਸੈਲ ਫਗਵਾੜਾ, ਪਰਮਜੀਤ ਰਾਏ, ਪ੍ਰਵਾਸੀ ਭਾਰਤੀ ਮਦਨ ਲਾਲ ਕੋਰੋਟਾਨਿਆ, ਜਗਜੀਤ ਸੇਠ, ਜੀਤ ਰਾਮ, ਸਤੀਸ਼ ਕੁਮਾਰ ਬੰਟੀ, ਅਸ਼ੋਕ ਕੁਮਾਰ ਆਦਿ ਹਾਜ਼ਰ ਸਨ।

# ਖੇਡਾਂ ਮਨੁੱਖ ਨੂੰ ਹਮੇਸ਼ਾ ਤੰਦਰੁਸਤ ਰੱਖਦੀਆਂ : ਰਛਪਾਲ ਸਿੰਘ ਲਾਲੀ



**ਮਾਹਿਲਪੁਰ (ਸ.ਫਰੀ)**

ਬਲਾਕ ਮਾਹਿਲਪੁਰ ਅਧੀਨ ਪੈਂਦੇ ਪਿੰਡ ਭਾਰਟਾ ਗਣੇਸ਼ ਪੁਰ ਵਿਖੇ 108 ਸੰਤ ਬਾਬਾ ਮਾਹਨ ਦਾਸ ਦੀ ਯਾਦ ਨੂੰ ਸਮਰਪਿਤ 21ਵਾਂ ਓਪਨ ਪੇਂਡੂ ਪੱਧਰ ਅਤੇ ਉਮਰ ਵਰਗ ਫੁੱਟਬਾਲ ਟੂਰਨਾਮੈਂਟ ਦੇ ਸਰਪ੍ਰਸਤ 108 ਸੰਤ ਬਾਬਾ ਕ੍ਰਿਪਾਲ ਦਾਸ ਦੀ ਰਹਿਨੁਮਾਈ ਹੇਠ ਅਤੇ ਸੰਤ ਬਾਬਾ ਸੰਤੋਖ ਸਿੰਘ ਦੇ ਅਸ਼ੀਰਵਾਦ ਨਾਲ ਫੁੱਟਬਾਲ ਟੂਰਨਾਮੈਂਟ ਦੇ ਸੀਨੀਅਰ ਮੈਂਬਰ ਪਰਮਜੀਤ ਸਿੰਘ ਪੰਮਾ ਦੀ ਦੇਖ ਰੇਖ ਹੇਠਾਂ, ਸਮੂਹ ਐਨ ਆਰ ਆਈਜ਼ ਭਰਾਵਾਂ, ਗਰਮ ਪੰਚਾਇਤਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ ਅੱਜ ਖੇਡੇ ਜਾ ਰਹੇ ਫੁੱਟਬਾਲ ਟੂਰਨਾਮੈਂਟ ਦੇ ਪ੍ਰੀ ਕੁਆਰਟਰ ਮੈਚਾਂ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਰਸ਼ਪਾਲ ਸਿੰਘ ਲਾਲੀ ਸੰਮਤੀ ਮੈਂਬਰ ਅਤੇ ਨੰਬਰਦਾਰ ਤਕਦੀਰ ਸਿੰਘ ਸ਼ਾਮਲ ਹੋਏ ਖਿਡਾਰੀਆਂ ਨਾਲ ਜਾਣ ਪਛਾਣ ਕਰਦੇ ਹੋਏ ਰਸ਼ਪਾਲ ਸਿੰਘ ਲਾਲੀ ਸੰਮਤੀ ਮੈਂਬਰ ਨੇ ਬੱਚਿਆਂ ਅਸ਼ੀਰਵਾਦ ਦਿੰਦੇ ਹੋਏ ਕਿਹਾ ਕਿ ਖੇਡਾਂ ਮਨੁੱਖ ਨੂੰ ਹਮੇਸ਼ਾ ਤੰਦਰੁਸਤ ਰੱਖਦੀਆਂ ਹਨ।ਇਸ ਮੌਕੇ ਉਨ੍ਹਾਂ ਨਾਲ ਨੰਬਰਦਾਰ ਤਕਦੀਰ ਸਿੰਘ ਬੈਂਸ, ਗੁਰਮੇਲ ਸਿੰਘ ਇਟਲੀ, ਪਰਮਜੀਤ ਸਿੰਘ ਪੰਮਾ, ਗੁਰਵੰਤ ਸਿੰਘ, ਪੰਕਜ਼ ਸਾਹਨੀ, ਬਲਵੀਰ ਸਿੰਘ, ਸੋਨੂੰ ਭਾਰਟਾ,ਜਪਿੰਦਰ ਬੈਂਸ, ਲਛਮਣ ਦਾਸ, ਬਲਵੀਰ ਸਿੰਘ ਤਰਲੋਚਨ ਸਿੰਘ, ਆਤਮਾ ਰਾਮ, ਰਾਮ ਕਿਸ਼ਨ, ਗੁਰਦਿਆਲ ਸਿੰਘ, ਹਰਮੇਸ਼ ਲਾਲ, ਪ੍ਰਵੀਨ ਬਾਲਾ ਸਰਪੰਚ, ਕਵਲਦੀਪ ਕੌਰ ਸਰਪੰਚ ਗਣੇਸ਼ ਪੁਰ, ਜਸਪਾਲ ਸਿੰਘ ਸਰਪੰਚ ਪਥਰਾਲਾ, ਚੂਨੀ ਲਾਲ,ਰਾਮ ਪਾਲ ਆਦਿ ਹਾਜ਼ਰ ਸਨ। ਖੇਡੇ ਗਏ ਓਪਨ ਪੇਂਡੂ ਪੱਧਰ ਦੇ ਪ੍ਰੀ ਕੁਆਰਟਰ ਮੈਚਾਂ ਵਿਚ ਪਾਲਦੀ ਦੀ ਟੀਮ ਨੇ ਸਰਹਾਲਾ ਕਲਾ ਦੀ ਟੀਮ ਨੂੰ 3-2 ਨਾਲ, ਪਿੰਡ ਰਾਮਪੁਰ ਦੀ ਟੀਮ ਨੇ ਖੇੜਾ ਦੀ ਟੀਮ ਨੂੰ 2-0 ਨਾਲ ਨੰਗਲ ਖਿਡਾਰੀਆਂ ਦੀ ਟੀਮ ਨੇ ਪਿੰਡ ਗੋਗਡੋ ਦੀ ਟੀਮ ਨੂੰ 6-0 ਨਾਲ ਮਜਾਰਾ ਡੀਂਗਰੀਆਂ ਨੇ ਦੀ ਟੀਮ ਨੇ ਪਿੰਡ ਭਾਰਟਾ ਦੀ ਟੀਮ ਨੂੰ 2-0 ਨਾ, ਪਿੰਡ ਪੰਜੌੜਾ ਦੀ ਟੀਮ ਨੇ ਪਿੰਡ ਸਕਰੂਲੀ ਦੀ ਟੀਮ ਨੂੰ 5-1 ਨਾਲ ਮਾਹਿਲਪੁਰ ਦੀ ਟੀਮ ਨੇ ਪਿੰਡ ਭਾਮ ਦੀ ਟੀਮ ਨੂੰ 1-0 ਨਾਲ ਹਰਾ ਕੇ ਕੁਆਰਟਰ ਫਾਈਨਲ ਵਿੱਚ ਪ੍ਰਵੇਸ਼ ਕੀਤਾ।ਇਸ ਮੌਕੇ ਕੋਚ ਮਨਦੀਪ ਸਿੰਘ ਸੰਘਾ, ਕੋਚ ਦਿਲਪ੍ਰੀਤ ਸਿੰਘ, ਕੋਚ ਸੰਦੀਪ ਭੂੰਗਰਨੀ, ਕੋਚ ਸੀਮਨ ਨੰਗਲਾ ਮੱਝਾਂ ਕੋਚ ਲਾਲੀ ਹਾਰਟਾ, ਕੋਚ ਜੱਬੜ ਜਸਵੀਰ ਸਿੰਘ, ਕੋਚ ਇਕਬਾਲ ਸਿੰਘ ਬਾਲੀ, ਭਾਰਟਾ, ਲੱਕੀ ਭਾਰਟਾ, ਓਂਕਾਰ ਸਿੰਘ, ਕਮਲਜੀਤ ਸਿੰਘ ਖੇੜਾ, ਘੁੱਦਾ ਭਾਰਟਾ ਸਮੇਤ ਵੱਡੀ ਗਿਣਤੀ ਵਿਚ ਖੇਡ ਪ੍ਰੇਮੀ ਹਾਜ਼ਰ ਸਨ।

# ਹੈਲੋ-ਹੈਲੋ 2025 ਜਲੰਧਰ ਦੂਰਦਰਸ਼ਨ 'ਤੇ 1 ਜਨਵਰੀ ਨੂੰ ਹੋਵੇਗਾ ਰਿਲੀਜ਼



**ਕਾਲਾ ਸੰਘਿਆਂ (ਮਨਜੀਤ ਮਾਨ )**-ਰੰਗਾ ਰੰਗ ਪ੍ਰੋਗਰਾਮ ਹੈੱਲੋ ਹੈਲੋ 2025 ਨਵੇਂ ਸਾਲ ਦੀ ਆਮਦ 'ਤੇ ਦੂਰਦਰਸ਼ਨ ਡੀ ਡੀ ਪੰਜਾਬੀ 'ਤੇ 1 ਜਨਵਰੀ ਰਾਤ 8 ਵਜੇ ਤੋਂ 9 ਵਜੇ ਤੱਕ ਪ੍ਰਸਾਰਿਤ ਕੀਤਾ ਜਾ ਰਿਹਾ ਹੈ ਜਿਸ ਵਿੱਚ।ਗੀਤ ਪੰਜਾਬ ਨੇ ਨੂੰ ਗਾਇਆ ਮੈਂਡੀ ਕਾਲਰਾ ਨੇ ਤੇ ਕਲਮਬੱਧ ਕੀਤਾ ਗਿਆ ਰਣਜੀਤ ਦੀਪੀ ਸਰਪੁਰੀਆ ਯੂ ਕੇ ਵੱਲੋਂ ਤਿਆਰ ਕੀਤਾ ਗਿਆ ਹੈ ਜਿਸ ਦਾ ਸੰਗੀਤ ਹਰਿ ਅਮਿਤ ਵੱਲੋਂ ਤਿਆਰ ਕੀਤਾ ਗਿਆ ਹੈ। ਇਸ ਪ੍ਰੋਗਰਾਮ ਦੇ ਗੀਤ ਦੇ ਨਿਰਮਾਤਾ ਪੂਜਾ ਸੱਭਰਵਾਲ ਤੇ ਨਿਰਦੇਸ਼ਕ ਅਮਰੀਕ ਮਾਇਕਲ ਹਨ। ਲੇਬਲ ਅਨੁਰਾਗ ਪ੍ਰੋਡਕਸ਼ਨ ਦਾ ਹੋਵੇਗਾ।ਗੀਤ ਪੰਜਾਬਨੇ ਰੰਗਾ ਰੰਗ ਪ੍ਰੋਗਰਾਮ ਹੈਲੋ ਹੈਲੋ 2025 ਵਿੱਚ ਚੱਲੇਗਾ।

# ਅਵਤਾਰ ਮਹੇ ਨੂੰ ਭੀਮ ਆਰਮੀ ਨੇ ਪੰਜਾਬ ਦਾ ਲੀਗਲ ਐਡਵਾਈਜ਼ਰ ਲਾਇਆ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ, ਕੁਲਵਿੰਦਰ ਰਾਹੋਂ)**- ਮੁਹੱਲਾ ਡਾ. ਭੀਮ ਰਾਓ ਅੰਬੇਡਕਰ



ਨਗਰ ਰਾਹੋਂ ਵਸਨੀਕ ਸਮਾਜ ਸੇਵਕ ਅਵਤਾਰ ਸਿੰਘ ਮਹੇ ਦੀਆਂ ਲੋਕ ਹਿੱਤ ਲਈ ਸ਼ਾਨਦਾਰ ਸੇਵਾਵਾਂ ਨੂੰ ਦੇਖਦੇ ਹੋਏ ਭੀਮ ਆਰਮੀ ਪੰਜਾਬ ਵਲੋਂ ਉਨ੍ਹਾਂ ਨੂੰ ਭਾਰਤ ਏਕਤਾ ਮਿਸ਼ਨ ਪੰਜਾਬ ਦਾ ਲੀਗਲ ਐਡਵਾਈਜਰ ਲਾਇਆ ਗਿਆ। ਮਹੇ ਨੇ ਸਾਂਸਦ ਐਡਵੋਕੇਟ ਚੰਦਰਸ਼ੇਖਰ ਆਜ਼ਾਦ ਸੰਸਥਾਪਕ ਭੀਮ ਆਰਮੀ, ਵਿਨੈ ਰਤਨ ਸਿੰਘ ਰਾਸ਼ਟਰੀ ਪ੍ਰਧਾਨ ਭੀਮ ਆਰਮੀ, ਹਿਤੇਸ਼ ਮਾਹੀ ਰਾਸ਼ਟਰੀ ਜਨਰਲ ਸਕੱਤਰ ਇੰਚਾਰਜ ਭੀਮ ਆਰਮੀ ਪੰਜਾਬ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕੇ ਉਹ ਆਪਣੇ ਅਹੁਦੇ 'ਤੇ ਇਮਾਨਦਾਰੀ ਤੇ ਲਗਨ ਨਾਲ ਭਾਰਤ ਰਤਨ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ, ਕਾਂਸ਼ੀ ਰਾਮ ਦੀ ਵਿਚਾਰਧਾਰਾ ਬਹੁਜਨ ਹਿਤਾਏ, ਬਹੁਜਨ ਸੁਖਾਏ ਨੂੰ ਅੱਗੇ ਵਧਾਉਣ ਲਈ ਪੂਰੀ ਤਨਦੇਹੀ ਨਾਲ ਮਿਹਨਤ ਕਰਨਗੇ। ਭੀਮ ਆਰਮੀ ਭਾਰਤ ਏਕਤਾ ਮਿਸ਼ਨ ਦੇ ਸੰਗਠਨ ਨੂੰ ਪੰਜਾਬ ਵਿਚ ਹੋਰ ਮਜ਼ਬੂਤ ਕਰਨਗੇ।

# ਨਹਿਰਾਂ, ਨਾਲਿਆਂ ਤੇ ਰਜਵਾਹਿਆਂ ਦੀ ਰਿਮਾਂਡਲਿੰਗ ਤੇ ਰਿਹੈਬਿਲਿਟੇਸ਼ਨ ਯੋਜਨਾ ਤਿਆਰ ਕੀਤੀ ਜਾਵੇ : ਸ਼ਰੂਤੀ ਚੌਧਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**


ਹਰਿਆਣਾ ਦੀ ਸਿੰਚਾਈ ਅਤੇ ਜਲ ਸੰਸਾਧਨ ਮੰਤਰੀ ਸ੍ਰੀਮਤੀ ਸ਼ਰੂਤੀ ਚੌਧਰੀ ਨੇ ਕਿਹਾ ਕਿ ਨਹਿਰੀ ਪਾਣੀ ਦੀ ਜਾਇਜ਼ ਵੰਡ ਤੇ ਹਰ ਟੇਲ ਤੱਕ ਪਾਣੀ ਪਹੁੰਚਾਉਣਾ ਉਨ੍ਹਾਂ ਦੀ ਪ੍ਰਾਥਮਿਕਤਾ ਹੈ, ਇਸ ਦੇ ਲਈ ਸੂਬੇ ਦੀ ਸਾਰੀ ਨਹਿਰਾਂ, ਨਾਲਿਆਂ ਤੇ ਰਜਵਾਹਾਂ ਦੀ ਰਿਮਾਡਲਿੰਗ ਤੇ ਰਿਹੈਬਿਲਿਟੇਸ਼ਨ ਦੀ ਯੋਜਨਾ ਤਿਆਰ ਕੀਤੀ ਜਾਵੇ। ਇਸ ਤੋਂ ਇਲਾਵਾ, ਨਹਿਰਾਂ ਵਿਚ ਸਤ੍ਹਾ ਤੇ ਗਾਦ ਤੇ ਖਰਪਤਵਾਰ ਸਾਘ ਕਰਨ ਦੀ ਵੀ ਮੁਹਿੰਮ ਚਲਾਈ ਜਾਵੇ, ਜਿਨ੍ਹਾਂ ਮਾਮਲਿਆਂ ਵਿਚ ਕੇਂਦਰੀ ਵਾਤਾਵਰਣ ਅਤੇ ਵਨ ਮੰਤਰਾਲੇ ਦੀ ਮੰਜੂਰੀ ਦੀ ਜਰੂਰਤ ਹੋਵੇਗੀ। ਇਸ ਦੇ ਲਈ ਕੇਂਦਰੀ ਮੰਤਰਾਲੇ ਨੂੰ ਨੀਮ ਸਰਕਾਰੀ ਪੱਤਰ ਲਿਖਣ ਦੇ ਵੀ ਨਿਰਦੇਸ਼ ਦਿੱਤੇ।ਸ੍ਰੀਮਤੀ ਸ਼ਰੂਤੀ ਚੌਧਰੀ ਇੱਥੇ ਆਪਣੇ ਦਫਤਰ ਵਿਚ ਸਿੰਚਾਈ ਅਤੇ ਜਲ ਸੰਸਾਧਨ ਵਿਭਾਗ ਦੇ ਅਧਿਕਾਰੀਆਂ ਦੇ ਨਾਲ ਸੂਬੇ ਦੇ ਨਹਿਰੀ ਸਿਸਟਮ ਦੀ ਰੂਪਰੇਖਾ ਦੀ ਸਮੀਖਿਆ ਕਰਨ ਲਈ ਬੁਲਾਈ ਗਈ ਮੀਟਿੰਗ ਦੀ ਅਗਵਾਈ ਕਰ ਰਹੀ ਸੀ।ਉਨ੍ਹਾਂ ਨੇ ਕਿਹਾ ਕਿ ਅਗਲੇ ਹਫਤੇ ਤੋਂ ਉਹ ਫੀਲਡ ਵਿਚ ਤੈਨਾਤ ਸਾਰੇ ਸੁਪਰਡੈਂਟ ਇੰਜੀਨੀਅਰ ਤੇ ਐਸਡੀਓ ਦੇ ਨਾਲ ਨਿਯਮਤ ਆਧਾਰ 'ਤੇ ਵੀਡੀਓ ਕਾਨਫ੍ਰੈਂਸਿੰਗ ਦੇ ਨਾਲ ਗਲਬਾਤ ਕਰੇਗੀ ਤਾਂ ਜੋ ਧਰਾਤਲ 'ਤੇ ਸਮਸਿਆਵਾਂ ਦੀ ਜਾਣਕਾਰੀ ਤੇ ਫੀਡਬੈਕ ਕੀਤਾ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਵਿਭਾਗ ਦੀ ਵਿਜੀਲੈਂਸ ਵਿੰਗ ਨੂੰ ਹੋਰ ਵੱਧ ਸਰਗਰਮ ਕੀਤਾ ਜਾਵੇ। ਉਨ੍ਹਾਂ ਨੇ ਹਰਿਆਣਾ ਰਾਜ ਏਨਫੋਰਸਮੈਂਟ ਬਿਊਰੋ ਦੇ ਅਧਿਕਾਰੀਆਂ ਦੇ ਨਾਲ ਵੀ ਤਾਲਮੇਲ ਵਧਾਉਣ ਦੇ ਨਿਰਦੇਸ਼ ਦਿੱਤੇ। ਜਿੱਥੇ ਨਹਿਰਾਂ ਦੀ ਰਿਮਾਡਲਿੰਗ ਤੇ ਰਿਹੈਬਿਲਿਟੇਸ਼ਨ ਦਾ ਨਿਰਮਾਣ ਕੰਮ ਚੱਲ ਰਿਹਾ ਹੈ ਉੱਥੇ ਗੁਣਵੱਤਾ ਨਾਲ ਕਿਸੇ ਤਰ੍ਹਾ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਵਿਭਾਗ ਦੇ ਮੈਨੂਅਲ ਕੋਡ ਅਨੁਸਾਰ ਨਿਰਮਾਣ ਸਮੱਗਰੀ ਦੀ ਨਿਯਮਤ ਸੈਂਪਲਿੰਗ ਕੀਤੀ ਜਾਵੇ ਅਤੇ ਉਸ ਦੀ ਲੈਬ ਵਿਚ ਜਾਂਚ ਕਰਵਾਈ ਜਾਵੇ।ਮੀਟਿੰਗ ਵਿਚ ਮੰਤਰੀ ਨੂੰ ਜਾਣਕਾਰੀ ਦਿੱਤੀ ਗਈ ਕਿ ਰਿਮਾਡਲਿੰਗ ਵਿਚ ਪੂਰੀ ਨਹਿਰ ਦਾ ਮੁੜ ਨਿਰਮਾਣ ਹੁੰਦਾ ਹੈ ਜਦੋਂ ਕਿ ਰਿਹੈਬਿਲਿਟੇਸ਼ਨ ਵਿਚ ਵੱਡਾ ਬਦਲਾਅ ਨਹੀਂ ਹੁੰਦਾ, ਸਗੋਂ ਵਿਸ਼ੇਸ਼ ਮੁਰੰਮਤ ਕੀਤੀ ਜਾਂਦੀ ਹੈ।ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਰਾਜ ਦੀ ਸਾਰੀ ਨਹਿਰਾਂ ਨੂੰ ਇੰਟਰਲਿੰਕ ਕਰਨ ਲਈ ਇਕ ਠੋਸ ਪ੍ਰਸਤਾਵ ਤਿਆਰ ਕੀਤਾ ਜਾਵੇ, ਜਿਸ ਨਾਲ ਪਾਣੀ ਦੀ ਉਪਲਬਧਤਾ ਵਿਚ ਵਾਧਾ ਤਾਂ ਹੋਵੇਗਾ ਹੀ, ਉੱਥੇ ਭੂਜਲ ਰਿਚਾਰਜ ਵਿਚ ਵੀ ਸੁਧਾਰ ਹੋਵੇਗਾ।ਮੀਟਿੰਗ ਵਿਚ ਸਿੰਚਾਈ ਅਤੇ ਜਲ ਸੰਸਾਧਨ ਵਿਭਾਗ ਦੇ ਵਧੀਕ ਮੁੱਖ ਸਕੱਤਰ ਅਨੁਰਾਗ ਅਗਰਵਾਲ ਤੋਂ ਇਲਾਵਾ ਹੋਰ ਅਧਿਕਾਰੀ ਮੌਜੂਦ ਸਨ।

# ਚੇਅਰਮੈਨਾਂ ਦੇ ਵਿਰੁੱਧ ਅਵਿਸ਼ਵਾਸ ਪ੍ਰਸਤਾਵ ਪ੍ਰਕ੍ਰਿਆ ਦੇ ਸਬੰਧ 'ਚ ਦਿਸ਼ਾ-ਨਿਰਦੇਸ਼ ਜਾਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਹਰਿਆਣਾ ਰਾਜ ਚੋਣ ਕਮਿਸ਼ਨ ਨੇ ਸੂਬੇ ਵਿਚ ਪੰਚਾਇਤ ਕਮੇਟੀਆਂ ਦੇ ਚੇਅਰਮੈਨ ਅਤੇ ਵਾਇਸ ਚੇਅਰਮੈਨ ਅਤੇ ਜ਼ਿਲ੍ਹਾ ਪਰਿਸ਼ਦਾਂ ਦੇ ਚੇਅਰਮੈਨ ਤੇ ਵਾਇਸ ਚੇਅਰਮੈਨ ਦੇ ਵਿਰੁੱਧ ਅਵਿਸ਼ਵਾਸ ਪ੍ਰਸਤਾਵ ਲਿਆਉਣ ਦੇ ਸਬੰਧ ਵਿਚ ਸਪੱਸ਼ਟ ਕੀਤਾ ਹੈ ਕਿ ਬੈਲੇਟ ਬਾਕਸ ਦੀ ਵਰਤੋ ਨਾਲ ਹੀ ਗੁਪਤ ਵੋਟਿੰਗ ਪ੍ਰਕ੍ਰਿਆ ਪੂਰੀ ਕੀਤੀ ਜਾਵੇਗੀ। ਕਮਿਸ਼ਨ ਦੇ ਬੁਲਾਰੇ ਨੇ ਦਸਿਆ ਕਿ ਸਬੰਧਿਤ ਪੰਚਾਇਤ ਸਮਿਤੀ/ਜ਼ਿਲ੍ਹਾ ਪਰਿਸ਼ਦ ਦੇ ਕਿਸੇ ਜਨਪ੍ਰਤੀਨਿਧੀ ਵੱਲੋਂ ਅਵਿਸ਼ਵਾਸ ਪ੍ਰਸਤਾਵ ਦਾ ਨੋਟਿਸ ਦਿੱਤਾ ਜਾਂਦਾ ਹੈ ਤਾਂ ਚੁਣੇ ਹੋਏ ਸਾਰੇ ਮੈਂਬਰਾਂ ਨੂੰ ਰਜਿਸਟਰਡ ਡਾਕ ਰਾਹੀਂ ਜਾਣਕਾਰੀ ਦਿੱਤੀ ਜਾਵੇਗੀ।ਇਹ ਜਾਣਕਾਰੀ ਮੈਂਬਰ ਦੇ ਰਜਿਸਟਰਡ ਮੋਬਾਇਲ ਟੈਲੀਫੋਨ 'ਤੇ ਵਾਟਸਐਪ ਰਾਹੀਂ ਜਾਂ ਨਿਜੀ ਰੂਪ ਨਾਲ ਵੀ ਦਿੱਤੀ ਜਾ ਸਕਦੀ ਹੈ।ਇਸ ਤੋਂ ਇਲਾਵਾ, ਇਸ ਦੀ ਸੂਚਨਾ ਸਬੰਧਿਤ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀ, ਸਬ-ਡਿਵੀਜਨਲ ਅਧਿਕਾਰੀ (ਸਿਵਲ) ਅਤੇ ਡਿਪਟੀ ਕਮਿਸ਼ਨਰ ਦਫਤਰਾਂ ਦੇ ਸੂਚਨਾ ਪੱਟਿਆਂ 'ਤੇ ਲਗਾਈ ਜਾਵੇਗੀ। ਸੂਚਨਾ ਜਾਰੀ ਹੋਣ ਦੇ ਬਾਅਦ ਘੱਟ ਤੋਂ ਘੱਟ ਦੱਸ ਦਿਨਾਂ ਵਿਚ ਮੀਟਿੰਗ ਬੁਲਾਈ ਜਾਵੇਗੀ।ਉਨ੍ਹਾਂ ਨੇ ਦਸਿਆ ਕਿ ਸੰਬੰਧਿਤ ਅਧਿਕਾਰੀ ਵੱਲੋਂ ਜਿਸ ਅਹੁਦੇ ਦੇ ਵਿਰੁੱਧ ਅਵਿਸ਼ਵਾਸ ਪ੍ਰਸਤਾਵ ਲਿਆਇਆ ਗਿਆ ਹੈ ਉਸ ਦਾ ਐਲਾਨ ਕੀਤਾ ਜਾਵੇਗਾ ਅਤੇ ਨਿਰਧਾਰਿਤ ਗੁਪਤ ਵੋਟਿੰਗ ਸਲਿਪ ਮੌਜੂਦ ਹਰੇਕ ਮੈਂਬਰ ਨੂੰ ਜਾਰੀ ਕੀਤੀ ਜਾਵੇਗੀ। ਵੋਟਿੰਗ ਤੋਂ ਪਹਿਲਾਂ ਰਿਟਰਨਿੰਗ ਅਧਿਕਾਰੀ ਤੇ ਚੇਅਰ ਅਧਿਕਾਰੀ ਮੈਂਬਰਾਂ ਨੂੰ ਵੋਟਿੰਗ ਪ੍ਰਕ੍ਰਿਆ ਦੇ ਸਬੰਧ ਵਿਚ ਸਮਝਾਏਗਾ। ਵੋਟਿੰਗ ਖਤਮ ਹੋਣ ਦੇ ਤੁਰੰਤ ਬਾਅਦ ਸਬੰਧਿਤ ਅਧਿਕਾਰੀ ਕੁੱਲ ਮੈਂਬਰਾਂ ਦੀ ਮੌਜੂਦਗੀ ਵਿਚ ਬੈਲੇਟ ਬਾਕਸ ਖੋਲੇਗਾ ਅਤੇ ਗੁਪਤ ਵੋਟਿੰਗ ਸਲਿਪ ਦੀ ਗਿਣਤੀ ਕਰੇਗਾ। ਪੰਚਾਇਤ ਕਮੇਟੀਆਂ ਦੇ ਚੇਅਰਮੈਨ ਤੇ ਵਾਇਸ ਚੇਅਰਮੈਨ ਦੇ ਵਿਰੁੱਧ ਅਵਿਸ਼ਵਾਸ ਪ੍ਰਸਤਾਵ ਹਰਿਆਣਾ ਪੰਚਾਇਤੀ ਰਾਜ ਐਕਟ 1994 ਦੀ ਧਾਰਾ 62 ਅਤੇ ਜਿਲ੍ਹਾ ਪਰਿਸ਼ਦਾਂ ਦੇ ਚੇਅਰਮੈਨ ਅਤੇ ਵਾਇਸ ਚੇਅਰਮੈਨ ਦੇ ਵਿਰੁੱਧ ਧਾਰਾ 123 ਤਹਿਤ ਅਵਿਸ਼ਵਾਸ ਪ੍ਰਸਤਾਵ ਲਿਆਇਆ ਜਾ ਸਕਦਾ ਹੈ।ਉਨ੍ਹਾਂ ਨੇ ਦਸਿਆ ਕਿ ਮੀਟਿੰਗ ਦੀ ਪ੍ਰਕ੍ਰਿਆ ਪੂਰੀ ਹੋਣ ਦੀ ਜਾਣਕਾਰੀ ਉਸੀ ਦਿਨ ਹਰਿਆਣਾ ਰਾਜ ਚੋਣ ਕਮਿਸ਼ਨ ਨੂੰ ਭੇਜਣੀ ਹੋਵੇਗੀ। ਇਸ ਤੋਂ ਇਲਾਵਾ, ਸਬੰਧਿਤ ਪ੍ਰਚਾਰ ਕਮੇਟੀ ਜਾਂ ਜਿਲ੍ਹਾ ਪਰਿਸ਼ਦ ਦੇ ਪੱਟੇ 'ਤੇ ਵੀ ਪ੍ਰਦਰਸ਼ਿਤ ਕਰਨੀ ਹੋਵੇਗੀ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਪੁਰਬ ਮਨਾਇਆ



**ਸੁਲਤਾਨਪੁਰ ਲੋਧੀ, ( ਹਨੀ)**- ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੈਂਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ ਜਿਸ ਦੀ ਸ਼ੁਰੂਆਤ ਸਵੇਰ ਦੀ ਸਭਾ ਨਾਲ ਹੋਈ। ਇਸ ਦੌਰਾਨ ਵਿਦਿਆਰਥੀਆਂ ਗੁਰੂ ਜੀ ਦੀ ਸ਼ਹਾਦਤ ਨੂੰ ਸਮਰਪਿਤ ਸ਼ਬਦ, ਭਾਸ਼ਣ ਅਤੇ ਕਵਿਤਾਵਾਂ ਰਾਹੀਂ ਉਨ੍ਹਾਂ ਦੇ ਜੀਵਨ ਸਬੰਧੀ ਚਾਨਣਾ ਪਾਉਂਦਿਆਂ, ਉਨ੍ਹਾਂ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕੀਤਾ ਗਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਸਕੂਲ ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਵੱਲੋਂ ਵੀ ਗੁਰੂ ਜੀ ਦੀ ਲਾਸਾਨੀ ਸ਼ਹਾਦਤ ਨੂੰ ਪ੍ਰਣਾਮ ਕੀਤਾ ਗਿਆ।

5-DEC-PAGE-10.qxd 12/4/2024 10:38 PM Page 1



## 30 ਬੋਰ ਪਿਸਤਲ, 4 ਜ਼ਿੰਦਾ ਕਾਰਤੂਸ ਸਮੇਤ 3 ਵਿਅਕਤੀ ਕਾਬੂ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ) ਰਮਨਦੀਪ ਸਿੰਘ ਗਿੱਲ ਡੀ.ਐਸ.ਪੀ (ਡੀ) ਸ੍ਰੀ ਮੁਕਤਸਰ ਸਾਹਿਬ ਤੇ ਇਸਪੈਕਟਰ ਜਸਕਰਨਦੀਪ ਸਿੰਘ ਮੁੱਖ ਅਫ਼ਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਤੇ ਪੁਲਸ ਪਾਰਟੀ ਨੂੰ ਉਸ ਸਮੇਂ ਸਫ਼ਲਤਾ ਮਿਲੀ, ਜਦੋਂ ਪੁਲਸ ਵੱਲੋਂ ਤਿੰਨ ਵਿਅਕਤੀਆਂ ਨੂੰ ਕਾਬੂ ਕੀਤਾ, ਜਿਨ੍ਹਾਂ ਪਾਸੋਂ ਇੱਕ .30 ਬੋਰ ਪਿਸਤਲ, 4 ਕਾਰਤੂਸ ਜ਼ਿੰਦਾ ਕਾਰਤੂਸ ਬਰਾਮਦ ਹੋਏ ਹਨ। ਗਸ਼ਤ ਵਾ ਚੈਕਿੰਗ ਦੌਰਾਨ ਨੇੜੇ ਬੱਸ ਸਟੈਂਡ ਸ੍ਰੀ ਮੁਕਤਸਰ ਸਾਹਿਬ ਮੌਜੂਦ ਸੀ ਤਾਂ ਮੁਖ਼ਬਰ ਦੀ ਇਤਲਾਹ ਤੇ ਜੀਵਨ ਸਿੰਘ ਉਰਫ ਗੁਰਜੀਵਨ ਪੁੱਤਰ ਜਗਜੀਤ ਸਿੰਘ ਮਨਿੰਦਰ ਸਿੰਘ ਉਰਫ ਮਣੀ ਪੁੱਤਰ ਜਗਤਾਰ ਸਿੰਘ ਵਾਸੀ ਆਣ ਪਿੰਡ ਅਵਲ ਖਰਾਣਾ ਤੇ ਸੁਰਿੰਦਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਪਿੰਡ ਤੱਪਾ ਖੇੜਾ ਨੂੰ ਕਾਬੂ ਕੀਤਾ ਗਿਆ, ਜਿਨ੍ਹਾਂ ਪਾਸੋਂ ਇੱਕ .30 ਬੋਰ ਪਿਸਤਲ ਅਤੇ ਚਾਰ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ, ਜਿਸ 'ਤੇ ਪੁਲਸ ਵੱਲੋਂ ਮੁਕੱਦਮਾ ਅਸਲਾ ਐਕਟ ਤਹਿਤ ਉਕਤ ਦੋਸ਼ੀਆਂ ਖ਼ਿਲਾਫ ਦਰਜ ਕੀਤਾ ਗਿਆ, ਜਿਸ 'ਤੇ ਪੁਲਸ ਵੱਲੋਂ ਦੋਸ਼ੀਆਂ ਨੂੰ ਛੇਤੀ ਹੀ ਮਾਨਯੋਗ ਅਦਾਲਤ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ।

## ਗੱਤਕਾ ਸਵੈ-ਰੱਖਿਆ ਲਈ ਪਰਖੀ ਹੋਈ ਖੇਡ ਹੈ : ਬਲਜਿੰਦਰ ਕੌਰ



ਤਲਵੰਡੀ ਸਾਬੋ (ਜਗਦੀਪ ਗਿੱਲ) 68ਵੀਆਂ ਸਕੂਲੀ ਸੂਬਾ ਪੱਧਰੀ ਖੇਡਾਂ ਗੱਤਕਾ ਅੰਡਰ 14 ਮੁੰਡੇ ਤੇ ਕੁੜੀਆਂ ਦਾ ਅਗਾਜ਼ ਸ਼ਾਨੋ ਸ਼ੌਕਤ ਨਾਲ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਸਿਵਪਾਲ ਗੋਇਲ ਦੀ ਅਗਵਾਈ ਵਿੱਚ ਮਾਤਾ ਸਾਹਿਬ ਕੌਰ ਗਰਲਜ ਕਾਲਜ ਵਿਖੇ ਹੋਇਆ।ਇਨ੍ਹਾਂ ਖੇਡਾਂ ਦਾ ਉਦਘਾਟਨ ਹਲਕਾ ਵਿਧਾਇਕ ਤਲਵੰਡੀ ਸਾਬੋ ਪ੍ਰੋਫੈਸਰ ਬਲਜਿੰਦਰ ਕੌਰ ਚੀਫ਼ ਵ੍ਹਿਪ ਕੈਬਨਿਟ ਰੈਂਕ ਵੱਲੋਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਗੱਤਕਾ ਸਾਨੂੰ ਗੁਰੂ ਸਾਹਿਬਾਨ ਵੱਲੋਂ ਵਿਰਸੇ ਵਿੱਚ ਮਿਲੀ ਮਾਰਸ਼ਲ ਆਰਟ ਖੇਡ ਹੈ।ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਤੇ ਆਪਣੇ ਵਿਰਸੇ ਨਾਲ ਜੋੜ ਕੇ ਰੱਖਣ ਲਈ ਗੱਤਕਾ ਬਹੁਤ ਸਸਤੀ, ਸੁਖਾਲੀ ਅਤੇ ਸਵੈ-ਰੱਖਿਆ ਦੀ ਪਰਖੀ ਹੋਈ ਖੇਡ ਹੈ। ਸਮਾਗਮ ਦੀ ਪ੍ਰਧਾਨਗੀ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਸਿਕੰਦਰ ਸਿੰਘ ਬਰਾੜ ਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜਸਵੀਰ ਸਿੰਘ ਗਿੱਲ ਵੱਲੋਂ ਕੀਤੀ ਗਈ।

## ਧਾਗਾ ਫੈਕਟਰੀ ਦੇ ਵਰਕਰ ਵੱਲੋਂ ਫਾਹਾ ਲੈ ਕੇ ਖ਼ੁਦਕੁਸ਼ੀ

ਮਾਛੀਵਾੜਾ ਸਾਹਿਬ, (ਜ਼ੋਕੀ ਸ਼ਰਮਾ, ਜਗਦੀਸ਼ ਰਾਏ)-ਮਾਛੀਵਾੜਾ-ਕੁਹਾੜਾ ਮਾਰਗ 'ਤੇ ਸਥਿਤ ਇੱਕ ਧਾਗਾ ਫੈਕਟਰੀ ਅੰਦਰ ਬਣੇ ਕੁਆਰਟਰਾਂ ਵਿਚ ਮਿੱਲ ਦੇ ਵਰਕਰ ਅੰਕੁਸ਼ ਵਰਮਾ (20) ਵਾਸੀ ਯੂ.ਪੀ. ਨੇ ਗਲ ਫਾਹਾ ਲੈ ਕੇ ਖ਼ੁਦਕੁਸ਼ੀ ਕਰ ਲਈ ਜਿਸ ਦੀ ਲਾਸ਼ ਪੱਖੇ ਨਾਲ ਲਟਕਦੀ ਮਿਲੀ। ਜਾਣਕਾਰੀ ਮੁਤਾਬਿਕ ਅੰਕੁਸ਼ ਵਰਮਾ ਕਰੀਬ 1 ਸਾਲ ਪਹਿਲਾਂ ਹੀ ਫੈਕਟਰੀ ਵਿਚ ਕੰਮ ਕਰਨ ਲੱਗਾ ਸੀ ਜੋ ਕਿ ਮਿੱਲ ਅੰਦਰ ਬਣੇ ਕੁਆਰਟਰ ਵਿਚ ਆਪਣੇ ਸਾਥੀ ਨਮਨ ਕੁਮਾਰ ਨਾਲ ਰਹਿ ਰਿਹਾ ਸੀ। ਉਸ ਦਾ ਸਾਥੀ ਜੋ ਰਾਤ ਸਮੇਂ ਡਿਊਟੀ ਕਰਨ ਗਿਆ ਸੀ ਅਤੇ ਜਦੋਂ ਉਹ ਸਵੇਰੇ ਕਮਰੇ ਵਿਚ ਆਇਆ ਤਾਂ ਉਸ ਨੇ ਦੇਖਿਆ ਕਿ ਅੰਕੁਸ਼ ਵਰਮਾ ਨੇ ਗਲ ਫਾਹਾ ਲੈ ਕੇ ਆਤਮ ਹੱਤਿਆ ਕੀਤੀ ਹੋਈ ਸੀ। ਨਮਨ ਕੁਮਾਰ ਨੇ ਇਸ ਘਟਨਾ ਸਬੰਧੀ ਤੁਰੰਤ ਮਿੱਲ ਪ੍ਰਬੰਧਕਾਂ ਨੂੰ ਸੂਚਿਤ ਕੀਤਾ। ਮਿੱਲ ਵੱਲੋਂ ਪੁਲਸ ਨੂੰ ਜਾਣਕਾਰੀ ਦਿੱਤੀ ਗਈ ਜਿਸ 'ਤੇ ਥਾਣਾ ਮੁਖੀ ਪਵਿੱਤਰ ਸਿੰਘ ਪੁਲਸ ਪਾਰਟੀ ਸਮੇਤ ਮੌਕੇ 'ਤੇ ਪੁੱਜ ਗਏ। ਪੁਲਸ ਵੱਲੋਂ ਕਮਰੇ ਦੀ ਚੰਗੀ ਤਰ੍ਹਾਂ ਤਲਾਸ਼ੀ ਲਈ ਗਈ ਪਰ ਉਨ੍ਹਾਂ ਨੂੰ ਕੋਈ ਸੁਸਾਇਡ ਨੋਟ ਨਹੀਂ ਮਿਲਿਆ ਜਿਸ ਤੋਂ ਪਤਾ ਲੱਗ ਸਕੇ ਕਿ ਉਸ ਨੇ ਖ਼ੁਦਕੁਸ਼ੀ ਕਿਉਂ ਕੀਤੀ। ਸਾਥੀ ਨਮਨ ਕੁਮਾਰ ਨੇ ਦੱਸਿਆ ਕਿ ਉਸ ਦਾ ਕੋਈ ਵੀ ਲੜਾਈ ਝਗੜਾ ਨਹੀਂ ਸੀ।

ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦਾ ਮੋਬਾਇਲ ਫੋਨ ਕਬਜ਼ੇ ਵਿਚ ਲੈ ਲਿਆ ਹੈ, ਜਿਸ ਤੋਂ ਪਤਾ ਲੱਗ ਸਕੇ ਕਿ ਉਸ ਨੇ ਸੁਸਾਇਡ ਕਿਉਂ ਕੀਤਾ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੇ ਵਾਰਿਸਾਂ ਨੂੰ ਸੂਚਿਤ ਕਰ ਦਿੱਤਾ ਗਿਆ ਅਤੇ ਲਾਸ਼ ਨੂੰ ਕਬਜ਼ੇ 'ਚ ਕਰ ਪੋਸਟ ਮਾਰਟਮ ਲਈ ਭੇਜ ਦਿੱਤਾ ਗਿਆ ਹੈ।

## ਗੁਰਦੁਆਰਾ ਦੁੱਖ ਨਿਵਾਰਨ ਸਾਹਿਬ 'ਚ ਸਥਾਪਤ ਹੋਵੇਗਾ ਐੱਲ ਪੀ ਜੀ ਗੈਸ ਪ੍ਰੋਜੈਕਟ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਜੋੜ ਮੇਲ ਦੌਰਾਨ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਐਲ.ਪੀ.ਜੀ.ਗੈਸ ਪ੍ਰੋਜੈਕਟ ਸੰਗਤਾਂ ਨੂੰ ਸਮਰਪਤ ਕੀਤਾ ਜਾਵੇਗਾ।ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਨਿਸ਼ਾਨ ਸਿੰਘ ਜੱਫਰਵਾਲ ਤੇ ਪ੍ਰਬੰਧਕਾਂ ਨੇ ਉਦਘਾਟਨ ਦੀਆਂ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਮੌਕੇ ਦਿੱਤੀ।ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਲੰਗਰ ਤੇ ਕੜਾਹ ਪ੍ਰਸ਼ਾਦ ਕਾਊਂਟਰਾਂ ਲਈ ਐਲ.ਪੀ.ਜੀ. ਗੈਸ ਪਾਈਪ ਲਾਈਨ ਪ੍ਰੋਜੈਕਟ ਸਥਾਪਤ ਕੀਤਾ ਜਾ ਰਿਹਾ ਤਾਂ ਜੁ ਸੰਗਤਾਂ ਲਈ ਲੰਗਰ ਪ੍ਰਬੰਧ ਨੂੰ ਹੋਰ ਵੀ ਸੁਚਾਰੂ ਬਣਾਇਆ ਜਾ ਸਕੇ।ਮੈਨੇਜਰ ਨਿਸ਼ਾਨ ਸਿੰਘ ਜੱਫਰਵਾਲ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਦੇ ਪਾਵਨ ਅਸਥਾਨ 'ਤੇ ਵੱਡੀ ਗਿਣਤੀ ਵਿਚ ਸੰਗਤਾਂ ਦੂਰ ਦੁਰਾਡੇ ਤੋਂ ਨਤਮਸਤਕ ਹੋਣ ਪੁੱਜਦੀਆਂ ਹਨ ਤੇ ਲੰਗਰ ਨਿਰੰਤਰ ਚੱਲਦਾ ਰਹਿੰਦਾ ਹੈ।ਗੁਰੂ ਘਰ ਵਿਚ ਪੁੱਜਦੀਆਂ ਸੰਗਤਾਂ ਦੀ ਮੰਗ ਸੀ ਕਿ ਲੰਗਰ ਪ੍ਰਬੰਧ ਨੂੰ ਹੋਰ ਵੀ ਵਧੇਰੇ ਸੁਚਾਰੂ ਬਣਾਉਣ ਲਈ ਗੁਰੂ ਘਰ ਵਿਚ ਚੱਲਦੀਆਂ ਲੰਗਰ ਭੱਠੀਆਂ ਤੋਂ ਇਲਾਵਾ ਆਧੁਨਿਕ ਐਲ.ਪੀ.ਜੀ ਗੈਸ ਪ੍ਰੋਜੈਕਟ ਲੱਗਣਾ ਚਾਹੀਦਾ ਹੈ ਤੇ ਇਸ ਸਬੰਧ ਵਿਚ ਮੈਨੇਜਰ ਨਿਸ਼ਾਨ ਸਿੰਘ ਜੱਫਰਵਾਲ ਨੇ ਸ਼੍ਰੋਮਣੀ ਕਮੇਟੀ ਪ੍ਰਬੰਧ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪਾਸ ਇਹ ਮੰਗ ਧਿਆਨ ਵਿਚ ਲਿਆਂਦੀ ਤਾਂ ਉਨ੍ਹਾਂ ਨੇ ਤੁਰੰਤ ਹੀ ਇਸ ਤੁਰੰਤ ਪ੍ਰਵਾਨਗੀ ਦਿੱਤੀ, ਜਿਸ ਨੂੰ ਹੁਣ ਮੁਕੰਮਲ ਕਰ ਲਿਆ ਗਿਆ ਹੈ।ਮੈਨੇਜਰ ਨਿਸ਼ਾਨ ਸਿੰਘ ਜੱਫਰਵਾਲ ਨੇ ਦੱਸਿਆ ਕਿ ਗੁਰੂ ਘਰ ਵਿਚ ਇਮਾਰਤਸਾਜ਼ੀ ਤੋਂ ਇਲਾਵਾ ਸਰਾਵਾਂ ਦੇ ਕੰਮ ਨਿਰੰਤਰ ਚੱਲ ਰਹੇ ਹਨ, ਜੋ ਜਲਦ ਮੁਕੰਮਲ ਕਰ ਲਏ ਜਾਣਗੇ।ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਜੋੜ ਮੇਲ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਇਸ ਗੈਸ ਪਾਈਨ ਲਾਈਨ ਪ੍ਰੋਜੈਕਟ ਦਾ ਉਦਘਾਟਨ 6 ਦਸੰਬਰ ਨੂੰ ਆਪਣੇ ਕਰ ਕਮਲਾਂ ਨਾਲ ਕਰਨਗੇ।ਉਨ੍ਹਾਂ ਦੱਸਿਆ ਕਿ ਗੁਰੂ ਘਰ ਵਿਚ ਸ਼ਹੀਦੀ ਜੋੜ ਮੇਲ ਦੌਰਾਨ ਉਲੀਕੇ ਗਏ ਧਾਰਮਕ ਸਮਾਗਮਾਂ ਤੋਂ ਇਲਾਵਾ ਕਾਰਜ ਮੁਕੰਮਲ ਕੀਤੇ ਜਾ ਰਹੇ ਹਨ।ਇਸ ਦੌਰਾਨ ਹੋਰਨਾਂ ਤੋਂ ਇਲਾਵਾ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲੇ, ਮੀਤ ਮੈਨੇਜਰ ਭਾਗ ਸਿੰਘ ਚੌਹਾਨ, ਭਾਈ ਸਰਬਜੀਤ ਸਿੰਘ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਟਾਫ ਮੈਂਬਰ ਆਦਿ ਹਾਜ਼ਰ ਸਨ।

## ਪੰਜਾਬ ਸਰਕਾਰ ਡਰਾਮੇਬਾਜ਼ੀਆਂ ਬੰਦ ਕਰਕੇ ਮਜ਼ਦੂਰਾਂ ਦੇ ਮਸਲੇ ਹੱਲ ਕਰੇ : ਸਤਵੀਰ ਤੁੰਗਾਂ



ਸੰਗਰੂਰ (ਪ੍ਰਵੀਨ ਸਿੰਘ)-ਕਾਮਰੇਡ ਸਤਵੀਰ ਤੁੰਗਾਂ ਨੇ ਆਪਣੇ ਪਿੰਡ ਦੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਉਨ੍ਹਾਂ ਦੇ ਹੱਲ ਲਈ ਲੋੜੀਂਦੇ ਕਾਗਜ਼ਾਤ ਤਿਆਰ ਕਰਵਾਏ। ਇਸ ਮੌਕੇ ਉਨ੍ਹਾਂ ਨਾਲ ਹਰਦਿਆਲ ਸਿੰਘ ਸਾਬਕਾ ਪੰਚਾਇਤ ਮੈਂਬਰ ਵੀ ਮੌਜੂਦ ਸਨ। ਕਾਮਰੇਡ ਤੁੰਗਾਂ ਨੇ ਦੱਸਿਆ ਕਿ ਸਭ ਤੋਂ ਜ਼ਿਆਦਾ ਮੁਸ਼ਕਲ ਉਸਾਰੀ ਮਜ਼ਦੂਰਾਂ ਨੂੰ ਲਾਭ ਪ੍ਰਾਪਤ ਕਰਨ ਵਿੱਚ ਤੇ ਨਵੀਂ ਰਜਿਸਟ੍ਰੇਸ਼ਨ ਕਰਵਾਉਣ ਵਿੱਚ ਪੇਸ਼ ਆ ਰਹੀ ਹੈ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਰਜਿਸਟਰਡ ਉਸਾਰੀ ਮਜ਼ਦੂਰਾਂ ਦਾ ਸਟੇਟਸ ਚੈਕ ਕਰਨ 'ਤੇ ਉਨ੍ਹਾਂ ਦੇ ਬੱਚਿਆਂ ਦਾ ਵਜ਼ੀਫਾ ਆਇਆ ਤਾਂ ਲਿਖ ਦੇ ਰਿਹਾ ਹੈ ਪਰ ਮਜ਼ਦੂਰ ਵਿਰੋਧੀ ਪੰਜਾਬ ਸਰਕਾਰ ਨੇ ਕਈ ਤਰ੍ਹਾਂ ਦੇ ਇਤਰਾਜ਼ ਲਗਾ ਕੇ ਰੋਕ ਰੱਖਿਆ ਹੈ, ਜਿਸ ਕਰਕੇ ਮਜ਼ਦੂਰ ਆਪਣੀਆਂ ਸਕੀਮਾਂ ਦਾ ਲਾਭ ਲੈਣ 'ਤੇ ਵਾਂਝੇ ਰਹਿ ਰਹੇ ਹਨ।ਉਨ੍ਹਾਂ ਕਿਹਾ ਕਿ ਵਾਰ-ਵਾਰ ਮਜ਼ਦੂਰਾਂ ਤੋਂ 27 ਨੰਬਰ ਫਾਰਮ ਤੇ ਹੋਰ ਦਸਤਾਵੇਜ਼ਾਂ ਦੀ ਮੰਗ ਕੀਤੀ ਜਾਂਦੀ ਹੈ। ਪਰ ਸਮੱਸਿਆਵਾਂ ਦਾ ਹੱਲ ਫਿਰ ਵੀ ਨਹੀਂ ਹੁੰਦਾ। ਉਨ੍ਹਾਂ ਸਰਕਾਰ ਤੇ ਪ੍ਰਸ਼ਾਸ਼ਨਕ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਮਜ਼ਦੂਰਾਂ ਦੇ ਮਸਲੇ ਤੁਰੰਤ ਹੱਲ ਕੀਤੇ ਜਾਣ, ਬੇ-ਮਤਲਬੇ ਇਤਰਾਜ਼ ਲਗਾਉਣੇ ਬੰਦ ਕੀਤੇ ਜਾਣ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਦਾ ਕੋਈ ਢੁੱਕਵਾਂ ਹੱਲ ਨਾ ਕੀਤਾ ਤਾਂ ਇਹ ਸੰਘਰਸ਼ ਕਰਨ ਲਈ ਮਜ਼ਬੂਰ ਹੋਣਗੇ।

## ਬੀ ਪੀ ਈ ਓ ਯਸ਼ਪਾਲ ਸਿੰਘ ਨੇ ਗੁਲਾਬੇਵਾਲਾ ਦੇ ਸਕੂਲ ਵਿਜ਼ਟ ਕੀਤੇ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ) ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸ੍ਰੀ ਯਸ਼ਪਾਲ ਸਿੰਘ ਵੱਲੋਂ ਸੈਂਟਰ ਗੁਲਾਬੇਵਾਲਾ ਦੇ ਵੱਖ ਵੱਖ ਸਕੂਲ ਵਿਜ਼ਟ ਕੀਤੇ ਗਏ। ਰਣਜੀਤਗੜ੍ਹ, ਰੋੜਾਂਵਾਲਾ, ਰਣਜੀਤਗੜ੍ਹ ਝੁੱਗੇ ਤੇ ਗੁਲਾਬੇਵਾਲਾ ਵਿਜ਼ਟ ਕੀਤਾ ਗਿਆ।ਵਿਜ਼ਟ ਸਮੇਂ ਸਾਰਾ ਸਟਾਫ ਸਕੂਲ ਵਿੱਚ ਹਾਜ਼ਰ ਸੀ।ਬੀਪੀਈਓ ਸਾਹਿਬ ਵੱਲੋਂ ਸਕੂਲਾਂ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨਾਲ ਕੰਪੀਟੈਂਸੀ ਇਨਹਾਸਮੈਂਟ ਪਲਾਨ ਸਬੰਧੀ ਗੱਲਬਾਤ ਕੀਤੀ ਗਈ।ਸਕੂਲਾਂ ਦਾ ਆਮ ਪ੍ਰਬੰਧ ਠੀਕ ਪਾਇਆ ਗਿਆ।ਮਿੱਡ ਡੇਅ ਮੀਲ ਮੀਨੂੰ ਅਨੁਸਾਰ ਬਣਾਇਆ ਜਾ ਰਿਹਾ ਸੀ।ਇਸ ਮੌਕੇ ਸੈਂਟਰ ਹੈੱਡ ਟੀਚਰ ਗੁਲਾਬੇਵਾਲਾ ਪਰਗਟ ਸਿੰਘ ਜੰਬਰ, ਸਕੂਲ ਸਟਾਫ ਵਿੱਚ ਹੈਡ ਟੀਚਰ ਮੀਨਾ ਗਲੋਤਰਾ, ਹੈਡ ਟੀਚਰ ਅਦੀਸ ਜੈਨ, ਸੁਮੇਸ਼ ਕੁਮਾਰ, ਜਸਵਿੰਦਰ ਸਿੰਘ, ਸਤਿਨਾਮ ਸਿੰਘ, ਭੋਲਾ ਸਿੰਘ, ਸੁਖਜਿੰਦਰ ਸਿੰਘ, ਰਮਨ ਕੁਮਾਰ, ਗੁਰਪ੍ਰੀਤ ਸਿੰਘ ਤੇ ਜਸਵਿੰਦਰ ਕੌਰ ਆਦਿ ਹਾਜ਼ਰ ਸਨ।

## ਬੀ ਬੀ ਐੱਮ ਬੀ ਵੱਲੋਂ ਆਨਲਾਈਨ ਐਨਰਜੀ ਕਨਵਰਜੇਸ਼ਨ ਪੋਸਟਰ ਮੁਕਾਬਲਾ



ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਬੀ.ਬੀ.ਐਮ.ਬੀ. ਵੱਲੋਂ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਵਿਦਿਆਰਥੀਆਂ ਦਾ ਆਨਲਾਈਨ ਐਨਰਜੀ ਕਨਵਰਜੇਸ਼ਨ ਪੋਸਟਰ ਮੁਕਾਬਲਾ ਪੰਚਕੂਲਾ, ਹਰਿਆਣਾ ਵਿਖੇ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਵਿੱਚੋਂ ਲਗਭਗ 3 ਲੱਖ ਵਿਦਿਆਰਥੀਆਂ ਨੇ ਭਾਗ ਲਿਆ। ਸਸਸਸ ਰੱਤੀ ਰੋੜੀ ਡੱਗੋ ਰੋਮਾਣਾ ਸਕੂਲ ਜ਼ਿਲ੍ਹਾ ਫਰੀਦਕੋਟ ਦਾ 6ਵੀਂ ਕਲਾਸ ਦਾ ਵਿਦਿਆਰਥੀ ਪ੍ਰੀਤਮ ਸਿੰਘ ਜੂਨੀਅਰ ਗਰੁੱਪ ਵਿੱਚ ਚੁਣੇ ਗਏ 50 ਵਿਦਿਆਰਥੀਆਂ ਵਿੱਚੋਂ 31ਵੇਂ ਸਥਾਨ 'ਤੇ ਰਿਹਾ।ਸਕੂਲ ਪਹੁੰਚਣ 'ਤੇ ਵਿਦਿਆਰਥੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

## ਆਪ ਸਰਕਾਰ ਨਸ਼ੇ ਜੜ੍ਹੋਂ ਖ਼ਤਮ ਕਰਨ ਲਈ ਵਚਨਬੱਧ : ਰਿੰਕਾ ਕੁਤਬਾ ਬਾਹਮਣੀਆਂ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਕਮਿਊਨਿਟੀ ਹੈੱਲਥ ਸੈਂਟਰ ਮਹਿਲ ਕਲਾਂ ਵਿਖੇ ਚੱਲ ਰਹੇ ਨਸ਼ਾ ਛੁਡਾਊ ਕੇਂਦਰ ਤੋਂ ਮਿਲਣ ਵਾਲੀ ਦਵਾਈ ਹਰੇਕ ਮਰੀਜ਼ ਨੂੰ ਇਕ ਰੋਜ਼ਾਨਾ ਦੀ ਬਜਾਏ ਇਕ ਹਫ਼ਤੇ ਦਵਾਈ ਨਾ ਦੇਣ ਕਾਰਨ ਮਰੀਜ਼ਾਂ 'ਚ ਰੋਸ ਪਾਇਆ ਜਾ ਰਿਹਾ ਹੈ। ਅੱਜ ਕਮਿਊਨਿਟੀ ਹੈੱਲਥ ਸੈਂਟਰ ਮਹਿਲ ਕਲਾਂ ਪੁੱਜੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਿੰਕਾ ਕੁਤਬਾ ਬਾਹਮਣੀਆਂ ਨੇ ਮਰੀਜ਼ਾਂ ਦੀਆਂ ਮੁਸ਼ਕਲਾਂ ਸੁਣਨ ਉਪਰੰਤ ਐਸਐਮਓ ਮਹਿਲ ਕਲਾਂ ਨਾਲ ਮੁਲਾਕਾਤ ਕੀਤੀ। ਇਸ ਸਮੇਂ ਗੱਲਬਾਤ ਕਰਦਿਆਂ ਆਗੂ ਰਿੰਕਾ ਕੁਤਬਾ ਬਾਹਮਣੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਅੰਦਰੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਅਤੇ ਲੋਕਾਂ ਨੂੰ ਅਧੁਨਿਕ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।ਜਲਦ ਹੀ ਪੰਜਾਬ ਸਰਕਾਰ ਅਤੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੇ ਸਹਿਯੋਗ ਨਾਲ ਮਹਿਲ ਕਲਾਂ ਹਸਪਤਾਲ ਵਿਚਲੀਆਂ ਘਾਟਾਂ ਨੂੰ ਪੂਰਾ ਕਰ ਕੇ ਸਰਕਾਰੀ ਸਿਹਤ ਸਹੂਲਤਾਂ ਦਾ ਲਾਭ ਲੋੜਵੰਦ ਮਰੀਜ਼ਾਂ ਨੂੰ ਦਿੱਤਾ ਜਾਵੇਗਾ। ਉਨ੍ਹਾ ਨਸ਼ਾ ਛੁਡਾਊ ਕੇਂਦਰ ਨਾਲ ਸਬੰਧਤ ਮਰੀਜ਼ਾਂ ਦੀ ਮੁਸ਼ਕਲ ਨੂੰ ਵੀ ਜਲਦ ਹੱਲ ਕਰਵਾਉਣ ਦਾ ਭਰੋਸਾ ਦਿੰਦਿਆਂ ਸ਼ਾਂਤ ਕੀਤਾ। ਇਸ ਸਮੇਂ ਜਰਨੈਲ ਸਿੰਘ ਬਾਹਮਣੀਆਂ, ਜਗਤਾਰ ਸਿੰਘ ਬਾਹਮਣੀਆਂ, ਪਵਨਦੀਪ ਸਿੰਘ, ਦਰਸ਼ਨ ਸਿੰਘ ਖ਼ਾਲਸਾ ਆਦਿ ਹਾਜ਼ਰ ਸਨ।

## ਸਟੇਟ ਕਰਮਚਾਰੀ ਦਲ ਵੱਲੋਂ ਮੀਟਿੰਗ

ਫਿਰੋਜ਼ਪੁਰ (ਅਸ਼ੋਕ ਸ਼ਰਮਾ)- ਸਟੇਟ ਕਰਮਚਾਰੀ ਦਲ ਫਿਰੋਜ਼ਪੁਰ ਦੀ ਮੀਟਿੰਗ ਤਰਸੇਮ ਬੇਦੀ ਦੀ ਪ੍ਰਧਾਨਗੀ ਹੇਠ ਸਟੇਟ ਕਰਮਚਾਰੀ ਦਲ ਦਫਤਰ ਫਿਰੋਜ਼ਪੁਰ ਵਿਖੇ ਹੋਈ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ ਤੇ ਪੈਨਸ਼ਨਰ ਸ਼ਾਮਲ ਹੋਏ। ਇਸ ਮੀਟਿੰਗ ਵਿੱਚ ਸਟੇਟ ਕਰਮਚਾਰੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਬਲਵੀਰ ਸਿੰਘ ਕੰਬੋਜ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਜਥੇਬੰਦੀ ਦੇ ਵਿੱਤ ਸਕੱਤਰ ਜੋਗਿੰਦਰ ਸਿੰਘ ਨੇ ਦੱਸਿਆ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਮੀਟਿੰਗ ਵਿੱਚ ਜਥੇਬੰਦੀ ਦੇ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਰਿਲੀਜ਼ ਕੀਤੀਆਂ ਜਾਣ, ਛੇਵੇਂ ਤਨਖਾਹ ਕਮਿਸ਼ਨ ਦਾ ਸਾਢੇ ਪੰਜ ਸਾਲ ਦਾ ਬਕਾਇਆ ਦਿੱਤਾ ਜਾਵੇ, ਪੈਨਸ਼ਨਰਾਂ ਦੀ ਪੈਨਸ਼ਨ 2. 59 ਦੇ ਗੁਣਾਕ ਨਾਲ ਰਿਵਾਈਜ ਕੀਤੀ ਜਾਵੇ, ਮੈਡੀਕਲ ਭੱਤੇ ਵਿੱਚ ਵਾਧਾ ਕੀਤਾ ਜਾਵੇ।ਮੀਟਿੰਗ ਵਿੱਚ ਰਣਵੀਰ ਸਿੰਘ ਕੁੱਕੂ, ਪਿਆਰਾ ਸਿੰਘ, ਮਲੂਕ ਸਿੰਘ, ਸੁਖਦੇਵ ਸਿੰਘ, ਪ੍ਰਤਾਪ ਸਿੰਘ ਢਿੱਲੋਂ, ਜੀਤ ਸਿੰਘ ਅਟਾਰੀ, ਰਜੇਸ਼ ਕੁਮਾਰ, ਜਸਪਾਲ ਸਿੰਘ, ਮਹਿੰਦਰ ਸਿੰਘ, ਬਲਕਾਰ ਸਿੰਘ ਤੇ ਕਿਸ਼ਨ ਸਿੰਘ ਜਾਗੋਵਾਲੀਆ ਸ਼ਾਮਲ ਹੋਏ।

## ਗੋਬਿੰਦ ਕਾਨਵੈਂਟ ਸਕੂਲ 'ਚ ਦੰਦਾਂ ਦਾ ਮੁਫ਼ਤ ਚੈੱਕਅੱਪ ਕੈਂਪ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫ਼ਿਰੋਜ਼ਪੁਰ ਸ਼ਹਿਰ ਵਿੱਚ ਸਥਿਤ ਗੋਬਿੰਦ ਕਾਨਵੈਂਟ ਸਕੂਲ ਵਿੱਚ ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਦੰਦਾਂ ਦਾ ਮੁਫ਼ਤ ਚੈੱਕਅਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਡਾ. ਸੁਕੀਰਤ ਕੌਰ, ਡਾ. ਸਾਧਿਕਾ ਅਤੇ ਡਾ. ਸਿਰਜਨਦੀਪ ਸਿੰਘ ਵੱਲੋਂ ਬੱਚਿਆਂ ਦਾ ਚੈੱਕਅਪ ਕੀਤਾ ਗਿਆ। ਇਸ ਮੌਕੇ ਡਾ. ਸੁਕੀਰਤ ਨੇ ਦੰਦਾਂ ਦੀ ਜਾਂਚ ਕੀਤੀ ਅਤੇ ਬੱਚਿਆਂ ਨੂੰ ਅਹਿਮ ਗੱਲਾਂ ਦੱਸੀਆਂ ਅਤੇ ਕਿਹਾ ਕਿ ਦੰਦਾਂ ਦੇ ਸੜਨ ਦੇ ਸਭ ਤੋਂ ਵੱਡੇ ਕਾਰਨ ਸਿਗਰਟਨੋਸ਼ੀ, ਸਮੇਂ 'ਤੇ ਬੁਰਸ਼ ਨਾ ਕਰਨਾ, ਖਾਣਾ ਖਾਣ ਤੋਂ ਬਾਅਦ ਗਾਰਗਲ ਨਾ ਕਰਨਾ, ਬੁਰਸ਼ ਦੀ ਸਹੀ ਵਰਤੋਂ ਨਾ ਕਰਨਾ ਅਜਿਹੇ ਕਈ ਕਾਰਨ ਹਨ। ਇਸ ਮੌਕੇ ਸਕੂਲ ਪ੍ਰਿੰਸੀਪਲ ਨੇ ਕਾਲਜ ਦੀ ਸਮੁੱਚੀ ਟੀਮ ਦਾ ਧੰਨਵਾਦ ਕੀਤਾ। ਅੰਤ ਵਿੱਚ ਕਾਲਜ ਵੱਲੋਂ ਪੀ ਆਰ ਓ ਰਣਜੀਤ ਸਿੰਘ ਅਤੇ ਮਨਜੀਤ ਧਾਲੀਵਾਲ ਨੇ ਕੈਂਪ ਵਿੱਚ ਆਏ ਸਾਰਿਆਂ ਨੂੰ ਮੁਫ਼ਤ ਬੁਰਸ਼, ਟੁੱਥਪੇਸਟ ਅਤੇ ਦਵਾਈਆਂ ਦਿੱਤੀਆਂ।

## ਡਿਪਟੀ ਕਮਿਸ਼ਨਰ ਨੇ ਯਤੀਮ ਬੱਚਿਆਂ ਨੂੰ ਵੰਡੇ ਸਕੂਲੀ ਬੈਗ

ਪਟਿਆਲਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹੇ ਦੇ ਵੱਖ-ਵੱਖ ਬਾਲ ਘਰਾਂ ਵਿੱਚ ਰਹਿਣ ਵਾਲੇ ਯਤੀਮ 50 ਬੱਚਿਆਂ ਦਾ ਡੀ.ਸੀ. ਦਫਤਰ ਵਿਖੇ ਆਉਣ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।ਉਨ੍ਹਾਂ ਬੱਚਿਆਂ ਨੂੰ ਪੜ੍ਹਨ ਲਈ ਪ੍ਰੇਰਿਤ ਕੀਤਾ ਤਾਂ ਜੋ ਬੱਚੇ ਪੜ੍ਹ ਲਿਖ ਕੇ ਚੰਗਾ ਮੁਕਾਮ ਹਾਸਲ ਕਰ ਸਕਣ। ਬੱਚਿਆਂ ਵੱਲੋਂ ਡਿਪਟੀ ਕਮਿਸ਼ਨਰ ਨੂੰ ਆਪਣੇ ਹੱਥੀਂ ਬਣਾਈ ਪੇਂਟਿੰਗ ਭੇਟ ਵਜੋਂ ਦਿੱਤੀ ਗਈ।ਡਿਪਟੀ ਕਮਿਸ਼ਨਰ ਨੇ ਪੇਂਟਿੰਗ ਦੀ ਸਰਾਹਨਾ ਕੀਤੀ। ਉਨ੍ਹਾਂ ਬੱਚਿਆਂ ਨੂੰ ਸਕੂਲੀ ਬੈਗ ਵੰਡੇ ਅਤੇ ਖਾਣ ਪੀਣ ਦੀ ਸਮੱਗਰੀ ਵੀ ਦਿੱਤੀ।ਡਿਪਟੀ ਕਮਿਸ਼ਨਰ ਨੇ ਦਫਤਰ ਵਿੱਚ ਮੌਜੂਦ ਬਾਲ ਸੁਰੱਖਿਆ ਅਫਸਰ ਸ਼ਾਇਨਾ ਕਪੂਰ ਨੂੰ ਕਿਹਾ ਕਿ ਉਹ ਬੱਚਿਆਂ ਨੂੰ ਡਿਪਟੀ ਕਮਿਸ਼ਨਰ ਦਫਤਰ ਦੇ ਕੰਮਕਾਜ ਬਾਰੇ ਜਾਣਕਾਰੀ ਦੇਣ। ਸ਼ਾਇਨਾ ਕਪੂਰ ਬੱਚਿਆਂ ਨੂੰ ਐਸ.ਐਸ.ਪੀ. ਦਫਤਰ ਵਿਖੇ ਵੀ ਲੈ ਕੇ ਗਏ ਅਤੇ ਉੱਥੇ ਮੌਜੂਦ ਐਸ.ਪੀ. ਯੋਗੇਸ਼ ਸ਼ਰਮਾ ਵੱਲੋਂ ਵੀ ਬੱਚਿਆਂ ਦਾ ਭਰਵਾਂ ਸਵਾਗਤ ਕੀਤਾ ਗਿਆ। ਉਨ੍ਹਾਂ ਵੱਲੋਂ ਬੱਚਿਆਂ ਨੂੰ ਜ਼ਿਲ੍ਹਾ ਰੋਜ਼ਗਾਰ ਦਫਤਰ ਵੀ ਲਿਜਾਇਆ ਗਿਆ ਤਾਂ ਜੋ ਬੱਚਿਆਂ ਨੂੰ ਰੋਜ਼ਗਾਰ ਸਬੰਧੀ ਜਾਣਕਾਰੀ ਵੀ ਮਿਲ ਸਕੇ। ਇਸ ਮੌਕੇ ਰੈਡ ਕਰਾਸ ਸਕੱਤਰ ਪ੍ਰਿਤਪਾਲ ਸਿੰਘ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਵਿਭਾਗ ਦੇ ਅਧਿਕਾਰੀ/ਕਰਮਚਾਰੀ ਅਤੇ ਵੱਖ ਵੱਖ ਬਾਲ ਘਰਾਂ ਵਿਚੋਂ ਆਏ ਕਰਮਚਾਰੀ ਵੀ ਸ਼ਾਮਲ ਸਨ।

## ਪੰਜਾਬ ਪਬਲਿਕ ਸਕੂਲ ਨਾਭਾ ਦੇ ਐੱਨ ਸੀ ਸੀ ਕੈਡਿਟਾਂ ਮਨਾਇਆ ਵਿਸ਼ਵ ਅਪੰਗਤਾ ਦਿਵਸ




ਨਾਭਾ (ਵਰਿੰਦਰ ਵਰਮਾ)-ਵਿਸ਼ਵ ਅਪੰਗਤਾ ਦਿਵਸ ਹਰ ਸਾਲ 3 ਦਸੰਬਰ ਨੂੰ ਮਨਾਇਆ ਜਾਂਦਾ ਹੈ, ਜਿਸ ਦਾ ਉਦੇਸ਼ ਅਪਾਹਜ ਵਿਅਕਤੀਆਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਸਮਾਜ ਵਿੱਚ ਉਨ੍ਹਾਂ ਦੀ ਸਮਾਨਤਾ ਅਤੇ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨਾ ਹੈ। ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਐਨ.ਸੀ.ਸੀ. ਏਅਰ ਵਿੰਗ ਦੇ ਕੈਡਿਟਾਂ ਨੇ ਗਰੁੱਪ ਹੈੱਡਕੁਆਰਟਰ ਐਨ.ਸੀ.ਸੀ., ਪਟਿਆਲਾ ਅਤੇ ਯੂਨਿਟ 3 ਪੰਜਾਬ ਏਅਰ ਸਕੁਐਡਰਨ ਐਨ.ਸੀ.ਸੀ. ਪਟਿਆਲਾ ਦੀ ਅਗਵਾਈ ਹੇਠ ਵਿਸ਼ਵ ਅਪੰਗਤਾ ਦਿਵਸ ਮਨਾਇਆ। ਇਸ ਮੌਕੇ ਐਨ.ਸੀ.ਸੀ. ਏਅਰ ਵਿੰਗ ਦੇ ਕੈਡਿਟਾਂ ਨੇ ਅਪੰਗ ਵਿਅਕਤੀਆਂ ਦੇ ਅਧਿਕਾਰਾਂ ਦੀ ਰਾਖੀ, ਸਮਾਜ ਵਿੱਚ ਬਰਾਬਰੀ ਅਤੇ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ, ਸਿੱਖਿਆ ਅਤੇ ਰੁਜ਼ਗਾਰ ਵਿੱਚ ਅਪੰਗ ਵਿਅਕਤੀਆਂ ਦੀ ਸ਼ਮੂਲੀਅਤ ਅਤੇ ਉਨ੍ਹਾਂ ਲਈ ਸਹੂਲਤਾਂ ਦੀ ਉਪਲਬਧਤਾ ਦੇ ਉਦੇਸ਼ ਨਾਲ ਸਕੂਲ ਦੇ ਵਿਹੜੇ ਤੋਂ ਇੱਕ ਰੈਲੀ ਕੱਢੀ। ਇਸ ਮੌਕੇ ਸਕੂਲ ਦੇ ਹੈੱਡਮਾਸਟਰ ਡਾ. ਡੀ.ਸੀ.ਸ਼ਰਮਾ ਨੇ ਐਨ.ਸੀ.ਸੀ.ਏਅਰ ਵਿੰਗ ਦੇ ਕੈਡਿਟਾਂ ਨੂੰ ਵਿਸ਼ਵ ਅਪੰਗਤਾ ਦਿਵਸ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਸਮੁੱਚੀ ਰੈਲੀ ਦੌਰਾਨ ਪੰਜਾਬ ਪਬਲਿਕ ਸਕੂਲ ਨਾਭਾ ਦੇ ਐਨ.ਸੀ.ਸੀ ਏਅਰ ਵਿੰਗ ਦੇ ਇੰਚਾਰਜ ਚੀਫ ਅਫਸਰ ਸ਼ਾਹਿਦ ਅਹਿਮਦ ਹਾਜ਼ਰ ਸਨ।

## ਝੋਨੇ ਦੇ ਸੀਜ਼ਨ 'ਚ ਕਰਾਏ ਪੁਖਤਾ ਪ੍ਰਬੰਧਾਂ ਕਾਰਨ ਮੰਡੀਆਂ ਦਾ ਕੰਮ ਸਮੇਂ ਸਿਰ ਨਿੱਬੜਿਆ : ਸੁਭਾਸ਼ ਗੋਇਲ

ਬਾਘਾ ਪੁਰਾਣਾ, (ਮਨੀ ਸਿੰਗਲਾ) ਆਮ ਆਦਮੀ ਪਾਰਟੀ ਦੇ ਨਵੇਂ ਪ੍ਰਧਾਨ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਵਰਕਿੰਗ ਪ੍ਰਧਾਨ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਦੀ ਨਿਯੁਕਤੀ ਦਾ ਜਸ਼ਨ ਮਨਾਉਣ ਲਈ ਸੂਬੇ ਭਰ ਵਿਚ ਸ਼ੁਕਰਾਨਾ ਯਾਤਰਾਵਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸੇ ਤਹਿਤ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਵਿਚ ਵੱਡੀ ਗਿਣਤੀ ਵਿਚ ਆਮ ਆਦਮੀ ਪਾਰਟੀ ਦੇ ਆਗੂ ਅਤੇ ਵਰਕਰ ਇਸ ਸ਼ੁਕਰਾਨਾ ਯਾਤਰਾ ਵਿਚ ਸ਼ਾਮਲ ਹੋਏ।ਅਮਨ ਅਰੋੜਾ ਅਤੇ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਪ੍ਰਦਰਸ਼ਤ ਦ੍ਰਿੜਤਾ ਅਤੇ ਨੇਤ੍ਰਿਤਵ ਸੂਬੇ ਵਿਚ ਬਦਲਾਅ ਦਾ ਪਹੀਆ ਚਲਾਉਣਗੇ।ਉਕਤ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸਾਬਕਾ ਚੇਅਰਮੈਨ ਸੁਭਾਸ਼ ਗੋਇਲ ਨੇ ਕਰਦਿਆਂ ਕਿਹਾਕਿ ਸਾਡੀ ਸਰਕਾਰ ਹਰ ਪੱਧਰ 'ਤੇ ਲੋਕਾਂ ਦੀ ਬੁਨਿਆਦੀ ਸਮੱਸਿਆਵਾਂ ਦਾ ਹੱਲ ਲੱਭਣ ਲਈ ਕਮਰਕੱਸ ਹੈ।ਉਨ੍ਹਾਂ ਇਸ ਵਾਰ ਸਾਡੀ ਸਰਕਾਰ ਵੱਲੋਂ ਮੰਡੀਆਂ ਵਿਚ ਸੁਚੱਜੇ ਪ੍ਰਬੰਧ ਕੀਤੇ ਜਾਣ ਕਰਕੇ ਇਸ ਵਾਰ ਕਿਸਾਨ ਸਮੇਂ ਸਿਰ ਮੰਡੀਆਂ ਵਿਚੋਂ ਵਿਹਲੇ ਹੋਏ ਹਨ। ਸੁਭਾਸ਼ ਗੋਇਲ ਨੇ ਕਿਹਾ ਕਿ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਸਮੇਂ ਸਮੇਂ ਹਲਕੇ ਅਧੀਨ ਪੈਂਦੀਆਂ ਮੰਡੀਆਂ ਵਿਚ ਦੌਰੇ ਕੀਤੇ ਜਾਂਦੇ ਰਹੇ, ਜਿਸ ਕਰ ਕੇ ਸਮੇਂ ਸਿਰ ਝੋਨੇ ਦੀ ਖਰੀਦ ਦੇ ਨਾਲ ਨਾਲ ਲੋਡਿੰਗ ਵੀ ਕਰਾਈ ਜਾਂਦੀ ਰਹੀ ਤਾਂ ਜੁ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਪੇਸ਼ ਨਾ ਆਵੇ। ਇਸ ਮੌਕੇ ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਇਸ ਗੱਲ ਲਈ ਵਧਾਈ ਦੇ ਵੀ ਪਾਤਰ ਹਨ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਮੇਂ ਕਿਸਾਨਾਂ ਨੂੰ ਨਾਲੋਂ ਨਾਲੋ ਉਨ੍ਹਾਂ ਦੀ ਜਿਨਸ ਵਿਕਣ ਸਾਰ ਝੋਨੇ ਦੀ ਪੇਮੈਂਟ ਉਨ੍ਹਾਂ ਦੇ ਖਾਤਿਆਂ ਵਿਚ ਪਾਈ ਗਈ। ਜਿਮਨੀ ਚੋਣਾ ਵਿਚ ਸੂਬੇ ਦੀਆਂ ਚਾਰ ਜ਼ਿਮਨੀ ਚੋਣਾਂ ਵਿਚੋਂ ਤਿੰਨ 'ਤੇ ਹੋਈ ਸ਼ਾਨਦਾਰ ਜਿੱਤ 'ਤੇ ਚੇਅਰਮੈਨ ਸੁਭਾਸ਼ ਗੋਇਲ ਨੇ ਕਿਹਾ ਕਿ ਪੰਜਾਬ 'ਚ ਹੋਈਆਂ ਉਪ ਚੋਣਾਂ 'ਚ ਆਮ ਆਦਮੀ ਪਾਰਟੀ ਦੀ ਸ਼ਾਨਦਾਰ ਜਿੱਤ ਹੋਈ ਹੈ।

## ਐੱਨ ਐੱਸ ਐੱਸ ਕੈਂਪ ਦੌਰਾਨ ਕੁਇਜ਼ ਮੁਕਾਬਲਾ ਕਰਵਾਇਆ



ਪਾਤੜਾਂ, (ਨਿਸ਼ਾਨ ਸਿੰਘ ਬਣਵਾਲਾ) ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਚੁਨਾਗਰਾ ਦੇ ਐਨ ਐਸ ਐਸ ਵਿਭਾਗ ਤੇ ਯੁਵਕ ਸੇਵਾਵਾਂ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪ੍ਰਿੰਸੀਪਲ ਹਰੀਸ਼ ਕੁਮਾਰ ਦੀ ਅਗਵਾਈ ਵਿੱਚ ਸੱਤ ਰੋਜ਼ਾ ਐਨ ਐਸ ਐਸ ਵਿਸ਼ੇਸ ਕੈਂਪ ਦੇ ਚੌਥੇ ਦਿਨ ਕੁਇਜ਼ ਮੁਕਾਬਲਾ ਕਰਾਇਆ ਗਿਆ, ਜਿਸ ਵਿੱਚ ਸ੍ਰੀ ਰਾਕੇਸ਼ ਸਿੰਗਲਾ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਵਲੰਟੀਅਰਾਂ ਨੂੰ ਯੁਵਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਉਤਸ਼ਾਹਤ ਕੀਤਾ। ਕੁਇਜ਼ ਮੁਕਾਬਲੇ ਦੇ ਜੇਤੂਆਂ ਨੂੰ ਮੈਡਲ ਤੇ ਟਰਾਫੀ ਦੇ ਕੇ ਸਨਮਾਨਤ ਵੀ ਕੀਤਾ ਗਿਆ।

ਸ਼ਾਮ ਦੇ ਸੱਭਿਆਚਾਰਕ ਪ੍ਰੋਗਰਾਮ ਵਿੱਚ ਵਲੰਟੀਅਰਾਂ ਵੱਲੋਂ ਰੰਗਰੰਗ ਪ੍ਰੋਗਰਾਮ ਪੇਸ਼ਕਸ਼ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਗੁਰਚਰਨ ਸਿੰਘ, ਨਾਇਬ ਤਹਿਸੀਲਦਾਰ ਲਹਿਰਾ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਮੂਲੀਅਤ ਕੀਤੀ ਅਤੇ ਵਿਦਿਆਰਥੀਆਂ ਨੂੰ ਮੁਕਾਬਲੇ ਦੀ ਪ੍ਰੀਖਿਆ ਦੀ ਤਿਆਰੀ ਸੰਬੰਧੀ ਵਡਮੁੱਲੀ ਜਾਣਕਾਰੀ ਦਿੱਤੀ। ਡਾਕਟਰ ਭਾਵਨਾ ਜੀ ਗਾਇਨੀਕਾਲੋਜਿਸਟ, ਸ੍ਰੀ ਦੁਰਗਾ ਦਲ ਚੈਰੀਟੇਬਲ ਹਸਪਤਾਲ ਨੇ ਪ੍ਰੋਗਰਾਮ ਵਿੱਚ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕਰਦਿਆਂ ਵਲੰਟੀਅਰਾਂ ਨੂੰ ਸਿਹਤ ਸੰਬੰਧੀ ਚੰਗੀਆਂ ਆਦਤਾਂ ਲਈ ਪ੍ਰੇਰਤ ਕੀਤਾ। ਅੰਤ ਵਿੱਚ ਪ੍ਰੋਗਰਾਮ ਅਫ਼ਸਰ ਸ਼੍ਰੀ ਲਵਕੇਸ਼ ਕੁਮਾਰ ਵੱਲੋਂ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ, ਪ੍ਰਿੰਸੀਪਲ, ਸਮੂਹ ਸਟਾਫ ਤੇ ਵਲੰਟੀਅਰਾਂ ਦਾ ਧੰਨਵਾਦ ਕੀਤਾ ਗਿਆ।

## ਸ ਸ ਸ ਸ ਰੱਤੀ ਰੋੜੀ ਡੱਗੋ ਰੋਮਾਣਾ 'ਚ ਵਿਸ਼ਵ ਏਡਜ਼ ਦਿਵਸ ਮਨਾਇਆ



ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਕਿਸ਼ੋਰ ਸਿੱਖਿਆ ਪ੍ਰੋਗਰਾਮ ਅਧੀਨ ਸਰਕਾਰੀ ਸੀਨੀਅਰ ਸੈਕੰਡਰੀ ਰੱਤੀ ਰੋੜੀ ਡੱਗੋ ਰੋਮਾਣਾ ਵਿਖੇ ਪ੍ਰਿੰਸੀਪਲ ਮਨਿੰਦਰ ਕੌਰ ਦੀ ਅਗਵਾਈ ਹੇਠ ਵਿਸ਼ਵ ਏਡਜ਼ ਦਿਵਸ ਮਨਾਇਆ ਗਿਆ।ਇਸ ਮੌਕੇ ਵੱਖ ਵੱਖ ਗਤੀਵਿਧੀਆਂ ਕਰਵਾਈਆਂ ਗਈਆਂ।ਵਿਦਿਆਰਥੀਆਂ ਨੇ ਰੰਗੋਲੀ, ਪੋਸਟਰ ਲੇਖ ਰਚਨਾ ਮੁਕਾਬਲਿਆਂ ਵਿੱਚ ਵੱਧ ਚੜ੍ਹ ਕੇ ਭਾਗ ਲਿਆ। ਏਡਸ ਬਾਰੇ ਦਸਵੀਂ ਤੋਂ ਬਾਰ੍ਹਵੀਂ ਦੇ ਵਿਦਿਆਰਥੀਆਂ ਦਾ ਸੈਮੀਨਾਰ ਲਗਾਇਆ ਗਿਆ।ਇਸ ਵਿੱਚ ਸਾਇੰਸ ਅਧਿਆਪਕਾ ਪ੍ਰੀਤੀ ਗੋਇਲ ਨੇ ਵਿਦਿਆਰਥੀਆਂ ਨੂੰ ਏਡਜ਼ ਬਾਰੇ ਜਾਣਕਾਰੀ ਦਿੱਤੀ।ਪ੍ਰਿੰਸੀਪਲ ਮਨਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਨੈਤਿਕ ਕਦਰਾਂ ਕੀਮਤਾਂ ਦੇ ਮਹੱਤਵ ਬਾਰੇ ਦੱਸਦੇ ਹੋਏ ਆਪਣੀ ਸ਼ਖਸੀਅਤ ਨੂੰ ਹੋਰ ਪ੍ਰਭਾਵੀ ਬਣਾਉਣ ਦੇ ਢੰਗ ਦੱਸੇ। ਕਿਸ਼ੋਰ ਸਿੱਖਿਆ ਪ੍ਰੋਗਰਾਮ ਦੇ ਇੰਚਾਰਜ ਰਮਨਦੀਪ ਕੌਰ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ। ਇਸ ਮੌਕੇ ਸਮੂਹ ਸਟਾਫ ਹਾਜ਼ਰ ਸੀ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਸਪੈਸ਼ਲ ਬੱਚਿਆਂ ਨਾਲ ਮਨਾਇਆ ਅੰਤਰਰਾਸ਼ਟਰੀ ਡਿਸੇਬਲਿਟੀ ਡੇ

ਫਿਰੋਜ਼ਪੁਰ (ਅਸ਼ੋਕ ਸ਼ਰਮਾ)- ਮਾਣਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ ਏ ਐੱਸ ਨਗਰ (ਮੋਹਾਲੀ) ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਵੀਰਇੰਦਰ ਅਗਰਵਾਲ ਜ਼ਿਲ੍ਹਾ ਅਤੇ ਸੈਸ਼ਨ ਜੱਜ—ਕਮ—ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਦੀ ਰਹਿਨੁਮਾਈ ਹੇਠ ਅਨੁਰਾਧਾ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਸਹਿਤ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਵੱਲੋਂ ਅੱਜ ਮੁਸਕਾਨ ਸਪੈਸ਼ਲ ਸਕੂਲ ਕੰਟੋਨਮੈਂਟ ਬੋਰਡ ਫ਼ਿਰੋਜ਼ਪੁਰ ਛਾਉਣੀ ਦੇ ਬੱਚਿਆਂ ਨਾਲ ਅੰਤਰਰਾਸ਼ਟਰੀ ਡਿਸਏਬਲਿਟੀ ਡੇ ਮਨਾਇਆ ਗਿਆ। ਇਸ ਮੌਕੇ ਬੱਚਿਆਂ ਨਾਲ ਇਸ ਦਿਨ ਨੂੰ ਮਨਾਉਂਦੇ ਹੋਏ ਅਨੁਰਾਧਾ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ—ਕਮ—ਸਕੱਤਰ ਵੱਲੋਂ ਬੱਚਿਆਂ ਨਾਲ ਗੱਲਬਾਤ ਕੀਤੀ ਗਈ ਅਤੇ ਉਨ੍ਹਾਂ ਵੱਲੋਂ ਰੋਜ਼ਾਨਾ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਬਾਰੇ ਵੀ ਜਾਣਕਾਰੀ ਲਈ ਗਈ। ਇਸ ਮੌਕੇ ਬੱਚਿਆਂ ਵੱਲੋਂ ਗੀਤ, ਭੰਗੜਾ ਅਤੇ ਹੋਰ ਗਤੀਵਿਧੀਆਂ ਕੀਤੀਆਂ ਗਈਆਂ। ਅਨੁਰਾਧਾ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ—ਕਮ—ਸਕੱਤਰ ਨੇ ਬੱਚਿਆਂ ਦੀਆਂ ਗਤੀਵਿਧੀਆਂ ਦੀ ਪ੍ਰਸੰਸਾ ਕੀਤੀ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਚੰਗੀਆਂ ਉਪਾਧੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਬੱਚਿਆਂ ਨੂੰ ਫਲ ਅਤੇ ਮਠਿਆਈਆਂ ਦਿੱਤੀਆਂ ਗਈਆਂ।

## ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸਪਤਾਹਿਕ ਸਤਿਸੰਗ



ਜਲਾਲਾਬਾਦ, (ਜੀਤ ਕੁਮਾਰ)-ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਆਪਣੇ ਸਥਾਨਕ ਆਸ਼ਰਮ ਜਲਾਲਾਬਾਦ ਵਿੱਚ ਸਪਤਾਹਿਕ ਸਤਿਸੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਆਸ਼ੂਤੋਸ਼ ਮਹਾਰਾਜ ਦੀ ਪਰਮ ਸ਼ਿਸ਼ ਸਾਧਵੀ ਗਰਿਮਾ ਭਾਰਤੀ ਨੇ ਸੰਗਤ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਇਨਸਾਨ ਦਾ ਪੂਰਾ ਜੀਵਨ ਇਕ ਸੰਘਰਸ਼ ਹੈ। ਸਾਨੂੰ ਜੀਵਨ ਬਤੀਤ ਕਰਦੇ ਹੋਏ ਹਰ ਸਮੇਂ ਇਹ ਸੰਘਰਸ਼ ਕਰਨਾ ਹੀ ਪਏਗਾ। ਜਦੋਂ ਅਸੀਂ ਆਪਣੀ ਮੰਜ਼ਲ ਵੱਲ ਅੱਗੇ ਵੱਲ ਨੂੰ ਚੱਲਾਂਗੇ ਤਾਂ ਸਮੱਸਿਆਵਾਂ ਤਾਂ ਸਾਡੇ ਰਸਤੇ ਵਿਚ ਆਉਣਗੀਆਂ ਹੀ, ਇਹ ਸਾਡੇ 'ਤੇ ਨਿਰਭਰ ਕਰਦਾ ਹੈ ਕਿ ਅਸੀਂ ਉਨ੍ਹਾਂ ਸਮੱਸਿਆਵਾਂ ਦਾ ਸਾਹਮਣਾ ਨਿਡਰਤਾ ਨਾਲ ਕਰਨਾ ਹੈ ਜਾ ਟੁੱਟੇ ਮਨ ਨਾਲ। ਉਨ੍ਹਾ ਕਿਹਾ ਕਿ ਜੋ ਸਮੱਸਿਆਵਾਂ ਹਨ, ਉਹ ਸਾਨੂੰ ਤਕੜਾ ਬਣਾਉਣ ਆਉਂਦੀਆਂ ਹਨ ਨਾ ਕਿ ਕਮਜ਼ੋਰ। ਬੱਸ ਜ਼ਰੂਰਤ ਹੈ ਅਸੀਂ ਆਪਣੇ ਆਤਮ ਵਿਸ਼ਵਾਸ ਨੂੰ ਨਾ ਡੋਲਣ ਦੇਈਏ। ਸਾਧਵੀ ਦੱਸਿਆ ਕਿ ਸਾਨੂੰ ਆਪਣੀ ਮੰਜ਼ਲ ਵੱਲ ਜਾਂਦੇ ਹੋਏ ਰਸਤੇ ਦਾ ਚੁਣਾਵ ਬਹੁਤ ਹੀ ਵਿਵੇਕ ਨਾਲ ਕਰਨਾ ਚਾਹੀਦਾ ਹੈ। ਹਰ ਸਮੇਂ ਸਮਾਜ ਵਿਚ ਪੂਰਨ ਸੰਤ ਮਹਾਪੁਰਖ ਇਨਸਾਨ ਦਾ ਮਾਰਗ ਦਰਸ਼ਨ ਕਰਦੇ ਉਨ੍ਹਾਂ ਵਿਚ ਵਿਵੇਕ ਜਗਾਉਣ ਲਈ ਯਤਨਸ਼ੀਲ ਰਹਿੰਦੇ ਹਨ। ਸਹੀ ਰਸਤੇ ਤੇ ਖੋਜ ਲਈ ਪਹਿਲਾਂ ਪੂਰਨ ਸੰਤ ਸਤਿਗੁਰੂ ਦੀ ਖੋਜ ਕਰਨੀ ਚਾਹੀਦੀ ਹੈ ਜੋ ਸਾਡਾ ਵਿਵੇਕ ਜਾਗ੍ਰਿਤ ਕਰ ਦੇਣ। ਅੰਤ ਵਿੱਚ ਸਾਧਵੀ ਭਾਰਤੀ ਨੇ ਭਜਨਾਂ ਦਾ ਗਾਇਨ ਕੀਤਾ।

## ਐੱਨ ਸੀ ਸੀ ਕੈਡਿਟਾਂ ਨੇ ਬਿਰਧ ਆਸ਼ਰਮ ਵਿੱਚ ਚਲਾਇਆ ਸਵੱਛਤਾ ਅਭਿਆਨ

ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)-ਐਨਸੀਸੀ ਦਿਵਸ ਮੌਕੇ ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਦੇ ਆਰਮੀ ਵਿੰਗ, ਏਅਰ ਵਿੰਗ ਅਤੇ ਨੇਵੀ ਵਿੰਗ ਦੇ 58 ਕੈਡਿਟਾਂ ਨੇ ਬੱਸੀ ਪਠਾਣਾ ਸਥਿਤ ਸੰਤ ਅਮਰ ਸਿੰਘ ਜੀ ਨਾਮਧਾਰੀ ਬਿਰਧ ਆਸ਼ਰਮ ਦਾ ਦੌਰਾ ਕੀਤਾ ਅਤੇ ਸਫਾਈ ਅਭਿਆਨ ਚਲਾਇਆ।ਇਹ ਨੇਕ ਉਪਰਾਲਾ ਡੀਬੀਯੂ ਦੇ ਮਾਨਯੋਗ ਚਾਂਸਲਰ ਡਾ: ਜ਼ੋਰਾ ਸਿੰਘ ਅਤੇ ਪ੍ਰੋ-ਚਾਂਸਲਰ ਡਾ: ਤਜਿੰਦਰ ਕੌਰ ਦੀ ਅਗਵਾਈ ਹੇਠ ਕੀਤਾ ਗਿਆ।ਚਾਂਸਲਰ ਦੇ ਸਲਾਹਕਾਰ ਡਾ: ਵਰਿੰਦਰ ਸਿੰਘ ਅਤੇ ਵਾਈਸ ਪ੍ਰੈਜ਼ੀਡੈਂਟ, ਡਾ: ਹਰਸ਼ ਸਦਾਵਰਤੀ ਨੇ ਕੈਡਿਟਾਂ ਨੂੰ ਪ੍ਰੋਗਰਾਮ ਵਿਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਡੀਬੀਯੂ ਐਨਸੀਸੀ ਕੋਆਰਡੀਨੇਟਰ ਡਾ. ਅਜੈਪਾਲ ਸਿੰਘ, ਅਤੇ ਗੁਰਜੀਤ ਸਿੰਘ ਪੰਧੇਰ, ਸੀ.ਟੀ.ਓ. ਦੀ ਦੇਖਰੇਖ ਹੇਠ ਕਰਵਾਏ ਇਸ ਦੌਰੇ ਦੀ ਸ਼ੁਰੂਆਤ ਓਲਡ ਏਜ ਹੋਮ ਦੇ ਪ੍ਰਧਾਨ ਸ੍ਰੀ ਸਾਹਿਲ ਰੈਨਾ ਦੇ ਨਿੱਘਾ ਸੁਆਗਤ ਨਾਲ ਹੋਈ, ਜਿਨ੍ਹਾਂ ਨੇ ਬਜ਼ੁਰਗਾਂ ਦੀ ਦੇਖਭਾਲ ਅਤੇ ਆਰਾਮ ਪ੍ਰਦਾਨ ਕਰਨ ਵਿੱਚ ਸੰਸਥਾ ਦੇ ਸਫ਼ਰ, ਚੁਣੌਤੀਆਂ ਅਤੇ ਪ੍ਰਾਪਤੀਆਂ ਨੂੰ ਸਾਂਝਾ ਕੀਤਾ। ਉਨ੍ਹਾਂ ਡੀਬੀਯੂ ਐਨਸੀਸੀ ਯੂਨਿਟ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ।ਕੈਡਿਟਾਂ ਨੇ ਆਪਣੇ ਮਾਤਾ-ਪਿਤਾ ਅਤੇ ਬਜ਼ੁਰਗਾਂ ਦੀ ਹਮੇਸ਼ਾ ਸਹਾਇਤਾ ਅਤੇ ਦੇਖਭਾਲ ਕਰਨ ਦਾ ਪੱਕਾ ਪ੍ਰਣ ਲਿਆ।ਵਾਪਸੀ 'ਤੇ ਕੈਡਿਟਾਂ ਨੂੰ ਗੁਰਦੁਆਰਾ ਫਤਿਹਗੜ੍ਹ ਸਾਹਿਬ ਲਿਜਾਇਆ ਗਿਆ, ਜਿੱਥੇ ਉਨ੍ਹਾਂ ਨੇ ਅਰਦਾਸ ਕੀਤੀ ਅਤੇ ਇਸ ਸਥਾਨ ਦੀ ਇਤਿਹਾਸਕ ਮਹੱਤਤਾ ਬਾਰੇ ਜਾਣੂ ਕਰਵਾਇਆ।ਇਸ ਤੋਂ ਇਲਾਵਾ ਕੰਪਲੈਕਸ ਦੇ ਅੰਦਰ ਅਤੇ ਆਲੇ-ਦੁਆਲੇ ਸਫਾਈ ਮੁਹਿੰਮ ਵੀ ਚਲਾਈ ਗਈ।

## ਬੰਗਲਾਦੇਸ਼ 'ਚ ਹਿੰਦੂਆਂ ਦੀ ਸੁਰੱਖਿਆ ਯਕੀਨੀ ਬਣਾਵੇ ਸਰਕਾਰ : ਮਿੱਤਲ



ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ) - ਅੰਤਰਰਾਸ਼ਟਰੀ ਹਿੰਦੂ ਪ੍ਰੀਸ਼ਦ, ਰਾਸ਼ਟਰੀ ਬਜਰੰਗ ਦਲ ਪੰਜਾਬ ਦੇ ਜਨਰਲ ਸਕੱਤਰ ਵਿਮਲ ਕੁਮਾਰ ਮਿੱਤਲ, ਰਾਸ਼ਟਰੀ ਬਜਰੰਗ ਦਲ ਦੇ ਜ਼ਿਲ੍ਹਾ ਉਪ ਪ੍ਰਧਾਨ ਸੰਜੀਵ ਸ਼ਰਮਾ ਨੇ ਸਾਂਝੇ ਤੌਰ 'ਤੇ ਗੱਲਬਾਤ ਕਰਦਿਆਂ ਬੰਗਲਾਦੇਸ਼ ਵਿੱਚ ਹਿੰਦੂ ਸਮਾਜ ਲਈ ਭਿਆਨਕ ਹੁੰਦੇ ਜਾ ਰਹੇ ਹਾਲਾਤਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਗੁਆਂਢੀ ਦੇਸ਼ ਵਿੱਚ ਹਿੰਦੂ ਭਾਈਚਾਰੇ ਦੇ ਲੋਕਾਂ ਦਾ ਲਗਾਤਾਰ ਕਤਲ ਹੋ ਰਿਹਾ ਹੈ, ਮੰਦਰਾਂ ਨੂੰ ਢਾਹਿਆ ਜਾ ਰਿਹਾ ਹੈ, ਹਿੰਦੂ ਔਰਤਾਂ ਨਾਲ ਬਲਾਤਕਾਰ ਦੀਆਂ ਘਟਨਾਵਾਂ ਲਗਾਤਾਰ ਵਾਪਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਦੁੱਖ ਦੀ ਗੱਲ ਇਹ ਹੈ ਕਿ ਉੱਥੋਂ ਦੀ ਸਰਕਾਰ ਨੇ ਕੱਟੜਪੰਥੀਆਂ ਨਾਲ ਹੱਥ ਮਿਲਾ ਲਿਆ ਹੈ।ਜੇਕਰ ਹਿੰਦੂ ਸਮਾਜ ਦੀ ਕੋਈ ਜਥੇਬੰਦੀ ਵਿਰੋਧ ਕਰਦੀ ਹੈ ਤਾਂ ਉਹਨਾਂ ਨੂੰ ਜੇਲ੍ਹਾਂ ਵਿੱਚ ਡੱਕਿਆ ਜਾ ਰਿਹਾ ਹੈ। ਸੰਤਾਂ-ਮਹਾਤਮਾਵਾਂ ਨੂੰ ਜੇਲ੍ਹਾਂ ਵਿੱਚ ਡੱਕਿਆ ਜਾ ਰਿਹਾ ਹੈ, ਇਸਕਾਨ, ਜੋ ਧਾਰਮਿਕ ਸੰਸਥਾ ਮਨੁੱਖਤਾ ਦੀ ਸੇਵਾ ਵਿੱਚ ਹਮੇਸ਼ਾ ਲੱਗੀ ਰਹਿੰਦੀ ਹੈ, ਨੂੰ ਵੀ ਕੱਟੜਪੰਥੀਆਂ ਅਤੇ ਸਰਕਾਰਾਂ ਵੱਲੋਂ ਤੰਗ-ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਉਹ ਵੀ ਉਨ੍ਹਾਂ ਦੇ ਅੱਤਿਆਚਾਰਾਂ ਦਾ ਸ਼ਿਕਾਰ ਹੋ ਰਹੀ ਹੈ, ਕੇਂਦਰ ਸਰਕਾਰ ਨੂੰ ਇਸ ਦਾ ਤੁਰੰਤ ਨੋਟਿਸ ਲੈਣਾ ਚਾਹੀਦਾ ਹੈ ਅਤੇ ਬੰਗਲਾਦੇਸ਼ 'ਤੇ ਅੰਤਰਰਾਸ਼ਟਰੀ ਦਬਾਅ ਪਾ ਕੇ ਹਿੰਦੂ ਸਮਾਜ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ।

## ਜਹਾਜ਼ੀ ਹਵੇਲੀ ਦਾ ਪੁਰਾਤਨ ਸੱਭਿਅਤਾ ਮੁਤਾਬਕ ਕੀਤਾ ਜਾਵੇਗਾ ਨਵੀਨੀਕਰਨ : ਡਿਪਟੀ ਕਮਿਸ਼ਨਰ

ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਸ਼ਹੀਦਾਂ ਦੀ ਧਰਤੀ ਫ਼ਤਹਿਗੜ੍ਹ ਸਾਹਿਬ ਵਿਖੇ ਸਥਿਤ ਪੁਰਾਤਨ ਇਮਾਰਤਾਂ ਨੂੰ ਪੁਰਾਤਨ ਦਿੱਖ ਪ੍ਰਦਾਨ ਕਰਨ ਲਈ ਸਰਕਾਰ ਵੱਲੋਂ ਵੱਡੀ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ ਤੇ ਛੇਤੀ ਹੀ ਇਨ੍ਹਾਂ ਦਾ ਕੰਮ ਸ਼ੁਰੂ ਹੋ ਜਾਵੇਗਾ। ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਅਧਿਕਾਰੀਆਂ ਦੀ ਇੱਕ ਟੀਮ ਨਾਲ ਦੀਵਾਨ ਟੋਡਰ ਮੱਲ ਦੀ ਹਵੇਲੀ ਦੀ ਰੈਨੋਵੇਸ਼ਨ ਦੇ ਚੱਲ ਰਹੇ ਕੰਮ ਦਾ ਜਾਇਜ਼ਾ ਲੈਣ ਲਈ ਕੀਤੇ ਦੌਰੇ ਮੌਕੇ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਵਿੱਚ ਦੀਵਾਨ ਟੋਡਰ ਮੱਲ ਜੀ ਦਾ ਖਾਸ ਸਥਾਨ ਹੈ ਤੇ ਇਨ੍ਹਾਂ ਨੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੇ ਸਸਕਾਰ ਲਈ ਮੋਹਰਾ ਖੜੀਆਂ ਕਰਕੇ ਜਗ੍ਹਾ ਖਰੀਦੀ ਗਈ ਸੀ, ਜਿਸ ਕਾਰਨ ਇਸ ਨੂੰ ਦੁਨੀਆਂ ਦੀ ਸਭ ਤੋਂ ਮਹਿੰਗੀ ਜਗ੍ਹਾ ਦਾ ਦਰਜਾ ਹਾਸਲ ਹੋਇਆ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਦੀਵਾਨ ਟੋਡਰ ਮੱਲ ਦੀ ਜਹਾਜ਼ੀ ਹਵੇਲੀ ਦੀ ਰੈਨੋਵੇਸ਼ਨ ਲਈ ਪ੍ਰਵਾਸੀ ਪੰਜਾਬੀ ਵੱਲੋਂ ਬਣਾਈ ਗਈ ਕਮੇਟੀ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੀ ਸ਼ਾਮਲ ਹਨ।ਉਨ੍ਹਾਂ ਦੱਸਿਆ ਕਿ ਇਸ ਇਮਾਰਤ ਦਾ ਕੰਮ ਪੁਰਾਤੱਤਵ ਵਿਭਾਗ ਵੱਲੋ ਕੀਤਾ ਜਾਵੇਗਾ ਤੇ ਇਸ ਦੀ ਨਿਗਰਾਨੀ ਪੰਜਾਬ ਸਰਕਾਰ ਵੱਲੋਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਆਪਣੀ ਨੌਜਵਾਨ ਪੀੜ੍ਹੀ ਨੂੰ ਮਹਾਨ ਵਿਰਸੇ ਨਾਲ ਜੋੜਨ ਵਾਸਤੇ ਅਜਿਹੀਆਂ ਇਮਾਰਤਾਂ ਦਾ ਬਹੁਤ ਵੱਡਾ ਯੋਗਦਾਨ ਹੁੰਦਾ ਹੈ, ਕਿਉਂਕਿ ਸਾਡੇ ਨੌਜਵਾਨ ਆਪਣੇ ਵਿਰਸੇ ਨਾਲ ਸਬੰਧਤ ਜਾਣਕਾਰੀ ਇਨ੍ਹਾਂ ਇਮਾਰਤਾਂ ਤੋਂ ਹਾਸਲ ਕਰਦੇ ਹਨ।

ਡਾ. ਸੋਨਾ ਥਿੰਦ ਨੇ ਇਹ ਵੀ ਕਿਹਾ ਕਿ ਦੀਵਾਨ ਟੋਡਰ ਮੱਲ ਦੀ ਹਵੇਲੀ ਤੋਂ ਇਲਾਵਾ ਹੋਰ ਜਿਹੜੀਆਂ ਪੁਰਾਤਨ ਇਮਾਰਤਾਂ ਹਨ, ਉਨ੍ਹਾਂ ਦੀ ਰੈਨੋਵੇਸ਼ਨ ਛੇਤੀ ਹੀ ਸ਼ੁਰੂ ਕੀਤੀ ਜਾਵੇਗੀ ਤਾਂ ਜੁ ਫ਼ਤਹਿਗੜ੍ਹ ਸਾਹਿਬ ਨੂੰ ਟੂਰਿਸਟ ਹੱਬ ਵਜੋਂ ਵਿਕਸਤ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਇਤਿਹਾਸਕ ਧਰਤੀ ਫਤਹਿਗੜ੍ਹ ਸਾਹਿਬ ਵਿਖੇ ਪੁਰਾਤਨ ਇਮਾਰਤਾਂ ਸਥਿਤ ਹਨ, ਜਿਨ੍ਹਾਂ ਦੀ ਪੁਰਾਤਨ ਦਿੱਖ ਬਹਾਲ ਕਰਕੇ ਯਾਤਰੀਆਂ ਨੂੰ ਸ਼ਾਨਦਾਰ ਤੋਹਫ਼ਾ ਦਿੱਤਾ ਜਾਵੇਗਾ।

## 15 ਵਾਰਡਾਂ 'ਚ ਕਰਾਏ ਜਾ ਰਹੇ ਬੇਹਤਰੀਨ ਕੰਮ : ਟੀਟੂ



ਬਾਘਾ ਪੁਰਾਣਾ, (ਮਨੀ ਸਿੰਗਲਾ) ਪੰਜਾਬ ਦੀਆਂ ਹੋਈਆਂ ਚਾਰ ਜ਼ਿਮਨੀ ਚੋਣਾਂ ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਵੱਲੋਂ ਤਿੰਨ ਹਲਕਿਆਂ ਵਿਚ ਪ੍ਰਾਪਤ ਕੀਤੀ ਗਈ ਸ਼ਾਨਦਾਰ ਜਿੱਤ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ ਦੇ ਸ਼ਹਿਰੀ ਟੀਮ ਦੇ ਮੋਹਰੀ ਅਤੇ ਸੀਨੀਅਰ ਆਗੂ ਰਣਜੀਤ ਸਿੰਘ ਟੀਟੂ ਨੇ ਕਿਹਾ ਕਿ ਇਨ੍ਹਾਂ ਜ਼ਿਮਨੀ ਚੋਣਾਂ ਵਿਚ ਪੰਜਾਬ ਵਾਸੀਆਂ ਵੱਲੋਂ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਵੱਡੀਆਂ ਲੀਡਾਂ ਨਾਲ ਜਿਤਾ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਵਿਚ ਆਉਣ ਵਾਲੀ ਸਰਕਾਰ ਵੀ ਆਮ ਆਦਮੀ ਪਾਰਟੀ ਦੀ ਹੋਵੇਗੀ। ਜ਼ਿਮਨੀ ਚੋਣਾਂ ਵਿੱਚ ਹੋਈ ਪਾਰਟੀ ਦੀ ਸ਼ਾਨਦਾਰ ਜਿੱਤ ਕਾਰਨ 'ਆਪ' ਵਲੰਟੀਅਰਾਂ ਤੇ ਵਰਕਰਾਂ ਵਿਚ ਹੋਰ ਜੋਸ਼ ਪੈਦਾ ਹੋਇਆ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੇ 'ਆਪ' ਉਮੀਦਵਾਰਾਂ ਨੂੰ ਜਿਤਾ ਕੇ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ 'ਤੇ ਵਿਸ਼ਵਾਸ਼ ਪ੍ਰਗਟ ਕਰਕੇ ਇਹ ਸਿੱਧ ਕਰ ਦਿੱਤਾ ਹੈ ਕਿ ਲੋਕ ਪਾਰਟੀ ਦੀਆਂ ਨੀਤੀਆਂ 'ਤੇ ਕੰਮਾਂ ਤੋ ਬੇਹੱਦ ਖੁਸ਼ ਹਨ, ਕਿਉਂਕਿ ਸਾਡੀ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨਾਲ ਕੀਤੇ ਗਏ ਵਾਅਦੇ ਤੇ ਗਰੰਟੀਆਂ ਨੂੰ ਇੱਕ ਕਰ ਕੇ ਪੂਰਾ ਕੀਤਾ ਜਾ ਰਿਹਾ ਹੈ ਅਤੇ ਪੰਜਾਬ ਦੇ ਨਿਵਾਸੀਆਂ ਨੂੰ ਬਿਹਤਰੀਨ ਸਹੂਲਤਾਂ ਮੁਹੱਈਆ ਕਰਾਈਆਂ ਜਾ ਰਹੀਆਂ ਹਨ।ਸਿਹਤ ਅਤੇ ਸਿੱਖਿਆ ਨੂੰ ਲੈ ਕੇ ਸਾਡੀ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲੇ ਸ਼ਲਾਘਾ ਯੋਗ ਹਨ।ਰਣਜੀਤ ਸਿੰਘ ਟੀਟੂ ਨੇ ਕਿਹਾ ਕਿ ਉਨ੍ਹਾਂ ਵੱਲੋਂ ਸ਼ਹਿਰ ਦੀ ਸੀਨੀਅਰ ਲੀਡਰਸ਼ਿਪ ਨੂੰ ਲੈਕੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਰਹਿਨੁਮਾਈ ਹੇਠ ਸ਼ਹਿਰ ਦੇ 15 ਵਾਰਡਾਂ ਵਿਚ ਵਾਰਡ ਵਾਈਜ਼ ਸ਼ਹਿਰ ਕੰਮ ਕਰਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸ਼ਹਿਰ ਦੇ ਸਾਰੇ ਕੰਮ ਉਹ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਉਨ੍ਹਾਂ ਦੀ ਲਗਾਈ ਗਈ ਡਿਊਟੀ ਮੁਤਾਬਿਕ ਜਾ ਕੇ ਕੰਮਾਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਅਤੇ ਜਿੱਥੇ ਵੀ ਕੋਈ ਸਮੱਸਿਆ ਉਨ੍ਹਾਂ ਤੋਂ ਬਾਹਰ ਹੁੰਦੀ ਹੈ ਉਹ ਹਲਕਾ ਵਿਧਾਇਕ ਦੇ ਧਿਆਨ ਵਿਚ ਲਿਆ ਕੇ ਉਸ ਲੋਕ ਸਮੱਸਿਆ ਦਾ ਤੁਰੰਤ ਹੱਲ ਕਰਾਉਂਦੇ ਹਨ।

ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਵੱਲੋਂ ਮੋਗਾ ਤੋਂ ਸੀਵਰੇਜ ਪਾਈਪਾਂ ਦੀ ਸਾਫ਼-ਸਫ਼ਾਈ ਲਈ ਇਕ ਮਸ਼ੀਨ ਮੰਗਵਾਈ ਗਈ ਹੈ, ਜੋ ਸ਼ਹਿਰ ਅੰਦਰ ਓਵਰਫਲੋਅ ਹੋਏ ਸੀਵਰੇਜ ਪਾਈਪਾਂ ਦੀ ਸਫਾਈ ਕਰ ਰਹੀ ਹੈ, ਜਿਸ ਨੂੰ ਉਹ ਅਤੇ ਉਨ੍ਹਾਂ ਦੀ ਸ਼ਹਿਰੀ ਟੀਮ ਹਰ ਵਾਰਡ ਵਿਚ ਗੱਡੀ ਨੂੰ ਲਿਜਾ ਕੇ ਗਲੀਆਂ ਅੰਦਰ ਸੀਵਰੇਜ ਦੀ ਸਫਾਈ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸਮੁੱਚੀ ਟੀਮ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਵਿਚ ਸ਼ਹਿਰ ਦਾ ਸਰਬਪੱਖੀ ਵਿਕਾਸ ਕਰਨ ਦੇ ਲਈ ਵਚਨਬੱਧ ਹੈ।

## ਅੰਗਹੀਣ ਬੱਚਿਆਂ ਨੂੰ ਵੰਡੇ ਬੈਗ ਤੇ ਸਟੇਸ਼ਨਰੀ ਕਿੱਟ



ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ) ਮਦਨ ਮੋਹਨ ਕੰਧਾਰੀ ਦੀ ਅਗਵਾਈ ਹੇਠ ਵਿਸ਼ਵ ਅਪੰਗਤਾ ਦਿਵਸ ਮੌਕੇ ਬਲਾਕ ਗੁਰੂ ਹਰਸਹਾਏ ਦੇ ਵੱਖ-ਵੱਖ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਪੜ੍ਹਦੇ ਕਰੀਬ 90 ਅੰਗਹੀਨ ਵਿਦਿਆਰਥੀਆਂ ਨੂੰ ਸਟੇਸ਼ਨਰੀ ਕਿੱਟਾਂ ਤੇ ਸਕੂਲ ਬੈਗ ਵੰਡੇ ਗਏ।

ਸਮਾਜ ਸੇਵਾ ਸੁਸਾਇਟੀ ਦੇ ਪ੍ਰਧਾਨ ਮਦਨ ਮੋਹਨ ਕੰਧਾਰੀ, ਸੈਕਟਰੀ ਬੂੜ ਚੰਦ ਬਿੰਦਰਾ, ਕੈਸ਼ੀਅਰ ਆਦਰਸ਼ ਪਾਲ ਧਵਨ, ਵਿਜੇ ਅਹੂਜਾ, ਲਾਲ ਚੰਦ ਨਰੂਲਾ, ਰਕੇਸ਼ ਬਜਾਜ, ਸੰਦੀਪ ਮਦਾਨ, ਰਜਿੰਦਰ ਭਠੇਜਾ, ਰਾਜਾ ਕੁਮਾਰ, ਰਮਨ ਕੁਮਾਰ ਸ਼ਾਸਤਰੀ, ਰਕੇਸ਼ ਕੁਮਾਰ ਮੋਂਗਾ, ਆਤਮਜੀਤ ਸਿੰਘ ਡੇਵਿਡ, ਡਾਕਟਰ ਰਜਿੰਦਰ ਗੁਪਤਾ, ਹਰਪ੍ਰੀਤ ਸੋਢੀ, ਰਾਜਨ ਮਾਨਕਟਾਲਾ, ਬੌਬੀ ਨਰੂਲਾ, ਬੀਪੀਓ ਸੁਰਿੰਦਰਪਾਲ, ਮੁਨੀਸ਼ ਸਹਿਗਲ, ਰਜਿੰਦਰ ਕੁਮਾਰ ਸੰਜੀਵ ਕੁਮਾਰ ਨੇ ਦੱਸਿਆ ਕਿ ਬਲਾਕ ਦੇ ਵੱਖ ਵੱਖ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਪੜ੍ਹਦੇ ਅੰਗਹੀਣ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਜ਼ਰੂਰਤ ਮੁਤਾਬਕ ਸਟੇਸ਼ਨਰੀ ਕਿੱਟਾਂ ਤੇ ਬੈਗ ਵੰਡੇ ਗਏ ਹਨ। ਸੁਸਾਇਟੀ ਦੇ ਮੈਂਬਰਾਂ ਨੇ ਕਿਹਾ ਕਿ ਉਨ੍ਹਾਂ ਦੀ ਸੁਸਾਇਟੀ ਸਮੇਂ-ਸਮੇਂ 'ਤੇ ਲੋਕ ਭਲਾਈ ਦੇ ਕੰਮ ਕਰਦੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਬਹੁਤ ਖੁਸ਼ੀ ਹੋਈ ਕਿ ਇਨ੍ਹਾਂ ਬੱਚਿਆਂ ਨੂੰ ਇਹ ਛੋਟੇ ਜਿਹੇ ਤੋਹਫੇ ਦੇ ਕੇ ਜਿੱਥੇ ਇਹ ਬੱਚਿਆਂ ਨੇ ਇਸ ਤੋਹਫ਼ੇ ਦੇ ਨਾਲ ਹੌਸਲਾ ਅਫ਼ਜ਼ਾਈ ਮਿਲੇਗੀ, ਉਥੇ ਇਹ ਬੱਚੇ ਵੱਡੇ ਹੋ ਕੇ ਪੜ੍ਹ-ਲਿਖ ਕੇ ਦੇਸ਼ ਦਾ ਨਾਂਅ ਰੌਸ਼ਨ ਕਰਨਗੇ।

ਉਹਨਾਂ ਨੇ ਦੱਸਿਆ ਕਿ ਅੱਜ ਉਹਨਾਂ ਵੱਲੋਂ ਸਰਕਾਰੀ ਪ੍ਰਾਈਮਰੀ ਸਕੂਲ ਬੇਰ ਸਾਹਿਬ ਵਿਖੇ 50 ਵਿਦਿਆਰਥੀਆਂ ਨੂੰ ਸਟੇਸ਼ਨਰੀ ਕਿੱਟਾਂ ਵੰਡੀਆਂ ਗਈਆਂ, ਉੱਥੇ ਹੀ ਸਰਕਾਰੀ ਪ੍ਰਾਇਮਰੀ ਸਕੂਲ ਗੁਰੂ ਹਰਸਹਾਏ ਤੇ ਪੜ੍ਹਦੇ 40 ਅੰਗਹੀਨ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ ਗਏ ਹਨ।

5-DEC-PAGE-11-Majha-2024.qxd 12/4/2024 10:40 PM Page 1



# ਭਲਕੇ ਸ਼ੰਭੂ ਬਾਰਡਰ ਤੋਂ ਕਿਸਾਨਾਂ ਦਾ ਪਹਿਲਾ ਜਥਾ ਦਿੱਲੀ ਨੂੰ ਹੋਵੇਗਾ ਰਵਾਨਾ : ਅਠਵਾਲ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੀ ਵਿਸ਼ਾਲ ਮੀਟਿੰਗ ਬਟਾਲਾ (ਗੁਰਦੁਆਰਾ ਮੜ੍ਹੀਆਂ ਵਾਲਾ ਬਾਈਪਾਸ) ਵਿਖੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਦਾਦੂਜੋਧ ਦੀ ਪ੍ਰਧਾਨਗੀ ਹੇਠ ਹੋਈ।ਜ਼ਿਲੇ ਦੇ ਵੱਖ-ਵੱਖ ਬਲਾਕਾਂ ਤੋਂ ਇਕੱਤਰ ਹੋਏ ਕਿਸਾਨ ਆਗੂਆਂ ਅਤੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਕੁਲਵਿੰਦਰ ਜੀਤ ਸਿੰਘ ਅਠਵਾਲ ਨੇ ਖਨੌਰੀ ਅਤੇ ਸ਼ੰਭੂ ਬਾਰਡਰਾਂ ਤੇ ਲੱਗੇ ਕਿਸਾਨ ਮੋਰਚਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਆਗੂਆਂ ਨੇ ਕਿਹਾ ਕਿ ਕਿਸਾਨ ਮੋਰਚਿਆਂ ਦੀਆਂ ਬਾਰਾਂ ਮੰਗਾਂ ਵੱਲ ਧਿਆਨ ਦੇਣ ਦੀ ਬਜਾਏ ਕੇਂਦਰੀ ਹਾਕਮਾਂ ਕਾਰਪੋਰੇਟਾਂ ਦੇ ਹਵਾਲੇ ਖੇਤੀ ਅਤੇ ਖੇਤੀ ਮੰਡੀ ਕਰਨ ਦਾ ਅਮਲ ਹੋਰ ਤਿੱਖਾ ਕਰ ਦਿੱਤਾ ਹੈ ਜਿਸ ਦੇ ਸਿੱਟੇ ਵਜੋਂ ਇਸ ਵਾਰ ਝੋਨੇ ਦੀ ਫਸਲ ਦੀ ਬੇਕਦਰੀ ਕੀਤੀ ਗਈ ਹੈ ਅਤੇ ਕਿਸਾਨਾਂ ਦੀ ਲੁੱਟ ਲਈ ਸਾਰੇ ਰਾਹ ਪੱਧਰੇ ਕੀਤੇ ਗਏ ਹਨ।ਸਗੋਂ ਭਵਿੱਖ ਵਿਚ ਕਣਕ ਦੀ ਫਸਲ ਦਾ ਵੀ ਅਜਿਹਾ ਹੀ ਹਸ਼ਰ ਹੋਣ ਦੇ ਆਸਾਰ ਦਿਸ ਰਹੇ ਹਨ।ਅਜਿਹੇ ਹਾਲਾਤ ਵਿੱਚ ਕਿਸਾਨ ਮੋਰਚਿਆਂ ਦੇ ਸੱਦੇ ਮੁਤਾਬਿਕ 6 ਦਸੰਬਰ ਨੂੰ ਸ਼ੰਭੂ ਬਾਰਡਰ ਤੋਂ ਕਿਸਾਨਾਂ ਦਾ ਪਹਿਲਾ ਜਥਾ ਸੀਨੀਅਰ ਆਗੂਆਂ ਦੀ ਅਗਵਾਈ ਹੇਠ ਦਿੱਲੀ ਨੂੰ ਰਵਾਨਾ ਹੋਵੇਗਾ।ਹਰ ਰੋਜ਼ ਨਵਾਂ ਜਥਾ ਚੱਲਿਆ ਕਰੇਗਾ।ਜ਼ਿਲ੍ਹਾ ਗੁਰਦਾਸਪੁਰ ਤੋਂ ਵੱਡੀ ਗਿਣਤੀ ਵਿਚ ਕਿਸਾਨ ਪੰਜ ਦਸੰਬਰ ਨੂੰ ਸ਼ੰਭੂ ਬਾਰਡਰ ਤੇ ਪਹੁੰਚਣਗੇ।ਬਲਾਕ ਸ੍ਰੀ ਹਰਗੋਬਿੰਦਪੁਰ ਦੇ ਪ੍ਰਧਾਨ ਅਜੀਤ ਸਿੰਘ ਸ਼ੇਰੋਵਾਲ, ਫਤਿਹਗੜ੍ਹ ਚੂੜੀਆਂ ਦੇ ਹਰਜੀਤ ਸਿੰਘ ਪੰਨਵਾਂ, ਡੇਰਾ ਬਾਬਾ ਨਾਨਕ ਤੋਂ ਦਲੀਪ ਸਿੰਘ ਪੱਬਾਂਰਾਲੀ ਨੇ ਕਿਹਾ ਕਿ ਸਾਰੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ।ਇਸ ਮੌਕੇ ਕੁਲਦੀਪ ਸਿੰਘ ਸੇਰੋਵਾਲ, ਰਣਜੀਤ ਸਿੰਘ ਖਜਾਨੇਕੋਟ, ਨਵਜੋਤ ਸਿੰਘ ਰੰਧਾਵਾ, ਜ਼ਿਲਾ ਪ੍ਰੈੱਸ ਸਕੱਤਰ ਸਰਦੂਲ ਸਿੰਘ ਚੀਮਾ ਖੁੱਡੀ, ਮਹਿੰਦਰ ਸਿੰਘ ਖਹਿਰਾ, ਜਗਤਾਰ ਸਿੰਘ ਭਗਵਾਨਪੁਰਾ, ਕੁਲਵਿੰਦਰ ਸਿੰਘ ਬਸਰਾਵਾਂ, ਪਰਮਜੀਤ ਸਿੰਘ ਅਲੀਵਾਲ, ਅਸ਼ੋਕ ਭਾਰਤੀ ਪ੍ਰੈੱਸ ਸਕੱਤਰ ਆਦਿ ਹਾਜ਼ਰ ਸਨ।

## ਸੁਖਬੀਰ ਬਾਦਲ 'ਤੇ ਹਮਲਾ ਪੰਜਾਬ ਲਈ ਚਿੰਤਾ ਦਾ ਵਿਸ਼ਾ: ਅਰਵਿੰਦ ਖੰਨਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਡਿਪਟੀ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਘੰਟਾ ਘਰ ਵਾਲੇ ਪਾਸੇ ਹੋਇਆ ਹਮਲਾ ਸੂਬੇ ਲਈ ਚਿੰਤਾ ਦਾ ਵਿਸ਼ਾ ਹੈ।ਇਸ ਦੀ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ।ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀਆਂ ਗਲਤ ਨੀਤੀਆਂ ਦੇ ਕਾਰਨ ਹੀ ਪੰਜਾਬ ਦੇ ਹਾਲਾਤ ਚਿੰਤਾਜਨਕ ਬਣੇ ਹੋਏ ਹਨ।ਉਨ੍ਹਾਂ ਕਿਹਾ ਕਿ ਬਹੁੱਚ ਸੁਰੱਖਿਆ ਵਾਲੇ ਸ੍ਰੀ ਦਰਬਾਰ ਸਾਹਿਬ ਵਿੱਚ ਅਜਿਹੀ ਘਟਨਾ ਦਾ ਵਾਪਰਨਾ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਗੈਂਗਸਟਰਾਂ ਅਤੇ ਹੋਰ ਗੈਰ-ਸਮਾਜੀ ਤੱਤਾਂ ਨੂੰ ਖੁੱਲ੍ਹ ਦਿੱਤੀ ਹੋਈ ਹੈ।ਸ੍ਰੀ ਖੰਨਾ ਨੇ ਕਿਹਾ ਕਿ ਇਸ ਗੱਲ ਦੀ ਜਾਂਚ ਹੋਣੀ ਜ਼ਰੂਰੀ ਹੈ ਕਿ ਜ਼ੈੱਡ ਪਲੱਸ ਸੁਰੱਖਿਆ ਵਾਲੇ ਅਕਾਲੀ ਆਗੂ ਦੀ ਸੁਰੱਖਿਆ ਵਿੱਚ ਕੁਤਾਹੀ ਕਿਵੇਂ ਹੋਈ।ਅਜਿਹੀ ਸਥਿਤੀ ਤੋਂ ਜਾਪਦਾ ਹੈ ਕਿ ਇਸ ਹਮਲੇ ਪਿੱਛੇ ਕੋਈ ਨਾ ਕੋਈ ਸੋਚੀ ਸਮਝੀ ਚਾਲ ਹੈ ਜਿਸ ਦਾ ਖੁਲਾਸਾ ਉਚ ਪੱਧਰੀ ਜਾਂਚ ਤੋਂ ਬਾਅਦ ਹੀ ਹੋ ਸਕਦਾ ਹੈ।ਸ੍ਰੀ ਬਾਦਲ ਨਾਲ ਵਾਪਰੀ ਇਸ ਘਟਨਾ ਨੇ ਸੂਬੇ ਦੇ ਅਮਨ- ਪਸੰਦ ਲੋਕਾਂ ਲਈ ਚਿੰਤਾ ਖੜ੍ਹੀ ਕਰ ਦਿੱਤੀ ਹੈ।ਇਸ ਘਟਨਾ ਨੇ ਸਾਬਿਤ ਕਰ ਦਿੱਤਾ ਹੈ ਕਿ ਪੰਜਾਬ ਵਿੱਚ ਸਰਕਾਰ ਨਾਮ ਦੀ ਕੋਈ ਚੀਜ਼ ਨਹੀਂ ਹੈ ਅਤੇ ਪੰਜਾਬ ਦੀ ਅਮਨ-ਕਾਨੂੰਨ ਦੀ ਸਥਿਤੀ ਰੱਬ ਦੇ ਭਰੋਸੇ ਹੀ ਹੈ।

# ਸ਼੍ਰੋਮਣੀ ਕਮੇਟੀ ਨੇ ਬਾਬਾ ਗੁਰਬਖ਼ਸ਼ ਸਿੰਘ ਦਾ ਸ਼ਹੀਦੀ ਦਿਹਾੜਾ ਸ਼ਰਧਾਪੂਰਵਕ ਮਨਾਇਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਥਿਤ ਉਨ੍ਹਾਂ ਨਾਲ ਸਬੰਧਤ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਵਿਖੇ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਸ਼ਖ਼ਸੀਅਤਾਂ ਅਤੇ ਸੰਗਤਾਂ ਨੇ ਹਾਜ਼ਰੀ ਭਰੀ। ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਅਰਦਾਸ ਭਾਈ ਬਲਜੀਤ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਲਿਆ। ਉਨ੍ਹਾਂ ਸੰਗਤਾਂ ਨਾਲ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਦੇ ਜੀਵਨ ਇਤਿਹਾਸ ਸਬੰਧੀ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਆਜ਼ਾਦ ਹੋਂਦ ਹਸਤੀ ਨੂੰ ਖ਼ਤਮ ਕਰਨ ਲਈ ਯਤਨਸੀਲ ਰਹੀਆਂ ਹਨ। ਇਸੇ ਲਈ ਸਰਕਾਰਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹਮਲੇ ਕੀਤੇ ਜਾਂਦੇ ਰਹੇ, ਜਿਸ ਦਾ ਸਿੱਖ ਸੂਰਮਿਆਂ ਨੇ ਹਮੇਸ਼ਾ ਡਟ ਕੇ ਮੁਕਾਬਲਾ ਕੀਤਾ। ਅਹਿਮਦਸ਼ਾਹ ਅਬਦਾਲੀ ਵੱਲੋਂ ਕੀਤੇ ਗਏ ਹਮਲੇ ਸਮੇਂ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਅਗਵਾਈ ਹੇਠ ਸਿੰਘਾਂ ਨੇ ਡਟ ਕੇ ਮੁਕਾਬਲਾ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਵਿੱਤਰਤਾ ਨੂੰ ਕਾਇਮ ਰੱਖਣ ਲਈ ਸ਼ਹਾਦਤ ਪ੍ਰਾਪਤ ਕੀਤੀ। ਉਨ੍ਹਾਂ ਸੰਗਤਾਂ ਨੂੰ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਦੇ ਜੀਵਨ ਇਤਿਹਾਸ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ। ਸਮਾਗਮ ਮੌਕੇ ਓਐੱਸਡੀ ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ਼ਾਹਬਾਜ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਹਰਭਜਨ ਸਿੰਘ ਵਕਤਾ, ਇੰਚਾਰਜ ਮੇਜਰ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

## ਕਾਤਰਾਂ

### ਅੱਜ 9 ਤੋਂ 5 ਵਜੇ ਤੱਕ ਬਿਜਲੀ ਬੰਦ ਰਹੇਗੀ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-5 ਦਸੰਬਰ ਦਿਨ ਵੀਰਵਾਰ ਨੂੰ 66 ਕੇ ਵੀ ਅਜਨਾਲਾ, 66 ਕੇ ਵੀ ਚੱਕ ਡੋਗਰਾਂ ਤੋਂ ਚਲਦੀ ਬਿਜਲੀ ਦੀ ਸਪਲਾਈ ਸਬ-ਸਟੇਸ਼ਨ ਅਜਨਾਲਾ ਸਿਟੀ 1,2,3,11 ਕੇ ਵੀ ਫੀਡਰ ਜ਼ਰੂਰੀ ਮੁਰੰਮਤ ਕਰਕੇ ਮੁਕੰਮਲ ਕਰਨ ਲਈ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ 5 ਵਜੇ ਤੱਕ ਲਗਾਤਾਰ ਬੰਦ ਰਹੇਗੀ।ਇਸ ਸਬੰਧੀ ਜਾਣਕਾਰੀ ਪਾਵਰਕਾਮ ਅਜਨਾਲਾ ਦੇ ਐੱਸਡੀਓ ਇੰਜੀਨੀਅਰ ਕੁਲਵਿੰਦਰ ਸਿੰਘ ਨੇ ਸਾਂਝੀ ਕੀਤੀ।

### ਖਿਡਾਰੀਆਂ ਨੂੰ ਖੇਡਣ ਸਮੇਂ ਸੁਰੱਖਿਅਤ ਰਹਿਣ ਦੇ ਗੁਰ ਦੱਸੇ



ਬਟਾਲਾ (ਡਾ. ਕਮਲਜੀਤ ਸਿੰਘ)-ਨਾਗਰਿਕ ਸੁਰੱਖਿਆ ਦੇ ਗੁਰਾਂ ਤੋਂ ਜਾਣੂ ਕਰਵਾਉਣ ਵਾਲੀ ਮੁਹਿੰਮ ਤਹਿਤ ਸਿਵਲ ਡਿਫੈਂਸ ਬਟਾਲਾ ਵਲੋਂ ਅਕਾਲ ਗੱਤਕਾ ਅਕੈਡਮੀ, ਫਰੀਦਾਬਾਦ ਵਿਖੇ ਖਿਡਾਰੀਆਂ ਨੂੰ ਨਾਗਰਿਕ ਸੁਰੱਖਿਆ ਵਿਸ਼ੇ 'ਤੇ ਜਾਗਰੂਕ ਕੀਤਾ।ਇਸ ਮੌਕੇ ਪੋਸਟ ਵਾਰਡਨ ਹਰਬਖਸ਼ ਸਿੰਘ ਸਮੇਤ ਪ੍ਰਧਾਨ ਮਨਜੀਤ ਸਿੰਘ ਕਲਸੀ, ਹਰਿਦਰਸ਼ਨਮੋਹਨ ਸਿੰਘ ਭੂਈ, ਮਨਦੀਪ ਸਿੰਘ ਨਾਗੀ ਤੇ ਖਿਡਾਰੀ ਹਾਜ਼ਰ ਸਨ।ਇਸ ਮੌਕੇ ਪੋਸਟ ਵਾਰਡਨ ਹਰਬਖ਼ਸ਼ ਸਿੰਘ ਨੇ ਗੱਤਕੇ ਦੇ ਪ੍ਰਦਰਸ਼ਨ ਸਮੇਂ ਕੋਈ ਅਣਸੁਖਾਵੀਂ ਘਟਨਾ ਵਾਪਰ ਜਾਣ 'ਤੇ ਮੁੱਢਲੀ ਸਹਾਇਤਾ ਬਾਰੇ ਜਾਣਕਾਰੀ ਦਿੱਤੀ ਜਿਵੇਂ ਕਿ ਕੱਟ ਲੱਗ ਜਾਣ, ਸੋਟੀ ਦੀ ਗੁੱਝੀ ਸੱਟ ਜਾਂ ਕਿਸੇ ਹੋਰ ਹਾਲਤਾਂ ਵਿਚ ਡਾਕਟਰੀ ਸਹਾਇਤਾ ਲੈਣ ਸਬੰਧੀ ਆਦਿ।ਹਮੇਸ਼ਾ ਗੱਤਕਾ ਪ੍ਰਦਰਸ਼ਨ ਕਰਦੇ ਸਮੇਂ ਮੁੱਢਲੀ ਸਹਾਇਤਾ ਬਾਕਸ ਨਾਲ ਰੱਖੋ।ਸਟੇਟਾਂ ਤੋਂ ਬਚਿਆ ਜਾਵੇ।ਇਸ ਨਾਲ ਕਈ ਵਾਰ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ।

### ਐੱਲਡਬਲਯੂਐੱਸ ਨਿੱਟਵੀਅਰ ਲਿਮਿਟਡ ਵੱਲੋਂ 17.30 ਕਰੋੜ ਰੁਪਏ ਦੇ ਰਾਈਟ ਇਸ਼ੂ ਦਾ ਪ੍ਰਸਤਾਵ

ਲੁਧਿਆਣਾ-ਬੀਐਸਈ 'ਚ ਸੂਚੀਬੱਧ ਲੁਧਿਆਣਾ ਅਧਾਰਿਤ ਐੱਲਡਬਲਯੂਐੱਸ ਨਿੱਟਵੀਅਰ ਲਿਮਿਟਡ (ਐੱਲਡਬਲਯੂਐੱਸ) 10 ਰੁਪਏ ਦੇ ਮੂਲ ਸੰਪਤੀ ਵਾਲੇ 9,610,960 ਇਕਵਿਟੀ ਸ਼ੇਅਰਾਂ ਦੇ ਰਾਈਟ ਇਸ਼ੂ ਜਾਰੀ ਕਰ ਰਹੀ ਹੈ, ਜਿਸ ਵਿੱਚ ਸ਼ੇਅਰ ਦੀ ਕੀਮਤ 18 ਰੁਪਏ (10 ਰੁਪਏ ਪ੍ਰਤੀ ਸ਼ੇਅਰ ਦੇ ਪ੍ਰੀਮੀਅਮ ਦੇ ਨਾਲ) ਪ੍ਰਤੀ ਸ਼ੇਅਰ ਹੈ।ਇਸ ਇਸ਼ੂ ਰਾਹੀਂ ਕੰਪਨੀ ਨੂੰ 17.30 ਕਰੋੜ ਰੁਪਏ ਜੁਟਾਉਣ ਵਿੱਚ ਮਦਦ ਮਿਲੇਗੀ।ਇਹ ਇਸ਼ੂ 6 ਦਸੰਬਰ ਨੂੰ ਖੁੱਲ੍ਹੇਗਾ ਅਤੇ 16 ਦਸੰਬਰ ਨੂੰ ਬੰਦ ਹੋ ਜਾਵੇਗਾ।ਇਸ ਵਿੱਚ ਕੰਪਨੀ ਦੇ ਰਜਿਸਟਰਾਰ ਬੀਟਲ ਫਾਇਨੈਂਸ਼ੀਅਲ ਐਂਡ ਕੰਪਿਊਟਰ ਸਰਵਿਸਿਜ਼ (ਪੀ) ਲਿਮਿਟਡ ਹਨ।ਇਸ ਦੇ ਅਧਿਕਾਰ ਤਿਆਗ (ਰਾਈਟਸ ਐਨਟਾਈਟਲਮੈਂਟ ਨੂੰ ਛੱਡ ਦੇਣਾ) ਦੀ ਮਿਆਦ 10 ਦਸੰਬਰ ਨੂੰ ਹੋਵੇਗੀ।1989 ਵਿੱਚ ਸਤ ਪ੍ਰਕਾਸ਼ ਕਪੂਰ ਅਤੇ ਉਨ੍ਹਾਂ ਦੇ ਪੁੱਤਰ ਗਿਰੀਸ਼ ਕਪੂਰ ਦੀ ਅਗਵਾਈ 'ਚ ਸਥਾਪਤ ਕੀਤੀ ਗਈ ਵਧੀਆ ਵਿਚਾਰਾਂ ਅਤੇ ਕਾਬਕਾਰੀ ਸਿਸਟਮ ਨੂੰ ਆਪਣਾਉਂਦੇ ਹੋਏ ਸ਼੍ਰੇਸ਼ਠਤਾ ਦੀ ਤਲਾਸ਼ ਹੀ ਐੱਲਡਬਲਯੂਐੱਸ ਢਾਂਚੇ ਦੀ ਮੁੱਖ ਵਿਸ਼ੇਸ਼ਤਾ ਹੈ।

### ਸੁਖਬੀਰ ਬਾਦਲ 'ਤੇ ਹਮਲੇ ਨੂੰ ਨਾਕਾਮ ਕਰਨ ਵਾਲੇ ਦੀ ਤਰੱਕੀ ਕੀਤੀ ਜਾਵੇ- ਡਾ. ਜੈਨ



ਬਠਿੰਡਾ (ਗਿਆਨ ਸੈਦਪੁਰੀ)-ਆਮ ਆਦਮੀ ਪਾਰਟੀ ਦੇ ਪੰਜਾਬ ਦੇ ਵਪਾਰ ਵਿੰਗ ਦੇ ਸਕੱਤਰ ਡਾ. ਵਿਲੀਅਮ ਜੈਨ ਨੇ ਹਰਿਮੰਦਰ ਸਾਹਿਬ ਵਿੱਚ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਨਿੰਦਾ ਕੀਤੀ ਹੈ। ਉਨ੍ਹਾਂ ਇਸ ਹਮਲੇ ਨੂੰ ਨਾਕਾਮ ਕਰਨ ਵਾਲੇ ਸਾਦੀ ਵਰਦੀ ਵਿੱਚ ਤਾਇਨਾਤ ਪੁਲਸ ਜਵਾਨਾਂ ਵੱਲੋਂ ਵਿਖਾਈ ਬਹਾਦਰੀ ਦੀ ਸ਼ਲਾਘਾ ਕੀਤੀ।ਡਾ. ਜੈਨ ਨੇ ਕਿਹਾ ਕਿ ਸਿੰਘ ਸਾਹਿਬਾਨ ਵੱਲੋਂ ਸੁਣਾਈ ਸਜ਼ਾ(ਸੇਵਾ) ਭੁਗਤ ਰਹੇ ਸੁਖਬੀਰ ਸਿੰਘ ਬਾਦਲ 'ਤੇ ਪਵਿੱਤਰ ਸਥਾਨ ਵਿੱਚ ਕੀਤਾ ਗਿਆ ਹਮਲਾ ਮੰਦਭਾਗੀ ਗੱਲ ਹੈ।ਉਨ੍ਹਾਂ ਸਰਕਾਰ ਵੱਲੋਂ ਸੁਰੱਖਿਆ ਦੇ ਕੀਤੇ ਗਏ ਪੁਖਤਾ ਪ੍ਰਬੰਧਾਂ ਦੀ ਸ਼ਲਾਘਾ ਕਰਦਿਆਂ ਪੁਲਸ ਦੇ ਜਵਾਨ ਜਸਵੀਰ ਸਿੰਘ ਦੀ ਸਪੈਸ਼ਲ ਤਰੱਕੀ ਦੀ ਮੰਗ ਕੀਤੀ ਹੈ।

### ਪੁਲਸ ਵਲੋਂ ਪੰਜ ਵਿਅਕਤੀਆਂ ਤੋਂ 1 ਪਿਸਟਲ, 2 ਮੈਗਜ਼ੀਨ, 18 ਜ਼ਿੰਦਾ ਕਾਰਤੂਸ ਤੇ ਕਰੇਟਾ ਕਾਰ ਬਰਾਮਦ



ਮੋਗਾ (ਇਕਬਾਲ ਸਿੰਘ ਖਹਿਰਾ)- ਡੀ.ਜੀ.ਪੀ ਪੰਜਾਬ ਵੱਲੋਂ ਮਾੜੇ ਅਨਸਰਾਂ ਖਿਲਾਫ ਵਿੱਢੀ ਮੁਹਿੰਮ ਤਹਿਤ ਅਜੈ ਗਾਂਧੀ ਐਸ.ਐਸ.ਪੀ ਮੋਗਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਗੁਰਸ਼ਰਨਜੀਤ ਸਿੰਘ ਸੰਧੂ, ਐਸ.ਪੀ (ਸਥਾਨਕ) ਮੋਗਾ, ਰਵਿੰਦਰ ਸਿੰਘ ਡੀ.ਐਸ.ਪੀ. ਸਿਟੀ ਜੋਰਾ ਸਿੰਘ ਡੀ.ਐਸ.ਪੀ ਮੋਗਾ ਦੀ ਰਹਿਨੁਮਾਈ ਹੇਠ ਮੋਗਾ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦ ਥਾਣਾ ਸਦਰ ਮੋਗਾ ਦੀ ਪੁਲਸ ਪਾਰਟੀ ਵੱਲੋਂ 5 ਦੋਸ਼ੀਆਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 1 ਪਿਸਟਲ 7.65 ਐਮ.ਐਮ ਇਟਲੀ 'ਚ ਬਣਿਆ, 2 ਮੈਗਜ਼ੀਨ, 18 ਜ਼ਿੰਦਾ ਕਾਰਤੂਸ ਤੇ ਕਰੇਟਾ ਕਾਰ ਬਰਾਮਦ ਕੀਤੀ।

3 ਦਸੰਬਰ ਨੂੰ ਖੂਫੀਆ ਇਤਲਾਹ 'ਤੇ ਏ.ਐਸ.ਆਈ ਸੁਖਮੰਦਰ ਸਿੰਘ ਥਾਣਾ ਸਦਰ ਮੋਗਾ ਵੱਲੋਂ ਲਿੰਕ ਰੋਡ ਘੱਲਕਲਾਂ ਤੋਂ ਬੁੱਕਣਵਾਲਾ ਪੁਲ ਸੂਆ ਤੋਂ ਅਮਨ ਕੁਮਾਰ ਉਰਫ ਅਮਨਾ ਪੁੱਤਰ ਅਸ਼ੋਕ ਕੁਮਾਰ ਵਾਸੀ ਟਿਵਾਣਾ ਕਲਾਂ, ਗੁਰਮੇਜ ਸਿੰਘ ਉਰਫ ਗੁਰੀ ਪੁੱਤਰ ਸਤਨਾਮ ਸਿੰਘ, ਮਨਜੀਤ ਸਿੰਘ ਉਰਫ ਮੰਜੂ ਪੁੱਤਰ ਸਤਨਾਮ ਸਿੰਘ, ਸਤਪਾਲ ਸਿੰਘ ਉਰਫ ਪਾਲੀ ਪੁੱਤਰ ਭਜਨ ਸਿੰਘ ਵਾਸੀਆਨ ਆਲਮ ਕੇ, ਪਵਨ ਕੁਮਾਰ ਉਰਫ ਪਵਨਾ ਪੁੱਤਰ ਗੁਰਮੀਤ ਸਿੰਘ ਵਾਸੀ ਸੁਭਾਜ ਕੇ ਪ੍ਰਭਾਤ ਸਿੰਘ ਵਾਲਾ ਹਠਾੜ ਜ਼ਿਲ੍ਹਾ ਫਾਜ਼ਿਲਕਾ ਨੂੰ ਸਮੇਤ ਕਾਰ ਕਰੇਟਾ ਰੰਗ ਚਿੱਟਾ ਨੰਬਰੀ ਪੀ.ਬੀ-61-3-8700 ਦੇ ਕਾਬੂ ਕੀਤਾ ਗਿਆ ਅਤੇ ਉਨ੍ਹਾਂ ਖਿਲਾਫ ਮੁਕੱਦਮਾ ਥਾਣਾ ਸਦਰ ਮੋਗਾ ਦਰਜ ਰਜਿਸਟਰ ਕਰਕੇ ਦੋਸ਼ੀਆਂ ਪਾਸੋਂ 1 ਪਿਸਟਲ 7.65 ਐਮ.ਐਮ ਇਟਲੀ 'ਚ ਬਣਿਆ, 2 ਮੈਗਜ਼ੀਨ, 18 ਜ਼ਿੰਦਾ ਕਾਰਤੂਸ ਤੇ ਕਰੇਟਾ ਕਾਰ ਬਰਾਮਦ ਕੀਤੇ ਗਏ।

# ਹਰਮੀਤ ਕੌਰ ਮੀਤ ਆਨਰੇਰੀ ਡਾਕਟਰੇਟ ਦੀ ਡਿਗਰੀ ਨਾਲ ਸਨਮਾਨਿਤ




ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਨੀਤੀ ਅਯੋਗ ਦੁਆਰਾ ਪ੍ਰਵਾਨਿਤ ਪ੍ਰਗਿਆਨ ਐਜੂਕੇਸ਼ਨਲ ਰਿਸਰਚ ਯੂਨੀਵਰਸਿਟੀ ਐਂਡ ਸਕਿੱਲ ਡਿਵੈਲਪਮੈਂਟ ਕੌਂਸਿਲ ਵੱਲੋਂ ਪੰਜਾਬ ਦੀ ਪ੍ਰਸਿੱਧ ਕਵਿਤਰੀ ਹਰਮੀਤ ਕੌਰ ਮੀਤ ਨੂੰ ਸਿੱਖਿਆ ਤੇ ਸਾਹਿਤ ਦੇ ਖੇਤਰ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਲਈ ਆਨਰੇਰੀ ਡਾਕਟਰੇਟ ਦੀ ਡਿਗਰੀ ਨਾਲ ਸਨਮਾਨਿਤ ਕੀਤਾ ਗਿਆ। ਦੱਸਣਯੋਗ ਹੈ ਕਿ ਹਰਮੀਤ ਕੌਰ ਮੀਤ ਇਥੋਂ ਨਜ਼ਦੀਕ ਅਕਾਲ ਅਕੈਡਮੀ ਤਿੱਬੜ ਵਿਖੇ ਬਤੌਰ ਪੰਜਾਬੀ ਅਧਿਆਪਕਾ ਸੇਵਾਵਾਂ ਨਿਭਾ ਰਹੇ ਹਨ ਅਤੇ ਕਵੀ ਦਰਬਾਰ ਤੇ ਸਾਹਿਤਕ ਸਮਾਗਮਾਂ ਵਿੱਚ ਬੜੀ ਸਰਗਰਮੀ ਨਾਲ ਹਿਸਾ ਲੈਂਦੇ ਹਨ। ਹਰਮੀਤ ਕੌਰ ਮੀਤ ਨੇ ਇਸ ਵੱਡੀ ਉਪਲੱਬਧੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਇਹ ਆਨਰੇਰੀ ਡਾਕਟਰੇਟ ਦੀ ਡਿਗਰੀ ਦਾ ਸਨਮਾਨ ਉਨ੍ਹਾਂ ਨੂੰ ਚੰਡੀਗੜ੍ਹ ਵਿਖੇ ਆਯੋਜਿਤ ਇੱਕ ਵਿਸ਼ੇਸ਼ ਕਨਵੋਕੇਸ਼ਨ ਸਮਾਰੋਹ ਵਿੱਚ ਮੁੱਖ ਮਹਿਮਾਨ ਡਾਕਟਰ ਗਰੀਸ਼ ਸਚਦੇਵਾ, ਵਿਸ਼ੇਸ਼ ਮਹਿਮਾਨ ਡਾਕਟਰ ਪਰਨੀਤਾ ਅਗਰਵਾਲ ਅਤੇ ਕੌਂਸਿਲ ਦੇ ਸੀਈਓ ਡਾਕਟਰ ਰਮੇਸ਼ ਸਵਾਮੀ ਦੁਆਰਾ ਦਿੱਤਾ ਗਿਆ। ਹਰਮੀਤ ਕੌਰ ਮੀਤ ਨੇ ਦੱਸਿਆ ਕਿ ਇਸ ਕਨਵੋਕੇਸ਼ਨ ਦੌਰਾਨ ਉਨ੍ਹਾਂ ਸਮੇਤ 8 ਪ੍ਰਤਿਭਾਵਾਨ ਸ਼ਖ਼ਸੀਅਤਾਂ ਨੂੰ ਆਨਰੇਰੀ ਡਾਕਟਰੇਟ ਦੀ ਡਿਗਰੀ ਨਾਲ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਆਨਰੇਰੀ ਡਾਕਟਰੇਟ ਦੀ ਡਿਗਰੀ ਸਮਰਪਣ, ਸਖਤ ਮਿਹਨਤ ਅਤੇ ਉੱਤਮਤਾ ਲਈ ਵਚਨਬੱਧਤਾ ਦਾ ਪ੍ਰਮਾਣ ਹੈ ਅਤੇ ਬਹੁਤ ਸਾਰਿਆਂ ਲਈ ਪ੍ਰੇਰਨਾ ਦਾ ਸੋਮਾ ਹੈ। ਇਹ ਪੁਰਸਕਾਰ ਉਨ੍ਹਾਂ ਦੇ ਯੋਗਦਾਨਾਂ ਦੀ ਬਹੁਤ ਹੀ ਸੁੱਰਖਿਅਤ ਮਾਨਤਾ ਹੈ। ਇਹ ਡਿਗਰੀ ਮਿਲਣ ਨਾਲ ਉਨ੍ਹਾਂ ਵਿੱਚ ਹੋਰ ਉਤਸ਼ਾਹ ਵਧਿਆ ਹੈ ਅਤੇ ਉਹ ਸਿੱਖਿਆ ਅਤੇ ਸਾਹਿਤ ਦੇ ਖੇਤਰ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣ ਲਈ ਹਮੇਸ਼ਾਂ ਯਤਨਸ਼ੀਲ ਰਹਿਣਗੇ। ਕਵਿਤਰੀ ਹਰਮੀਤ ਕੌਰ ਨੇ ਦੱਸਿਆ ਉਹ ਦੋ ਪੁਸਤਕਾਂ ਸਾਹਿਤ ਜਗਤ ਦੀ ਝੋਲੀ ਪਾ ਚੁੱਕੇ ਹਨ ਅਤੇ ਉਹ ਦੀਆਂ ਚਾਰ ਪੁਸਤਕਾਂ ਹੋਰ ਵੱਖ ਵੱਖ ਮੁੱਦਿਆਂ 'ਤੇ ਛਪਾਈ ਅਧੀਨ ਹਨ। ਹਰਮੀਤ ਕੌਰ ਮੀਤ ਨੂੰ ਆਨਰੇਰੀ ਡਾਕਟਰੇਟ ਦੀ ਡਿਗਰੀ ਮਿਲਣ 'ਤੇ ਖੁਸ਼ੀ ਪ੍ਰਗਟ ਕਰਦਿਆਂ ਅਕਾਲ ਅਕੈਡਮੀ ਤਿੱਬੜ ਦੇ ਪ੍ਰਿੰ. ਗੁਰਵਿੰਦਰ ਕੌਰ ਅਤੇ ਸਮੂਹ ਸਟਾਫ ਵਧਾਈ ਦੇਣ ਤੋਂ ਇਲਾਵਾ ਲੇਖਕ ਭਾਈਚਾਰੇ ਅਤੇ ਉਹਨਾਂ ਦੇ ਪਾਠਕਾਂ/ਸ਼ੁਭਚਿੰਤਕਾਂ ਵੱਲੋਂ ਵੀ ਉਹਨਾਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।

## ਵੈਲਸਪਨ ਫਰੈਂਚਾਈਜ਼ ਮਾਲਕੀ ਸਟੋਰ ਨੇ ਲੁਧਿਆਣਾ 'ਚ ਅਪਣੀ ਨਿਵੇਕਲੀ ਪਛਾਣ ਬਣਾਈ

ਲੁਧਿਆਣਾ: ਵੈਲਸਪਨ ਨੇ ਲੁਧਿਆਣਾ, ਪੰਜਾਬ ਵਿੱਚ ਸਥਿਤ, ਸਟੋਰ ਨੇ ਵੈਲਸਪਨ ਦੇ ਵੱਕਾਰੀ ਬ੍ਰਾਂਡ ਦੇ ਤਹਿਤ ਘਰੇਲੂ ਟੈਕਸਟਾਈਲ ਹੱਲਾਂ ਲਈ ਇੱਕ ਪ੍ਰੀਮੀਅਮ ਸਟੋਰ ਵਜੋਂ ਆਪਣੀ ਪਛਾਣ ਬਣਾਈ ਹੈ।ਅੱਜ ਤੱਕ ਦੇਸ਼ ਭਰ ਵਿੱਚ ਲਗਭਗ 33-35 ਸਟੋਰਾਂ ਦੇ ਨਾਲ, ਵੈਲਸਪਨ ਦੇ ਐੱਫਓਐੱਫਓ ਆਊਟਲੈੱਟ ਇੱਕ ਸ਼ਾਨਦਾਰ ਖਰੀਦਦਾਰੀ ਅਨੁਭਵ ਪੇਸ਼ ਕਰਦੇ ਹਨ।ਲੁਧਿਆਣਾ ਵਿੱਚ ਵੈਲਸਪਨ ਐੱਫਓਐੱਫਓ ਸਟੋਰ ਦੇ ਫ੍ਰੈਂਚਾਈਜ਼ ਮਾਲਕ ਅਨੀਕੇਤ ਗੁਪਤਾ ਵੈਲਸਪਨ ਨਾਲ ਜੁੜਨ ਤੇ ਆਪਣਾ ਉਤਸ਼ਾਹ ਜ਼ਾਹਰ ਕਰਦੇ ਹੋਏ ਕਿਹਾ ਕਿ ਲੁਧਿਆਣਾ ਵਿੱਚ ਇਹ ਵਿਸ਼ੇਸ਼ ਸਟੋਰ ਸਾਰੀਆਂ ਘਰੇਲੂ ਟੈਕਸਟਾਈਲ ਲੋੜਾਂ ਲਈ ਇੱਕ ਵਨ-ਸਟਾਪ ਮੰਜ਼ਿਲ ਹੈ ਜਿਸ ਵਿੱਚ ਉਤਪਾਦਾਂ ਦੀ ਵਿਸ਼ੇਸ਼ਤਾ ਹੈ ਬੈੱਡ ਲਿਨਨ, ਗਲੀਚੇ, ਗਲੀਚੇ, ਤੌਲੀਏ, ਪਰਦੇ, ਸਿਰਹਾਣੇ ਦੇ ਢੱਕਣ ਤੋਂ ਲੈ ਕੇ ਗੱਦੇ ਅਤੇ ਕੰਬਲ ਤੱਕ।ਵਿਆਪਕ ਸੰਗ੍ਰਹਿ ਉਪਲਬਧ ਹੈ, ਅਸੀਂ ਆਪਣੇ ਗਾਹਕਾਂ ਨੂੰ ਸਭ ਤੋਂ ਵਧੀਆ, ਪ੍ਰੀਮੀਅਮ ਉਤਪਾਦ ਪ੍ਰਦਾਨ ਕਰਨ ਲਈ ਵਚਨਬੱਧ ਹਾਂ ਜੋ ਆਰਾਮ, ਗੁਣਵੱਤਾ ਅਤੇ ਸ਼ੈਲੀ ਨੂੰ ਮਿਲਾਉਂਦੇ ਹਨ, ਉਹਨਾਂ ਦੇ ਘਰਾਂ ਨੂੰ ਹੋਰ ਸੁੰਦਰ ਬਣਾਉਂਦੇ ਹਨ।

## ਡੈਮੋਕ੍ਰੇਟਿਕ ਜੰਗਲਾਤ ਵਿਭਾਗ ਮੁਲਾਜ਼ਮ ਯੂਨੀਅਨ ਨੇ ਕੀਤਾ ਮੰਗਾਂ ਸਬੰਧੀ ਵਿਚਾਰ-ਵਟਾਂਦਰਾ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਡੈਮੋਕ੍ਰੇਟਿਕ ਜਗਲਾਤ ਵਿਭਾਗ ਮੁਲਾਜ਼ਮ ਯੂਨੀਅਨ ਦੀ ਮੀਟਿੰਗ ਪੁਲ ਨਹਿਰ ਤਰਸਿੱਕਾ ਵਿਖੇ ਪ੍ਰਧਾਨ ਰਸ਼ਪਾਲ ਸਿੰਘ ਜੋਧਾ ਨਗਰੀ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਬੋਲਦਿਆਂ ਜਥੇਬੰਦੀ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਝੂਠੇ ਲਾਰਿਆਂ ਦੇ ਸਿਵਾ ਕੁਝ ਨਹੀਂ ਕਰ ਰਹੀ ਅਤੇ ਵਰਕਰ ਵਿਰੋਧੀ ਨੋਟੀਫਕੇਸ਼ਨ ਜਾਰੀ ਕਰ ਰਹੀ ਹੈ। ਇਸ ਨੋਟੀਫਿਕੇਸ਼ਨ ਨਾਲ ਕਿਸੇ ਵੀ ਵਰਕਰ ਨੂੰ ਕੋਈ ਫਾਇਦਾ ਨਹੀਂ ਹੋਵੇਗਾ ਜਿਵੇਂ ਕਿ ਰਿਕਾਰਡ ਵਿੱਚ ਗੈਪ ਦੀ ਸ਼ਰਤ ਰੱਖੀ ਗਈ ਹੈ ਪਰ ਜਥੇਬੰਦੀ ਮੰਗ ਕਰਦੀ ਹੈ ਕਿ ਮਾਸਟਰਾਂ ਵਾਂਗ ਗੈਪ ਵਾਲੇ ਵਰਕਰਾਂ ਨੂੰ ਰੈਗੂਲਰ ਕੀਤਾ ਜਾਵੇ ਅਤੇ ਅਨਪੜ੍ਹ ਵਰਕਰਾਂ ਨੂੰ ਵੀ ਬਿਨਾਂ ਸ਼ਰਤ ਰੈਗੂਲਰ ਕੀਤਾ ਜਾਵੇ।ਇਸ ਮੌਕੇ ਗੁਰਦੀਪ ਸਿੰਘ ਕਲੇਰ ਤੇ ਦੀਵਾਨ ਸਿੰਘ ਨੇ ਬੋਲਦਿਆਂ ਕਿਹਾ ਕਿ ਜਿਨ੍ਹਾਂ ਵਰਕਰਾਂ ਦੇ ਰਿਕਾਰਡ ਵਿੱਚ ਤਰੁੱਟੀਆਂ ਹਨ ਉਹਨਾਂ ਨੂੰ ਦੂਰ ਕੀਤਾ ਜਾਵੇ ਤੇ ਉਮਰ ਹੱਦ 58 ਸਾਲ ਦੀ ਜਗ੍ਹਾ ਦਰਜਾ ਚਾਰ ਦੀ ਤਰ੍ਹਾਂ 60 ਸਾਲ ਕੀਤੀ ਜਾਵੇ। ਕੰਮ ਉਪਰ ਕਿਸੇ ਵੀ ਵਰਕਰ ਦੀ ਮੌਤ ਹੋ ਜਾਵੇ ਤੇ ਰੈਗੂਲਰ ਮੁਲਾਜ਼ਮਾਂ ਵਾਂਗੂ ਸਾਰੀਆਂ ਸਹੂਲਤਾਂ ਦਿੱਤੀਆਂ ਜਾਣ, ਘੱਟੋ ਘੱਟ ਉਜਰਤਾਂ ਵਿੱਚ ਲਈ ਨਿਗੂਣਾ ਵਾਧਾ ਕਰਕੇ ਵਰਕਰਾਂ ਨਾਲ ਕੋਝਾ ਮਜ਼ਾਕ ਕੀਤਾ ਹੈ।ਜੇਕਰ ਪੰਜਾਬ ਸਰਕਾਰ ਨੇ ਵਰਕਰਾਂ ਦੀਆਂ ਭੱਖਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਜਥੇਬੰਦੀ ਪੰਜਾਬ ਸਰਕਾਰ ਵਿਰੁੱਧ ਧਰਨੇ ਲਾਉਣ ਲਈ ਮਜਬੂਰ ਹੋਵੇਗੀ।ਇਸ ਮੌਕੇ ਜਸਬੀਰ ਸਿੰਘ ਨਿਬਰਵਿੰਡ, ਸਰਦੂਲ ਸਿੰਘ ਚਗਾਵਾਂ ਪ੍ਰਤਾਪ ਸਿੰਘ ਗੱਗੜ ਭਾਣਾ, ਬਾਬਾ ਗੁਲਜ਼ਾਰ ਸਿੰਘ, ਬੀਬੀ ਰਣਜੀਤ ਕੌਰ, ਬੀਬੀ ਹਰਜਿੰਦਰ ਕੌਰ ਆਦਿ ਆਗੂ ਤੇ ਵਰਕਰ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਨਾਲ ਅਹਿਮ ਇੱਕਤਰਤਾ




ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਵਲੋਂ ਦਿੱਲੀ ਕੱਟੜਾ ਐਕਸਪ੍ਰੈਸ ਹਾਈਵੇ ਲਈ ਨੈਸ਼ਨਲ ਹਾਈਵੇ ਵਲੋਂ ਐਕਵਾਈਰ ਕੀਤੀ ਗਈ ਜ਼ਮੀਨ ਦੇ ਸਬੰਧ ਵਿੱਚ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਨਾਲ ਇਕ ਅਹਿਮ ਮੀਟਿੰਗ ਕੀਤੀ ਗਈ।

ਇਸ ਮੀਟਿੰਗ ਵਿੱਚ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸੰਦੀਪ ਮਲਹੋਤਰਾ, ਬੀਡੀਪੀਓ ਮਲਕੀਤ ਸਿੰਘ, ਐੱਸ. ਡੀ. ਓ. ਵਾਟਰ ਸਪਲਾਈ ਅਭੀਸ਼ੇਕ ਕੁਮਾਰ, ਨੈਸ਼ਨਲ ਹਾਈਵੇ ਤੋਂ ਵਿਸ਼ਾਲ ਗੌਤਮ, ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਪ੍ਰਧਾਨ ਪਰਵਿੰਦਰ ਸਿੰਘ, ਸਕੱਤਰ ਜਗਜੀਵਨ ਸਿੰਘ, ਸਕੱਤਰ ਕੁਲਬੀਰ ਸਿੰਘ, ਅਜੀਤ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਨੂੰ ਭਰੋਸਾ ਦਵਾਇਆ ਕਿ ਜਿਲ੍ਹਾ ਪ੍ਰਸ਼ਾਸਨ ਉਹਨਾਂ ਦੇ ਨਾਲ ਖੜ੍ਹਾ ਹੈ ਅਤੇ ਉਹਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ।ਡਿਪਟੀ ਕਮਿਸ਼ਨਰ ਨੇ ਨੈਸ਼ਨਲ ਹਾਈਵੇ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਅਕਵਾਈਰ ਕੀਤੀ ਗਈ ਜ਼ਮੀਨ ਦੀ ਅਦਾਇਗੀ ਸਮੇਂ ਸਿਰ ਕਰਨੀ ਯਕੀਨੀ ਬਣਾਈ ਜਾਵੇ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਪ੍ਰਧਾਨ ਪਰਵਿੰਦਰ ਸਿੰਘ ਨੇ ਡਿਪਟੀ ਕਮਿਸ਼ਨ ਦੇ ਧਿਆਨ ਵਿੱਚ ਕੁਝ ਹੋਰ ਮੰਗਾਂ ਨੂੰ ਵੀ ਲਿਆਂਦਾ ਜਿਸ ਤੇ ਡਿਪਟੀ ਕਮਿਸ਼ਨਰ ਨੇ ਭਰੋਸਾ ਦਿੱਤਾ ਕਿ ਉਨਾਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾਵੇਗਾ।ਡਿਪਟੀ ਕਮਿਸ਼ਨਰ ਨੇ ਮੀਟਿੰਗ ਵਿੱਚ ਹਾਜ਼ਰ ਕਿਸਾਨਾਂ ਨੂੰ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਘੱਟ ਅਦਾਇਗੀ ਸਬੰਧੀ ਕੋਈ ਸ਼ਿਕਾਇਤ ਹੈ ਤਾਂ ਉਹ ਆਰਬੀਟਰੇਟਰ ਪਾਸ ਜਾ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਤੁਹਾਡੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਹਰ ਸਮੇਂ ਤੱਤਪਰ ਹੈ।

# ਨੰਗਲ ਸੋਹਲ 'ਚ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਮੌਕੇ 'ਤੇ ਕੀਤਾ ਨਿਪਟਾਰਾ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਤੇ ਆਪ ਦੀ ਸਰਕਾਰ ਆਪਕੇ ਦੁਆਰ ਅਤੇ ਸਰਕਾਰ ਦੇ ਮੰਤਰੀਆਂ ਵੱਲੋਂ ਆਨਲਾਈਨ ਲੋਕਾਂ ਦੀਆਂ ਸ਼ਿਕਾਇਤਾਂ ਸੁਣ ਕੇ ਹੱਲ ਕੀਤੀਆਂ ਜਾਂਦੀਆਂ ਹਨ! ਜੇਕਰ ਗੱਲ ਹਲਕਾ ਅਜਨਾਲਾ ਦੇ ਵਿਧਾਇਕ ਅਤੇ ਐੱਨਆਰਆਈ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਕੀਤੀ ਜਾਵੇ ਤਾਂ ਉਨ੍ਹਾਂ ਵੱਲੋਂ ਵੀ ਆਨਲਾਈਨ ਸ਼ਿਕਾਇਤਾਂ ਸੁਣ ਕੇ ਨਿਪਟਾਰਾ ਕੀਤਾ ਜਾਂਦਾ ਹੈ! ਧਾਲੀਵਾਲ ਦੇ ਹੁਕਮਾਂ ਅਨੁਸਾਰ ਇਸ ਦੀ ਸ਼ੁਰੂਆਤ ਅਜਨਾਲਾ ਦੇ ਪਿੰਡ ਨੰਗਲ ਸੋਹਲ ਵਿੱਚ ਵੀ ਕੀਤੀ ਗਈ! ਆਮ ਆਦਮੀ ਪਾਰਟੀ ਦੇ ਆਗੂਆਂ ਨੇ ਪਿੰਡ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਮੌਕੇ 'ਤੇ ਹੱਲ ਕੀਤੀਆਂ! ਇਸ ਸਬੰਧੀ ਗੱਲਬਾਤ ਕਰਦਿਆਂ ਹਲਕਾ ਅਜਨਾਲਾ ਦੇ ਪਿੰਡ ਨੰਗਲ ਸੋਹਲ ਦੇ ਨੌਜਵਾਨ ਸੀਨੀਅਰ ਆਪ ਆਗੂ ਅਤੇ ਪਿੰਡ ਦੇ ਨਵ-ਨਿਯੁਕਤ ਮੈਂਬਰ ਲਵਦੀਪ ਸਿੰਘ ਨੇ ਕਿਹਾ ਕਿ ਅੱਜ ਪਿੰਡ ਦੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ, ਜੋ ਮੌਕੇ 'ਤੇ ਹੱਲ ਹੋ ਸਕਦੀਆਂ ਸਨ ਉਹਨਾਂ ਨੂੰ ਮੌਕੇ 'ਤੇ ਹੀ ਹੱਲ ਕਰਵਾ ਦਿੱਤਾ ਗਿਆ। ਜੋ ਮੁਸ਼ਕਿਲਾਂ ਮੌਕੇ 'ਤੇ ਹੱਲ ਨਹੀਂ ਸੀ ਹੋ ਸਕਦੀਆਂ ਉਨ੍ਹਾਂ ਸੰਬੰਧੀ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਨੂੰਹ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਅਮਨਦੀਪ ਕੌਰ ਧਾਲੀਵਾਲ ਨੂੰ ਜਾਣੂ ਕਰਵਾਇਆ। ਕੁਝ ਮੁਸ਼ਕਿਲਾਂ ਨੂੰ ਸੰਬੰਧਿਤ ਅਧਿਕਾਰੀਆਂ ਨੂੰ ਦੱਸ ਕੇ ਜਲਦ ਹੱਲ ਕਰਾਉਣ ਦਾ ਭਰੋਸਾ ਦਿੱਤਾ! ਉਹਨਾਂ ਕਿਹਾ ਕਿ ਸਾਡੇ ਪਿੰਡ 'ਚ ਜੋ ਅਧੂਰੇ ਕੰਮ ਹਨ ਉਹਨਾਂ ਨੂੰ ਜਲਦ ਪੂਰੇ ਕੀਤਾ ਜਾਵੇਗਾ! ਨਵ-ਨਿਯੁਕਤ ਮੈਂਬਰ ਲਵਪ੍ਰੀਤ ਸਿੰਘ ਨੇ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ ਹਨ ਉਹਨਾਂ ਵੱਲੋਂ ਇਸ ਦੀ ਸਰਾਹਨਾ ਕੀਤੀ ਗਈ ਹੈ। ਉਹਨਾਂ ਅੱਗੇ ਕਿਹਾ ਕਿ ਇਹ ਮੀਟਿੰਗ ਹਰ ਮਹੀਨੇ ਕੀਤੀ ਜਾਵੇਗੀ ਅਤੇ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ ਜਾਣਗੀਆਂ! ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਰਪਿੰਦਰ ਸਿੰਘ ਹੀਰਾ ਨੰਗਲ ਸੋਹਲ, ਜਗੀਰ ਸਿੰਘ, ਜਗਜੀਤ ਸਿੰਘ, ਜੱਜ ਸਿੰਘ, ਫੁੰਮਣ ਸਿੰਘ, ਗੁਰਬਖਸ਼ੀਸ਼ ਸਿੰਘ, ਮੈਂਬਰ ਪੰਚਾਇਤ, ਕੁਲਦੀਪ ਸਿੰਘ ਸੋਨਾ ਹਰੀ ਸਿੰਘ, ਦਲੇਰ ਸਿੰਘ, ਡਾਕਟਰ ਕੁਲਦੀਪ, ਰਵੀ ਮਨਪ੍ਰੀਤ ਸਿੰਘ, ਜਤਿੰਦਰ ਸਿੰਘ ਅਤੇ ਹਰਪਾਲ ਸਿੰਘ ਆਦਿ ਹਾਜ਼ਰ ਸਨ!

# ਨਸ਼ਾ ਮੁਕਤ ਪੰਜਾਬ ਬਣਾਉਣ ਦੇ ਯਤਨਾਂ ਤਹਿਤ ਪੁਲਸ ਨੇ ਸੈਮੀਨਾਰ ਲਗਾਇਆ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਾਦੀਆਂ ਪੁਲਸ ਵੱਲੋਂ ਪ੍ਰੋਜੈਕਟ ਸੰਪਰਕ ਤਹਿਤ ਪੁਲਸ ਅਤੇ ਪਬਲਿਕ ਵਿਚ ਰਿਸ਼ਤੇ ਨੂੰ ਹੋਰ ਮਜ਼ਬੂਤ ਕਰਨ ਲਈ ਬਟਾਲਾ ਕਾਦੀਆਂ ਰੋਡ ਸੰਧੂ ਡਰੀਮਲੈਂਡ ਪੈਲੇਸ ਵਿਖੇ ਥਾਣਾ ਕਾਦੀਆਂ ਦੇ ਐੱਸਐੱਚਓ ਪਰਮਿੰਦਰ ਸਿੰਘ ਸਿੱਧੂ ਵੱਲੋਂ ਵਿਸ਼ੇਸ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਦੀ ਅਗਵਾਈ ਜ਼ਿਲ੍ਹਾ ਪੁਲਸ ਮੁਖੀ ਐੱਸਐੱਸਪੀ ਬਟਾਲਾ ਸੁਹੇਲ ਕਾਸਿਮ ਮੀਰ ਆਈਪੀਐੱਸ ਨੇ ਕੀਤੀ। ਸਮਾਗਮ ਵਿੱਚ ਪੁਲਸ ਅਧਿਕਾਰੀ, ਸਥਾਨਕ ਨਾਗਰਿਕ, ਸਮਾਜਸੇਵੀ ਸੰਗਠਨਾਂ ਦੇ ਪ੍ਰਤੀਨਿਧੀਆਂ ਅਤੇ ਨੌਜਵਾਨਾਂ ਦੀ ਵੱਡੀ ਹਾਜ਼ਰੀ ਰਹੀ। ਐੱਸਐੱਸਪੀ ਬਟਾਲਾ ਨੇ ਕਿਹਾ ਕਿ ਇਹ ਰਾਬਤਾ ਸਿਰਫ ਸੁਰੱਖਿਆ ਦੇ ਮਾਮਲਿਆਂ ਲਈ ਨਹੀਂ, ਸਗੋਂ ਭਰੋਸਾ ਅਤੇ ਸਮਾਜਿਕ ਸਮਰੱਥਾ ਵਧਾਉਣ ਲਈ ਵੀ ਜ਼ਰੂਰੀ ਹੈ। ਸਮਾਜ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਬਚਾਉਣਾ ਅਤੇ ਨਸ਼ਾ ਮੁਕਤ ਪੰਜਾਬ ਬਣਾਉਣਾ ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਹੈ। ਸੈਮੀਨਾਰ ਦੌਰਾਨ ਜ਼ਿਲ੍ਹਾ ਪੁਲਸ ਮੁਖੀ ਨੇ ਨਸ਼ਿਆਂ ਦੇ ਖਤਰਨਾਕ ਪ੍ਰਭਾਵਾਂ ਅਤੇ ਸਮਾਜ ਦੇ ਹੋ ਰਹੇ ਨੁਕਸਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਹ ਵੀ ਦੱਸਿਆ ਕਿ ਨਸ਼ੇ ਸਿਰਫ ਵਿਅਕਤੀਗਤ ਜੀਵਨ ਹੀ ਨਹੀਂ, ਸਗੋਂ ਪਰਿਵਾਰ ਅਤੇ ਪੂਰੇ ਸਮਾਜ ਨੂੰ ਪ੍ਰਭਾਵਿਤ ਕਰਦੇ ਹਨ। ਇਸ ਮੌਕੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਤੇ ਸਿਹਤਮੰਦ ਗਤੀਵਿਧੀਆਂ ਵੱਲ ਰੁਝਾਨ ਵਧਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਸਮਾਰੋਹ ਦੌਰਾਨ ਐੱਸਐੱਸਪੀ ਬਟਾਲਾ ਨੇ ਲੋਕਾਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ ਅਤੇ ਉਹਨਾਂ ਦੇ ਮਸਲਿਆਂ ਨੂੰ ਹੱਲ ਕਰਾਉਣ ਦਾ ਭਰੋਸਾ ਦਿੱਤਾ ਅਤੇ ਆਮ ਪਬਲਿਕ ਨੇ ਵੀ ਨਸ਼ਾ ਖਤਮ ਕਰਨ ਲਈ ਆਪਣੇ ਆਪਣੇ ਸੁਝਾਅ ਦਿੱਤੇ। ਐੱਸਐੱਸਪੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੁਲਸ ਨੂੰ ਸਹਿਯੋਗ ਦੇਣ ਅਤੇ ਨਸ਼ਿਆਂ ਦੇ ਕਾਰੋਬਾਰ ਨੂੰ ਜੜ ਤੋਂ ਖਤਮ ਕਰਨ ਲਈ ਆਪਣਾ ਯੋਗਦਾਨ ਪਾਉਣ। ਉਨ੍ਹਾਂ ਨੇ ਕਿਹਾ ਕਿ ਹਰ ਪਿੰਡ ਅਤੇ ਸ਼ਹਿਰ ਨੂੰ ਨਸਾ ਮੁਕਤ ਬਣਾਉਣਾ ਸਿਰਫ ਪੁਲਸ ਦਾ ਕੰਮ ਨਹੀਂ, ਸਗੋਂ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਸਮਾਜਕ ਸੰਗਠਨਾਂ, ਪੰਚਾਇਤਾਂ ਅਤੇ ਨੌਜਵਾਨਾਂ ਨੂੰ ਇਸ ਜੰਗ ਵਿੱਚ ਆਪਣੀ ਭੂਮਿਕਾ ਨਿਭਾਉਣ ਦਾ ਆਹਵਾਨ ਕੀਤਾ ਗਿਆ। ਇਹ ਸਮਾਗਮ ਪੁਲਸ ਦੀ ਨਸ਼ਾ ਮੁਕਤ ਭਾਰਤ ਦੇ ਉਦੇਸ਼ ਦੀ ਪ੍ਰਾਪਤੀ ਵੱਲ ਇਕ ਮਜ਼ਬੂਤ ਕਦਮ ਹੈ। ਇਸ ਮੌਕੇ ਡੀਐੱਸਪੀ ਹਰਕ੍ਰਿਸ਼ਨ ਤੇ ਐੱਸਐੱਚਓ ਥਾਣਾ ਕਾਦੀਆਂ ਪਰਮਿੰਦਰ ਸਿੰਘ ਸਿੱਧੂ ਦੇ ਵੱਲੋਂ ਐੱਸਐੱਸਪੀ ਬਟਾਲਾ ਦਾ ਕਾਦੀਆਂ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ। ਸੈਮੀਨਾਰ ਦੇ ਅਖੀਰ ਵਿੱਚ ਆਏ ਹੋਏ ਲੋਕਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ।

# ਨਗਰ ਕੌਂਸਲ ਦੀਆਂ ਚੋਣਾਂ ਨੂੰ ਲੈ ਕੇ ਰੰਧਾਵਾ ਨੇ ਕੀਤੀ ਸ਼ਹਿਰ ਵਾਸੀਆਂ ਨਾਲ ਵਿਸ਼ੇਸ਼ ਮੀਟਿੰਗ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਆਉਂਦੇ ਦਿਨਾਂ ਨੂੰ ਪੰਜਾਬ ਵਿੱਚ ਹੋਣ ਜਾ ਰਹੀਆਂ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਅੱਜ ਡੇਰਾ ਬਾਬਾ ਨਾਨਕ ਹਲਕੇ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਨਗਰ ਕੌਂਸਲ ਦਫ਼ਤਰ ਡੇਰਾ ਬਾਬਾ ਨਾਨਕ ਵਿਖੇ ਸ਼ਹਿਰ ਨਿਵਾਸੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਿੱਚ ਨਗਰ ਕੌਂਸਲ ਚੋਣਾਂ ਵਿਕਾਸ ਦੇ ਮੁੱਦੇ ਤੇ ਲੜੀਆਂ ਜਾਣਗੀਆਂ ਅਤੇ ਆਮ ਆਦਮੀ ਪਾਰਟੀ ਵੱਲੋਂ ਸਾਫ ਸੁਥਰੇ ਅਕਸ ਵਾਲੇ ਉਮੀਦਵਾਰਾਂ ਨੂੰ ਹੀ ਚੋਣ ਮੈਦਾਨ ਵਿੱਚ ਉਤਾਰਿਆ ਜਾਵੇਗਾ। ਉਹਨਾਂ ਕਿਹਾ ਕਿ ਪਾਰਟੀ ਦੀ ਹਾਈ ਕਮਾਂਡ ਵੱਲੋਂ ਪਹਿਲਾ ਸਾਰੇ ਵਾਰਡਾਂ ਵਿੱਚੋਂ ਉਮੀਦਵਾਰਾਂ ਦੀ ਚੋਣ ਲਈ ਸਰਵੇ ਕਰਵਾਇਆਂ ਜਾਵੇਗਾ, ਵਾਰਡਾਂ ਦੇ ਲੋਕਾਂ ਦੀ ਸਲਾਹ ਲੈਣ ਉਪਰੰਤ ਜਿਸ ਵੀ ਉਮੀਦਵਾਰ ਨੂੰ ਲੋਕ ਵੱਧ ਪਸੰਦ ਕਰਨਗੇ, ਉਹਨਾਂ ਹੀ ਜਿੱਤਣ ਵਾਲੇ ਉਮੀਦਵਾਰਾਂ ਨੂੰ ਪਾਰਟੀ ਵੱਲੋਂ ਟਿਕਟਾਂ ਦਿੱਤੀਆਂ ਜਾਣਗੀਆਂ, ਚਾਹੇ ਉਹ ਸਾਇਕਲ ਨੂੰ ਪੈਂਚਰ ਲਗਾਉਣ ਵਾਲਾ ਕਿਉਂ ਨਾ ਹੋਵੇ।ਇਸ ਮੌਕੇ ਸ਼ਹਿਰ ਨਿਵਾਸੀਆਂ ਵੱਲੋਂ ਵੀ ਆਪੋ ਆਪਣੇ ਸੁਝਾਅ ਦੇ ਨਾਲ- ਨਾਲ ਨਗਰ ਕੌਂਸਲ ਦੀਆਂ ਚੋਣਾਂ ਲਈ ਉਮੀਦਵਾਰੀ ਦੇ ਦਾਅਵੇ ਵੀ ਪੇਸ਼ ਕੀਤੇ ਗਏ, ਜਿਸ ਨੂੰ ਗੁਰਦੀਪ ਸਿੰਘ ਰੰਧਾਵਾ ਨੇ ਗੰਭੀਰਤਾ ਨਾਲ ਸੁਣਿਆ।

ਇਸ ਸਬੰਧੀ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਹੁਣ ਜਲਦੀ ਹੀ ਸ਼ਹਿਰ ਦੇ ਮੋਹਤਬਰਾ ਨਾਲ ਇੱਕ ਮੀਟਿੰਗ ਕਰਕੇ ਚੋਣਾਂ ਸੰਬੰਧੀ ਅਗਲੀ ਰਣਨਿਤੀ ਤਿਆਰ ਕੀਤੀ ਜਾਵੇਗੀ।ਉਨਾਂ ਕਿਹਾ ਕਿ ਨਗਰ ਕੌਂਸਲ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੀ ਹੂੰਝਾਫੇਰ ਜਿੱਤ ਹੋਵੇਗੀ।ਇਸ ਮੌਕੇ ਆਪ ਆਗੂ ਰਾਜੇਸ਼ ਕੁਮਾਰ ਬਿੱਟਾ, ਮਹਿੰਦਰ ਸਿੰਘ ਨਿੱਕੋਸਰਾ, ਅੰਗਰੇਜ ਸਿੰਘ ਕਠਿਆਲਾ, ਪੀ ਏ ਲਵਪ੍ਰੀਤ ਸਿੰਘ, ਸੱਤਪਾਲ ਸ਼ੌਕੀ, ਕੁਲਵਿੰਦਰ ਸਿੰਘ ਬੇਦੀ, ਹਰਵਿੰਦਰ ਸਿੰਘ ਰੰਧਾਵਾ, ਸੰਜੀਵ ਸੋਨੀ, ਸੁਧੀਰ ਬੇਦੀ, ਡਾਕਟਰ ਅਸ਼ੋਕ ਸੋਨੀ, ਰਜਤ ਮਰਵਾਹਾ, ਮਾਸਟਰ ਓਮ ਪ੍ਰਕਾਸ਼, ਗੁਲਸ਼ਨ ਕੁਮਾਰ, ਡਾਕਟਰ ਗੁਰਦੇਵ ਸਿੰਘ, ਚਿਮਨ ਲਾਲ ਸ਼ਹਿਨਸ਼ਾਹ, ਮਨਜੀਤ ਸਿੰਘ ਬੇਦੀ, ਰਜਿੰਦਰ ਕੁਮਾਰ ਛਾਂਗਾ, ਰਾਜ ਕੁਮਾਰ, ਨੀਰਜ ਲਾਹੌਰੀਆ, ਰਿਸ਼ੂ ਸ਼ੌਕੀ, ਦਲਜੀਤ ਸਿੰਘ ਜੋਸ਼, ਹੈਪੀ, ਬਿੱਟਾ ਮਸੀਹ, ਸੁਖਜਿੰਦਰ ਸਿੰਘ ਡਿੰਪਲ, ਰਾਣਾ ਮਸੀਹ ਪੱਖੋਕੇ, ਬਲਦੇਵ ਸਿੰਘ ਫੌਜੀ, ਵਿੱਕੀ ਰੰਧਾਵਾ ਜੌੜੀਆਂ ਖੁਰਦ, ਮੇਜਰ ਸਿੰਘ ਠੇਠਰਕੇ, ਗੁਰਮੀਤ ਸਿੰਘ ਖਾਸਾਵਾਲੀ, ਚਰਨਜੀਤ ਸਿੰਘ ਬੇਦੀ, ਲਾਟੀ ਸ਼ਰਮਾ, ਗੁਰਪ੍ਰੀਤ ਸਿੰਘ, ਟਹਿਲ ਸਿੰਘ, ਹੈਪੀ ਬੇਦੀ, ਪ੍ਰੇਮ ਨਾਥ, ਕਪਲ ਕੁਮਾਰ, ਰਾਹੁਲ ਕੁਮਾਰ ਆਦਿ ਹਾਜ਼ਰ ਸਨ।

# ਸਮਾਜ ਦੇ ਲੋਕਾਂ ਨੂੰ ਅੱਗੇ ਆ ਕੇ ਅੰਗਹੀਣਾਂ ਦੀ ਭਲਾਈ ਲਈ ਕੰਮ ਕਰਨਾ ਚਾਹੀਦਾ : ਡਾ. ਗਰਗ



ਮੋਗਾ (ਇਕਬਾਲ ਸਿੰਘ ਖਹਿਰਾ)- ਸਰਕਾਰ ਨੇ 2015 ਵਿੱਚ ਅਪਾਹਜਾਂ ਲਈ ਪਹੁੰਚਯੋਗ ਭਾਰਤ ਮੁਹਿੰਮ ਸ਼ੁਰੂ ਕੀਤੀ ਸੀ, ਪਰ ਇਹ ਮੁਹਿੰਮ ਓਨੀ ਸਫ਼ਲ ਨਹੀਂ ਰਹੀ ਸੀ। ਕਿਉਂਕਿ ਜਦੋਂ ਤੱਕ ਸਮਾਜਿਕ ਪੱਧਰ ਦੇ ਲੋਕ ਇਸ ਵਰਗ ਦੇ ਲੋਕਾਂ ਨੂੰ ਸਵੀਕਾਰ ਕਰਨ ਲਈ ਜਾਗਰੂਕ ਨਹੀਂ ਹੁੰਦੇ, ਉਦੋਂ ਤੱਕ ਇਹ ਕਾਨੂੰਨ ਸਫਲ ਨਹੀਂ ਹੋ ਸਕਦੇ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਅੱਜ ਭਾਜਪਾ ਦੇ ਜ਼ਿਲ੍ਹਾ ਦਫ਼ਤਰ ਵਿਖੇ ਵਿਸ਼ਵ ਅੰਗਹੀਣ ਦਿਵਸ ਮੌਕੇ ਪ੍ਰੋਗੈਸਿਵ ਆਫ਼ ਫੈਡਰੇਸ਼ਨ ਬਿਜੂਬਲੀ ਚੈਲੇਂਜ ਨਾਰਥ ਜ਼ੋਨ ਪੰਜਾਬ ਵੱਲੋਂ ਅੰਗਹੀਣਾਂ ਲਈ ਕਰਵਾਏ ਗਏ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਪ੍ਰੋਗ੍ਰੈਸਿਵ ਆਫ ਫੈਡਰੇਸ਼ਨ ਬਿਜੂਬਲੀ ਚੈਲੇਂਜ ਨਾਰਥ ਜ਼ੋਨ ਪੰਜਾਬ ਦੇ ਜਨਰਲ ਸਕੱਤਰ ਪ੍ਰੇਮ ਭੂਸ਼ਣ ਗੁਪਤਾ, ਸਵਾਭਿਮਾਨ ਸੁਸਾਇਟੀ ਦੀ ਮੈਡਮ ਵੀਨਾ ਰਾਣੀ, ਭਾਜਪਾ ਦੇ ਜਨਰਲ ਸਕੱਤਰ ਵਿੱਕੀ ਸਿਤਾਰਾ, ਮਹਿਲਾ ਮੋਰਚਾ ਦੀ ਆਗੂ ਨੀਤੂ ਗੁਪਤਾ, ਗੀਤਾ ਆਰੀਆ, ਆਰ.ਐਸ.ਐਸ. ਇਸ ਮੌਕੇ ਸਿਟੀ ਪ੍ਰਧਾਨ ਵਿਜੇ ਕੌਸ਼ਿਕ, ਮੈਡਮ ਕਮਲੇਸ਼ ਕੌਸ਼ਿਕ, ਮੈਡਮ ਸੁਮਨ ਮਲਹੋਤਰਾ, ਮੈਡਮ ਮੀਨਾ ਸ਼ਰਮਾ, ਮੈਡਮ ਕਰਮਜੀਤ ਕੌਰ, ਸਰਬਜੀਤ ਸਿੰਘ, ਹਰੀਕ੍ਰਿਸ਼ਨ, ਦਵਿੰਦਰ ਸਿੰਘ, ਸੁਖਜੀਤ ਕੌਰ, ਹਰਪ੍ਰੀਤ ਸਿੰਘ, ਮੰਗਲ ਸਿੰਘ, ਲਖਵਿੰਦਰ ਸਿੰਘ, ਨੱਥਾ ਸਿੰਘ, ਸੰਦੀਪ ਗੁਪਤਾ, ਸੰਦੀਪ ਕੌਰ, ਸੋਮਾ ਗੁਪਤਾ, ਮਨਪ੍ਰੀਤ ਸ਼ਰਮਾ, ਹਰਦੀਪ ਸਿੰਘ, ਸੁੱਖਾ ਸਿੰਘ, ਜਨਤਕਦਾਰ ਚੱਢਾ, ਹੇਮੰਤ ਸੂਦ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਭਾਜਪਾ ਦੇ ਅਧਿਕਾਰੀ ਅਤੇ ਵਰਕਰ ਹਾਜ਼ਰ ਸਨ। ਡਾ. ਸੀਮਾਂਤ ਗਰਗ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2015 ਵਿੱਚ ਆਪਣੇ ਰੇਡੀਓ ਪ੍ਰੋਗਰਾਮ 'ਮਨ ਕੀ ਬਾਤ' ਵਿੱਚ ਦੇਸ਼ ਵਿੱਚ ਸਰੀਰਕ ਤੌਰ 'ਤੇ ਅਪਾਹਜ ਵਿਅਕਤੀਆਂ ਲਈ 'ਅਪਾਹਜ' ਸ਼ਬਦ ਦੀ ਥਾਂ 'ਦਿਵਯਾਂਗ' ਸ਼ਬਦ ਵਰਤਣ ਦੀ ਬੇਨਤੀ ਕੀਤੀ ਸੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਕਿਹਾ ਸੀ ਕਿ ਅਪਾਹਜ ਸ਼ਬਦ ਦੀ ਵਰਤੋਂ ਕਰਨਾ ਉਨ੍ਹਾਂ ਨੂੰ ਸਨਮਾਨ ਦੇਣ ਵਾਲੀ ਗੱਲ ਹੈ। ਕਿਉਂਕਿ ਉਨ੍ਹਾਂ ਕੋਲ ਇੱਕ ਵਾਧੂ ਸ਼ਕਤੀ ਹੈ। ਭਾਰਤ ਵਿੱਚ ਅਪਾਹਜ ਵਿਅਕਤੀਆਂ ਦੇ ਅਧਿਕਾਰ ਐਕਟ 2016, ਅਪਾਹਜ ਵਿਅਕਤੀਆਂ ਦੀ ਭਲਾਈ ਅਤੇ ਸਸ਼ਕਤੀਕਰਨ ਵੱਲ ਚੁੱਕਿਆ ਗਿਆ ਇੱਕ ਵੱਡਾ ਕਦਮ ਹੈ। ਇਸ ਨਾਲ ਅਪਾਹਜਾਂ ਨੂੰ ਹਰ ਖੇਤਰ ਵਿੱਚ ਸਨਮਾਨ, ਮੌਕੇ ਅਤੇ ਅਧਿਕਾਰ ਮਿਲ ਸਕਣਗੇ। ਉਨ੍ਹਾਂ ਸਮਾਜ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਪਾਹਜਾਂ ਪ੍ਰਤੀ ਆਪਣੀ ਦ੍ਰਿਸ਼ਟੀ ਨੂੰ ਸੁਧਾਰਨ ਅਤੇ ਉਨ੍ਹਾਂ ਨੂੰ ਸਮਾਜ ਵਿੱਚ ਅਹਿਮ ਸਥਾਨ ਦਿਵਾਉਣ ਵਿੱਚ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਸਰਕਾਰ ਦਾ ਕੋਈ ਵੀ ਕਾਨੂੰਨ ਉਦੋਂ ਤੱਕ ਕਾਮਯਾਬ ਨਹੀਂ ਹੋ ਸਕਦਾ ਜਦੋਂ ਤੱਕ ਸਾਡੀਆਂ ਭਾਵਨਾਵਾਂ ਅੰਗਹੀਣਾਂ ਪ੍ਰਤੀ ਪ੍ਰਭਾਵਸ਼ਾਲੀ ਨਹੀਂ ਹੁੰਦੀਆਂ। ਇਸ ਮੌਕੇ ਫੈਡਰੇਸ਼ਨ ਦੇ ਸੂਬਾ ਜਨਰਲ ਸਕੱਤਰ ਪ੍ਰੇਮ ਭੂਸ਼ਨ ਗੁਪਤਾ ਨੇ ਵਿਸ਼ਵ ਅੰਗਹੀਣ ਦਿਵਸ ਮੌਕੇ ਕਰਵਾਏ ਸਮਾਗਮ ਵਿੱਚ ਡਾ. ਸੀਮਾਂਤ ਗਰਗ ਦਾ ਧੰਨਵਾਦ ਕੀਤਾ। ਇਸ ਮੌਕੇ ਫੈਡਰੇਸ਼ਨ ਵੱਲੋਂ ਇੱਕ ਲੋੜਵੰਦ ਵਿਅਕਤੀ ਅਤੇ ਹੋਰ ਅੰਗਹੀਣ ਬੱਚਿਆਂ ਨੂੰ ਟਰਾਈਸਾਈਕਲ ਦਿੱਤੇ ਗਏ ਅਤੇ ਲੋਕਾਂ ਵੱਲੋਂ ਉਨ੍ਹਾਂ ਨੂੰ ਤੋਹਫੇ ਦੇ ਕੇ ਸਨਮਾਨਿਤ ਵੀ ਕੀਤਾ ਗਿਆ

## ਚੌੜੇ ਵਰਗੇ ਜਿੰਨੀ ਵਾਰ ਮਰਜ਼ੀ ਹਮਲਾ ਕਰ ਲੈਣ ਸੁਖਬੀਰ ਦਾ ਵਾਲ ਵਿੰਗਾ ਨ੍ਹੀਂ ਕਰ ਸਕਦੇ : ਪੱਪੂ ਰਾਮੂੰਵਾਲਾ



ਮੋਗਾ (ਇਕਬਾਲ ਸਿੰਘ ਖਹਿਰਾ)-ਚੌੜੇ ਜਿੰਨੇ ਮਰਜ਼ੀ ਵਾਰ ਹਮਲਾ ਕਰ ਲੈਣ ਪਰ ਉਹ ਸੁਖਬੀਰ ਸਿੰਘ ਬਾਦਲ ਦਾ ਵਾਲ ਵੀ ਵਿੰਗਾ ਨ੍ਹੀਂ ਕਰ ਸਕਦੇ ਕਿਉਂਕਿ ਸੁਖਬੀਰ ਦੇ ਸਿਰ 'ਤੇ ਗੁਰੂ ਪਾਤਸ਼ਾਹ ਦਾ ਹੱਥ ਹੈ। ਪਰ ਸੱਚੀ ਗੱਲ ਇਹ ਹੈ ਕਿ ਸਿਆਸੀ ਤੌਰ 'ਤੇ ਵੱਖ ਵੱਖ ਧਿਰਾਂ ਨੇ ਜਿੰਨੀ ਮਰਜ਼ੀ ਸੁਖਬੀਰ ਬਾਦਲ ਦੀ ਜਾਂ ਅਕਾਲੀ ਦਲ ਦੀ ਆਲੋਚਨਾ ਕੀਤੀ ਹੋਵੇ। ਪਰ ਅੱਜ ਵੀ ਪੰਥਕ ਸਫਾਂ ਹੋਣ ਜਾਂ ਰਾਜਸੀ ਪਿੜ ਹੋਵੇ ਸੁਖਬੀਰ ਵਰਗੇ ਕੱਦ ਦਾ ਹੋਰ ਕੋਈ ਆਗੂ ਨਜ਼ਰ ਨਹੀਂ ਆਉਂਦਾ। ਉਕਤ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਰਣਵਿੰਦਰ ਸਿੰਘ ਪੱਪੂ ਰਾਮੂੰਵਾਲਾ ਨੇ ਸੁਖਬੀਰ ਸਿੰਘ ਬਾਦਲ ਉੱਪਰ ਹੋਏ ਜਾਨਲੇਵਾ ਹਮਲੇ ਦੀ ਸਖ਼ਤ ਨਿਖੇਧੀ ਕਰਦਿਆਂ ਮੋਗਾ ਵਿਖੇ ਕੀਤਾ। ਉਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਹਰ ਆਗੂ ਅਤੇ ਵਰਕਰ ਸੁਖਬੀਰ ਦੇ ਨਾਲ ਚੱਟਾਨ ਵਾਂਗ ਖੜ੍ਹਾ ਹੈ ਅਤੇ ਹਮੇਸ਼ਾ ਉਨਾਂ ਦੀ ਢਾਲ ਬਣ ਕੇ ਖੜ੍ਹਾ ਰਹੇਗਾ। ਉਨਾਂ ਕਿਹਾ ਕਿ ਸੁਖਬੀਰ ਖਿਲਾਫ ਕੂੜ ਪ੍ਰਚਾਰ ਕਰਨ ਵਾਲੇ ਅਤੇ ਇਸ ਤਰ੍ਹਾਂ ਜਾਨੀ ਹਮਲੇ ਕਰਨ ਵਾਲੇ ਲੋਕ ਇਸ ਗੱਲ ਨੂੰ ਭਲੀਭਾਂਤ ਜਾਣਦੇ ਹਨ ਕਿ ਜਿੰਨਾ ਚਿਰ ਸ਼੍ਰੋਮਣੀ ਅਕਾਲੀ ਦਲ ਦੀ ਵਾਗਡੋਰ ਸੁਖਬੀਰ ਸਿੰਘ ਬਾਦਲ ਵਰਗੇ ਆਗੂ ਦੇ ਹੱਥ ਵਿੱਚ ਹੈ ਓਨਾ ਚਿਰ ਸੂਬੇ ਦੀ ਸਿਆਸਤ ਵਿੱਚ ਇਨ੍ਹਾਂ ਦੀ ਦਾਲ ਨਹੀਂ ਗਲਣੀ। ਇੱਕ ਨਿਮਾਣੇ ਸਿੱਖ ਵਜੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਰਗੇ ਸਿੱਖਾਂ ਦੇ ਸਰਬਉੱਚ ਤਖ਼ਤ ਵੱਲੋਂ ਲੱਗੀ ਸੇਵਾ ਨਿਭਾਅ ਰਹੇ ਕਿਸੇ ਵਿਅਕਤੀ 'ਤੇ ਹਮਲਾ ਕਰਨ ਵਾਲਾ ਕੋਈ ਸੂਰਬੀਰ ਨਹੀਂ ਸਗੋਂ ਅਕਲੋਂ ਦੀਵਾਲੀਆ ਬੰਦਾ ਹੀ ਹੋ ਸਕਦਾ। ਫੇਸਬੁੱਕ ਤੇ ਬੋਲਣ ਵਾਲੇ ਅਤੇ ਐਸੇ ਹਮਲੇ ਕਰਨ ਵਾਲੇ ਏਜੰਸੀਆਂ ਦੇ ਪਿੱਠੂ ਹਨ ਜੋ ਸਾਜਿਸ਼ ਤਹਿਤ ਪੰਜਾਬ ਦੀ ਖੇਤਰੀ ਪਾਰਟੀ ਢਾਹ ਲਾਉਣ ਦੇ ਅਸਫਲ ਮਨਸੂਬੇ ਬਣਾ ਰਹੇ ਹਨ।

# ਪੰਜਾਬ 'ਚ ਰਜਿਸਟਰੀ 'ਤੇ ਐੱਨ ਓ ਸੀ ਦੀ ਸ਼ਰਤ ਖਤਮ ਹੋਣ 'ਤੇ ਲੋਕਾਂ 'ਚ ਖੁਸ਼ੀ ਦੀ ਲਹਿਰ : ਸੋਹੀਆਂ ਵਾਲਾ



ਨਾਭਾ (ਵਰਿੰਦਰ ਵਰਮਾ)-ਪੰਜਾਬ 'ਚ ਰਜਿਸਟਰੀਆਂ ਤੇ ਐਨ ਓ ਸੀ ਦੀ ਸ਼ਰਤ ਖਤਮ ਹੋਣ ਤੋਂ ਬਾਅਦ ਲੋਕਾਂ 'ਚ ਭਾਰੀ ਉਤਸ਼ਾਹ ਪਾਇਆ ਗਿਆ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਗਟਾਏ। ਉਨ੍ਹਾਂ ਸੂਬੇ ਦੇ ਕ੍ਰਾਂਤੀਕਾਰੀ ਅਤੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਣ-ਅਧਿਕਾਰਤ ਕਲੋਨੀਆਂ ਦੀ ਰਜਿਸਟਰੀ ਲਈ ਐਨ ਓ ਸੀ ਦੀਆਂ ਸ਼ਰਤਾਂ ਨੂੰ ਖਤਮ ਕਰਨ ਦੇ ਪ੍ਰਸਤਾਵ ਨੂੰ ਰਾਜਪਾਲ ਵੱਲੋਂ ਮਨਜ਼ੂਰੀ ਦਿੱਤੇ ਜਾਣ 'ਤੇ ਪੰਜਾਬ ਦੇ ਲੋਕਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਹੁਣ ਲੋਕਾਂ ਨੂੰ ਰਜਿਸਟਰੀਆਂ ਵਿੱਚ ਮੁਸ਼ਕਲਾਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਚੇਅਰਮੈਨ ਨੇ ਦੱਸਿਆ ਕਿ ਪੰਜਾਬ 'ਚ ਰਜਿਸਟਰੀਆਂ 'ਤੇ ਐਨ ਓ ਸੀ ਦੀ ਸ਼ਰਤ ਖਤਮ ਹੋਣ 'ਤੇ ਲੋਕਾਂ ਵਲੋਂ ਸਰਕਾਰ ਦੇ ਫੈਸਲੇ ਦੀ ਸ਼ਲਾਘਾ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਜਿਸ ਸਬੰਧੀ ਕਾਨੂੰਨ ਵੀ ਪਾਸ ਹੋ ਚੁੱਕਾ ਹੈ। ਉਨ੍ਹਾਂ ਨੇ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਨੇ 31 ਜੁਲਾਈ 2024 ਤੱਕ ਕਿਸੇ ਅਣ ਅਧਿਕਾਰਤ ਕਲੋਨੀ ਵਿੱਚ 500 ਵਰਗ ਗਜ਼ ਤੱਕ ਦਾ ਪਲਾਟ ਖਰੀਦਣ ਲਈ ਪਾਵਰ ਆਫ ਅਟਾਰਨੀ, ਸਟੈਂਪ ਪੇਪਰ ਤੇ ਇਕਰਾਰਨਾਮਾ ਜਾਂ ਪਹਿਲਾਂ ਹੀ ਸੇਲ ਡੀਡ ਰਜਿਸਟਰਡ ਕੀਤੀ ਹੋਵੇ ਤਾਂ ਉਹ ਬਿਨਾਂ ਐਨ ਓ ਸੀ ਲਏ ਆਪਣੇ ਪਲਾਟ ਦੀ ਤਹਿਸੀਲਦਾਰ ਜਾਂ ਨਾਇਬ ਤਹਿਸੀਲਦਾਰ ਕੋਲ ਰਜਿਸਟਰੀ ਕਰਵਾ ਸਕਦਾ ਹੈ ਅਤੇ ਇਹ ਪਲਾਟ ਰਜਿਸਟਰ ਕਰਵਾਉਣ ਦੀ ਸਮਾਂ ਸੀਮਾ 1 ਦਸੰਬਰ 2024 ਤੋਂ 28 ਫਰਵਰੀ 2025 ਤੱਕ ਤੈਅ ਕੀਤੀ ਗਈ ਹੈ। ਉਨ੍ਹਾਂ ਨੇ ਲੋਕਾਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਅਣ ਅਧਿਕਾਰਤ ਕਲੋਨੀਆਂ ਵਿੱਚ ਪੈਂਦੇ ਪਲਾਟਾਂ ਦੀ ਤੈਅ ਸਮੇਂ ਤੋਂ ਪਹਿਲਾਂ ਰਜਿਸਟਰੀਆਂ ਕਰਵਾ ਕੇ ਭਵਿੱਖ ਵਿੱਚ ਸਮੱਸਿਆਵਾਂ ਤੋਂ ਬਚਣ ਅਤੇ ਪੰਜਾਬ ਸਰਕਾਰ ਵਲੋਂ ਦਿੱਤੀਆਂ ਜਾ ਰਹੀਆਂ ਬੁਨਿਆਦੀ ਸਹੂਲਤਾਂ ਪ੍ਰਾਪਤ ਕਰਨ। ਇਸ ਮੌਕੇ ਆਮ ਆਦਮੀ ਪਾਰਟੀ ਦੇ ਯੂਥ ਵਿੰਗ ਜੁਆਇੰਟ ਸਕੱਤਰ ਪੰਜਾਬ ਗੁਰਪ੍ਰੀਤ ਸਿੰਘ ਗੋਪੀ ਫੈਜ਼ਗੜ੍ਹ, ਸੀਨੀਅਰ ਯੂਥ ਆਗੂ ਲਾਲੀ ਫਤਿਹਪੁਰ ਅਤੇ ਸ਼ਹਿਰੀ ਬਲਾਕ ਪ੍ਰਧਾਨ ਸੰਦੀਪ ਸ਼ਰਮਾ ਨੇ ਕਿਹਾ ਕਿ ਇਸ ਨਾਲ ਲੋਕਾਂ ਦੀ ਹੋਣ ਵਾਲੀ ਖੱਜਲ ਖੁਆਰੀ ਘਟੇਗੀ ਅਤੇ ਲੋਕ ਆਸਾਨੀ ਨਾਲ ਆਪਣੀਆਂ ਰਜਿਸਟਰੀਆਂ ਕਰਵਾ ਸਕਣਗੇ।

# ਸਾਂਝਾ ਅਧਿਆਪਕ ਮੋਰਚਾ ਵੱਲੋਂ ਸਿੱਖਿਆ ਮੰਤਰੀ ਦੇ ਪਿੰਡ ਰੋਸ ਪ੍ਰਦਰਸ਼ਨ ਭਲਕੇ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ )**

ਪਹਿਲੀ ਦਸੰਬਰ ਨੂੰ ਟੈੱਟ ਦਾ ਪੇਪਰ ਹੋਣ ਕਾਰਨ ਸਾਂਝਾ ਅਧਿਆਪਕ ਮੋਰਚਾ ਪੰਜਾਬ ਵਲੋਂ ਸਿੱਖਿਆ ਮੰਤਰੀ ਦੇ ਪਿੰਡ ਕੀਤਾ ਜਾਣ ਵਾਲਾ ਰੋਸ ਪ੍ਰਦਰਸ਼ਨ ਹੁਣ 6 ਦਸੰਬਰ ਨੂੰ ਹੋਵੇਗਾ। ਜੀਟੀਯੂ ਦੇ ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਨੇ ਕਿਹਾ ਕਿ ਸਿੱਖਿਆ ਮੰਤਰੀ ਨਾਲ ਹੋਈ 22 ਅਗਸਤ ਦੀ ਮੀਟਿੰਗ ਦੇ ਫੈਸਲੇ ਨਾ ਲਾਗੂ ਕਰਨ ਦੇ ਰੋਸ ਵਜੋਂ ਦੋਨੋਂ ਡੀ ਐਸ ਈਜ਼ ਰਾਹੀਂ ਰੋਸ ਪੱਤਰ ਸਿੱਖਿਆ ਮੰਤਰੀ ਨੂੰ ਭੇਜੇ ਗਏ ਸਨ। ਜਿਸ ਵਿੱਚ ਸਿੱਖਿਆ ਨੀਤੀ 2020 ਤਹਿਤ ਮਿਡਲ ਸਕੂਲਾਂ ਦੀ ਮਰਜਿੰਗ ਸਬੰਧੀ ਮੋਰਚੇ ਵੱਲੋਂ ਰੋਸ ਪ੍ਰਗਟ ਕੀਤਾ ਗਿਆ ਸੀ। ਸਾਂਝੇ ਅਧਿਆਪਕ ਮੋਰਚੇ ਦੇ ਆਗੂਆਂ ਨੇ ਕਿਹਾ ਕਿ ਪੀ ਟੀ ਆਈਜ਼ / ਆਰਟ ਐਂਡ ਕਰਾਫਟ ਟੀਚਰਜ਼ ਦੀ ਤਨਖਾਹ ਕਟੌਤੀ ਨਹੀਂ ਹੋਣ ਦਿੱਤੀ ਜਾਵੇਗੀ। ਲੰਬੇ ਸਮੇਂ ਬਾਅਦ ਹੋਈਆਂ ਲੈਕਚਰਾਰਾਂ ਦੀਆਂ ਪ੍ਰਮੋਸ਼ਨਾਂ ਵਿੱਚ ਵਿਭਾਗ ਨੇ ਆਪਣੀ ਮੰਨ ਮਾਨੀ ਨਾਲ਼ ਅਧਿਆਪਕਾਂ ਨੂੰ ਦੂਰ ਦੁਰਾਡੇ ਸਟੇਸ਼ਨ ਦਿੱਤੇ ਹਨ, ਪੰਜਾਬ ਸਰਕਾਰ ਦਿਖਾਵੇ ਲਈ ਰਾਸ਼ਟਰੀ ਸਿੱਖਿਆ ਨੀਤੀ 2020 ਦਾ ਵਿਰੋਧ ਕਰਦੀ ਹੈ ਪਰ ਪ੍ਰਮੋਸ਼ਨਾਂ ਸਮੇਂ ਮਿਡਲ, ਹਾਈ ਅਤੇ ਘੱਟ ਗਿਣਤੀ ਵਾਲੇ ਸੀਨੀਅਰ ਸੈਕੰਡਰੀ ਸਕੂਲਾਂ ਨੂੰ ਬੰਦ ਕਰਨ ਦੇ ਇਰਾਦੇ ਨਾਲ ਇਨ੍ਹਾਂ ਸਕੂਲਾਂ ਵਿੱਚ ਨਵੀਆਂ ਨਿਯੁਕਤੀਆਂ ਅਤੇ ਪਦਉਨਤੀਆਂ ਨਹੀਂ ਕੀਤੀਆਂ ਜਾ ਰਹੀਆਂ। ਜਿਸ ਕਾਰਨ ਪੂਰੇ ਅਧਿਆਪਕ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਅਧਿਆਪਕ ਮੋਰਚੇ ਵੱਲੋਂ ਹਰ ਵਰਗ ਦੀਆਂ




ਰਹਿੰਦੀਆਂ ਤਰੱਕੀਆਂ ਸਬੰਧੀ, 2018 ਤੋਂ ਪ੍ਰਾਇਮਰੀ ਤੋਂ ਮਾਸਟਰ ਕਾਡਰ ਦੀਆਂ ਤਰੱਕੀਆਂ, ਸੀ ਐਂਡ ਵੀ ਤੋਂ ਮਾਸਟਰ ਕਾਡਰ ਤਰੱਕੀਆਂ, 873 ਡੀਪੀਈ ਭਰਤੀ ਵਿੱਚੋਂ ਰਹਿੰਦੇ ਉਮੀਦਵਾਰਾਂ ਨੂੰ ਜਲਦ ਆਰਡਰ ਦੇਣ ਸਬੰਧੀ, ਪੰਚਾਇਤੀ ਚੋਣਾਂ ਵਿੱਚ ਅਧਿਆਪਕਾਂ ਦੀ ਹੋਈ ਖੱਜਲ ਖੁਆਰੀ ਸਬੰਧੀ ਸਿੱਖਿਆ ਵਿਭਾਗ ਦੇ ਕਿਸੇ ਵੀ ਅਧਿਕਾਰੀ ਨੇ ਕੋਈ ਨੋਟਿਸ ਨਹੀਂ ਲਿਆ। ਸਗੋਂ ਸੀ ਐਂਡ ਵੀ ਕਾਡਰ ਦੇ ਪੀ ਟੀ ਆਈਜ਼ / ਆਰਟ ਐਂਡ ਕਰਾਫਟ ਟੀਚਰਜ਼ ਤੋਂ ਰਿਕਵਰੀ ਦਾ ਪੱਤਰ ਮੁੜ ਜਾਰੀ ਕੀਤਾ ਗਿਆ ਹੈ। ਸੀ ਈ ਪੀ ਤਹਿਤ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਿੱਖਿਆ ਤੋਂ ਹਟਾ ਕੇ ਫਰਜ਼ੀ ਰਿਕਾਰਡ ਬਣਾਉਣ ਲਈ ਉਲਝਾਇਆ ਜਾ ਰਿਹਾ ਹੈ। ਦੂਜੇ ਪਾਸੇ ਇਹ ਫਰਜੀ ਰਿਕਾਰਡ ਚੈਕ ਕਰਨ ਲਈ ਟੀਮਾਂ ਅਧਿਆਪਕਾਂ ਨੂੰ ਅਲੱਗ ਪ੍ਰੇਸ਼ਾਨ ਕਰ ਰਹੀਆਂ ਹਨ। ਪਹਿਲਾਂ ਅਧਿਆਪਕ ਸਮਰੱਥ ਪ੍ਰੋਜੈਕਟ ਵਿੱਚ ਲੱਗੇ ਹੋਏ ਸਨ, ਹੁਣ ਸੀ ਈ ਪੀ ਕਰਨ ਵਿੱਚ ਲੱਗੇ ਹੋਏ ਹਨ। ਜਦੋਂ ਕਿ ਇਮਤਿਹਾਨ ਨੇੜੇ ਆ ਰਹੇ ਹਨ ਅਤੇ ਸਿਲੇਬਸ ਦੀ ਪੜ੍ਹਾਈ ਵਿਚਾਲੇ ਹੀ ਛੁਡਵਾ ਲਈ ਗਈ ਹੈ। ਜਿਸ ਕਾਰਨ ਅਧਿਆਪਕ ਵਰਗ ਵਿੱਚ ਵਿੱਚ ਭਾਰੀ ਰੋਸ ਹੈ।ਇਸ ਮੌਕੇ ਬੋਲਦਿਆਂ ਸੀਨੀਅਰ ਮੀਤ ਪ੍ਰਧਾਨ ਅਮਰ ਸਿੰਘ ਅਤੇ ਪ੍ਰਿਤਪਾਲ ਸਿੰਘ ਚੌਟਾਲਾ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਉਪਰੋਕਤ ਤੋਂ ਇਲਾਵਾ ਬਹੁਤ ਸਾਰੀਆਂ ਮੰਗਾਂ ਅਜਿਹੀਆਂ ਹਨ, ਜਿਸ ਪ੍ਰਤੀ ਵਿਭਾਗ ਸੁਹਿਰਦ ਨਹੀਂ ਹੈ, ਜਿਸ ਕਾਰਨ ਸਾਂਝੇ ਅਧਿਆਪਕ ਮੋਰਚੇ ਵੱਲੋਂ ਫੈਸਲਾ ਕੀਤਾ ਗਿਆ ਕਿ 6 ਦਸੰਬਰ ਨੂੰ ਸਿੱਖਿਆ ਮੰਤਰੀ ਦੇ ਪਿੰਡ ਵੱਡੀ ਗਿਣਤੀ ਵਿੱਚ ਅਧਿਆਪਕ ਰੋਸ ਪ੍ਰਦਰਸ਼ਨ ਕਰਨਗੇ ਤਾਂ ਜੋ ਸੁੱਤੀ ਪਈ ਸਰਕਾਰ ਨੂੰ ਜਗਾਇਆ ਜਾ ਸਕੇ।ਇਸ ਮੌਕੇ ਸੁਨੀਲ ਸ਼ਰਮਾ ,ਰਾਜ ਕੁਮਾਰ, ਸੰਜੀਵ ਧੂਤ ,ਸਰਬਜੀਤ ਸਿੰਘ ,ਸੱਚਿਨ ਕੁਮਾਰ, ਰਜੇਸ਼ ਅਰੋੜਾ, ਵਿਕਾਸ ਸ਼ਰਮਾ, ਪਰਮਜੀਤ ਸਿੰਘ, ਕਮਲਦੀਪ ਸਿੰਘ, ਅਨਮ ਰਤਨ, ਜਸਵੰਤ ਸਿੰਘ, ਰਜਤ ਮਹਾਜਨ ਅਤੇ ਹੋਰ ਵੱਡੀ ਗਿਣਤੀ ਵਿੱਚ ਅਧਿਆਪਕ ਆਗੂ ਹਾਜ਼ਰ ਸਨ।

# ਕੰਪਿਊਟਰ ਅਧਿਆਪਕਾਂ ਨੇ ਸਿੱਖਿਆ ਭਵਨ ਦੀ ਕੀਤੀ ਕਿਲ੍ਹਾਬੰਦੀ

**ਜਲੰਧਰ (ਰਾਜੇਸ਼ ਥਾਪਾ)**

ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਦੇ ਬੈਨਰ ਹੇਠ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਤਰਨਤਾਰਨ ਅਗਵਾਈ ਤਹਿਤ ਹਜ਼ਾਰਾਂ ਦੀ ਗਿਣਤੀ ਵਿੱਚ ਕੰਪਿਊਟਰ ਅਧਿਆਪਕਾਂ ਨੇ ਮੋਹਾਲੀ ਵਿਖੇ ਜਬਰੀ ਥੋਪੇ ਜਾ ਰਹੇ ਨਵੇਂ ਘੜੇ ਸੁਸਾਇਟੀ ਸੇਵਾ ਨਿਯਮਾਂ ਦੇ ਵਿਰੋਧ ਵਿੱਚ ਸਿੱਖਿਆ ਦਫਤਰ ਦਾ ਘਿਰਾਓ ਕੀਤਾ।ਪੰਜਾਬ ਸਰਕਾਰ ਲਾਰੇ-ਲੱਪੇ ਅਤੇ ਟਾਲ ਮਟੋਲ ਦੀ ਨੀਤੀ ਅਪਨਾ ਕੇ ਕੰਪਿਊਟਰ ਅਧਿਆਪਕਾਂ ਦੀਆ ਜਾਇਜ ਅਤੇ ਹੱਕੀ ਮੰਗਾਂ ਨਹੀਂ ਮੰਨ ਰਹੀ। ਸਿੱਖਿਆ ਅਤੇ ਵਿੱਤ ਵਿਭਾਗ ਦੇ ਉੱਚ ਅਧਿਕਾਰੀ ਕੰਪਿਊਟਰ ਅਧਿਆਪਕਾਂ ਦੇ ਨਿਯੁਕਤੀ ਪੱਤਰਾਂ ਵਿੱਚ ਦਰਜ ਪੰਜਾਬ ਸਿਵਲ ਸਰਵਿਸ ਨਿਯਮਾਂ ਨੂੰ ਲਾਗੂ ਕਰਨ ਦੀ ਬਜਾਏ ਨਵੇਂ ਘੜੇ ਸੁਸਾਇਟੀ ਦੇ ਸੇਵਾ ਨਿਯਮਾਂ ਨੂੰ ਲਾਗੂ ਕਰਕੇ ਉਹਨਾਂ ਦੇ ਹਿੱਤਾਂ ਦਾ ਘਾਣ ਕਰਨ ਲਈ ਤੁਲੀ ਹੋਈ ਹੈ, ਜਿਸ ਨੂੰ ਯੂਨੀਅਨ ਵੱਲੋਂ ਕਦੇ ਵੀ ਬਰਦਾਸ਼ਤ ਨਹੀ ਕੀਤਾ ਜਾਵੇਗਾ। ਯੂਨੀਅਨ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਹਨਾਂ ਬਣਾਏ ਗਏ ਨਵੇਂ ਸੇਵਾ ਨਿਯਮਾਂ ਨੂੰ ਤੁਰੰਤ ਰੱਦ ਕੀਤਾ ਜਾਵੇ ਅਤੇ ਨਿਯੁਕਤੀ ਪੱਤਰ ਵਿੱਚ ਦਰਜ ਪੰਜਾਬ ਸੀਐਸਆਰ ਦੀ ਸ਼ਰਤ ਨੂੰ ਇੰਨ-ਬਿੰਨ ਲਾਗੂ ਕੀਤਾ ਜਾਵੇ ਅਤੇ ਕੰਪਿਊਟਰ ਅਧਿਆਪਕਾਂ ਨੂੰ ਪੇਅ ਪ੍ਰੋਟੈਕਟ



ਕਰਕੇ ਬਿਨਾਂ ਸ਼ਰਤ ਸਿੱਖਿਆ ਵਿਭਾਗ ਵਿੱਚ ਮਰਜ ਕੀਤਾ ਜਾਵੇ ਤੇ ਪੰਜਾਬ ਰਾਜ ਦੇ ਹੋਰਨਾਂ ਸਰਕਾਰੀ ਮੁਲਜਮਾਂ ਵਾਂਗ ਬਣਦੇ ਸਾਰੇ ਲਾਭ ਦਿੱਤੇ ਜਾਣ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਹਰਜੀਤ ਸਿੰਘ ਸੰਧੂ, ਸਿਕੰਦਰ ਸਿੰਘ, ਰਾਖ਼ੀ ਮੰਨਣ, ਸੀਨੀਅਰ ਮੈਂਬਰ ਬਲਜਿੰਦਰ ਸਿੰਘ ਫਤਿਹਪੁਰ,ਜਨਰਲ ਸਕੱਤਰ ਹਰਪ੍ਰੀਤ ਸਿੰਘ, ਪਰਮਿੰਦਰ ਸਿੰਘ ਘੁਮਾਣ,ਮੀਤ ਪ੍ਰਧਾਨ ਅਨਿਲ ਐਰੀ,ਹਨੀ ਗਰਗ, ਪਰਮਜੀਤ ਸਿੰਘ, ਵਿੱਤ ਸਕੱਤਰ ਹਰਜੀਤ ਸਿੰਘ ਬਰਕੰਦੀ, ਕੁਨਾਲ ਕਪੂਰ, ਸਟੇਜ ਸਕੱਤਰ ਹਰਭਗਵਾਨ ਸਿੰਘ, ਪ੍ਰੈਸ ਸਕੱਤਰ ਹਰਜਿੰਦਰ ਸਿੰਘ, ਪ੍ਰਮੋਦ ਧੀਰ, ਸਟੇਟ ਮੈਂਬਰ ਗੁਰਦੀਪ ਸਿੰਘ ਬੈਂਸ, ਰਾਜਵਿੰਦਰ ਲਾਖਾ,ਅਮਨ ਕੁਮਾਰ, ਗੁਰਪ੍ਰੀਤ ਸਿੰਘ, ਮਨੀਸ਼ਾ ਸੋਢੀ, ਸੁਖਜੀਤ ਸਹਿਣਾ, ਅਮਰਜੀਤ ਸਿੰਘ,ਅਮਿਤ ਧਮੀਜਾ,ਰਿਸ਼ਵ ਦੇਵ ਗੋਇਲ,ਅਮਨ ਜੋਤੀ ਅਜੈਪਾਲ ਸਿੰਘ, ਜ਼ਿਲ੍ਹਾ ਪ੍ਰਧਾਨ ਗੁਰਪਿੰਦਰ ਸਿੰਘ ਗੁਰਦਾਸਪੁਰ,ਰਵਿੰਦਰ ਸਿੰਘ ਹੁਸ਼ਿਆਰਪੁਰ , ਦਵਿੰਦਰ ਸਿੰਘ ਫਿਰੋਜ਼ਪੁਰ,ਰਮਨ ਕੁਮਾਰ ਜਲੰਧਰ, ਗਗਨਪ੍ਰੀਤ ਸਿੰਘ ਅੰਮ੍ਰਿਤਸਰ, ਰਕੇਸ਼ ਸਿੰਘ ਮੋਗਾ, ਰੋਬਿਨ ਸ਼ਰਮਾ ਮਲੇਰਕੋਟਲਾ, ਅਮਨਦੀਪ ਪਠਾਨਕੋਟ ਈਸ਼ਰ ਸਿੰਘ ਬਠਿੰਡਾ,ਪ੍ਰਦੀਪ ਕੁਮਾਰ ਬਰਨਾਲਾ,ਸੀਤਲ ਸਿੰਘ ਤਰਨਤਾਰਨ, ਹਰਮਨਦੀਪ ਕੌਰ ਪਟਿਆਲਾ,ਹਰ ਰਾਏ ਕੁਮਾਰ ਲੁਧਿਆਣਾ, ਹਰਵੀਰ ਸਿੰਘ ਫ਼ਤਿਹਗੜ੍ਹ ਸਾਹਿਬ, ਗੁਰਪ੍ਰੀਤ ਸਿੰਘ ਮੋਹਾਲੀ, ਅਤੇ ਸਾਥੀ ਹਾਜ਼ਰ ਹੋਏ।ਇਸ ਤੋਂ ਇਲਾਵਾ ਭਰਾਤਰੀ ਜਥੇਬੰਦੀ ਡੀ.ਟੀ.ਐਫ ਤੋਂ ਦਿਗਵਿਜੈਪਾਲ ਸ਼ਰਮਾ, ਗੁਰਪਿਆਰ ਸਿੰਘ ਕੋਟਲੀ ਅਤੇ ਸੁਰਜੀਤ ਸਿੰਘ ਈ.ਟੀ.ਟੀ ਵੀ ਸ਼ਾਮਲ ਹੋਏ।

## ਜਨਮ ਦਿਨ ਮੁਬਾਰਕ



ਹਰਜੀਤ ਸਿੰਘ
ਪ੍ਰੀਤ ਇਨਕਲੇਵ, ਲੱਧੇਵਾਲੀ

## ਸ਼ਹਿਨਾਈਆਂ



ਕਵਿਤਾ ਜੰਡੂਸਿੰਘਾ ਤੇ ਖੁਸ਼ਹਾਲ ਸਾਹਨੇਵਾਲ ਵਿਆਹ ਬੰਧਨ 'ਚ ਬੱਝੇ।



ਰਵਿੰਦਰ ਕੁਮਾਰ ਤੇ ਸੁਨੀਤਾ ਵਾਸੀ ਜੰਡੂਸਿੰਘ ਨੇ ਵਿਆਹ ਦੀ ਸਿਲਵਰ ਜੁਬਲੀ ਮਨਾਈ।

# ਸਿੱਖਿਆ ਤੇ ਵਿੱਤ ਵਿਭਾਗਾਂ ਦੀਆਂ ਕੋਝੀਆਂ ਚਾਲਾਂ ਵਿਰੁੱਧ ਦਿੱਤਾ ਧਰਨਾ




**ਜਲੰਧਰ (ਸ਼ੈਲੀ ਐਲਬਰਟ)**

'ਨਿਆਂ ਲਈ ਕਲਮ ਵੀ ਚੁੱਪ ਹੋ ਸਕਦੀ ਹੈ' ਦਾ ਨਾਅਰਾ ਦੇ ਕੇ ਸਿੱਖਿਆ ਵਿਭਾਗ ਦੇ ਦਫ਼ਤਰੀ ਕਾਮਿਆਂ ਨੇ ਆਪਣੇ ਨਾਲ ਹੋ ਰਹੇ ਧੱਕੇ ਵਿਰੁੱਧ ਵਿਭਾਗ ਦਾ ਮੁਕੰਮਲ ਕੰਮ ਠੱਪ ਕਰ ਦਿੱਤਾ। ਮੁਲਾਜ਼ਮ ਅਣਮਿੱਥੇ ਸਮੇਂ ਲਈ ਹੜਤਾਲ ਤੇ ਚਲੇ ਗਏ ਹਨ। ਮੁਲਾਜ਼ਮ ਆਗੂਆਂ ਦਾ ਕਹਿਣਾ ਹੈ ਕਿ ਸਿੱਖਿਆ ਵਿਭਾਗ ਅਤੇ ਵਿੱਤ ਵਿਭਾਗ ਦੀਆਂ ਕੋਝੀਆ ਚਾਲਾਂ ਵਿਰੁੱਧ ਅਤੇ ਭਗਵੰਤ ਮਾਨ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਦੀਆ ਮੰਗਾਂ ਮੰਨਣ ਦੇ ਬਾਵਜੂਦ ਲਾਗੂ ਨਾ ਹੋਣ 'ਤੇ ਮੁਲਾਜ਼ਮਾਂ ਦਾ ਸਰਕਾਰ ਖਿਲਾਫ ਰੋਸ ਸਿਖਰ 'ਤੇ ਪੁੱਜ ਗਿਆ ਹੈ। ਸਿੱਖਿਆ ਵਿਭਾਗ ਅਤੇ ਵਿੱਤ ਵਿਭਾਗ ਵੱਲੋਂ ਦਫਤਰੀ ਕਾਮਿਆਂ ਨੂੰ ਰੈਗੂਲਰ ਤਨਖਾਹ ਅਨਾਮਲੀ ਅਤੇ ਮਿਡ ਡੇ ਮੀਲ ਮੁਲਾਜ਼ਮਾਂ ਦੀ ਤਨਖਾਹ ਵਾਧੇ 'ਤੇ ਪਿਛਲੇ ਇਕ ਸਾਲ ਤੋਂ ਟਾਲ ਮਟੋਲ ਦੀ ਨੀਤੀ ਅਪਨਾਈ ਜਾ ਰਹੀ ਹੈ ਪਰ ਉਥੇ ਹੀ ਆਪਣੇ ਕੁਝ ਚਹੇਤਿਆਂ ਨੂੰ ਗੱਫੇ ਦੇਣ ਦੀ ਸੂਚਨਾ ਮਿਲਦੇ ਹੀ ਦਫਤਰੀ ਮੁਲਾਜ਼ਮਾਂ ਦਾ ਰੋਹ ਵੱਧ ਗਿਆ। ਮੁਲਾਜ਼ਮਾਂ ਵੱਲੋਂ ਜ਼ਿਲ੍ਹਾ ਦਫ਼ਤਰ ਵਿਖੇ ਇਕੱਠ ਕਰਕੇ ਸਰਕਾਰ ਅਤੇ ਵਿਭਾਗ ਵਿਰੁੱਧ ਜੰਮ ਕੇ ਨਾਅਰੇਬਾਜੀ ਕੀਤੀ ਅਤੇ ਕੱਲ੍ਹ 5 ਦਸੰਬਰ ਨੂੰ ਸਮੂਹ ਮੁਲਾਜ਼ਮ ਡੀ.ਜੀ.ਐਸ ਈ ਦਫਤਰ ਦਾ ਘਿਰਾਉ ਕਰਨ ਦੇ ਨਾਲ ਨਾਲ ਚੰਡੀਗੜ੍ਹ ਮੁੱਖ ਮੰਤਰੀ ਨਿਵਾਸ ਜਾ ਫਿਰ ਆਮ ਆਦਮੀ ਪਾਰਟੀ ਦੇ ਮੁੱਖ ਦਫਤਰ ਵੱਲ ਕੂਚ ਕਰਨਗੇ। ਸਰਵ ਸਿੱਖਿਆ ਅਭਿਆਨ ਮਿਡ ਡੇ ਮੀਲ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਸ਼ੋਭਿਤ ਭਗਤ, ਗਗਨਦੀਪ ਸ਼ਰਮਾ, ਗਗਨ ਸਿਆਲ, ਰਾਜੀਵ ਸ਼ਰਮਾ, ਮਨਜੀਤ ਸਿੰਘ ਨੇ ਕਿਹਾ ਕਿ ਸੂਬੇ ਦੀ ਅਫਸਰਸ਼ਾਹੀ ਸਰਕਾਰ ਦੇ ਮੰਤਰੀਆਂ ਨੂੰ ਟਿੱਚ ਜਾਣਦੀ ਹੈ ਅਤੇ 14 ਮਾਰਚ 2024 ਨੂੰ ਕੈਬਿਨਟ ਸਬ ਕਮੇਟੀ ਦੀ ਮੀਟਿੰਗ ਵਿਚ ਮਸਲਾ ਹੱਲ ਹੋਣ ਦੇ ਬਾਵਜੂਦ ਮੁਲਾਜ਼ਮਾਂ ਨੂੰ ਫਾਈਲਾਂ ਦੀਆਂ ਘੁੰਮਣਘੇਰੀਆਂ ਵਿਚ ਪਾਇਆ ਹੋਇਆ ਹੈ।

# ਸੁਖਬੀਰ ਬਾਦਲ 'ਤੇ ਹਮਲਾ ਮੰਦਭਾਗਾ ਤੇ ਨਿੰਦਣਯੋਗ : ਖਲਵਾੜਾ, ਜੰਡੂ

**ਫਗਵਾੜਾ ( ਡਾ. ਰਮਨ)**–ਸ਼੍ਰੋਮਣੀ ਅਕਾਲੀ ਦਲ (ਬ) ਐਸ.ਸੀ./ਬੀ.ਸੀ. ਵਿੰਗ ਤਾਲਮੇਲ ਕਮੇਟੀ ਦੇ ਪ੍ਰਧਾਨ ਜਥੇਦਾਰ ਸਰੂਪ ਸਿੰਘ ਖਲਵਾੜਾ ਅਤੇ ਸਕੱਤਰ ਪਰਮਿੰਦਰ ਸਿੰਘ ਜੰਡੂ ਨੇ ਦਰਬਾਰ ਸਾਹਿਬ ਸ਼੍ਰੀ ਅੰਮ੍ਰਿਤਸਰ ਵਿਖੇ ਸ਼੍ਰੋਮਣੀ ਅਕਾਲੀ ਦੇ ਆਗੂ ਸੁਖਬੀਰ ਸਿੰਘ ਬਾਦਲ 'ਤੇ ਹੋਏ ਕਾਤਲਾਨਾ ਹਮਲੇ ਨੂੰ ਮੰਦਭਾਗੀ ਅਤੇ ਨਿੰਦਣਯੋਗ ਘਟਨਾ ਦੱਸਦਿਆਂ ਸਖ਼ਤ ਨਿਖੇਧੀ ਕੀਤੀ। ਉਹਨਾਂ ਕਿਹਾ ਕਿ ਦਰਬਾਰ ਸਾਹਿਬ ਵਿਖੇ ਅਜਿਹੀ ਘਟਨਾ ਦਾ ਹੋਣਾ ਹੋਰ ਵੀ ਮੰਦਭਾਗੀ ਗੱਲ ਹੈ। ਉਹਨਾਂ ਸਿੱਧੇ ਤੌਰ 'ਤੇ ਪੰਜਾਬ ਦੀ ਕਾਨੂੰਨੀ ਵਿਵਸਥਾ ਨੂੰ ਲੈ ਕੇ ਸਵਾਲ ਖੜੇ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਲਾਅ ਐਂਡ ਆਰਡਰ ਦੇ ਮਾਮਲੇ ਵਿਚ ਬਿਲਕੁਲ ਵੀ ਗੰਭੀਰ ਨਹੀਂ ਹੈ। ਇਸ ਦੇ ਨਾਲ ਹੀ ਉਹਨਾਂ ਨੇ ਕੇਂਦਰ ਦੀਆਂ ਖੁਫੀਆ ਏਜੰਸੀਆਂ 'ਤੇ ਵੀ ਕਈ ਤਰ੍ਹਾਂ ਦੇ ਸਵਾਲ ਖੜੇ ਕੀਤੇ ਅਤੇ ਕਿਹਾ ਕਿ ਜੇਕਰ ਹਮਲਾਵਰ ਇਕ ਦਿਨ ਪਹਿਲਾਂ ਤੋਂ ਹੀ ਸ਼ੱਕੀ ਹਾਲਤ ਵਿਚ ਉੱਥੇ ਘੁੰਮ ਰਿਹਾ ਸੀ ਤਾਂ ਉਸਨੂੰ ਗ੍ਰਿਫਤਾਰ ਕਿਉਂ ਨਹੀਂ ਕੀਤਾ ਗਿਆ।ਆਖਿਰ ਉਹ ਕਿਹੜੀਆਂ ਤਾਕਤਾਂ ਹਨ ਜੋ ਸੁਖਬੀਰ ਬਾਦਲ ਦੀ ਜਾਨ ਦੀਆਂ ਦੁਸ਼ਮਣ ਹਨ। ਉਹਨਾਂ ਦਾ ਕਤਲ ਕਰਕੇ ਆਖਿਰ ਕਿਸ ਦੇ ਮਨਸੂਬੇ ਪੂਰੇ ਹੋਣਗੇ, ਇਸ ਗੱਲ ਦੀ ਡੂੰਘਾਈ ਨਾਲ ਘੋਖ ਕੀਤੀ ਜਾਣੀ ਜ਼ਰੂਰੀ ਹੈ। ਜਥੇਦਾਰ ਸਰੂਪ ਸਿੰਘ ਖਲਵਾੜਾ ਨੇ ਕਿਹਾ ਕਿ ਸੁਖਬੀਰ ਬਾਦਲ ਇਕ ਨਿਮਾਣੇ ਸਿੱਖ ਦੀ ਤਰ੍ਹਾਂ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਦੀ ਪਾਲਣਾ ਕਰਦੇ ਹੋਏ ਸਾਥੀ ਅਕਾਲੀ ਆਗੂਆਂ ਸਮੇਤ ਸਜਾ ਕੱਟ ਰਹੇ ਹਨ। ਉਹਨਾਂ ਨੂੰ ਲੱਗੀ ਸੇਵਾ ਗੁਰੂ ਸਾਹਿਬਾਨ ਵਲੋਂ ਸਥਾਪਤ ਸਰਵਉੱਚ ਤਖ਼ਤ ਦੇ ਸਿੰਘ ਸਾਹਿਬਾਨ ਵਲੋਂ ਤੈਅ ਕੀਤੀ ਗਈ ਹੈ। ਇਸ ਲਈ ਜਿਸ ਨੇ ਵੀ ਸੁਖਬੀਰ ਬਾਦਲ ਤੇ ਹਮਲਾ ਕਰਕੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਨੂੰ ਚੁਣੌਤੀ ਦੇਣ ਦੀ ਕੋਸ਼ਿਸ਼ ਕੀਤੀ ਹੈ, ਉਸਨੂੰ ਸਖ਼ਤ ਸਜਾ ਮਿਲਣੀ ਚਾਹੀਦੀ ਹੈ।

# ਇਨੋਸੈਂਟ ਹਾਰਟਸ ਸਕੂਲ ਦਾ ਤੀਸਰੀ ਅੰਤਰਰਾਸ਼ਟਰੀ ਕਰਾਟੇ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ ( ਸ਼ੈਲੀ ਐਲਬਰਟ)**

ਪਿਛਲੇ ਦਿਨੀ ਬਟਾਲਾ ਵਿੱਚ 17ਵੀਂ ਇੰਡੋ-ਨੇਪਾਲ ਕਰੋਟੇ ਚੈਂਪਿਅਨਸ਼ਿਪ ਵਿੱਚ ਆਯੋਜਿਤ ਕੀਤੀ ਗਈ, ਜਿਸ ਵਿੱਚ ਇੰਨੋਸੈਂਟ ਹਾਰਟ ਸਕੂਲ, ਲੋਹਾਰਾਂ ਅਤੇ ਕੈਂਟ ਜੰਡਿਆਲਾ ਰੋਡ ਦੇ ਵਿਦਿਆਰਥੀਆਂ ਨੇ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ । ਲੋਹਾਰਾਂ ਤੋਂ ਅਭਿਜੀਤ ਸਿੰਘ ਅਤੇ ਸੁਖਮਣੀ ਨੇ ਆਪਣੇ-ਆਪਣੇ ਵਰਗ ਵਿੱਚ ਵਧੀਆ ਹੁਨਰ ਅਤੇ ਤਕਨੀਕ ਦਾ ਪ੍ਰਦਰਸ਼ਨ ਕਰਕੇ ਸੋਨੇ ਦਾ ਤਗਮਾ ਜਿੱਤਿਆ, ਜਦਕਿ ਭਾਵਿਕਾ ਬਬਰ ਅਤੇ ਐਂਜਲ ਚਹਲ ਨੇ ਚਾਂਦੀ ਦਾ ਤਗਮਾ ਜਿੱਤਿਆ। ਕੈਂਟ ਜੰਡਿਆਲਾ ਰੋਡ ਦੇ ਵਿਦਿਆਰਥੀ ਪ੍ਰਥਮ ਸੂਦ ਨੇ ਸੋਨੇ ਦਾ ਅਤੇ ਜਯੇਸ਼ ਨੇ ਚਾਂਦੀ ਦਾ ਤਗਮਾ ਪ੍ਰਾਪਤ ਕੀਤਾ। ਵਿਦਿਆਰਥੀਆਂ ਨੇ ਨਵਾਂਸ਼ਹਿਰ ਵਿੱਚ



ਆਯੋਜਿਤ ਤੀਸਰੀ ਸਾਲਾਨਾ ਕਰਾਟੇ ਚੈਂਪਿਅਨਸ਼ਿਪ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ।ਇਸ ਮੁਕਾਬਲੇ ਵਿੱਚ 4 ਦੇਸ਼ਾਂ-ਭਾਰਤ, ਭੂਟਾਨ, ਸ਼੍ਰੀਲੰਕਾ ਅਤੇ ਨੇਪਾਲ ਦੇ ਚੋਟੀ ਦੇ ਕਰਾਟੇ ਖਿਡਾਰੀਆਂ ਨੇ ਭਾਗ ਲਿਆ। ਅਭਿਜੀਤ ਸਿੰਘ ਨੇ ਸੋਨੇ ਦਾ ਤਗਮਾ ਜਿੱਤਿਆ ਜਦਕਿ ਏ2ਜਲ ਚਹਿਲ ਨੇ ਚਾਂਦੀ ਦਾ ਤਗਮਾ ਪ੍ਰਾਪਤ ਕੀਤਾ। ਹਿਤੇਨ ਗਿੱਲ, ਸੁਖਮਣੀ ਕੌਰ ਅਤੇ ਭਾਵਿਕਾ ਬੱਬਰ ਨੇ ਕਾਂਸੀ ਪਦਕ ਜੀਤੇ।ਕੈਂਟ ਜੰਡਿਆਲਾ ਰੋਡ ਦੇ ਜਯੇਸ਼ ਨੇ ਸੋਨੇ ਦਾ ਅਤੇ ਪ੍ਰਥਮ ਸੂਦ ਨੇ ਕਾਂਸੇ ਦਾ ਪਦਕ ਪ੍ਰਾਪਤ ਕੀਤਾ। ਵਿਦਿਆਰਥੀ ਦੀ ਇਸ ਉਪਲਬਧੀ 'ਤੇ ਇੰਨੋਸੈਂਟ ਹਾਰਟਸ ਦੇ ਚੇਅਰਮੈਨ ਡਾ. ਅਨੂਪ ਬੌਰੀ ਅਤੇ ਸਕੂਲ ਨਿਰਦੇਸ਼ਕ ਸ਼੍ਰੀਮਤੀ ਸ਼ੈਲੀ ਬੌਰੀ ਨੇ ਸਖ਼ਤ ਮਿਹਨਤ ਅਤੇ ਲਗਨ ਲਈ ਉਨ੍ਹਾਂ ਨੂੰ ਵਧਾਈ ਦਿੱਤੀ। ਇਸ ਮੌਕੇ ਪ੍ਰਿੰਸੀਪਲ ਸ਼੍ਰੀਮਤੀ ਸ਼ਾਲੂ ਸਹਿਗਲ ਸ਼੍ਰੀਮਤੀ ਸੋਨਾਲੀ ਮਨੋਚਾ ਅਤੇ ਐੱਚਓਡੀ ਸਪੋਰਟਸ ਜਗਜੀਤ ਸਿੰਘ ਨੇ ਜੇਤੂ ਖਿਡਾਰੀਆਂ ਨੂੰ ਉਨ੍ਹਾਂ ਦੀ ਸਫਲਤਾ 'ਤੇ ਵਧਾਈ ਦਿੱਤੀ ਅਤੇ ਉਤਸ਼ਾਹਿਤ ਕੀਤਾ।

# ਕੈਪਟਨ ਅਮਰਿੰਦਰ ਨੇ ਸੁਖਬੀਰ ਬਾਦਲ 'ਤੇ ਹਮਲੇ ਦੀ ਕੀਤੀ ਨਿੰਦਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਅੰਦਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹੋਏ ਕਾਤਲਾਨਾ ਹਮਲੇ ਦੀ ਨਿਖੇਧੀ ਕੀਤੀ ਹੈ।ਇੱਕ ਬਿਆਨ ਵਿੱਚ, ਕੈਪਟਨ ਅਮਰਿੰਦਰ ਨੇ ਰਾਹਤ ਜ਼ਾਹਰ ਕੀਤੀ ਕਿ ਬਾਦਲ ਸੁਰੱਖਿਅਤ ਹਨ ਅਤੇ ਉਨ੍ਹਾਂ ਨੂੰ ਗੋਲੀ ਨਹੀਂ ਲੱਗੀ ਅਤੇ ਨਾ ਹੀ ਕੋਈ ਨੁਕਸਾਨ ਹੋਇਆ।ਉਨ੍ਹਾਂ ਨੇ ਮੌਕੇ 'ਤੇ ਮੌਜੂਦ ਵਿਅਕਤੀ ਦੀ ਸ਼ਲਾਘਾ ਕੀਤੀ ਜਿਸ ਨੇ ਹਮਲਾਵਰ ਨੂੰ ਕਾਬੂ ਕਰ ਲਿਆ ਅਤੇ ਉਸਦੀ ਬਾਂਹ ਵੀ ਮੋੜ ਦਿੱਤੀ, ਜਿਸ ਕਾਰਨ ਗੋਲੀ ਬਾਦਲ ਨੂੰ ਲੱਗਣ ਤੋਂ ਰੋਕੀ ਗਈ।ਸਾਬਕਾ ਮੁੱਖ ਮੰਤਰੀ ਨੇ ਕਿਹਾ, ਬਾਦਲ ਨੇ ਅਕਾਲ ਤਖਤ ਤੋਂ ਭੁੱਲਾਂ ਬਖਸ਼ਾਈਆਂ ਸਨ ਅਤੇ ਉਸ ਨੂੰ ਸੁਣਾਈ ਗਈ ਤਨਖ਼ਾਹ ਹਰਿਮੰਦਰ ਸਾਹਿਬ ਕੰਪਲੈਕਸ ਦੇ ਅੰਦਰ ਹੀ ਭੁਗਤ ਰਹੇ ਸਨ। ਉਨ੍ਹਾਂ ਕਿਹਾ ਕਿ ਅਕਾਲੀ ਆਗੂ 'ਤੇ ਹਮਲਾ ਕਰਨ ਵਾਲਿਆਂ ਨੇ ਸਿੱਖ ਮਰਿਆਦਾ ਦੀ ਉਲੰਘਣਾ ਕੀਤੀ ਹੈ।ਕੈਪਟਨ ਅਮਰਿੰਦਰ ਨੇ ਕਿਹਾ ਕਿ ਪੰਜਾਬ ਨੇ ਪਹਿਲਾਂ ਹੀ 1980 ਅਤੇ 1990 ਦੇ ਦਹਾਕੇ ਦੌਰਾਨ ਬਹੁਤ ਨੁਕਸਾਨ ਝੱਲਿਆ ਹੈ ਅਤੇ ਇਹ ਇੱਕ ਹੋਰ ਕਾਲੇ ਦੌਰ ਨੂੰ ਬਰਦਾਸ਼ਤ ਨਹੀਂ ਕਰ ਸਕਦਾ। ਉਨ੍ਹਾਂ ਲੋਕਾਂ ਨੂੰ ਉਨ੍ਹਾਂ ਤਾਕਤਾਂ ਤੋਂ ਸੁਚੇਤ ਰਹਿਣ ਦਾ ਸੱਦਾ ਦਿੱਤਾ, ਜੋ ਪੰਜਾਬ ਦੀ ਸ਼ਾਂਤੀ ਨੂੰ ਭੰਗ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ।

# ਬਾਬਾ ਸੁੱਚਾ ਸਿੰਘ ਨੈਕੀ ਵਾਲਿਆਂ ਦੀ ਬਰਸੀ ਮੌਕੇ ਗੁਰਮਤਿ ਸਮਾਗਮ ਅੱਜ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )**

ਪਿੰਡ ਰਾਮਪੁਰ ਅਟਾਰੀ ਵਿਖੇ ਗੁਰਦੁਆਰਾ ਨਵੀਂ ਨਿਰਮਲ ਕੁਟੀਆ ਪਿੰਡ ਅਟਾਰੀ, ਰਾਮਪੁਰ, ਗੋਬਿੰਦਪੁਰ ਵਿਖੇ ਸੱਚਖੰਡ ਵਾਸੀ ਸੰਤ ਬਾਬਾ ਸੁੱਚਾ ਸਿੰਘ ਨੈਕੀ ਵਾਲਿਆਂ ਦੀ ਸਾਲਾਨਾ 9ਵੀਂ ਬਰਸੀ ਮੌਕੇ 05 ਦਸੰਬਰ ਨੂੰ ਗੁਰਮਤਿ ਸਮਾਗਮ ਡੇਰੇ ਦੇ ਸੇਵਾਦਾਰ ਸੰਤ ਬਾਬਾ ਜੋਗਿੰਦਰ ਸਿੰਘ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਹਨ। ਸੇਵਾਦਾਰ ਭਾਈ ਹਰਜਿੰਦਰ ਸਿੰਘ ਨੇ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ 05 ਦਸੰਬਰ ਨੂੰ ਪਾਏ ਜਾਣਗੇ। ਇਸ ਮੌਕੇ ਭਾਈ ਸੁਖਦੇਵ ਸਿੰਘ ਨਡਾਲੋ, ਭਾਈ ਪਲਵਿੰਦਰ ਸਿੰਘ ਪੰਥ ਪ੍ਰਸਿੱਧ ਕਥਾ ਵਾਚਕ ਗੁਰਦੁਆਰਾ ਚਰਨ ਕਮਲ ਸਾਹਿਬ ਬੰਗਾ, ਭਾਈ ਕੁਲਵਿੰਦਰ ਸਿੰਘ ਕੰਗਮਾਈ ਗੁਰਦੁਆਰਾ ਨਾਨਕਸਰ ਸਾਹਿਬ ਹਕੀਮਪੁਰ, ਸ਼੍ਰੀ ਗੁਰੂ ਗ੍ਰੰਥ ਸਾਹਿਬ ਸਟੱਡੀ ਸਰਕਲ ਪੰਡੋਰਾ ਦੇ ਵਿਦਿਆਰਥੀ, ਹਰੀ ਸੰਗੀਤ ਵਿਦਿਆਲਾ ਦੇ ਵਿਦਿਆਰਥੀ ਆਦਿ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

# ਨੈਸ਼ਨਲ ਸਟ ਸਰਵੇਲੈਂਸ ਸਿਸਟਮ ਸੰਬੰਧੀ ਟ੍ਰੇਨਿੰਗ ਪ੍ਰੋਗਰਾਮ




**ਮੋਹਾਲੀ, (ਗੁਰਜੀਤ ਬਿੱਲਾ)**

ਮੁੱਖ ਖੇਤੀਬਾੜੀ ਅਫਸਰ ਐੱਸ ਏ ਐੱਸ ਨਗਰ ਡਾ. ਗੁਰਮੇਲ ਸਿੰਘ ਦੀ ਅਗਵਾਈ ਹੇਠ ਵੱਖ-ਵੱਖ ਫ਼ਸਲਾ 'ਤੇ ਹਮਲਾ ਕਰਨ ਵਾਲੇ ਕੀੜਿਆਂ ਤੇ ਬਿਮਾਰੀਆਂ ਦੀ ਸੁਚੱਜੀ ਰੋਕਥਾਮ ਲਈ ਸਰਕਾਰ ਵੱਲੋਂ ਤਿਆਰ ਕੀਤੇ ਵਟਸਐਪ ਐਪ ਨੈਸ਼ਨਲ ਸਟ ਸਰਵੇਲੈਂਸ ਸਿਸਟਮ ਸੰਬੰਧੀ ਜ਼ਿਲ੍ਹੇ ਦੇ ਅਗਾਹਵਧੂ ਕਿਸਾਨਾਂ ਅਤੇ ਵਿਭਾਗ ਦੇ ਅਧਿਕਾਰੀਆਂ/ ਕਰਮਚਾਰੀਆਂ ਦੀ ਹਾਜ਼ਰੀ 'ਚ ਟ੍ਰੇਨਿੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਟ੍ਰੇਨਿੰਗ ਵਿੱਚ ਸੈਂਟਰਲ ਇੰਟਾਗਰੇਟਿਡ ਪੈਸਟ ਮੈਨੇਜਮੈਂਟ ਸੈਂਟਰ ਜਲੰਧਰ ਦੇ ਪਲਾਂਟ ਪ੍ਰੋਟੈਕਸ਼ਨ ਅਫਸਰ ਚੇਤਨ ਅਤੇ ਚੰਦਰ ਭਾਨ ਤੋਂ ਇਲਾਵਾ ਰਾਜਭਰ ਸਿੰਘ ਐੱਸ ਏ ਨੇ ਐਪ ਦੀ ਵਰਤੋਂ ਸੰਬੰਧੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਦੱਸਿਆ ਕਿ ਇਸ ਐਪ ਦੀ ਵਰਤੋਂ ਨਾਲ ਕਿਸਾਨ ਭਰਾ ਫ਼ਸਲਾਂ ਤੇ ਕੀੜਿਆਂ ਅਤੇ ਬਿਮਾਰੀਆਂ ਦੀ ਆਪਣੇ ਮੋਬਾਇਲ ਰਾਹੀਂ ਫੋਟੋ ਲੈ ਕੇ ਪਹਿਚਾਣ ਅਤੇ ਰੋਕਥਾਮ ਕਰ ਸਕਦੇ ਹਨ। ਉਨ੍ਹਾਂ ਨੇ ਕਣਕ ਦੀ ਫ਼ਸਲ ਤੇ ਗੁਲਾਬੀ ਸੁੰਡੀ ਦੇ ਹਮਲੇ ਬਾਰੇ ਵੀ ਵਿਚਾਰ ਸਾਂਝੇ ਕਰਦੇ ਹੋਏ ਦੱਸਿਆ ਕਿ ਇਸ ਸੁੰਡੀ ਦਾ ਹਮਲਾ ਮਾਨਸਾ, ਫਿਰੋਜਪੁਰ, ਮੋਗਾ ਅਤੇ ਸੰਗਰੂਰ ਜ਼ਿਲ੍ਹਿਆਂ ਵਿੱਚ ਵਧੇਰੇ ਵੇਖਣ ਨੂੰ ਮਿਲਿਆ ਹੈ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਉਨ੍ਹਾਂ ਦੀਆਂ ਫ਼ਸਲਾਂ ਤੇ ਆਉਣ ਵਾਲੀਆਂ ਬਿਮਾਰੀਆ ਅਤੇ ਕੀੜਿਆਂ ਦੀ ਸਮੇਂ ਸਿਰ ਸੁਚੱਜੀ ਰੋਕਥਾਮ ਲਈ ਇਸ ਐਪ ਦੀ ਵੱਧ ਵੱਧ ਵਰਤੋਂ ਕਰਨ ਲਈ ਅਪੀਲ ਕੀਤੀ। ਇਸ ਮੌਕੇ ਡਾ. ਸੰਦੀਪ ਬਹਿਲ, ਖੇਤੀਬਾੜੀ ਅਫਸਰ ਡੇਰਾਬਸੀ, ਡਾ. ਗੁਰਦਿਆਲ ਕੁਮਾਰ ਏ.ਡੀ.ਓ. (ਟੀ.ਏ.), ਡਾ. ਦਾਨਿਸ਼ ਕੁਮਾਰ ਏ ਡੀ ਓ, ਡਾ. ਮਨਦੀਪ ਕੌਰ ਏ ਡੀ ਓ, ਡਾ. ਜਸਵਿੰਦਰ ਸਿੰਘ ਏ ਡੀ ਓ, ਸੁੱਚਾ ਸਿੰਘ ਏ ਈ ਓ, ਰੁਪਿੰਦਰ ਕੌਰ, ਅੰਮ੍ਰਿਤਪਾਲ ਸਿੰਘ ਏ ਐੱਸ ਆਈ ਜਗਦੀਪ ਸਿੰਘ ਬੀ ਟੀ ਐਮ (ਆਤਮਾ) ਅਤੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਤੋਂ ਅਗਾਂਹਵਧੂ ਕਿਸਾਨਾਂ ਨੇ ਭਾਗ ਲਿਆ।

# ਅਧਿਆਪਕਾਂ 'ਤੇ ਲਾਠੀਚਾਰਜ ਦੀ ਕਰੀਮਪੁਰੀ ਵੱਲੋਂ ਨਿੰਦਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੁਖਬੀਰ ਸਿੰਘ ਬਾਦਲ ਤੇ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਹੋਏ ਜਾਨਲੇਵਾ ਹਮਲੇ ਦੀ ਬਹੁਜਨ ਸਮਾਜ ਪਾਰਟੀ ਵੱਲੋਂ ਨਿੰਦਾ ਕੀਤੀ ਜਾਂਦੀ ਹੈ ਅਤੇ ਕਿਹਾ ਕਿ ਅਸੀਂ ਮਹਿਸੂਸ ਕਰਦੇ ਹਾਂ ਕਿ ਪੰਜਾਬ ਦੀ ਸਰਕਾਰ ਅਮਨ ਕਾਨੂੰਨ ਕਾਇਮ ਰੱਖਣ 'ਚ ਪੂਰੀ ਤਰਾਂ ਫੇਲ ਹੋਈ ਹੈ। ਇਸ ਕਰਕੇ ਨਾ ਇਥੇ ਜਨਤਾ ਸੁਰੱਖਿਅਤ ਹੈ ਨਾ ਕੋਈ ਨੇਤਾ ਸੁਰੱਖਿਅਤ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਨੇ ਕਿਹਾ ਕਿ ਸਰਕਾਰ ਨੂੰ ਇਸ ਤਰਫ ਧਿਆਨ ਦੇਣਾ ਚਾਹੀਦਾ ਹੈ ਤਾਂ ਕਿ ਜੋ ਅਪਰਾਧੀਆਂ ਦੇ ਇੰਨੇ ਹੌਸਲੇ ਬੁਲੰਦ ਹੋਏ ਉਹਨਾਂ ਦੀ ਲਗਾਮ ਕੱਸੀ ਜਾ ਸਕੇ। ਇਕ ਹੋਰ ਬਿਆਨ ਰਾਹੀਂ ਡਾ. ਕਰੀਮਪੁਰੀ ਨੇ ਆਪਣੀ ਨੌਕਰੀ ਦੀ ਜੁਆਈਨਿੰਗ ਲਈ ਰੋਸ ਪ੍ਰਦਰਸ਼ਨ ਕਰ ਰਹੇ ਈ.ਟੀ.ਟੀ ਅਧਿਆਪਕਾਂ ਤੇ ਪੁਲਸ ਵਲੋਂ ਅੱਥਰੂ ਗੈਸ ਛੱਡੇ ਜਾਣ ਅਤੇ ਲਾਠੀਚਾਰਜ ਦੀ ਸਖਤ ਆਲੋਚਨਾ ਕਰਦਿਆਂ ਕਿਹਾ ਕਿ ਸਰਕਾਰ ਲੋਕਾਂ ਦੀ ਅਵਾਜ ਨੂੰ ਡੰਡੇ ਨਾਲ ਦਵਾਉਣਾ ਚਾਹੁੰਦੀ ਹੈ ਜੋ ਕਿ ਸੰਵਿਧਾਨਕ ਹੱਕਾਂ ਦੀ ਉਲੰਘਣਾ ਹੈ।

# ਅੰਤਰਰਾਸ਼ਟਰੀ ਫਲਾਈਟਾਂ ਆਰੰਭ ਕਰਵਾਈਆਂ : ਸੁਹਾਣਾ

**ਮੋਹਾਲੀ (ਗੁਰਜੀਤ ਬਿੱਲਾ)**–ਸ਼੍ਰੋਮਣੀ ਅਕਾਲੀ ਦਲ ਹਲਕਾ ਮੋਹਾਲੀ ਦੇ ਮੁੱਖ ਸੇਵਾਦਾਰ ਪਰਵਿੰਦਰ ਸਿੰਘ ਸੁਹਾਣਾ ਨੇ ਮੋਹਾਲੀ ਦੇ ਅੰਤਰਰਾਸ਼ਟਰੀ ਹਵਾਈ ਅੱਡੇ ਉੱਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਸ਼ਹੀਦੇ ਆਜ਼ਮ ਭਗਤ ਸਿੰਘ ਦੇ ਬੁੱਤ ਦਾ ਉਦਘਾਟਨ ਕੀਤੇ ਜਾਣ ਦੀ ਸ਼ਲਾਘਾ ਕੀਤੀ ਹੈ ਪਰ ਨਾਲ ਹੀ ਉਹਨਾਂ ਇਹ ਵੀ ਕਿਹਾ ਹੈ ਕਿ ਇਸ ਨਾਲ ਅੰਤਰਰਾਸ਼ਟਰੀ ਹਵਾਈ ਅੱਡੇ ਦਾ ਮੰਤਵ ਪੂਰਾ ਨਹੀਂ ਹੁੰਦਾ, ਇਸ ਹਵਾਈ ਅੱਡੇ ਤੋਂ ਅੰਤਰਰਾਸ਼ਟਰੀ ਫਲਾਈਟਾਂ ਆਰੰਭ ਕਰਵਾਈਆਂ ਜਾਣ।ਉਹਨਾਂ ਕਿਹਾ ਕਿ ਇਸ ਅੰਤਰਰਾਸ਼ਟਰੀ ਹਵਾਈ ਅੱਡੇ ਵਾਸਤੇ ਮੋਹਾਲੀ ਹਲਕੇ ਦੇ ਕਿਸਾਨਾਂ ਦੀ ਜ਼ਮੀਨ ਅਕਵਾਇਰ ਕੀਤੀ ਗਈ ਅਤੇ ਪੰਜਾਬ ਦੇ ਲੋਕਾਂ ਨੂੰ ਬਹੁਤ ਚਾਅ ਸੀ ਕਿ ਹੁਣ ਇਥੋਂ ਹੀ ਅੰਤਰਰਾਸ਼ਟਰੀ ਫਲਾਈਟਾਂ ਸ਼ੁਰੂ ਹੋ ਜਾਣਗੀਆਂ ਅਤੇ ਉਹਨਾਂ ਨੂੰ ਦਿੱਲੀ ਦਾ ਲੰਮਾ ਪੈਂਡਾ ਤੈਅ ਨਹੀਂ ਕਰਨਾ ਪਵੇਗਾ ਜਿਸ ਵਾਸਤੇ ਵਾਧੂ ਦੇ ਪੈਸੇ ਅਤੇ ਸਮਾਂ ਦੋਵੇਂ ਬਰਬਾਦ ਹੁੰਦੇ ਹਨ।ਉਹਨਾਂ ਕਿਹਾ ਕਿ ਕੇਂਦਰ ਸਰਕਾਰ ਨੇ ਜਾਣ ਬੁੱਝ ਕੇ ਇਥੋਂ ਅੰਤਰਰਾਸ਼ਟਰੀ ਫਲਾਈਟਾਂ ਆਰੰਭ ਨਹੀਂ ਹੋਣ ਦਿੱਤੀਆਂ। ਉਹਨਾਂ ਕਿਹਾ ਕਿ ਮੁੱਖ ਮੰਤਰੀ ਕੇਂਦਰ ਸਰਕਾਰ ਉੱਤੇ ਦਬਾਅ ਬਣਾ ਕੇ ਇਥੋਂ ਕਨੇਡਾ, ਅਮਰੀਕਾ, ਆਸਟਰੇਲੀਆ, ਨਿਊਜ਼ੀਲੈਂਡ ਅਤੇ ਯੂਰਪ ਦੀਆਂ ਫਲਾਈਟਾਂ ਆਰੰਭ ਕਰਾਉਣ ਤਾਂ ਜੋ ਪੰਜਾਬ ਹਰਿਆਣਾ ਹਿਮਾਚਲ ਪ੍ਰਦੇਸ਼ ਅਤੇ ਜੰਮੂ ਕਸ਼ਮੀਰ ਦੇ ਪੂਰੇ ਖੇਤਰ ਨੂੰ ਇਸ ਦਾ ਲਾਭ ਮਿਲ ਸਕੇ।

# ਕਾਰਪੋਰੇਸ਼ਨ ਚੋਣਾਂ 'ਚ ਆਜ਼ਾਦ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਅਗਲੀ ਮੀਟਿੰਗ 'ਚ : ਪਲਾਹੀ, ਪ੍ਰਭਾਕਰ



**ਫਗਵਾੜਾ ( ਡਾ. ਰਮਨ)**

ਫਗਵਾੜਾ 'ਚ ਸਰਗਰਮ ਸਾਰੀਆਂ ਸਿਆਸੀ ਧਿਰਾਂ ਨੂੰ ਦਰਕਿਨਾਰ ਕਰਦਿਆਂ ਕਾਰਪੋਰੇਸ਼ਨ ਚੋਣਾਂ 'ਚ ਆਜ਼ਾਦ ਉਮੀਦਵਾਰ ਖੜੇ ਕਰਨ ਦਾ ਫੈਸਲਾ ਕਰ ਚੁੱਕੇ ਸ਼ਹਿਰ ਦੇ ਵੱਖ-ਵੱਖ ਵਾਰਡਾਂ ਦੇ ਪਤਵੰਤਿਆਂ ਦੀ ਦੂਸਰੀ ਮੀਟਿੰਗ ਸਮਾਜ ਸੇਵਕ ਸਤੀਸ਼ ਪ੍ਰਭਾਕਰ ਦੀ ਅਗਵਾਈ ਹੇਠ ਕੀਤੀ ਗਈ। ਜਿਸ ਵਿਚ ਉਮੀਦਵਾਰਾਂ ਦੇ ਨਾਵਾਂ ਬਾਰੇ ਵਿਚਾਰ ਵਟਾਂਦਰਾ ਹੋਇਆ। ਮੀਟਿੰਗ ਉਪਰੰਤ ਗੱਲਬਾਤ ਕਰਦਿਆਂ ਸਤੀਸ਼ ਪ੍ਰਭਾਕਰ ਤੋਂ ਇਲਾਵਾ ਜਤਿੰਦਰ ਸਿੰਘ ਪਲਾਹੀ ਜਸਵਿੰਦਰ ਸਿੰਘ ਘੁੰਮਣ, ਮੋਹਨ ਸਿੰਘ ਸਾਂਈ, ਮਾਸਟਰ ਰਵੇਲ ਸਿੰਘ ਅਤੇ ਪ੍ਰਦੀਪ ਸਿੰਘ ਬਸਰਾ ਨੇ ਦੱਸਿਆ ਕਿ ਆਜਾਦ ਉਮੀਦਵਾਰ ਖੜੇ ਕਰਨ ਨੂੰ ਲੈ ਕੇ ਹਰੇਕ ਵਾਰਡ ਵਿਚੋਂ ਵੋਟਰਾਂ ਦਾ ਭਰਵਾਂ ਹੁੰਗਾਰਾ ਮਿਲਿਆ ਹੈ। ਉਹਨਾਂ ਕਿਹਾ ਕਿ ਕਾਰਪੋਰੇਸ਼ਨ ਚੋਣਾਂ ਵਿਚ ਕਿਸੇ ਪਾਰਟੀ ਦੇ ਚੋਣ ਨਿਸ਼ਾਨ ਦੀ ਕੋਈ ਜਰੂਰਤ ਨਹੀਂ ਹੁੰਦੀ। ਕਿਉਂਕਿ ਵਾਰਡਾਂ ਦੇ ਲੋਕ ਉਸੇ ਉਮੀਦਵਾਰ ਨੂੰ ਵੋਟ ਦੇਣਾਂ ਪਸੰਦ ਕਰਦੇ ਹਨ ਜੋ ਉਹਨਾਂ ਦੇ ਵਿਚਕਾਰ ਹੀ ਵਿਚਰਦਾ ਹੈ ਅਤੇ ਉਹਨਾਂ ਦੀਆਂ ਮੁਸ਼ਕਿਲਾਂ ਨੂੰ ਦੂਰ ਕਰਨ ਲਈ ਸੰਘਰਸ਼ ਦੀ ਸਮਰੱਥਾ ਰੱਖਦਾ ਹੈ। ਇਸ ਲਈ ਮੀਟਿੰਗ ਵਿਚ ਅਜਿਹੇ ਸਾਫ ਸੁਥਰੇ ਅਕਸ ਰੱਖਦੇ ਅਤੇ ਚੋਣ ਲੜਨ ਦੇ ਚਾਹਵਾਨ ਸੰਭਾਵਿਤ ਉਮੀਦਵਾਰਾਂ ਬਾਰੇ ਵਿਚਾਰਾਂ ਕੀਤੀਆਂ ਗਈਆਂ ਹਨ। ਅਗਲੀ ਮੀਟਿੰਗ ਵਿਚ ਕੁੱਝ ਵਾਰਡਾਂ ਤੋਂ ਆਜਾਦ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਵੀ ਕਰ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਸਿਰਫ ਉਹੀ ਉਮੀਦਵਾਰ ਐਲਾਨੇ ਜਾਣਗੇ, ਜਿਹਨਾਂ ਨੂੰ ਉਹਨਾਂ ਦੇ ਵਾਰਡ ਦੇ ਵਸਨੀਕਾਂ ਦਾ ਭਰਪੂਰ ਸਮਰਥਨ ਪ੍ਰਾਪਤ ਹੋਵੇਗਾ।ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਇੰਦਰਜੀਤ ਸਿੰਘ ਬਸਰਾ, ਜਗਮੋਹਨ ਵਰਮਾ, ਜਸਵੀਰ ਸਿੰਘ ਭੁੱਲਾਰਾਈ, ਲਖਵੀਰ ਸਿੰਘ ਹਾਜੀਪੁਰ, ਕਰਨ ਪ੍ਰਭਾਕਰ ਆਦਿ ਹਾਜਰ ਸਨ।

# ਸੂਬਿਆਂ ਦੀ ਸ਼ਿਲਪ ਕਲਾ ਤੇ ਕਲਾਕਾਰਾਂ ਨੇ ਮਹੋਤਸਵ ਦੀ ਫਿਜ਼ਾ 'ਚ ਭਰਿਆ ਇੰਦਰਧਨੁਸ਼ ਦਾ ਰੰਗ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਕੌਮਾਂਤਰੀ ਗੀਤਾ ਮਹੋਤਸਵ ਵਿਚ 15 ਦਸੰਬਰ, 2024 ਤਕ ਚੱਲਣ ਵਾਲੇ ਸਰਸ ਅਤੇ ਕ੍ਰਾਫਟ ਮੇਲੇ ਵਿਚ ਆਉਣ ਵਾਲੇ ਸੈਨਾਨੀਆਂ ਨੂੰ ਇਸ ਵਾਰ ਅਨੋਖੀ ਸ਼ਿਲਪਕਲਾ ਦੇਖਣ ਨੂੰ ਮਿਲ ਰਹੀ ਹੈ ਅਤੇ ਇੱਥੇ ਆਉਣ ਵਾਲੇ ਸਾਰੇ ਸੈਨਾਨੀ ਇੰਨ੍ਹਾਂ ਸਾਰੇ ਸ਼ਿਲਪਕਾਰਾਂ ਦੀ ਸ਼ਿਲਪਕਲਾ ਤੋਂ ਨਿਰਮਾਣਤ ਵਸਤੂਆਂ ਦੀ ਜਮ੍ਹ ਕੇ ਖਰੀਦਦਾਰੀ ਕਰ ਰਹੇ ਹਨ। ਕੌਮਾਂਤਰੀ ਗੀਤਾ ਮਹੋਤਸਵ ਵਿਚ ਬ੍ਰਹਮਸਰੋਵਰ ਦਾ ਤੱਟ ਸ਼ਿਲਪਕਾਰਾਂ ਦੀ ਸ਼ਿਲਪਕਲਾ ਨਾਲ ਸੱਜ ਚੁੱਕਾ ਹੈ ਅਤੇ ਇਸ ਸ਼ਿਲਪਕਲਾ ਨੂੰ ਦੇਖਣ ਵੋ ਦੂਜੇ ਸੂਬਿਆਂ ਦੇ ਸੈਨਾਨੀਆਂ ਦੇ ਨਾਲ-ਨਾਲ ਸਥਾਨਕ ਲੋਕ ਵੀ ਇੰਨ੍ਹਾਂ ਸ਼ਿਲਪਕਲਾ ਨੂੰ ਦੇਖ ਦੇ ਹੈਰਾਨ ਹੋ ਰਹੇ ਹਨ।ਇਸ ਮਹੋਤਸਵ ਵਿਚ ਸ਼ਿਲਪਕਾਰੀ ਦੀ ਹੈਰਾਨ ਕਰ ਦੇਣ ਵਾਲੀ ਸ਼ਿਲਪਕਲਾ ਅਤੇ ਹੱਥ ਦੀ ਕਾਰੀਗਰੀ ਨੇ ਬ੍ਰਹਮਸਰੋਵਰ ਦੇ ਤੱਟ 'ਤੇ ਲੱਗਣ ਵਾਲੇ ਸਰਸ ਅਤੇ ਕ੍ਰਾਫਟ ਮੇਲੇ ਦੀ ਫਿਜਾ ਵਿਚ ਇੰਦਰਧਨੁਸ਼ ਦੇ ਸੱਤਾਂ ਰੰਗਾਂ ਨੂੰ ਇਕ ਧਾਗੇ ਵਿਚ ਪਿਰੋ ਕੇ ਭਰਨ ਦਾ ਕੰਮ ਕੀਤਾ ਹੈ, ਜਿਸ ਨਾਲ ਇੱਥੇ ਆਉਣ ਵਾਲੇ ਹਰੇਕ ਵਿਅਕਤੀ ਇਸ ਮਹੋਤਸਵ ਦੀ ਜੰਮ੍ਹ ਕੇ ਸ਼ਲਾਘਾ ਕਰ ਰਿਹਾ ਹੈ।ਮਹੋਤਸਵ ਦੌਰਾਨ ਕੁਰੂਕਸ਼ੇਤਰ-ਧਰਮਖੇਤਰ ਦੀ ਪਵਿੱਤਰ ਧਰਤੀ 'ਤੇ ਆਉਣ ਵਾਲਾ ਹਰੇਕ ਸੈਨਾਨੀ ਇਸ ਮਹੋਤਸਵ ਦਾ ਭਰਪੂਰ ਆਨੰਦ ਲੈ ਰਿਹਾ ਹੈ। ਇਸ ਮਹੋਤਸਵ ਵਿਚ ਜਿੱਥੇ ਇਕ ਪਾਸੇ ਸ਼ਿਲਪਕਾਰ ਆਪਣੀ ਸ਼ਿਲਪਕਲਾ ਨਾਲ ਮਹੋਤਸਵ ਵਿਚ ਚਾਰ ਚੰਨ੍ਹ ਲਗਾ ਰਹੇ ਹਨ, ਉੱਥੇ ਦੂਜੇ ਪਾਸੇ ਬ੍ਰਹਮਸਰੋਵਰ ਦੇ ਕੱਢੇ ਸੈਨਾਨੀਆਂ ਦੇ ਮਨੋਰੰਜਨ ਲਈ ਐਨਜੇਡਸੀਸੀ ਵੱਲੋਂ ਬਹਿਰੂਪਇਏ ਲੋਕਾਂ ਦੇ ਲਈ ਖਿੱਚ ਦਾ ਕੇਂਦਰ ਬਣੇ ਹੋਏ ਹਨ ਅਤੇ ਸਾਰੇ ਸਥਾਨਕ ਅਤੇ ਦੂਰ-ਦਰਜਾ ਤੋਂ ਆਉਣ ਵਾਲੇ ਸੈਨਾਨੀ ਇੰਨ੍ਹਾਂ ਬਿਹਰੂਪਿਆਂ ਦੇ ਨਾਲ ਸੈਲਫੀ ਲੈ ਕੇ ਇਸ ਕੌਮਾਂਤਰੀ ਗੀਤਾ ਮਹੋਤਸਵ ਦਾ ਮਜਾ ਚੁੱਕੇ ਰਹੇ ਹਨ।

# ਰਿਆਤ ਬਾਹਰਾ ਐਜੂਕੇਸ਼ਨ ਸਿਟੀ 'ਚ ਡੈੱਫ ਭਾਈਚਾਰੇ ਦੇ ਮੈਂਬਰਾਂ ਦਾ ਦੌਰਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਆਲ ਇੰਡੀਆ ਆਰਟਸ ਐਂਡ ਕਲਚਰਲ ਸੋਸਾਇਟੀ, ਨਵੀਂ ਦਿੱਲੀ ਵੱਲੋਂ ਆਯੋਜਿਤ 18ਵੇਂ ਆਲ ਇੰਡੀਆ ਕਲਚਰਲ ਫੈਸਟੀਵਲ ਆਫ ਦਾ ਡੈਫ 2024 ਦੇ ਤਹਿਤ ਰਿਆਤ ਬਾਹਰਾ ਐਜੂਕੇਸਨ ਸਿਟੀ ਦੇ ਦੌਰੇ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੀ ਮੇਜ਼ਬਾਨੀ ਐਮਐਨਐਸ ਸਕਿੱਲ ਇੰਡੀਆ ਨੇ ਕੀਤੀ ਸੀ। ਡੈਫ ਭਾਈਚਾਰੇ ਦੇ ਮਹਿਮਾਨਾਂ ਨੂੰ ਕੈਂਪਸ ਵਿੱਚ ਸਥਿਤ ਅਤਿ-ਆਧੁਨਿਕ ਕੰਪਿਊਟਰ ਲੈਬ, ਲਾਇਬ੍ਰੇਰੀ ਅਤੇ ਹੋਰ ਸਹੂਲਤਾਂ ਬਾਰੇ ਜਾਣੂ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਕਰਦਿਆਂ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਅਜਿਹੇ ਸਮਾਗਮ ਡੈਫ ਭਾਈਚਾਰੇ ਦੇ ਮੈਂਬਰਾਂ ਨੂੰ ਆਪਣੀ ਪ੍ਰਤਿਭਾ ਅਤੇ ਕਾਬਲੀਅਤ ਦਿਖਾਉਣ ਦਾ ਮੌਕਾ ਪ੍ਰਦਾਨ ਕਰਦੇ ਹਨ। ਨਾਲ ਹੀ, ਉਹ ਸਮਾਜ ਵਿੱਚ ਸਮਾਨਤਾ ਅਤੇ ਸਮਾਵੇਸ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਕੈਂਪਸ ਡਾਇਰੈਕਟਰ ਡਾ: ਚੰਦਰ ਮੋਹਨ ਨੇ ਸਾਰੇ ਮਹਿਮਾਨਾਂ ਦਾ ਸੁਆਗਤ ਕਰਦਿਆਂ ਕਿਹਾ ਕਿ ਰਿਆਤ ਬਾਹਰਾ ਗਰੁੱਪ ਸਮਾਜਿਕ ਅਤੇ ਵਿੱਦਿਅਕ ਵਿਕਾਸ ਲਈ ਹਮੇਸਾ ਵਚਨਬੱਧ ਰਿਹਾ ਹੈ। ਉਨ੍ਹਾਂ ਡੈਫ ਭਾਈਚਾਰੇ ਲਈ ਇਸ ਪ੍ਰੇਰਨਾਦਾਇਕ ਸਮਾਗਮ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਵੀ ਅਜਿਹੇ ਸਮਾਗਮਾਂ ਦਾ ਸਹਿਯੋਗ ਜਾਰੀ ਰੱਖਣ ਦਾ ਭਰੋਸਾ ਦਿੱਤਾ। ਇਸ ਮੌਕੇ ਡੈਫ ਭਾਈਚਾਰੇ ਦੇ ਮੈਂਬਰਾਂ ਲਈ ਸਵੇਰ ਦੇ ਭੋਜਨ ਦਾ ਵੀ ਪ੍ਰਬੰਧ ਕੀਤਾ ਗਿਆ।



# ਸਿੰਘ ਸ਼ਹੀਦਾਂ ਸੋਹਾਣਾ ਵਿਖੇ ਗੁਰੂ ਗੋਬਿੰਦ ਸਿੰਘ ਦਾ ਗੁਰਤਾ ਗੁਰਗੱਦੀ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ

**ਮੋਹਾਲੀ (ਗੁਰਜੀਤ ਬਿੱਲਾ)**

ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਦਾ ਗੁਰੱਤਾ ਗੁਰਗੱਦੀ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਦਿਨ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਧਾਰਮਿਕ ਸਮਾਗਮ ਵਿੱਚ ਭਾਈ ਬਲਬੀਰ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਨੂੰ ਗੁਰਤਾ ਗੁਰਗੱਦੀ ਦੇਣ ਦੇ ਪੂਰੇ ਪ੍ਰਸੰਗ ਨੂੰ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸਰਵਨ ਕਰਵਾਇਆ।ਉਨ੍ਹਾਂ ਸ੍ਰੀ ਗੁਰੂ ਗੋਬਿੰਦ ਸਿੰਘ ਦੁਆਰਾ ਉਚਾਰਨ ਦਸਮ ਗ੍ਰੰਥ ਦੀ ਬਾਣੀ ਬਾਰੇ ਵੀ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ।ਭਾਈ ਅਮਰਜੀਤ ਸਿੰਘ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ।ਭਾਈ ਸੰਦੀਪ ਸਿੰਘ ਸ਼੍ਰੋਮਣੀ ਪ੍ਰਚਾਰਕ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਕਸ਼ਮੀਰੀ ਪੰਡਤਾਂ ਦੀ ਫਰੀਆਦ ਤੇ ਧਰਮ ਦੀ ਖਾਤਰ ਨੌਵੇਂ ਗੁਰੂ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਮਹਾਰਾਜ ਵੱਲੋਂ ਬਲੀਦਾਨ ਦੇਣ ਦੇ ਪ੍ਰਸੰਗ ਨੂੰ ਸੰਗਤਾਂ ਵਿਸਥਾਰ ਸਹਿਤ ਜਾਣੂ ਕਰਵਾਇਆ।ਭਾਈ ਜਤਿੰਦਰ ਸਿੰਘ ਦਮਦਮੀ ਟਕਸਾਲ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਦੁਆਰਾ ਖਾਲਸਾ ਪੰਥ ਦੀ ਸਾਜਨਾ ਕਰਨ, ਦੇਸ਼ ਕੌਮ ਅਤੇ ਧਰਮ ਦੀ ਖਾਤਰ ਆਪਨਾ ਸਰਬੰਸ ਵਾਰਨ ਅਤੇ ਖੰਡੇ ਬਾਟੇ ਦੇ ਅੰਮ੍ਰਿਤ ਦੀ ਮਹਾਨਤਾ ਦੱਸਦੇ ਹੋਏ ਸੰਗਤਾਂ ਨੂੰ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਆ।ਇਸ ਤੋਂ ਇਲਾਵਾ ਭਾਈ ਹਰਪ੍ਰੀਤ ਸਿੰਘ, ਭਾਈ ਬਹਾਦਰ ਸਿੰਘ , ਭਾਈ ਗੁਰਦੇਵ ਸਿੰਘ, ਸ਼ੇਰ ਏ ਪੰਜਾਬ ਕਵੀਸ਼ਰੀ ਜੱਥਾ, ਭਾਈ ਮਹਿੰਦਰ ਸਿੰਘ, ਸੁਖਮਨੀ ਸੇਵਾ ਸੋਸਾਇਟੀ ਦੀਆਂ ਬੀਬੀਆਂ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਜੱਥੇ ਭਾਈ ਨਿਤਿੰਨ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ ਅਤੇ ਭਾਈ ਸੁਖਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ।ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਦਿਹਾੜੇ ਦੀ ਖੁਸ਼ੀ ਵਿੱਚ ਸ੍ਰੀ ਦਰਬਾਰ ਸਾਹਿਬ ਜੀ ਦੀ ਅੰਦਰੋਂ ਵਿਸ਼ੇਸ਼ ਸਜਾਵਟ ਕੀਤੀ ਗਈ ਸੀ। ਪ੍ਰਬੰਧਕ ਕਮੇਟੀ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਬੁਲਾਰੇ ਨੇ ਦੱਸਿਆ ਕਿ ਆਉਣ ਵਾਲੀ 6 ਦਸੰਬਰ ਨੂੰ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ।



# ਟੋਲ ਪਲਾਜ਼ਾ ਵਰਕਰਾਂ ਦੀ ਰਾਖੀ ਲਈ ਕਮੇਟੀ ਗਠਿਤ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਚੋਲਾਂਗ ਟੋਲ ਪਲਾਜ਼ਾ 'ਤੇ ਕੰਮ ਕਰ ਰਹੇ ਕਰਮਚਾਰੀਆਂ ਨੂੰ ਦਰਪੇਸ਼ ਔਕੜਾਂ ਦੂਰ ਕਰਨ ਅਤੇ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਲਈ ਪੰਜਾਬ ਸਟੇਟ ਰੋਡ ਟਰਾਂਸਪੋਰਟ ਵਰਕਰਜ ਫੈਡਰੇਸ਼ਨ ਸੀਟੂ ਦੇ ਸੂਬਾ ਚੇਅਰਮੈਨ ਬਾਈ ਨਛੱਤਰ ਸਿੰਘ ਦੀ ਅਗਵਾਈ ਵਿੱਚ ਚੋਲਾਂਗ ਟੋਲ ਪਲਾਜ਼ਾ ਵਿਖੇ ਇਕ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਦਸ਼ਮੇਸ਼ ਤਰਨਾ ਦਲ ਤੋਂ ਬਾਬਾ ਮੇਜਰ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਚੇਅਰਮੈਨ ਨੇ ਕਿਹਾ ਕਿ ਆਏ ਦਿਨ ਟੋਲ ਪਲਾਜਿਆਂ 'ਤੇ ਕੰਮ ਕਰ ਰਹੇ ਕਰਮਚਾਰੀਆਂ ਨਾਲ ਕਿਸੇ ਨਾ ਕਿਸੇ ਗੱਲ 'ਤੇ ਲੋਕ ਝਗੜਾ ਕਰ ਲੈਂਦੇ ਹਨ। ਜਿਸ ਕਾਰਨ ਟੋਲ ਕਰਮਚਾਰੀਆਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਮੀਟਿੰਗ ਉਪਰੰਤ ਚੇਅਰਮੈਨ ਨੇ ਚੌਲਾਂਗ ਟੋਲ ਪਲਾਜ਼ਾ ਕਰਮਚਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਕਮੇਟੀ ਗਠਿਤ ਕੀਤੀ, ਜਿਸ ਵਿੱਚ ਕਮੇਟੀ ਦਾ ਪ੍ਰਧਾਨ ਹਰਵਿੰਦਰ ਪਾਲ ਸਿੰਘ ਸੋਨੂੰ, ਉਪ ਪ੍ਰਧਾਨ ਮਨਜਿੰਦਰ ਸਿੰਘ, ਜਨਰਲ ਸਕੱਤਰ ਜਸਪ੍ਰੀਤ ਸਿੰਘ, ਸਹਾਇਕ ਸਕੱਤਰ ਨਰਿੰਦਰ ਸਿੰਘ, ਖਜਾਨਚੀ ਬਲਜਿੰਦਰ ਸਿੰਘ, ਸਹਾਇਕ ਖਜਾਨਚੀ ਸਾਹਿਬ ਸਿੰਘ, ਮੁੱਖ ਸਲਾਹਕਾਰ ਗੌਰਵ, ਸਲਾਹਕਾਰ ਰਮਜਾਦ ਸਿੰਘ ਤੇ ਸ਼ਰਨਜੀਤ ਸਿੰਘ, ਪ੍ਰੈਸ ਸਕੱਤਰ ਅਮਨਦੀਪ ਸਿੰਘ, ਸੈਕਟਰੀ ਨੀਲਮ ਰਾਣੀ, ਸਹਾਇਕ ਸੈਕਟਰੀ ਅਮਰਜੀਤ ਕੌਰ ਅਤੇ ਨੀਤੂ ਨੂੰ ਸਹਾਇਕ ਪ੍ਰੈਸ ਸਕੱਤਰ ਨਿਯੁਕਤ ਕੀਤਾ।

# ਮਹਾਰਾਜਾ ਰਣਜੀਤ ਸਿੰਘ ਪੁਲਸ-ਪਬਲਿਕ ਸਕੂਲ ਵਿਖੇ ਖੇਡ ਦਿਵਸ 'ਤੇ ਐਥਲੈਟਿਕ ਮੀਟ

**ਫਿਲੌਰ, (ਨਿਰਮਲ)**

ਮਹਾਰਾਜਾ ਰਣਜੀਤ ਸਿੰਘ ਪੁਲਸ ਪਬਲਿਕ ਸਕੂਲ, ਫਿਲੌਰ ਵੱਲੋਂ ਅਸ਼ਵਨੀ ਕੁਮਾਰ ਸਟੇਡੀਅਮ, ਪੀ.ਪੀ.ਏ., ਫਿਲੌਰ ਵਿਖੇ ਖੇਡ ਦਿਵਸ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮਹਿਮਾਨ ਪਰਮਜੀਤ ਸਿੰਘ ਜੀ ਪੀ ਪੀ ਐਸ ਨੇ ਸ਼ਮ੍ਹਾ ਰੋਸ਼ਨ ਕਰਕੇ ਕੀਤੀ। ਸ਼ਬਦ ਗਾਇਨ, ਰਾਸ਼ਟਰੀ ਗੀਤ, ਮਾਰਚ ਪਾਸ ਅਤੇ ਸਹੁੰ ਦੀ ਰਸਮ ਪੂਰੀ ਕਰ ਕਿ ਐਥਲੈਟਿਕ ਮੀਟ ਦਾ ਆਰੰਭ ਕੀਤਾ ਗਿਆ।ਦਰਸ਼ਕਾਂ ਲਈ ਪੀ.ਟੀ. ਸ਼ੋਅ ਅਤੇ ਯੋਗਾ ਸ਼ੋਅ ਖਿੱਚ ਦਾ ਕੇਂਦਰ ਬਣੇ। ਰੇਸਾਂ ਵਿੱਚ 100 ਮੀਟਰ, 200 ਮੀਟਰ, 400 ਮੀਟਰ, ਰਿਲੇਅ ਰੇਸ, ਸ਼ੋਟ ਪੁੱਟ, ਲੰਬੀ ਛਾਲ ਅਤੇ ਰੱਸਾ ਖਿੱਚ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਸਾਰੇ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਭਰਪੂਰ ਉਤਸ਼ਾਹ ਨਾਲ ਹਿੱਸਾ ਲਿਆ।ਹਰੀ ਸਿੰਘ ਨਲਵਾ ਹਾਊਸ ਨੇ ਸਭ ਤੋਂ ਵਧੀਆ ਪ੍ਰਦਰਸ਼ਨ ਕਰਕੇ ਜਿੱਤ ਦਾ ਤਾਜ ਆਪਣੇ ਸਿਰ ਸਜਾਇਆ। ਅੰਤ ਵਿੱਚ ਭੰਗੜੇ ਦੀ ਰੌਣਕ ਨਾਲ ਸਟੇਡੀਅਮ ਗੂੰਜ ਉਠਿਆ।ਮੁੱਖ ਮਹਿਮਾਨ ਨੇ ਵਿਦਿਆਰਥੀਆਂ ਨੂੰ ਉਹਨਾਂ ਦੀ ਸਫਲਤਾ 'ਤੇ ਵਧਾਈ ਦਿੰਦੇ ਹੋਏ ਉਨ੍ਹਾਂ ਨੂੰ ਜ਼ਿੰਦਗੀ ਦੀ ਹਰ ਦੌੜ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਇਸ ਮੌਕੇ 'ਤੇ ਪ੍ਰਿੰਸੀਪਲ ਡਾ. ਅੰਮ੍ਰਿਤਾ ਕੁਮਾਰ ਨੇ ਸਭਨਾਂ ਦਾ ਧੰਨਵਾਦ ਕੀਤਾ।

